ਸੋਮਵਾਰ, 2 ਨਵੰਬਰ, 2026

17 ਕੱਤਕ { ਨਾਨਕਸ਼ਾਹੀ 558 / ਬਿਕਰਮੀ 2083 }

ਜਿਲਦ/VOL. : 75

ਅੰਕ/NO. : 153

ਰੋਜ਼ਾਨਾ

ਨਵਾਂ ਜ਼ਮਾਨਾ

DAILY NAWAN ZAMANA • MONDAY, 2 NOVEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਤਾਨਾਸ਼ਾਹੀ ਖਿਲਾਫ ਲੋਕਸ਼ਾਹੀ ਦੀ ਲਲਕਾਰ





ਸੀ ਪੀ ਆਈ ਪੰਜਾਬ ਦੇ ਸਕੱਤਰ ਨਿਰਮਲ ਧਾਲੀਵਾਲ ਤੇ ਸੀਨੀਅਰ ਆਗੂਆਂ ਹਰਦੇਵ ਅਰਸ਼ੀ, ਬੰਤ ਬਰਾੜ, ਅਮਰਜੀਤ ਆਸਲ, ਪਿਰਥੀਪਾਲ ਮਾੜੀਮੇਘਾ, ਦਸਵਿੰਦਰ ਕੌਰ ਤੇ ਰੁਪਿੰਦਰ ਕੌਰ ਮਾੜੀਮੇਘਾ ਦੀ ਅਗਵਾਈ ਵਿੱਚ ਪੰਜਾਬ ਤੋਂ ਹਜ਼ਾਰਾਂ ਕਾਰਕੁਨ ਤੇ ਸਮਰਥਕ ਰੈਲੀ 'ਚ ਸ਼ਾਮਲ ਹੋਏ।

ਵੋਟ ਚੋਰੀ ਦੇ ਸਤਾਏ ਲੱਖਾਂ ਦੇਸ਼ ਵਾਸੀਆਂ ਦੇ ਰੋਹ ਨਾਲ ਰਾਮਲੀਲ੍ਹਾ ਮੈਦਾਨ ਪਾਟਾ

ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)

'ਵੋਟ ਚੋਰੀ' ਖਿਲਾਫ 'ਇੰਡੀਆ' ਗੱਠਜੋੜ ਵੱਲੋਂ ਐਤਵਾਰ ਕੌਮੀ ਰਾਜਧਾਨੀ 'ਚ ਕੀਤੀ ਗਈ ਰੈਲੀ 'ਚ ਦੇਸ਼-ਭਰ ਵਿੱਚੋਂ ਲੱਖਾਂ ਲੋਕ ਪੁੱਜੇ ਤੇ ਰਾਮਲੀਲ੍ਹਾ ਮੈਦਾਨ ਛੋਟਾ ਪੈ ਗਿਆ। ਇਕੱਠ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਸਪੱਸ਼ਟ ਸੁਨੇਹਾ ਦਿੱਤਾ ਕਿ ਲੋਕ ਸੰਵਿਧਾਨ ਨੂੰ ਤਬਾਹ ਨਹੀਂ ਹੋਣ ਦੇਣਗੇ ਤੇ ਤਾਨਾਸ਼ਾਹੀ ਕਤਈ ਬਰਦਾਸ਼ਤ ਨਹੀਂ ਕਰਨਗੇ।

ਮੋਦੀ, ਸ਼ਾਹ ਤੇ ਗਿਆਨੇਸ਼ ਨੂੰ ਭੱਜਣ ਨਹੀਂ ਦੇਵਾਂਗੇ : ਰਾਹੁਲ

ਰਾਹੁਲ ਗਾਂਧੀ ਨੇ ਕਿਹਾ, 'ਦੇਸ਼ ਬੋਲ ਰਿਹਾ ਹੈ ਕਿ ਅਸੀਂ ਲੋਕਤੰਤਰ ਨੂੰ ਖਤਮ ਨਹੀਂ ਹੋਣ ਦੇਵਾਂਗੇ, ਸੰਵਿਧਾਨ ਨੂੰ ਤਬਾਹ ਨਹੀਂ ਹੋਣ ਦੇਵਾਂਗੇ। ਇਹ ਕਿਸੇ ਇੱਕ ਪਾਰਟੀ ਜਾਂ ਨੇਤਾ ਦੀ ਆਵਾਜ਼ ਨਹੀਂ ਹੈ; ਇਹ ਭਾਰਤ ਦੇ ਨੌਜਵਾਨਾਂ, ਔਰਤਾਂ, ਕਿਸਾਨਾਂ, ਮਜ਼ਦੂਰਾਂ ਦੀ ਆਵਾਜ਼ ਹੈ।' ਉਨ੍ਹਾ ਕਿਹਾ ਕਿ ਗਿਆਨੇਸ਼ ਕੁਮਾਰ ਨੂੰ ਮੁੱਖ ਚੋਣ ਕਮਿਸ਼ਨਰ ਦੇ ਅਹੁਦੇ ਤੋਂ ਹਟਾ ਦਿੱਤਾ ਜਾਵੇਗਾ, ਉਹ ਜੇਲ੍ਹ ਜਾਣਗੇ। ਰਾਹੁਲ ਗਾਂਧੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ, 'ਗਿਆਨੇਸ਼ ਕੁਮਾਰ ਤੋਂ ਬਾਅਦ ਅਸੀਂ ਤੁਹਾਡੇ ਲਈ ਆ ਰਹੇ ਹਾਂ', ਇਹ ਸੰਕੇਤ ਦਿੰਦੇ ਹੋਏ ਕਿ ਵਿਰੋਧੀ ਧਿਰ ਕੇਂਦਰ ਵਿਰੁੱਧ ਆਪਣੀ ਲੜਾਈ ਜਾਰੀ ਰੱਖੇਗੀ। ਰਾਹੁਲ ਗਾਂਧੀ ਨੇ ਕਿਹਾ, 'ਅਮਿਤ ਸ਼ਾਹ ਨੇ ਕਿਹਾ ਸੀ ਕਿ ਨਰਿੰਦਰ ਮੋਦੀ ਕਿਤੇ ਨਹੀਂ ਜਾ ਰਹੇ। ਮੈਂ ਉਨ੍ਹਾ ਨੂੰ ਦੱਸਣਾ ਚਾਹੁੰਦਾ ਹਾਂ ਕਿ ਨਰਿੰਦਰ ਮੋਦੀ ਕਿਤੇ ਨਹੀਂ ਜਾ ਸਕਦੇ। ਜੇ ਉਹ ਜਾਣਾ ਵੀ ਚਾਹੁਣ ਤਾਂ ਅਸੀਂ ਉਨ੍ਹਾ ਨੂੰ ਜਾਣ ਨਹੀਂ ਦਿਆਂਗੇ। ਨਰਿੰਦਰ ਮੋਦੀ ਅਤੇ ਅਮਿਤ ਸ਼ਾਹ, ਇਹ ਗੱਲ ਸਮਝ ਲਓ ਕਿ ਤੁਸੀਂ ਜੋ ਵੋਟ ਚੋਰੀ ਕੀਤੀ ਹੈ, ਉਸ ਲਈ ਤੁਹਾਡੇ ਅਤੇ ਨਰਿੰਦਰ ਮੋਦੀ ਖਿਲਾਫ ਕਾਨੂੰਨੀ ਕਾਰਵਾਈ ਹੋਵੇਗੀ। ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਭਵਿੱਖ ਵਿੱਚ ਉਨ੍ਹਾ ਦੇ ਅਹੁਦੇ ਤੋਂ ਹਟਾ ਕੇ ਦੇਸ਼ਧ੍ਰੋਹ ਦੇ ਦੋਸ਼ ਹੇਠ ਜੇਲ੍ਹ ਭੇਜਿਆ ਜਾਵੇਗਾ।' ਆਰ ਜੇ ਡੀ ਆਗੂ ਤੇਜਸਵੀ ਯਾਦਵ ਨੇ ਟੀ ਸੀ ਐੱਸ ਅਤੇ ਸੀਮਾ ਖੰਨਾ ਨਾਲ ਜੁੜੇ ਕਥਿਤ ਸਾਫਟਵੇਅਰ ਪ੍ਰਬੰਧ 'ਤੇ ਸਵਾਲ ਉਠਾਏ। ਉਨ੍ਹਾ ਪੁੱਛਿਆ ਕਿ ਕੀ ਟੀ ਸੀ ਐੱਸ ਸਾਫਟਵੇਅਰ ਲਈ ਟੈਂਡਰ ਜਾਰੀ ਕੀਤਾ ਗਿਆ ਸੀ ਅਤੇ ਸੰਬੰਧਤ ਦਸਤਾਵੇਜ਼ਾਂ ਦੇ ਖੁਲਾਸੇ ਦੀ ਮੰਗ ਕੀਤੀ। ਉਨ੍ਹਾ ਆਰ ਐੱਸ ਐੱਸ 'ਤੇ ਭਾਰਤ ਦੀ ਆਜ਼ਾਦੀ ਵਿੱਚ ਯੋਗਦਾਨ ਦੀ ਘਾਟ ਦੇ ਬਾਵਜੂਦ ਦੂਜਿਆਂ ਦੀ ਦੇਸ਼ ਭਗਤੀ 'ਤੇ ਸਵਾਲ ਉਠਾਉਣ ਦਾ ਦੋਸ਼ ਵੀ ਲਗਾਇਆ। ਸੰਵਿਧਾਨਕ ਸੰਸਥਾਵਾਂ 'ਤੇ ਨਿਸ਼ਾਨਾ ਸਾਧਦੇ ਹੋਏ ਉਨ੍ਹਾ ਕਿਹਾ ਕਿ ਉਹ ਨਿਆਂ ਨਹੀਂ ਦੇ ਰਹੀਆਂ, ਸਗੋਂ ਸਰਕਾਰ ਦੇ ਇਸ਼ਾਰੇ 'ਤੇ ਕੰਮ ਕਰ ਰਹੀਆਂ ਹਨ।

ਪੱਛਮੀ ਬੰਗਾਲ ਦੀ ਸਾਬਕਾ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਕਿਹਾ ਕਿ ਬੰਗਾਲ ਐੱਸ ਆਈ ਆਰ ਦਾ ਸ਼ਿਕਾਰ ਹੋਇਆ। ਉਨ੍ਹਾ ਕਿਹਾ, 'ਉਨ੍ਹਾਂ ਨੇ ਬੰਗਾਲ ਨੂੰ ਲੁੱਟਿਆ, ਅਸੀਂ ਦਿੱਲੀ ਵਿੱਚ ਲੋਕਤੰਤਰ ਬਹਾਲ ਕਰਾਂਗੇ। ਅਸੀਂ ਲੋਕਤੰਤਰ ਨਾਲ ਬਦਲਾ ਲਵਾਂਗੇ। ਭਾਜਪਾ ਨੂੰ ਜਾਣਾ ਪਵੇਗਾ। ਮੈਂ ਸੀ ਜੇ ਪੀ ਲੀਡਰਸ਼ਿਪ ਅਤੇ ਜਨਰਲ ਜ਼ੈੱਡ ਨਾਲ ਉਨ੍ਹਾਂ ਦੀ ਏਕਤਾ, ਸਮਰਥਨ ਅਤੇ ਲੜਾਈ ਦੀ ਭਾਵਨਾ ਲਈ ਇਕਜੁੱਟਤਾ ਪ੍ਰਗਟ ਕਰ ਰਹੀ ਹਾਂ।' ਐੱਸ ਆਈ ਆਰ (ਸਪੈਸ਼ਲ • ਬਾਕੀ ਸਫਾ 2 'ਤੇ

ਡੀ ਏ ਤੇ ਡੀ ਆਰ ਦੀ 22,818 ਕਰੋੜ ਦੀ ਦੇਣਦਾਰੀ

ਚੰਡੀਗੜ੍ਹ : ਪੰਜਾਬ ਸਰਕਾਰ ਨੇ ਹਾਈ ਕੋਰਟ ਨੂੰ ਜਾਣਕਾਰੀ ਦਿੱਤੀ ਹੈ ਕਿ 1 ਜੁਲਾਈ, 2021 ਤੋਂ 30 ਸਤੰਬਰ, 2026 ਤੱਕ ਮਹਿੰਗਾਈ ਭੱਤੇ (ਡੀ ਏ) ਅਤੇ ਮਹਿੰਗਾਈ ਰਾਹਤ (ਡੀ ਆਰ) ਦੇ ਬਕਾਏ ਦੀ ਦੇਣਦਾਰੀ ਲਗਪਗ 22,818 ਕਰੋੜ ਰੁਪਏ ਬਣਦੀ ਹੈ।

ਮੁੱਖ ਸਕੱਤਰ ਕੇ ਏ ਪੀ ਸਿਨਹਾ ਵੱਲੋਂ ਅਦਾਲਤ ਵਿੱਚ ਪੇਸ਼ ਕੀਤੀ ਗਈ ਸਟੇਟਸ ਰਿਪੋਰਟ ਮੁਤਾਬਕ ਦੋਵਾਂ ਦਾਅਵਿਆਂ ਦਾ ਕੁੱਲ ਬਕਾਇਆ ਲਗਪਗ 32,418 ਕਰੋੜ ਰੁਪਏ ਹੈ। ਇਸ ਤੋਂ ਇਲਾਵਾ, ਜੇ ਕੇਂਦਰ ਸਰਕਾਰ ਦੀਆਂ ਦਰਾਂ 'ਤੇ ਡੀ ਏ ਦਿੱਤਾ ਜਾਂਦਾ ਹੈ, ਤਾਂ ਹਰ ਸਾਲ ਕਰੀਬ 4,712 ਕਰੋੜ ਰੁਪਏ ਦਾ ਵਾਧੂ ਵਿੱਤੀ ਬੋਝ ਪਵੇਗਾ। ਰਿਪੋਰਟ ਵਿੱਚ ਦੱਸਿਆ ਗਿਆ ਹੈ ਕਿ 18 ਸਤੰਬਰ ਨੂੰ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ 8 ਫੀਸਦੀ ਡੀ ਏ ਜਾਰੀ ਕਰਨ ਦਾ ਫੈਸਲਾ ਲਿਆ ਗਿਆ ਸੀ। ਇਸ ਤਹਿਤ ਵਿੱਤ ਵਿਭਾਗ ਨੇ 23 ਸਤੰਬਰ ਨੂੰ ਨੋਟੀਫਿਕੇਸ਼ਨ ਜਾਰੀ ਕਰਕੇ ਡੀ ਏ 42 ਫੀਸਦੀ ਤੋਂ ਵਧਾ ਕੇ 50 ਫੀਸਦੀ ਕਰ ਦਿੱਤਾ ਸੀ, ਜੋ 1 ਸਤੰਬਰ, 2026 ਤੋਂ ਲਾਗੂ ਹੋ ਗਿਆ ਹੈ। ਸਤੰਬਰ ਮਹੀਨੇ ਦੀਆਂ ਤਨਖਾਹਾਂ ਅਤੇ ਪੈਨਸ਼ਨਾਂ (ਜੋ ਅਕਤੂਬਰ ਵਿੱਚ ਦਿੱਤੀਆਂ ਗਈਆਂ) ਇਸੇ ਵਧੇ ਹੋਏ ਡੀ ਏ ਨਾਲ ਜਾਰੀ ਕੀਤੀਆਂ ਗਈਆਂ ਹਨ।

ਕਾਨੂੰਨੀ ਪੱਖ ਬਾਰੇ ਸਰਕਾਰ ਨੇ ਦੱਸਿਆ ਕਿ ਉਸਨੇ 3 ਅਗਸਤ ਦੇ ਫੈਸਲੇ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਦਿੱਤੀ ਹੈ। ਸਿਨਹਾ ਨੇ ਸਪੱਸ਼ਟ ਕੀਤਾ ਕਿ ਹਾਈਕੋਰਟ ਦੇ 3 ਅਗਸਤ ਦੇ ਫੈਸਲੇ 'ਤੇ ਕੋਈ ਰੋਕ ਨਹੀਂ ਹੈ ਅਤੇ ਸਰਕਾਰ 6 ਫੀਸਦੀ ਵਿਆਜ ਸਮੇਤ ਡੀ ਏ ਬਕਾਇਆ ਦੇਣ ਲਈ ਪਾਬੰਦ ਹੈ। ਉਨ੍ਹਾ ਦੱਸਿਆ ਕਿ 2025-26 ਦੇ ਸੋਧੇ ਹੋਏ ਅਨੁਮਾਨਾਂ ਅਨੁਸਾਰ ਸਰਕਾਰ ਦਾ ਸਾਲਾਨਾ ਤਨਖਾਹ ਅਤੇ ਪੈਨਸ਼ਨ ਖਰਚਾ 58,064 ਕਰੋੜ ਰੁਪਏ ਹੈ, ਜਿਸ ਲਈ ਬਜਟ ਵਿੱਚ ਢੁਕਵੇਂ ਪ੍ਰਬੰਧ ਦੀ ਲੋੜ ਹੈ। ਬਕਾਏ ਦੀ ਅਦਾਇਗੀ ਵਿੱਚ ਹੋਈ ਦੇਰੀ ਦਾ ਬਚਾਅ ਕਰਦਿਆਂ ਸਰਕਾਰ ਨੇ ਕਿਹਾ ਕਿ ਅਦਾਲਤੀ ਫੈਸਲੇ ਵਿੱਚ ਹੀ ਦੇਰੀ ਹੋਣ 'ਤੇ 6 ਫੀਸਦੀ ਵਿਆਜ ਦੇਣ ਦੀ ਵਿਵਸਥਾ ਹੈ।

ਸਰਕਾਰ ਸੁਪਰੀਮ ਕੋਰਟ ਵਿੱਚ ਕਾਨੂੰਨੀ ਚਾਰਾਜੋਈ ਕਰ ਰਹੀ ਹੈ, ਇਸ ਲਈ ਇਹ ਦੇਰੀ ਜਾਣਬੁੱਝ ਕੇ ਨਹੀਂ ਕੀਤੀ ਗਈ ਅਤੇ ਇਹ ਅਦਾਲਤ ਦੀ ਮਾਣਹਾਨੀ ਨਹੀਂ ਹੈ। ਮੁੱਖ ਸਕੱਤਰ ਨੇ ਭਰੋਸਾ ਦਿੱਤਾ ਕਿ ਸਰਕਾਰ ਹਾਈਕੋਰਟ ਦੇ ਹੁਕਮਾਂ ਦਾ ਪੂਰਾ ਸਤਿਕਾਰ ਕਰਦੀ ਹੈ।

ਗਦਰੀ ਮੇਲੇ ਨੇ ਬੱਬਰਾਂ ਦਾ ਦਿੱਤਾ ਪੈਗ਼ਾਮ



ਜਲੰਧਰ (ਕੇਸਰ)-ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਗੁਰਮੀਤ ਸਿੰਘ ਵੱਲੋਂ ਗ਼ਦਰੀ ਬਾਬਿਆਂ ਦੇ ਮੇਲੇ 'ਚ ਜੁੜੇ ਲੋਕਾਂ ਨੂੰ ਜੀ ਆਇਆਂ ਆਖਣ ਅਤੇ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ ਵੱਲੋਂ ਬੱਬਰ ਲਹਿਰ ਦੇ ਸੁਪਨੇ ਸਾਕਾਰ ਕਰਨ ਲਈ ਸੰਘਰਸ਼ ਜਾਰੀ ਰੱਖਣ ਦਾ ਸੱਦਾ ਦੇਣ ਉਪਰੰਤ ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਦਰਸ਼ਨ ਖਟਕੜ ਨੇ ਗ਼ਦਰੀ ਝੰਡਾ ਲਹਿਰਾਇਆ ਅਤੇ ਮੋਦੀ ਹਕੂਮਤ ਦੇ ਫ਼ਿਰਕੂ ਫਾਸ਼ੀ ਏਜੰਡੇ ਨੂੰ ਹਾਰ ਦੇਣ ਲਈ ਲੋਕ ਤਾਕਤ ਅਤੇ ਲੋਕ ਸੰਗਰਾਮ 'ਤੇ ਟੇਕ ਰੱਖਣ ਦਾ ਸੱਦਾ ਦਿੱਤਾ।

ਅਮੋਲਕ ਸਿੰਘ ਦੇ ਲਿਖੇ ਅਤੇ ਹਰਕੇਸ਼ ਚੌਧਰੀ ਵੱਲੋਂ ਨਿਰਦੇਸ਼ਤ ਸੰਗੀਤ ਨਾਟ ਓਪੇਰਾ ਝੰਡੇ ਦਾ ਗੀਤ 'ਬਦਲ ਦਿਓ ਸਮਾਜ' ਲੋਕਾਂ ਦੇ ਚੇਤਿਆਂ 'ਚ ਸਦਾ ਵਸਿਆ ਰਹੇਗਾ। ਬੱਬਰ ਅਕਾਲੀ ਲਹਿਰ ਦਾ ਇਤਿਹਾਸ, ਇਸ ਦਾ ਉਦੇਸ਼, ਕੁਰਬਾਨੀਆਂ ਅਤੇ ਅਣਛੋਹੇ ਪੰਨਿਆਂ ਦੀ ਕਹਾਣੀ ਨੂੰ ਆਪਣੀ ਬੁੱਕਲ ਵਿੱਚ ਸਮੋਣ ਵਾਲੇ ਇਸ ਓਪੇਰੇ ਨੇ ਸਮਾਂ ਬੰਨ੍ਹ ਦਿੱਤਾ।

ਭੈਣੀ ਸਾਹਿਬ ਤੋਂ ਜਥੇਦਾਰ ਗੁਰਲਾਲ ਸਿੰਘ ਅਤੇ ਉਸ ਦੇ ਸਾਥੀਆਂ ਨੇ ਹੱਲੇ ਦਾ ਦੀਵਾਨ ਪੇਸ਼ ਕੀਤਾ। ਇਸ ਨਿਵੇਕਲੀ ਕਲਾ ਵੰਨਗੀ ਨੇ ਸਰੋਤਿਆਂ ਨੂੰ ਬੇਹੱਦ ਪ੍ਰਭਾਵਤ ਕੀਤਾ। ਮੰਚ ਰੰਗਮੰਚ ਅੰਮ੍ਰਿਤਸਰ ਨਾਲ ਜੁੜੇ ਗਾਇਕ ਕਲਾਕਾਰ ਕੁਸ਼ਾਗਰ ਕਾਲੀਆ ਅਤੇ ਸਾਥੀਆਂ ਨੇ ਪ੍ਰਭਾਵਸ਼ਾਲੀ ਗੀਤ ਪੇਸ਼ ਕੀਤੇ।

ਕਮੇਟੀ ਦੇ ਮੀਤ ਪ੍ਰਧਾਨ ਡਾ. ਪਰਮਿੰਦਰ ਨੇ ਪੰਡਾਲ 'ਚ ਮਤੇ ਪੇਸ਼ ਕੀਤੇ, ਜਿਨ੍ਹਾਂ ਨੂੰ ਲੋਕਾਂ ਨੇ ਦੋਵੇਂ ਹੱਥ ਖੜ੍ਹੇ ਕਰਕੇ ਪ੍ਰਵਾਨ ਕੀਤਾ। ਪਹਿਲੀ ਨਵੰਬਰ 1984 ਵਿੱਚ ਦਿੱਲੀ ਅਤੇ ਮੁਲਕ ਦੀਆਂ ਅਨੇਕਾਂ ਥਾਵਾਂ 'ਤੇ ਸਿੱਖ ਭਾਈਚਾਰੇ ਨੂੰ ਵਹਿਸ਼ੀਆਨਾ ਕਤਲੋਗਾਰਦ ਦਾ ਨਿਸ਼ਾਨਾ ਬਣਾਏ ਜਾਣ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕੀਤੀ ਗਈ। ਪੰਜਾਬ ਵਾਸੀਆਂ ਨੂੰ ਹਰ ਵੰਨਗੀ ਦੀਆਂ ਫ਼ਿਰਕੂ ਤਾਕਤਾਂ ਅਤੇ ਫਾਸ਼ੀ ਹਕੂਮਤੀ ਹੱਲੇ ਖ਼ਿਲਾਫ਼ ਆਪਸੀ ਭਾਈਚਾਰਾ ਮਜ਼ਬੂਤ ਕਰਦਿਆਂ ਵਿਸ਼ਾਲ ਲੋਕ ਲਹਿਰ ਉਸਾਰਨ ਦੀ ਅਪੀਲ ਕੀਤੀ ਗਈ। ਇੱਕ ਮਤੇ 'ਚ ਕਿਹਾ ਕਿ ਮੇਲਾ, ਨਸ਼ਿਆਂ ਦੇ ਸੌਦਾਗਰਾਂ, ਪੁਲਸ, ਸਿਆਸੀ ਗੱਠਜੋੜ ਖ਼ਿਲਾਫ਼ ਜਨਤਕ ਆਵਾਜ਼ ਬੁਲੰਦ ਕਰਨ ਦੀ ਅਪੀਲ ਕਰਦਾ ਹੈ। ਸਾਮਰਾਜੀਆਂ ਅਤੇ ਉਹਨਾਂ ਦੇ ਸੇਵਾਦਾਰਾਂ ਦੀ ਮੰਡੀ ਬਣਾ ਧਰਨ ਲਈ ਅਮਰੀਕਾ-ਭਾਰਤ ਸੰਧੀ ਵਰਗੇ ਮਨਸੂਬੇ ਨਾਕਾਮ ਕਰਨ ਲਈ ਲੋਕਾਂ ਨੂੰ ਵਿਰਸੇ ਦੇ ਖ਼ਰੇ ਪਹਿਰੇਦਾਰ ਬਣਦਿਆਂ ਅੱਗੇ ਆਉਣ ਦਾ ਸੱਦਾ ਦਿੱਤਾ ਗਿਆ। ਮੇਲਾ ਜੰਤਰ ਮੰਤਰ ਸਮੇਤ ਪੂਰੇ ਦੇਸ਼ ਅੰਦਰ ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਦਾ ਘਾਣ ਕੀਤੇ ਜਾਣ ਦਾ ਵਿਰੋਧ ਕਰਦਾ ਹੈ, ਇਹ ਮਤਾ ਵੀ ਰੱਖਿਆ ਗਿਆ। ਮੇਲਾ, ਮੰਗ ਕਰਦਾ ਹੈ ਕਿ ਉਮਰ ਖ਼ਾਲਿਦ ਸਮੇਤ ਸਭਨਾਂ ਰਾਜਨੀਤਕ ਕੈਦੀਆਂ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਏ। ਮੇਲਾ, ਉੜੀਸਾ ਵਿੱਚ ਵੇਦਾਂਤਾ ਅਤੇ ਅਡਾਨੀ ਨੂੰ ਬਾਕਸਾਈਡ ਦੀ ਅੰਨ੍ਹੀ ਲੁੱਟ ਕਰਨ ਦੀਆਂ ਖੁੱਲ੍ਹਾਂ ਦੇਣ ਅਤੇ ਡਾ. ਰੈਂਡਲ ਸੁਕੀਰਾ ਵਰਗਿਆਂ ਉਪਰ ਯੂ ਏ ਪੀ ਏ ਮੜ੍ਹਨ ਦੀ ਤਿੱਖੀ ਆਲੋਚਨਾ ਕਰਦਾ ਹੈ। ਅਰੁਣਾਚਲ ਪ੍ਰਦੇਸ਼ ਅੰਦਰ ਡੈਮਾਂ ਦੀ ਉਸਾਰੀ, ਕੁਦਰਤੀ ਅਨਮੋਲ ਸੋਮਿਆਂ ਨੂੰ ਹੜੱਪਣ ਲਈ ਬਹੁ-ਕੌਮੀ ਕਾਰਪੋਰੇਸ਼ਨਾਂ ਨੂੰ ਅੰਨ੍ਹੀ ਖੁੱਲ੍ਹ ਦੇਣਾ ਬੰਦ ਕਰਨ ਦੀ ਮੰਗ ਕੀਤੀ ਗਈ। ਮੇਲਾ, ਮੰਗ ਕਰਦਾ ਹੈ ਕਿ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਦੀ ਇਤਿਹਾਸਕ ਵਿਰਾਸਤ ਮਿਟਾਉਣ, • ਬਾਕੀ ਸਫਾ 2 'ਤੇ

37.43 ਲੱਖ ਬੀਬੀਆਂ ਦੇ ਫੋਨਾਂ 'ਤੇ 'ਟੂੰ-ਟੂੰ'

ਪਹਿਲੀ ਜਨਵਰੀ ਨੂੰ ਸਾਰੀਆਂ ਰਜਿਸਟਰਡ ਬੀਬੀਆਂ ਨੂੰ ਇਕੱਠੀ ਅਦਾਇਗੀ : ਮਾਨ

ਅਬੋਹਰ (ਨਿਸ਼ਾ ਸ਼ਰਮਾ)

ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਐਤਵਾਰ ਫਿਰ ਪੰਜਾਬ ਦੀਆਂ ਔਰਤਾਂ ਦੇ ਮੋਬਾਇਲ ਫੋਨਾਂ 'ਤੇ 'ਟੂੰ-ਟੂੰ' ਦੇ ਸੁਨੇਹੇ ਗੂੰਜੇ, ਜਦੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 37.43 ਲੱਖ ਤੋਂ ਵੱਧ ਲਾਭਪਾਤਰੀਆਂ ਨੂੰ ਸਿੱਧੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ 1,291 ਕਰੋੜ ਰੁਪਏ ਦੀ ਸਨਮਾਨ ਰਾਸ਼ੀ ਟਰਾਂਸਫਰ ਕੀਤੀ। ਅਬੋਹਰ ਵਿਖੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਦਾ ਟੀਚਾ ਸੂਬੇ ਦੀਆਂ ਇੱਕ ਕਰੋੜ ਔਰਤਾਂ ਨੂੰ ਇਸ ਦੇ



ਦਾਇਰੇ ਵਿੱਚ ਲਿਆਉਣਾ ਹੈ, ਜਿਨ੍ਹਾਂ 'ਚੋਂ ਲੱਗਭੱਗ 80 ਲੱਖ ਰਜਿਸਟ੍ਰੇਸ਼ਨਾਂ ਪਹਿਲਾਂ ਹੀ ਮੁਕੰਮਲ ਹੋ ਚੁੱਕੀਆਂ ਹਨ।ਇਸ ਪਹਿਲਕਦਮੀ ਨੂੰ ਇੱਕ ਅਜਿਹਾ 'ਸਮਾਜਿਕ ਇਨਕਲਾਬ' ਕਰਾਰ ਦਿੰਦਿਆਂ, ਜਿਸ ਨਾਲ ਔਰਤਾਂ ਦੀ ਵਿੱਤੀ ਆਜ਼ਾਦੀ ਅਤੇ ਸਵੈ-ਮਾਣ ਮਜ਼ਬੂਤ ਹੋਵੇਗਾ, ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਨਵੇਂ ਸਾਲ ਦੇ ਤੋਹਫ਼ੇ ਵਜੋਂ ਪਹਿਲੀ ਜਨਵਰੀ ਨੂੰ ਸਾਰੀਆਂ ਰਜਿਸਟਰਡ ਲਾਭਪਾਤਰੀ ਔਰਤਾਂ ਨੂੰ ਸਨਮਾਨ ਰਾਸ਼ੀ ਦੀ ਇਕੱਠੀ ਅਦਾਇਗੀ ਕੀਤੀ ਜਾਵੇਗੀ।ਉਨ੍ਹਾ • ਬਾਕੀ ਸਫਾ 2 'ਤੇ

ਝੋਟਾ ਇਨਸਾਫ ਮੋਰਚਾ ਐਕਸ਼ਨ ਕਮੇਟੀ ਦੀ ਸ਼ਰਤ

ਮਾਨਸਾ : ਪਰਵਿੰਦਰ ਸਿੰਘ ਝੋਟਾ ਨੂੰ ਇਨਸਾਫ ਦਿਵਾਉਣ ਲਈ ਚੱਲ ਰਹੇ ਮੋਰਚੇ ਦੀ ਐਕਸ਼ਨ ਕਮੇਟੀ ਦੇ ਵਫਦ ਨੇ ਏ ਡੀ ਜੀ ਪੀ ਗੌਤਮ ਚੀਮਾ ਤੇ ਅਧਿਕਾਰੀ ਕੁਲਵੰਤ ਸਿੰਘ ਸਿੱਧੂ ਨਾਲ ਮੀਟਿੰਗ 'ਚ ਅਗਲੀ ਮੀਟਿੰਗ ਸਪੀਕਰ ਕੁਲਤਾਰ ਸਿੰਘ ਸੰਧਵਾਂ, ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਸਿਹਤ ਮੰਤਰੀ ਡਾ. ਬਲਬੀਰ ਸਿੰਘ ਤੇ ਚੀਫ ਸੈਕਟਰੀ ਨਾਲ ਕਰਨ 'ਤੇ ਜ਼ੋਰ ਦਿੱਤਾ। ਇਸ ਤੋਂ ਪਹਿਲਾਂ ਆਗੂਆਂ ਖਿਲਾਫ ਸਾਰੇ ਪਰਚੇ ਰੱਦ ਕਰਨ ਦੀ ਮੰਗ ਵੀ ਰੱਖੀ। ਐਕਸ਼ਨ ਕਮੇਟੀ ਦੇ ਮੀਡੀਆ ਇੰਚਾਰਜ ਹਰਦੀਪ ਸਿੰਘ ਸਿੱਧੂ ਨੇ ਸਪੱਸ਼ਟ ਕੀਤਾ ਕਿ ਪੰਜ ਨਵੰਬਰ ਨੂੰ ਸੰਗਰੂਰ ਵਿੱਚ ਮੁੱਖ ਮੰਤਰੀ ਦੀ ਰਿਹਾਇਸ਼ ਦੇ ਘਿਰਾਓ ਦਾ ਸੱਦਾ ਬਰਕਰਾਰ ਹੈ।

ਨਾਮੀ ਘਰਾਂ ਦੇ ਦੋ ਨੌਜਵਾਨਾਂ ਦੀ ਮੌਤ

ਜਲੰਧਰ : ਐਤਵਾਰ ਵੱਡੇ ਤੜਕੇ ਕਰੀਬ ਤਿੰਨ ਵਜੇ ਨਗਰ ਨਿਗਮ ਦੀ ਟਰੈਕਟਰ-ਟਰਾਲੀ ਨਾਲ ਕਾਰ ਦੀ ਟੱਕਰ ਵਿੱਚ ਮਸ਼ਹੂਰ ਸੰਗੀਤ ਕੰਪਨੀ 'ਸਪੀਡ ਰਿਕਾਰਡਜ਼' ਦੇ ਮਾਲਕ ਦਿਨੇਸ਼ ਔਲਖ ਦੇ ਪੁੱਤਰ ਵਿਦਿਤ ਔਲਖ (18-19) ਅਤੇ 'ਪੱਪੀ ਸਵੀਟਸ' ਦੇ ਮਾਲਕ ਦੇ ਪੁੱਤਰ ਆਰਵ ਤਲਵਾੜ (18-19) ਦੀ ਮੌਤ ਹੋ ਗਈ। ਦੋਵੇਂ ਦੋਸਤ ਜਨਮ ਦਿਨ ਦੀ ਪਾਰਟੀ ਮਗਰੋਂ ਬੀ ਐੱਮ ਸੀ ਚੌਕ ਵੱਲੋਂ ਬੀ ਐੱਸ ਐੱਫ ਚੌਕ ਵੱਲ ਜਾ ਰਹੇ ਸਨ ਤਾਂ ਉਨ੍ਹਾਂ ਦੀ ਫੌਕਸਵੈਗਨ ਫਲਾਈਓਵਰ 'ਤੇ ਟਰਾਲੀ ਵਿੱਚ ਜਾ ਵੱਜੀ। ਵਿਦਿਤ ਯੋ ਯੋ ਹਨੀ ਸਿੰਘ ਦਾ ਭਤੀਜਾ ਸੀ। ਥਾਣਾ ਬਾਰਾਂਦਰੀ ਦੇ ਐੱਸ ਐੱਚ ਓ ਸਾਹਿਲ ਚੌਧਰੀ ਨੇ ਦੱਸਿਆ ਕਿ ਕਾਰ ਵਿੱਚ ਸ਼ੁਰੂਆਤ ਵਿੱਚ ਪੰਜ ਨੌਜਵਾਨ ਮੌਜੂਦ ਸਨ, ਪਰ ਹਾਦਸੇ ਤੋਂ ਕੁਝ ਸਮਾਂ ਪਹਿਲਾਂ ਹੀ ਤਿੰਨ ਆਪੋ-ਆਪਣੇ ਘਰ ਉੱਤਰ ਚੁੱਕੇ ਸਨ।



ਜੌੜਾਮਾਜਰਾ ਤੇ ਪਠਾਣਮਾਜਰਾ ਨੇ ਵਿਧਾਇਕੀ ਛੱਡੀ

ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਹਲਕਾ ਸਮਾਣਾ ਤੋਂ ਵਿਧਾਇਕ ਤੇ ਸਾਬਕਾ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਅਤੇ ਸਨੌਰ ਤੋਂ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੇ ਵਿਧਾਨਸਭਾ ਦੀ ਮੈਂਬਰੀ ਤੋਂ ਅਸਤੀਫਾ ਦੇ ਦਿੱਤਾ ਹੈ। 'ਆਪ' ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਇਨ੍ਹਾਂ ਦੋਵਾਂ ਦੀਆਂ ਹਰਕਤਾਂ ਕਰਕੇ ਪਾਰਟੀ ਨੇ ਪਹਿਲਾਂ ਹੀ ਇਨ੍ਹਾਂ ਨੂੰ ਲਾਂਭੇ ਕੀਤਾ ਹੋਇਆ ਸੀ। ਹੁਣ ਇਹ ਦੋਵੇਂ ਉਸ ਭਾਜਪਾ ਵਿੱਚ ਜਾਣਗੇ, ਜਿਸ ਨੂੰ ਪੰਜਾਬ 'ਚ ਉਮੀਦਵਾਰ ਨਹੀਂ ਲੱਭ ਰਹੇ।



ਪ੍ਰਾਵੀਡੈਂਟ ਫੰਡ ਦੀ ਜਾਣਕਾਰੀ ਵਟਸਐਪ ਰਾਹੀਂ

ਨਵੀਂ ਦਿੱਲੀ : ਕਿਰਤ ਅਤੇ ਰੁਜ਼ਗਾਰ ਮੰਤਰੀ ਮਨਸੁਖ ਮਾਂਡਵੀਆ ਨੇ ਐਤਵਾਰ ਵਟਸਐਪ ਰਾਹੀਂ ਈ ਪੀ ਐੱਫ ਓ ਸੇਵਾਵਾਂ ਦੀ ਸ਼ੁਰੂਆਤ ਕੀਤੀ। ਇਸ ਤਹਿਤ ਗਾਹਕ ਈ ਪੀ ਐੱਫ ਓ ਦੀ ਪ੍ਰਮਾਣਿਤ ਵਟਸਐਪ ਸੇਵਾ ਰਾਹੀਂ ਆਪਣੇ ਪੀ ਐੱਫ ਬੈਲੇਂਸ, ਨਵੀਨਤਮ ਪੰਜ ਲੈਣ-ਦੇਣ ਅਤੇ ਪਾਸਬੁੱਕ ਜਾਣਕਾਰੀ ਤੱਕ ਪਹੁੰਚ ਕਰਨ ਦੇ ਯੋਗ ਹੋਣਗੇ, ਇਸ ਤੋਂ ਇਲਾਵਾ ਪੀ ਐੱਮ ਵੀ ਬੀ ਆਰ ਵਾਈ ਨਾਲ ਸੰਬੰਧਤ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਵਿਅਕਤੀਗਤ ਮਾਰਗਦਰਸ਼ਨ ਅਤੇ ਸਹਾਇਤਾ ਪ੍ਰਾਪਤ ਕਰ ਸਕਣਗੇ। ਦਫਤਰਾਂ ਵਿੱਚ ਜਾਣ ਦੀ ਜ਼ਰੂਰਤ ਨੂੰ ਘਟ ਜਾਵੇਗੀ। 1,000 ਰੁਪਏ ਤੱਕ ਦੇ ਬਕਾਏ ਵਾਲੇ ਆਧਾਰ-ਪ੍ਰਮਾਣਿਤ ਗੈਰ-ਕਾਰਜਸ਼ੀਲ ਖਾਤੇ ਵਾਲੇ ਗਾਹਕਾਂ ਨੂੰ ਵਿਅਕਤੀਗਤ ਦਾਅਵੇ ਦਾਇਰ ਕਰਨ ਦੀ ਲੋੜ ਨਹੀਂ ਹੋਵੇਗੀ।

ਅੱਜ-ਨਾਮਾ

ਪਾਰਟੀ ਇੱਕ ਦੀ ਹੋਈ ਜਦ ਚੋਣ ਬੈਠਕ,
ਉਮੀਦਵਾਰਾਂ ਦੀ ਸੂਚੀ ਸੀ ਆਈ ਮੀਆਂ।
ਕੁਝ ਤੇ ਲੀਡਰਾਂ ਦੇ ਹੋਏ ਸੀ ਨਾਂਅ ਜਾਰੀ,
ਉਨ੍ਹਾਂ 'ਤੇ ਸਹਿਮਤੀ ਗਈ ਜਤਾਈ ਮੀਆਂ।
ਕੁਝ ਨੂੰ ਸਹਿਮਤੀ ਪੂਰੀ, ਪਰ ਨਾਂਅ ਰੋਕੇ,
ਬੁਰਕੀ ਕਿਸੇ ਦੀ ਗਈ ਛੁਡਵਾਈ ਮੀਆਂ।
ਆਈ ਜਿਨ੍ਹਾਂ ਲਈ ਖਬਰ ਕਿ ਨਾਂਅ ਉੱਤੇ,
ਹਾਮੀ ਕਿਸੇ ਨਹੀਂ ਭਰੀ ਭਰਵਾਈ ਮੀਆਂ।
ਏਨੀ ਲਿਸਟ ਵੀ ਹਲਚਲ ਮਚਾਈ ਜਿੱਦਾਂ,
ਮੂਹਰੇ ਜਿਨ੍ਹਾਂ ਨੂੰ ਦਿੱਸੀ ਫਿਰ ਖੱਡ ਮੀਆਂ।
ਕਹਿੰਦੇ ਅੰਮਾਂ ਸਨ ਕੱਲ੍ਹ ਜਿਸ ਪਾਰਟੀ ਨੂੰ,
ਪਲਾਂ ਵਿੱਚ ਗਏ ਆ ਪਾਰਟੀ ਛੱਡ ਮੀਆਂ।

-ਤੀਸ ਮਾਰ ਖਾਂ

ਸੰਪਰਦਾਇਕਤਾ ਦਾ ਧਰਮ ਨਾਲ ਕੋਈ ਵਾਹ-ਵਾਸਤਾ ਨਹੀਂ ਹੁੰਦਾ : ਐਡਵੋਕੇਟ ਬਖਸ਼ੀ



ਚੰਡੀਗੜ੍ਹ (ਗਿਆਨ ਸੈਦਪੁਰੀ)

'ਸੰਪਰਦਾਇਕ ਲੋਕਾਂ ਦਾ ਧਰਮ ਨਾਲ ਕੋਈ ਵਾਸਤਾ ਨਹੀਂ ਹੁੰਦਾ, ਇਹ ਸਗੋਂ ਧਰਮ ਨੂੰ ਆਪਣੇ ਹਿੱਤਾਂ ਲਈ ਵਰਤਦੇ ਹਨ। ਆਰਥਿਕ ਤੌਰ 'ਤੇ ਮੰਦਹਾਲੀ ਹੰਢਾਅ ਰਹੇ ਅਤੇ ਦਲਿਤ ਵਰਗ ਲਈ ਸੰਪਰਦਾਇਕਤਾ ਸਭ ਤੋਂ ਖਤਰਨਾਕ ਅਸਰ ਪਾਉਂਦੀ ਹੈ।' ਉਕਤ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਕਾਨੂੰਨੀ ਮਾਹਰ ਤੇ ਭਾਰਤੀ ਕਮਿਊਨਿਸਟ ਪਾਰਟੀ ਦੇ ਕੇਂਦਰੀ ਸਿੱਖਿਆ ਵਿਭਾਗ ਦੇ ਮੈਂਬਰ ਐਡਵੋਕੇਟ ਅਸ਼ਵਨੀ ਬਖਸ਼ੀ ਨੇ ਕੀਤਾ। ਉਹ ਇੱਥੇ ਪਾਰਟੀ ਦਫਤਰ ਵਿੱਚ ਚੱਲ ਰਹੇ ਪਾਰਟੀ ਸਕੂਲ ਵਿੱਚ 'ਸੰਪਰਦਾਇਕ

ਮਨੂ ਸਿਮਰਤੀ ਔਰਤ ਤੇ ਦਲਿਤ ਵਰਗ ਦੀ ਘੋਰ ਵਿਰੋਧੀ

ਫਾਸ਼ੀਵਾਦ ਅਤੇ ਜਮਹੂਰੀਅਤ ਨੂੰ ਚੁਣੌਤੀਆਂ' ਵਿਸ਼ੇ 'ਤੇ ਤਕਰੀਰ ਕਰ ਰਹੇ ਸਨ। ਉਹਨਾਂ ਕਿਹਾ ਕਿ ਫਾਸ਼ੀਵਾਦ ਮਨੂ ਸਿਮਰਤੀ ਦੀ ਵਿਚਾਰਧਾਰਾ ਤੋਂ ਸੇਧ ਲੈਂਦਾ ਹੈ।ਮਨੂ ਸਿਮਰਤੀ ਔਰਤ ਤੇ ਦਲਿਤ ਵਰਗ ਦੀ ਘੋਰ ਵਿਰੋਧੀ ਹੈ।ਇਸ ਵਿਚਾਰਧਾਰਾ ਵਿਰੁੱਧ ਵੱਡੀ ਲੜਾਈ ਦੀ ਲੋੜ ਹੈ। ਸੰਪਰਦਾਇਕ ਵਰਤਾਰੇ ਨੂੰ ਸਮਝਣਾ ਬਹੁਤ ਜ਼ਰੂਰੀ ਹੈ, ਤਦ ਹੀ ਇਸ ਵਿਰੁੱਧ ਠੋਸ ਲੜਾਈ ਕੀਤੀ ਜਾ ਸਕਦੀ ਹੈ।

ਐਡਵੋਕੇਟ ਬਖਸ਼ੀ ਨੇ ਦੱਸਿਆ ਕਿ ਪਹਿਲੇ ਸੰਸਾਰ ਯੁੱਧ ਵਿੱਚ ਫਾਸ਼ੀਵਾਦ ਤੇ ਨਾਜ਼ੀਵਾਦ ਦੀ ਹਾਰ ਹੋਈ ਸੀ। ਇਨ੍ਹਾਂ ਦੋਵਾਂ ਦਾ ਸਮਾਜੀ ਤੇ ਸਿਆਸੀ ਗਰਾਫ ਬਹੁਤ ਥੱਲੇ ਆ ਗਿਆ ਸੀ। ਲੋਕਾਂ ਵਿੱਚ ਆਪਣੀ ਅਸਫਲਤਾ ਨੂੰ ਛੁਪਾਉਣ ਲਈ ਯਹੂਦੀਆਂ ਤੇ ਕਮਿਊਨਿਸਟਾਂ ਨੂੰ ਕਸੂਰਵਾਰ ਦੱਸਣਾ ਸ਼ੁਰੂ ਕਰ ਦਿੱਤਾ। 1932 ਵਿੱਚ ਜਰਮਨੀ ਦੀ ਪਾਰਲੀਮੈਂਟ ਦੀਆਂ ਚੋਣਾਂ ਦੀ ਗੱਲ ਕਰਦਿਆਂ ਐਡਵੋਕੇਟ ਬਖਸ਼ੀ ਨੇ ਕਿਹਾ ਕਿ ਇਹਨਾਂ ਚੋਣਾਂ ਵਿੱਚ ਕਮਿਊਨਿਸਟਾਂ ਅਤੇ ਸੋਸ਼ਲ ਡੈਮੋਕਰੇਟਾਂ ਨੂੰ ਕਾਫੀ ਸਫਲਤਾ ਮਿਲੀ ਸੀ। ਇਹਨਾਂ ਦੋਹਾਂ • ਬਾਕੀ ਸਫਾ 2 'ਤੇ

ਸਾਡਾ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਹੋਣਾ ਜ਼ਰੂਰੀ : ਅਸ਼ਮੀਤਾ ਰੋਮਾਨਾ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਜ਼ਿਲ੍ਹਾ ਤੇ ਸੈਸ਼ਨਜ਼ ਜੱਜ-ਸਹਿਤ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮਿਸ. ਜਸਵਿੰਦਰ ਸ਼ੀਮਾਰ ਦੀਆਂ ਹਦਾਇਤਾਂ ਅਨੁਸਾਰ ਸਰਕਾਰੀ ਪ੍ਰਾਇਮਰੀ ਸਕੂਲ ਦਸ਼ਮੇਸ਼ ਨਗਰ ਵਾਰਡ ਨੰਬਰ 9 ਤੇ ਸਰਕਾਰੀ ਪ੍ਰਾਇਮਰੀ ਸਕੂਲ ਉਦੇਕਰਨ ਵਿਖੇ ਸੁਰੱਖਿਤ ਬਚਪਨ ਮੁਹਿੰਮ ਤਹਿਤ ਜਾਗਰੂਕ ਪ੍ਰੋਗਰਾਮ ਕੀਤਾ ਗਿਆ, ਜਿਸ ਦੀ ਪ੍ਰਧਾਨਗੀ ਜੁਡੀਸ਼ੀਅਲ ਮੈਜਿਸਟ੍ਰੇਟ ਦਰਜਾ ਪਹਿਲਾ ਸ੍ਰੀ ਮੁਕਤਸਰ ਸਾਹਿਬ ਮਿਸ. ਅਸ਼ਮੀਤਾ ਰੋਮਾਨਾ ਵੱਲੋ ਕੀਤੀ ਗਈ।ਉਨ੍ਹਾਂ ਦੱਸਿਆ ਕਿ ਬੱਚੇ ਦੇਸ਼ ਦਾ ਭਵਿੱਖ ਹਨ ਤੇ ਉਨ੍ਹਾਂ ਦੀ ਸੁਰੱਖਿਆ, ਸਨਮਾਨ ਤੇ ਅਧਿਕਾਰਾਂ ਦੀ ਰਾਖੀ ਕਰਨਾ ਸਮਾਜ ਦੇ ਹਰ ਵਰਗ ਦੀ ਸਾਂਝੀ ਜ਼ਿੰਮੇਵਾਰੀ ਹੈ।ਇਸ ਦੇ ਨਾਲ ਹੀ ਉਨ੍ਹਾਂ ਬੱਚਿਆ ਨੂੰ 2013 ਸਬੰਧੀ ਵੱਖ-ਵੱਖ ਕਾਨੂੰਨਾਂ ਬਾਰੇ ਜਾਣਕਾਰੀ ਦਿੰਦੇ ਹੋਏ ਗੁਡ ਟੱਚ ਤੇ ਬੈਡ ਟੱਚ ਬਾਰੇ ਦੱਸਿਆ।ਇਸ ਦੇ ਨਾਲ ਮਾਣਯੋਗ ਜੱਜ ਸਾਹਿਬ ਨੇ ਦੱਸਿਆ ਕਿ ਜੇਕਰ ਆਪ ਨਾਲ ਕਿਸੇ ਕਿਸਮ ਦੀ ਕੋਈ ਛੇੜ-ਛਾੜ ਹੁੰਦੀ ਹੈ ਤਾਂ ਉਸ ਸਬੰਧੀ ਬੱਚਿਆਂ ਲਈ ਬਣੇ ਟੋਲ-ਫ੍ਰੀ ਨੰਬਰ 1098 ਤੇ ਸਾਈਬਰ ਕਰਾਇਮ ਸਬੰਧੀ 1930 'ਤੇ ਕਾਲ ਕੀਤੀ ਜਾ ਸਕਦੀ ਹੈ।ਜੱਜ ਸਾਹਿਬ ਨੇ ਦੱਸਿਆ ਕਿ ਹੋਰ ਵਧੇਰੇ ਜਾਣਕਾਰੀ ਲੈਣ ਲਈ 15100 'ਤੇ ਵੀ ਕਾਲ ਕੀਤੀ ਜਾ ਸਕਦੀ ਹੈ।ਇਨ੍ਹਾਂ ਪ੍ਰੋਗਰਾਮਾਂ ਨੂੰ ਸਫ਼ਲ ਬਣਾਉਣ ਲਈ ਪੈਰਾ-ਲੀਗਲ ਵਲੰਟੀਅਰ (ਪੀ.ਐੱਲ.ਵੀ.) ਮਿਸ. ਜਸਵਿੰਦਰ ਕੌਰ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਗਏ।ਸਕੂਲ ਦੇ ਪ੍ਰਿੰਸੀਪਲ ਨੇ ਕਿਹਾ ਕਿ ਸੁਰੱਖਿਅਤ ਬਚਪਨ ਅਭਿਆਨ ਦਾ ਮੁੱਖ ਉਦੇਸ਼ ਬੱਚਿਆਂ ਨੂੰ ਉਨ੍ਹਾਂ ਦੇ ਕਾਨੂੰਨੀ ਅਧਿਕਾਰਾਂ ਤੇ ਸੁਰੱਖਿਆ ਪ੍ਰਤੀ ਜਾਗਰੂਕ ਕਰਨਾ ਹੈ, ਤਾਂ ਜੋ ਉਹ ਕਿਸੇ ਵੀ ਅਨਸੁਖਾਵੀਂ ਸਥਿਤੀ ਵਿੱਚ ਆਪਣੀ ਰੱਖਿਆ ਲਈ ਸਹੀ ਕਦਮ ਚੁੱਕ ਸਕਣ।

ਸਮਾਜ ਸੇਵੀ ਸਿੰਗਲਾ ਨੇ ਬੱਚਿਆਂ ਨੂੰ ਵੰਡੇ ਆਯੁਰਵੈਦਿਕ ਪੌਦੇ



ਮਾਲੇਰਕੋਟਲਾ (ਅਸਗਰ ਪਰਿਹਾਰ)-ਸਮਾਜ ਸੇਵੀ, ਵਾਤਾਵਰਣ ਪ੍ਰੇਮੀ ਤੇ 'ਵਿਸ਼ਵ ਸ਼ਕਤੀ ਪੀ.ਵੀ.ਸੀ. ਪਾਈਪ ਕੰਪਨੀ' ਦੇ ਐੱਮ.ਡੀ. ਅਸ਼ੋਕ ਸਿੰਗਲਾ ਵਾਤਾਵਰਣ ਦੀ ਸੰਭਾਲ ਤੇ ਹਰਿਆਵਲ ਹੇਠ ਖੇਤਰ ਵਧਾਉਣ ਲਈ ਲਗਾਤਾਰ ਸ਼ਲਾਘਾਯੋਗ ਤੇ ਮਿਸਾਲੀ ਯਤਨ ਕਰ ਰਹੇ ਹਨ। ਵਾਤਾਵਰਣ ਸੰਭਾਲ ਦੀ ਇਸ ਲੜੀ ਨੂੰ ਅੱਗੇ ਵਧਾਉਂਦਿਆਂ ਉਨ੍ਹਾਂ ਨੇ ਮਾਲੇਰਕੋਟਲਾ ਜ਼ਿਲ੍ਹੇ ਵਿੱਚ ਹੁਣ ਤੱਕ 9,000 ਦੇ ਲਗਭਗ ਔਸ਼ਧੀ ਗੁਣਾਂ ਵਾਲੇ ਆਯੁਰਵੈਦਿਕ ਪੌਦੇ ਲਗਾ ਕੇ ਤੇ ਆਮ ਲੋਕਾਂ ਨੂੰ ਵੰਡ ਕੇ ਇੱਕ ਨਵਾਂ ਤੇ ਪ੍ਰੇਰਨਾਦਾਇਕ ਕੀਰਤੀਮਾਨ ਸਥਾਪਤ ਕੀਤਾ ਹੈ।ਇਸੇ ਮੁਹਿੰਮ ਦੇ ਤਹਿਤ ਅਸ਼ੋਕ ਸਿੰਗਲਾ ਵੱਲੋਂ ਸਰਕਾਰੀ ਸਕੂਲ ਸ਼ੇਰਵਾਨੀਕੋਟ ਤੇ ਸਰਕਾਰੀ ਸਕੂਲ ਬਰਕਤਪੁਰਾ ਦੇ ਵਿਦਿਆਰਥੀਆਂ ਨੂੰ 100 ਆਯੁਰਵੈਦਿਕ (ਔਸ਼ਧੀ) ਪੌਦੇ ਵੰਡੇ ਗਏ।ਇਸ ਮੌਕੇ ਉਨ੍ਹਾਂ ਬੱਚਿਆਂ ਨੂੰ ਪੌਦਿਆਂ ਦੀ ਮਹੱਤਤਾ ਤੇ ਆਯੁਰਵੈਦਿਕ ਗੁਣਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਬੱਚਿਆਂ ਨੂੰ ਪੌਦਿਆਂ ਦੀ ਨਿਯਮਤ ਦੇਖਭਾਲ ਕਰਨ ਦੀ ਜ਼ਿੰਮੇਵਾਰੀ ਵੀ ਸੌਂਪੀ, ਤਾਂ ਜੋ ਬੱਚੇ ਬਚਪਨ ਤੋਂ ਹੀ ਪ੍ਰਕਿਰਤੀ ਪ੍ਰਤੀ ਆਪਣੀ ਜ਼ਿੰਮੇਵਾਰੀ ਤੇ ਲਗਾਅ ਨੂੰ ਸਮਝ ਸਕਣ।

ਸ਼ਾਂਤੀ ਵਿੱਦਿਆ ਮੰਦਰ ਵਿਖੇ ਦੰਦਾਂ ਦਾ ਮੁਫਤ ਜਾਂਚ ਕੈਂਪ




ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਸ਼ਾਂਤੀ ਵਿਦਿਆ ਮੰਦਰ ਵਿਖੇ ਜੈਨੇਸਿਸ ਇੰਸਟੀਚਿਊਟ ਆਫ਼ ਡੈਂਟਲ ਸਾਇੰਸਿਜ਼ ਰਿਸਰਚ ਐਂਡ ਹਸਪਤਾਲ ਦੀ ਡਾਕਟਰਾਂ ਦੀ ਟੀਮ ਵੱਲੋਂ ਵਿਸ਼ੇਸ਼ ਦੌਰਾ ਕੀਤਾ ਗਿਆ। ਇਸ ਦੌਰਾਨ ਡਾਕਟਰਾਂ ਨੇ ਵਿਦਿਆਰਥੀਆਂ ਨਾਲ ਗੱਲਬਾਤ ਕਰਨ ਦੇ ਨਾਲ-ਨਾਲ ਉਨ੍ਹਾਂ ਦੇ ਦੰਦਾਂ ਦੀ ਜਾਂਚ ਵੀ ਕੀਤੀ। ਇਸ ਮੌਕੇ ਡਾਕਟਰਾਂ ਨੇ ਵਿਦਿਆਰਥੀਆਂ ਨੂੰ ਦੰਦਾਂ ਦੀ ਸਫ਼ਾਈ, ਮੂੰਹ ਦੀ ਸਿਹਤ ਤੇ ਰੋਜ਼ਾਨਾ ਜੀਵਨ ਵਿਚ ਸਿਹਤਮੰਦ ਆਦਤਾਂ ਅਪਣਾਉਣ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਸਮਝਾਇਆ। ਉਨ੍ਹਾਂ ਵਿਦਿਆਰਥੀਆਂ ਨੂੰ ਜੀਵਨ ਵਿਚ ਉੱਚੇ ਟੀਚੇ ਮਿੱਥਣ, ਲਗਨ ਤੇ ਮਿਹਨਤ ਨਾਲ ਪੜ੍ਹਾਈ ਕਰਨ ਤੇ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਪ੍ਰਬੰਧਕਾਂ ਵੱਲੋਂ ਜੈਨੇਸਿਸ ਸੰਸਥਾ ਦੀ ਸਮੁੱਚੀ ਡਾਕਟਰੀ ਟੀਮ ਦਾ ਧੰਨਵਾਦ ਕੀਤਾ ਗਿਆ ਤੇ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।

ਇੰਦਰਾ ਗਾਂਧੀ ਨੂੰ ਬਰਸੀ ਮੌਕੇ ਸ਼ਰਧਾਂਜਲੀਆਂ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਵੱਲੋਂ ਭਾਰਤ ਦੀ ਸਾਬਕਾ ਪ੍ਰਧਾਨ ਮੰਤਰੀ ਸਵਰਗੀ ਸ਼੍ਰੀਮਤੀ ਇੰਦਰਾ ਗਾਂਧੀ ਜੀ ਦੀ ਬਰਸੀ ਮੌਕੇ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਦਫ਼ਤਰ, ਆਰੀਆ ਸਮਾਜ ਵਿਖੇ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ।ਇਸ ਮੌਕੇ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਦੇ ਪ੍ਰਧਾਨ ਨਰੇਸ਼ ਕੁਮਾਰ ਦੁੱਗਲ ਸਮੇਤ ਹਾਜ਼ਰ ਕਾਂਗਰਸੀ ਆਗੂਆਂ ਤੇ ਵਰਕਰਾਂ ਨੇ ਇੰਦਰਾ ਗਾਂਧੀ ਜੀ ਦੀ ਤਸਵੀਰ ਅੱਗੇ ਸ਼ਰਧਾ ਦੇ ਫੁੱਲ ਭੇਟ ਕਰਕੇ ਉਨ੍ਹਾਂ ਨੂੰ ਨਿੱਘੀ ਸ਼ਰਧਾਂਜਲੀ ਅਰਪਿਤ ਕੀਤੀ।ਇਸ ਮੌਕੇ ਇੰਦਰਾ ਗਾਂਧੀ ਜੀ ਦੇ ਦੇਸ਼ ਪ੍ਰਤੀ ਯੋਗਦਾਨ, ਉਨ੍ਹਾਂ ਦੀ ਸਮਰਪਤ ਸੇਵਾ, ਦ੍ਰਿੜ੍ਹ ਇਰਾਦੇ ਤੇ ਦੇਸ਼ ਦੀ ਏਕਤਾ ਤੇ ਅਖੰਡਤਾ ਲਈ ਦਿੱਤੀ ਕੁਰਬਾਨੀ ਨੂੰ ਯਾਦ ਕੀਤਾ ਗਿਆ।ਹਾਜ਼ਰ ਆਗੂਆਂ ਨੇ ਕਿਹਾ ਕਿ ਦੇਸ਼ ਦੀ ਸੇਵਾ ਲਈ ਉਨ੍ਹਾਂ ਵੱਲੋਂ ਦਿੱਤਾ ਗਿਆ ਯੋਗਦਾਨ ਹਮੇਸ਼ਾ ਯਾਦ ਰੱਖਿਆ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਵਿੰਦਰ ਸਿੰਘ ਨਿੱਪੀ, ਰੇਖਾ ਅਗਰਵਾਲ, ਰਾਜੇਸ਼ ਮੰਡੋਰਾ, ਮਦਨ ਲਾਲ ਭਾਮਰੀ, ਹਰੀਸ਼ ਅਗਰਵਾਲ, ਪੱਲਵੀ ਜੈਨ, ਐਡਵੋਕੇਟ ਵਰਿੰਦਰ ਦੀਵਾਨ, ਰਾਕੇਸ਼ ਕੁਮਾਰ ਕੇਸ਼ੀ ਪੰਡਿਤ, ਰਾਜੇਸ਼ ਬੱਗਨ, ਸੁਭਾਸ਼ ਚੰਦ, ਅਸ਼ੋਕ ਸ਼ਰਮਾ, ਵਿਨੋਦ ਭਟਨਾਗਰ, ਵਿਨੋਦ ਮਲਹੋਤਰਾ, ਲਵਲੀ, ਅਨਿਲ ਵਰਮਾ, ਮੋਹਿੰਦਰ ਖੱਤਰੀ, ਪ੍ਰਦੀਪ ਨਾਨੀ, ਮੋਹਿੰਦਰ ਸਿੰਘ ਬਡੂੰਗਰ, ਗੌਤਮ ਸਲੂਜਾ, ਗੋਪੀ ਰੰਗੀਲਾ, ਰਾਜੀਵ ਸ਼ਰਮਾ, ਵਰੁਣ ਗਰਗ, ਬਬਲੀ ਮਿਸਤਰੀ, ਦਲਜੀਤ ਸਿੰਘ, ਸਨੀ ਪੰਵਾਰ ਤੇ ਸੰਜੇ ਸ਼ਰਮਾ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂਆਂ ਨੇ ਫੁੱਲ ਅਰਪਿਤ ਕਰਕੇ ਭਾਵਪੂਰਵਕ ਸ਼ਰਧਾਂਜਲੀ ਭੇਟ ਕੀਤੀ ਤੇ ਉਨ੍ਹਾਂ ਦੀਆਂ ਦੇਸ਼ ਪ੍ਰਤੀ ਸੇਵਾਵਾਂ ਨੂੰ ਯਾਦ ਕੀਤਾ।

'ਭੈਣਾਂ ਦੀ ਉਮੀਦ' ਪ੍ਰੋਜੈਕਟ ਤਹਿਤ 7 ਸਾਇਕਲ ਰੇਹੜੀਆਂ ਵੰਡੀਆਂ



ਭਵਾਨੀਗੜ੍ਹ (ਰਾਜ ਖੁਰਮੀ)-ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਕੇ ਉਨ੍ਹਾਂ ਲਈ ਸਵੈ-ਰੁਜ਼ਗਾਰ ਦੇ ਨਵੇਂ ਰਾਹ ਖੋਲ੍ਹਣ ਦੇ ਉਦੇਸ਼ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਰਵਿੰਦ ਖੰਨਾ ਦੀ ਅਗਵਾਈ ਹੇਠ ਚਲਾਈ ਜਾ ਰਹੀ ਉਮੀਦ ਸੰਸਥਾ ਵੱਲੋਂ ਇੱਕ ਹੋਰ ਸ਼ਲਾਘਾਯੋਗ ਪਹਿਲਕਦਮੀ ਕੀਤੀ ਗਈ।ਸੰਸਥਾ ਦੇ 'ਭੈਣਾਂ ਦੀ ਉਮੀਦ' ਪ੍ਰੋਜੈਕਟ ਤਹਿਤ ਨੇੜਲੇ ਪਿੰਡ ਕਪਿਆਲ ਵਿਖੇ ਲੋੜਵੰਦ ਮਹਿਲਾਵਾਂ ਨੂੰ 7 ਸਾਇਕਲ ਰੇਹੜੀਆਂ ਵੰਡੀਆਂ ਗਈਆਂ।ਇਸ ਮੌਕੇ ਸੰਸਥਾ ਦੇ ਚੇਅਰਮੈਨ ਅਰਵਿੰਦ ਖੰਨਾ ਨੇ ਖੁਦ ਮਹਿਲਾਵਾਂ ਨੂੰ ਇਹ ਸਾਇਕਲ ਰੇਹੜੀਆਂ ਭੇਟ ਕਰਦਿਆਂ ਉਨ੍ਹਾਂ ਨੂੰ ਸਵੈ-ਰੁਜ਼ਗਾਰ ਸ਼ੁਰੂ ਕਰਨ ਤੇ ਆਤਮ-ਨਿਰਭਰ ਬਣਨ ਲਈ ਉਤਸ਼ਾਹਤ ਕੀਤਾ।ਇਸ ਮੌਕੇ ਅਰਵਿੰਦ ਖੰਨਾ ਨੇ ਕਿਹਾ ਕਿ ਕਿਸੇ ਵੀ ਸਮਾਜ ਦੀ ਅਸਲ ਤਰੱਕੀ ਉਸ ਸਮੇਂ ਸੰਭਵ ਹੁੰਦੀ ਹੈ, ਜਦੋਂ ਉਸ ਸਮਾਜ ਦੀਆਂ ਮਹਿਲਾਵਾਂ ਆਰਥਿਕ ਤੌਰ 'ਤੇ ਮਜ਼ਬੂਤ ਤੇ ਆਤਮ-ਨਿਰਭਰ ਹੋਣ।ਉਨ੍ਹਾਂ ਕਿਹਾ ਕਿ ਜਦੋਂ ਕਿਸੇ ਭੈਣ ਦੇ ਸੁਪਨੇ ਹਕੀਕਤ ਦਾ ਰੂਪ ਧਾਰਦੇ ਹਨ ਤਾਂ ਇਸ ਦਾ ਲਾਭ ਸਿਰਫ਼ ਉਸ ਦੇ ਪਰਿਵਾਰ ਤੱਕ ਸੀਮਤ ਨਹੀਂ ਰਹਿੰਦਾ, ਸਗੋਂ ਇਸ ਨਾਲ ਸਮੁੱਚੇ ਸਮਾਜ ਦੀ ਤਰੱਕੀ ਤੇ ਖੁਸ਼ਹਾਲੀ ਦੇ ਰਾਹ ਖੁੱਲ੍ਹਦੇ ਹਨ।ਉਨ੍ਹਾਂ ਸਮਾਜ ਦੇ ਹਰ ਵਰਗ ਨੂੰ ਅਪੀਲ ਕਰਦਿਆਂ ਕਿਹਾ ਕਿ ਮਹਿਲਾਵਾਂ ਦੀ ਤਰੱਕੀ ਤੇ ਉਨ੍ਹਾਂ ਨੂੰ ਆਤਮ-ਨਿਰਭਰ ਬਣਾਉਣ ਲਈ ਸਾਰਿਆਂ ਨੂੰ ਆਪਣੀ ਸਮਰੱਥਾ ਅਨੁਸਾਰ ਯੋਗਦਾਨ ਪਾਉਣਾ ਚਾਹੀਦਾ ਹੈ।ਉਨ੍ਹਾਂ ਭਰੋਸਾ ਦਿਵਾਇਆ ਕਿ ਉਮੀਦ ਸੰਸਥਾ ਮਹਿਲਾਵਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਤੇ ਉਨ੍ਹਾਂ ਦੇ ਹਰ ਕਦਮ 'ਤੇ ਸਹਿਯੋਗ ਦੇਣ ਲਈ ਹਮੇਸ਼ਾ ਸਮਰਪਤ ਰਹੇਗੀ।ਇਸ ਮੌਕੇ ਪੀ.ਏ.ਸੀ. ਮੈਂਬਰ ਧਰਮਿੰਦਰ ਸਿੰਘ ਦੁੱਲਟ, ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨ ਤੇ ਸਰਪੰਚ ਬਿੰਦਰ ਸਿੰਘ ਤੋਂ ਇਲਾਵਾ ਗਿਆਨ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਰਣਜੋਧ ਹਡਾਨਾ ਵੱਲੋਂ ਮੰਡੀ ਬੋਰਡ ਦੇ ਅਧਿਕਾਰੀਆਂ ਨਾਲ ਮੀਟਿੰਗ



ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)-ਹਲਕਾ ਇੰਚਾਰਜ ਰਣਜੋਧ ਸਿੰਘ ਹਡਾਨਾ ਵੱਲੋਂ ਮੰਡੀ ਬੋਰਡ ਦੇ ਉੱਚ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕਰਕੇ ਝੋਨੇ ਦੇ ਖ਼ਰੀਦ ਸੀਜ਼ਨ ਤੇ ਚੁਕਾਈ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।ਅਧਿਕਾਰੀਆਂ ਨੇ ਦੱਸਿਆ ਕਿ ਪੰਜਾਬ ਦੀਆਂ ਮੰਡੀਆਂ ਵਿੱਚ ਸਰਕਾਰੀ ਏਜੰਸੀਆਂ ਵੱਲੋਂ ਝੋਨੇ ਦੀ ਖ਼ਰੀਦ ਟੀਚਾ ਸਮੇਂ ਤੋਂ ਪਹਿਲਾਂ ਪਾਰ ਕਰਨ ਮਗਰੋਂ ਵੀ ਖਰੀਦ ਜਾਰੀ ਹੈ, ਇਸ ਦੇ ਨਾਲ ਹੀ ਲੱਖਾਂ ਕਿਸਾਨਾਂ ਦੇ ਖਾਤਿਆਂ ਵਿੱਚ ਬਿਨਾਂ ਦੇਰੀ ਸਿੱਧੀ ਅਦਾਇਗੀ ਵੀ ਜਮ੍ਹਾਂ ਕਰਵਾਈ ਜਾ ਚੁੱਕੀ ਹੈ।ਇਸ ਮੌਕੇ ਸਕੱਤਰ ਮਾਰਕੀਟ ਕਮੇਟੀ ਅਸ਼ੋਕ ਕੁਮਾਰ, ਸਕੱਤਰ ਮਾਰਕੀਟ ਕਮੇਟੀ ਸਾਹਿਲ ਜਿੰਦਲ, ਫੂਡ ਸਪਲਾਈ ਆਫ਼ਿਸਰ ਗੁਰਪ੍ਰੀਤ ਸਿੰਘ ਤੋਂ ਇਲਾਵਾ ਪ੍ਰਧਾਨ ਸ਼ੈਲਰ ਯੂਨੀਅਨ ਭੁਪਿੰਦਰ ਸਿੰਘ, ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਵੇਦ ਪ੍ਰਕਾਸ਼ ਗਰਗ ਮੌਜੂਦ ਰਹੇ। ਇਸ ਮੌਕੇ ਸ੍ਰੀ ਹਡਾਨਾ ਨੇ ਆਖਿਆ ਕਿ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਜਾਰੀ ਹਦਾਇਤਾਂ ਤਹਿਤ ਮੰਡੀਆਂ ਅੰਦਰ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਨੂੰ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਗਈ।ਉਨ੍ਹਾਂ ਕਿਹਾ ਕਿ ਸਰਕਾਰ ਨੇ ਕਿਸਾਨਾਂ ਦੀ ਮਿਹਨਤ ਦਾ ਮੁੱਲ ਮੋੜਦਿਆਂ ਫ਼ਸਲ ਦਾ ਇੱਕ-ਇੱਕ ਦਾਣਾ ਚੁੱਕਣਾ ਯਕੀਨੀ ਬਣਾਇਆ ਹੈ ਤੇ ਪਾਰਦਰਸ਼ੀ ਢੰਗ ਨਾਲ ਸਮੇਂ ਸਿਰ ਅਦਾਇਗੀ ਕੀਤੀ ਗਈ ਹੈ।ਹਡਾਨਾ ਨੇ ਮੰਡੀ ਬੋਰਡ ਤੇ ਪ੍ਰਸ਼ਾਸਨਕ ਅਧਿਕਾਰੀਆਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਹਦਾਇਤ ਕੀਤੀ ਕਿ ਬਾਕੀ ਰਹਿੰਦੇ ਪ੍ਰਬੰਧਾਂ ਵਿੱਚ ਵੀ ਕੋਈ ਢਿੱਲ-ਮੱਠ ਨਾ ਵਰਤੀ ਜਾਵੇ।ਇਸ ਦੌਰਾਨ ਅਧਿਕਾਰੀਆਂ ਨੇ ਵਿਸ਼ਵਾਸ ਦਿਵਾਇਆ ਕਿ ਸਰਕਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮੰਡੀਆਂ ਦਾ ਸਮੁੱਚਾ ਕੰਮਕਾਜ ਪੂਰੀ ਸੁਚਾਰੂਤਾ ਤੇ ਪਾਰਦਰਸ਼ਤਾ ਨਾਲ ਜਾਰੀ ਰਹੇਗਾ।

ਫੇਰੂਰਾਈਂ 'ਚ ਲਗਾਇਆ ਅੱਖਾਂ ਦਾ ਕੈਂਪ

ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)-ਕਰੀਬੀ ਪਿੰਡ ਫੇਰੂਰਾਈਂ ਦੇ ਗੁਰਦੁਆਰਾ ਰਾਏ ਪੱਤੀ ਦੀ ਪ੍ਰਬੰਧਕੀ ਕਮੇਟੀ ਵੱਲੋ ਗੁਰੁਦੁਆਰਾ ਸਾਹਿਬ ਵਿਖੇ ਅੱਖਾਂ ਦੀਆਂ ਬੀਮਾਰੀਆਂ ਦਾ ਮੁਫ਼ਤ ਮੈਡੀਕਲ ਚੈੱਕਅਪ ਤੇ ਆਪ੍ਰੇਸ਼ਨ ਕੈਂਪ ਲਗਾਇਆ ਗਿਆ।ਕੈਂਪ ਦੀ ਸ਼ੁਰੂਆਤ ਸਮਾਜਸੇਵੀ ਇਕਬਾਲ ਸਿੰਘ ਗੁਲਾਬ ਵੱਲੋਂ ਕਰਵਾਈ ਗਈ।ਉਨ੍ਹਾਂ ਕਿਹਾ ਕਿ ਮਾਨਵਤਾ ਦੀ ਸੇਵਾ ਹੀ ਇਨਸ਼ਾਨੀਅਤ ਲਈ ਸੱਚੀ ਭਗਤੀ ਹੈ।ਉਨ੍ਹਾ ਲੋੜਵੰਦਾਂ ਨੂੰ ਕੈਂਪ ਦਾ ਵੱਧ ਤੋ ਵੱਧ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ।ਕੈਂਪ ਦੌਰਾਨ ਬਾਠ ਚੈਰੀਟੇਬਲ ਹਸਪਤਾਲ ਜਲਾਲਦੀਵਾਲ ਦੇ ਅੱਖਾਂ ਦੀਆਂ ਬੀਮਾਰੀਆਂ ਦੇ ਮਾਹਰ ਡਾਕਟਰ ਗੁਰਨੈਬ ਸਿੰਘ ਭਾਈਰੂਪਾ ਤੇ ਬਲਤੇਜ ਸਿੰਘ ਅਲਬੇਲਾ ਦੀ ਅਗਵਾਈ ਵਾਲੀ ਡਾਕਟਰਾਂ ਦੀ ਟੀਮ ਵੱਲੋ 65 ਮਰੀਜ਼ਾਂ ਦੀ ਅੱਖਾਂ ਦੀ ਜਾਂਚ ਕੀਤੀ ਗਈ ਤੇ 7 ਮਰੀਜ਼ ਲੈਂਨਜ਼ ਲਗਾਉਣ ਲਈ ਚੁਣੇ ਗਏ।ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਮੁਫਤ ਵੰਡੀਆਂ ਗਈਆਂ।ਇਸ ਮੌਕੇ ਹਰਦੀਪ ਸਿੰਘ ਰਾਏ, ਬੇਅੰਤ ਸਿੰਘ, ਹਰਦੇਵ ਸਿੰਘ, ਜੱਗਾ ਸਿੰਘ, ਮੇਜਰ ਸਿੰਘ, ਨਾਜਰ ਸਿੰਘ, ਤਰਲੋਕ ਸਿੰਘ ਆਦਿ ਹਾਜ਼ਰ ਸਨ।

ਹਰਚੰਦ ਬਰਸਟ ਨੇ ਪਟਿਆਲਾ-ਪਾਤੜਾਂ ਮਾਰਗ ਨੂੰ 6 ਲੇਨ ਬਣਾਉਣ ਲਈ ਗਡਕਰੀ ਨੂੰ ਲਿਖਿਆ ਪੱਤਰ



ਸਮਾਣਾ (ਇਕਬਾਲ ਸਿੰਘ ਬੱਲ)

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ੍. ਹਰਚੰਦ ਸਿੰਘ ਬਰਸਟ ਨੇ ਪੰਜਾਬ ਦੇ ਪ੍ਰਮੁੱਖ ਸੜਕੀ ਨੈੱਟਵਰਕ ਨੂੰ ਹੋਰ ਮਜ਼ਬੂਤ ਕਰਨ ਤੇ ਆਵਾਜਾਈ ਨੂੰ ਸੁਚਾਰੂ ਬਣਾਉਣ ਲਈ ਕੇਂਦਰੀ ਰੋਡ ਟਰਾਂਸਪੋਰਟ ਤੇ ਹਾਈਵੇਜ਼ ਮੰਤਰੀ ਸ੍ਰੀ ਨਿਤਿਨ ਗਡਕਰੀ ਤੇ ਪੰਜਾਬ ਦੇ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਨੂੰ ਪੱਤਰ ਲਿਖਿਆ ਹੈ।ਇਸ ਪੱਤਰ ਵਿੱਚ ਉਨ੍ਹਾਂ ਨੇ ਪਟਿਆਲਾ-ਪਸਿਆਣਾ-ਸਮਾਣਾ-ਘੱਗਾ-ਪਾਤੜਾਂ ਕੌਰੀਡੋਰ (ਸਟੇਟ ਹਾਈਵੇਅ-10), ਜਿਸ ਦੀ ਲੰਬਾਈ ਲਗਭਗ 48.53 ਕਿਲੋਮੀਟਰ ਹੈ, ਨੂੰ ਮੌਜੂਦਾ ਦੋ-ਲੇਨ ਤੋਂ ਬਦਲ ਕੇ 6-ਲੇਨ ਡਿਵਾਈਡਿਡ ਹਾਈਵੇਅ ਵਿੱਚ ਅੱਪਗ੍ਰੇਡ ਕਰਨ ਦੀ ਮੰਗ ਕੀਤੀ ਹੈ।

ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਦੱਸਿਆ ਕਿ ਇਸ ਵਾਸਤੇ ਵਿਸਤ੍ਰਿਤ ਅਧਿਐਨ ਕੀਤਾ ਗਿਆ ਹੈ ਅਤੇ ਪ੍ਰੋਪੋਜ਼ਲ ਦੀ ਇੱਕ ਕਾਪੀ ਵੀ ਭੇਜ ਦਿੱਤੀ ਗਈ ਹੈ।ਇਹ ਕੌਰੀਡੋਰ ਪਟਿਆਲਾ, ਸਮਾਣਾ, ਘੱਗਾ ਤੇ ਪਾਤੜਾਂ ਸਮੇਤ ਨੇੜਲੇ ਦਰਜਨਾਂ ਪਿੰਡਾਂ, ਖੇਤੀਬਾੜੀ ਖੇਤਰਾਂ, ਪ੍ਰਮੁੱਖ ਅਨਾਜ ਮੰਡੀਆਂ, ਵਿਦਿਅਕ ਅਦਾਰਿਆਂ ਤੇ ਵਪਾਰਕ ਕੇਂਦਰਾਂ ਨੂੰ ਜੋੜਦਾ ਹੈ।ਇਸ ਖੇਤਰ ਵਿੱਚੋਂ ਕਣਕ, ਝੋਨਾ, ਸਬਜ਼ੀਆਂ, ਦੁੱਧ ਉਤਪਾਦ ਤੇ ਅਨਾਜ ਦੀ ਵੱਡੀ ਪੱਧਰ 'ਤੇ ਢੋਆ-ਢੁਆਈ ਹੁੰਦੀ ਹੈ।ਇਸ ਖੇਤਰ ਵਿੱਚ 20 ਤੋਂ ਵੱਧ ਪ੍ਰਮੁੱਖ ਅਨਾਜ ਮੰਡੀਆਂ, ਲਗਭਗ 150 ਚਾਵਲ ਮਿੱਲਾਂ ਤੇ 30 ਸਪਿਨਿੰਗ ਮਿੱਲਾਂ ਦੀਆਂ ਗਤੀਵਿਧੀਆਂ ਇਸ ਸੜਕ ਨਾਲ ਜੁੜੀਆਂ ਹੋਈਆਂ ਹਨ।ਅਜਿਹੇ ਵਿੱਚ ਸੜਕ ਦੀ ਸਮਰੱਥਾ ਵਿੱਚ ਵਾਧਾ ਕਰਨ ਨਾਲ ਕਿਸਾਨਾਂ, ਵਪਾਰੀਆਂ, ਉਦਯੋਗਿਕ ਇਕਾਈਆਂ ਤੇ ਆਮ ਲੋਕਾਂ ਨੂੰ ਲੰਬੇ ਸਮੇਂ ਵਿੱਚ ਲਾਭ ਮਿਲੇਗਾ।ਘੱਗਾ ਦੇ ਨੇੜੇ ਦਿੱਲੀ-ਅੰਮ੍ਰਿਤਸਰ-ਕਟੜਾ ਐਕਸਪ੍ਰੈੱਸਵੇਅ ਨਾਲ ਸਿੱਧਾ ਜੰਕਸ਼ਨ ਬਣਨ ਨਾਲ ਇਸ ਰੋਡ ਦੀ ਅਹਿਮੀਅਤ ਹੋਰ ਵੀ ਵਧ ਗਈ ਹੈ।ਇਹ ਸੜਕ ਹੁਣ ਐਕਸਪ੍ਰੈੱਸਵੇਅ ਲਈ ਪ੍ਰਮੁੱਖ ਫੀਡਰ ਰੂਟ ਦਾ ਕੰਮ ਕਰ ਰਹੀ ਹੈ, ਜਿਸ ਕਰਕੇ ਇਸ ਨੂੰ 6 ਲੇਨ ਬਣਾਉਣਾ ਅਤਿ ਜ਼ਰੂਰੀ ਹੋ ਗਿਆ ਹੈ ਤਾਂ ਜੋ ਟ੍ਰੈਫਿਕ ਜਾਮ ਦੀ ਸਥਿਤੀ ਤੋਂ ਬਚਿਆ ਜਾ ਸਕੇ।ਸ. ਬਰਸਟ ਨੇ ਦੱਸਿਆ ਕਿ ਤਕਨੀਕੀ ਰਿਪੋਰਟ ਅਨੁਸਾਰ ਇਸ ਪ੍ਰੋਜੈਕਟ ਲਈ ਕਰੀਬ 1,250 ਕਰੋੜ ਦੀ ਸ਼ੁਰੂਆਤੀ ਲਾਗਤ ਦਾ ਅਨੁਮਾਨ ਹੈ। ਪ੍ਰਪੋਜ਼ਲ ਵਿੱਚ ਮੋੜਾਂ ਨੂੰ ਸੁਧਾਰਨ, ਫਲਾਈਓਵਰ, ਅੰਡਰਪਾਸ, ਸਰਵਿਸ ਰੋਡ, ਮੀਡੀਅਨ ਤੇ ਸਕੂਲ ਜ਼ੋਨਾਂ ਵਿੱਚ ਵਿਸ਼ੇਸ਼ ਸੁਰੱਖਿਆ ਇੰਤਜ਼ਾਮ ਕਰਨ ਦੀ ਤਜਵੀਜ਼ ਰੱਖੀ ਗਈ ਹੈ।ਸ੍. ਬਰਸਟ ਨੇ ਅਪੀਲ ਕੀਤੀ ਹੈ ਕਿ ਐਮ ਓ ਆਰ ਟੀ ਐੱਚ/ਐੱਨ ਐੱਚ ਏ ਆਈ ਨੂੰ ਤੁਰੰਤ ਇਸ ਪ੍ਰੋਜੈਕਟ ਦੀ ਵਿਸਥਾਰਪੂਰਵਕ ਫੀਜ਼ੀਬਿਲਟੀ ਸਟੱਡੀ, ਡੀ ਪੀ ਆਰ ਤਿਆਰ ਕਰਨ, ਸੜਕੀ ਸੁਰੱਖਿਆ ਆਡਿਟ ਤੇ ਜ਼ਮੀਨ ਪ੍ਰਾਪਤੀ ਦੀ ਪ੍ਰਕਿਰਿਆ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ ਜਾਣ ਤਾਂ ਜੋ ਪੰਜਾਬ ਦੇ ਲੋਕਾਂ ਨੂੰ ਇੱਕ ਸੁਰੱਖਿਅਤ ਤੇ ਆਧੁਨਿਕ ਸੜਕੀ ਸਹੂਲਤ ਮਿਲ ਸਕੇ।

ਐਡਵੋਕੇਟ ਰਾਏ ਨੂੰ 'ਆਪ' ਨੇ ਤੀਜੀ ਵਾਰ ਟਿਕਟ ਨਾਲ ਨਿਵਾਜਿਆ

ਹਲਕਾ ਵਾਸੀਆਂ ਦੇ ਸਹਿਯੋਗ ਨਾਲ ਸੀਟ ਜਿੱਤ ਕੇ ਪਾਰਟੀ ਦੀ ਝੋਲੀ ਪਾਵਾਂਗੇ : ਰਾਏ



ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਵਿਧਾਨ ਸਭਾ ਚੋਣਾਂ 2027 ਨੂੰ ਲੈ ਕੇ ਆਮ ਆਦਮੀ ਪਾਰਟੀ ਵੱਲੋਂ ਪਹਿਲੀ ਲਿਸਟ ਜਾਰੀ ਕਰ ਦਿੱਤੀ ਗਈ ਹੈ, ਜਿਸ ਵਿੱਚ ਹਲਕਾ ਫਤਿਹਗੜ੍ਹ ਸਾਹਿਬ ਤੋਂ ਮੌਜੂਦਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੂੰ ਪਾਰਟੀ ਵੱਲੋਂ ਤੀਜੀ ਵਾਰ ਟਿਕਟ ਦੇ ਨਾਲ ਨਿਵਾਜਿਆ ਗਿਆ ਹੈ।ਆਪ ਦੀ ਪਹਿਲੀ ਲਿਸਟ ਆਉਣ ਤੇ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਦੇ ਦਫਤਰ ਵਿਖੇ ਵਰਕਰਾਂ ਦਾ ਤਾਂਤਾ ਲੱਗ ਗਿਆ, ਸਾਰਿਆਂ ਵੱਲੋਂ ਵਧਾਈਆਂ ਦਿੱਤੀਆਂ ਗਈਆਂ ਤੇ ਇਕੱਠੇ ਹੋ ਕੇ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਿਆ ਗਿਆ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਹਲਕਾ ਫਤਿਹਗੜ੍ਹ ਸਾਹਿਬ ਦੇ ਲੋਕਾਂ ਨੇ ਹਮੇਸ਼ਾ ਹੀ ਉਨ੍ਹਾਂ ਨੂੰ ਮਾਣ ਬਖਸ਼ਿਆ ਹੈ, ਭਾਵੇਂ ਕਿ ਵਿਧਾਨ ਸਭਾ ਚੋਣਾਂ ਹੋਣ, ਲੋਕ ਸਭਾ ਚੋਣਾਂ ਹੋਣ, ਬਲਾਕ ਸੰਮਤੀ, ਜ਼ਿਲ੍ਹਾ ਪ੍ਰੀਸ਼ਦ ਜਾਂ ਨਗਰ ਕੌਂਸਲ ਦੀਆਂ ਚੋਣਾਂ ਹੋਣ।ਹਮੇਸ਼ਾ ਹੀ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਪਿਆਰ ਦਿੱਤਾ ਗਿਆ ਹੈ।ਇਸ ਪਿਆਰ ਸਦਕਾ ਹੀ ਉਹ ਪੰਜ ਸਾਲ ਡੱਟ ਕੇ ਕੰਮ ਕਰਨ ਦੇ ਸਮਰੱਥ ਹੋਏ ਹਨ।ਉਨ੍ਹਾਂ ਆਪਣੇ ਕਾਰਜਕਾਲ ਦੌਰਾਨ ਪਿੰਡਾਂ ਦੀ ਨੁਹਾਰ ਬਦਲਣ ਲਈ ਪਿੰਡਾਂ ਵਿੱਚ ਵਿਕਾਸ ਕਾਰਜ ਕਰਵਾਏ, ਖੇਡ ਮੈਦਾਨ ਬਣਵਾਏ, ਸੜਕਾਂ ਬਣਵਾਈਆਂ, ਕਮਿਊਨਿਟੀ ਹਾਲ ਬਣਾਏ, ਇਸ ਤੋਂ ਇਲਾਵਾ ਹੋਰ ਬਹੁਤ ਸਾਰੇ ਕਾਰਜ ਕੀਤੇ ਗਏ ਹਨ।ਪੰਜਾਬ ਸਰਕਾਰ ਵੱਲੋਂ ਦਿੱਤੀਆਂ ਗਈਆਂ ਸੁੱਖ ਸੁਵਿਧਾਵਾਂ ਨੂੰ ਘਰ ਘਰ ਤੱਕ ਪਹੁੰਚਾਉਣ ਦੇ ਲਈ ਹਰ ਉਪਰਾਲਾ ਕੀਤਾ।ਉਹ ਆਸ ਕਰਦੇ ਹਨ ਕਿ ਹਲਕਾ ਫਤਿਹਗੜ੍ਹ ਸਾਹਿਬ ਦੇ ਲੋਕ 2027 ਦੀਆਂ ਚੋਣਾਂ ਦੇ ਵਿੱਚ ਉਹਨਾਂ ਨੂੰ ਬਹੁਮਤ ਦੇ ਨਾਲ ਜਿਤਾ ਕੇ ਭੇਜਣਗੇ, ਫਿਰ ਉਹ ਪਹਿਲਾਂ ਨਾਲੋਂ ਵੀ ਦੁੱਗਣੀ ਰਫਤਾਰ ਦੇ ਨਾਲ ਕੰਮ ਕਰਨਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕੌਂਸਲਰ ਦਵਿੰਦਰ ਕੌਰ, ਕੌਂਸਲਰ ਅਸੀਸ ਅੱਤਰੀ, ਕੌਂਸਲਰ ਰਜੇਸ਼ ਉੱਪਲ, ਕੌਂਸਲਰ ਐਡਵੋਕੇਟ ਹਰਕਮਲ ਸਿੰਘ, ਕੌਂਸਲਰ ਪਵੇਲ ਹਾਂਡਾ, ਰਮੇਸ਼ ਕੁਮਾਰ ਸੋਨੂੰ, ਅਮਰੀਕ ਸਿੰਘ ਬਾਲਪੁਰ, ਕੌਂਸਲਰ ਰਜੇਸ਼ ਉੱਪਲ, ਹੈਪੀ ਭੈਣੀ, ਬਲਵੀਰ ਚੀਮਾ, ਦੀਪਕ ਬਾਤਿਸ਼ ਆਦਿ ਹਾਜ਼ਰ ਸਨ।

ਪਿੰਡ ਤਰੈਂ ਤੋਂ ਵੱਖ-ਵੱਖ ਪਾਰਟੀਆਂ ਦੇ ਵਰਕਰ 'ਆਪ' 'ਚ ਸ਼ਾਮਲ

ਮਾਨ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਤੋਂ ਪ੍ਰਭਾਵਿਤ ਹੋ ਕੇ ਲੋਕ 'ਆਪ' ਨਾਲ ਜੁੜ ਰਹੇ : ਧਾਲੀਵਾਲ



ਸਮਾਣਾ (ਇਕਬਾਲ ਸਿੰਘ ਬੱਲ)-ਹਲਕਾ ਸਮਾਣਾ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਹੋਰ ਮਜ਼ਬੂਤੀ ਮਿਲੀ, ਜਦੋਂ ਹਲਕੇ ਦੇ ਪਿੰਡ ਤਰੈਂ ਤੋਂ ਵੱਖ-ਵੱਖ ਪਾਰਟੀਆਂ ਨਾਲ ਸੰਬੰਧਤ ਵਰਕਰ ਸਾਬਕਾ ਕੈਬਨਿਟ ਮੰਤਰੀ ਤੇ ਹਲਕਾ ਸਮਾਣਾ ਦੇ 'ਆਪ' ਇੰਚਾਰਜ ਸੁਰਜੀਤ ਸਿੰਘ ਰੱਖੜਾ ਦੇ ਛੋਟੇ ਭਰਾ ਤੇ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਦੇ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।

ਕਰਤਾਰ ਵਿਲਾ ਰੱਖੜਾ ਵਿਖੇ ਚਰਨਜੀਤ ਸਿੰਘ ਧਾਲੀਵਾਲ ਨੇ ਪਾਰਟੀ ਵਿੱਚ ਸ਼ਾਮਲ ਹੋਏ ਨਵੇਂ ਵਰਕਰਾਂ ਨੂੰ ਸਿਰੋਪਾਓ ਭੇਟ ਕਰਕੇ ਉਨ੍ਹਾਂ ਦਾ ਪਾਰਟੀ 'ਚ ਸਵਾਗਤ ਕੀਤਾ, ਜਿਨ੍ਹਾਂ ਵਿੱਚ ਜਰਨੈਲ ਸਿੰਘ, ਰਾਜ ਸਿੰਘ, ਬਿਗ ਸਿੰਘ, ਬਿੱਟੂ ਸਿੰਘ, ਛੱਜੂ ਸਿੰਘ, ਸੰਦੀਪ ਸਿੰਘ, ਰਾਣਾ ਸਿੰਘ, ਸਰਬਜੀਤ ਕੌਰ, ਪ੍ਰੀਤੀ ਕੌਰ, ਪਿਆਰ ਕੌਰ, ਗੁਰਮੇਲ ਕੌਰ, ਛਿੰਦਰ ਕੌਰ ਤੇ ਕਰਨੈਲ ਕੌਰ ਦੇ ਨਾਮ ਜ਼ਿਕਰਯੋਗ ਹਨ।ਇਸ ਮੌਕੇ ਗੱਲਬਾਤ ਕਰਦਿਆਂ ਚਰਨਜੀਤ ਸਿੰਘ ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿੱਚ ਵਿਕਾਸ ਕਾਰਜਾਂ ਦੇ ਨਾਲ-ਨਾਲ ਹਰ ਵਰਗ ਦੀ ਭਲਾਈ ਲਈ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ ਤੇ ਇਸ ਦੇ ਨਾਲ ਲੋਕਾਂ ਦੀਆਂ ਲੋੜਾਂ ਅਤੇ ਸਹੂਲਤਾਂ ਨੂੰ ਧਿਆਨ ਵਿੱਚ ਰੱਖਦਿਆਂ ਕੀਤੇ ਜਾ ਰਹੇ ਉਪਰਾਲਿਆਂ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਪਾਰਟੀਆਂ ਦੇ ਵਰਕਰ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ।ਅੰਤ ਸ੍. ਧਾਲੀਵਾਲ ਨੇ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਨਵੇਂ ਮੈਂਬਰਾਂ ਨੂੰ ਭਰੋਸਾ ਦਿੱਤਾ ਕਿ ਪਾਰਟੀ ਵਿੱਚ ਉਨ੍ਹਾਂ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ।ਇਸ ਮੌਕੇ ਜ਼ਿਲ੍ਹਾ ਪਰਿਸ਼ਦ ਮੈਂਬਰ ਜਸਵੀਰ ਸਿੰਘ ਤੇ ਸੁਰਿੰਦਰ ਸਿੰਘ ਖੋਖਲ ਆਦਿ ਮੌਜੂਦ ਸਨ।

ਰਾਹੁਲ ਗਾਂਧੀ ਦੀ ਸੰਗਰੂਰ ਆਮਦ ਨਾਲ ਪੰਜਾਬ ਦੀ ਸਿਆਸਤ 'ਚ ਆਵੇਗੀ ਨਵੀਂ ਤੇਜ਼ੀ : ਡਿੰਪਾ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਜ਼ਿਲ੍ਹਾ ਫਿਰੋਜ਼ਪੁਰ ਲਈ ਕਾਂਗਰਸ ਪਾਰਟੀ ਦੇ ਅਬਜ਼ਰਵਰ ਤੇ ਸਾਬਕਾ ਸੰਸਦ ਮੈਂਬਰ ਸ. ਜਸਬੀਰ ਸਿੰਘ ਡਿੰਪਾ ਗਿੱਲ ਨੇ 4 ਨਵੰਬਰ ਨੂੰ ਸੰਗਰੂਰ ਵਿਖੇ ਕਾਂਗਰਸ ਪਾਰਟੀ ਦੇ ਕੌਮੀ ਆਗੂ ਰਾਹੁਲ ਗਾਂਧੀ ਦੀ ਆਮਦ ਨੂੰ ਲੈ ਕੇ ਵਿਸ਼ੇਸ਼ ਪ੍ਰੈੱਸ ਕਾਨਫਰੰਸ ਕੀਤੀ। ਇਸ ਮੌਕੇ ਉਨ੍ਹਾਂ ਪੰਜਾਬ ਦੇ ਮੌਜੂਦਾ ਰਾਜਨੀਤਕ ਤੇ ਸਮਾਜਿਕ ਹਾਲਾਤਾਂ ਬਾਰੇ ਵਿਸਥਾਰ ਨਾਲ ਗੱਲ ਕਰਦਿਆਂ ਸੂਬੇ ਦੀ ਆਮ ਆਦਮੀ ਪਾਰਟੀ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਉਠਾਏ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਜਿਸ ਦੌਰ ਵਿੱਚੋਂ ਲੰਘ ਰਿਹਾ ਹੈ ਉਹ ਬੇਹੱਦ ਚਿੰਤਾਜਨਕ ਹੈ। ਸੂਬੇ ਵਿੱਚ ਨਸ਼ਿਆਂ ਦਾ ਫੈਲਾਅ, ਭ੍ਰਿਸ਼ਟਾਚਾਰ, ਗੁੰਡਾਗਰਦੀ ਤੇ ਅਮਨ-ਕਾਨੂੰਨ ਦੀ ਸਥਿਤੀ ਨੂੰ ਲੈ ਕੇ ਲੋਕਾਂ ਵਿੱਚ ਚਿੰਤਾ ਵਧ ਰਹੀ ਹੈ। ਡਿੰਪਾ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਵੱਡੀਆਂ ਉਮੀਦਾਂ ਤੇ ਬਦਲਾਅ ਦੀ ਆਸ ਨਾਲ ਆਮ ਆਦਮੀ ਪਾਰਟੀ ਨੂੰ ਸੱਤਾ ਸੌਂਪੀ ਸੀ, ਪਰ ਅੱਜ ਲੋਕ ਸਰਕਾਰ ਤੋਂ ਆਪਣੇ ਵਾਅਦਿਆਂ ਦੇ ਜਵਾਬ ਮੰਗ ਰਹੇ ਹਨ। ਚੋਣਾਂ ਤੋਂ ਪਹਿਲਾਂ ਕੀਤੇ ਗਏ ਵਾਅਦਿਆਂ ਤੇ ਜ਼ਮੀਨੀ ਪੱਧਰ 'ਤੇ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਵਿਚਕਾਰ ਵੱਡਾ ਫਰਕ ਦਿਖਾਈ ਦੇ ਰਿਹਾ ਹੈ। ਜਸਵੀਰ ਸਿੰਘ ਡਿੰਪਾ ਨੇ ਕਿਹਾ ਕਿ 4 ਨਵੰਬਰ ਨੂੰ ਕੌਮੀ ਆਗੂ ਰਾਹੁਲ ਗਾਂਧੀ ਦੀ ਸੰਗਰੂਰ ਆਮਦ ਪੰਜਾਬ ਦੀ ਰਾਜਨੀਤੀ ਵਿੱਚ ਅਹਿਮ ਸਾਬਿਤ ਹੋਵੇਗੀ। ਇਸ ਦੌਰੇ ਨਾਲ ਕਾਂਗਰਸ ਪਾਰਟੀ ਦੀਆਂ ਸਿਆਸੀ ਸਰਗਰਮੀਆਂ ਨੂੰ ਨਵੀਂ ਤੇਜ਼ੀ ਮਿਲੇਗੀ ਤੇ ਪਾਰਟੀ ਵਰਕਰਾਂ ਵਿੱਚ ਉਤਸ਼ਾਹ ਪੈਦਾ ਹੋਵੇਗਾ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਪੰਜਾਬ ਦੇ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਲੈ ਕੇ ਆਪਣੀ ਆਵਾਜ਼ ਬੁਲੰਦ ਕਰੇਗੀ। ਇਸ ਮੌਕੇ ਪਰਮਿੰਦਰ ਸਿੰਘ ਪਿੰਕੀ, ਅਮਰਦੀਪ ਸਿੰਘ ਆਸ਼ੂ ਬੰਗੜ, ਰੋਹਿਤ ਕੁਮਾਰ ਮੌਂਟੂ ਵੋਹਰਾ, ਗੁਰਦੀਪ ਸਿੰਘ ਢਿੱਲੋਂ, ਜੋਗਿੰਦਰ ਪਾਲ ਭਾਟਾ, ਹਰਭਜਨ ਸਿੰਘ ਸਭਰਾ, ਸਰਬਜੀਤ ਕੌਰ ਬਰਾੜ ਪ੍ਰਧਾਨ ਮਹਿਲਾ ਕਾਂਗਰਸ ਫਿਰੋਜ਼ਪੁਰ, ਮੇਹਰ ਸਿੰਘ ਬਾਹਰਵਾਲੀ, ਬਲਜੀਤ ਸਿੰਘ ਬਰਾੜ ਸੁਖਵਿੰਦਰ ਸਿੰਘ ਅਟਾਰੀ, ਸਿਵ ਸਾਗਰ, ਭੀਮ ਕੰਬੋਜ, ਕਵਲਪ੍ਰੀਤ ਸਿੰਘ ਗਿੱਲ, ਰਜਿੰਦਰ ਛਾਬੜਾ, ਸਤਪਾਲ ਚਾਵਲਾ ਤੇ ਹੋਰ ਸੈਂਕੜੇ ਆਗੂ ਹਾਜ਼ਰ ਰਹੇ।

ਨਸੀਬਪੁਰਾ 'ਚ ਨਸ਼ੇ ਦੇ ਸੇਵਨ ਲਈ ਵਰਤੀ ਜਾ ਰਹੀ ਇਮਾਰਤ ਢਾਹੀ



ਬਠਿੰਡਾ (ਪਰਵਿੰਦਰ ਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਬਠਿੰਡਾ ਪੁਲਸ ਵੱਲੋਂ ਨਸ਼ਾ ਤਸਕਰਾਂ ਤੇ ਨਸ਼ੇ ਦੇ ਸੇਵਨ ਲਈ ਵਰਤੇ ਜਾਂਦੇ ਸਥਾਨਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।ਇਸੇ ਲੜੀ ਤਹਿਤ ਬਠਿੰਡਾ ਪੁਲਸ ਵੱਲੋਂ ਇਲਾਕੇ ਵਿੱਚ ਜਾਂਚ ਮੁਹਿੰਮ ਚਲਾਈ ਗਈ ਤੇ ਨਸ਼ੇ ਦੇ ਸੇਵਨ ਲਈ ਵਰਤੇ ਜਾਂਦੇ ਸਥਾਨਾਂ ਦੀ ਪਛਾਣ ਕਰਕੇ ਸਿਵਲ ਪ੍ਰਸ਼ਾਸਨ ਦੇ ਸਹਿਯੋਗ ਨਾਲ ਕਾਰਵਾਈ ਅਮਲ ਵਿੱਚ ਲਿਆਂਦੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀਐੱਸਪੀ ਤਲਵੰਡੀ ਸਾਬੋ ਸ੍ਰੀ ਜਸਜੋਤ ਸਿੰਘ ਨੇ ਦੱਸਿਆ ਕਿ ਪਿੰਡ ਨਸੀਬਪੁਰਾ ਦੇ ਵਿਚਕਾਰ ਸਥਿਤ ਇੱਕ ਇਮਾਰਤ ਨੂੰ ਕੁਝ ਵਿਅਕਤੀਆਂ ਵੱਲੋਂ ਨਸ਼ੇ ਦੇ ਸੇਵਨ ਲਈ ਵਰਤਿਆ ਜਾ ਰਿਹਾ ਸੀ।ਇਸ ਬਾਰੇ ਜਾਣਕਾਰੀ ਮਿਲਣ 'ਤੇ ਬਠਿੰਡਾ ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਗਈ ਤੇ ਸਿਵਲ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਸਾਂਝੀ ਕਾਰਵਾਈ ਕੀਤੀ ਗਈ।ਇਸ ਕਾਰਵਾਈ ਦੌਰਾਨ ਉਕਤ ਇਮਾਰਤ ਨੂੰ ਢਾਹ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਨਸ਼ਾ ਸਮਾਜ ਲਈ ਗੰਭੀਰ ਚੁਣੌਤੀ ਹੈ ਤੇ ਇਸ ਦੇ ਖਾਤਮੇ ਲਈ ਪੁਲਿਸ ਵੱਲੋਂ ਕਿਸੇ ਵੀ ਤਰ੍ਹਾਂ ਦੀ ਢਿੱਲ ਨਹੀਂ ਵਰਤੀ ਜਾਵੇਗੀ।

'ਮਿਸਠੀ ਵਾਲਾ' ਸਵੀਟਸ ਐਂਡ ਰੈਸਟੋਰੈਂਟ ਦਾ ਉਦਘਾਟਨ



ਨਾਭਾ (ਅਮਨ ਗਰਗ)-ਸਥਾਨਕ ਦੁਲੱਦੀ ਗੇਟ ਨੇੜੇ ਸਥਿਤ ਪ੍ਰਸਿੱਧ ਗੁਰੇਜਾ ਆਯੁਰਵੇਦਿਕ ਕੇਅਰ ਸੈਂਟਰ ਨੇੜੇ 'ਮਿਸਠੀ ਵਾਲਾ' ਨਾਮ ਦੀ ਇੱਕ ਨਵੀਂ ਮਠਿਆਈਆਂ ਤੇ ਰੈਸਟੋਰੈਂਟ ਦੀ ਦੁਕਾਨ ਦਾ ਸ਼ਾਨਦਾਰ ਉਦਘਾਟਨ ਕੀਤਾ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਪਹੁੰਚੇ ਰਿਸ਼ਤੇਦਾਰਾਂ, ਸਨੇਹੀਆਂ ਤੇ ਇਲਾਕਾ ਨਿਵਾਸੀਆਂ ਨੇ ਹਾਜ਼ਰੀ ਭਰ ਕੇ ਪਰਵਾਰ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਗੱਲਬਾਤ ਕਰਦਿਆਂ ਸ਼੍ਰੀਮਤੀ ਪ੍ਰੀਤੀ ਨੇ ਦੱਸਿਆ ਕਿ ਉਨ੍ਹਾਂ ਦੀ ਦੁਕਾਨ 'ਮਿਸਠੀ ਵਾਲਾ' ਦਾ ਮੁੱਖ ਮਕਸਦ ਲੋਕਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਬਿਲਕੁਲ ਸਾਫ਼-ਸੁਥਰਾ ਤੇ ਮਿਆਰੀ ਖਾਣਾ ਮੁਹੱਈਆ ਕਰਵਾਉਣਾ ਹੈ।ਉਨ੍ਹਾਂ ਦੱਸਿਆ ਕਿ ਇੱਥੇ ਉੱਚ ਗੁਣਵੱਤਾ ਵਾਲੀਆਂ ਮਠਿਆਈਆਂ ਤੋਂ ਇਲਾਵਾ ਗਾਹਕਾਂ ਲਈ ਤਾਜ਼ਾ ਸਮੋਸੇ, ਬਰੈੱਡ, ਕਚੌਰੀ, ਛੋਲੇ-ਭਟੂਰੇ, ਦਹੀਂ-ਭੱਲੇ, ਗੋਲ-ਗੱਪੇ ਤੇ ਵੱਖ-ਵੱਖ ਤਰ੍ਹਾਂ ਦਾ ਲਾਜਵਾਬ ਫਾਸਟ ਫੂਡ ਖਾਸ ਤੌਰ 'ਤੇ ਤਿਆਰ ਕੀਤਾ ਜਾਵੇਗਾ।ਉਦਘਾਟਨ ਸਮਾਰੋਹ ਵਿੱਚ ਪਹੁੰਚੇ ਪਤਵੰਤੇ ਸੱਜਣਾਂ ਤੇ ਲੋਕਾਂ ਨੇ ਦੁਕਾਨ ਮਾਲਕਾਂ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।ਆਏ ਹੋਏ ਸਾਰੇ ਮਹਿਮਾਨਾਂ ਨੇ ਜਿੱਥੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ, ਉੱਥੇ ਹੀ ਨਵੇਂ ਕਾਰੋਬਾਰ ਦੀ ਸਫ਼ਲਤਾ ਤੇ ਕੰਮ-ਕਾਜ ਵਿੱਚ ਦਿਨ-ਦੁੱਗਣੀ ਰਾਤ-ਚੌਗਣੀ ਬਰਕਤ ਪੈਣ ਦਾ ਦਿਲੋਂ ਅਸ਼ੀਰਵਾਦ ਵੀ ਦਿੱਤਾ।

ਰਹਿਬਰ ਚੈਰੀਟੇਬਲ ਵੱਲੋਂ ਮੁਫ਼ਤ ਸਿਹਤ ਜਾਂਚ ਕੈਂਪ ਦੀ ਸ਼ੁਰੂਆਤ



ਭਵਾਨੀਗੜ੍ਹ (ਰਾਜ ਖੁਰਮੀ)-ਲੋਕਾਂ ਨੂੰ ਮਿਆਰੀ ਤੇ ਕਿਫ਼ਾਇਤੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਰਹਿਬਰ ਚੈਰੀਟੇਬਲ ਹਸਪਤਾਲ ਭਵਾਨੀਗੜ੍ਹ ਵੱਲੋਂ 1 ਨਵੰਬਰ ਤੋਂ 7 ਨਵੰਬਰ ਤੱਕ ਵਿਸ਼ੇਸ਼ ਮੁਫ਼ਤ ਸਿਹਤ ਜਾਂਚ ਕੈਂਪ ਲਗਾਇਆ ਜਾ ਰਿਹਾ ਹੈ।ਕੈਂਪ ਦੀ ਸ਼ੁਰੂਆਤ ਮੌਕੇ ਪਹਿਲੇ ਹੀ ਦਿਨ ਇਲਾਕੇ ਦੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਗਿਆ ਤੇ ਹਸਪਤਾਲ ਵਿਖੇ ਕਰੀਬ 100 ਮਰੀਜ਼ਾਂ ਦੀ ਮੁਫ਼ਤ ਸਿਹਤ ਜਾਂਚ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਹਸਪਤਾਲ ਪ੍ਰਬੰਧਕਾਂ ਨੇ ਦੱਸਿਆ ਕਿ ਕੈਂਪ ਦੌਰਾਨ ਮਰੀਜ਼ਾਂ ਨੂੰ ਮੁਫ਼ਤ ਓ.ਪੀ.ਡੀ. ਸੇਵਾ, ਅਲਟਰਾਸਾਊਂਡ, ਲੈਬ ਟੈਸਟ, ਐਕਸ-ਰੇ ਤੇ ਹਸਪਤਾਲ ਵਿੱਚ ਦਾਖ਼ਲੇ ਦੀ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ।ਇਸ ਤੋਂ ਇਲਾਵਾ ਮੈਡੀਸਨ, ਬੱਚਿਆਂ ਦੀ ਸਿਹਤ ਸੰਭਾਲ, ਹੱਡੀਆਂ ਤੇ ਜੋੜਾਂ ਦੀਆਂ ਬਿਮਾਰੀਆਂ, ਮਹਿਲਾਵਾਂ ਦੀ ਸਿਹਤ ਤੇ ਫਿਜ਼ਿਓਥੈਰੇਪੀ ਸਮੇਤ ਵੱਖ-ਵੱਖ ਵਿਭਾਗਾਂ ਦੀਆਂ ਮਾਹਰ ਸਿਹਤ ਸੇਵਾਵਾਂ ਵੀ ਕੈਂਪ ਦਾ ਹਿੱਸਾ ਹਨ।ਹਸਪਤਾਲ ਪ੍ਰਬੰਧਕਾਂ ਨੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਲੋਕ ਭਲਾਈ ਦੇ ਉਪਰਾਲੇ ਦਾ ਵੱਧ ਤੋਂ ਵੱਧ ਲਾਭ ਉਠਾਉਣ ਤੇ ਆਪਣੇ ਪਰਿਵਾਰਕ ਮੈਂਬਰਾਂ ਦੀ ਸਿਹਤ ਦੀ ਜਾਂਚ ਕਰਵਾਉਣ।ਉਨ੍ਹਾਂ ਕਿਹਾ ਕਿ ਇਹ ਮੁਫ਼ਤ ਸਿਹਤ ਜਾਂਚ ਕੈਂਪ 7 ਨਵੰਬਰ ਤੱਕ ਜਾਰੀ ਰਹੇਗਾ।

ਸਫ਼ਾ 1 ਦੇ ਬਾਕੀ...

ਵੋਟ ਚੋਰੀ ਦੇ ਸਤਾਏ ...

ਇੰਟੈਸਿਵ ਰਿਵੀਜ਼ਨ) ਅਭਿਆਸ 'ਤੇ ਵਿਅੰਗ ਕੱਸਦੇ ਹੋਏ ਬੈਨਰਜੀ ਨੇ ਇਸ ਨੂੰ ਭਾਜਪਾ ਵਰਗੀ ਪਾਰਟੀ ਲਈ ਸਪੈਸ਼ਲ ਇੰਟੈਸਿਵ ਰਿਲੀਫ ਦੱਸਿਆ।

ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ 'ਤੇ ਨਿਸ਼ਾਨਾ ਸਾਧਦੇ ਹੋਏ ਉਨ੍ਹਾ ਪੁੱਛਿਆ, 'ਵੈਨੀਸ਼ ਕੁਮਾਰ ਜੀ, ਤੁਸੀਂ ਕਦੋਂ ਗਾਇਬ ਹੋਵੋਗੇ? ਅਸੀਂ ਉਡੀਕ ਕਰ ਰਹੇ ਹਾਂ।' ਉਨ੍ਹਾ ਇੱਕ ਮਸ਼ਹੂਰ ਨਰਸਰੀ ਤੁਕਬੰਦੀ ਦੀ ਵਰਤੋਂ ਕੀਤੀ ਅਤੇ ਇਸ ਨੂੰ ਚੋਣ ਕਮਿਸ਼ਨ ਦੇ ਵਿਰੁੱਧ ਇੱਕ ਗੀਤ ਵਿੱਚ ਬਦਲ ਦਿੱਤਾ : ਵੋਟ ਚੋਰੀ, ਹਾਂ ਪਾਪਾ; ਲੋਕਤੰਤਰ ਚੋਰੀ, ਹਾਂ ਪਾਪਾ; ਲੁਟ ਕੀਆ, ਭਾਜਪਾ ਪਾਪਾ; ਪਰਦੇ ਕੇ ਪੀਛੇ ਕੌਨ, ਭਾਜਪਾ ਪਾਪਾ। ਮਮਤਾ ਨੇ ਅੱਗੇ ਕਿਹਾ, 'ਭਾਰਤ ਬਚਾਓ, ਲੋਕਤੰਤਰ ਬਚਾਓ। ਜਨਰਲ ਜ਼ੈੱਡ, ਨੌਜਵਾਨ ਅਤੇ ਸੀ ਜੇ ਪੀ, ਅਸੀਂ ਤੁਹਾਨੂੰ ਦੱਸ ਰਹੇ ਹਾਂ ਕਿ ਕੋਈ ਰੰਗ ਨਹੀਂ ਹੁੰਦਾ, ਕੋਈ ਧਰਮ ਨਹੀਂ ਹੁੰਦਾ। ਸਾਰੀਆਂ ਜਾਤਾਂ, ਸਾਰੇ ਭਾਈਚਾਰੇ, ਸਾਰੇ ਕਮਿਊਨਿਸਟ, ਆਓ ਭਾਜਪਾ ਨੂੰ ਹਰਾਉਣ ਲਈ ਇਕੱਠੇ ਲੜੀਏ।' ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕਿਹਾ ਕਿ ਕੇਂਦਰ ਸਮੇਤ ਦੇਸ਼ ਵਿੱਚ ਕਈ ਭਾਜਪਾ ਸਰਕਾਰਾਂ ਚੋਰੀ ਕੀਤੇ ਫਤਵੇ 'ਤੇ ਬਣੀਆਂ ਹਨ। ਲੋਕਤੰਤਰ ਨੂੰ ਬਚਾਉਣ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸੱਤਾ ਤੋਂ ਹਟਾਉਣਾ ਜ਼ਰੂਰੀ ਹੈ। ਜੇ ਗਿਆਨੇਸ਼ ਰੂਪੋਸ਼ ਵੀ ਹੋ ਜਾਂਦਾ ਹੈ ਤਾਂ ਉਹ ਉਸ ਨੂੰ ਲੱਭ ਲੈਣਗੇ।

ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ ਨੇ ਕਿਹਾ ਕਿ ਭਾਜਪਾ ਸਿਰਫ ਆਪਣੇ ਮੈਂਬਰਾਂ ਨੂੰ ਹੀ ਵੋਟਰ ਅਤੇ ਭਾਰਤ ਦੇ ਨਾਗਰਿਕ ਬਣਾਉਣਾ ਚਾਹੁੰਦੀ ਹੈ।

ਯਾਦਵ ਨੇ ਕਿਹਾ ਕਿ ਭਾਜਪਾ ਨੇ ਪਹਿਲਾਂ ਦਾਅਵਾ ਕੀਤਾ ਸੀ ਕਿ ਯੂ ਪੀ ਵਿੱਚ 1.27 ਕਰੋੜ ਹਿੰਦੂ ਵੋਟਾਂ ਕੱਟੀਆਂ ਗਈਆਂ ਹਨ। ਇੰਡੀਆ ਬਲਾਕ ਦੀ ਆਵਾਜ਼ ਨੇ ਭਾਜਪਾ ਨੂੰ ਅਹਿਸਾਸ ਕਰਵਾਇਆ ਹੈ ਕਿ ਉਸ ਦੀਆਂ ਆਪਣੀਆਂ ਵੋਟਾਂ ਵੀ ਕੱਟੀਆਂ ਜਾ ਰਹੀਆਂ ਹਨ। ਭਾਜਪਾ ਦੇ 'ਡਬਲ-ਇੰਜਣ ਸਰਕਾਰ' ਦੇ ਨਾਅਰੇ 'ਤੇ ਚੁਟਕੀ ਲੈਂਦੇ ਹੋਏ ਯਾਦਵ ਨੇ ਕਿਹਾ ਕਿ ਕਾਸ਼ੀ ਦੇ ਲੋਕਾਂ ਨੇ ਪਾਰਟੀ ਨੂੰ 'ਡਬਲ ਜ਼ੀਰੋ' ਦਿੱਤਾ ਹੈ।

ਇੰਡੀਆ ਬਲਾਕ ਦੇ ਨੇਤਾ ਮਿੰਟੋ ਰੋਡ-ਕਨਾਟ ਪਲੇਸ ਜੰਕਸ਼ਨ ਤੋਂ ਰਾਮਲੀਲ੍ਹਾ ਮੈਦਾਨ ਵੱਲ ਇੱਕ ਖੁੱਲ੍ਹੀ ਗੱਡੀ ਵਿੱਚ ਗਏ। ਗੱਡੀ ਵਿੱਚ ਰਾਹੁਲ ਗਾਂਧੀ, ਪ੍ਰਿਅੰਕਾ ਗਾਂਧੀ, ਅਖਿਲੇਸ਼ ਯਾਦਵ, ਮਮਤਾ ਬੈਨਰਜੀ ਤੇ ਅਭਿਸ਼ੇਕ ਬੈਨਰਜੀ, ਸੀ ਪੀ ਆਈ ਦੇ ਜਨਰਲ ਸਕੱਤਰ ਡੀ ਰਾਜਾ, ਸੀ ਪੀ ਆਈ (ਐੱਮ) ਦੇ ਜਨਰਲ ਸਕੱਤਰ ਐੱਮ ਏ ਬੇਬੀ, ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਦੇ ਜਨਰਲ ਸਕੱਤਰ ਦੀਪਾਂਕਰ ਭੱਟਾਚਾਰੀਆ, ਫਾਰੂਕ ਅਬਦੁੱਲਾ, ਮਹਿਬੂਬਾ ਮੁਫ਼ਤੀ ਤੇ ਹੋਰ ਆਗੂ ਮੌਜੂਦ ਸਨ।

ਸੰਪਰਦਾਇਕਤਾ ਦਾ ਧਰਮ...

ਧਿਰਾਂ ਦੇ ਮਿਲ ਕੇ ਨਾ ਚੱਲ ਸਕਣ ਦੇ ਵਰਤਾਰੇ ਨਾਲ ਸਫਲਤਾ ਅਸਫਲਤਾ ਵਿੱਚ ਬਦਲ ਗਈ ਸੀ। ਉਨ੍ਹਾ ਹੋਰ ਦੱਸਿਆ ਕਿ 1933 ਵਿੱਚ ਜਰਮਨੀ ਦੀ ਪਾਰਲੀਮੈਂਟ ਨੂੰ ਅੱਗ ਲੱਗ ਗਈ, ਇਸ ਅੱਗ ਲੱਗਣ ਦੀ ਘਟਨਾ ਲਈ ਕਮਿਊਨਿਸਟਾਂ ਨੂੰ ਕਸੂਰਵਾਰ ਠਹਿਰਾਇਆ ਗਿਆ ਸੀ। ਫਾਸ਼ੀਵਾਦੀ ਵਿਰੋਧੀ ਲਹਿਰ ਦੇ ਨਾਇਕ ਕਾਮਰੇਡ ਦਮਿਤਰੋ ਉੱਤੇ ਵੀ ਸੰਸਦ ਭਵਨ ਨੂੰ ਅੱਗ ਲਗਾਉਣ ਦਾ ਦੋਸ਼ ਲਾ ਕੇ ਗ੍ਰਿਫਤਾਰ ਕਰ ਲਿਆ।

ਲਾਈਪਜ਼ਿਗ ਦੀ ਅਦਾਲਤ ਵਿੱਚ ਕਾਮਰੇਡ ਦਮਿਤਰੋ ਨੇ ਆਪਣਾ ਮੁਕੱਦਮਾ ਖੁਦ ਲੜਿਆ ਤੇ ਨਾਜ਼ੀਆਂ ਦੇ ਝੂਠ ਨੂੰ ਦੁਨੀਆ ਸਾਹਮਣੇ ਨੰਗਾ ਕੀਤਾ। ਦੂਸਰੇ ਵਿਸ਼ਵ ਯੁੱਧ ਤੋਂ ਬਾਅਦ ਬੁਲਗਾਰੀਆ ਵਿੱਚ ਸਮਾਜਵਾਦੀ ਸਰਕਾਰ ਬਣੀ ਤਾਂ ਦਮਿਤਰੋ ਪ੍ਰਧਾਨ ਮੰਤਰੀ ਬਣੇ।

ਫਾਸ਼ੀਵਾਦੀ ਤੇ ਨਾਜ਼ੀਵਾਦੀ ਦੇ ਜ਼ੁਲਮਾਂ ਦੀ ਗੱਲ ਕਰਦਿਆਂ ਕਾਮਰੇਡ ਬਖਸ਼ੀ ਨੇ ਦੱਸਿਆ ਕਿ ਆਪਣੀ ਨਸਲ ਦੀ ਸ਼ੁੱਧਤਾ ਦੇ ਨਾਂਅ ਹੇਠ ਆਪਣੀ ਹੀ ਨਸਲ ਦੇ ਸਾਢੇ ਚਾਰ ਲੱਖ ਲੋਕ ਕਤਲ ਕਰ ਦਿੱਤੇ ਗਏ, ਇਹ ਦੱਸਦੇ ਆਂ ਕਿ ਇਹਨਾਂ ਵਿੱਚ ਨਸਲੀ ਸ਼ੁੱਧਤਾ ਦੇ ਗੁਣ ਘਟ ਗਏ ਹਨ। ਇਕ ਦੇਸ਼ ਇਕ ਝੰਡਾ ਵਰਗੇ ਨਾਅਰੇ ਵੀ ਫਾਸ਼ੀਵਾਦੀਆਂ ਦੇ ਸਨ। ਭਾਜਪਾ ਸਰਕਾਰ ਨੂੰ ਚਲਾ ਰਿਹਾ ਆਰ ਐੱਸ ਐੱਸ ਪੂਰੀ ਤਰ੍ਹਾਂ ਫਾਸ਼ੀਵਾਦ ਤੇ ਨਾਜ਼ੀਵਾਦੀਆਂ ਦਾ ਪੈਰੋਕਾਰ ਹੈ। ਇਸ ਲਈ ਮੌਜੂਦਾ ਭਾਰਤੀ ਹਾਕਮਾਂ ਦੀਆਂ ਨੀਤੀਆਂ ਵਿਰੁੱਧ ਬੱਝਵਾਂ ਸੰਘਰਸ਼ ਕਰਨ ਦੀ ਲੋੜ ਹੈ। ਇਸੇ ਦੌਰਾਨ ਕਾਮਰੇਡ ਬਖਸ਼ੀ ਨੇ ਕਿਹਾ ਕਿ ਕਿਸੇ ਸਮਿਆਂ ਵਿੱਚ ਜਰਮਨੀ ਦੇ ਕਮਿਊਨਿਸਟਾਂ ਨੇ ਗਲਤੀਆਂ ਕੀਤੀਆਂ ਸਨ, ਭਾਰਤੀ ਕਮਿਊਨਿਸਟਾਂ ਨੂੰ ਉਹਨਾਂ (ਜਰਮਨ) ਦੀਆਂ ਗਲਤੀਆਂ ਨੂੰ ਧਿਆਨ ਵਿੱਚ ਰੱਖ ਕੇ ਅੱਗੇ ਵਧਣਾ ਹੋਵੇਗਾ।

ਐਡਵੋਕੇਟ ਬਖਸ਼ੀ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਅਸੀਂ ਸੰਪਰਦਾਇਕਤਾ ਵਿਰੁੱਧ ਲੜਨਾ ਹੈ, ਨਾ ਕਿ ਧਰਮ ਵਿਰੁੱਧ। ਕਾਰਲ ਮਾਰਕਸ ਨੇ ਧਰਮ ਵਿਰੁੱਧ ਕੁਝ ਨਹੀਂ ਲਿਖਿਆ, ਸਗੋਂ ਧਰਮ ਦਾ ਵਿਸ਼ਲੇਸ਼ਣ ਕੀਤਾ ਸੀ।

ਮਾਰਕਸ ਦਾ ਧਰਮ ਨੂੰ ਅਫੀਮ ਕਹਿਣ ਦੇ ਸੰਦਰਭ ਨੂੰ ਸਮਝਣ ਦੀ ਲੋੜ ਹੈ। ਭਾਰਤੀ ਸਮਾਜ ਵਿੱਚ ਜਟਲ ਜਾਤ-ਪਾਤ ਦੇ ਸਿਸਟਮ ਦੀ ਗੱਲ ਕਰਦਿਆਂ ਕਾਮਰੇਡ ਬਖਸ਼ੀ ਨੇ ਕਿਹਾ ਕਿ ਸਮਾਜੀ ਬਣਤਰ ਨੇ ਦਰਸ਼ਨ (ਫਲਸਫੇ) ਨੂੰ ਪ੍ਰਭਾਵਿਤ ਕੀਤਾ ਹੈ। ਉਹਨਾਂ ਨੇ ਇਸ ਗੱਲ ਦਾ ਧਿਆਨ ਰੱਖਣ ਲਈ ਕਿਹਾ ਕਿ ਜਦੋਂ ਕਿਸੇ ਮਾਮਲੇ ਵਿੱਚ ਗੱਲ ਕਰਨੀ ਹੋਵੇ ਤਾਂ ਉਸ ਵਿੱਚੋਂ ਤਰਕ ਨਜ਼ਰ ਆਵੇ, ਨਾਅਰਾ ਨਾ ਲੱਗੇ। ਇਸ ਮੌਕੇ ਸਰੋਤਿਆਂ ਵੱਲੋਂ ਸਵਾਲਾਂ ਦਾ ਵੀ ਸਿਲਸਿਲਾ ਚੱਲਿਆ। ਇਸ ਮੌਕੇ ਕਾਮਰੇਡ ਗੁਲਜ਼ਾਰ ਸਿੰਘ ਗੋਰੀਆ ਅਤੇ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਵੀ ਵਿਚਾਰ-ਵਟਾਂਦਰੇ ਵਿੱਚ ਹਿੱਸਾ ਲਿਆ।

37.43 ਲੱਖ ਬੀਬੀਆਂ...

ਦੁਹਰਾਇਆ ਕਿ ਸਾਡੀ ਸਰਕਾਰ ਸਕੂਲਾਂ, ਹਸਪਤਾਲਾਂ, ਸੜਕਾਂ, ਨਹਿਰਾਂ ਅਤੇ 10 ਲੱਖ ਰੁਪਏ ਦੇ ਸਿਹਤ ਬੀਮੇ ਰਾਹੀਂ ਲੋਕਾਂ ਦਾ ਪੈਸਾ ਲੋਕਾਂ ਨੂੰ ਵਾਪਸ ਮੋੜ ਰਹੀ ਹੈ।ਮੁੱਖ ਮੰਤਰੀ ਨੇ ਕਿਹਾ ਕਿ ਅਕਾਲੀ ਦਲ (ਬਾਦਲ) ਅਤੇ ਕਾਂਗਰਸ ਵਿਚਲੇ ਉਨ੍ਹਾਂ ਦੇ ਸਿਆਸੀ ਵਿਰੋਧੀਆਂ ਦੇ ਪਰਵਾਰਾਂ ਦੀਆਂ ਔਰਤਾਂ ਵੀ ਇਸ ਸਕੀਮ ਦਾ ਲਾਭ ਲੈ ਰਹੀਆਂ ਹਨ, ਪਰ ਫਿਰ ਵੀ ਉਨ੍ਹਾਂ ਦੇ ਆਗੂ ਆਪਣੇ ਸਿਆਸੀ ਆਕਾਵਾਂ ਨੂੰ ਖੁਸ਼ ਕਰਨ ਲਈ ਇਸ ਦੀ ਆਲੋਚਨਾ ਕਰਨੋਂ ਨਹੀਂ ਹਟ ਰਹੇ।ਸ਼੍ਰੋਮਣੀ ਅਕਾਲੀ ਦਲ, ਕਾਂਗਰਸ ਅਤੇ ਭਾਜਪਾ 'ਤੇ ਤਿੱਖਾ ਹਮਲਾ ਕਰਦਿਆਂ ਉਨ੍ਹਾ ਕਿਹਾ ਕਿ ਇਹ ਪਾਰਟੀਆਂ ਇੱਕ-ਦੂਜੇ ਨਾਲ ਘਿਉ-ਖਿਚੜੀ ਹਨ ਅਤੇ ਇਨ੍ਹਾਂ ਦਾ ਇੱਕੋ-ਇੱਕ ਏਜੰਡਾ ਸੱਤਾ ਹਥਿਆਉਣਾ ਅਤੇ ਆਪਣੇ ਨਿੱਜੀ ਹਿੱਤਾਂ ਨੂੰ ਸਿੱਧ ਕਰਨਾ ਹੈ।

ਗਦਰੀ ਮੇਲੇ ਨੇ ਬੱਬਰਾਂ...



ਤਾਲ੍ਹੇ ਤੋੜ ਕੇ ਅੰਦਰ ਵੜਨ ਦੇ ਮਨਸੂਬੇ ਬੰਦ ਕਰਕੇ ਕੰਪਲੈਕਸ ਨੂੰ ਯਾਦਗਾਰ ਵਜੋਂ ਬਕਾਇਦਾ ਮਾਨਤਾ ਦਿੱਤੀ ਜਾਏ। ਮੇਲਾ, ਮੰਗ ਕਰਦਾ ਹੈ ਕਿ ਚੋਟੀ ਦੇ ਇਨਕਲਾਬੀ ਕਵੀ ਪਾਸ਼ ਦਾ ਜਨਮ ਦਿਹਾੜਾ ਸਮਾਗਮ ਦੀਆਂ ਤਿਆਰੀਆਂ ਮੌਕੇ ਪਾਸ਼-ਹੰਸ ਰਾਜ ਕੰਪਲੈਕਸ ਅੰਦਰ ਦਾਖ਼ਲ ਹੋ ਕੇ ਤਲਵੰਡੀ ਸਲੇਮ ਦੇ ਸਰਪੰਚ ਅਤੇ ਉਸ ਦੇ ਜੋਟੀਦਾਰਾਂ ਵੱਲੋਂ ਹੱਲਾ ਬੋਲਣ, ਮਜ਼ਦੂਰ ਆਗੂ, ਕਹਾਣੀਕਾਰ ਅਤੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਹਰਮੇਸ਼ ਮਾਲੜੀ ਨੂੰ ਜਾਤੀ ਸੂਚਕ ਸ਼ਬਦ ਬੋਲਣ ਖ਼ਿਲਾਫ਼ ਜ਼ਬਰਦਸਤ ਲੋਕ ਰੋਹ ਉੱਠਣ ਕਾਰਨ ਕੇਸ ਦਰਜ ਹੋਇਆ, ਪਰ ਦੋ ਮਹੀਨੇ ਤੋਂ ਵੱਧ ਅਰਸਾ ਬੀਤ ਜਾਣ ਦੇ ਬਾਵਜੂਦ ਮੁਜਰਮਾਂ ਦੀ ਗ੍ਰਿਫ਼ਤਾਰੀ ਨਾ ਕਰਨ ਦੀ ਨਿੰਦਾ ਕਰਦਾ ਹੈ। ਮੇਲੇ 'ਚ ਪਹੁੰਚੇ ਬੱਬਰਾਂ ਦੇ ਪਿੰਡਾਂ ਘੜੂੰਆਂ, ਪੰਡੋਰੀ ਗੰਗਾ ਸਿੰਘ, ਮਾਣਕੋ, ਸਾਂਧਰਾ, ਘੁਮਿਆਲਾ, ਧੁੱਗਾ, ਝਿੰਗੜਾਂ, ਨੰਗਲ ਕਲਾਂ, ਜੌਹਲਾਂ, ਬਹਿਬਲਪੁਰ, ਫਤਿਹਪੁਰ ਕੋਠੀ, ਖੁਰਦਪੁਰ, ਮਡੇਰਾ, ਕੋਟ ਫਤੂਹੀ, ਸਿੰਗੜੀਵਾਲਾ, ਧਾਮੀਆਂ ਕਲਾਂ, ਸੰਗਤਪੁਰ, ਮਾਂਗਟ, ਹਰਿਓਂ, ਕੌਲਗੜ੍ਹ ਆਦਿ ਦਾ ਸਨਮਾਨ ਕੀਤਾ ਗਿਆ।

ਗ਼ਦਰੀ ਬਾਬਿਆਂ ਦੇ ਮੇਲੇ ਦੇ ਮੁੱਖ ਵਕਤਾ ਡਾ. ਨਵਸ਼ਰਨ ਨੇ ਬੱਬਰ ਅਕਾਲੀ ਲਹਿਰ ਦੇ ਇਤਿਹਾਸਕ ਹਵਾਲੇ ਨਾਲ ਕਿਹਾ ਕਿ ਬੱਬਰਾਂ ਦਾ ਐਲਾਨ ਹੋਇਆ ਕਰਦਾ ਸੀ ਕਿ ਗੋਰੇ ਹਾਕਮ ਕੌਣ ਹੁੰਦੇ ਨੇ ਸਾਡੇ ਅੰਬਾਂ ਦੇ ਬਾਗ਼ਾਂ, ਸਾਡੇ ਖੇਤਾਂ ਦੀ ਨਿਲਾਮੀ ਕਰਨ ਵਾਲੇ, ਇਹ ਹੈ ਸਾਡਾ ਵਿਰਸਾ। ਅੱਜ ਅਜਿਹੇ ਵਿਰਸੇ ਵਾਲੀ ਧਰਤੀ ਹੀ ਸਾਮਰਾਜੀ ਕਾਰਪੋਰੇਟ ਘਰਾਣਿਆਂ ਅੱਗੇ ਗਿਰਵੀ ਪਾ ਦਿੱਤੀ ਹੈ।

ਡਾ. ਨਵਸ਼ਰਨ ਨੇ ਬਾਕਸਾਈਟ ਵਰਗੇ ਕੁਦਰਤੀ ਅਨਮੋਲ ਖਜ਼ਾਨਿਆਂ ਦੀ ਅੰਨ੍ਹੀ ਲੁੱਟ ਕਰਨ ਵਾਲੇ ਨਿਜ਼ਾਮ ਨੂੰ ਮੂਲੋਂ ਬਦਲਣ ਲਈ ਬੱਬਰ ਅਕਾਲੀ ਲਹਿਰ ਦਾ ਇਤਿਹਾਸ ਮਾਰਗ-ਦਰਸ਼ਕ ਅਤੇ ਪ੍ਰੇਰਨਾਦਾਇਕ ਹੈ। ਆਪਣੇ ਪਿੰਡਾਂ, ਆਪਣੀ ਮਿੱਟੀ ਤੋਂ ਉਜਾੜੇ ਜਾ ਰਹੇ ਮਜ਼ਦੂਰਾਂ ਸਾਹਮਣੇ ਸੰਗਰਾਮ ਕਰਨਾ ਹੀ ਇੱਕੋ-ਇੱਕ ਸੁਵੱਲੜਾ ਰਾਹ ਬਾਕੀ ਰਹਿ ਗਿਆ ਹੈ। ਉਹਨਾਂ ਕਿਹਾ ਕਿ ਐੱਸ ਆਈ ਆਰ ਮੁਕੰਮਲ ਤੌਰ 'ਤੇ ਫਾਸ਼ਿਸਟ ਏਜੰਡਾ ਹੈ। ਹੁਣ ਮਜ਼ਦੂਰਾਂ ਲਈ ਹਰ ਤਰ੍ਹਾਂ ਹੱਕ-ਹਕੂਕ ਲਈ ਜੱਦੋ-ਜਹਿਦ ਕਰਨਾ ਲਾਜ਼ਮ ਹੈ। ਡਾ. ਨਵਸ਼ਰਨ ਨੇ ਕਿਹਾ ਕਿ ਦਿੱਲੀ ਹਥਿਆਰਬੰਦ ਦਸਤਿਆਂ ਦੀ ਛਾਉਣੀ ਬਣ ਜਾਣ ਕਾਰਨ ਬੇਪਛਾਣ ਕਰ ਦਿੱਤੀ ਹੈ। ਪੁਲਸ ਲੋਕਾਂ ਦੇ ਘਰਾਂ, ਹੋਸਟਲਾਂ, ਪੀ ਜੀ ਜਾ ਕੇ ਹੁਕਮ ਚਾੜ੍ਹਦੀ ਹੈ ਕਿ ਘਰਾਂ ਤੋਂ ਬਾਹਰ ਨਹੀਂ ਨਿਕਲਣਾ। ਸਲਾਮ ਹੈ ਦਿੱਲੀ ਦੀਆਂ ਕੁੜੀਆਂ ਨੂੰ ਜੋ ਡਟ ਕੇ ਸੜਕਾਂ 'ਤੇ ਨਿਕਲੀਆਂ। ਉਹਨਾ ਕਿਹਾ ਕਿ ਭਾਜਪਾ ਅਤੇ ਆਰ ਐੱਸ ਐੱਸ ਅੱਜਕੱਲ੍ਹ ਹੁਕਮ ਚਾੜ੍ਹ ਰਹੀ ਹੈ ਕਿ ਮੇਲਿਆਂ ਵਿੱਚ ਕਿਤਾਬਾਂ ਦੇ ਸਟਾਲ ਨਹੀਂ ਲੱਗਣਗੇ। ਮੇਲੇ 'ਚ ਲੋਕ ਸੰਗੀਤ ਮੰਡਲੀ ਭਦੌੜ ਮਾਸਟਰ ਰਾਮ ਕੁਮਾਰ ਨੇ ਮੰਗਤ ਰਾਮ ਪਾਸਲਾ ਦੀ ਗਜ਼ਲ 'ਕੋਇਲ' ਸਮੇਤ ਕਈ ਗੀਤ ਪੇਸ਼ ਕੀਤੇ।


ਗੁਰਸ਼ਰਨ ਸਿੰਘ ਦਾ ਨਾਟਕ ਤਮਾਸ਼ਾ-ਏ-ਹਿੰਦੋਸਤਾਨ' ਏਕੱਤਰ ਦੀ ਨਿਰਦੇਸ਼ਨਾ 'ਚ ਚੰਡੀਗੜ੍ਹ ਸਕੂਲ ਆਫ਼ ਡਰਾਮਾ ਦੀ ਟੀਮ ਨੇ ਪੇਸ਼ ਕੀਤਾ। ਇਸ ਉਪਰੰਤ ਨਾਟਕਾਂ ਅਤੇ ਗੀਤਾਂ ਭਰੀ ਰਾਤ ਦੇ ਰੰਗਾਂ 'ਚ ਰੰਗਿਆ ਮੇਲਾ ਵੇਖਣ ਲਈ ਖ਼ਬਰ ਲਿਖੇ ਜਾਣ ਵੇਲੇ ਤੱਕ ਹੋਰ ਵੀ ਦਰਸ਼ਕ ਹਾਲ 'ਚ ਪੁੱਜ ਰਹੇ ਸਨ।

4 ਦੀ ਜਗਰਾਉਂ ਰੈਲੀ ਲਈ ਪਿੰਡਾਂ 'ਚ ਸਰਗਰਮੀਆਂ ਤੇਜ਼ : ਕਲੇਰ



ਜਗਰਾਉਂ (ਨਛੱਤਰ ਸੰਧੂ)-ਸ਼੍ਰੋਮਣੀ ਅਕਾਲੀ ਦਲ ਦੀਆਂ ਸਰਗਰਮੀਆਂ ਨੂੰ ਹਲਕਾ ਜਗਰਾਉਂ ਵਿੱਚ ਹੋਰ ਤੇਜ਼ ਕਰਦਿਆਂ ਪਾਰਟੀ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਐੱਸ. ਆਰ. ਕਲੇਰ ਵੱਲੋਂ ਅੱਜ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਦੇ ਨਾਲ ਪਾਰਟੀ ਦੇ ਸਥਾਨਕ ਆਗੂ ਤੇ ਵਰਕਰ ਵੀ ਮੌਜੂਦ ਰਹੇ।ਪਿੰਡ ਲੰਮੇ ਵਿਖੇ ਹੋਏ ਇਕੱਠ ਨੂੰ ਸੰਬੋਧਨ ਕਰਦਿਆਂ ਐੱਸ. ਆਰ. ਕਲੇਰ ਨੇ ਕਿਹਾ ਕਿ 4 ਨਵੰਬਰ ਨੂੰ ਜਗਰਾਉਂ ਵਿਖੇ ਹੋਣ ਜਾ ਰਹੀ ਯੂਥ ਅਕਾਲੀ ਦਲ ਦੀ ਵਿਸ਼ਾਲ ਰੈਲੀ ਨੂੰ ਲੈ ਕੇ ਨੌਜਵਾਨਾਂ ਤੇ ਪਾਰਟੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ।ਉਨ੍ਹਾਂ ਸਮੂਹ ਨੌਜਵਾਨਾਂ, ਪਾਰਟੀ ਆਗੂਆਂ ਤੇ ਇਲਾਕਾ ਨਿਵਾਸੀਆਂ ਨੂੰ ਇਸ ਰੈਲੀ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।ਇਸ ਮੌਕੇ ਪਿੰਡ ਲੰਮੇ ਤੋਂ ਡੋਰ-ਟੂ-ਡੋਰ ਮੁਹਿੰਮ ਦੀ ਸ਼ੁਰੂਆਤ ਵੀ ਕੀਤੀ ਗਈ।ਇਸ ਦੌਰਾਨ ਪਿੰਡ ਵਾਸੀਆਂ ਨਾਲ ਸਿੱਧਾ ਰਾਬਤਾ ਕਾਇਮ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਮੁਸ਼ਕਲਾਂ ਸੁਣੀਆਂ ਅਤੇ ਲੋਕਾਂ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਐੱਸ. ਆਰ. ਕਲੇਰ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਪਿੰਡ ਪੱਧਰ 'ਤੇ ਲੋਕਾਂ ਨਾਲ ਲਗਾਤਾਰ ਸੰਪਰਕ ਬਣਾਇਆ ਜਾ ਰਿਹਾ ਹੈ।ਪਾਰਟੀ ਦੀ ਤਾਕਤ ਇਸ ਦੇ ਮਿਹਨਤੀ ਵਰਕਰ ਤੇ ਲੋਕਾਂ ਦਾ ਪਿਆਰ ਹੈ।ਉਨ੍ਹਾਂ ਕਿਹਾ ਕਿ 4 ਨਵੰਬਰ ਦੀ ਰੈਲੀ ਨੂੰ ਸਫ਼ਲ ਬਣਾਉਣ ਲਈ ਹਲਕਾ ਜਗਰਾਉਂ ਦੇ ਹਰ ਪਿੰਡ ਤੇ ਹਰ ਵਰਗ ਤੱਕ ਪਹੁੰਚ ਕੀਤੀ ਜਾਵੇਗੀ।ਇਸ ਮੌਕੇ ਪਿੰਡ ਵਾਸੀਆਂ ਅਤੇ ਪਾਰਟੀ ਵਰਕਰਾਂ ਵੱਲੋਂ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਭਰੋਸਾ ਵੀ ਦਿੱਤਾ ਗਿਆ।ਇਸ ਮੌਕੇ ਨਾਲ ਯੂਥ ਹਲਕਾ ਪ੍ਰਧਾਨ ਜਸਪ੍ਰੀਤ ਸਿੰਘ ਚਕਰ, ਐੱਸ ਸੀ ਹਲਕਾ ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ, ਸੀਨੀਅਰ ਯੂਥ ਆਗੂ ਸੰਦੀਪ ਸਿੰਘ ਮੱਲ੍ਹਾ, ਲਾਡੀ ਦੇਹੜਕਾ, ਗੁਰਪ੍ਰੀਤ ਸਿੰਘ ਬਿੱਟੂ ਬਲਾਕ ਸੰਮਤੀ ਮੈਂਬਰ ਲੰਮੇ, ਨੰਬਰਦਾਰ ਜਗਦੇਵ ਸਿੰਘ ਤੇ ਹੋਰ ਹਾਜ਼ਰ ਸਨ।

ਪਰਸਵਾਰਥ ਸਭਾ ਵੱਲੋਂ ਲਗਾਏ ਮੁਫ਼ਤ ਮੈਡੀਕਲ ਕੈਂਪ 'ਚ 51 ਮਰੀਜ਼ਾਂ ਦੀ ਜਾਂਚ



ਜਲਾਲਾਬਾਦ (ਜੀਤ ਕੁਮਾਰ)-ਐਤਵਾਰ ਨੂੰ ਪਰਸਵਾਰਥ ਸਭਾ ਵੱਲੋਂ ਲਗਾਏ ਇੱਕ ਮੁਫ਼ਤ ਮੈਡੀਕਲ ਕੈਂਪ ਦੌਰਾਨ 51 ਮਰੀਜ਼ਾਂ ਦੀ ਜਾਂਚ ਕੀਤੀ ਗਈ ਤੇ ਉਨ੍ਹਾਂ ਨੂੰ ਸਿਹਤ ਸੰਬੰਧੀ ਸਲਾਹ ਦਿੱਤੀ ਗਈ। ਕੈਂਪ ਵਿੱਚ ਡਾ. ਰਾਜੀਵ ਮਿੱਢਾ ਨੇ ਸੇਵਾ ਭਾਵਨਾ ਨਾਲ ਮਰੀਜ਼ਾਂ ਦੀ ਜਾਂਚ ਕੀਤੀ। ਇਸ ਮੌਕੇ ਸੰਸਥਾ ਦੇ ਮੈਂਬਰ ਵਿਜੇ ਬਾਘਲਾ, ਗੁਰਚਰਨ ਕਮੀਰੀਆ, ਬਿੱਟੂ ਬੱਬਰ, ਰਮੇਸ਼ ਰਾਠੀ, ਮੈਡਮ ਰਮਨ, ਸੁਰੇਸ਼ ਚੌਹਾਨ ਤੇ ਮਾਣਿਕ ਚੌਹਾਨ ਹਾਜ਼ਰ ਸਨ। ਸੰਸਥਾ ਦੇ ਮੈਂਬਰਾਂ ਨੇ ਦੱਸਿਆ ਕਿ ਉਹ ਲੋਕਾਂ ਤੱਕ ਸਿਹਤ ਸਹੂਲਤਾਂ ਪਹੁੰਚਾਉਣ ਦੇ ਉਦੇਸ਼ ਨਾਲ, ਆਪਣੀਆਂ ਸਮਾਜ ਸੇਵੀ ਪਹਿਲਕਦਮੀਆਂ ਦੇ ਹਿੱਸੇ ਵਜੋਂ ਅਜਿਹੇ ਮੁਫ਼ਤ ਮੈਡੀਕਲ ਕੈਂਪ ਲਗਾਉਂਦੇ ਹਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Executive Editor : **Resham Singh** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : **ਰੇਸ਼ਮ ਸਿੰਘ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

ਜਲ ਸਪਲਾਈ ਕਾਮਿਆਂ ਨੂੰ ਨਿਯੁਕਤੀ ਪੱਤਰ ਜਾਰੀ ਕਰਨ 'ਚ ਦੇਰੀ ਬਰਦਾਸ਼ਤ ਨਹੀਂ : ਲਾਲ ਸਿੰਘ

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ) ਜਲ ਸਪਲਾਈ ਅਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ ਰਜਿ. ਨੰ. 26 ਜ਼ਿਲ੍ਹਾ ਗੁਰਦਾਸਪੁਰ ਦੀ ਇੱਕ ਅਹਿਮ ਮੀਟਿੰਗ ਫਤਿਹਗੜ੍ਹ ਚੂੜੀਆਂ ਵਿੱਚ ਸੂਬਾ ਮੀਤ ਪ੍ਰਧਾਨ ਲਾਲ ਸਿੰਘ, ਜ਼ਿਲ੍ਹਾ ਪ੍ਰਧਾਨ ਰਾਮ ਸਿੰਘ ਅਤੇ ਜ਼ਿਲ੍ਹਾ ਜਨਰਲ ਸਕੱਤਰ ਸੰਦੀਪ ਸਿੰਘ, ਜੁਆਇੰਟ ਜਨਰਲ ਸਕੱਤਰ ਉਂਕਾਰ , ਜੁਆਇੰਟ ਖਜਾਨਚੀ ਅਜੇ ਕੁਮਾਰ ਅਤੇ ਸਲਾਹਕਾਰ ਬਲਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਬਲਬੀਰ ਸਿੰਘ, ਜ਼ਿਲ੍ਹਾ ਖਜਾਨਚੀ ਰਵਿੰਦਰ ਸਿੰਘ ਰਵੀ, ਮੀਤ ਪ੍ਰਧਾਨ ਰਛਪਾਲ ਸਿੰਘ, ਵਰਕਰ ਪਲਵਿੰਦਰ ਸਿੰਘ, ਵਰਕਰ ਪਰਵਿੰਦਰ ਸਿੰਘ ਅਤੇ ਸਸਪਾਲ ਸਿੰਘ ਦੀ ਅਗਵਾਈ ਹੇਠ ਹੋਈ। ਇਸ ਮੌਕੇ ਜਥੇਬੰਦੀ ਦੇ ਆਗੂਆਂ ਅਤੇ ਵਰਕਰਾਂ ਨੇ ਵਿਭਾਗ ਵਿੱਚ ਕੰਮ ਕਰ ਰਹੇ ਇਨਲਿਸਟਮੈਂਟ ਅਤੇ ਆਊਟਸੋਰਸਿੰਗ ਕਾਮਿਆਂ ਨੂੰ ਦਰਪੇਸ਼ ਸਮੱਸਿਆਵਾਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ।ਮੀਟਿੰਗ ਦੌਰਾਨ ਸੂਬਾ ਵਰਕਿੰਗ ਕਮੇਟੀ ਵੱਲੋਂ ਲਏ ਗਏ ਫ਼ੈਸਲੇ ਅਨੁਸਾਰ 6 ਨਵੰਬਰ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵਿਧਾਨ ਸਭਾ ਹਲਕੇ ਧੂਰੀ ਵਿਖੇ ਵਿਸ਼ਾਲ ਰੋਸ ਪ੍ਰਦਰਸ਼ਨ ਕਰਨ ਉਪਰੰਤ ਸਬੰਧਤ ਦਫ਼ਤਰ ਦਾ ਘਿਰਾਓ ਕਰਨ



ਦਾ ਐਲਾਨ ਕੀਤਾ ਗਿਆ।ਇਸ ਰੋਸ ਪ੍ਰਦਰਸ਼ਨ ਨੂੰ ਸਫ਼ਲ ਬਣਾਉਣ ਲਈ ਜ਼ਿਲ੍ਹੇ ਵਿੱਚ ਤਿਆਰੀਆਂ ਅਤੇ ਲਾਮਬੰਦੀ ਸਬੰਧੀ ਵਿਚਾਰ-ਵਟਾਂਦਰਾ ਵੀ ਕੀਤਾ ਗਿਆ।

ਜਥੇਬੰਦੀ ਦੇ ਆਗੂਆਂ ਨੇ ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਕਿ ਸਰਕਾਰ ਵੱਲੋਂ ਬਣਾਏ ਗਏ ਐਕਟ ਤਹਿਤ ਇਨਲਿਸਟਮੈਂਟ ਅਤੇ ਆਊਟਸੋਰਸਿੰਗ ਕਾਮਿਆਂ ਨੂੰ ਦੀਵਾਲੀ ਤੋਂ ਪਹਿਲਾਂ ਨਿਯੁਕਤੀ ਪੱਤਰ ਜਾਰੀ ਕਰਕੇ ਸੌਂਪੇ ਜਾਣ।ਉਨ੍ਹਾਂ ਕਿਹਾ ਕਿ ਐਕਟ ਪਾਸ ਹੋਣ ਦੇ ਬਾਵਜੂਦ ਵਿਭਾਗ ਵੱਲੋਂ ਕਾਮਿਆਂ ਨੂੰ ਨਿਯੁਕਤੀ ਪੱਤਰ ਜਾਰੀ ਕਰਨ ਵਿੱਚ ਕੀਤੀ ਜਾ ਰਹੀ ਦੇਰੀ ਸਰਕਾਰ ਦੀ ਨੀਅਤ 'ਤੇ ਸਵਾਲ ਖੜ੍ਹੇ ਕਰਦੀ ਹੈ।ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਕਾਮਿਆਂ ਦੀਆਂ ਜਾਇਜ਼ ਮੰਗਾਂ ਵੱਲ ਤੁਰੰਤ ਧਿਆਨ ਨਾ ਦਿੱਤਾ ਅਤੇ ਨਿਯੁਕਤੀ ਪੱਤਰ ਜਾਰੀ ਨਾ ਕੀਤੇ ਤਾਂ 6 ਨਵੰਬਰ ਨੂੰ ਧੂਰੀ ਵਿਖੇ ਵਿਸ਼ਾਲ ਰੋਸ ਪ੍ਰਦਰਸ਼ਨ ਕਰਕੇ ਸਰਕਾਰ ਵਿਰੁੱਧ ਪਿੱਟ-ਸਿਆਪਾ ਕੀਤਾ ਜਾਵੇਗਾ ਅਤੇ ਦਫ਼ਤਰ ਦਾ ਘਿਰਾਓ ਕੀਤਾ ਜਾਵੇਗਾ। ਇਸ ਮੌਕੇ ਉਨ੍ਹਾਂ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਤੋਂ ਵੱਡੀ ਗਿਣਤੀ ਵਿੱਚ ਵਰਕਰ ਇਸ ਸੰਘਰਸ਼ ਵਿੱਚ ਸ਼ਮੂਲੀਅਤ ਕਰਨਗੇ।ਉਨ੍ਹਾਂ ਕਿਹਾ ਕਿ ਕਾਮਿਆਂ ਨੇ ਲੰਮਾ ਸਮਾਂ ਵਿਭਾਗ ਵਿੱਚ ਆਪਣੀਆਂ ਸੇਵਾਵਾਂ ਨਿਭਾਈਆਂ ਹਨ, ਇਸ ਲਈ ਉਨ੍ਹਾਂ ਨੂੰ ਬਣਦੇ ਹੱਕਾਂ ਤੋਂ ਵਾਂਝਾ ਰੱਖਣਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਜੇਕਰ ਸਰਕਾਰ ਨੇ ਸਮਾਂ ਰਹਿੰਦੇ ਮਸਲੇ ਦਾ ਹੱਲ ਨਾ ਕੀਤਾ ਤਾਂ ਇਸ ਦੇ ਗੰਭੀਰ ਨਤੀਜੇ ਪੰਜਾਬ ਸਰਕਾਰ ਨੂੰ ਭੁਗਤਣੇ ਪੈਣਗੇ।

ਚੂਹੇਵਾਲ ਤੋਂ ਸ਼ਰਧਾਲੂਆਂ ਦੀ ਤੀਰਥ ਯਾਤਰਾ ਲਈ ਬੱਸ ਰਵਾਨਾ



ਬਟਾਲਾ, (ਤਰਲੋਕ ਬੱਗਾ)- ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ ਤੀਰਥ ਯਾਤਰਾ ਮੁਹਿੰਮ ਤਹਿਤ ਬਟਾਲਾ ਦੇ ਨਜ਼ਦੀਕੀ ਪਿੰਡ ਚੂਹੇਵਾਲ ਤੋਂ ਸ਼ਰਧਾਲੂਆਂ ਦੀ ਤੀਰਥ ਯਾਤਰਾ ਬੱਸ ਰਵਾਨਾ ਕੀਤੀ ਗਈ।ਇਸ ਬਟਾਲਾ ਮਾਰਕੀਟ ਕਮੇਟੀ ਦੇ ਚੇਅਰਮੈਨ ਮਾਨਿਕ ਮਹਿਤਾ ਅਤੇ ਸ੍ਰੀ ਹਰਗੋਬਿੰਦਪੁਰ ਸਾਹਿਬ ਹਲਕੇ ਦੇ ਇੰਚਾਰਜ ਬਲਵਿੰਦਰ ਸਿੰਘ ਲਾਡੀ ਦੇ ਸਪੁੱਤਰ ਹਰਵਿੰਦਰ ਸਿੰਘ ਹੈਰੀ ਆਪਣੇ ਸਾਥੀਆਂ ਸਮੇਤ ਪਹੁੰਚੇ।ਪਿੰਡ ਦੇ ਸਰਪੰਚ ਅਮਰੀਕ ਸਿੰਘ ਚੂਹੇਵਾਲ ਅਤੇ ਪਿੰਡ ਵਾਸੀਆਂ ਵੱਲੋਂ ਤੀਰਥ ਯਾਤਰਾ ਬੱਸ ਨੂੰ ਲੈ ਕੇ ਭਾਰੀ ਉਤਸ਼ਾਹ ਵੇਖਣ ਨੂੰ ਮਿਲਿਆ ਅਤੇ ਉਨ੍ਹਾਂ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਮਾਨਿਕ ਮਹਿਤਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਤੀਰਥ ਯਾਤਰਾ ਮੁਹਿੰਮ ਸ਼ਰਧਾਲੂਆਂ ਲਈ ਬਹੁਤ ਹੀ ਲਾਹੇਵੰਦ ਸਾਬਤ ਹੋ ਰਹੀ ਹੈ। ਇਸ ਨਾਲ ਲੋਕਾਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ।ਇਸ ਮੌਕੇ ਗੱਲਬਾਤ ਕਰਦਿਆਂ ਹਰਵਿੰਦਰ ਸਿੰਘ ਹੈਰੀ ਨੇ ਦੱਸਿਆ ਕਿ ਤੀਰਥ ਯਾਤਰਾ ਬੱਸ ਰਾਹੀਂ ਸ਼ਰਧਾਲੂਆਂ ਨੂੰ ਸ੍ਰੀ ਆਨੰਦਪੁਰ ਸਾਹਿਬ, ਗੁਰਦੁਆਰਾ ਕੀਰਤਪੁਰ ਸਾਹਿਬ, ਮਾਤਾ ਨੈਣਾਂ ਦੇਵੀ ਅਤੇ ਖਾਲਸਾ ਵਿਰਾਸਤ ਦੇ ਦਰਸ਼ਨ ਕਰਵਾਏ ਜਾਣਗੇ।

ਇਸ ਮੌਕੇ ਪਿੰਡ ਦੇ ਸਰਪੰਚ ਅਮਰੀਕ ਸਿੰਘ ਚੂਹੇਵਾਲ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿੰਡ ਦੇ ਵਿਕਾਸ ਲਈ ਕੀਤੇ ਗਏ ਕੰਮਾਂ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ ਅਤੇ ਪਿੰਡ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਸਮੱਸਿਆਵਾਂ ਦੇ ਹੱਲ ਵੱਲ ਕਦਮ ਵਧੇ ਹਨ।

21 ਦੀ ਵਿਸ਼ੇਸ਼ ਲੋਕ ਅਦਾਲਤ ਨੂੰ ਉਤਸ਼ਾਹਿਤ ਕਰਨ ਲਈ ਡੀ ਐੱਲ ਐੱਸ ਏ ਅੰਮ੍ਰਿਤਸਰ ਵੱਲੋਂ ਯਤਨ ਤੇਜ਼

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਮਿਸ ਜਤਿੰਦਰ ਕੌਰ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ (ਡੀ. ਐੱਲ. ਐੱਸ. ਏ.), ਅੰਮ੍ਰਿਤਸਰ ਦੀ ਯੋਗ ਅਗਵਾਈ ਅਤੇ ਦਿਸ਼ਾ-ਨਿਰਦੇਸ਼ਾਂ ਹੇਠ, ਮਾਨਯੋਗ ਸੁਪਰੀਮ ਕੋਰਟ ਆਫ਼ ਇੰਡੀਆ ਵੱਲੋਂ 21 ਨਵੰਬਰ ਨੂੰ ਆਯੋਜਿਤ ਕੀਤੀ ਜਾਣ ਵਾਲੀ ਵਿਸ਼ੇਸ਼ ਲੋਕ ਅਦਾਲਤ ਸਬੰਧੀ ਜਾਗਰੂਕਤਾ ਫੈਲਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸ ਪਹਿਲ ਦਾ ਉਦੇਸ਼ ਲੋਕ ਅਦਾਲਤ ਰਾਹੀਂ ਯੋਗ ਪੈਂਡਿੰਗ ਮਾਮਲਿਆਂ ਦਾ ਸੁਖਾਵੇਂ ਢੰਗ ਨਾਲ ਨਿਪਟਾਰਾ ਕਰਨ ਨੂੰ ਉਤਸ਼ਾਹਿਤ ਕਰਕੇ ਨਿਆਂ ਤੱਕ ਪਹੁੰਚ ਨੂੰ ਸੁਖਾਲਾ ਬਣਾਉਣਾ ਹੈ। ਵਿਸ਼ੇਸ਼ ਲੋਕ ਅਦਾਲਤ ਯੋਗ ਮੁਕੱਦਮਿਆਂ ਦੇ ਧਿਰਾਂ ਨੂੰ ਆਪਣੇ ਵਿਵਾਦ ਆਪਸੀ ਸਹਿਮਤੀ ਨਾਲ ਨਿਪਟਾਉਣ ਦਾ ਮੌਕਾ ਪ੍ਰਦਾਨ ਕਰਦੀ ਹੈ। ਇਸ ਨਾਲ ਲੰਬੀ ਕਾਨੂੰਨੀ ਪ੍ਰਕਿਰਿਆ ਦੌਰਾਨ ਲੱਗਣ ਵਾਲੇ ਸਮੇਂ, ਖ਼ਰਚੇ ਅਤੇ ਅਸੁਵਿਧਾ ਨੂੰ ਘਟਾਉਣ ਦੇ ਨਾਲ-ਨਾਲ ਨਿਆਂ ਪ੍ਰਣਾਲੀ ਨੂੰ ਵਧੇਰੇ ਸੁਖਾਲਾ ਅਤੇ ਲੋਕ-ਪੱਖੀ ਬਣਾਉਣ ਵਿੱਚ ਮਦਦ ਮਿਲਦੀ ਹੈ। ਮਿਸ ਜਤਿੰਦਰ ਕੌਰ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਡੀ. ਐੱਲ. ਐੱਸ. ਏ. ਅੰਮ੍ਰਿਤਸਰ ਨੇ ਯੋਗ ਮਾਮਲਿਆਂ ਨੂੰ ਇਸ ਪਹਿਲ ਅਧੀਨ ਵਿਚਾਰਨ ਲਈ ਨਿਆਂਪਾਲਿਕਾ, ਵਕੀਲ ਭਾਈਚਾਰੇ ਅਤੇ ਹੋਰ ਸਬੰਧਤ ਧਿਰਾਂ ਦੇ ਸਾਂਝੇ ਯਤਨਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਹੈ। ਸ੍ਰੀ ਅਮਰਦੀਪ ਸਿੰਘ ਬੈਂਸ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਨੇ ਦੱਸਿਆ ਕਿ ਸਬੰਧਤ ਅਦਾਲਤਾਂ ਨੂੰ ਆਉਣ ਵਾਲੀ ਵਿਸ਼ੇਸ਼ ਲੋਕ ਅਦਾਲਤ ਦੀ ਮਹੱਤਤਾ ਤੋਂ ਜਾਣੂ ਕਰਵਾਉਣ ਅਤੇ ਲਾਗੂ ਦਿਸ਼ਾ-ਨਿਰਦੇਸ਼ਾਂ ਅਨੁਸਾਰ ਯੋਗ ਮਾਮਲਿਆਂ ਨੂੰ ਵਿਚਾਰਨ



ਲਈ ਲੈਣ ਵਾਸਤੇ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਢੁਕਵੇਂ ਮਾਮਲਿਆਂ ਨੂੰ ਸਮੇਂ ਸਿਰ ਸੂਚੀਬੱਧ ਕਰਨ ਨਾਲ ਇਸ ਪਹਿਲ ਦਾ ਲਾਭ ਵੱਧ ਤੋਂ ਵੱਧ ਮੁਕੱਦਮੇਬਾਜ਼ਾਂ ਤੱਕ ਪਹੁੰਚਾਇਆ ਜਾ ਸਕੇਗਾ ਡੀ. ਐੱਲ. ਐੱਸ. ਏ. ਅੰਮ੍ਰਿਤਸਰ ਵੱਲੋਂ ਆਮ ਜਨਤਾ, ਵਕੀਲਾਂ ਅਤੇ ਹੋਰ ਸਾਰੀਆਂ ਸਬੰਧਤ ਧਿਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਇਸ ਪਹਿਲ ਅਧੀਨ ਵੱਧ ਤੋਂ ਵੱਧ ਯੋਗ ਮਾਮਲਿਆਂ ਨੂੰ ਵਿਚਾਰਨ ਲਈ ਲਿਆਉਣ ਵਾਸਤੇ ਸਾਂਝੇ ਯਤਨ ਕੀਤੇ ਜਾਣ। ਲੋਕ ਅਦਾਲਤ ਰਾਹੀਂ ਲੰਬੀ ਕਾਨੂੰਨੀ ਪ੍ਰਕਿਰਿਆ ਤੋਂ ਬਚਣ ਅਤੇ ਇਸ ਨਾਲ ਜੁੜੇ ਖ਼ਰਚਿਆਂ ਨੂੰ ਘਟਾਉਣ ਦਾ ਮੌਕਾ ਮਿਲਦਾ ਹੈ। ਲੋਕ ਅਦਾਲਤ ਦੀ ਕਾਰਵਾਈ ਲਈ ਕੋਈ ਫ਼ੀਸ ਨਹੀਂ ਲਈ ਜਾਂਦੀ। ਜਿਨ੍ਹਾਂ ਮੁਕੱਦਮੇਬਾਜ਼ਾਂ ਦੇ ਮਾਮਲੇ ਮਾਨਯੋਗ ਸੁਪਰੀਮ ਕੋਰਟ ਆਫ਼ ਇੰਡੀਆ ਵਿੱਚ ਲੰਬਿਤ ਹਨ, ਉਨ੍ਹਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਵਕੀਲਾਂ ਅਤੇ ਸਬੰਧਤ ਕਾਨੂੰਨੀ ਸੇਵਾਵਾਂ ਅਥਾਰਟੀਆਂ ਨਾਲ ਸੰਪਰਕ ਕਰਕੇ ਆਪਣੇ ਮਾਮਲਿਆਂ ਦੀ ਯੋਗਤਾ ਅਤੇ ਭਾਗ ਲੈਣ ਦੀ ਨਿਰਧਾਰਤ ਪ੍ਰਕਿਰਿਆ ਬਾਰੇ ਜਾਣਕਾਰੀ ਪ੍ਰਾਪਤ ਕਰਨ।

ਏਡੀਸੀ (ਵਿਕਾਸ) ਗੁਰਪ੍ਰੀਤ ਸਿੰਘ ਗਿੱਲ ਵੱਲੋਂ ਵੱਖ-ਵੱਖ ਪਿੰਡਾਂ ਦਾ ਦੌਰਾ

ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਦਾ ਲਿਆ ਜਾਇਜ਼ਾ

ਗੁਰਦਾਸਪੁਰ, (ਜਨਕ ਮਹਾਜਨ)- ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉਪਲ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਵਿੱਚ ਪਰਾਲੀ ਅਤੇ ਫ਼ਸਲੀ ਰਹਿੰਦ-ਖੂੰਹਦ



ਨੂੰ ਅੱਗ ਲਗਾਉਣੋਂ ਰੋਕਣ ਲਈ ਵੱਡੀ ਮੁਹਿੰਮ ਚਲਾਈ ਗਈ ਹੈ।ਇਸੇ ਤਹਿਤ ਗੁਰਪ੍ਰੀਤ ਸਿੰਘ ਗਿੱਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਦਾਸਪੁਰ ਦੀ ਅਗਵਾਈ ਹੇਠ ਖੇਤੀਬਾੜੀ ਅਤੇ ਪੁਲਸ ਵਿਭਾਗ ਦੀ ਟੀਮ ਵੱਲੋਂ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਦਾ ਜਾਇਜ਼ਾ ਲਿਆ ਗਿਆ।ਇਸ ਮੌਕੇ ਉਨ੍ਹਾਂ ਵੱਲੋਂ ਪਿੰਡ ਜੌੜਾ ਛੱਤੜਾਂ, ਬਖ਼ਸ਼ੀਵਾਲ ਤੇ ਸਪਰਾਏ ਕੋਠੀ ਦਾ ਦੌਰਾ ਕੀਤਾ ਗਿਆ ਤੇ ਰਸਤੇ ਵਿੱਚ ਖੇਤ ਵਿੱਚ ਲੱਗੀ ਅੱਗ ਨੂੰ ਮੌਕੇ 'ਤੇ ਬੁਝਵਾਇਆ ਗਿਆ। ਇਸ ਮੌਕੇ ਹਰਪ੍ਰੀਤ ਸਿੰਘ ਡੀ. ਡੀ. ਪੀ. ਓ. ਗੁਰਦਾਸਪੁਰ ਵੀ ਮੌਜੂਦ ਸਨ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਗਿੱਲ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਪਰਾਲੀ ਅਤੇ ਹੋਰ ਫ਼ਸਲੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ, ਸਗੋਂ ਖੇਤੀਬਾੜੀ ਮਸ਼ੀਨਰੀ ਅਤੇ ਵਿਗਿਆਨਕ ਤਰੀਕਿਆਂ ਦੀ ਵਰਤੋਂ ਕਰਕੇ ਇਸ ਦਾ ਸੁਚੱਜਾ ਪ੍ਰਬੰਧਨ ਕਰਨ। ਉਨ੍ਹਾਂ ਕਿਹਾ ਕਿ ਪਰਾਲੀ ਸਾੜਨ ਨਾਲ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਹੈ, ਮਿੱਟੀ ਦੀ ਉਪਜਾਊ ਸ਼ਕਤੀ ਪ੍ਰਭਾਵਿਤ ਹੁੰਦੀ ਹੈ ਅਤੇ ਮਿੱਤਰ ਕੀੜਿਆਂ ਨੂੰ ਨੁਕਸਾਨ ਪਹੁੰਚਦਾ ਹੈ।ਇਸ ਤੋਂ ਇਲਾਵਾ ਧੂੰਏਂ ਕਾਰਨ ਲੋਕਾਂ ਦੀ ਸਿਹਤ ਅਤੇ ਸੜਕੀ ਆਵਾਜਾਈ ਲਈ ਵੀ ਖ਼ਤਰਾ ਪੈਦਾ ਹੁੰਦਾ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਫਸਲੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਸਬੰਧੀ ਲਗਾਤਾਰ ਜਾਗਰੂਕ ਕੀਤਾ ਗਿਆ ਹੈ ਅਤੇ ਵੱਖ-ਵੱਖ ਪ੍ਰਚਾਰ, ਪ੍ਰਸਾਰ ਅਤੇ ਕਿਸਾਨ ਸੰਪਰਕ ਗਤੀਵਿਧੀਆਂ ਰਾਹੀਂ ਪਰਾਲੀ ਨਾ ਸਾੜਨ, ਖੇਤੀਬਾੜੀ ਮਸ਼ੀਨਰੀ ਦੀ ਵਰਤੋਂ ਕਰਨ ਅਤੇ ਵਾਤਾਵਰਣ ਪੱਖੀ ਖੇਤੀ ਤਕਨੀਕਾਂ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ ਹੈ।

ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਦੀਆਂ ਫੁੱਟਬਾਲ ਟੀਮਾਂ ਨੇ ਦਿਖਾਏ ਜੌਹਰ

ਤਰਨਤਾਰਨ (ਪ੍ਰਿਤਪਾਲ ਸਿੰਘ)- ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਕਰਵਾਈਆਂ ਜਾ ਰਹੀਆਂ ਪੰਜਾਬ ਦੀਆਂ ਖੇਡਾਂ ਤਹਿਤ ਜ਼ਿਲ੍ਹਾ ਤਰਨਤਾਰਨ ਵਿੱਚ ਹੋਏ ਟੀਮ ਗੇਮਾਂ ਦੇ ਮੁਕਾਬਲਿਆਂ ਵਿੱਚ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਦੀਆਂ ਫੁੱਟਬਾਲ ਟੀਮਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਜ਼ਿਲ੍ਹਾ ਖੇਡ ਅਫ਼ਸਰ ਸਤਵੰਤ ਕੌਰ ਦੀ ਅਗਵਾਈ



ਹੇਠ ਗੁਰੂ ਅਰਜਨ ਦੇਵ ਸਟੇਡੀਅਮ, ਪੁਲਸ ਲਾਈਨ, ਤਰਨ ਤਾਰਨ ਵਿਖੇ ਕਰਵਾਏ ਮੁਕਾਬਲਿਆਂ ਵਿੱਚ ਅੰਡਰ-17 ਲੜਕਿਆਂ ਦੀ ਟੀਮ ਨੇ ਦੂਜਾ, ਜਦਕਿ ਅੰਡਰ-14 ਲੜਕਿਆਂ ਦੀ ਟੀਮ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਸਫ਼ਲਤਾ ਦਾ ਸਿਹਰਾ ਕੋਚ ਸ. ਸੁਖਵਿੰਦਰ ਸਿੰਘ, ਸ. ਰੇਸ਼ਮ ਸਿੰਘ ਅਤੇ ਰਾਜਬੀਰ ਕੌਰ ਦੀ ਮਿਹਨਤ ਅਤੇ ਯੋਗ ਅਗਵਾਈ ਨੂੰ ਜਾਂਦਾ ਹੈ।

ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਖਿਡਾਰੀਆਂ ਅਤੇ ਕੋਚ ਸਾਹਿਬਾਨ ਨੂੰ ਵਧਾਈ ਦਿੰਦਿਆਂ ਭਵਿੱਖ ਦੇ ਮੁਕਾਬਲਿਆਂ ਲਈ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਟੀਮ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਟੀਮ ਭਾਵਨਾ ਅਤੇ ਆਤਮ-ਵਿਸ਼ਵਾਸ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।

ਰੋਟਰੀ ਆਸਥਾ ਨੇ ਜ਼ਿਲ੍ਹੇ ਦੇ 3 ਸਰਕਾਰੀ ਸਕੂਲਾਂ 'ਚ ਸਟੇਸ਼ਨਰੀ ਤੇ ਪੁਸਤਕਾਂ ਵੰਡੀਆਂ

ਅੰਮ੍ਰਿਤਸਰ (ਅਰੋੜਾ) ਰੋਟਰੀ ਕਲੱਬ ਆਸਥਾ ਵੱਲੋਂ ਕਲੱਬ ਦੇ ਪ੍ਰਧਾਨ ਮਹਾਨ ਸਮਾਜ ਸੇਵਕ ਇੰਜੀ. ਅਸ਼ੋਕ ਸ਼ਰਮਾ, ਸਕੱਤਰ ਸਰਬਜੀਤ ਸਿੰਘ ਦੀ ਪ੍ਰਧਾਨਗੀ ਹੇਠ ਸੁਤੰਤਰਤਾ ਸੈਨਾਨੀ ਦੇਸ਼ ਭਗਤ ਸ਼ਹੀਦ ਮਦਨ ਲਾਲ ਢੀਂਗਰਾ ਨੂੰ ਸਮਰਪਿਤ ਵਿਸ਼ੇਸ਼ ਪ੍ਰਾਜੈਕਟ ਦੇ ਤਹਿਤ ਗੁਰੂ ਦੀ ਨਗਰੀ ਦੇ ਤਿੰਨ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਕਾਪੀਆਂ ਅਤੇ ਸਟੇਸ਼ਨਰੀ ਵੰਡੀ ਗਈ। ਰੋਟਰੀ ਆਸਥਾ ਨੇ ਸ਼ਹੀਦ ਮਦਨ ਲਾਲ ਢੀਂਗਰਾ ਦੀ ਤਸਵੀਰ ਨਾਲ ਸਜੀਆਂ ਨੋਟਬੁੱਕਾਂ ਵੰਡਦਿਆਂ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਜੀਵਨ ਤੇ ਆਧਾਰਿਤ ਅਤੇ ਉਨ੍ਹਾਂ ਦੀਆਂ ਦੇਸ਼ ਲਈ ਕੀਤੀਆਂ ਗਈਆਂ ਕੁਰਬਾਨੀਆਂ ਬਾਰੇ ਜਾਣਕਾਰੀ ਦਿੱਤੀ।ਇਸ ਸ਼ਲਾਘਾਯੋਗ ਪ੍ਰਾਜੈਕਟ ਦੇ ਚੇਅਰਮੈਨ ਬਲਦੇਵ ਸਿੰਘ ਸੰਧੂ ਅਤੇ ਉਨ੍ਹਾਂ ਦੀ ਟੀਮ ਨੇ ਪਿੰਡ ਮੱਲੂਨੰਗਲ, ਲੋਹਾਰਕਾ ਕਲਾਂ ਅਤੇ ਅਦਲੀਵਾਲ ਦੇ ਸਰਕਾਰੀ ਸਕੂਲਾਂ ਵਿੱਚ ਸਟੇਸ਼ਨਰੀ ਅਤੇ ਹੋਰ ਸਮੱਗਰੀ ਵੰਡੀ।ਸਕੂਲ ਦੀ ਮੁੱਖ ਮੈਡਮ ਸੁਨੀਤਾ ਭਗਤ, ਮਨਬੀਰ ਕੌਰ, ਮਨਪ੍ਰੀਤ ਸਿੰਘ ਨੇ ਰੋਟਰੀ ਆਸਥਾ ਦੇ ਮੈਂਬਰਾਂ ਦਾ ਭਰਪੂਰ ਸਵਾਗਤ ਕੀਤਾ।ਰੋਟਰੀ ਕਲੱਬ ਆਸਥਾ ਦੇ




ਸਾਬਕਾ ਪ੍ਰਧਾਨ ਅਸ਼ਵਨੀ ਅਵਸਥੀ ਅਤੇ ਪਰਮਜੀਤ ਸਿੰਘ ਨੇ ਦੱਸਿਆ ਕਿ ਰੋਟਰੀ ਆਸਥਾ ਸਰਕਾਰੀ ਸਕੂਲ ਦੇ ਵਿਦਿਆਰਥੀਆਂ ਨੂੰ ਸਿੱਖਿਆ ਅਤੇ ਸਿਹਤ ਪ੍ਰਤੀ ਜਾਗਰੂਕ ਕਰਨ ਲਈ ਵਿਸ਼ੇਸ਼ ਪ੍ਰਾਜੈਕਟ ਚਲਾ ਰਹੀ ਹੈ।ਦੇਸ਼ ਤੋਂ ਜਾਨਾਂ ਕੁਰਬਾਨ ਕਰਨ ਵਾਲਿਆਂ ਬਾਰੇ ਉਨ੍ਹਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।ਇਸ ਮੌਕੇ ਕਲੱਬ ਦੇ ਸਾਬਕਾ ਪ੍ਰਧਾਨ ਮਨਮੋਹਨ ਸਿੰਘ, ਸਾਬਕਾ ਪ੍ਰਧਾਨ ਫੂਡ ਸਪਲਾਈ ਵਿਭਾਗ ਦੇ ਇੰਸਪੈਕਟਰ ਡਾ. ਗਗਨਦੀਪ ਸਿੰਘ, ਅਮਨ ਸ਼ਰਮਾ, ਹਰਦੇਸ਼ ਦਵੇਸਰ, ਜਤਿੰਦਰ ਸਿੰਘ ਪੱਪੂ ਸਮੇਤ ਰੋਟਰੀ ਕਲੱਬ ਆਸਥਾ ਦੇ ਹੋਰ ਮੈਂਬਰ ਵੀ ਮੌਜੂਦ ਸਨ।

ਖਾਲਸਾ ਕਾਲਜ ਵਿਖੇ ਖੇਤੀਬਾੜੀ ਕਾਰੋਬਾਰ ਤੇ ਉੱਦਮਤਾ ਸਬੰਧੀ ਵਿਸ਼ੇਸ਼ ਭਾਸ਼ਣ ਕਰਵਾਇਆ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਖਾਲਸਾ ਕਾਲਜ ਵਿਖੇ ਖੇਤੀਬਾੜੀ ਕਾਰੋਬਾਰ ਅਤੇ ਮਾਰਕੀਟਿੰਗ ਪ੍ਰਬੰਧਨ ਵਿਸ਼ੇ 'ਤੇ ਭਾਸ਼ਣ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਨਿਰਦੇਸ਼ਾਂ 'ਤੇ ਦੇ ਖੇਤੀਬਾੜੀ ਵਿਭਾਗ ਵੱਲੋਂ ਕਰਵਾਏ ਗਏ ਪ੍ਰੋਗਰਾਮ ਮੌਕੇ ਸਕੂਲ ਆਫ਼ ਬਿਜ਼ਨੈੱਸ ਸਟੱਡੀਜ਼ ਅਤੇ ਪ੍ਰਿੰਸੀਪਲ ਇਨਵੈਸਟੀਗੇਟਰ, ਐੱਨਆਈਡੀਐੱਚਆਈ-ਟੀਬੀਆਈ ਡਾਇਰੈਕਟਰ ਡਾ. ਰਮਨਦੀਪ ਸਿੰਘ ਨੇ ਮੁੱਖ ਬੁਲਾਰੇ ਵਜੋਂ ਆਪਣੀ ਟੀਮ ਸਮੇਤ ਸ਼ਿਰਕਤ ਕੀਤੀ। ਇਸ ਮੌਕੇ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਪ੍ਰਿੰ: ਡਾ. ਰੰਧਾਵਾ ਨੇ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਦੀ ਲੋੜ ਅਨੁਸਾਰ ਵਿਦਿਆਰਥੀਆਂ ਨੂੰ ਅਜਿਹੇ ਗਿਆਨ ਭਰਪੂਰ ਅਤੇ ਵਿਹਾਰਕ ਜਾਣਕਾਰੀ ਪ੍ਰਦਾਨ ਕਰਨ ਵਾਲੇ ਸੈਸ਼ਨਾਂ ਨਾਲ ਜੋੜਨਾ ਬਹੁਤ ਜ਼ਰੂਰੀ ਹੈ। ਇਸ ਮੌਕੇ ਡਾ. ਰਮਨਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਰਵਾਇਤੀ ਖੇਤੀਬਾੜੀ ਤਰੀਕਿਆਂ ਤੋਂ ਅੱਗੇ ਵੱਧ ਕੇ ਖੇਤੀਬਾੜੀ ਦੇ ਖੇਤਰ 'ਚ ਉੱਦਮਤਾ, ਨਵੀਨਤਾ ਅਤੇ ਮੁੱਲ ਵਾਧੇ ਦੀਆਂ ਸੰਭਾਵਨਾਵਾਂ ਨੂੰ ਆਪਣੇ ਕਿੱਤੇ ਵਜੋਂ ਅਪਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸਫ਼ਲ ਖੇਤੀਬਾੜੀ ਕਾਰੋਬਾਰ ਸਥਾਪਿਤ ਕਰਨ ਲਈ ਖਪਤਕਾਰਾਂ ਦੀਆਂ ਲੋੜਾਂ ਨੂੰ ਸਮਝਣਾ, ਬਾਜ਼ਾਰ 'ਚ ਮੌਜੂਦ ਕਮੀਆਂ ਅਤੇ ਸੰਭਾਵਨਾਵਾਂ ਦੀ ਪਛਾਣ ਕਰਨਾ, ਨਵੇਂ ਖੇਤੀਬਾੜੀ ਉਤਪਾਦ ਵਿਕਸਿਤ ਕਰਨਾ ਅਤੇ ਪ੍ਰਭਾਵਸ਼ਾਲੀ ਮਾਰਕੀਟਿੰਗ ਰਣਨੀਤੀਆਂ ਅਪਣਾਉਣਾ ਬਹੁਤ ਜ਼ਰੂਰੀ ਹੈ। ਇਸ ਮੌਕੇ ਐੱਨਆਈਡੀਐੱਚਆਈ-ਟੀਬੀਆਈ ਬਿਜ਼ਨੈੱਸ ਮੈਨੇਜਰ ਸ੍ਰੀ ਸਮੀਰ ਗੌਤਮ ਨੇ ਇਨਕਿਊਬੇਸ਼ਨ ਸੈਂਟਰ ਵਿਖੇ ਨਵੇਂ ਉੱਦਮੀਆਂ ਨੂੰ ਮੁਹੱਈਆ ਕਰਵਾਈਆਂ ਜਾਂਦੀਆਂ ਸਹੂਲਤਾਂ ਅਤੇ ਤਕਨੀਕੀ ਸਹਾਇਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਤੋਂ ਪਹਿਲਾਂ ਵਿਭਾਗ ਮੁਖੀ ਡਾ. ਗੁਰਬਖ਼ਸ਼ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਇਸ ਸੈਸ਼ਨ ਰਾਹੀਂ ਵਿਦਿਆਰਥੀਆਂ ਨੂੰ ਖੇਤੀਬਾੜੀ ਕਾਰੋਬਾਰ ਦੇ ਪ੍ਰਬੰਧਨ, ਉੱਦਮਤਾ, ਉਤਪਾਦ ਵਿਕਾਸ ਅਤੇ ਮਾਰਕੀਟਿੰਗ ਦੇ ਵਿਹਾਰਕ ਪਹਿਲੂਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਡਾ. ਲਵਲੀਨ ਕੌਰ, ਡਾ. ਕੰਵਲਜੀਤ ਸਿੰਘ, ਡਾ. ਅਮਰਜੀਤ ਕੌਰ, ਡਾ. ਨਵਜੋਤ ਸਿੰਘ ਅਤੇ ਡਾ. ਗੁਰਬੀਰ ਸਿੰਘ ਆਦਿ ਹਾਜ਼ਰ ਸਨ।

ਸਫ਼ਾਈ ਮੁਹਿੰਮ ਤਹਿਤ ਵਿਦਿਆਰਥੀਆਂ ਵੱਲੋਂ ਨੁੱਕੜ ਨਾਟਕ ਪੇਸ਼ ਕੀਤਾ ਗਿਆ



ਤਰਨ ਤਾਰਨ (ਪ੍ਰਿਤਪਾਲ ਸਿੰਘ)- ਸੰਤ ਬਾਬਾ ਜਗਤਾਰ ਸਿੰਘ ਜੀ ਅਤੇ ਬਾਬਾ ਮਹਿੰਦਰ ਸਿੰਘ ਜੀ ਕਾਰ ਸੇਵਾ ਤਰਨ ਤਾਰਨ ਵੱਲੋਂ ਚਲਾਈ ਜਾ ਰਹੀ ਗੁਰੂ ਨਾਨਕ ਦੇਵ ਅਕੈਡਮੀ, ਝਬਾਲ ਰੋਡ, ਨੂਰਦੀ, ਤਰਨ ਤਾਰਨ ਵਿਖੇ ਸਫ਼ਾਈ ਅਭਿਆਨ ਤਹਿਤ ਸਵੇਰ ਦੀ ਸਭਾ ਦੌਰਾਨ ਵਿਦਿਆਰਥੀਆਂ ਵੱਲੋਂ ਇੱਕ ਪ੍ਰਭਾਵਸ਼ਾਲੀ ਨੁੱਕੜ ਨਾਟਕ ਪੇਸ਼ ਕੀਤਾ ਗਿਆ।ਇਸ ਨਾਟਕ ਰਾਹੀਂ ਵਿਦਿਆਰਥੀਆਂ ਨੇ ਸਫ਼ਾਈ ਦੀ ਮਹੱਤਤਾ ਨੂੰ ਦਰਸਾਉਂਦਿਆਂ ਸਮਾਜ ਨੂੰ ਸਾਫ਼-ਸੁਥਰਾ ਰੱਖਣ ਦਾ ਸੰਦੇਸ਼ ਦਿੱਤਾ।ਉਨ੍ਹਾਂ ਨੇ ਆਪਣੇ ਸਾਥੀਆਂ ਅਤੇ ਸਮੂਹ ਵਿਦਿਆਰਥੀਆਂ ਨੂੰ ਆਪਣੇ ਆਲੇ-ਦੁਆਲੇ ਦੀ ਸਫ਼ਾਈ ਰੱਖਣ, ਕੂੜਾ ਇੱਧਰ-ਉੱਧਰ ਨਾ ਸੁੱਟਣ ਅਤੇ ਸਫ਼ਾਈ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਜਸਪਾਲ ਕੌਰ ਸਿੱਧੂ ਨੇ ਵਿਦਿਆਰਥੀਆਂ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਸਾਫ਼-ਸੁਥਰਾ ਵਾਤਾਵਰਣ ਸਿਹਤਮੰਦ ਸਮਾਜ ਦੀ ਨੀਂਹ ਹੈ।ਸਾਨੂੰ ਸਾਰਿਆਂ ਨੂੰ ਸਫ਼ਾਈ ਪ੍ਰਤੀ ਆਪਣੀ ਜ਼ਿੰਮੇਵਾਰੀ ਸਮਝਦਿਆਂ ਇਸ ਮੁਹਿੰਮ ਵਿੱਚ ਵੱਧ-ਚੜ੍ਹ ਕੇ ਯੋਗਦਾਨ ਪਾਉਣਾ ਚਾਹੀਦਾ ਹੈ।ਸਫ਼ਾਈ ਸਿਰਫ਼ ਇੱਕ ਮੁਹਿੰਮ ਨਹੀਂ, ਸਗੋਂ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ।

253 ਅਧਿਆਪਕਾਂ ਦਾ ਰੁਜ਼ਗਾਰ ਖੁੱਸਣ 'ਤੇ ਸਿੱਖਿਆ ਮੰਤਰੀ ਵਿਰੁੱਧ ਰੋਸ ਪ੍ਰਦਰਸ਼ਨ

ਬਟਾਲਾ (ਤਰਲੋਕ ਬੱਗਾ)- ਸਮੂਹ ਅਧਿਆਪਕ ਜਥੇਬੰਦੀਆਂ ਪੰਜਾਬ ਦੇ ਸੱਦੇ ਤੇ ਅਧਿਆਪਕਾਂ ਵੱਲੋਂ ਸ਼ਹੀਦ ਸੁੱਖਾ ਸਿੰਘ ਤੇ ਮਹਿਤਾਬ ਸਿੰਘ ਪਾਰਕ ਬਟਾਲਾ ਵਿੱਚ ਇਕੱਠ ਕਰਕੇ 253 ਅਧਿਆਪਕਾਂ ਦੀਆਂ ਸਿੱਖਿਆ ਵਿਭਾਗ ਵੱਲੋਂ ਸੇਵਾਵਾਂ ਖ਼ਤਮ ਕਰਨ ਦੇ ਵਿਰੁੱਧ ਰੋਸ ਵਜੋਂ ਸਿੱਖਿਆ ਮੰਤਰੀ ਦਾ ਪੁਤਲਾ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ। ਇਸ ਮੌਕੇ ਤੇ



ਬੋਲਦਿਆਂ ਅਧਿਆਪਕ ਆਗੂਆਂ ਸੋਮ ਸਿੰਘ, ਰਵਿੰਦਰਜੀਤ ਸਿੰਘ ਪੰਨੂ, ਤਜਿੰਦਰ ਸਿੰਘ ਸ਼ਾਹ, ਦਿਲਬਾਗ ਸਿੰਘ ਪੱਡਾ ਗੁਰਪ੍ਰੀਤ ਸਿੰਘ ਰੰਗੀਲਪੁਰ, ਰਸ਼ਪਾਲ ਸਿੰਘ ਨੇ ਦੱਸਿਆ ਕਿ ਇਹ 253 ਅਧਿਆਪਕ ਪਿਛਲੇ 3 ਸਾਲਾਂ ਤੋਂ ਸਕੂਲਾਂ ਵਿੱਚ ਸੇਵਾਵਾਂ ਨਿਭਾਅ ਰਹੇ ਸਨ।ਇਨ੍ਹਾਂ ਦੀ ਚੋਣ ਉਚ ਅਧਿਕਾਰੀਆਂ ਵੱਲੋਂ ਮੈਰਿਟ ਦੇ ਆਧਾਰ ਤੇ ਕੀਤੀ ਗਈ ਸੀ।ਆਗੂਆਂ ਨੇ ਕਿਹਾ ਕਿ ਵੱਖ ਵੱਖ ਭਰਤੀਆਂ ਵਿੱਚ ਸੰਵਿਧਾਨ ਦੇ ਵਿਰੁੱਧ ਜਾ ਕੇ ਰੀਕਾਸਟ ਸੂਚੀਆਂ ਕੱਢੀਆਂ ਜਾ ਰਹੀਆਂ ਹਨ।ਇਨਾਂ ਰੀਕਾਸਟ ਸੂਚੀਆਂ ਨੂੰ ਤੁਰੰਤ ਰੱਦ ਕੀਤੀਆਂ ਜਾਣ।ਆਗੂਆਂ ਨੇ ਪੁਰਾਣੀ ਪੈਨਸ਼ਨ ਬਹਾਲ ਕਰਨ, ਮਹਿੰਗਾਈ ਭੱਤਾ, ਏ ਸੀ ਪੀ, 17/7/20 ਅਤੇ 15/1/15 ਦਾ ਪੱਤਰ ਵਾਪਸ ਲੈਣ ਦੀ ਮੰਗ ਕੀਤੀ ਅਤੇ 17 ਨਵੰਬਰ ਨੂੰ ਚੰਡੀਗੜ੍ਹ ਪੱਕੇ ਮੋਰਚੇ ਵਿਚ ਹਿੱਸਾ ਲੈਣ ਦਾ ਫੈਸਲਾ ਕੀਤਾ ਆਗੂਆਂ ਨੇ 253 ਅਧਿਆਪਕਾਂ ਦਾ ਨੌਕਰੀ ਖੋਹਣ ਤੇ ਪੰਜਾਬ ਸਰਕਾਰ ਦੀ ਪੁਰਜ਼ੋਰ ਸ਼ਬਦਾਂ 'ਚ ਨਿਖੇਧੀ ਕੀਤੀ ਅਤੇ ਮੰਗ ਕੀਤੀ ਕਿ ਇਹਨਾਂ ਅਧਿਆਪਕਾਂ ਨੂੰ ਬਹਾਲ ਕੀਤਾ ਜਾਵੇ ਜਥੇਬੰਦੀਆਂ ਵੱਲੋਂ ਭਵਿੱਖ ਵਿੱਚ ਤਿੱਖਾ ਸੰਘਰਸ਼ ਕੀਤਾ ਜਾਵੇਗਾ ਇਸ ਮੌਕੇ ਤੇ ਪਵਨ ਕੁਮਾਰ, ਹਰਜੀਤ ਸਿੰਘ, ਵੱਸਣ ਸਿੰਘ, ਸਤਬੀਰ ਸਿੰਘ, ਸਰਬਜੀਤ ਸਿੰਘ, ਅਜਮੇਰ ਸਿੰਘ, ਪ੍ਰਭਜੋਤ ਸਿੰਘ, ਹਰਸਿਮਰਨ ਸਿੰਘ, ਹਰਜੀਤ ਸਿੰਘ, ਸਤਨਾਮ ਸਿੰਘ, ਪ੍ਰਦੀਪ ਕੁਮਾਰ, ਅਜੇ ਕੁਮਾਰ, ਪ੍ਰਵੀਨ ਕੁਮਾਰ, ਸੁਖਜੀਤ ਸਿੰਘ, ਪਰਮਿੰਦਰ ਸਿੰਘ, ਕੀਮਤੀ ਲਾਲ, ਪਰਮਜੀਤ ਸਿੰਘ, ਰਜਨੀਸ਼ ਕੁਮਾਰ, ਅਜੇ ਕੁਮਾਰ, ਜੋਗਿੰਦਰਪਾਲ ਆਦਿ ਹਾਜ਼ਰ ਸਨ।

ਕਰਮਜੀਤ ਸਿੰਘ ਰਿੰਟੂ ਵੱਲੋਂ ਨਿਰੰਕਾਰੀ ਕਲੋਨੀ 'ਚ ਨਵੀਆਂ ਬਣੀਆਂ ਸੜਕਾਂ ਦਾ ਉਦਘਾਟਨ

ਅੰਮ੍ਰਿਤਸਰ, (ਜਗਦੀਸ਼ ਕਮਲੇਸ਼)- ਇੰਪਰੂਵਮੈਂਟ ਟਰੱਸਟ ਅੰਮ੍ਰਿਤਸਰ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਉੱਤਰੀ ਵਿਧਾਨ ਸਭਾ ਹਲਕਾ ਇੰਚਾਰਜ ਕਰਮਜੀਤ ਸਿੰਘ ਰਿੰਟੂ ਨੇ ਨਿਰੰਕਾਰੀ ਕਲੋਨੀ, ਫਤਿਹਗੜ੍ਹ ਚੂੜੀਆਂ



ਰੋਡ 'ਤੇ ਨਵੀਆਂ ਬਣੀਆਂ ਸੜਕਾਂ ਦਾ ਉਦਘਾਟਨ ਕੀਤਾ।ਰਿੰਟੂ ਨੇ ਕਿਹਾ ਕਿ ਇਸ ਨਾਲ ਵਸਨੀਕਾਂ ਅਤੇ ਪੈਦਲ ਚੱਲਣ ਵਾਲਿਆਂ ਨੂੰ ਟੋਇਆਂ ਅਤੇ ਧੂੜ ਤੋਂ ਰਾਹਤ ਮਿਲੇਗੀ।ਉਨ੍ਹਾਂ ਕਿਹਾ ਕਿ ਸਾਡਾ ਮੁੱਖ ਉਦੇਸ਼ ਉੱਤਰੀ ਵਿਧਾਨ ਸਭਾ ਹਲਕੇ ਦੇ ਹਰ ਖੇਤਰ ਦਾ ਵਿਕਾਸ ਕਰਨਾ ਅਤੇ ਲੋਕਾਂ ਦੀ ਸੇਵਾ ਕਰਨਾ ਹੈ।ਉਨ੍ਹਾਂ ਅੱਗੇ ਕਿਹਾ ਕਿ ਉੱਤਰੀ ਵਿਧਾਨ ਸਭਾ ਹਲਕੇ ਵਿੱਚ ਪ੍ਰੀਮਿਕਸ ਸੜਕਾਂ ਬਣਾਉਣ ਦਾ ਕੰਮ ਜਾਰੀ ਹੈ।ਕਰਮਜੀਤ ਸਿੰਘ ਰਿੰਟੂ ਨੇ ਕਿਹਾ ਕਿ ਇਲਾਕੇ ਦੀਆਂ ਬਹੁਤ ਸਾਰੀਆਂ ਸੜਕਾਂ ਲੰਬੇ ਸਮੇਂ ਤੋਂ ਮਾੜੀ ਹਾਲਤ ਵਿੱਚ ਸਨ, ਜਿਸ ਕਾਰਨ ਸਥਾਨਕ ਵਸਨੀਕਾਂ ਅਤੇ ਯਾਤਰੀਆਂ ਨੂੰ ਕਾਫ਼ੀ ਅਸੁਵਿਧਾ ਹੋ ਰਹੀ ਸੀ। ਉਨ੍ਹਾਂ ਕਿਹਾ ਕਿ ਪ੍ਰੀਮਿਕਸ ਸੜਕਾਂ ਦੇ ਨਿਰਮਾਣ ਨਾਲ ਨਾ ਸਿਰਫ਼ ਲੋਕਾਂ ਦੀ ਆਵਾਜਾਈ ਦੀ ਸਹੂਲਤ ਹੋਵੇਗੀ ਸਗੋਂ ਇਲਾਕੇ ਦੇ ਬੁਨਿਆਦੀ ਢਾਂਚੇ ਅਤੇ ਸਮੁੱਚੀ ਦਿੱਖ ਵਿੱਚ ਵੀ ਸੁਧਾਰ ਹੋਵੇਗਾ।ਰਿੰਟੂ ਨੇ ਕਿਹਾ ਕਿ ਵਿਕਾਸ ਪ੍ਰੋਜੈਕਟਾਂ ਦੀ ਗੁਣਵੱਤਾ ਅਤੇ ਉਨ੍ਹਾਂ ਨੂੰ ਸਮੇਂ ਸਿਰ ਪੂਰਾ ਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ, ਤਾਂ ਜੋ ਲੋਕ ਇਨ੍ਹਾਂ ਪ੍ਰੋਜੈਕਟਾਂ ਤੋਂ ਸੱਚਮੁੱਚ ਲਾਭ ਉਠਾ ਸਕਣ।ਉਨ੍ਹਾਂ ਕਿਹਾ ਕਿ ਹਲਕੇ ਦੇ ਵੱਖ-ਵੱਖ ਖੇਤਰਾਂ ਦੇ ਵਸਨੀਕਾਂ ਨਾਲ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਵਿਕਾਸ ਦੀਆਂ ਜ਼ਰੂਰਤਾਂ ਨੂੰ ਸਮਝਣ ਲਈ ਸਿੱਧੀ ਗੱਲਬਾਤ ਕੀਤੀ ਜਾ ਰਹੀ ਹੈ। ਜਿੱਥੇ ਵੀ ਸੜਕਾਂ, ਗਲੀਆਂ ਜਾਂ ਹੋਰ ਬੁਨਿਆਦੀ ਢਾਂਚੇ ਦੀ ਲੋੜ ਹੈ, ਉੱਥੇ ਪਹਿਲ ਦੇ ਆਧਾਰ ਤੇ ਕੰਮ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਕੋਸ਼ਿਸ਼ ਹੈ ਕਿ ਅੰਮ੍ਰਿਤਸਰ ਉੱਤਰੀ ਵਿੱਚ ਕੋਈ ਵੀ ਮਹੱਤਵਪੂਰਨ ਵਿਕਾਸ ਪ੍ਰੋਜੈਕਟ ਅਧੂਰਾ ਨਾ ਰਹੇ ਅਤੇ ਹਰ ਖੇਤਰ ਨੂੰ ਜ਼ਰੂਰੀ ਸਹੂਲਤਾਂ ਉਪਲਬਧ ਹੋਣ।ਕਰਮਜੀਤ ਸਿੰਘ ਰਿੰਟੂ ਨੇ ਵਸਨੀਕਾਂ ਦੇ ਪਿਆਰ, ਵਿਸ਼ਵਾਸ ਅਤੇ ਸਮਰਥਨ ਲਈ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਉਨ੍ਹਾਂ ਦੀਆਂ ਉਮੀਦਾਂ 'ਤੇ ਖਰਾ ਉਤਰਨਾ ਉਨ੍ਹਾਂ ਦੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਉਹ ਅੰਮ੍ਰਿਤਸਰ ਉੱਤਰੀ ਦੇ ਵਿਕਾਸ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਮੇਸ਼ਾ ਉਨ੍ਹਾਂ ਦੇ ਨਾਲ ਖੜ੍ਹੇ ਰਹਿਣਗੇ, ਅਤੇ ਵਿਕਾਸ ਕਾਰਜਾਂ ਦੀ ਗਤੀ ਬਣਾਈ ਰੱਖੀ ਜਾਵੇਗੀ।ਇਸ ਮੌਕੇ ਜਸਬੀਰ ਸਿੰਘ ਗਿੱਲ, ਸੁਮਨ ਗਰੋਵਰ, ਦੀਪਕ ਕੁਮਾਰ, ਵਿਜੇ ਕੁਮਾਰ, ਦੀਕਸ਼ਿਤ ਅਰੋੜਾ, ਜੋਗਿੰਦਰ ਵਾਲੀਆ, ਵਿਨੋਦ ਕੁਮਾਰ ਸ਼ਰਮਾ, ਸਤਵੰਤ ਸਿੰਘ, ਅਰੁਣ ਕੁਮਾਰ, ਹਰਚਰਨ ਸਿੰਘ ਸਮੇਤ ਇਲਾਕੇ ਦੇ ਹੋਰ ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਨਿਵਾਸੀ ਮੌਜੂਦ ਸਨ।

ਹਰਸਿਮਰਨ ਸਿੰਘ ਵਾਲੀਆ ਵੱਲੋਂ ਹਾਈਕਮਾਂਡ ਦਾ ਧੰਨਵਾਦ

ਬਟਾਲਾ, (ਤਰਲੋਕ ਬੱਗਾ)- ਭਾਰਤੀ ਜਨਤਾ ਪਾਰਟੀ ਵੱਲੋਂ ਅੰਬਿਕਾ ਖੰਨਾ ਨੂੰ ਦੂਜੀ ਵਾਰ ਪੰਜਾਬ ਮਹਿਲਾ ਮੋਰਚਾ ਦੀ ਜਨਰਲ ਸਕੱਤਰ ਦੀ ਜ਼ਿੰਮੇਵਾਰੀ ਸੌਂਪਣ ਅਤੇ ਪਾਰਸ ਬਾਂਬਾ ਨੂੰ ਪੰਜਾਬ ਭਾਜਪਾ ਯੁਵਾ ਮੋਰਚਾ ਦਾ ਬੁਲਾਰਾ ਨਿਯੁਕਤ ਕੀਤੇ ਜਾਣ 'ਤੇ ਭਾਜਪਾ ਜ਼ਿਲ੍ਹਾ ਬਟਾਲਾ ਦੇ ਪ੍ਰਧਾਨ ਹਰਸਿਮਰਨ ਸਿੰਘ ਵਾਲੀਆ ਨੇ ਪਾਰਟੀ ਦਾ ਧੰਨਵਾਦ ਕੀਤਾ।



ਇਸ ਮੌਕੇ ਹਰਸਿਮਰਨ ਸਿੰਘ ਵਾਲੀਆ ਨੇ ਕਿਹਾ ਕਿ ਪਾਰਟੀ ਵੱਲੋਂ ਮਿਹਨਤੀ ਅਤੇ ਸਮਰਪਿਤ ਵਰਕਰਾਂ ਨੂੰ ਅਹਿਮ ਜ਼ਿੰਮੇਵਾਰੀਆਂ ਸੌਂਪਣਾ ਉਨ੍ਹਾਂ ਦੀ ਕਾਰਗੁਜ਼ਾਰੀ ਅਤੇ ਪਾਰਟੀ ਪ੍ਰਤੀ ਸਮਰਪਣ ਦਾ ਸਨਮਾਨ ਹੈ।

ਅੰਬਿਕਾ ਖੰਨਾ ਨੂੰ ਦੂਜੀ ਵਾਰ ਪੰਜਾਬ ਮਹਿਲਾ ਮੋਰਚਾ ਦੀ ਜਨਰਲ ਸਕੱਤਰ ਬਣਾਇਆ ਜਾਣਾ ਪਾਰਟੀ ਵੱਲੋਂ ਉਨ੍ਹਾਂ 'ਤੇ ਪ੍ਰਗਟਾਏ ਗਏ ਭਰੋਸੇ ਨੂੰ ਦਰਸਾਉਂਦਾ ਹੈ।ਇਸੇ ਤਰ੍ਹਾਂ ਪਾਰਸ ਬਾਂਬਾ ਨੂੰ ਪੰਜਾਬ ਯੁਵਾ ਮੋਰਚਾ ਦਾ ਬੁਲਾਰਾ ਬਣਾਏ ਜਾਣ ਨਾਲ ਨੌਜਵਾਨ ਵਰਗ ਵਿੱਚ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਹੋਰ ਮਜ਼ਬੂਤੀ ਨਾਲ ਪਹੁੰਚਾਉਣ ਵਿੱਚ ਮਦਦ ਮਿਲੇਗੀ।

ਪੰਜਾਬ ਨੈਸ਼ਨਲ ਬੈਂਕ ਦੇ ਅਧਿਕਾਰੀਆਂ ਨੇ ਗਾਹਕਾਂ ਨੂੰ ਸਾਈਬਰ ਕ੍ਰਾਈਮ ਸਬੰਧੀ ਕੀਤਾ ਜਾਗਰੂਕ



ਗੁਰਦਾਸਪੁਰ, (ਜਨਕ ਮਹਾਜਨ)- ਪੰਜਾਬ ਨੈਸ਼ਨਲ ਬੈਂਕ ਹਨੂਮਾਨ ਚੌਕ ਬਰਾਂਚ ਗੁਰਦਾਸਪੁਰ ਵੱਲੋਂ ਅਮਿਤ ਕੁਮਾਰ ਰਾਵਤ ਸਰਕਲ ਹੈੱਡ ਪਠਾਨਕੋਟ ਦੀ ਅਗਵਾਈ ਹੇਠ ਵਰਿੰਦਰ ਕੁਮਾਰ ਖਜੂਰੀਆ ਸੀਨੀਅਰ ਬਰਾਂਚ ਮੈਨੇਜਰ ਦੀ ਰਹਿਨੁਮਾਈ ਹੇਠ ਬੈਂਕ ਦੇ ਗਾਹਕਾਂ ਨੂੰ ਸਾਈਬਰ ਕ੍ਰਾਈਮ ਸਬੰਧੀ ਆਏ ਦਿਨ ਲੋਕਾਂ ਨਾਲ ਹੋ ਰਹੀਆਂ ਠੱਗੀਆਂ ਬਾਰੇ ਜਾਗਰੂਕ ਕਰਨ ਲਈ ਬੈਂਕ ਅੰਦਰ ਇਕ ਕੈਂਪ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਬੈਂਕ ਮੈਨੇਜਰ ਖਜੂਰੀਆ ਵੱਲੋਂ ਲੋਕਾਂ ਨਾਲ ਮੋਬਾਈਲਾਂ 'ਤੇ ਹੋ ਰਹੀਆਂ ਸਾਈਬਰ ਠੱਗੀਆਂ, ਫੇਕ ਲਿੰਕ, ਡਿਜੀਟਲ ਅਰੈਸਟ ਬਾਰੇ ਜਾਣਕਾਰੀ ਦਿੱਤੀ ਗਈ।ਉਨ੍ਹਾਂ ਲੋਕਾਂ ਨੂੰ ਦੱਸਿਆ ਕਿ ਅਜਿਹੇ ਮੈਸੇਜ ਆਉਣ 'ਤੇ ਘਬਰਾਉਣਾ ਨਹੀਂ ਚਾਹੀਦਾ ਬਲਕਿ ਇਸ ਸਬੰਧੀ ਬੈਂਕ ਨਾਲ ਤਾਲਮੇਲ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਅਜਿਹੇ ਮੈਸੇਜ ਆਉਣ 'ਤੇ ਆਪਣਾ ਓ. ਟੀ. ਪੀ. ਨੰਬਰ ਨਹੀਂ ਦੇਣਾ ਚਾਹੀਦਾ ਹੈ ਕਿਉਂਕਿ ਅੱਜ-ਕੱਲ੍ਹ ਲੋਕਾਂ ਨਾਲ ਕਾਫ਼ੀ ਜ਼ਿਆਦਾ ਠੱਗੀਆਂ ਹੋ ਰਹੀਆਂ ਹਨ ਅਤੇ ਫਰਾਡੀ ਲੋਕ ਗਾਹਕਾਂ ਦੇ ਖਾਤਿਆਂ ਵਿਚੋਂ ਉਨ੍ਹਾਂ ਦੇ ਪੈਸੇ ਕਢਵਾ ਲੈਂਦੇ ਹਨ, ਇਸ ਕਰਕੇ ਆਪਣੇ ਮੋਬਾਈਲਾਂ 'ਤੇ ਆ ਰਹੇ ਅਜਿਹੇ ਮੈਸੇਜਾਂ ਤੋਂ ਸਾਵਧਾਨ ਰਹਿਣਾ ਚਾਹੀਦਾ ਹੈ।ਇਸ ਮੌਕੇ ਬੈਂਕ ਅਧਿਕਾਰੀ ਦਵਿੰਦਰ ਕੁਮਾਰ, ਸੰਦੀਪ ਕੁਮਾਰ, ਅਮਿਤ ਕੁਮਾਰ ਅਤੇ ਕਰਨ ਸ਼ਰਮਾ ਆਦਿ ਹਾਜ਼ਰ ਸਨ।

ਸਰਪੰਚ ਵੱਲੋਂ ਮਨ੍ਹਾ ਕਰਨ ਦੇ ਬਾਵਜੂਦ ਰਸਤੇ 'ਚ ਹੰਪ ਬਣਾਇਆ, ਲੋਕ ਪ੍ਰੇਸ਼ਾਨ

ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਵਿਧਾਨ ਸਭਾ ਹਲਕਾ ਅਜਨਾਲਾ ਅਧੀਨ ਪੈਂਦੇ ਰਮਦਾਸ ਬਲਾਕ ਦੇ ਇਤਿਹਾਸਿਕ ਪਿੰਡ ਚੇਤਨਪੁਰਾ ਵਿਖੇ ਪਿੰਡ ਨੂੰ ਜਾਂਦੇ ਮੇਨ ਰਾਹ ਵਿੱਚ ਹੰਪ ਬਣਾ ਕੇ ਰਸਤਾ ਰੋਕਣ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਪ੍ਰਤੀ ਪਿੰਡ ਦੇ ਲੋਕਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ।ਮੌਕੇ ਤੋਂ ਇਕੱਤਰ ਕੀਤੀ ਗਈ ਜਾਣਕਾਰੀ ਅਨੁਸਾਰ ਸੂਬੇਦਾਰ ਬਲਵਿੰਦਰ ਸਿੰਘ ਪੁੱਤਰ ਚੰਨਣ ਸਿੰਘ ਵੱਲੋਂ ਆਪਣੇ ਨਵੇਂ ਬਣਾਏ ਘਰ ਦੇ ਸਾਹਮਣੇ ਜਿਸ ਦੀ ਕੁਰਸੀ ਉਸਨੇ ਜਾਣ ਬੁੱਝ ਕੇ ਉਚੀ ਰੱਖ ਲਈ ਹੈ, ਅਤੇ ਹੁਣ ਮੇਨ ਰਸਤੇ ਨੂੰ ਉਚਾ ਕਰਕੇ ਘਰ ਦੇ ਬਰਾਬਰ




ਕੀਤਾ ਜਾ ਰਿਹਾ ਹੈ।ਉਸ ਨੂੰ ਅਜਿਹਾ ਕਰਨ ਤੋਂ ਦਿਲਬਾਗ ਸਿੰਘ ਪੁੱਤਰ ਕੈਪਟਨ ਜਗਤਾਰ ਸਿੰਘ ਜੋ ਉਸਦੇ ਗੁਆਂਢੀ ਹਨ ਨੇ ਰੋਕਿਆ ਪਰ ਉਹ ਨਹੀਂ ਟਲਿਆ, ਜਿਸ ਤੇ ਉਹਨਾਂ ਵੱਲੋਂ ਪੰਚਾਇਤ ਦੇ ਧਿਆਨ ਵਿੱਚ ਲਿਆਂਦਾ ਗਿਆ।ਪਿੰਡ ਦੇ ਸਰਪੰਚ ਜਸਬੀਰ ਸਿੰਘ ਵੱਲੋਂ ਉਸ ਨੂੰ ਅਜਿਹਾ ਕਰਨ ਤੋਂ ਵਰਜਿਆ ਗਿਆ।ਉਸਨੇ ਉਸ ਸਮੇਂ ਤਾਂ ਕੰਮ ਬੰਦ ਕਰ ਦਿੱਤਾ, ਪਰ ਉਸ ਤੋਂ ਅਗਲੇ ਦਿਨ ਜਦ ਸਰਪੰਚ ਪਿੰਡੋਂ ਬਾਹਰ ਕਿਸੇ ਜ਼ਰੂਰੀ ਕੰਮ ਗਿਆ ਸੀ ਤਾਂ ਹੰਪ ਬਣਾਉਣ ਦਾ ਕੰਮ ਪਹਿਲਾਂ ਦੀ ਤਰ੍ਹਾਂ ਜਾਰੀ ਰੱਖਿਆ ਗਿਆ।ਦਿਲਬਾਗ ਸਿੰਘ ਵੱਲੋਂ ਦੁਬਾਰਾ ਰੋਕਣ ਤੇ ਵੀ ਜਦ ਉਹ ਨਾ ਰੁਕਿਆ ਤਾਂ ਦਿਲਬਾਗ ਸਿੰਘ ਨੇ 112 ਨੰਬਰ 'ਤੇ ਪੁਲਸ ਸਹਾਇਤਾ ਲਈ ਸ਼ਿਕਾਇਤ ਦਰਜ ਕਰਵਾਈ, ਪਰ ਪੁਲਸ ਦੇ ਆਉਣ ਤੱਕ ਹੰਪ ਬਣਾ ਦਿੱਤਾ ਗਿਆ ਸੀ।ਇਸ ਦੌਰਾਨ ਦੋਹਾਂ ਧਿਰਾਂ ਵਿੱਚ ਕਾਫੀ ਬੋਲ ਬੁਲਾਰਾ ਅਤੇ ਲੜਾਈ ਝਗੜਾ ਵੀ ਹੋਇਆ।ਜਦੋਂ ਸਰਪੰਚ ਜਸਬੀਰ ਸਿੰਘ ਰਾਜਾ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਦੱਸਿਆ ਕਿ ਮੇਰੇ ਵੱਲੋਂ ਬਲਵਿੰਦਰ ਸਿੰਘ ਨੂੰ ਅਜਿਹਾ ਕਰਨ ਤੋਂ ਰੋਕਿਆ ਸੀ ਅਤੇ ਉਹ ਉਨਾਂ ਦੇ ਕਹਿਣ 'ਤੇ ਨਹੀਂ ਰੁਕਿਆ, ਜਿਸ ਤੇ ਉਹ ਹੁਣ ਪੰਚਾਇਤ ਦਾ ਮਤਾ ਪਾ ਕੇ ਬੀਡੀਓ ਰਮਦਾਸ ਨੂੰ ਦੇਣਗੇ ਅਤੇ ਕਾਰਵਾਈ ਕਰਨ ਲਈ ਕਹਿਣਗੇ।

ਦੂਸਰੇ ਪਾਸੇ ਪਿੰਡ ਵਾਲਿਆਂ ਵਿੱਚ ਵੀ ਇਸ ਪ੍ਰਤੀ ਕਾਫੀ ਰੋਸ ਹੈ। ਕੈਪਟਨ ਜਗਤਾਰ ਸਿੰਘ ਤੇ ਉਨ੍ਹਾਂ ਦੇ ਪੁੱਤਰ ਦਿਲਬਾਗ ਸਿੰਘ ਅਤੇ ਪਿੰਡ ਦੇ ਹੋਰ ਮੋਹਤਬਰ ਵਿਅਕਤੀਆਂ ਦੀ ਬੀਡੀਓ ਰਮਦਾਸ ਅਤੇ ਹੋਰ ਉੱਚ ਅਧਿਕਾਰੀਆਂ ਨੂੰ ਅਪੀਲ ਹੈ ਕਿ ਇਸ ਸਬੰਧੀ ਢੁਕਵੀਂ ਕਾਰਵਾਈ ਕਰਕੇ ਰਸਤੇ ਵਿੱਚੋਂ ਰੁਕਾਵਟ ਨੂੰ ਦੂਰ ਕਰਵਾਇਆ ਜਾਵੇ, ਤਾਂ ਕਿ ਲੋਕਾਂ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ। ਬੀਡੀਓ ਰਮਦਾਸ ਸ੍ਰੀ ਮਲਕੀਅਤ ਸਿੰਘ ਨਾਲ ਸੰਪਰਕ ਕਰਨ ਤੇ ਉਨ੍ਹਾਂ ਕਿਹਾ ਕਿ ਸਰਪੰਚ ਮਤਾ ਪਾ ਕੇ ਦੇ ਦੇਣ ਤਾਂ ਉਹ ਅਗਲੇਰੀ ਢੁੱਕਵੀਂ ਕਾਰਵਾਈ ਕਰਨਗੇ।

ਪੂਰਵੀ ਮਹਿਤਾ ਵੱਲੋਂ ਵਿਜ਼ਡਮ ਗਲੋਬਲ ਚੈਲੇਂਜ-2026 'ਚ ਅੱਵਲ ਸਥਾਨ ਹਾਸਲ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ):- ਰਿਆਨ ਇੰਟਰਨੈਸ਼ਨਲ ਸਕੂਲ ਅੰਮ੍ਰਿਤਸਰ ਦੀ ਵਿਦਿਆਰਥਣ ਪੂਰਵੀ ਮਹਿਤਾ (ਜਮਾਤ ਛੇਵੀਂ) ਦੀ ਸ਼ਾਨਦਾਰ ਪ੍ਰਾਪਤੀ ਦਾ ਜਸ਼ਨ ਮਨਾਉਂਦਿਆਂ ਉਨਾਂ ਦੇ ਪਿਤਾ ਹੀਰਾ ਲਾਲ ਮਹਿਤਾ ਨੇ ਕਿਹਾ ਕਿ ਸਾਨੂੰ ਮਾਣ ਮਹਿਸੂਸ ਹੋ ਰਿਹਾ ਹੈ ਕਿ ਸਾਡੀ ਬੇਟੀ ਨੇ ਛੋਟੀ ਉਮਰ ਵਿੱਚ ਹੀ ਪੰਜਾਬ ਪੱਧਰ ਦੇ ਟੈਸਟ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ



ਹੈ।ਪੂਰਵੀ ਮਹਿਤਾ ਪੁੱਤਰੀ ਹੀਰਾ ਲਾਲ ਮਹਿਤਾ, ਨਾਨਕ ਬਰਤਨ ਵਾਲੇ ਜੰਡਿਆਲਾ ਗੁਰੂ ਨੇ ਵਿਜ਼ਡਮ ਗਲੋਬਲ ਚੈਲੇਂਜ 2026 ਵਿੱਚ ਸਟੇਟ-ਲੈਵਲ ਤੇ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਪ੍ਰਿੰਸੀਪਲ ਕੰਚਨ ਮਲਹੋਤਰਾ ਨੇ ਪੂਰਵੀ ਮਹਿਤਾ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਦਿਲੋਂ ਵਧਾਈ ਦਿੱਤੀ।ਉਨ੍ਹਾਂ ਨੇ ਉਨ੍ਹਾਂ ਦੀ ਲਗਨ ਅਤੇ ਉਤਸ਼ਾਹ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦੇ ਗਿਆਨ, ਸਮਰਪਣ ਅਤੇ ਉਤਮਤਾ ਪ੍ਰਤੀ ਵਚਨਬੱਧਤਾ ਰਾਹੀਂ ਲਗਾਤਾਰ ਚਮਕਦੇ ਰਹਿਣ ਦੀ ਕਾਮਨਾ ਕੀਤੀ।

ਟਾਟਾ ਸਾਲਟ ਹਿਮਾਲੀਅਨ ਰਾਕ ਸਾਲਟ 'ਚ ਕੁਦਰਤੀ ਖਣਿਜਾਂ ਦੇ ਅੰਸ਼ ਮੌਜੂਦ

ਗੁਰਦਾਸਪੁਰ: ਕੁਦਰਤੀ ਅਤੇ ਘੱਟ ਪ੍ਰੋਸੈੱਸ ਕੀਤੇ ਖਾਧ ਪਦਾਰਥਾਂ ਵੱਲ ਵਧ ਰਹੇ ਰੁਝਾਨ ਨੂੰ ਦੇਖਦਿਆਂ ਟਾਟਾ ਸਾਲਟ ਨੇ ਹਿਮਾਲੀਅਨ ਰਾਕ ਸਾਲਟ ਪੇਸ਼ ਕੀਤਾ ਹੈ।ਕੰਪਨੀ ਅਨੁਸਾਰ ਇਸ ਵਿੱਚ ਪੋਟਾਸ਼ੀਅਮ, ਕੈਲਸ਼ੀਅਮ ਅਤੇ ਮੈਗਨੀਸ਼ੀਅਮ ਵਰਗੇ ਕੁਦਰਤੀ ਖਣਿਜਾਂ ਦੇ ਅੰਸ਼ ਮੌਜੂਦ ਹਨ।ਖਣਿਜਾਂ ਕਾਰਨ ਇਸ ਦੇ ਰੰਗ ਵਿੱਚ ਫ਼ਰਕ ਹੋ ਸਕਦਾ ਹੈ ਅਤੇ ਇਸ ਵਿੱਚ ਸਿੰਥੈਟਿਕ ਰੰਗਾਂ ਦੀ ਵਰਤੋਂ ਨਹੀਂ ਕੀਤੀ ਜਾਂਦੀ।ਕੰਪਨੀ ਵੱਲੋਂ ਕਰਵਾਏ ਗਏ ਲੈਬਾਰਟਰੀ ਟੈਸਟਾਂ ਅਨੁਸਾਰ ਇਹ ਉਤਪਾਦ ਗੁਣਵੱਤਾ ਅਤੇ ਸੁਰੱਖਿਆ ਦੇ ਨਿਰਧਾਰਤ ਮਾਪਦੰਡਾਂ 'ਤੇ ਖਰਾ ਉਤਰਦਾ ਹੈ।ਇਸ ਦੀ ਵਰਤੋਂ ਖਾਣਾ ਪਕਾਉਣ ਅਤੇ ਪਕਵਾਨਾਂ ਉਪਰ ਛਿੜਕਣ ਲਈ ਕੀਤੀ ਜਾ ਸਕਦੀ ਹੈ।

ਐੱਸ ਪੀ ਜਗਦੀਸ਼ ਰਾਜ ਦੀ ਟੀਮ ਦਾ ਵਿਸ਼ੇਸ਼ ਸਨਮਾਨ

ਦੀਨਾਨਗਰ (ਬਰਵਿੰਦਰ ਸਿੰਘ ਬਿੱਲਾ)- ਮਾਂ ਚਿੰਤਪੁਰਨੀ ਵੈੱਲਫੇਅਰ ਸੋਸਾਇਟੀ, ਕਿਸ਼ਨਪੁਰ ਵੱਲੋਂ ਕਰਵਾਏ ਗਏ ਵਿਸ਼ਾਲ ਭਗਵਤੀ ਜਾਗਰਨ ਵਿੱਚ ਐੱਸ. ਪੀ. ਜਗਦੀਸ਼ ਰਾਜ ਨੂੰ ਮੁੱਖ ਮਹਿਮਾਨ ਵਜੋਂ ਸੱਦਾ ਦਿੱਤਾ ਗਿਆ ਸੀ। ਕੁਝ ਜ਼ਰੂਰੀ ਰੁਝੇਵਿਆਂ ਕਾਰਨ ਐੱਸ. ਪੀ. ਜਗਦੀਸ਼ ਰਾਜ ਖੁਦ ਇਸ ਸਮਾਗਮ ਵਿੱਚ ਪਹੁੰਚਣ ਤੋਂ ਅਸਮਰੱਥ ਰਹੇ ਪਰ ਉਨ੍ਹਾਂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਉਨ੍ਹਾਂ ਦੀ ਟੀਮ ਵੱਲੋਂ ਸਮਾਗਮ ਵਿੱਚ ਪਹੁੰਚ ਕੇ ਹਾਜ਼ਰੀ ਲਗਵਾਈ ਗਈ। ਇਸ ਮੌਕੇ ਜਾਗਰਨ ਦੀ ਸਮੁੱਚੀ



ਪ੍ਰਬੰਧਕ ਕਮੇਟੀ ਵੱਲੋਂ ਐੱਸ. ਪੀ. ਜਗਦੀਸ਼ ਰਾਜ ਦੀ ਟੀਮ ਦਾ ਬਹੁਤ ਹੀ ਪਿਆਰ ਅਤੇ ਸਤਿਕਾਰ ਨਾਲ ਮਾਨ-ਸਨਮਾਨ ਕੀਤਾ ਗਿਆ।ਟੀਮ ਵੱਲੋਂ ਮਾਣ-ਸਨਮਾਨ ਲਈ ਜਾਗਰਨ ਦੀ ਸਮੁੱਚੀ ਪ੍ਰਬੰਧਕ ਕਮੇਟੀ ਅਤੇ ਸਾਰੇ ਮੈਂਬਰਾਂ ਦਾ ਦਿਲੋਂ ਧੰਨਵਾਦ ਕੀਤਾ ਗਿਆ ਅਤੇ ਉਨ੍ਹਾਂ ਇਸ ਵਿਸ਼ਾਲ ਧਾਰਮਿਕ ਸਮਾਗਮ ਦੀ ਸਫ਼ਲਤਾ ਲਈ ਬਹੁਤ-ਬਹੁਤ ਵਧਾਈ ਦਿੱਤੀ।

ਅਜਨਾਲਾ 'ਚ ਬਲਾਕ ਪੱਧਰੀ ਦੋ ਰੋਜ਼ਾ ਵਾਲੀਬਾਲ ਟੂਰਨਾਮੈਂਟ ਸਮਾਪਤ

ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਦੇ ਭਰਾ ਅਤੇ ਸੀਨੀਅਰ ਕਾਂਗਰਸੀ ਆਗੂ ਸੁਖਜਿੰਦਰ ਸਿੰਘ ਸੁਖ ਔਜਲਾ ਦੀ ਅਗਵਾਈ ਹੇਠ ਅਜਨਾਲਾ ਵਿੱਚ ਵਾਲੀਬਾਲ ਐਸੋਸੀਏਸ਼ਨ ਆਫ਼ ਅੰਮ੍ਰਿਤਸਰ ਦੇ ਸਹਿਯੋਗ ਨਾਲ ਬਲਾਕ ਪੱਧਰੀ ਦੋ ਰੋਜ਼ਾ ਵਾਲੀਬਾਲ ਟੂਰਨਾਮੈਂਟ ਕਰਵਾਇਆ ਗਿਆ।ਇਸ ਟੂਰਨਾਮੈਂਟ ਵਿੱਚ ਅਜਨਾਲਾ ਬਲਾਕ ਦੇ ਵੱਖ-ਵੱਖ ਪਿੰਡਾਂ ਦੀਆਂ ਕਰੀਬ 30 ਟੀਮਾਂ ਦੇ ਖਿਡਾਰੀਆਂ ਨੇ ਹਿੱਸਾ ਲੈ ਕੇ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਪੰਜਾਬ ਵਾਲੀਬਾਲ ਐਸੋਸੀਏਸ਼ਨ ਦੇ ਮੀਤ ਪ੍ਰਧਾਨ ਸੁੱਖ ਔਜਲਾ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਟੂਰਨਾਮੈਂਟ ਦਾ ਮੁੱਖ ਮਕਸਦ ਪਿੰਡਾਂ ਵਿੱਚ ਲੁਕੀ ਹੋਈ ਖੇਡ ਪ੍ਰਤਿਭਾ ਦੀ ਪਛਾਣ ਕਰਕੇ ਖਿਡਾਰੀਆਂ ਨੂੰ ਅੱਗੇ ਵਧਣ ਦਾ ਮੌਕਾ ਦੇਣਾ ਹੈ।ਅਜਨਾਲਾ, ਅੰਮ੍ਰਿਤਸਰ ਅਤੇ ਪੰਜਾਬ ਦੀ ਧਰਤੀ 'ਤੇ ਪ੍ਰਤਿਭਾਸ਼ਾਲੀ ਖਿਡਾਰੀਆਂ ਦੀ ਕੋਈ ਕਮੀ ਨਹੀਂ ਹੈ ਜਦ ਕਿ ਲੋੜ ਹੈ ਕਿ ਇਨ੍ਹਾਂ ਖਿਡਾਰੀਆਂ ਨੂੰ ਬਿਨਾਂ ਕਿਸੇ ਭੇਦਭਾਵ ਅਤੇ ਪੱਖਪਾਤ ਦੇ ਉਚਿਤ ਮੰਚ ਮੁਹੱਈਆ ਕਰਵਾਇਆ ਜਾਵੇ।ਉਨ੍ਹਾਂ ਕਿਹਾ ਕਿ



ਟੂਰਨਾਮੈਂਟ ਵਿੱਚ ਆਮ ਪਰਿਵਾਰਾਂ ਨਾਲ ਸਬੰਧਤ ਖਿਡਾਰੀਆਂ ਨੂੰ ਆਪਣੀ ਕਾਰਗੁਜ਼ਾਰੀ ਦਿਖਾਉਣ ਦਾ ਮੌਕਾ ਮਿਲਿਆ, ਜੋ ਉਨ੍ਹਾਂ ਲਈ ਖੁਸ਼ੀ ਦੀ ਗੱਲ ਹੈ।ਸੁੱਖ ਔਜਲਾ ਵੱਲੋਂ ਸਵੇਰੇ 8 ਵਜੇ ਤੋਂ ਹੀ ਟੂਰਨਾਮੈਂਟ ਵਿੱਚ ਪਹੁੰਚ ਕੇ ਖਿਡਾਰੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਰੀਆਂ ਟੀਮਾਂ ਵਿੱਚ ਕਾਫ਼ੀ ਉਤਸ਼ਾਹ ਵੇਖਣ ਨੂੰ ਮਿਲਿਆ ਹੈ।ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਯਤਨ ਰਹੇਗਾ ਕਿ ਭਵਿੱਖ ਵਿੱਚ ਵੀ ਅਜਿਹੇ ਟੂਰਨਾਮੈਂਟ ਕਰਵਾਏ ਜਾਣ, ਤਾਂ ਜੋ ਪੇਂਡੂ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਦੇ ਵੱਧ ਤੋਂ ਵੱਧ ਮੌਕੇ ਮਿਲ ਸਕਣ।ਔਜਲਾ ਪੰਜਾਬ ਵਾਲੀਬਾਲ ਐਸੋਸੀਏਸ਼ਨ ਦੇ ਪ੍ਰਧਾਨ ਹਨ ਅਤੇ ਐਸੋਸੀਏਸ਼ਨ ਵੱਲੋਂ ਖਿਡਾਰੀਆਂ ਨੂੰ ਲੋੜੀਂਦੀਆਂ ਖੇਡ ਸਹੂਲਤਾਂ ਅਤੇ ਖੇਡ ਸਮੱਗਰੀ ਮੁਹੱਈਆ ਕਰਵਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਸਿੱਖਿਆ ਅਤੇ ਖੇਡਾਂ ਨੂੰ ਉਤਸ਼ਾਹਿਤ ਕਰਨਾ ਸਮਾਜ ਪ੍ਰਤੀ ਇੱਕ ਅਹਿਮ ਜ਼ਿੰਮੇਵਾਰੀ ਹੈ।ਖੇਡਾਂ ਨੌਜਵਾਨਾਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਮਦਦ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੀਆਂ ਹਨ ਅਤੇ ਨੌਜਵਾਨਾਂ ਨੂੰ ਰੁਜ਼ਗਾਰ ਅਤੇ ਸਰਕਾਰੀ ਨੌਕਰੀਆਂ ਦੇ ਮੌਕੇ ਹਾਸਲ ਕਰਨ ਵਿੱਚ ਵੀ ਮਦਦ ਮਿਲਦੀ ਹੈ।ਉਨ੍ਹਾਂ ਉਮੀਦ ਜਤਾਈ ਕਿ ਪੇਂਡੂ ਖੇਤਰਾਂ ਵਿੱਚੋਂ ਉਭਰਨ ਵਾਲੇ ਖਿਡਾਰੀ ਭਵਿੱਖ ਵਿੱਚ ਜ਼ਿਲ੍ਹਾ, ਸੂਬਾ ਅਤੇ ਕੌਮੀ ਪੱਧਰ 'ਤੇ ਆਪਣੀ ਪਛਾਣ ਬਣਾਉਣਗੇ।


ਅਰਪਣਬੀਰ ਨੇ ਰਾਜ ਪੱਧਰੀ ਤਾਈਕਵਾਂਡੋ ਚੈਂਪੀਅਨਸ਼ਿਪ 'ਚ ਚਾਂਦੀ ਦਾ ਤਮਗਾ ਜਿੱਤਿਆ

ਜੈਂਤੀਪੁਰ (ਸੁਖਬੀਰ ਸਿੱਧੂ)- ਸੱਤਿਆ ਭਾਰਤੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਫੱਤੂਭੀਲਾ ਸਕੂਲ ਅਤੇ ਮਾਪਿਆਂ ਦਾ ਮਾਣ ਨਾਲ ਸਿਰ ਉਸ ਵਕਤ ਉਚਾ ਹੋ ਗਿਆ ਜਦੋਂ ਸਕੂਲ ਦੀ ਵਿਦਿਆਰਥਣ ਅਰਪਣਬੀਰ ਪਿਤਾ ਸੁਖਬੀਰ ਸਿੰਘ ਨੇ ਅੰਡਰ-14 ਉਮਰ ਵਰਗ ਅਤੇ 25 ਕਿਲੋ ਤੋਂ ਘੱਟ ਭਾਰ ਵਰਗ ਵਿੱਚ 70 ਵੀਆ ਰਾਜ ਪੱਧਰੀ ਤਾਈਕਵਾਂਡੋ ਅੰਡਰ 14 ਲੜਕੇ/ਲੜਕੀਆਂ ਅਤੇ ਕਰਾਟੇ ਅੰਡਰ ਚੈਂਪੀਅਨਸ਼ਿਪ ਪਟਿਆਲਾ ਵਿਖੇ ਹੋਈ ਜਿਸ ਵਿਚ ਅਰਪਣਬੀਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਚਾਂਦੀ ਦਾ ਤਮਗਾ ਜਿੱਤ ਕੇ ਅੰਮ੍ਰਿਤਸਰ ਦਾ ਮਾਣ ਵਧਾਇਆ ਹੈ। ਰਾਜ ਪੱਧਰੀ ਤਾਈਕਵਾਂਡੋ ਚੈਂਪੀਅਨਸ਼ਿਪ ਜਿੱਤਣ ਤੋਂ ਬਾਅਦ ਹੋਣਹਾਰ ਖਿਡਾਰਨ ਦਾ ਸਕੂਲ ਪੁੱਜਣ 'ਤੇ ਸਕੂਲ ਦੇ ਸਟਾਫ ਅਤੇ ਡੀ ਪੀ ਮੈਡਮ ਮਨਪ੍ਰੀਤ ਕੌਰ ਨੇ ਸ਼ਾਨਦਾਰ ਪ੍ਰਾਪਤੀ ਤੇ ਸਵਾਗਤ ਕਰਦਿਆਂ ਭਵਿੱਖ ਲਈ ਹੋਰ ਵੀ ਵੱਡੀਆਂ ਸਫਲਤਾਵਾਂ ਦੀ ਕਾਮਨਾ ਕੀਤੀ ਤੇ ਪਰਿਵਾਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿਚ ਬੱਚਿਆਂ ਨੂੰ ਮੋਬਾਇਲ ਅਤੇ ਹੋਰ ਡਿਜੀਟਲ ਸਾਧਨਾਂ ਤੋਂ ਕੁਝ ਸਮਾਂ ਦੂਰ ਰਹਿ ਕੇ ਖੇਡਾਂ ਵੱਲ ਧਿਆਨ ਦੇਣਾ ਚਾਹੀਦਾ ਹੈ।ਸਰਕਾਰ ਅਤੇ ਸਿੱਖਿਆ ਸੰਸਥਾਵਾਂ ਨੂੰ ਵੀ ਖੇਡਾਂ ਲਈ ਵਧੀਆ ਮੈਦਾਨ, ਸਹੂਲਤਾਂ ਅਤੇ ਮੌਕੇ ਪ੍ਰਦਾਨ ਕਰਨੇ ਚਾਹੀਦੇ ਹਨ।ਖੇਡਾਂ ਵਿੱਚ ਤਰੱਕੀ ਸਿਰਫ਼ ਵਿਅਕਤੀ ਦੀ ਨਹੀਂ, ਸਗੋਂ ਦੇਸ਼ ਦੀ ਸ਼ਾਨ ਵੀ ਵਧਾਉਂਦੀ ਹੈ।



ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ (ਅਸ਼ੋਕ ਚੱਕਰ) ਸਰਕਾਰੀ ਕਾਲਜ ਵਿਖੇ 'ਰਨ ਫਾਰ ਯੂਨਿਟੀ' ਦਾ ਆਯੋਜਨ

ਗੁਰਦਾਸਪੁਰ (ਜਨਕ ਮਹਾਜਨ)- ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ (ਅਸ਼ੋਕ ਚੱਕਰ) ਸਰਕਾਰੀ ਕਾਲਜ, ਗੁਰਦਾਸਪੁਰ ਵਿਖੇ ਸਰਦਾਰ ਵੱਲਭਭਾਈ ਪਟੇਲ ਦੇ ਜਨਮ ਦਿਵਸ ਨੂੰ ਸਮਰਪਿਤ ਰਾਸ਼ਟਰੀ ਏਕਤਾ ਦਿਵਸ ਮੌਕੇ 'ਰਨ ਫਾਰ ਯੂਨਿਟੀ' ਦਾ ਆਯੋਜਨ ਕੀਤਾ ਗਿਆ।ਇਸ ਸਮਾਗਮ ਵਿੱਚ ਕਾਲਜ ਦੇ ਐੱਨ. ਸੀ. ਸੀ. ਦੇ 100 ਵਿਦਿਆਰਥੀਆਂ ਨੇ ਬੜੇ ਉਤਸ਼ਾਹ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਭਾਗ ਲਿਆ।ਇਸ ਮੌਕੇ ਸਮਰਪਣ ਸੋਸਾਇਟੀ, ਗੁਰਦਾਸਪੁਰ ਦੇ ਸਕੱਤਰ ਪਰਮਿੰਦਰ ਸੈਣੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਉਨ੍ਹਾਂ ਤੋਂ ਇਲਾਵਾ ਕਾਲਜ ਦੇ ਅਧਿਆਪਕਾਂ ਪ੍ਰੋ. ਸਰਬਜੀਤ ਸਿੰਘ, ਪ੍ਰੋ. ਦਿਲਬਾਗ ਸਿੰਘ, ਪ੍ਰੋ. ਸੰਦੀਪ ਕੌਰ, ਪ੍ਰੋ. ਸੰਦੀਪ, ਪ੍ਰੋ. ਦਿਨੇਸ਼ ਕਾਲੀਆ ਅਤੇ ਹੋਰ ਬਹੁਤ ਸਾਰੇ ਅਧਿਆਪਕਾਂ ਨੇ ਵੀ ਇਸ ਦੌੜ ਵਿੱਚ ਸ਼ਮੂਲੀਅਤ ਕਰਕੇ ਵਿਦਿਆਰਥੀਆਂ ਦਾ ਉਤਸ਼ਾਹ ਵਧਾਇਆ। ਦੌੜ ਵਿੱਚ ਸ਼ਾਮਲ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਆਪਸੀ ਭਾਈਚਾਰੇ ਦਾ ਸੰਦੇਸ਼ ਦਿੱਤਾ।ਇਸ ਗਤੀਵਿਧੀ



ਦਾ ਮੁੱਖ ਉਦੇਸ਼ ਨੌਜਵਾਨਾਂ ਵਿੱਚ ਰਾਸ਼ਟਰੀ ਏਕਤਾ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਅਤੇ ਉਨ੍ਹਾਂ ਨੂੰ ਦੇਸ਼ ਦੀ ਏਕਤਾ ਤੇ ਅਖੰਡਤਾ ਦੀ ਰੱਖਿਆ ਲਈ ਆਪਣੀ ਜ਼ਿੰਮੇਵਾਰੀ ਪ੍ਰਤੀ ਜਾਗਰੂਕ ਕਰਨਾ ਸੀ।ਇਸ ਮੌਕੇ ਸਰਦਾਰ ਵੱਲਭਭਾਈ ਪਟੇਲ ਦੇ ਰਾਸ਼ਟਰ ਨਿਰਮਾਣ ਅਤੇ ਦੇਸ਼ ਦੀਆਂ ਵੱਖ-ਵੱਖ ਰਿਆਸਤਾਂ ਦੇ ਏਕੀਕਰਨ ਵਿੱਚ ਪਾਏ ਗਏ ਇਤਿਹਾਸਕ ਯੋਗਦਾਨ ਨੂੰ ਯਾਦ ਕੀਤਾ ਗਿਆ। ਵਿਦਿਆਰਥੀਆਂ ਨੂੰ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਨਾ ਲੈਂਦਿਆਂ ਦੇਸ਼ ਦੀ ਏਕਤਾ, ਸਦਭਾਵਨਾ ਅਤੇ ਸਮਾਜਿਕ ਸਾਂਝ ਨੂੰ ਮਜ਼ਬੂਤ ਕਰਨ ਲਈ ਯੋਗਦਾਨ ਪਾਉਣ ਦਾ ਸੱਦਾ ਦਿੱਤਾ ਗਿਆ। ਕਾਲਜ ਦੇ ਪ੍ਰਿੰਸੀਪਲ ਡਾ. ਅਸ਼ਵਨੀ ਕੁਮਾਰ ਭੱਲਾ ਨੇ ਕਿਹਾ ਕਿ ਰਾਸ਼ਟਰੀ ਏਕਤਾ ਦਿਵਸ ਸਾਨੂੰ ਇਹ ਅਹਿਸਾਸ ਕਰਵਾਉਂਦਾ ਹੈ ਕਿ ਦੇਸ਼ ਦੀ ਅਸਲ ਤਾਕਤ ਉਸ ਦੀ ਏਕਤਾ, ਅਖੰਡਤਾ ਅਤੇ ਵਿਭਿੰਨਤਾ ਵਿੱਚ ਏਕਤਾ ਦੀ ਭਾਵਨਾ ਵਿੱਚ ਨਿਹਿਤ ਹੈ।ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਵਿੱਚ ਦੇਸ਼ਭਗਤੀ, ਅਨੁਸ਼ਾਸਨ ਅਤੇ ਰਾਸ਼ਟਰੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਲਈ ਅਜਿਹੀਆਂ ਗਤੀਵਿਧੀਆਂ ਬਹੁਤ ਮਹੱਤਵਪੂਰਨ ਹਨ। ਸਮਾਗਮ ਦੇ ਅੰਤ ਵਿੱਚ ਦੇਸ਼ ਦੀ ਏਕਤਾ, ਅਖੰਡਤਾ ਅਤੇ ਸੁਰੱਖਿਆ ਨੂੰ ਕਾਇਮ ਰੱਖਣ ਲਈ ਸਮੂਹਿਕ ਤੌਰ 'ਤੇ ਸੰਕਲਪ ਲਿਆ ਗਿਆ।

ਨਵਾਂ ਜ਼ਮਾਨਾ
ਸੋਮਵਾਰ, 2 ਨਵੰਬਰ 2026

ਪਰੰਪਰਾ ਨੂੰ ਵੰਗਾਰਨਾ ਜ਼ਰੂਰੀ

ਕੀ ਕੋਈ ਪਰੰਪਰਾ ਸਿਰਫ ਇਸ ਲਈ ਸਹੀ ਹੋ ਜਾਂਦੀ ਹੈ, ਕਿਉਂਕਿ ਇਹ ਲੰਮੇ ਸਮੇਂ ਤੋਂ ਚੱਲੀ ਆ ਰਹੀ ਹੈ? ਕੀ ਸਮਾਜ ਵਿੱਚ ਕਿਸੇ ਚੀਜ਼ 'ਤੇ ਸਵਾਲ ਉਠਾਉਣਾ ਗਲਤ ਮੰਨਿਆ ਜਾਣਾ ਚਾਹੀਦਾ ਹੈ? ਸੁਪਰੀਮ ਕੋਰਟ ਦੇ ਜਸਟਿਸ ਉੱਜਲ ਭੂਈਆਂ ਨੇ ਪਿਛਲੇ ਦਿਨੀਂ ਮੇਘਾਲਿਆ ਯੂਨੀਵਰਸਿਟੀ ਆਫ ਸਾਇੰਸ ਐਂਡ ਟੈਕਨਾਲੋਜੀ ਦੀ 12ਵੀਂ ਕਨਵੋਕੇਸ਼ਨ ਵਿੱਚ ਕਿਹਾ ਕਿ ਜੋ ਸਮਾਜ ਪਰੰਪਰਾਵਾਂ ਨੂੰ ਤਰਜੀਹ ਦਿੰਦਾ ਹੈ ਅਤੇ ਉਨ੍ਹਾਂ 'ਤੇ ਸਵਾਲ ਨਹੀਂ ਉਠਾਉਂਦਾ, ਉਹ ਗਲਤ ਅਤੇ ਬੇਇਨਸਾਫੀ ਵਾਲੇ ਅਭਿਆਸਾਂ ਨੂੰ ਬਦਲਣ ਦੇ ਯੋਗ ਨਹੀਂ ਹੁੰਦਾ। ਜੋ ਸਮਾਜ ਸਵਾਲ ਪੁੱਛਣ ਤੋਂ ਡਰਦਾ ਹੈ, ਉਹ ਤਾਨਾਸ਼ਾਹੀ ਦਾ ਸ਼ਿਕਾਰ ਹੋ ਸਕਦਾ ਹੈ।

ਖੁੱਲ੍ਹੇ ਵਿਚਾਰਾਂ ਅਤੇ ਪ੍ਰਗਤੀਸ਼ੀਲ ਸੋਚ ਲਈ ਜਾਣੇ ਜਾਂਦੇ ਜਸਟਿਸ ਭੂਈਆਂ ਨੇ ਕਾਨੂੰਨ ਦੇ ਰਾਜ ਲਈ ਵਿਗਿਆਨਕ ਸੁਭਾਅ ਨੂੰ ਜ਼ਰੂਰੀ ਦੱਸਿਆ ਅਤੇ ਕਿਹਾ ਕਿ ਮਨਮਾਨੀ ਸ਼ਕਤੀ ਅਗਿਆਨਤਾ, ਡਰ ਅਤੇ ਅਣਪਛਾਤੇ ਵਿਸ਼ਵਾਸਾਂ 'ਤੇ ਪ੍ਰਫੁੱਲਤ ਹੁੰਦੀ ਹੈ। ਇੱਕ ਸਮਾਜ ਨੂੰ ਆਪਣੀਆਂ ਪਰੰਪਰਾਵਾਂ 'ਤੇ ਸਵਾਲ ਉਠਾਉਣ ਤੋਂ ਨਹੀਂ ਡਰਨਾ ਚਾਹੀਦਾ। ਜੇ ਕੋਈ ਪੁਰਾਣੀ ਪ੍ਰਥਾ ਬੇਇਨਸਾਫੀ-ਭਰੀ ਹੈ, ਤਾਂ ਇਸ ਦੀ ਸਮੀਖਿਆ ਅਤੇ ਸੁਧਾਰ ਕਰਨ ਦੀ ਲੋੜ ਹੈ। ਇੱਕ ਗਲਤ ਪ੍ਰਥਾ ਨੂੰ ਸਿਰਫ ਇਸ ਲਈ ਜਾਰੀ ਨਹੀਂ ਰਹਿਣ ਦਿੱਤਾ ਜਾ ਸਕਦਾ, ਕਿਉਂਕਿ ਇਹ ਲੰਮੇ ਸਮੇਂ ਤੋਂ ਚੱਲ ਰਹੀ ਹੈ। ਵਿਗਿਆਨਕ ਸੁਭਾਅ ਸਮਾਜ ਨੂੰ ਅੰਧ-ਵਿਸ਼ਵਾਸ ਅਤੇ ਝੂਠੇ ਵਿਸ਼ਵਾਸਾਂ ਨੂੰ ਦੂਰ ਕਰਨ ਵਿੱਚ ਮਦਦ ਕਰਦਾ ਹੈ। ਭਾਰਤੀ ਸੰਵਿਧਾਨ ਵਿੱਚ ਜਿੱਥੇ ਬੁਨਿਆਦੀ ਫਰਜ਼ਾਂ ਦੀ ਰੂਪ-ਰੇਖਾ ਦਿੱਤੀ ਗਈ ਹੈ, ਉੱਥੇ ਧਾਰਾ 51 ਏ (ਐੱਚ) ਹਰੇਕ ਨਾਗਰਿਕ ਨੂੰ ਵਿਗਿਆਨਕ ਸੁਭਾਅ, ਮਨੁੱਖਤਾ ਅਤੇ ਪੁੱਛਗਿੱਛ ਦੀ ਭਾਵਨਾ ਵਿਕਸਤ ਕਰਨ ਦਾ ਆਦੇਸ਼ ਦਿੰਦੀ ਹੈ। ਇਸ ਦਾ ਅਰਥ ਹੈ ਕਿ ਕਿਸੇ ਨੂੰ ਸਿਰਫ ਸੁਣੀਆਂ-ਸੁਣਾਈਆਂ ਗੱਲਾਂ 'ਤੇ ਆਧਾਰਤ ਕਿਸੇ ਚੀਜ਼ ਨੂੰ ਸਵੀਕਾਰ ਨਹੀਂ ਕਰਨਾ ਚਾਹੀਦਾ। ਸਭ ਨੂੰ ਇਸ ਦੇ ਪਿੱਛੇ ਕਾਰਨਾਂ, ਸਬੂਤਾਂ ਅਤੇ ਸੱਚਾਈ ਨੂੰ ਸਮਝਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ।

ਵਿਗਿਆਨਕ ਸੋਚ ਦਾ ਮਤਲਬ ਇਹ ਨਹੀਂ ਕਿ ਹਰ ਧਾਰਮਕ ਵਿਸ਼ਵਾਸ ਨੂੰ ਝੂਠਾ ਐਲਾਨਿਆ ਜਾਵੇ। ਇਸ ਦਾ ਉਦੇਸ਼ ਤਰਕ, ਸਬੂਤ ਅਤੇ ਜਾਂਚ ਦੁਆਰਾ ਕਿਸੇ ਵੀ ਦਾਅਵੇ ਦੀ ਜਾਂਚ ਕਰਨਾ ਹੈ। ਸੰਵਿਧਾਨ ਦਾ ਆਰਟੀਕਲ 25 ਸਾਰੇ ਨਾਗਰਿਕਾਂ ਨੂੰ ਧਰਮ ਦਾ ਪਾਲਣ ਕਰਨ ਅਤੇ ਅਭਿਆਸ ਕਰਨ ਦੀ ਆਜ਼ਾਦੀ ਦੀ ਗਰੰਟੀ ਦਿੰਦਾ ਹੈ, ਪਰ ਇਹ ਆਜ਼ਾਦੀ ਜਨਤਕ ਵਿਵਸਥਾ, ਨੈਤਿਕਤਾ ਅਤੇ ਸਿਹਤ ਦੇ ਅਧੀਨ ਹੈ। ਇਸ ਲਈ ਵਿਸ਼ਵਾਸ ਦਾ ਸਤਿਕਾਰ ਅਤੇ ਬੇਇਨਸਾਫੀ ਵਾਲੇ ਅਭਿਆਸਾਂ ਵਿੱਚ ਸੁਧਾਰ ਦੋਵੇਂ ਸੰਵਿਧਾਨਕ ਕਦਰਾਂ-ਕੀਮਤਾਂ ਦੇ ਨਾਲ ਅੱਗੇ ਵਧ ਸਕਦੇ ਹਨ। ਜਦੋਂ ਲੋਕ ਸਵਾਲ ਪੁੱਛਣਾ ਬੰਦ ਕਰ ਦਿੰਦੇ ਹਨ, ਤਾਂ ਗਲਤ ਫੈਸਲਿਆਂ ਅਤੇ ਮਨਮਾਨੀ ਦਾ ਵਿਰੋਧ ਕਮਜ਼ੋਰ ਹੋ ਜਾਂਦਾ ਹੈ। ਸੱਤਾ ਵਿੱਚ ਬੈਠੇ ਲੋਕਾਂ ਤੋਂ ਜਵਾਬ ਮੰਗਣਾ ਲੋਕਤੰਤਰ ਦਾ ਇੱਕ ਜ਼ਰੂਰੀ ਹਿੱਸਾ ਹੈ। ਜੇ ਸਮਾਜ ਬਿਨਾਂ ਸਬੂਤਾਂ ਦੇ ਦਾਅਵਿਆਂ ਨੂੰ ਸਵੀਕਾਰ ਕਰਨਾ ਸ਼ੁਰੂ ਕਰ ਦਿੰਦਾ ਹੈ, ਤਾਂ ਗਲਤ ਜਾਣਕਾਰੀ ਅਤੇ ਅੰਧ-ਵਿਸ਼ਵਾਸ ਫੈਲ ਸਕਦੇ ਹਨ। ਸਵਾਲ ਪੁੱਛਣਾ, ਅਸਹਿਮਤੀ ਪ੍ਰਗਟ ਕਰਨਾ ਅਤੇ ਤਰਕ ਦੇ ਆਧਾਰ 'ਤੇ ਰਾਇ ਬਣਾਉਣਾ ਕਮਜ਼ੋਰੀਆਂ ਨਹੀਂ ਹਨ, ਸਗੋਂ ਇੱਕ ਜਾਗਰੂਕ ਨਾਗਰਿਕ ਦੀਆਂ ਵਿਸ਼ੇਸ਼ਤਾਵਾਂ ਹਨ। ਸਹੀ ਜਾਣਕਾਰੀ ਦੀ ਭਾਲ ਕਰਨ ਦੀ ਆਦਤ ਲੋਕਤੰਤਰ ਨੂੰ ਮਜ਼ਬੂਤ ਕਰਦੀ ਹੈ। ਜਸਟਿਸ ਭੂਈਆਂ ਨੇ ਇਹ ਵੀ ਕਿਹਾ ਕਿ ਯੂਨੀਵਰਸਿਟੀਆਂ ਸਿਰਫ ਡਿਗਰੀਆਂ ਦੇਣ ਦੀਆਂ ਥਾਵਾਂ ਨਹੀਂ ਹਨ, ਸਗੋਂ ਸੁਤੰਤਰ ਸੋਚ ਵਿਕਸਤ ਕਰਨ ਦੇ ਕੇਂਦਰ ਵੀ ਹਨ। ਇੱਥੇ, ਵੱਖ-ਵੱਖ ਧਰਮਾਂ, ਭਾਸ਼ਾਵਾਂ ਅਤੇ ਖੇਤਰਾਂ ਦੇ ਵਿਦਿਆਰਥੀ ਇੱਕ-ਦੂਜੇ ਦੇ ਵਿਚਾਰਾਂ ਨੂੰ ਸਮਝਦੇ ਹਨ। ਅਧਿਆਪਕਾਂ ਅਤੇ ਸੰਸਥਾਵਾਂ ਨੂੰ ਵਿਦਿਆਰਥੀਆਂ ਵਿੱਚ ਤਰਕ ਕਰਨ, ਸਵਾਲ ਪੁੱਛਣ ਅਤੇ ਗਲਤ ਜਾਣਕਾਰੀ ਨੂੰ ਪਛਾਣਨ ਦੀ ਯੋਗਤਾ ਵਿਕਸਤ ਕਰਨੀ ਚਾਹੀਦੀ ਹੈ।

ਸ਼ਹੀਦੇ-ਆਜ਼ਮ ਭਗਤ ਸਿੰਘ ਨੇ ਵੀ ਕਿਹਾ ਸੀ—ਜੋ ਵੀ ਵਿਕਾਸ ਲਈ ਖੜ੍ਹਾ ਹੈ, ਉਸ ਨੂੰ ਹਰ ਚੀਜ਼ ਦੀ ਆਲੋਚਨਾ ਕਰਨੀ ਹੋਵੇਗੀ, ਉਸ 'ਤੇ ਅਵਿਸ਼ਵਾਸ ਕਰਨਾ ਹੋਵੇਗਾ ਤੇ ਉਸ ਨੂੰ ਚੁਣੌਤੀ ਦੇਣੀ ਹੋਵੇਗੀ।

ਫੇਸ-ਬੁਕ ਬਨਾਮ ਫੀਲਡ

ਸੋਸ਼ਲ ਮੀਡੀਆ ਚੰਦ ਦੀ ਚਾਨਣੀ ਏਂ,
ਸੂਰਜ ਚੜ੍ਹਦਿਆਂ ਛਪਨ ਚਕੋਰ ਹੁੰਦੇ।
'ਨੈਗੇਟਿਵ' ਬਣਾਉਂਦਾ ਕੋਈ ਹੋਰ ਭਾਵੇਂ,
ਲੇਕਿਨ ਪੈ ਜਾਂਦੇ 'ਚੋਰਾਂ 'ਤੇ ਮੋਰ' ਹੁੰਦੇ।
ਕੱਚੇ ਕੰਨਾਂ ਦੇ ਕਾਹਲੀ ਵਿੱਚ ਭੱਜਦੇ ਐ,
ਸ਼ਾਂਤ ਹੋ ਕੇ ਫਿਰ ਬਦਲਦੇ 'ਤੋਰ' ਹੁੰਦੇ।
ਉਦੋਂ 'ਕੌਲ-ਇਕਰਾਰ' ਸਭ ਭੁੱਲ ਜਾਂਦੇ,
ਜਦ ਕੋਈ ਰੂ-ਬ-ਰੂ 'ਡੋਰ ਟੂ ਡੋਰ' ਹੁੰਦੇ।।
ਐਗਜ਼ਿਟ ਪੋਲਾਂ ਦੇ ਅੰਕੜੇ ਪੈਣ ਫਿੱਕੇ,
ਚੋਣ-ਨਤੀਜੇ ਜਦ 'ਨਵੇਂ ਨਿਕੋਰ' ਹੁੰਦੇ।
ਫੇਸ-ਬੁਕ 'ਤੇ ਪਾਰਾ ਤਾਂ ਰਹੇ ਚੜ੍ਹਿਆ,
ਫੀਲਡ ਵਿੱਚ ਹਾਲਾਤ 'ਕੁਝ ਹੋਰ' ਹੁੰਦੇ!

-ਤਰਲੋਚਨ ਸਿੰਘ ਦੁਪਾਲਪੁਰ, 001-408-905-5517

ਅੱਜ ਤੇ ਭਲਕੇ ਆਈ ਡੀ ਬੀ ਆਈ 'ਚ ਹੜਤਾਲ ਕਿਉਂ


ਐੱਮ ਐੱਸ ਭਾਟੀਆ

ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਸਰਕਾਰੀ ਮਾਲਕੀ ਵਾਲੇ ਆਈ ਡੀ ਬੀ ਆਈ ਬੈਂਕ ਦਾ ਵੱਡਾ ਹਿੱਸਾ ਕੈਨੇਡਾ ਦੀ ਨਿੱਜੀ ਕੰਪਨੀ ਫੇਅਰਫੈਕਸ ਫਾਈਨੈਂਸ਼ੀਅਲ ਹੋਲਡਿੰਗਜ਼ ਲਿਮਟਿਡ ਨੂੰ ਵੇਚਣ ਅਤੇ ਇਸ ਦਾ ਪ੍ਰਬੰਧਕੀ ਕੰਟਰੋਲ ਨਿੱਜੀ ਹੱਥਾਂ ਵਿੱਚ ਸੌਂਪਣ ਦੀ ਮਨਜ਼ੂਰੀ ਦਿੱਤੀ ਗਈ ਹੈ।ਇਹ ਪੂਰਾ ਸੌਦਾ ਲਗਭਗ 52,878 ਕਰੋੜ ਰੁਪਏ ਦਾ ਹੈ।

ਫੇਅਰਫੈਕਸ ਗਰੁੱਪ (ਇਸ ਦੀ ਇਕਾਈ ਰਾਹੀਂ) ਬੈਂਕ ਵਿੱਚ ਕੁੱਲ 60.72% ਹਿੱਸਾ ਖਰੀਦੇਗਾ, ਜਿਸ ਵਿੱਚੋਂ 30.48% ਹਿੱਸਾ ਕੇਂਦਰ ਸਰਕਾਰ ਦਾ ਅਤੇ 30.24% ਹਿੱਸਾ ਐੱਲ ਆਈ ਸੀ ਦਾ ਹੋਵੇਗਾ।

ਇਸ ਹਿੱਸੇਦਾਰੀ ਦੇ ਵਿਕਣ ਨਾਲ ਬੈਂਕ ਦਾ ਪ੍ਰਬੰਧਕੀ ਕੰਟਰੋਲ ਪੂਰੀ ਤਰ੍ਹਾਂ ਨਿੱਜੀ ਹੱਥਾਂ (ਫੇਅਰਫੈਕਸ ਕੋਲ) ਵਿੱਚ ਚਲਾ ਜਾਵੇਗਾ।ਇਸ ਸੌਦੇ ਤੋਂ ਬਾਅਦ ਸਰਕਾਰ ਕੋਲ 15% ਅਤੇ ਐੱਲ ਆਈ ਸੀ ਕੋਲ 19% ਬਚਿਆ ਹੋਇਆ ਹਿੱਸਾ ਰਹੇਗਾ।

ਇਸ ਨੇ ਦੇਸ਼ ਭਰ ਦੇ ਬੈਂਕਿੰਗ ਖੇਤਰ, ਟਰੇਡ ਯੂਨੀਅਨਾਂ ਅਤੇ ਆਮ ਜਨਤਾ ਵਿੱਚ ਭਾਰੀ ਰੋਸ ਪੈਦਾ ਕਰ ਦਿੱਤਾ ਹੈ। ਇਸੇ ਲੋਕ-ਵਿਰੋਧੀ ਅਤੇ ਰਾਸ਼ਟਰ-ਵਿਰੋਧੀ ਫੈਸਲੇ ਦੇ ਖਿਲਾਫ ਆਈ ਡੀ ਬੀ ਆਈ ਬੈਂਕ ਦੀਆਂ 2300 ਤੋਂ ਜ਼ਿਆਦਾ ਬਰਾਂਚਾਂ ਵਿੱਚ ਕੰਮ ਕਰਦੇ ਤਕਰੀਬਨ 20000 ਅਫਸਰ ਅਤੇ ਮੁਲਾਜ਼ਮ ਦੋ ਅਤੇ ਤਿੰਨ ਨਵੰਬਰ ਨੂੰ ਦੇਸ਼ ਭਰ ਵਿੱਚ ਹੜਤਾਲ ਕਰ ਰਹੇ ਹਨ।

ਆਲ ਇੰਡੀਆ ਬੈਂਕ ਇੰਪਲਾਇਜ਼ ਐਸੋਸੀਏਸ਼ਨ (ਏ ਆਈ ਬੀ ਈ ਏ) ਅਤੇ ਯੂਨਾਈਟਿਡ ਫੋਰਮ ਆਫ਼ ਬੈਂਕ ਯੂਨੀਅਨਜ਼ (ਯੂ ਐਫ ਬੀ ਯੂ) ਨੇ ਆਈ ਡੀ ਬੀ ਆਈ ਬੈਂਕ ਦੇ ਕਰਮਚਾਰੀਆਂ ਅਤੇ ਅਧਿਕਾਰੀਆਂ ਦੀ ਦੇਸ਼-ਵਿਆਪੀ ਹੜਤਾਲ ਦਾ ਸਮਰਥਨ ਕੀਤਾ ਹੈ।

ਆਈ ਡੀ ਬੀ ਆਈ ਬੈਂਕ ਦਾ ਵਿੱਤੀ ਇਤਿਹਾਸ ਸਰਕਾਰ ਦੀ ਡਿਸਇਨਵੈਸਟਮੈਂਟ (ਨਿਵੇਸ਼-ਨਿਖੇਧੀ) ਨੀਤੀ ਦੀ ਆਰਥਿਕ ਮੂਰਖਤਾ ਨੂੰ ਨੰਗਾ ਕਰਦਾ ਹੈ।

ਸਰਕਾਰੀ ਖੇਤਰ ਵੱਲੋਂ ਬਚਾਅ: ਜਦੋਂ ਬੈਂਕ ਵਧ ਰਹੀਆਂ ਗੈਰ-ਮੁਨਾਫਾਯੋਗ ਸੰਪਤੀਆਂ (ਐੱਨ ਪੀ ਏ) ਅਤੇ ਵਿੱਤੀ ਘਾਟੇ ਦੇ ਸੰਕਟ ਵਿੱਚ ਸੀ, ਤਾਂ ਭਾਰਤੀ ਜੀਵਨ ਬੀਮਾ ਨਿਗਮ (ਐੱਲ ਆਈ ਸੀ) ਅਤੇ ਜਨਤਕ ਖਜ਼ਾਨੇ ਨੇ ਪੈਸਾ ਲਗਾ ਕੇ ਇਸ ਨੂੰ ਡੁੱਬਣ ਤੋਂ ਬਚਾਇਆ।

ਰਿਕਾਰਡ ਮੁਨਾਫ਼ਾ: ਸੁਧਾਰ ਤੋਂ ਬਾਅਦ ਬੈਂਕ ਨੇ ਸ਼ਾਨਦਾਰ ਵਾਪਸੀ ਕੀਤੀ ਅਤੇ ਵਿੱਤੀ ਵਰ੍ਹੇ 2025-26 ਵਿੱਚ 9,513 ਕਰੋੜ ਰੁਪਏ ਦਾ ਰਿਕਾਰਡ ਸ਼ੁੱਧ ਮੁਨਾਫ਼ਾ ਦਰਜ ਕੀਤਾ।

60% ਤੋਂ ਵੱਧ ਹਿੱਸੇਦਾਰੀ ਦਾ ਤਬਾਦਲਾ : ਇੱਕ ਮੁਨਾਫ਼ਾ ਕਮਾ ਰਹੇ ਅਤੇ ਮਜ਼ਬੂਤ ਬੈਂਕ ਦੀ 60% ਤੋਂ ਵੱਧ ਹਿੱਸੇਦਾਰੀ ਅਤੇ ਪ੍ਰਬੰਧਕੀ ਕੰਟਰੋਲ ਇੱਕ ਵਿਦੇਸ਼ੀ ਕੰਪਨੀ (ਫੇਅਰਫੈਕਸ) ਨੂੰ ਸੌਂਪਣਾ ਦੇਸ਼ ਦੇ ਲੰਮੇ ਸਮੇਂ ਦੇ ਹਿੱਤਾਂ ਦੇ ਬਿਲਕੁਲ ਉਲਟ ਹੈ।

ਐੱਨ ਪੀ ਏ,ਰਾਈਟ-ਆਫ ਅਤੇ ਪਾਰਦਰਸ਼ਤਾ ਤੇ ਸਵਾਲ

ਬੈਂਕ ਦੀ ਬੈਲੇਂਸ ਸ਼ੀਟ ਨੂੰ ਸਾਫ਼ ਦਿਖਾਉਣ ਲਈ ਅਰਬਾਂ ਰੁਪਏ ਦੇ ਖਰਾਬ ਕਰਜ਼ਿਆਂ (ਐੱਨ ਪੀ ਏ) ਨੂੰ ਰਾਈਟ ਆਫ (ਵੱਟੇ-ਖਾਤੇ) ਕਰ ਦਿੱਤਾ ਗਿਆ। ਜਦੋਂ ਵਿੱਤ ਮੰਤਰੀ ਇਹ ਦਾਅਵਾ ਕਰਦੇ ਹਨ ਕਿ ਰਾਈਟ ਆਫ ਨਾਲ ਕਰਜ਼ਦਾਰ ਦੀ ਦੇਣਦਾਰੀ ਖਤਮ ਨਹੀਂ ਹੁੰਦੀ, ਤਾਂ ਫਿਰ ਸਰਕਾਰ ਰਾਈਟ-ਆਫ, ਵਸੂਲੀ, ਪ੍ਰੋਵੀਜ਼ਨਿੰਗ ਅਤੇ ਸੰਪਤੀ ਦੇ ਮੁਲਾਂਕਣ ਨਾਲ ਸਬੰਧਤ ਅਸਲ ਰਿਕਾਰਡ ਜਨਤਾ ਦੇ ਸਾਹਮਣੇ ਕਿਉਂ ਨਹੀਂ ਰੱਖਦੀ? ਜਿਸ ਬੈਂਕ ਦੀ ਭਵਿੱਖ ਵਿੱਚ ਕਰੋੜਾਂ ਰੁਪਏ ਕਮਾਉਣ ਦੀ ਸਮਰੱਥਾ ਹੈ, ਉਸ ਨੂੰ ਕੌਡੀਆਂ ਦੇ ਭਾਅ ਵੇਚਣ ਦਾ ਕੀ ਤਰਕ ਹੈ?

ਉਦਯੋਗਿਕ ਵਿਕਾਸ ਬਨਾਮ ਵਿਦੇਸ਼ੀ ਪੂੰਜੀ ਦਾ ਕਬਜ਼ਾ:ਆਈ ਡੀ ਬੀ ਆਈ ਬੈਂਕ ਸਿਰਫ਼ ਇੱਕ ਵਪਾਰਕ ਬੈਂਕ ਨਹੀਂ ਸੀ, ਸਗੋਂ ਇਹ ਦੇਸ਼ ਦੀ ਉਦਯੋਗਿਕ ਨੀਂਹ ਮਜ਼ਬੂਤ ਕਰਨ ਵਾਲੀ ਇੱਕ ਡਿਵੈੱਲਪਮੈਂਟ ਫਾਈਨੈਂਸ਼ੀਅਲ ਇੰਸਟੀਚਿਊਸ਼ਨ ਸੀ।

ਐੱਫ ਡੀ ਆਈ ਦੀ ਗਲਤ ਵਰਤੋਂ : ਵਿਦੇਸ਼ੀ ਨਿਵੇਸ਼ (ਐੱਫ ਡੀ ਆਈ) ਨਵੀਂ ਉਤਪਾਦਨ ਸਮਰੱਥਾ, ਤਕਨਾਲੋਜੀ ਅਤੇ ਰੁਜ਼ਗਾਰ ਪੈਦਾ ਕਰਨ ਲਈ ਨਿਰਮਾਣ ਖੇਤਰ ਵਿੱਚ ਆਉਣਾ ਚਾਹੀਦਾ ਹੈ। ਚਲਦੇ-ਚਲਾਉਂਦੇ ਮੁਨਾਫ਼ੇ ਵਾਲੇ ਸਰਕਾਰੀ ਬੈਂਕ ਦੀ ਮਾਲਕੀ ਵਿਦੇਸ਼ੀ ਹੱਥਾਂ ਵਿੱਚ ਦੇਣਾ ਕੋਈ ਆਰਥਿਕ ਸਮਝਦਾਰੀ ਨਹੀਂ ਹੈ।

ਜਨਤਕ ਹਿੱਤਾਂ 'ਤੇ ਡਾਕਾ: ਬੈਂਕਾਂ ਦਾ ਕੰਮ ਜਨਤਾ ਦੀ ਸੇਵਾ, ਖੇਤੀਬਾੜੀ, ਛੋਟੇ ਕਾਰੋਬਾਰੀਆਂ ਨੂੰ ਕਿਫ਼ਾਇਤੀ ਕਰਜ਼ਾ ਦੇਣਾ ਅਤੇ ਸਮਾਜਿਕ ਜ਼ਿੰਮੇਵਾਰੀ ਨਿਭਾਉਣਾ ਹੈ, ਨਾ ਕਿ ਨਿੱਜੀ ਪੂੰਜੀਪਤੀਆਂ ਦੇ ਖਜ਼ਾਨੇ ਭਰਨਾ।

ਕਰਮਚਾਰੀਆਂ, ਪੈਨਸ਼ਨਰਾਂ ਅਤੇ ਗਾਹਕਾਂ ਦਾ ਭਵਿੱਖ ਦਾਅ 'ਤੇ: ਪ੍ਰਬੰਧਕੀ ਕੰਟਰੋਲ ਨਿੱਜੀ/ਵਿਦੇਸ਼ੀ ਕੰਪਨੀ ਕੋਲ ਜਾਣ ਨਾਲ ਕਈ ਗੰਭੀਰ ਚਿੰਤਾਵਾਂ ਪੈਦਾ ਹੁੰਦੀਆਂ ਹਨ:ਪੱਕੇ, ਠੇਕੇਦਾਰੀ ਅਤੇ ਆਊਟਸੋਰਸਡ ਕਰਮਚਾਰੀਆਂ ਦੀ ਰੁਜ਼ਗਾਰ ਸੁਰੱਖਿਆ, ਤਨਖਾਹਾਂ ਅਤੇ ਟਰੇਡ ਯੂਨੀਅਨ ਅਧਿਕਾਰ ਖਤਰੇ ਵਿੱਚ ਹਨ।ਪੈਨਸ਼ਨਰਾਂ ਦੇ ਹਿੱਤਾਂ ਅਤੇ ਹੱਕਾਂ ਦੀ ਕੋਈ ਸਪੱਸ਼ਟ ਗਾਰੰਟੀ ਨਹੀਂ ਦਿੱਤੀ ਗਈ।ਆਮ ਗਾਹਕਾਂ ਦੀਆਂ ਜਮ੍ਹਾਂ ਰਾਸ਼ੀਆਂ, ਬ੍ਰਾਂਚਾਂ ਦੇ ਕੰਮਕਾਜ ਅਤੇ ਗ੍ਰਾਮੀਣ ਖੇਤਰਾਂ ਵਿੱਚ ਬੈਂਕਿੰਗ ਸੁਵਿਧਾਵਾਂ 'ਤੇ ਬੁਰਾ ਅਸਰ ਪੈਣ ਦਾ ਖਦਸ਼ਾ ਹੈ।

ਏ ਆਈ ਬੀ ਈ ਏ ਅਤੇ ਯੂ ਐੱਫ ਬੀ ਯੂ ਦੀ ਮੰਗ

ਜਨਤਕ ਖੇਤਰ ਦੇ ਅਦਾਰੇ ਦੇਸ਼ ਦੀ ਸੰਪਤੀ ਹਨ, ਜਿਨ੍ਹਾਂ ਦਾ ਮੁਦਰੀਕਰਨ (ਵੇਚਣਾ) ਕੇਵਲ ਅਸਥਿਰ ਆਰਥਿਕਤਾ ਅਤੇ ਬੇਰੁਜ਼ਗਾਰੀ ਨੂੰ ਹੀ ਹਵਾ ਦੇਵੇਗਾ। ਏ ਆਈ ਬੀ ਈ ਏ ਅਤੇ ਯੂ ਐਫ ਬੀ ਯੂ ਦੀ ਮੰਗ ਹੈ ਕਿ:

ਆਈ ਡੀ ਬੀ ਆਈ ਬੈਂਕ ਦੀ ਵਿਕਰੀ ਅਤੇ ਕੰਟਰੋਲ ਤਬਦੀਲੀ ਦੀ ਪ੍ਰਕਿਰਿਆ ਨੂੰ ਤੁਰੰਤ ਰੋਕਿਆ ਜਾਵੇ।

ਇਸ ਸਾਰੇ ਲੈਣ-ਦੇਣ, ਰਾਈਟ-ਆਫ ਅਤੇ ਮੁਲਾਂਕਣ ਦੇ ਰਿਕਾਰਡ ਸੰਸਦ ਅਤੇ ਜਨਤਾ ਦੇ ਸਾਹਮਣੇ ਪਾਰਦਰਸ਼ੀ ਢੰਗ ਨਾਲ ਰੱਖੇ ਜਾਣ।

ਸਰਕਾਰ ਆਪਣੀ ਲੋਕ-ਵਿਰੋਧੀ ਨਿਵੇਸ਼-ਨਿਖੇਧੀ (ਡਿਸਇਨਵੈਸਟਮੈਂਟ) ਨੀਤੀ ਨੂੰ ਤੁਰੰਤ ਵਾਪਸ ਲਵੇ।

ਮੌਜੂਦਾ ਹਾਲਾਤ ਵਿੱਚ ਦੇਸ਼ ਦੀ ਆਰਥਿਕਤਾ ਅਤੇ ਆਮ ਲੋਕਾਂ ਦੇ ਹਿੱਤਾਂ ਦੀ ਮੰਗ ਇਹ ਹੈ ਕਿ ਪ੍ਰਾਈਵੇਟ ਬੈਂਕਾਂ ਦਾ ਰਾਸ਼ਟਰੀਕਰਨ ਕੀਤਾ ਜਾਣਾ ਚਾਹੀਦਾ ਹੈ, ਨਾ ਕਿ ਇਸ ਦੇ ਉਲਟ ਮੁਨਾਫ਼ੇ ਵਿੱਚ ਚੱਲ ਰਹੇ ਸਰਕਾਰੀ ਬੈਂਕਾਂ ਨੂੰ ਕੌਡੀਓਂ ਭਾਅ ਪ੍ਰਾਈਵੇਟ ਹੱਥਾਂ ਵਿੱਚ ਵੇਚਿਆ ਜਾਵੇ।

ਏਟਕ ਵੱਲੋਂ ਸਰਕਾਰ ਦੇ ਫੈਸਲੇ ਦਾ ਵਿਰੋਧ

ਏਟਕ - ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ ਨੇ ਕਿਹਾ ਹੈ ਕਿ ਕੇਂਦਰੀ ਕੈਬਨਿਟ ਦੇ ਇਸ ਫੈਸਲੇ ਤੋਂ ਪਹਿਲਾਂ ਨਾ ਤਾਂ ਸੰਸਦ ਵਿੱਚ ਕੋਈ ਬਹਿਸ ਜਾਂ ਜਾਂਚ ਕਰਵਾਈ ਗਈ ਅਤੇ ਨਾ ਹੀ ਦੇਸ਼ ਦੀ ਜਨਤਾ ਨਾਲ ਕੋਈ ਮਸ਼ਵਰਾ ਕੀਤਾ ਗਿਆ। ਸਰਕਾਰ ਵੱਲੋਂ ਇੱਕਤਰਫ਼ਾ ਤੌਰ 'ਤੇ ਅਪਣਾਈ ਗਈ ਇਹ ਨੀਤੀ ਜਨਤਕ ਮਾਲਕੀ, ਕਰਦਾਤਾਵਾਂ ਦੇ ਪੈਸੇ ਪ੍ਰਤੀ ਜਵਾਬਦੇਹੀ ਅਤੇ ਭਾਰਤ ਦੀ ਬੈਂਕਿੰਗ ਪ੍ਰਣਾਲੀ ਦੇ ਭਵਿੱਖ ਤੇ ਸੰਭਾਵੀ ਖਤਰੇ ਦੇ ਗੰਭੀਰ ਪ੍ਰਸ਼ਨ ਖੜ੍ਹੇ ਕਰਦੀ ਹੈ। ਇਹ ਫੈਸਲਾ ਸਰਕਾਰ ਦੀ ਦੇਸੀ ਅਤੇ ਵਿਦੇਸ਼ੀ ਕਾਰਪੋਰੇਟ ਆਕਾਵਾਂ ਪ੍ਰਤੀ ਅੰਨ੍ਹੀ ਵਫ਼ਾਦਾਰੀ ਨੂੰ ਦਰਸਾਉਂਦਾ ਹੈ।

ਇਸ ਗੰਭੀਰ ਮੁੱਦੇ ਦੇ ਮੁੱਖ ਪਹਿਲੂ ਹੇਠ ਲਿਖੇ ਅਨੁਸਾਰ ਹਨ:

ਜਨਤਕ ਖੇਤਰ ਦੇ ਬੈਂਕਾਂ ਦੀ ਅਸਲ ਭੂਮਿਕਾ

ਸਮਾਜਿਕ ਜ਼ਿੰਮੇਵਾਰੀ: ਸਰਕਾਰੀ ਬੈਂਕ ਸਿਰਫ਼ ਮੁਨਾਫ਼ਾ ਕਮਾਉਣ ਲਈ ਨਹੀਂ ਬਣੇ ਹੁੰਦੇ, ਸਗੋਂ ਇਹ ਦੇਸ਼ ਦੇ ਹਰ ਨਾਗਰਿਕ ਤੱਕ ਬੈਂਕਿੰਗ ਸੇਵਾਵਾਂ ਪਹੁੰਚਾਉਣ, ਕਿਸਾਨਾਂ ਨੂੰ ਸਸਤੇ ਵਿਆਜ ਤੇ ਕਰਜ਼ੇ ਦੇਣ, ਛੋਟੇ ਕਾਰੋਬਾਰੀਆਂ ਨੂੰ ਅੱਗੇ ਵਧਾਉਣ ਅਤੇ ਪੇਂਡੂ ਖੇਤਰਾਂ ਦਾ ਵਿਕਾਸ ਕਰਨ ਲਈ ਕੰਮ ਕਰਦੇ ਹਨ।

ਸੁਰੱਖਿਆ: ਆਮ ਜਨਤਾ ਆਪਣੀ ਸਖ਼ਤ ਮਿਹਨਤ ਦੀ ਕਮਾਈ ਸਭ ਤੋਂ ਵੱਧ ਸੁਰੱਖਿਆ ਦੀ ਭਾਵਨਾ ਨਾਲ ਸਰਕਾਰੀ ਬੈਂਕਾਂ ਵਿੱਚ ਹੀ ਜਮ੍ਹਾਂ ਕਰਵਾਉਂਦੀ ਹੈ।

ਆਈ ਡੀ ਬੀ ਆਈ ਬੈਂਕ ਕੋਲ ਆਮ ਲੋਕਾਂ ਅਤੇ ਗਾਹਕਾਂ ਦਾ ਕੁੱਲ ਜਮ੍ਹਾਂ ਪੈਸਾ 3.47 ਲੱਖ ਕਰੋੜ ਰੁਪਏ (3,47,163 ਕਰੋੜ ਰੁਪਏ) ਤੋਂ ਵੱਧ ਹੈ।

ਬੈਂਕ ਦਾ ਕੁੱਲ ਕਾਰੋਬਾਰ (ਡਿਪਾਜ਼ਿਟ ਅਤੇ ਐਡਵਾਂਸ/ਕਰਜ਼ਿਆਂ ਨੂੰ ਮਿਲਾ ਕੇ) 6 ਲੱਖ ਕਰੋੜ ਰੁਪਏ ਤੋਂ ਪਾਰ ਪਹੁੰਚ ਚੁੱਕਾ ਹੈ।

ਆਈ ਡੀ ਬੀ ਆਈ ਬੈਂਕ ਨੇ 9,513 ਕਰੋੜ ਰੁਪਏ ਦਾ ਸ਼ੁੱਧ ਮੁਨਾਫ਼ਾ ਕਮਾ ਕੇ ਇਹ ਸਾਬਤ ਕਰ ਦਿੱਤਾ ਸੀ ਕਿ ਇਹ ਬਹੁਤ ਮਜ਼ਬੂਤ ਅਤੇ ਕਮਾਈ ਕਰਨ ਵਾਲਾ ਅਦਾਰਾ ਹੈ।ਇਸ ਦਾ 60 ਫੀਸਦੀ ਤੋਂ ਵੱਧ ਹਿੱਸਾ ਨਿੱਜੀ ਹੱਥਾਂ ਵਿੱਚ ਜਾਣ ਤੋਂ ਬਾਅਦ ਬੈਂਕ ਦਾ ਮੁੱਖ ਟੀਚਾ ਜਨ ਸੇਵਾ ਦੀ ਬਜਾਏ ਸਿਰਫ਼ ਵੱਧ ਤੋਂ ਵੱਧ ਮੁਨਾਫ਼ਾ ਕਮਾਉਣਾ ਰਹਿ ਜਾਵੇਗਾ, ਜਿਸ ਨਾਲ ਗ਼ਰੀਬਾਂ, ਕਿਸਾਨਾਂ ਅਤੇ ਆਮ ਗਾਹਕਾਂ ਲਈ ਕਿਫ਼ਾਇਤੀ ਕਰਜ਼ੇ ਅਤੇ ਸੇਵਾਵਾਂ ਮਿਲਣੀਆਂ ਮੁਸ਼ਕਲ ਹੋ ਜਾਣਗੀਆਂ।

ਪ੍ਰਾਈਵੇਟ ਬੈਂਕਾਂ ਦਾ ਰਾਸ਼ਟਰੀਕਰਨ ਕਿਉਂ ਜ਼ਰੂਰੀ ਹੈ

ਦੇਸ਼ ਵਿੱਚ ਅੱਜ ਵੀ ਵੱਡਾ ਕਰਜ਼ਾ ਘੁਟਾਲਾ ਅਤੇ ਐੱਨ ਪੀ ਏ ਦਾ ਸੰਕਟ ਪ੍ਰਾਈਵੇਟ ਅਤੇ ਕਾਰਪੋਰੇਟ ਘਰਾਣਿਆਂ ਦੀ ਮਿਲੀਭੁਗਤ ਕਾਰਨ ਖੜ੍ਹਾ ਹੁੰਦਾ ਹੈ।

ਜੇਕਰ ਸਰਕਾਰ ਸੱਚਮੁੱਚ ਦੇਸ਼ ਦੀ ਆਰਥਿਕਤਾ ਨੂੰ ਮਜ਼ਬੂਤ ਕਰਨਾ ਚਾਹੁੰਦੀ ਹੈ, ਤਾਂ ਉਸ ਨੂੰ ਪ੍ਰਾਈਵੇਟ ਬੈਂਕਾਂ ਦਾ ਰਾਸ਼ਟਰੀਕਰਨ ਕਰਨਾ ਚਾਹੀਦਾ ਹੈ, ਤਾਂ ਜੋ ਦੇਸ਼ ਦਾ ਪੈਸਾ ਚੋਣਵੇਂ ਕਾਰਪੋਰੇਟਾਂ ਦੀਆਂ ਤਿਜੌਰੀਆਂ ਭਰਨ ਦੀ ਬਜਾਏ ਦੇਸ਼ ਦੇ ਆਮ ਲੋਕਾਂ ਦੀ ਭਲਾਈ ਲਈ ਵਰਤਿਆ ਜਾ ਸਕੇ।

2 ਅਤੇ 3 ਨਵੰਬਰ ਦੀ ਹੜਤਾਲ

ਸਿਰਫ਼ ਆਈ ਡੀ ਬੀ ਆਈ ਦੇ ਕਰਮਚਾਰੀਆਂ ਦੀ ਆਪਣੀ ਨੌਕਰੀ ਬਚਾਉਣ ਦੀ ਲੜਾਈ ਨਹੀਂ, ਸਗੋਂ ਇਹ ਦੇਸ਼ ਦੀ ਆਰਥਿਕ ਸੰਪ੍ਰਭੂਤਾ, ਕਰਦਾਤਾਵਾਂ ਦੇ ਪੈਸੇ ਅਤੇ ਜਨਤਕ ਬੈਂਕਿੰਗ ਪ੍ਰਣਾਲੀ ਨੂੰ ਕਾਰਪੋਰੇਟ ਲੁੱਟ ਤੋਂ ਬਚਾਉਣ ਦਾ ਇੱਕ ਵਿਸ਼ਾਲ ਸੰਗ੍ਰਾਮ ਹੈ।

ਸਰਕਾਰ ਦੀ ਇਹ ਨੀਤੀ ਦੇਸ਼ ਦੇ ਲੰਮੇ ਸਮੇਂ ਦੇ ਹਿੱਤਾਂ ਨਾਲ ਵੱਡਾ ਖਿਲਵਾੜ ਹੈ, ਜਿਸ ਵਿਰੁੱਧ ਦੇਸ਼ ਦੀਆਂ ਟਰੇਡ ਯੂਨੀਅਨਾਂ ਅਤੇ ਬੈਂਕ ਮੁਲਾਜ਼ਮਾਂ ਦਾ ਸੰਘਰਸ਼ ਬਿਲਕੁਲ ਜਾਇਜ਼ ਹੈ।

 # ਸੰਪਰਕ : 99884-91002

ਖੇਤੀ ਖੇਤਰ 'ਚ ਪੇਂਡੂ ਔਰਤਾਂ ਦੇ ਯੋਗਦਾਨ ਨੂੰ ਸਤਿਕਾਰਨ ਦੀ ਲੋੜ

ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ

ਇਹ ਸੱਚ ਹੈ ਕਿ ਔਰਤ ਚਾਹੇ ਪਿੰਡ ਨਾਲ ਸੰਬੰਧਤ ਹੋਵੇ ਜਾਂ ਸ਼ਹਿਰ ਨਾਲ, ਹੁਣ ਤੱਕ ਉਸ ਨੇ ਬੜੇ ਕਸ਼ਟ ਸਹੇ ਹਨ ਤੇ ਤਕੜੇ ਸੰਘਰਸ਼ ਕੀਤੇ ਹਨ। ਬੀਤੇ ਸਮੇਂ ਵਿਚ ਉਸ ਨਾਲ ਵਿਤਕਰੇ ਵੀ ਹੋਏ ਤੇ ਅਕਹਿ ਜ਼ੁਲਮ ਵੀ, ਪਰ ਫਿਰ ਵੀ ਉਹ ਜਰਦੀ ਰਹੀ ਤੇ ਹੱਕਾਂ ਲਈ ਨਿਰੰਤਰ ਲੜਦੀ ਰਹੀ। ਬੇਸ਼ੱਕ ਇੱਕੀਵੀਂ ਸਦੀ ਵਿਚ ਵੀ ਔਰਤ ਨਾਲ ਵਿਤਕਰਾ, ਧੱਕਾ ਅਤੇ ਜ਼ੁਲਮ ਪੂਰੀ ਤਰ੍ਹਾਂ ਖ਼ਤਮ ਨਹੀਂ ਹੋਇਆ ਹੈ, ਪਰ ਚੰਗੀ ਗੱਲ ਇਹ ਵੀ ਹੈ ਕਿ ਪੜ੍ਹਾਈ-ਲਿਖਾਈ ਦਾ ਮਿਆਰ ਵਧਣ ਨਾਲ ਔਰਤ ਦੀ ਸੋਚ ਤੇ ਸੰਘਰਸ਼ ਦੀ ਤਾਕਤ ਵਧੀ ਹੈ ਤੇ ਉਸ ਨੇ ਨਿੱਤ ਨਵੇਂ ਦਿਸਹੱਦਿਆਂ ਨੂੰ ਛੂਹਿਆ ਹੈ। ਸਰਬਉੱਚ ਪਦਵੀਆਂ ਅਤੇ ਇਨਾਮਾਂ-ਸਨਮਾਨਾਂ ਨੂੰ ਹਾਸਿਲ ਕਰ ਚੁੱਕੀ ਅਜੋਕੀ ਔਰਤ ਪੁਰਸ਼ ਦੇ ਬਰਾਬਰ ਹੀ ਨਹੀਂ, ਸਗੋਂ ਉਸ ਤੋਂ ਵੱਧ ਯੋਗਦਾਨ ਪਾ ਕੇ ਪਰਵਾਰ, ਦੇਸ਼ ਅਤੇ ਸਮਾਜ ਨੂੰ ਅੱਗੇ ਵਧਾਉਣ ਦਾ ਵੱਡ-ਆਕਾਰੀ ਕਾਰਜ ਰਹੀ ਹੈ।

ਭਾਰਤ ਦੇ ਅਧਿਕਤਰ ਖੇਤੀ ਜਾਂ ਵਿੱਤੀ ਮਾਹਰ ਇਹ ਮੰਨਦੇ ਹਨ ਕਿ ਭਾਰਤ ਵਿਚ ਖੇਤੀਬਾੜੀ ਖਿੱਤੇ ਅੰਦਰ ਮਹਿਲਾਵਾਂ ਪੱਖੀ ਵਿਚਾਰਧਾਰਾ ਦੀ ਬੜੀ ਵੱਡੀ ਘਾਟ ਹੈ ਤੇ ਇਸ ਖਿੱਤੇ ਵਿਚ ਔਰਤ ਦੇ ਯੋਗਦਾਨ ਨੂੰ ਬੜਾ ਹੀ ਘੱਟ ਪਛਾਣਿਆ ਤੇ ਸਲਾਹਿਆ ਜਾਂਦਾ ਹੈ। ਇਥੇ ਦੱਸਣਯੋਗ ਹੈ ਕਿ ਕੇਂਦਰ ਸਰਕਾਰ ਵੱਲੋਂ ਇਸ ਦਿਸ਼ਾ ਵਿਚ ਕਦਮ ਚੁੱਕਦਿਆਂ ਹੋਇਆਂ 'ਮਹਿਲਾ ਕਿਸਾਨ ਸਸ਼ਕਤੀਕਰਨ ਪਰਿਯੋਜਨਾ' ਵੀ ਸ਼ੁਰੂ ਕੀਤੀ ਗਈ ਹੈ ਤਾਂ ਜੋ ਮਹਿਲਾਵਾਂ ਦੇ ਜ਼ਮੀਨ ਸੰਬੰਧੀ ਹੱਕਾਂ, ਆਧੁਨਿਕ ਖੇਤੀਬਾੜੀ ਢੰਗਾਂ ਅਤੇ ਸੰਦਾਂ ਤੱਕ ਪਹੁੰਚ ਅਤੇ ਸਹਿਕਾਰੀ ਖੇਤਰ ਵਿਚ ਔਰਤਾਂ ਦੀ ਭੂਮਿਕਾ ਨੂੰ ਹੋਰ ਮਹੱਤਵਪੂਰਨ ਅਤੇ ਮਜ਼ਬੂਤ ਬਣਾਇਆ ਜਾ ਸਕੇ।

ਇਕ ਬਹੁਤ ਹੀ ਦਿਲਚਸਪ ਤੇ ਮਹੱਤਵਪੂਰਨ ਤੱਥ ਇਹ ਵੀ ਹੈ ਕਿ ਸੰਯੁਕਤ ਰਾਸ਼ਟਰ ਸੰਘ ਵੱਲੋਂ ਸਾਲ 2026 ਨੂੰ 'ਮਹਿਲਾ ਕਿਸਾਨਾਂ ਲਈ ਕੌਮਾਂਤਰੀ ਸਾਲ' ਵਜੋਂ ਮਨਾਉਣ ਦਾ ਐਲਾਨ ਪਹਿਲਾਂ ਹੀ ਕੀਤਾ ਹੋਇਆ ਹੈ ਤੇ ਸੰਘ ਦਾ ਮੰਤਵ ਹੈ ਕਿ ਮਹਿਲਾਵਾਂ ਦੁਆਰਾ ਖੇਤੀ ਖੇਤਰ ਵਿਚ ਪਾਏ ਜਾ ਰਹੇ ਯੋਗਦਾਨ ਬਾਰੇ ਜਾਗਰੂਕਤਾ ਲਿਆਂਦੀ ਜਾਵੇ ਤੇ ਜ਼ਮੀਨ ਦੀ ਮਾਲਕੀ ਮਹਿਲਾਵਾਂ ਦੇ ਨਾਂਅ ਕਰਨ ਸੰਬੰਧੀ ਸਮਾਜ ਦੇ ਪੁਰਸ਼ ਵਰਗ ਦੀ ਮਾਨਸਿਕਤਾ ਵਿਚ ਲੋੜੀਂਦੇ ਪਰਿਵਰਤਨ ਲਿਆਂਦੇ ਜਾ ਸਕਣ। ਵਿੱਤੀ ਅਤੇ ਤਕਨੀਕੀ ਪੱਖਾਂ ਤੋਂ ਵੀ ਖੇਤੀਬਾੜੀ ਵਿਚ ਔਰਤਾਂ ਦੀ ਭਾਈਵਾਲੀ ਵਧਾਉਣ ਦੀ ਹਰ ਸੰਭਵ ਕੋਸ਼ਿਸ਼ ਕੀਤੀ ਜਾਣੀ ਚਾਹੀਦੀ ਹੈ।

ਸੰਯੁਕਤ ਰਾਸ਼ਟਰ ਸੰਘ ਇਸ ਤੱਥ ਨੂੰ ਖਿੜੇ ਮੱਥੇ ਸਵੀਕਾਰ ਕਰਦਾ ਹੈ ਕਿ ਖੇਤੀ ਖੇਤਰ ਦੇ ਵਿਕਾਸ ਵਿਚ, ਅੰਨ ਸੁਰੱਖਿਆ ਦੇ ਖੇਤਰ ਵਿਚ, ਪੇਂਡੂ ਖੇਤਰ ਦੀ ਗ਼ਰੀਬੀ ਹਟਾਉਣ ਵਿਚ ਅਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਵਿਚ ਪੇਂਡੂ ਖੇਤਰ ਦੀਆਂ ਔਰਤਾਂ ਦਾ ਮਹੱਤਵਪੂਰਨ ਅਤੇ ਵੱਡਾ ਯੋਗਦਾਨ ਹੈ। ਇਹ ਇਕ ਦਿਲਚਸਪ ਤੱਥ ਹੈ ਕਿ ਦੁਨੀਆ ਦੀ ਕੁੱਲ ਆਬਾਦੀ ਦਾ ਇਕ ਚੌਥਾਈ ਹਿੱਸਾ ਉਨ੍ਹਾ ਪੇਂਡੂ ਔਰਤਾਂ ਦਾ ਹੈ ਜੋ ਖੇਤੀ ਖੇਤਰ ਨਾਲ ਜਾਂ ਤਾਂ ਸਿੱਧੇ ਤੌਰ 'ਤੇ ਜੁੜੀਆਂ ਹਨ ਜਾਂ ਫਿਰ ਖੇਤੀ ਆਧਾਰਤ ਸਨਅਤਾਂ ਵਿਚ ਕੰਮ ਕਰਕੇ ਰੋਜ਼ੀ-ਰੋਟੀ ਕਮਾਉਂਦੀਆਂ ਹਨ। ਸਮੁੱਚੀ ਦੁਨੀਆ ਦੀ ਖੇਤੀਬਾੜੀ ਵਾਲੀ ਜ਼ਮੀਨ ਦਾ 20 ਫ਼ੀਸਦੀ ਤੋਂ ਘੱਟ ਹਿੱਸਾ ਔਰਤਾਂ ਦੇ ਨਾਂਅ ਹੈ ਅਤੇ ਪੇਂਡੂ ਇਲਾਕਿਆਂ ਵਿਚ ਖੇਤੀ ਖੇਤਰ ਦੀਆਂ ਦਿਹਾੜੀਦਾਰ ਔਰਤਾਂ ਦਾ ਮਿਹਨਤਾਨਾ ਪੁਰਸ਼ਾਂ ਦੇ ਮੁਕਾਬਲੇ 40 ਫ਼ੀਸਦੀ ਘੱਟ ਹੈ। ਵਿੱਤੀ ਮਾਹਰਾਂ ਦਾ ਮੰਨਣਾ ਹੈ ਕਿ ਜੇਕਰ ਬੰਧੂਆ ਮਜ਼ਦੂਰੀ ਅਤੇ ਪੁਰਸ਼-ਔਰਤ ਦੀਆਂ ਮਿਹਨਤਾਨਾ ਦਰਾਂ ਵਿਚਲੇ ਅੰਤਰ 25 ਫ਼ੀਸਦੀ ਵੀ ਘੱਟ ਕਰ ਲਿਆ ਜਾਵੇ ਤਾਂ ਦੁਨੀਆ ਦਾ ਜੀ ਡੀ ਪੀ ਚਾਰ ਫ਼ੀਸਦੀ ਦੇ ਕਰੀਬ ਵਧ ਸਕਦਾ ਹੈ। ਉਧਰ ਸੰਯੁਕਤ ਰਾਸ਼ਟਰ ਸੰਘ ਦਾ ਮੰਨਣਾ ਹੈ ਕਿ ਜੇਕਰ ਪੇਂਡੂ ਖੇਤਰ ਦੀਆਂ ਕਿਸਾਨੀ ਨਾਲ ਸੰਬੰਧਤ ਔਰਤਾਂ ਦੀ ਪਹੁੰਚ ਵਾਹੀਯੋਗ ਜ਼ਮੀਨ, ਸੰਦਾਂ, ਸਿੱਖਿਆ ਅਤੇ ਮਾਰਕੀਟਿੰਗ ਤੱਕ ਹੋ ਜਾਵੇ ਤਾਂ ਦੁਨੀਆ ਭਰ ਦੇ ਕੁੱਲ ਅੰਨ ਉਤਪਾਦਨ ਵਿਚ ਏਨਾ ਕੁ ਵਾਧਾ ਜ਼ਰੂਰ ਹੋ ਸਕਦਾ ਹੈ, ਜਿਸ ਨਾਲ ਵਿਸ਼ਵ ਭਰ ਦੇ ਭੁੱਖਮਰੀ ਦੇ ਸ਼ਿਕਾਰ ਲੋਕਾਂ ਵਿੱਚੋਂ 10 ਤੋਂ 15 ਕਰੋੜ ਲੋਕਾਂ ਦੀ ਗਿਣਤੀ ਘੱਟ ਕੀਤੀ ਜਾ ਸਕਦੀ ਹੈ।

ਭਾਰਤ ਦੇ ਅਧਿਕਤਰ ਖੇਤੀ ਜਾਂ ਵਿੱਤੀ ਮਾਹਰ ਇਹ ਮੰਨਦੇ ਹਨ ਕਿ ਭਾਰਤ ਵਿਚ ਖੇਤੀਬਾੜੀ ਖਿੱਤੇ ਅੰਦਰ ਮਹਿਲਾਵਾਂ ਪੱਖੀ ਵਿਚਾਰਧਾਰਾ ਦੀ ਬੜੀ ਵੱਡੀ ਘਾਟ ਹੈ ਤੇ ਇਸ ਖਿੱਤੇ ਵਿਚ ਔਰਤ ਦੇ ਯੋਗਦਾਨ ਨੂੰ ਬੜਾ ਹੀ ਘੱਟ ਪਛਾਣਿਆ ਤੇ ਸਲਾਹਿਆ ਜਾਂਦਾ ਹੈ, ਜਦੋਂ ਕਿ ਸਿਵਾਇ ਹਲ ਵਾਹੁਣ ਦੇ ਬਾਕੀ ਦੇ ਸਾਰੇ ਖੇਤੀ ਕਾਰਜਾਂ ਜਿਵੇਂ ਬੀਜ ਚੋਣ, ਬੀਜ ਸੰਭਾਲ, ਬਿਜਾਈ, ਨਦੀਨ ਪੁੱਟਣਾ, ਕਟਾਈ ਅਤੇ ਪਰਾਲੀ ਜਾਂ ਤੂੜੀ ਦੀ ਸਾਂਭ-ਸੰਭਾਲ ਵਿਚ ਔਰਤਾਂ ਦਾ ਬਰਾਬਰ ਦਾ ਯੋਗਦਾਨ ਹੁੰਦਾ ਹੈ।

ਫ਼ੂਡ ਐਂਡ ਐਗਰੀਕਲਚਰ ਆਰਗਨਾਈਜ਼ੇਸ਼ਨ ਭਾਵ ਐੱਫ਼ ਏ ਓ ਵੱਲੋਂ ਕਰਵਾਏ ਗਏ ਇਕ ਸਰਵੇ ਅਨੁਸਾਰ ਜੇਕਰ ਭਾਰਤ ਜਿਹੇ ਹੋਰ ਵਿਕਾਸਸ਼ੀਲ ਮੁਲਕਾਂ ਵਿਚ ਖੇਤੀ ਖੇਤਰ ਨਾਲ ਜੁੜੀਆਂ ਔਰਤਾਂ ਦੀ ਪੁਰਸ਼ਾਂ ਵਾਂਗ ਸਾਰੇ ਸਰੋਤਾਂ ਤੱਕ ਬਰਾਬਰ ਦੀ ਪਹੁੰਚ ਹੁੰਦੀ ਤਾਂ ਇਨ੍ਹਾਂ ਮੁਲਕਾਂ ਦੀ ਖੇਤੀ ਉਪਜ ਵਿਚ 20 ਤੋਂ 30 ਫ਼ੀਸਦੀ ਵਾਧਾ ਹੋ ਜਾਂਦਾ, ਜੋ ਕਿ ਇਨ੍ਹਾ ਮੁਲਕਾਂ ਅੰਦਰ ਪਸਰੀ ਭੁੱਖਮਰੀ ਨੂੰ ਖ਼ਤਮ ਕਰਨ ਦੇ ਕੰਮ ਆਉਂਦਾ। ਦੁਨੀਆ ਦੀ ਗੱਲ ਛੱਡ ਕੇ ਜੇਕਰ ਕੇਵਲ ਭਾਰਤ ਦੀ ਗੱਲ ਕੀਤੀ ਜਾਵੇ ਤਾਂ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਪੇਂਡੂ ਖੇਤਰ ਦੀਆਂ 70 ਫ਼ੀਸਦੀ ਤੋਂ ਵੱਧ ਔਰਤਾਂ ਕਿਸਾਨੀ ਨਾਲ ਜੁੜੀਆਂ ਹਨ, ਪਰ ਜ਼ਮੀਨ ਦੀ ਮਲਕੀਅਤ ਕੇਵਲ 11 ਤੋਂ 14 ਫ਼ੀਸਦੀ ਹੀ ਔਰਤਾਂ ਦੇ ਨਾਂਅ ਹੈ। ਖੇਤੀ ਖੇਤਰ ਦੀਆਂ ਬੇਜ਼ਮੀਨ ਮਜ਼ਦੂਰ ਔਰਤਾਂ ਦੀ ਹਾਲਤ ਤਾਂ ਹੋਰ ਵੀ ਬਦਤਰ ਹੈ। ਐੱਫ਼ ਏ ਓ ਦਾ ਮੱਤ ਹੈ ਕਿ ਖੇਤੀ ਆਧਾਰਤ ਰੁਜ਼ਗਾਰ ਵਿਚ ਔਰਤਾਂ ਦੀ ਹਿੱਸੇਦਾਰੀ 48 ਫ਼ੀਸਦੀ ਹੈ, ਜਦੋਂ ਕਿ ਦੁਧਾਰੂ ਪਸ਼ੂਆਂ ਦੀ ਸਾਂਭ-ਸੰਭਾਲ ਨਾਲ ਸਿੱਧੇ ਤੌਰ 'ਤੇ ਜੁੜੀਆਂ ਹੋਈਆਂ ਔਰਤਾਂ ਦੀ ਹਿੱਸੇਦਾਰੀ 70 ਫ਼ੀਸਦੀ ਦੇ ਕਰੀਬ ਹੈ। ਸੋ ਮੁੱਕਦੀ ਗੱਲ ਹੈ ਕਿ ਕਿਸਾਨੀ ਅਤੇ ਕਿਸਾਨੀ ਨਾਲ ਜੁੜੇ ਡੇਅਰੀ ਜਿਹੇ ਸਹਾਇਕ ਧੰਦਿਆਂ ਨਾਲ ਜੁੜੀਆਂ ਪੇਂਡੂ ਖੇਤਰ ਦੀਆਂ ਔਰਤਾਂ ਦਾ ਯੋਗਦਾਨ ਵੱਡਾ ਅਤੇ ਮਹੱਤਵਪੂਰਨ, ਪਰ ਕਾਫੀ ਹੱਦ ਤੱਕ ਅਣਗੌਲਿਆ ਹੈ।

 # ਸੰਪਰਕ : 97816-46008

ਵਿਕਾਸ ਅਤੇ ਵਾਤਾਵਰਨ ਨੂੰ ਇਕੱਠੇ ਲੈ ਕੇ ਚੱਲਣ ਦੀ ਲੋੜ

ਲਾਡੀ ਜਗਤਾਰ

ਭਾਰਤ ਤੇਜ਼ੀ ਨਾਲ ਵਿਕਾਸ ਕਰ ਰਿਹਾ ਹੈ। ਨਵੀਆਂ ਸੜਕਾਂ, ਉਦਯੋਗ, ਸ਼ਹਿਰ, ਰੇਲਵੇ, ਬਿਜਲੀ ਪ੍ਰਾਜੈਕਟ ਅਤੇ ਹੋਰ ਬੁਨਿਆਦੀ ਢਾਂਚਾ ਦੇਸ਼ ਦੀ ਤਰੱਕੀ ਲਈ ਜ਼ਰੂਰੀ ਹਨ। ਵਿਕਾਸ ਤੋਂ ਬਿਨਾਂ ਰੁਜ਼ਗਾਰ, ਆਮਦਨ ਅਤੇ ਜੀਵਨ-ਮਿਆਰ ਵਿੱਚ ਸੁਧਾਰ ਸੰਭਵ ਨਹੀਂ, ਪਰ ਜੇ ਵਿਕਾਸ ਦੀ ਕੀਮਤ ਸਾਫ਼ ਹਵਾ, ਪਾਣੀ, ਉਪਜਾਊ ਮਿੱਟੀ ਅਤੇ ਜੰਗਲਾਂ ਦੀ ਤਬਾਹੀ ਦੇ ਰੂਪ ਵਿੱਚ ਚੁਕਾਉਣੀ ਪਵੇ ਤਾਂ ਅਜਿਹੇ ਵਿਕਾਸ ਬਾਰੇ ਸੋਚਣਾ ਪਵੇਗਾ। ਅਸਲ ਚੁਣੌਤੀ ਵਿਕਾਸ ਨੂੰ ਰੋਕਣ ਦੀ ਨਹੀਂ, ਸਗੋਂ ਵਿਕਾਸ ਅਤੇ ਵਾਤਾਵਰਨ ਨੂੰ ਇਕੱਠੇ ਲੈ ਕੇ ਚੱਲਣ ਦੀ ਹੈ।

2026 ਦੇ ਵਾਤਾਵਰਨ ਕਾਰਗੁਜ਼ਾਰੀ ਸੂਚਕ ਅੰਕ ਵਿੱਚ 177 ਦੇਸ਼ਾਂ ਵਿੱਚ ਭਾਰਤ 176ਵੇਂ ਸਥਾਨ 'ਤੇ ਹੈ ਅਤੇ ਇਸ ਦਾ ਕੁੱਲ ਅੰਕ 22.46 ਹੈ। ਵਾਤਾਵਰਨ ਸਿਹਤ ਦੇ ਪੱਖੋਂ ਭਾਰਤ ਦੀ ਦਰਜਾਬੰਦੀ 174ਵੀਂ ਅਤੇ ਹਵਾ ਦੀ ਗੁਣਵੱਤਾ ਦੇ ਪੱਖੋਂ 175ਵੀਂ ਹੈ। ਹਵਾ ਦੀ ਗੁਣਵੱਤਾ ਦਾ ਅੰਕ 7.89 ਦਰਜ ਕੀਤਾ ਗਿਆ ਹੈ। ਇਹ ਸਥਿਤੀ ਦਰਸਾਉਂਦੀ ਹੈ ਕਿ ਆਰਥਿਕ ਵਿਕਾਸ ਦੇ ਨਾਲ ਵਾਤਾਵਰਨੀ ਪ੍ਰਬੰਧ ਨੂੰ ਮਜ਼ਬੂਤ ਕਰਨਾ ਵੀ ਬਹੁਤ ਜ਼ਰੂਰੀ ਹੈ।

ਹਵਾ ਪ੍ਰਦੂਸ਼ਣ ਅੱਜ ਦੇਸ਼ ਸਾਹਮਣੇ ਵੱਡੀ ਚੁਣੌਤੀ ਹੈ। 'ਸਟੇਟ ਆਫ਼ ਗਲੋਬਲ ਏਅਰ' ਦੀ 2025 ਦੀ ਰਿਪੋਰਟ ਅਨੁਸਾਰ 2023 ਵਿੱਚ ਦੁਨੀਆ ਭਰ ਵਿੱਚ ਲਗਭਗ 79 ਲੱਖ ਮੌਤਾਂ ਹਵਾ ਪ੍ਰਦੂਸ਼ਣ ਨਾਲ ਜੁੜੀਆਂ ਸਨ। ਭਾਰਤ ਵਿੱਚ ਵੀ ਹਵਾ ਪ੍ਰਦੂਸ਼ਣ ਨਾਲ ਜੁੜੀਆਂ ਮੌਤਾਂ ਦੀ ਗਿਣਤੀ 20 ਲੱਖ ਤੋਂ ਵੱਧ ਦੱਸੀ ਗਈ ਹੈ। ਵਾਹਨਾਂ ਦਾ ਧੂੰਆਂ, ਉਦਯੋਗਿਕ ਨਿਕਾਸ, ਕੋਲੇ ਦੀ ਵਰਤੋਂ, ਨਿਰਮਾਣ ਕਾਰਜਾਂ ਦੀ ਧੂੜ, ਕੂੜਾ ਸਾੜਨਾ ਅਤੇ ਖੇਤੀਬਾੜੀ ਦੀ ਰਹਿੰਦ-ਖੂੰਹਦ ਸਾੜਨਾ ਇਸ ਸਮੱਸਿਆ ਦੇ ਮੁੱਖ ਕਾਰਨਾਂ ਵਿੱਚ ਹਨ।

ਹਵਾ ਪ੍ਰਦੂਸ਼ਣ ਦਾ ਹੱਲ ਕਿਸੇ ਇੱਕ ਵਰਗ ਨੂੰ ਦੋਸ਼ੀ ਠਹਿਰਾਉਣ ਨਾਲ ਨਹੀਂ ਹੋ ਸਕਦਾ। ਸ਼ਹਿਰਾਂ ਵਿੱਚ ਜਨਤਕ ਆਵਾਜਾਈ ਨੂੰ ਮਜ਼ਬੂਤ ਕਰਨਾ, ਬਿਜਲੀ ਨਾਲ ਚੱਲਣ ਵਾਲੇ ਵਾਹਨਾਂ ਨੂੰ ਉਤਸ਼ਾਹਤ ਕਰਨਾ, ਉਦਯੋਗਾਂ ਦੇ ਨਿਕਾਸ ਦੀ ਨਿਗਰਾਨੀ ਕਰਨੀ ਅਤੇ ਨਿਰਮਾਣ ਸਥਾਨਾਂ 'ਤੇ ਧੂੜ ਰੋਕਣ ਦੇ ਪ੍ਰਬੰਧ ਕਰਨੇ ਪੈਣਗੇ। ਕਿਸਾਨਾਂ ਨੂੰ ਫ਼ਸਲੀ ਰਹਿੰਦ-ਖੂੰਹਦ ਦੇ ਪ੍ਰਬੰਧ ਲਈ ਮਸ਼ੀਨਾਂ, ਆਰਥਿਕ ਸਹਾਇਤਾ ਅਤੇ ਵਿਕਲਪ ਮੁਹੱਈਆ ਕਰਵਾਉਣੇ ਚਾਹੀਦੇ ਹਨ।

ਪਾਣੀ ਦਾ ਸੰਕਟ ਵੀ ਵਿਕਾਸ ਲਈ ਵੱਡੀ ਚੁਣੌਤੀ ਬਣ ਰਿਹਾ ਹੈ। ਕੇਂਦਰੀ ਭੂ-ਜਲ ਬੋਰਡ ਦੀ 2024 ਦੀ ਰਿਪੋਰਟ ਅਨੁਸਾਰ ਭਾਰਤ ਵਿੱਚ ਸਾਲਾਨਾ 245.64 ਅਰਬ ਘਣ ਮੀਟਰ ਭੂ-ਜਲ ਕੱਢਿਆ ਗਿਆ ਅਤੇ ਔਸਤ ਭੂ-ਜਲ ਕੱਢਣ ਦਾ ਪੱਧਰ 60.47 ਫ਼ੀਸਦੀ ਰਿਹਾ। ਪੰਜਾਬ ਦੀ ਸਥਿਤੀ ਹੋਰ ਵੀ ਚਿੰਤਾਜਨਕ ਹੈ। 2025 ਦੇ ਮੁਲਾਂਕਣ ਅਨੁਸਾਰ ਪੰਜਾਬ ਵਿੱਚ ਸਾਲਾਨਾ ਭੂ-ਜਲ ਕੱਢਣ ਦੀ ਮਾਤਰਾ 26.27 ਅਰਬ ਘਣ ਮੀਟਰ ਅਤੇ ਕੱਢਣ ਦਾ ਪੱਧਰ 156.36 ਫ਼ੀਸਦੀ ਹੈ। ਪੰਜਾਬ ਦੀਆਂ 153 ਮੁਲਾਂਕਣ ਇਕਾਈਆਂ ਵਿੱਚੋਂ 111, ਭਾਵ 72.55 ਫ਼ੀਸਦੀ, ਅਤਿ-ਸ਼ੋਸ਼ਿਤ ਸ਼੍ਰੇਣੀ ਵਿੱਚ ਹਨ।

ਇਨ੍ਹਾਂ ਅੰਕੜਿਆਂ ਤੋਂ ਸਪੱਸ਼ਟ ਹੈ ਕਿ ਪੰਜਾਬ ਵਿੱਚ ਪਾਣੀ ਦੀ ਸੰਭਾਲ ਹੁਣ ਭਵਿੱਖ ਦੀ ਨਹੀਂ, ਅੱਜ ਦੀ ਲੋੜ ਹੈ। ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਘਟਾਉਣ ਲਈ ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹਤ ਕਰਨਾ, ਘੱਟ ਪਾਣੀ ਵਾਲੀਆਂ ਫ਼ਸਲਾਂ ਵੱਲ ਜਾਣਾ, ਤੁਪਕਾ ਅਤੇ ਫੁਹਾਰਾ ਸਿੰਚਾਈ ਵਧਾਉਣਾ ਅਤੇ ਮੀਂਹ ਦੇ ਪਾਣੀ ਨੂੰ ਸੰਭਾਲਣਾ ਜ਼ਰੂਰੀ ਹੈ। ਪਿੰਡਾਂ ਦੇ ਛੱਪੜਾਂ ਨੂੰ ਮੁੜ ਜੀਵਿਤ ਕਰਨ ਅਤੇ ਘਰਾਂ, ਸਕੂਲਾਂ ਤੇ ਸਰਕਾਰੀ ਇਮਾਰਤਾਂ ਵਿੱਚ ਵਰਖਾ-ਜਲ ਸੰਭਾਲ ਦੇ ਪ੍ਰਬੰਧ ਕਰਨ ਦੀ ਵੀ ਲੋੜ ਹੈ।

ਸ਼ਹਿਰਾਂ ਵਿੱਚ ਗੰਦੇ ਪਾਣੀ ਦੀ ਸਮੱਸਿਆ ਵੀ ਗੰਭੀਰ ਹੈ। ਕੇਂਦਰੀ ਪ੍ਰਦੂਸ਼ਣ ਨਿਯੰਤਰਣ ਬੋਰਡ ਦੇ 2021 ਦੇ ਅੰਕੜਿਆਂ ਅਨੁਸਾਰ ਭਾਰਤ ਦੇ ਸ਼ਹਿਰੀ ਖੇਤਰਾਂ ਵਿੱਚ ਹਰ ਰੋਜ਼ 72,368 ਮਿਲੀਅਨ ਲੀਟਰ ਪ੍ਰਤੀ ਦਿਨ ਸੀਵਰੇਜ ਪੈਦਾ ਹੁੰਦਾ ਸੀ, ਜਦਕਿ ਉਪਲੱਬਧ ਸੋਧ ਸਮਰੱਥਾ 31,841 ਮਿਲੀਅਨ ਲੀਟਰ ਪ੍ਰਤੀ ਦਿਨ ਸੀ। ਇਸ ਲਈ ਦਰਿਆਵਾਂ ਦੀ ਸਫ਼ਾਈ ਦੇ ਨਾਲ ਸ਼ਹਿਰਾਂ ਵਿੱਚ ਗੰਦੇ ਪਾਣੀ ਦੀ ਸੋਧ ਸਮਰੱਥਾ ਵਧਾਉਣੀ ਅਤੇ ਸੋਧੇ ਪਾਣੀ ਦੀ ਮੁੜ ਵਰਤੋਂ ਯਕੀਨੀ ਬਣਾਉਣੀ ਪਵੇਗੀ।

ਮਿੱਟੀ ਸਾਡੀ ਖੇਤੀਬਾੜੀ ਦੀ ਅਸਲ ਪੂੰਜੀ ਹੈ। ਭਾਰਤੀ ਖੇਤੀਬਾੜੀ ਖੋਜ ਸੰਸਥਾ ਨਾਲ ਸੰਬੰਧਤ ਅਧਿਐਨਾਂ ਅਨੁਸਾਰ ਦੇਸ਼ ਵਿੱਚ ਲਗਭਗ 120.7 ਮਿਲੀਅਨ ਹੈਕਟੇਅਰ, ਭਾਵ ਕਰੀਬ 36.6 ਫ਼ੀਸਦੀ ਭੂਮੀ, ਕਿਸੇ ਨਾ ਕਿਸੇ ਰੂਪ ਵਿੱਚ ਖ਼ਰਾਬ ਹੋ ਚੁੱਕੀ ਹੈ। ਮਿੱਟੀ ਦਾ ਕਟਾਅ, ਪਾਣੀ ਦੀ ਘਾਟ, ਬੇਤਰਤੀਬ ਖੇਤੀ ਅਤੇ ਰਸਾਇਣਕ ਪਦਾਰਥਾਂ ਦੀ ਅਤਿਅਧਿਕ ਵਰਤੋਂ ਇਸ ਸਮੱਸਿਆ ਨੂੰ ਵਧਾਉਂਦੇ ਹਨ। ਮਿੱਟੀ ਬਚਾਉਣ ਲਈ ਫ਼ਸਲੀ ਵਿਭਿੰਨਤਾ, ਹਰੀ ਖਾਦ, ਜੈਵਿਕ ਪਦਾਰਥਾਂ ਦੀ ਵਰਤੋਂ ਅਤੇ ਫ਼ਸਲੀ ਰਹਿੰਦ-ਖੂੰਹਦ ਨੂੰ ਸਾੜਨ ਦੀ ਥਾਂ ਖੇਤ ਵਿੱਚ ਮਿਲਾਉਣ ਵਰਗੇ ਉਪਰਾਲੇ ਕਰਨੇ ਪੈਣਗੇ।

ਜੰਗਲ ਵਾਤਾਵਰਨ ਦਾ ਕੁਦਰਤੀ ਕਵਚ ਹਨ। ਭਾਰਤ ਜੰਗਲ ਸਥਿਤੀ ਰਿਪੋਰਟ 2023 ਅਨੁਸਾਰ ਦੇਸ਼ ਦਾ ਕੁੱਲ ਜੰਗਲ ਅਤੇ ਰੁੱਖ ਆਵਰਨ 8,27,357 ਵਰਗ ਕਿਲੋਮੀਟਰ, ਭਾਵ ਭੂਗੋਲਿਕ ਖੇਤਰ ਦਾ 25.17 ਫ਼ੀਸਦੀ ਹੈ। ਇਸ ਵਿੱਚ ਜੰਗਲ ਆਵਰਨ 7,15,343 ਵਰਗ ਕਿਲੋਮੀਟਰ (21.76 ਫ਼ੀਸਦੀ) ਅਤੇ ਰੁੱਖ ਆਵਰਨ 1,12,014 ਵਰਗ ਕਿਲੋਮੀਟਰ (3.41 ਫ਼ੀਸਦੀ) ਹੈ, ਪਰ ਸਿਰਫ਼ ਰੁੱਖ ਲਗਾਉਣਾ ਹੀ ਕਾਫ਼ੀ ਨਹੀਂ। ਕੁਦਰਤੀ ਜੰਗਲਾਂ, ਜੰਗਲੀ ਜੀਵਾਂ ਦੇ ਆਵਾਸ ਅਤੇ ਸਥਾਨਕ ਰੁੱਖਾਂ ਦੀਆਂ ਕਿਸਮਾਂ ਨੂੰ ਬਚਾਉਣਾ ਵੀ ਜ਼ਰੂਰੀ ਹੈ।

ਕੂੜੇ ਦੀ ਸਮੱਸਿਆ ਵੀ ਵਿਕਾਸ ਦੇ ਨਾਲ ਵਧ ਰਹੀ ਹੈ। ਇਸ ਦਾ ਹੱਲ ਸਿਰਫ਼ ਕੂੜਾ ਇਕੱਠਾ ਕਰਕੇ ਬਾਹਰ ਸੁੱਟਣਾ ਨਹੀਂ ਹੈ। ਘਰ ਦੇ ਪੱਧਰ 'ਤੇ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖ ਕਰਨਾ, ਗਿੱਲੇ ਕੂੜੇ ਤੋਂ ਖਾਦ ਬਣਾਉਣਾ, ਪਲਾਸਟਿਕ ਦੀ ਵਰਤੋਂ ਘਟਾਉਣਾ ਅਤੇ ਮੁੜ-ਚੱਕਰੀਕਰਨ ਨੂੰ ਉਤਸ਼ਾਹਤ ਕਰਨਾ ਚਾਹੀਦਾ ਹੈ। ਕੂੜੇ ਨੂੰ ਸਮੱਸਿਆ ਦੀ ਥਾਂ ਸਰੋਤ ਵਜੋਂ ਦੇਖਣ ਨਾਲ ਵਾਤਾਵਰਨ ਦੀ ਰੱਖਿਆ ਦੇ ਨਾਲ ਰੁਜ਼ਗਾਰ ਦੇ ਮੌਕੇ ਵੀ ਪੈਦਾ ਹੋ ਸਕਦੇ ਹਨ।

ਊਰਜਾ ਦੇ ਖੇਤਰ ਵਿੱਚ ਭਾਰਤ ਨੇ ਮਹੱਤਵਪੂਰਨ ਤਰੱਕੀ ਕੀਤੀ ਹੈ। ਨਵੀਂ ਅਤੇ ਨਵਿਆਉਣਯੋਗ ਊਰਜਾ ਮੰਤਰਾਲੇ ਦੇ ਅੰਕੜਿਆਂ ਅਨੁਸਾਰ 31 ਜੁਲਾਈ 2026 ਤੱਕ ਭਾਰਤ ਦੀ ਕੁੱਲ ਨਵਿਆਉਣਯੋਗ ਊਰਜਾ ਸਮਰੱਥਾ 291.73 ਗੀਗਾਵਾਟ ਹੋ ਚੁੱਕੀ ਸੀ। ਇਸ ਵਿੱਚ ਸੂਰਜੀ ਊਰਜਾ ਦੀ ਸਮਰੱਥਾ 164.59 ਗੀਗਾਵਾਟ ਅਤੇ ਪੌਣ ਊਰਜਾ ਦੀ ਸਮਰੱਥਾ 58.14 ਗੀਗਾਵਾਟ ਸੀ।

ਹੁਣ ਲੋੜ ਹੈ ਕਿ ਹਰ ਵਿਕਾਸ ਯੋਜਨਾ ਵਿੱਚ ਵਾਤਾਵਰਨ ਨੂੰ ਸ਼ੁਰੂ ਤੋਂ ਹੀ ਸ਼ਾਮਲ ਕੀਤਾ ਜਾਵੇ। ਨਵੀਂ ਸੜਕ ਬਣਾਉਣ ਤੋਂ ਪਹਿਲਾਂ ਰੁੱਖਾਂ, ਜਲ ਸਰੋਤਾਂ ਅਤੇ ਕੁਦਰਤੀ ਪਾਣੀ ਦੇ ਰਾਹਾਂ ਦਾ ਅਧਿਐਨ ਹੋਵੇ। ਉਦਯੋਗ ਲਗਾਉਣ ਤੋਂ ਪਹਿਲਾਂ ਧੂੰਏਂ, ਗੰਦੇ ਪਾਣੀ ਅਤੇ ਕੂੜੇ ਦੇ ਪ੍ਰਬੰਧ ਦੀ ਪੱਕੀ ਯੋਜਨਾ ਬਣੇ। ਸ਼ਹਿਰਾਂ ਵਿੱਚ ਪਾਰਕ, ਹਰੇ ਖੇਤਰ, ਜਨਤਕ ਆਵਾਜਾਈ, ਪੈਦਲ ਰਾਹ ਅਤੇ ਵਰਖਾ-ਜਲ ਨਿਕਾਸੀ ਨੂੰ ਵਿਕਾਸ ਦਾ ਲਾਜ਼ਮੀ ਹਿੱਸਾ ਬਣਾਇਆ ਜਾਵੇ।

ਅੰਤ ਵਿੱਚ ਇਹ ਸਮਝਣਾ ਪਵੇਗਾ ਕਿ ਵਾਤਾਵਰਨ ਵਿਕਾਸ ਦੇ ਰਾਹ ਵਿੱਚ ਰੁਕਾਵਟ ਨਹੀਂ, ਸਗੋਂ ਵਿਕਾਸ ਦੀ ਬੁਨਿਆਦ ਹੈ। ਸਾਫ਼ ਹਵਾ ਤੋਂ ਬਿਨਾਂ ਸਿਹਤਮੰਦ ਜੀਵਨ, ਪਾਣੀ ਤੋਂ ਬਿਨਾਂ ਖੇਤੀ ਅਤੇ ਉਦਯੋਗ, ਉਪਜਾਊ ਮਿੱਟੀ ਤੋਂ ਬਿਨਾਂ ਖੁਰਾਕ ਸੁਰੱਖਿਆ ਅਤੇ ਜੰਗਲਾਂ ਤੋਂ ਬਿਨਾਂ ਕੁਦਰਤੀ ਸੰਤੁਲਨ ਕਾਇਮ ਨਹੀਂ ਰਹਿ ਸਕਦਾ। ਇਸ ਲਈ ਅਸਲ ਵਿਕਾਸ ਉਹੀ ਹੈ, ਜੋ ਅਰਥ ਵਿਵਸਥਾ ਨੂੰ ਮਜ਼ਬੂਤ ਕਰਨ ਦੇ ਨਾਲ ਕੁਦਰਤ ਦੀ ਰੱਖਿਆ ਵੀ ਕਰੇ।

ਵਿਕਾਸ ਦੀ ਦੌੜ ਜਾਰੀ ਰਹਿਣੀ ਚਾਹੀਦੀ ਹੈ, ਪਰ ਕੁਦਰਤ ਨੂੰ ਪਿੱਛੇ ਛੱਡ ਕੇ ਨਹੀਂ। ਸੜਕਾਂ ਅਤੇ ਇਮਾਰਤਾਂ ਦੇ ਨਾਲ ਦਰੱਖ਼ਤ, ਉਦਯੋਗਾਂ ਦੇ ਨਾਲ ਸਾਫ਼ ਪਾਣੀ, ਖੇਤੀ ਦੀ ਪੈਦਾਵਾਰ ਦੇ ਨਾਲ ਭੂ-ਜਲ ਦੀ ਸੰਭਾਲ ਅਤੇ ਆਰਥਿਕ ਤਰੱਕੀ ਦੇ ਨਾਲ ਸਿਹਤਮੰਦ ਵਾਤਾਵਰਨ ਵੀ ਚਾਹੀਦਾ ਹੈ। ਇਹੀ ਟਿਕਾਊ ਵਿਕਾਸ ਹੈ ਅਤੇ ਇਹੀ ਆਉਣ ਵਾਲੀਆਂ ਪੀੜ੍ਹੀਆਂ ਪ੍ਰਤੀ ਸਾਡੀ ਅਸਲ ਜ਼ਿੰਮੇਵਾਰੀ ਹੈ।

 # ਸੰਪਰਕ : 94636-03091

ਉਮੀਦਵਾਰਾਂ ਦੀ ਪਹਿਲੀ ਸੂਚੀ ਨੇ 'ਆਪ' 'ਚ ਫੁੱਟ ਦੀਆਂ ਅਫ਼ਵਾਹਾਂ ਨੂੰ ਬੇਬੁਨਿਆਦ ਸਾਬਿਤ ਕੀਤਾ : ਅਮਨ ਅਰੋੜਾ

ਪਾਰਟੀ ਆਗੂ ਤੇ ਵਰਕਰ ਇਕਜੁੱਟ ਹੋ ਕੇ ਲੋਕ ਸੇਵਾ 'ਚ ਜੁਟੇ, ਸਾਂਝੇ ਉਦੇਸ਼ ਤੇ ਲੋਕਾਂ ਪ੍ਰਤੀ ਜ਼ਿੰਮੇਵਾਰੀ ਸਭ ਤੋਂ ਅਹਿਮ



ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)

ਪੰਜਾਬ ਦੇ ਕੈਬਨਿਟ ਮੰਤਰੀ ਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਪਾਰਟੀ ਵੱਲੋਂ 40 ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕੀਤੇ ਜਾਣ ਨਾਲ ਵਿਰੋਧੀਆਂ ਵੱਲੋਂ ਪਾਰਟੀ ਵਿੱਚ ਫੁੱਟ ਤੇ ਵਿਧਾਇਕਾਂ ਦੇ ਪਾਰਟੀ ਛੱਡਣ ਸਬੰਧੀ ਫੈਲਾਈਆਂ ਜਾ ਰਹੀਆਂ ਅਫ਼ਵਾਹਾਂ ਬੇਬੁਨਿਆਦ ਸਾਬਿਤ ਹੋਈਆਂ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਆਗੂ ਤੇ ਵਰਕਰ ਪੂਰੀ ਤਰ੍ਹਾਂ ਇਕਜੁੱਟ ਹਨ ਅਤੇ ਲੋਕਾਂ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਂਦਿਆਂ ਲੋਕ ਸੇਵਾ ਵਿੱਚ ਜੁਟੇ ਹੋਏ ਹਨ।ਸਿਆਸੀ ਮੁੱਦਿਆਂ ਬਾਰੇ ਪੱਤਰਕਾਰਾਂ ਵੱਲੋਂ ਪੁੱਛੇ ਸਵਾਲਾਂ ਦੇ ਜਵਾਬ ਦਿੰਦਿਆਂ ਸ੍ਰੀ ਅਰੋੜਾ ਨੇ ਕਿਹਾ ਕਿ ਵਿਰੋਧੀਆਂ ਵੱਲੋਂ ਪਾਰਟੀ ਦੀ ਇਕਜੁੱਟਤਾ ਬਾਰੇ ਭਰਮ ਪੈਦਾ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਸਨ, ਪਰ ਪਹਿਲੀ ਸੂਚੀ ਦੇ ਐਲਾਨ ਨੇ ਇਨ੍ਹਾਂ ਚਰਚਾਵਾਂ ਨੂੰ ਵਿਰਾਮ ਲਗਾ ਦਿੱਤਾ ਹੈ।ਉਨ੍ਹਾਂ ਕਿਹਾ ਕਿ ਪਾਰਟੀ ਦੇ ਸਾਂਝੇ ਉਦੇਸ਼ ਤੇ ਪੰਜਾਬ ਦੇ ਲੋਕਾਂ ਪ੍ਰਤੀ ਜ਼ਿੰਮੇਵਾਰੀ ਉਨ੍ਹਾਂ ਲਈ ਸਭ ਤੋਂ ਅਹਿਮ ਹਨ।ਪਹਿਲੀ ਸੂਚੀ ਵਿੱਚ ਉਨ੍ਹਾਂ ਤੇ ਵਿੱਤ ਮੰਤਰੀ ਸ੍ਰੀ ਹਰਪਾਲ ਸਿੰਘ ਚੀਮਾ ਦੇ ਨਾਂ ਸ਼ਾਮਲ ਨਾ ਹੋਣ ਸਬੰਧੀ ਸਵਾਲ ਦਾ ਜਵਾਬ ਦਿੰਦਿਆਂ ਸ੍ਰੀ ਅਰੋੜਾ ਨੇ ਦੱਸਿਆ ਕਿ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦੀ ਮੀਟਿੰਗ ਦੌਰਾਨ ਉਨ੍ਹਾਂ ਦੋਵਾਂ ਨੇ ਖ਼ੁਦ ਬੇਨਤੀ ਕੀਤੀ ਸੀ ਕਿ ਉਨ੍ਹਾਂ ਦੀਆਂ ਉਮੀਦਵਾਰੀਆਂ ਦਾ ਐਲਾਨ ਬਾਅਦ ਵਿੱਚ ਕੀਤਾ ਜਾਵੇ ਤੇ ਪਹਿਲਾਂ ਹੋਰਨਾਂ ਮਿਹਨਤੀ ਸਾਥੀਆਂ ਦੇ ਨਾਵਾਂ ਦਾ ਐਲਾਨ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਇਸ ਫ਼ੈਸਲੇ ਨੂੰ ਲੈ ਕੇ ਕਿਸੇ ਕਿਸਮ ਦੀਆਂ ਕਿਆਸਅਰਾਈਆਂ ਲਗਾਉਣ ਦਾ ਕੋਈ ਆਧਾਰ ਨਹੀਂ ਹੈ।ਸਾਬਕਾ ਮੁੱਖ ਮੰਤਰੀ ਸ੍ਰੀ ਚਰਨਜੀਤ ਸਿੰਘ ਚੰਨੀ ਵੱਲੋਂ ਐਲਾਨੇ ਗਏ ਉਮੀਦਵਾਰਾਂ ਦੀ ਹਾਰ ਬਾਰੇ ਕੀਤੇ ਦਾਅਵੇ 'ਤੇ ਪ੍ਰਤੀਕਿਰਿਆ ਦਿੰਦਿਆਂ ਸ੍ਰੀ ਅਰੋੜਾ ਨੇ ਉਨ੍ਹਾਂ ਨੂੰ ਚੁਣੌਤੀ ਦਿੱਤੀ ਕਿ ਉਹ ਇਨ੍ਹਾਂ 40 ਹਲਕਿਆਂ ਵਿੱਚੋਂ ਆਪਣੀ ਪਸੰਦ ਦੇ ਕਿਸੇ ਵੀ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਵਿਰੁੱਧ ਚੋਣ ਲੜ ਕੇ ਲੋਕਾਂ ਦਾ ਫ਼ੈਸਲਾ ਦੇਖ ਲੈਣ।ਉਨ੍ਹਾਂ ਕਿਹਾ ਕਿ ਚੋਣਾਂ ਵਿੱਚ ਅੰਤਿਮ ਫ਼ੈਸਲਾ ਲੋਕਾਂ ਨੇ ਕਰਨਾ ਹੁੰਦਾ ਹੈ।ਸੁਨਾਮ ਹਲਕਾ ਛੱਡਣ ਜਾਂ ਪਾਰਟੀ ਬਦਲਣ ਦੀਆਂ ਚਰਚਾਵਾਂ ਨੂੰ ਮੁੱਢੋਂ ਖ਼ਾਰਜ ਕਰਦਿਆਂ ਸ੍ਰੀ ਅਰੋੜਾ ਨੇ ਕਿਹਾ ਕਿ ਸੁਨਾਮ ਨਾਲ ਉਨ੍ਹਾਂ ਦੀ ਸਾਂਝ ਪਰਿਵਾਰਕ ਤੇ ਭਾਵਨਾਤਮਕ ਹੈ।ਉਨ੍ਹਾਂ ਦੱਸਿਆ ਕਿ ਸਾਲ 2000 ਵਿੱਚ ਪਿਤਾ ਜੀ ਦੇ ਅਕਾਲ ਚਲਾਣੇ ਤੋਂ ਬਾਅਦ ਲੰਮਾ ਸੰਘਰਸ਼ ਕਰਨ ਤੇ ਚੋਣਾਂ ਵਿੱਚ ਹਾਰਾਂ ਦਾ ਸਾਹਮਣਾ ਕਰਨ ਦੇ ਬਾਵਜੂਦ ਉਨ੍ਹਾਂ ਨੇ ਸੁਨਾਮ ਵਾਸੀਆਂ ਨਾਲ ਆਪਣਾ ਨਾਤਾ ਕਦੇ ਨਹੀਂ ਤੋੜਿਆ। ਉਨ੍ਹਾਂ ਕਿਹਾ ਕਿ ਸੁਨਾਮ ਮੇਰਾ ਆਪਣਾ ਪਰਿਵਾਰ ਹੈ ਤੇ ਜਿੰਨੀ ਦੇਰ ਮੇਰੇ ਸਾਹ ਚੱਲਦੇ ਹਨ, ਮੈਂ ਹਲਕੇ ਦੇ ਲੋਕਾਂ ਦੀ ਸੇਵਾ ਕਰਦਾ ਰਹਾਂਗਾ।ਮਾਨਸਾ ਵਿਖੇ ਪਰਵਿੰਦਰ ਸਿੰਘ ਝੋਟਾ ਦੀ ਮੌਤ ਨੂੰ ਮੰਦਭਾਗਾ ਕਰਾਰ ਦਿੰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪਰਵਾਰ ਦੀ ਮੰਗ ਅਨੁਸਾਰ ਸਰਕਾਰ ਵੱਲੋਂ ਸੀਬੀਆਈ ਜਾਂਚ ਦੀ ਸਿਫ਼ਾਰਸ਼ ਕੀਤੀ ਗਈ ਹੈ ਤੇ ਇੱਕ ਉੱਚ ਪੱਧਰੀ ਕਮੇਟੀ ਵੀ ਗਠਿਤ ਕੀਤੀ ਗਈ ਹੈ।ਉਨ੍ਹਾਂ ਪਰਵਾਰ ਨੂੰ ਅਪੀਲ ਕੀਤੀ ਕਿ ਮ੍ਰਿਤਕ ਦੇਹ ਦਾ ਸਤਿਕਾਰ ਸਹਿਤ ਸਸਕਾਰ ਕੀਤਾ ਜਾਵੇ ਤੇ ਹੋਰਨਾਂ ਮਸਲਿਆਂ ਦੇ ਹੱਲ ਲਈ ਸਰਕਾਰ ਤੇ ਪ੍ਰਸ਼ਾਸਨ ਨਾਲ ਗੱਲਬਾਤ ਜਾਰੀ ਰੱਖੀ ਜਾਵੇ।ਉਨ੍ਹਾਂ ਦੁਹਰਾਇਆ ਕਿ ਨਸ਼ਿਆਂ ਵਿਰੁੱਧ ਪੰਜਾਬ ਸਰਕਾਰ ਦੀ ਮੁਹਿੰਮ ਪੂਰੀ ਸਖ਼ਤੀ ਨਾਲ ਜਾਰੀ ਰਹੇਗੀ।

ਕੇਂਦਰ ਸਰਕਾਰ ਦੀਆਂ ਨੀਤੀਆਂ ਦੀ ਆਲੋਚਨਾ ਕਰਦਿਆਂ ਸ੍ਰੀ ਅਰੋੜਾ ਨੇ ਦੋਸ਼ ਲਾਇਆ ਕਿ ਖੇਤੀ ਕਾਨੂੰਨਾਂ ਤੋਂ ਲੈ ਕੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਤੇ ਪੰਜਾਬ ਯੂਨੀਵਰਸਿਟੀ ਨਾਲ ਸਬੰਧਤ ਮਾਮਲਿਆਂ ਤੱਕ ਪੰਜਾਬ ਦੇ ਹਿੱਤਾਂ ਨੂੰ ਨਜ਼ਰਅੰਦਾਜ਼ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪੇਂਡੂ ਵਿਕਾਸ ਫੰਡ ਦੇ 1,000 ਕਰੋੜ ਰੁਪਏ ਤੋਂ ਵੱਧ ਦੇ ਫੰਡ ਰੋਕੇ ਜਾਣ ਨਾਲ ਵੀ ਪੰਜਾਬ ਦੇ ਹੱਕਾਂ ਨੂੰ ਢਾਹ ਲੱਗੀ ਹੈ।ਸ੍ਰੀ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਹਿੱਤਾਂ ਤੇ ਬਣਦੇ ਹੱਕਾਂ ਦੀ ਰਾਖੀ ਲਈ ਆਪਣੀ ਆਵਾਜ਼ ਬੁਲੰਦ ਕਰਦੀ ਰਹੇਗੀ।ਉਨ੍ਹਾਂ ਦੁਹਰਾਇਆ ਕਿ ਲੋਕ ਸੇਵਾ, ਪਾਰਟੀ ਦੀ ਇਕਜੁੱਟਤਾ ਤੇ ਪੰਜਾਬ ਦੇ ਹੱਕਾਂ ਦੀ ਪੈਰਵੀ ਉਨ੍ਹਾਂ ਦੀਆਂ ਪ੍ਰਮੁੱਖ ਤਰਜੀਹਾਂ ਹਨ।

ਪੰਜ ਕਿਸਾਨ ਸੰਗਠਨਾਂ ਵੱਲੋਂ ਹਰਿਆਣਾ ਦੇ ਮੁੱਖ ਮੰਤਰੀ ਦਾ ਵਿਰੋਧ

ਦਿੱਲੀ ਜਾਂਦੇ ਕਿਸਾਨਾਂ ਨੂੰ ਸੜਕਾਂ 'ਚ ਕੰਧਾਂ ਖੜੀਆਂ ਕਰਨ ਤੇ ਕਿੱਲਾਂ ਲਾ ਕੇ ਰੋਕਣ ਵਾਲੇ ਮੁੱਖ ਮੰਤਰੀ ਸੈਣੀ ਦਾ ਪੰਜਾਬ 'ਚ ਵੜਨਾ ਕਰਾਂਗੇ ਬੰਦ : ਜਗਮੋਹਣ ਕੰਗ



ਮੋਗਾ (ਇਕਬਾਲ ਸਿੰਘ ਖਹਿਰਾ)

ਪੰਜਾਬ ਦੇ ਵੱਖ-ਵੱਖ ਕਿਸਾਨ ਸੰਗਠਨਾਂ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਸਮਾਗਮਾਂ ਦੇ ਵਿਰੋਧ ਕਰਨ ਦਾ ਐਲਾਨ ਕੀਤਾ ਹੈ।ਇਸ ਪ੍ਰੋਗਰਾਮ ਦੀ ਪਹਿਲ ਕਰਦਿਆਂ ਪੰਜ ਕਿਸਾਨ ਸੰਗਠਨਾਂ ਵੱਲੋਂ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਧਰਮਕੋਟ ਵਿਖੇ ਸੁਰਜੀਤ ਸਿੰਘ ਦੀ ਅਗਵਾਈ ਵਿੱਚ ਡੱਟਵਾਂ ਵਿਰੋਧ ਗਿਆ ਤੇ ਪੰਜ ਕਿਸਾਨ ਸੰਗਠਨਾਂ ਵੱਲੋਂ ਨਾਇਬ ਸਿੰਘ ਸੈਣੀ ਦੇ ਸਮਾਗਮ ਨੂੰ ਪੰਜਾਬ ਲਈ ਘਾਤਕ ਕਰਾਰ ਦਿੰਦਿਆਂ ਕਿਹਾ ਕਿ ਇਹ ਸਿਰਫ਼ ਭਾਜਪਾ ਵੱਲੋਂ ਸੱਤਾ ਹਥਿਆਉਣ ਦਾ ਇੱਕ ਕੋਝਾ ਹੱਥਕੰਡਾ ਹੈ, ਜਦੋਂ ਕਿ ਭਾਜਪਾ ਸਰਕਾਰ ਕਿਸਾਨਾਂ ਨਾਲ ਹਰ ਫਰੰਟ ਉੱਪਰ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ।ਬੀ.ਕੇ.ਯੂ. ਕਰਾਂਤੀਕਾਰੀ ਦੇ ਆਗੂਆਂ ਜਗਮੋਹਨ ਸਿੰਘ ਜ਼ਿਲ੍ਹਾ ਪ੍ਰਧਾਨ, ਬੀਕੇਯੂ ਬਹਿਰਾਮਕੇ ਦੀ ਅਗਵਾਈ ਹੇਠ ਹੋਈ ਇੱਕ ਮੀਟਿੰਗ ਵਿੱਚ ਬਲਵੰਤ ਸਿੰਘ ਸੂਬਾ ਪ੍ਰਧਾਨ, ਬੀਕੇਯੂ ਏਕਤਾ ਆਜ਼ਾਦ ਲਖਵੀਰ ਸਿੰਘ ਸੂਬਾ ਆਗੂ, ਕੇ.ਐੱਮ.ਐੱਮ ਜਥੇਬੰਦੀ ਵੱਲੋਂ ਗੁਰਦੇਵ ਸਿੰਘ ਸੂਬਾ ਮੀਤ ਪ੍ਰਧਾਨ, ਬੀਕੇਯੂ ਦੁਆਬਾ ਨੇ ਇੱਕ ਸੁਰ ਹੁੰਦਿਆਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਹੁਣ ਪੰਜਾਬ ਵਿੱਚ ਸੱਤਾ ਹਥਿਆਉਣ ਦੀ ਫਿਰਾਕ ਵਿੱਚ ਹੈ, ਪਰ ਪੰਜਾਬ ਦੇ ਕਿਸਾਨ ਇਸ ਨੂੰ ਕਦੇ ਵੀ ਸਫਲ ਨਹੀਂ ਹੋਣ ਦੇਣਗੇ।ਕਿਸਾਨ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਅਣਗੌਲਿਆ ਕੀਤਾ ਜਾ ਰਿਹਾ ਹੈ, ਜਿਸ ਕਾਰਨ ਹਰ ਰੋਜ਼ ਕਿਸਾਨ ਆਰਥਿਕ ਮੰਦਹਾਲੀ ਦਾ ਸ਼ਿਕਾਰ ਹੋ ਰਹੇ ਹਨ।ਆਗੂਆਂ ਨੇ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਆਪਣਾ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ ਤੇ ਇਹ ਸਰਕਾਰਾਂ ਦੇਸ਼ ਦੇ ਕਾਨੂੰਨ ਨੂੰ ਛਿੱਕੇ ਟੰਗ ਕੇ ਧੱਕੇ ਨਾਲ ਉਨ੍ਹਾਂ ਨੂੰ ਜੇਲ੍ਹਾਂ ਵਿੱਚ ਡੱਕ ਕੇ ਰੱਖ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਕਿਸੇ ਵੀ ਕੀਮਤ 'ਤੇ ਅਜਿਹੀਆਂ ਹਰਕਤਾਂ ਨੂੰ ਬਰਦਾਸ਼ਤ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਕੇਂਦਰ ਦੀ ਤਰਜ਼ 'ਤੇ ਹੀ ਹਰਿਆਣਾ ਤੇ ਪੰਜਾਬ ਦੀਆਂ ਸਰਕਾਰਾਂ ਚੱਲ ਰਹੀਆਂ ਹਨ।ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰਾਂ ਨੇ ਕਿਸਾਨਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਆਉਣ ਵਾਲੇ ਦਿਨਾਂ ਵਿੱਚ ਤਿੱਖੇ ਸੰਘਰਸ਼ ਵਿੱਢੇ ਜਾਣਗੇ।

ਮਨਿਸਟੀਰੀਅਲ ਸਟਾਫ ਯੂਨੀਅਨ ਵੱਲੋਂ 5 ਤੇ 6 ਨੂੰ ਕਲਮ ਛੋੜ ਤੇ ਕੰਪਿਊਟਰ ਬੰਦ ਹੜਤਾਲ

ਮੋਗਾ (ਇਕਬਾਲ ਸਿੰਘ ਖਹਿਰਾ)-ਪੰਜਾਬ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਤੇ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਦਫ਼ਤਰੀ ਕਾਮਿਆਂ ਦੀਆਂ ਹੱਕੀ ਮੰਗਾਂ ਨੂੰ ਅਣਗੌਲਿਆ ਕਰਨ ਦੇ ਰੋਸ ਵਿਚਾਲੇ ਡੀ. ਸੀ. ਦਫ਼ਤਰ ਮੋਗਾ ਵਿਖੇ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਦੀ ਇੱਕ ਅਹਿਮ ਮੀਟਿੰਗ ਸੂਬਾ ਪ੍ਰਧਾਨ ਗੁਰਨਾਮ ਸਿੰਘ ਵਿਰਕ ਤੇ ਜਨਰਲ ਸਕੱਤਰ ਤਰਸੇਮ ਸਿੰਘ ਭੱਠਲ ਦੀ ਅਗਵਾਈ ਹੇਠ ਹੋਈ।ਇਸ ਮੀਟਿੰਗ ਵਿੱਚ ਸਰਕਾਰ ਖ਼ਿਲਾਫ਼ ਸੰਘਰਸ਼ ਨੂੰ ਹੋਰ ਤੇਜ਼ ਕਰਨ ਦਾ ਅਹਿਦ ਲਿਆ ਗਿਆ।ਮੀਟਿੰਗ ਦੌਰਾਨ ਲਏ ਗਏ ਫ਼ੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਸੂਬਾ ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ ਖੱਟੜਾ ਤੇ ਪਰਪਾਲ ਸਿੰਘ ਨੇ ਦੱਸਿਆ ਕਿ ਸਰਕਾਰ ਦੇ ਅੜੀਅਲ ਰਵੱਈਏ ਤੋਂ ਅੱਕ ਕੇ ਯੂਨੀਅਨ ਵੱਲੋਂ ਵੱਡਾ ਐਕਸ਼ਨ ਪ੍ਰੋਗਰਾਮ ਉਲੀਕਿਆ ਗਿਆ ਹੈ।

ਯੂਨੀਅਨ ਆਗੂਆਂ ਨੇ ਕਿਹਾ ਕਿ ਸਾਂਝੀ ਤਾਲਮੇਲ ਕਮੇਟੀ, ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਵੱਲੋਂ ਦਿੱਤੇ ਗਏ ਸੰਘਰਸ਼ੀ ਸੱਦੇ ਨੂੰ ਪੂਰਨ ਤੌਰ 'ਤੇ ਸਫ਼ਲ ਬਣਾਉਣ ਤੇ ਦਫਤਰੀ ਅਮਲੇ ਦੀਆਂ ਮੰਗਾਂ ਲਈ ਸੰਘਰਸ਼ ਦੀ ਅਗਲੀ ਰੂਪ-ਰੇਖਾ ਤਿਆਰ ਕੀਤੀ ਗਈ, ਜਿਸ ਵਿੱਚ ਸੰਘਰਸ਼ ਦਾ ਅਗਲਾ ਐਕਸ਼ਨ ਪਲਾਨ ਤਿਆਰ ਕਰਦੇ ਹੋਏ 3 ਨਵੰਬਰ ਨੂੰ ਜ਼ਿਲ੍ਹਾ ਪੱਧਰੀ ਗੇਟ ਰੈਲੀਆਂ ਤੇ 4 ਨਵੰਬਰ ਨੂੰ ਜ਼ਿਲ੍ਹਾ ਪੱਧਰ 'ਤੇ ਵਿਸ਼ਾਲ ਗੇਟ ਰੈਲੀਆਂ ਕੀਤੀਆਂ ਜਾਣਗੀਆਂ ਅਤੇ ਮੁੱਖ ਮੰਤਰੀ, ਵਿੱਤ ਮੰਤਰੀ ਤੇ ਮੁੱਖ ਸਕੱਤਰ, ਪੰਜਾਬ ਸਰਕਾਰ ਦੇ ਪੁਤਲੇ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਜੇਕਰ ਫਿਰ ਵੀ ਸਰਕਾਰ ਮੰਗਾਂ ਦੀ ਪੂਰਤੀ ਨਹੀਂ ਕਰਦੀ ਤਾਂ 5 ਤੇ 6 ਨਵੰਬਰ ਨੂੰ ਸੂਬੇ ਭਰ ਦੇ ਸਰਕਾਰੀ ਦਫ਼ਤਰਾਂ ਵਿੱਚ ਮੁਕੰਮਲ 'ਕਲਮ ਛੋੜ ਹੜਤਾਲ' ਕਰਕੇ ਕੰਪਿਊਟਰ ਬੰਦ ਰੱਖੇ ਜਾਣਗੇ ਤੇ ਮੁਕੰਮਲ ਕੰਮ ਠੱਪ ਕੀਤਾ ਜਾਵੇਗਾ।

ਯੂਨੀਅਨ ਆਗੂਆਂ ਨੇ ਸਮੂਹ ਸੂਬਾ ਅਹੁਦੇਦਾਰਾਂ, ਜ਼ਿਲ੍ਹਾ ਪ੍ਰਧਾਨਾਂ, ਜਨਰਲ ਸਕੱਤਰਾਂ ਤੇ ਵਿਭਾਗੀ ਕਮੇਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਮੁਲਾਜ਼ਮ ਏਕਤਾ ਦੀ ਤਾਕਤ ਦਿਖਾਉਂਦੇ ਹੋਏ ਇਸ ਸੰਘਰਸ਼ ਵਿੱਚ ਵੱਧ-ਚੜ੍ਹ ਕੇ ਹਿੱਸਾ ਲਿਆ ਜਾਵੇ ਤਾਂ ਜੋ ਸਰਕਾਰ ਨੂੰ ਹੱਕੀ ਮੰਗਾਂ ਮੰਨਣ ਲਈ ਮਜਬੂਰ ਕੀਤਾ ਜਾ ਸਕੇ।ਇਸ ਮੌਕੇ ਗੁਰਨਾਮ ਸਿੰਘ ਵਿਰਕ, ਤਰਸੇਮ ਸਿੰਘ ਭੱਠਲ, ਰਘਬੀਰ ਸਿੰਘ ਬਡਵਾਲ, ਤੇਜਿੰਦਰ ਸਿੰਘ ਨੰਗਲ, ਗੁਰਪ੍ਰੀਤ ਸਿੰਘ ਖੱਟੜਾ, ਸੰਗਤ ਰਾਮ, ਅਮਰਪ੍ਰੀਤ ਸਿੰਘ, ਪ੍ਰਧਾਨ ਪਰਮਪਾਲ ਸਿੰਘ ਮੋਗਾ, ਸੰਦੀਪ ਭੁੰਬਕ ਲੁਧਿਆਣਾ, ਪ੍ਰਧਾਨ ਕੁਲਦੀਪ ਸਿੰਘ ਮੋਗਾ, ਰਵੀਇੰਦਰ ਸਿੰਘ, ਅਮਨਜਿੰਦਰ ਸਿੰਘ ਆਦਿ ਹਾਜ਼ਰ ਸਨ।



ਕਾਤਰਾਂ

ਨੌਜਵਾਨ ਦੀ ਹੱਤਿਆ ਦੇ ਦੋਸ਼ 'ਚ 2 ਖ਼ਿਲਾਫ਼ ਮਾਮਲਾ ਦਰਜ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਨੇ ਦੋ ਵਿਅਕਤੀਆਂ ਖ਼ਿਲਾਫ਼ ਇੱਕ ਨੌਜਵਾਨ ਨੂੰ ਨਸ਼ੀਲਾ ਤੇ ਜ਼ਹਿਰੀਲਾ ਪਦਾਰਥ ਦੇ ਕੇ ਉਸ ਦੀ ਹੱਤਿਆ ਕਰਨ ਦੇ ਕਥਿਤ ਦੋਸ਼ ਵਿੱਚ ਮਾਮਲਾ ਦਰਜ ਕੀਤਾ ਹੈ। ਜਾਂਚ ਅਧਿਕਾਰੀ, ਸਹਾਇਕ ਸਬ-ਇੰਸਪੈਕਟਰ ਸ਼ਮੀਨਾ ਕੰਬੋਜ ਨੇ ਦੱਸਿਆ ਕਿ ਪਿੰਡ ਚੱਕ ਅਰਾਈਆਂਵਾਲਾ (ਫਲੀਆਂਵਾਲਾ) ਦੇ ਵਸਨੀਕ ਕਸ਼ਮੀਰ ਸਿੰਘ ਦੇ ਪੁੱਤਰ ਮਲਕੀਤ ਸਿੰਘ ਨੇ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਅਨੁਸਾਰ, ਉਸੇ ਪਿੰਡ ਦੇ ਰਹਿਣ ਵਾਲੇ ਰਾਜ ਕੁਮਾਰ ਪੁੱਤਰ ਦਰਸ਼ਨ ਸਿੰਘ ਤੇ ਮਦਨ ਸਿੰਘ ਪੁੱਤਰ ਜੀਤ ਸਿੰਘ ਨੇ ਉਸ ਦੇ 19 ਸਾਲਾ ਪੁੱਤਰ ਰੋਹਿਤ ਨੂੰ ਨਸ਼ੀਲਾ ਤੇ ਜ਼ਹਿਰੀਲਾ ਪਦਾਰਥ ਦੇ ਕੇ ਉਸ ਦੀ ਹੱਤਿਆ ਕਰ ਦਿੱਤੀ। ਪੁਲਸ ਨੇ ਮੁਲਜ਼ਮਾਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ।

ਮੁਫ਼ਤ ਅੱਖਾਂ ਦਾ ਚੈੱਕਅਪ ਕੈਂਪ ਅੱਜ

ਮੋਗਾ (ਇਕਬਾਲ ਸਿੰਘ ਖਹਿਰਾ)-ਪ੍ਰੇਮਸਰ ਦੁਆਰ ਗੁਰਮਤਿ ਪ੍ਰਚਾਰ ਸੇਵਾ ਦਲ (ਰਜਿ.) ਮੋਗਾ ਵੱਲੋਂ ਸੇਵਾ, ਸਿਮਰਨ ਤੇ ਮਨੁੱਖਤਾ ਦੀ ਭਲਾਈ ਲਈ ਮੁਫ਼ਤ ਅੱਖਾਂ ਦਾ ਚੈੱਕਅਪ ਕੈਂਪ 2 ਨਵੰਬਰ ਨੂੰ ਲਗਾਇਆ ਜਾ ਰਿਹਾ ਹੈ।ਇਹ ਕੈਂਪ ਗੁਰਦੁਆਰਾ ਬੀਬੀ ਕਾਹਨ ਕੌਰ ਮੇਨ ਬਾਜ਼ਾਰ ਮੋਗਾ ਵਿਖੇ ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਲਗਾਇਆ ਜਾਵੇਗਾ।ਕੈਂਪ ਦੌਰਾਨ ਮਾਹਰ ਅੱਖਾਂ ਦੇ ਡਾਕਟਰਾਂ ਵੱਲੋਂ ਮਰੀਜ਼ਾਂ ਦੀ ਮੁਫ਼ਤ ਜਾਂਚ ਕੀਤੀ ਜਾਵੇਗੀ।ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਐਨਕਾਂ ਤੇ ਦਵਾਈਆਂ ਵੀ ਦਿੱਤੀਆਂ ਜਾਣਗੀਆਂ।ਇਸ ਤੋਂ ਇਲਾਵਾ ਸੰਕਾਰਾ ਆਈ ਹਸਪਤਾਲ ਦੇ ਮਾਹਰ ਡਾਕਟਰਾਂ ਵੱਲੋਂ ਅੱਖਾਂ ਦੀ ਜਾਂਚ ਕਰਕੇ ਲੋੜੀਂਦੀ ਡਾਕਟਰੀ ਸਲਾਹ ਦਿੱਤੀ ਜਾਵੇਗੀ।ਪ੍ਰਬੰਧਕਾਂ ਨੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਇਸ ਮੁਫ਼ਤ ਸਿਹਤ ਸੇਵਾ ਦਾ ਲਾਭ ਲਿਆ ਜਾਵੇ।

ਹੈਰੋਇਨ ਸਮੇਤ ਕਾਬੂ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਨੇ 2 ਗ੍ਰਾਮ ਹੈਰੋਇਨ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਜਾਂਚ ਅਧਿਕਾਰੀ ਸਹਾਇਕ ਸਬ-ਇੰਸਪੈਕਟਰ ਸਚਿਨ ਵਰਮਾ ਨੇ ਦੱਸਿਆ ਕਿ ਜਦੋਂ ਉਹ ਤੇ ਉਨ੍ਹਾਂ ਦੀ ਟੀਮ ਸ਼ੱਕੀ ਵਿਅਕਤੀਆਂ ਦੀ ਭਾਲ ਵਿੱਚ ਥਾਣਾ ਸਦਰ ਜਲਾਲਾਬਾਦ ਅਧੀਨ ਆਉਂਦੇ ਇਲਾਕੇ ਵਿੱਚ ਗਸ਼ਤ ਕਰ ਰਹੇ ਸਨ, ਤਾਂ ਉਨ੍ਹਾਂ ਸੁਖੇਰਾ ਬੋਦਲਾ ਤੋਂ ਢਾਣੀ ਟਾਹਲੀਵਾਲਾ ਵੱਲ ਜਾਣ ਵਾਲੇ ਰਸਤੇ 'ਤੇ ਇੱਕ ਵਿਅਕਤੀ ਨੂੰ ਖੜ੍ਹੇ ਦੇਖਿਆ। ਪੁਲਸ ਦੀ ਗੱਡੀ ਦੇਖ ਕੇ ਉਹ ਵਿਅਕਤੀ ਭੱਜਣ ਦੀ ਕੋਸ਼ਿਸ਼ ਕਰਨ ਲੱਗਾ, ਪਰ ਪੁਲਸ ਟੀਮ ਨੇ ਉਸ ਨੂੰ ਰੋਕ ਕੇ ਤਲਾਸ਼ੀ ਲਈ ਤਾਂ ਉਸ ਕੋਲੋਂ 2 ਗ੍ਰਾਮ ਹੈਰੋਇਨ ਬਰਾਮਦ ਹੋਈ। ਫੜੇ ਗਏ ਵਿਅਕਤੀ ਦੀ ਪਛਾਣ ਕੁਲਦੀਪ ਸਿੰਘ ਪੁੱਤਰ ਜੋਗਿੰਦਰ ਸਿੰਘ, ਵਾਸੀ ਬਸਤੀ ਕੇਰਾਂ, ਚੱਕ ਤਾਹਲੀਵਾਲਾ ਵਜੋਂ ਹੋਈ ਹੈ। ਉਸ ਵਿਰੁੱਧ ਬੀ.ਐੱਨ.ਐੱਸ. ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

ਰਾਹੁਲ 4 ਨੂੰ ਸੰਗਰੂਰ ਰੈਲੀ 'ਚ ਆਪ ਦਾ ਦੋਗਲਾ ਚਿਹਰਾ ਨੰਗਾ ਕਰਨਗੇ : ਗਿੱਲ ਬੇਰ ਕਲਾਂ



ਦੋਰਾਹਾ (ਹਰਮਿੰਦਰ ਸੇਠ)-ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਬਲਾਕ ਮਲੌਦ ਅਧੀਨ ਆਉਂਦੇ ਪਿੰਡਾਂ ਵਿੱਚ ਕਾਂਗਰਸ ਪਾਰਟੀ ਦੇ ਨਿਧੜਕ ਆਗੂ ਰਾਹੁਲ ਗਾਂਧੀ ਦੀ 4 ਨਵੰਬਰ ਨੂੰ ਸੰਗਰੂਰ ਵਿਖੇ ਹੋਣ ਵਾਲੀ ਇਤਿਹਾਸਕ ਰੈਲੀ ਨੂੰ ਲੈ ਕੇ ਪਿੰਡਾਂ ਅੰਦਰ ਨੁੱਕੜ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕੀਤਾ ਗਿਆ। ਉਨ੍ਹਾ ਕਿਹਾ ਕਿ ਇਸ ਰੈਲੀ ਵਿੱਚ ਆਮ ਆਦਮੀ ਪਾਰਟੀ ਦਾ ਦੋਗਲਾ ਚਿਹਰਾ ਜਨਤਾ ਸਾਹਮਣੇ ਨੰਗਾ ਕੀਤਾ ਜਾਵੇਗਾ। ਰਾਹੁਲ ਗਾਂਧੀ ਝੂਠੇ ਇਨਕਲਾਬੀਆਂ ਦੇ ਕਾਲੇ ਕਾਰਨਾਮੇ ਤੇ ਪੰਜਾਬ ਵਿੱਚ ਨਸ਼ਾ ਕਿਸ ਦੀ ਸਰਪ੍ਰਸਤੀ ਹੇਠ ਵਿਕ ਰਿਹੈ, ਉਸ ਬਾਰੇ ਖੁਲਾਸਾ ਕਰਨਗੇ। ਪ੍ਰਧਾਨ ਗਿੱਲ ਬੇਰਕਲਾਂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਫਲੈਕਸ ਬੋਰਡ ਲਾ ਕੇ ਪੰਜਾਬ ਦੇ ਲੋਕਾਂ ਨੂੰ ਦੱਸਣਾ ਪੈਂਦਾ ਹੈ ਕਿ ਮੁੱਖ ਮੰਤਰੀ ਇਮਾਨਦਾਰ ਹੈ, ਜੇ ਬਾਕਿਆ ਹੀ ਮੁੱਖ ਮੰਤਰੀ ਇਮਾਨਦਾਰ ਹੁੰਦਾ ਤਾਂ ਉਨ੍ਹਾ ਨੂੰ ਫਲੈਕਸ ਬੋਰਡ ਲਾ ਕੇ ਪੰਜਾਬ ਦੇ ਲੋਕਾਂ ਨੂੰ ਇਹ ਦੱਸਣਾ ਨਾ ਪੈਂਦਾ ਕਿ ਉਹ ਇਮਾਨਦਾਰ ਹਨ। ਉਨ੍ਹਾ ਕਿਹਾ ਕਿ ਰਾਹੁਲ ਗਾਂਧੀ ਦੀ ਆਮਦ ਨੂੰ ਲੈ ਕੇ ਕਾਂਗਰਸੀਆਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ, ਲੋਕ ਆਪ ਮੁਹਾਰੇ ਰੈਲੀ ਵਿੱਚ ਸ਼ਮੂਲੀਅਤ ਕਰਨਗੇ। ਇਹ ਰੈਲੀ ਆਉਣ ਵਾਲੀ ਸਰਕਾਰ ਦੀ ਨੀਂਹ ਰੱਖੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਪਾਲ ਸਿੰਘ ਪਾਲਾ ਚੋਮੋ ਜਨਰਲ ਸਕੱਤਰ, ਪਿਰਥੀ ਸਿੰਘ ਸੀਨੀਅਰ ਕਾਂਗਰਸੀ ਆਗੂ, ਜਗਦੇਵ ਸਿੰਘ ਸਾਬਕਾ ਬਲਾਕ ਸੰਮਤੀ ਮੈਂਬਰ, ਹਰਬੰਸ ਸਿੰਘ, ਸਤਨਾਮ ਸਿੰਘ ਛੱਤੂ, ਬਾਬਾ ਤੋਤਾ ਪੁਰੀ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

ਮਾਛੀਵਾੜਾ ਮੰਡੀ 'ਚ 12.10 ਲੱਖ ਕੁਇੰਟਲ ਝੋਨੇ ਦੀ ਖਰੀਦ, ਪਨਗ੍ਰੇਨ ਸਭ ਤੋਂ ਅੱਗੇ

11 ਲੱਖ ਕੁਇੰਟਲ ਝੋਨੇ ਦੀ ਹੋਈ ਲਿਫਟਿੰਗ, ਇਸ ਵਾਰ 14 ਲੱਖ ਕੁਇੰਟਲ ਆਮਦ ਦੀ ਉਮੀਦ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਥਾਨਕ ਅਨਾਜ ਮੰਡੀ ਤੇ ਇਸ ਨਾਲ ਜੁੜੇ ਵੱਖ-ਵੱਖ ਖਰੀਦ ਕੇਂਦਰਾਂ ਵਿਚ ਝੋਨੇ ਦੀ ਖਰੀਦ ਦਾ ਕੰਮ ਤੇਜ਼ੀ ਨਾਲ ਜਾਰੀ ਹੈ। ਸ਼ੁਰੂਆਤੀ ਦੌਰ 'ਚ ਆਈਆਂ ਕੁਝ ਮੁਸ਼ਕਲਾਂ ਤੋਂ ਬਾਅਦ ਹੁਣ ਖਰੀਦ ਪ੍ਰਕਿਰਿਆ ਸੁਚਾਰੂ ਢੰਗ ਨਾਲ ਚੱਲ ਰਹੀ ਹੈ। ਮਾਰਕੀਟ ਕਮੇਟੀ ਦੇ ਸਕੱਤਰ ਅਰੁਨਿੰਦਰ ਸਿੰਘ ਅਨੁਸਾਰ ਹੁਣ ਤੱਕ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਕੁੱਲ 12 ਲੱਖ 10 ਹਜ਼ਾਰ ਕੁਇੰਟਲ ਝੋਨਾ ਖਰੀਦਿਆ ਜਾ ਚੁੱਕਾ ਹੈ। ਖਰੀਦ ਏਜੰਸੀਆਂ ਦੀ ਕਾਰਗੁਜ਼ਾਰੀ ਦੇ ਅੰਕੜਿਆਂ ਮੁਤਾਬਕ ਪਨਗ੍ਰੇਨ ਨੇ ਸਭ ਤੋਂ ਵੱਧ 4 ਲੱਖ 82 ਹਜ਼ਾਰ 371 ਕੁਇੰਟਲ ਝੋਨੇ ਦੀ ਖਰੀਦ ਕੀਤੀ ਹੈ। ਇਸ ਦੇ ਨਾਲ ਹੀ ਮੰਡੀ ਵਿੱਚੋਂ ਹੁਣ ਤੱਕ ਕਰੀਬ 11 ਲੱਖ ਕੁਇੰਟਲ ਝੋਨੇ ਦੀ ਲਿਫਟਿੰਗ ਵੀ ਹੋ ਚੁੱਕੀ ਹੈ। ਮਾਛੀਵਾੜਾ ਮੁੱਖ ਮੰਡੀ ਤੋਂ ਇਲਾਵਾ ਉੱਪ-ਖਰੀਦ ਕੇਂਦਰਾਂ ਵਿੱਚ ਵੀ ਝੋਨੇ ਦੀ ਖਰੀਦ ਜਾਰੀ ਹੈ। ਪ੍ਰਾਪਤ ਵੇਰਵਿਆਂ ਅਨੁਸਾਰ ਲੱਖੋਵਾਲ ਕਲਾਂ ਵਿਖੇ 65,277 ਕੁਇੰਟਲ, ਹੇਡੋਂ ਬੇਟ ਵਿਖੇ 75,152 ਕੁਇੰਟਲ, ਸ਼ੇਰਪੁਰ ਬੇਟ ਵਿਖੇ 59,519 ਕੁਇੰਟਲ ਤੇ ਬੁਰਜ ਪਵਾਤ ਵਿਖੇ 40,200 ਕੁਇੰਟਲ ਝੋਨੇ ਦੀ ਖਰੀਦ ਦਰਜ ਕੀਤੀ ਗਈ ਹੈ। ਜ਼ਿਕਰਯੋਗ ਹੈ ਕਿ ਪਿਛਲੇ ਸਾਲ ਝੋਨੇ ਦੀ ਫਸਲ ਉੱਤੇ ਬੌਣਾ ਵਾਇਰਸ ਤੇ ਹੋਰ ਬਿਮਾਰੀਆਂ ਦਾ ਪ੍ਰਭਾਵ ਪੈਣ ਕਾਰਨ ਕਿਸਾਨਾਂ ਨੂੰ ਭਾਰੀ ਆਰਥਿਕ ਨੁਕਸਾਨ ਝੱਲਣਾ ਪਿਆ ਸੀ। ਇਸ ਕਾਰਨ ਫਸਲ ਦਾ ਝਾੜ ਘਟਣ ਦੇ ਨਾਲ-ਨਾਲ ਮੰਡੀਆਂ ਵਿੱਚ ਝੋਨੇ ਦੀ ਆਮਦ ਵੀ ਘੱਟ ਰਹੀ ਸੀ। ਪਿਛਲੇ ਸੀਜ਼ਨ ਦੌਰਾਨ ਖਰੀਦ ਏਜੰਸੀਆਂ ਵੱਲੋਂ ਕਰੀਬ 11 ਲੱਖ ਕੁਇੰਟਲ ਝੋਨੇ ਦੀ ਖਰੀਦ ਕੀਤੀ ਗਈ ਸੀ। ਇਸ ਵਾਰ ਮਾਛੀਵਾੜਾ ਮੰਡੀ ਵਿੱਚ 14 ਲੱਖ ਕੁਇੰਟਲ ਦੇ ਕਰੀਬ ਝੋਨੇ ਦੀ ਆਮਦ ਹੋਣ ਦੀ ਉਮੀਦ ਜਤਾਈ ਜਾ ਰਹੀ ਹੈ।

ਬਾਸਮਤੀ ਦੀ ਖਰੀਦ ਦਾ ਅੰਕੜਾ 1.08 ਲੱਖ ਕੁਇੰਟਲ ਤੱਕ ਪੁੱਜਿਆ

ਮਾਛੀਵਾੜਾ ਅਨਾਜ ਮੰਡੀ 'ਚ ਇਸ ਸੀਜ਼ਨ ਦੌਰਾਨ ਪ੍ਰਾਈਵੇਟ ਵਪਾਰੀਆਂ ਵੱਲੋਂ ਹੁਣ ਤੱਕ 1 ਲੱਖ 8 ਹਜ਼ਾਰ ਕੁਇੰਟਲ ਬਾਸਮਤੀ ਦੀ ਖਰੀਦ ਕੀਤੀ ਜਾ ਚੁੱਕੀ ਹੈ। ਮੰਡੀ ਵਿੱਚ ਬਾਸਮਤੀ ਦਾ ਭਾਅ 4,000 ਤੋਂ 4,450 ਰੁਪਏ ਪ੍ਰਤੀ ਕੁਇੰਟਲ ਤੱਕ ਰਿਹਾ, ਜਿਸ ਨਾਲ ਇਸ ਫਸਲ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਚੰਗੀ ਆਮਦਨ ਪ੍ਰਾਪਤ ਹੋਈ। ਪਿਛਲੇ ਸਾਲ ਵੀ ਮਾਛੀਵਾੜਾ ਮੰਡੀ ਵਿੱਚ 1 ਲੱਖ 11 ਹਜ਼ਾਰ ਕੁਇੰਟਲ ਤੋਂ ਵੱਧ ਬਾਸਮਤੀ ਦੀ ਖਰੀਦ ਹੋਈ ਸੀ, ਪਰ ਉਸ ਸਮੇਂ ਕਿਸਾਨਾਂ ਨੂੰ ਆਪਣੀ ਫਸਲ ਦੇ ਮੁਕਾਬਲਤਨ ਘੱਟ ਭਾਅ ਮਿਲੇ ਸਨ। ਇਸ ਵਾਰ ਮਿਲੇ ਭਾਅ ਕਾਰਨ ਬਾਸਮਤੀ ਉਤਪਾਦਕ ਕਿਸਾਨਾਂ ਨੂੰ ਕੁਝ ਰਾਹਤ ਮਿਲੀ ਹੈ।

ਈ ਟੀ ਟੀ ਬੇਰੁਜ਼ਗਾਰ ਅਧਿਆਪਕਾਂ ਵੱਲੋਂ 4 ਨੂੰ ਮੁੱਖ ਮੰਤਰੀ ਦੀ ਕੋਠੀ ਦੇ ਘੇਰਾਓ ਦਾ ਐਲਾਨ

ਜਲਾਲਾਬਾਦ (ਜੀਤ ਕੁਮਾਰ)-ਬੇਰੁਜ਼ਗਾਰ ਆਧਿਆਪਕਾਂ ਵੱਲੋਂ ਇੱਕ ਹੰਗਾਮੀ ਮੀਟਿੰਗ ਕੀਤੀ ਗਈ, ਜਿਸ ਵਿੱਚ ਇਹ ਫੈਸਲਾ ਲਿਆ ਗਿਆ ਕਿ 5994 ਬੇਰੁਜ਼ਗਾਰ ਅਧਿਆਪਕਾਂ ਵੱਲੋਂ ਇਹ ਰਣਨੀਤੀ ਬਣਾਈ ਗਈ ਹੈ ਕਿ 4 ਨਵੰਬਰ ਬੁੱਧਵਾਰ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਕੋਠੀ ਦਾ ਘੇਰਾਓ ਕੀਤਾ ਜਾਵੇਗਾ। ਹੁਣ ਈ ਟੀ ਟੀ 5994 ਬੇਰੁਜ਼ਗਾਰ ਅਧਿਆਪਕਾਂ ਵੱਲੋਂ ਆਮ ਆਦਮੀ ਪਾਰਟੀ ਦਾ ਪੂਰੇ ਪੰਜਾਬ ਵਿੱਚ ਜਲੂਸ ਕੱਢਿਆ ਜਾਵੇਗਾ, ਜੋ ਵੀ ਪੰਜਾਬ ਵਿੱਚ ਪ੍ਰੋਗਰਾਮ ਹੋਣਗੇ, ਸਾਰੇ ਭੰਗ ਕੀਤੇ ਜਾਣਗੇ। ਮੀਟਿੰਗ ਵਿੱਚ ਆਗੂ ਸਾਥੀ ਪਰਵਿੰਦਰ ਸਿੰਘ ਲੋਹਰੀਆ, ਕੁਲਵਿੰਦਰ ਸਾਮਾ, ਸਰਬਜੀਤ ਪਿੰਡੀ, ਗਗਨ ਸੰਗਰੂਰ, ਸੁਰਿੰਦਰ ਜਲਾਲਾਬਾਦ, ਰਿਤੇਸ਼ ਅਬੋਹਰ, ਭਿੰਦਰ ਗੁਰੂ ਹਰਸਹਾਏ, ਨਰਿੰਦਰ ਫਾਜ਼ਿਲਕਾ, ਗੁਣਦੀਪ ਮਾਨਸਾ, ਸੁਖਪ੍ਰੀਤ ਸ੍ਰੀ ਮੁਕਤਸਰ ਸਾਹਿਬ ਆਦਿ ਮੌਜੂਦ ਸਨ। ਆਗੂਆਂ ਨੇ ਦੱਸਿਆ ਕਿ ਈ.ਟੀ.ਟੀ. 5994 ਦੀ ਭਰਤੀ ਆਈ ਨੂੰ ਤਕਰੀਬਨ 4 ਸਾਲ ਤੋਂ ਵੱਧ ਦਾ ਸਮਾਂ ਹੋ ਚੁੱਕਿਆ ਹੈ, ਪਰ ਸਰਕਾਰ ਹਾਲੇ ਵੀ ਇਸ ਭਰਤੀ ਨੂੰ ਪੂਰਾ ਕਰਨ ਵਿੱਚ ਆਨਾਕਾਨੀ ਕਰ ਰਹੀ ਹੈ, ਇਹ ਭਰਤੀ ਸਰਕਾਰ ਦੀ ਕੈਬਿਨਟ ਦੀ ਪਹਿਲੀ ਭਰਤੀ ਸੀ, ਜਿਸ ਵਿੱਚ ਸਰਕਾਰ ਨੇ 3 ਹਜ਼ਾਰ ਦੇ ਕਰੀਬ ਅਧਿਆਪਕਾਂ ਨੂੰ ਜੁਆਇਨ ਕਰਵਾਇਆ ਗਿਆ ਹੈ, ਪਰ ਜੋ ਭਰਤੀ ਵਿਚਲਾ ਬੈਕਲਾਗ ਸੀ, ਉਸ ਨੂੰ ਪੂਰਾ ਨਹੀਂ ਕੀਤਾ ਜਾ ਰਿਹਾ, ਇਸ ਦੇ ਚਲਦੇ ਈ.ਟੀ.ਟੀ. 5994 ਬੈਕਲਾਗ ਅਧਿਆਪਕਾਂ ਵੱਲੋਂ ਬਹੁਤ ਵਾਰ ਸਰਕਾਰ ਨਾਲ ਮੀਟਿੰਗਾਂ ਵੀ ਕੀਤੀਆਂ ਗਈਆਂ, ਪਰ ਕੋਈ ਹੱਲ ਨਹੀਂ ਕੱਢਿਆ ਗਿਆ। ਹੁਣ ਇਸ ਸਰਕਾਰ ਦੇ ਪੰਜ ਸਾਲ ਪੂਰੇ ਹੋਣ ਵਾਲੇ ਹਨ, ਪਰ ਬੇਰੁਜ਼ਗਾਰਾਂ ਨੂੰ ਅਜੇ ਤੱਕ ਰੁਜ਼ਗਾਰ ਨਹੀਂ ਮਿਲਿਆ ਹੈ।



ਪੰਜਾਬ 'ਚ ਸਰਕਾਰ ਬਣਨ 'ਤੇ ਉਦਯੋਗਿਕ ਖੇਤਰ ਨੂੰ 5 ਰੁਪਏ ਪ੍ਰਤੀ ਯੂਨਿਟ ਦੀ ਦਰ 'ਤੇ ਬਿਜਲੀ ਦਿੱਤੀ ਜਾਵੇਗੀ : ਸੁਖਬੀਰ ਬਾਦਲ

ਵਪਾਰੀਆਂ ਨਾਲ ਕੀਤੀ ਮੁਲਾਕਾਤ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਐਲਾਨ ਕੀਤਾ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਉਦਯੋਗਿਕ ਖੇਤਰ ਵਾਸਤੇ 5 ਰੁਪਏ ਪ੍ਰਤੀ ਯੂਨਿਟ ਦੀ ਦਰ 'ਤੇ ਬਿਜਲੀ ਦੇਵੇਗੀ ਤੇ ਇਕ ਉਸਾਰੀ ਪੰਜਾਬ ਦੇ ਨਾਂ 'ਤੇ ਨਵਾਂ ਵਿਭਾਗ ਕਾਇਮ ਕਰੇਗੀ ਤਾਂ ਜੋ ਆਈਟੀ ਤੇ ਏਆਈ ਸਹੂਲਤਾਂ ਸਮੇਤ ਬਿਲਡਰਾਂ ਨੂੰ ਤੇਜ਼ ਰਫਤਾਰ ਕਲੀਅਰੈਂਸ ਦਿੱਤੀ ਜਾ ਸਕੇ।ਅੱਜ ਵਪਾਰ ਤੇ ਉਦਯੋਗ ਵਿੰਗ ਦੇ ਪ੍ਰਧਾਨ ਐੱਨ ਕੇ ਸ਼ਰਮਾ ਸਮੇਤ ਵਪਾਰੀਆਂ ਤੇ ਉਦਯੋਗਪਤੀਆਂ ਨਾਲ ਮੀਟਿੰਗ ਕਰਨ ਪੁੱਜੇ ਸੁਖਬੀਰ ਬਾਦਲ ਨੇ ਕਿਹਾ ਕਿ ਬਿਜਲੀ ਦੀਆਂ 10 ਤੋਂ 12 ਰੁਪਏ ਪ੍ਰਤੀ ਯੂਨਿਟ ਦੀਆਂ ਮਹਿੰਗੀਆਂ ਦਰਾਂ ਕਾਰਨ ਪੰਜਾਬ ਵਿੱਚ ਉਦਯੋਗਾਂ ਵਾਸਤੇ ਕੰਮ ਕਰਨਾ ਔਖਾ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਦਰਾਂ ਵਿੱਚ ਕਟੌਤੀ ਕਰਨ ਦੇ ਨਾਲ-ਨਾਲ ਅਗਲੀ ਅਕਾਲੀ ਦਲ ਦੀ ਸਰਕਾਰ ਉਦਯੋਗਪਤੀਆਂ ਨੂੰ ਆਪਣੇ ਸੋਲਰ ਪਲਾਂਟ ਲਗਾ ਕੇ ਬਿਜਲੀ ਦਰਾਂ ਵਿੱਚ ਕਮੀ ਲਿਆਉਣ ਦੀ ਸਹੂਲਤ ਦੇਵੇਗੀ, ਜਿਸ ਦੀ ਬਦੌਲਤ ਬਿਜਲੀ ਦਰਾਂ ਘੱਟ ਕੇ 1.50 ਰੁਪਏ ਪ੍ਰਤੀ ਯੂਨਿਟ ਰਹਿ ਜਾਣਗੀਆਂ। ਉਨ੍ਹਾਂ ਐਲਾਨ ਕੀਤਾ ਕਿ ਪਿਛਲੀ ਅਕਾਲੀ ਦਲ ਦੀ ਸਰਕਾਰ ਵੇਲੇ ਬਣਾਏ ਨਿਵੇਸ਼ ਪੰਜਾਬ ਵਿਭਾਗ ਰਾਹੀਂ ਨਵੇਂ ਨਿਵੇਸ਼ ਦੀਆਂ ਤਜਵੀਜ਼ਾਂ ਨੂੰ ਪਹਿਲ ਦੇ ਆਧਾਰ 'ਤੇ ਪਾਸ ਕੀਤਾ ਜਾਵੇਗਾ ਤੇ ਅਗਲੀ ਅਕਾਲੀ ਦਲ ਦੀ ਸਰਕਾਰ ਵੇਲੇ ਇਕ ਉਸਾਰੀ ਪੰਜਾਬ ਵਿਭਾਗ ਦੀ ਸਿਰਜਣਾ ਕੀਤੀ ਜਾਵੇਗੀ।ਉਨ੍ਹਾਂ ਐਲਾਨ ਕੀਤਾ ਕਿ ਸੀਐੱਲਯੂ ਚਾਰਜਿਜ਼ ਵਿੱਚ ਕਟੌਤੀ ਕੀਤੀ ਜਾਵੇਗੀ ਤੇ ਸੀਐੱਲਯੂ ਦੇਣ ਦੀ ਸਾਰੀ ਪ੍ਰਕਿਰਿਆ ਨੂੰ ਪਾਰਦਰਸ਼ੀ ਬਣਾਇਆ ਜਾਵੇਗਾ।ਸਾਰੀਆਂ ਨਜਾਇਜ਼ ਕਾਲੋਨੀਆਂ ਵਾਸਤੇ ਇਕਮੁਸ਼ਤ ਸੈਟਲਮੈਂਟ ਸਕੀਮ ਲਾਗੂ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਤੇ ਮੁਹਾਲੀ ਨੂੰ ਆਈਟੀ ਹੱਬ ਵਜੋਂ ਵਿਕਸਤ ਕੀਤਾ ਜਾਵੇ।ਡੇਅਰੀ ਐਸੋਸੀਏਸ਼ਨ ਦੇ ਕਿਰਪਾਲ ਸਿੰਘ, ਰੈਜ਼ੀਡੈਂਟ ਵੈੱਲਫੇਅਰ ਐਸੋਸੀਏਸ਼ਨ ਦੇ ਤੇਜਿੰਦਰ ਸਿੰਘ ਤੇਜੀ, ਬਿਲਡਰਜ਼ ਐਸੋਸੀਏਸ਼ਨ ਦੇ ਜੋਗੇਸ਼ਵਰ ਸਿੰਘ ਮੋਨੂੰ, ਆੜ੍ਹਤੀਆ ਐਸੋਸੀਏਸ਼ਨ ਦੇ ਪਵਨ ਘਈ, ਟਰਾਂਸਪੋਰਟ ਐਸੋਸੀਏਸ਼ਨ ਦੇ ਕੁਲਦੀਪ ਸਿੰਘ ਰੱਤਾ, ਪ੍ਰਾਪਰਟੀ ਡੀਲਰਜ਼ ਐਸੋਸੀਏਸ਼ਨ ਦੇ ਮਨਜੀਤ ਸਿੰਘ ਸ਼ਾਹੀ, ਵਪਾਰ ਮੰਡਲ ਦੇ ਪਰਮਜੀਤ ਸਿੰਘ ਚੀਮਾ ਤੇ ਹੋਰਨਾਂ ਨਾਲ ਗੱਲਬਾਤ ਕਰਦਿਆਂ ਅਕਾਲੀ ਦਲ ਦੇ ਪ੍ਰਧਾਨ ਨੇ ਉਨ੍ਹਾਂ ਦੀਆਂ ਮੁਸ਼ਕਲਾਂ ਦੂਰ ਕਰਨ ਦਾ ਭਰੋਸਾ ਦੁਆਇਆ।ਇਸ ਮੌਕੇ ਪਟਿਆਲਾ ਦਿਹਾਤੀ ਦੇ ਇੰਚਾਰਜ ਜਸਪਾਲ ਸਿੰਘ ਬਿੱਟੂ ਚੱਠਾ, ਸਮਾਣਾ ਦੇ ਇੰਚਾਰਜ ਜਗਮੀਤ ਸਿੰਘ ਹਰਿਆਊ, ਰਾਜਿੰਦਰ ਸਿੰਘ ਵਿਰਕ ਸਨੌਰ ਸ਼ੁਤਰਾਣਾ ਦੇ ਇੰਚਾਰਜ ਕਬੀਰ ਦਾਸ ਤੇ ਹੋਰ ਸ਼ਖ਼ਸੀਅਤਾਂ ਨੇ ਵੀ ਸੰਬੋਧਨ ਕੀਤਾ।

ਸਾਂਝੇ ਫਰੰਟ ਵੱਲੋਂ 16 ਨੂੰ ਚੰਡੀਗੜ੍ਹ ਪੱਕੇ ਮੋਰਚੇ 'ਚ ਵੱਡੀ ਗਿਣਤੀ 'ਚ ਸ਼ਾਮਲ ਹੋਣ ਦਾ ਐਲਾਨ



ਮਾਲੇਰਕੋਟਲਾ (ਅਸਗਰ ਪਰਿਹਾਰ)-ਸਾਂਝਾ ਮੁਲਾਜ਼ਮ ਮੰਚ ਅਤੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੀ ਸਾਂਝੀ ਤਾਲਮੇਲ ਕਮੇਟੀ ਜ਼ਿਲ੍ਹਾ ਮਾਲੇਰਕੋਟਲਾ ਅਹਿਮ ਮੀਟਿੰਗ ਡਿਪਟੀ ਕਮਿਸ਼ਨਰ ਦਫ਼ਤਰ ਮਾਲੇਰਕੋਟਲਾ ਵਿਖੇ ਸਾਥੀ ਜਰਨੈਲ ਸਿੰਘ ਪੰਜਗ੍ਰਾਈਆਂ ਤੇ ਦੀਦਾਰ ਸਿੰਘ ਛੋਕਰਾਂ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਸਾਂਝੇ ਮੋਰਚੇ ਵੱਲੋਂ 16 ਨਵੰਬਰ ਨੂੰ ਚੰਡੀਗੜ੍ਹ ਵਿਖੇ ਪੱਕੇ ਮੋਰਚੇ ਵਿੱਚ ਕੀਤੀ ਜਾਣ ਵਾਲੀ ਰੈਲੀ ਵਿੱਚ ਜ਼ਿਲ੍ਹਾ ਮਾਲੇਰਕੋਟਲਾ ਦੀਆਂ ਸਮੂਹ ਜਥੇਬੰਦੀਆਂ ਵੱਲੋਂ ਜ਼ਿਲ੍ਹਾ ਸੰਗਰੂਰ ਦੇ ਸਾਥੀਆਂ ਨਾਲ ਮਿਲ ਕੇ ਵੱਡੀ ਗਿਣਤੀ ਨਾਲ ਸ਼ਮੂਲੀਅਤ ਕੀਤੀ ਜਾਵੇਗੀ।ਇਸ ਸਬੰਧੀ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ।ਇਸ ਮੌਕੇ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਸੰਘਰਸ਼ ਕਰ ਰਹੇ ਲੋਕਾਂ ਨਾਲ ਕੀਤੇ ਜਾ ਰਹੇ ਦੁਰਵਿਹਾਰ ਦੀ ਨਿਖੇਧੀ ਕੀਤੀ ਗਈ ਤੇ ਸਰਕਾਰ ਵੱਲੋਂ ਪੰਜਾਬ ਨੂੰ ਪੁਲਸ ਰਾਜ ਬਣਾਉਣ ਦੀ ਸਖਤ ਨਿੰਦਾ ਕੀਤੀ ਅਤੇ ਦਹਿਸ਼ਤ ਦਾ ਮਾਹੌਲ ਪੈਦਾ ਕਰਨ ਦੇ ਦੋਸ਼ ਲਗਾਏ ਗਏ।ਭਗਵੰਤ ਮਾਨ ਸਰਕਾਰ ਮਾਨਸਾ ਵਿਖੇ ਚੱਲ ਰਹੇ ਮੋਰਚੇ ਵੱਲੋਂ ਰੱਖੀਆਂ ਮੰਗਾਂ ਦੀ ਪੂਰੀ ਤਰ੍ਹਾਂ ਹਮਾਇਤ ਕਰਦਿਆਂ ਦੋਸ਼ੀਆਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕਰਨ ਤੇ ਮੌਤ ਦੀ ਸਜ਼ਾ ਦੇਣ ਦੀ ਮੰਗ ਵੀ ਕੀਤੀ ਗਈ।ਇਸ ਮੋਰਚੇ ਦੌਰਾਨ ਮੁਲਾਜ਼ਮਾਂ ਤੇ ਪੈਨਸ਼ਨਰਾਂ, ਠੇਕਾ ਤੇ ਸਕੀਮ ਵਰਕਰਾਂ ਦੀਆਂ ਮੁੱਖ ਮੰਗਾਂ ਵਿੱਚ ਜਿਵੇਂ ਕਿ 17-7-20 ਤੇ 15-1-2015 ਦੇ ਪੱਤਰ ਰੱਦ ਕਰਨੇ, ਪੈਨਸ਼ਨਰਾਂ 'ਤੇ 2.59 ਦਾ ਗੁਣਾਂਕ ਲਾਗੂ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਵਾਉਣ, ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਵਾਉਣ ਤੇ ਹੋਰ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲਾਗੂ ਕਰਵਾਉਣਾ ਸ਼ਾਮਲ ਹੈ।ਮੀਟਿੰਗ ਵਿੱਚ ਸੂਬਾਈ ਕਨਵੀਨਰ ਰਣਜੀਤ ਸਿੰਘ ਰਾਣਵਾਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਅਤੇ ਹੋਰ ਪ੍ਰਮੁੱਖ ਆਗੂ ਤੇ ਸਾਥੀ ਕਮਲਵੀਰ ਸਿੰਘ, ਗੁਲਜ਼ਾਰ ਖਾਨ, ਕਰਨੈਲ ਸਿੰਘ, ਹਰਬੰਸ ਸਿੰਘ, ਰਤਨ ਸਿੰਘ, ਸੋਹਣ ਸਿੰਘ, ਗੁਰਜੀਤ ਸਿੰਘ ਸੋਹੀ, ਗੁਰਮੀਤ ਸਿੰਘ, ਜਸਵਿੰਦਰ ਸਿੰਘ, ਕੁਲਵਿੰਦਰ ਸਿੰਘ, ਮੋਹਿਤ ਗੋਇਲ, ਗੁਰਮੀਤ ਸਿੰਘ ਸ਼ੇਰਪੁਰ, ਸ਼ਰਨਵੀਰ ਸਿੰਘ, ਨਿਰਮਲ ਸਿੰਘ ਫਲੌਂਡ, ਨੇਤਰ ਸਿੰਘ, ਹਾਕਮ ਸਿੰਘ ਬਾਠਾਂ, ਜਰਨੈਲ ਸਿੰਘ, ਮੁਹੰਮਦ ਜਮੀਲ, ਅਭਿਸ਼ੇਕ, ਰਣਦੀਪ ਸਿੰਘ, ਨਰਿੰਦਰ ਕੁਮਾਰ, ਮੁਹੰਮਦ ਕਾਸ਼ਿਫ, ਹਰਮਿੰਦਰ ਸਿੰਘ, ਰੰਜੂ ਸਿੰਗਲਾ, ਜਗਦੇਵ ਸਿੰਘ ਆਦਿ ਹਾਜ਼ਰ ਸਨ।

ਸਹਾਰਾ ਕਲੱਬ ਨੇ ਵੇਦ ਤਾਇਲ ਦੀ ਯਾਦ 'ਚ ਬੂਟੇ ਲਗਾਏ



ਭੀਖੀ (ਧਰਮਵੀਰ ਸ਼ਰਮਾ)

ਸਹਾਰਾ ਕਲੱਬ (ਰਜਿ.) ਭੀਖੀ ਵੱਲੋਂ ਉੱਘੇ ਪੱਤਰਕਾਰ ਤੇ ਸਮਾਜ ਸੇਵੀ ਸਵ. ਵੇਦ ਤਾਇਲ ਦੀ ਯਾਦ ਨੂੰ ਸਮਰਪਤ 2100 ਬੂਟੇ ਲਗਾਉਣ ਲਈ ਸ਼ੁਰੂ ਕੀਤੀ ਗਈ ਮੁਹਿੰਮ ਲਗਾਤਾਰ ਜਾਰੀ ਹੈ। ਇਸੇ ਮੁਹਿੰਮ ਤਹਿਤ ਸਵ. ਵੇਦ ਤਾਇਲ ਦੀ ਬਰਸੀ ਮੌਕੇ ਪਿੰਡ ਜੱਸੜਵਾਲਾ ਵਿਖੇ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਪਿੰਡ ਦੀਆਂ ਸਾਂਝੀਆਂ ਥਾਵਾਂ 'ਤੇ ਵੱਖ-ਵੱਖ ਕਿਸਮਾਂ ਦੇ ਬੂਟੇ ਲਗਾਏ ਗਏ। ਇਸ ਮੌਕੇ ਡਾ. ਹਰਬੰਸ ਖਿੱਪਲ, ਗੋਪੀ ਸਰਪੰਚ ਤੇ ਪਿੰਡ ਵਾਸੀਆਂ ਵੱਲੋਂ ਇਸ ਸਮਾਜ ਸੇਵੀ ਉਪਰਾਲੇ ਵਿੱਚ ਭਰਪੂਰ ਸਹਿਯੋਗ ਦਿੱਤਾ ਗਿਆ। ਬੂਟੇ ਲਗਾਉਣ ਦੌਰਾਨ ਪਿੰਡ ਵਾਸੀਆਂ ਨੇ ਵਾਤਾਵਰਨ ਦੀ ਸੰਭਾਲ ਤੇ ਹਰਿਆਵਲ ਵਧਾਉਣ ਲਈ ਵੱਧ ਤੋਂ ਵੱਧ ਬੂਟੇ ਲਗਾਉਣ ਅਤੇ ਉਨ੍ਹਾਂ ਦੀ ਸਾਂਭ-ਸੰਭਾਲ ਕਰਨ ਦਾ ਸੰਦੇਸ਼ ਵੀ ਦਿੱਤਾ। ਇਸ ਮੌਕੇ ਡਾ. ਹਰਬੰਸ ਖਿੱਪਲ ਨੇ ਸਵ. ਵੇਦ ਤਾਇਲ ਵੱਲੋਂ ਪੱਤਰਕਾਰੀ ਤੇ ਸਮਾਜ ਸੇਵਾ ਦੇ ਖੇਤਰ ਵਿੱਚ ਪਾਏ ਗਏ ਯੋਗਦਾਨ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਵੇਦ ਤਾਇਲ ਨੇ ਆਪਣੇ ਜੀਵਨ ਦੌਰਾਨ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਭਾਰਨ ਤੇ ਸਮਾਜ ਦੀ ਭਲਾਈ ਲਈ ਆਪਣੀ ਅਹਿਮ ਭੂਮਿਕਾ ਨਿਭਾਈ। ਇਸ ਤੋਂ ਇਲਾਵਾ ਭੀਖੀ ਦੇ ਡੇਰਾ ਬਾਬਾ ਬੰਸਰੀ ਵਾਲਾ ਵਿਖੇ ਵੀ ਫੁੱਲਾਂ ਦੇ ਬੂਟੇ ਲਗਾਏ ਗਏ। ਸਹਾਰਾ ਕਲੱਬ ਦੇ ਵਿਵੇਕ ਜੈਨ ਬੱਬੂ ਨੇ ਦੱਸਿਆ ਕਿ ਲਗਾਤਾਰ 1 ਮਹੀਨੇ ਤੋਂ ਇਹ ਮੁਹਿੰਮ ਜਾਰੀ ਹੈ ਤੇ ਅੱਜ 150 ਦੇ ਕਰੀਬ ਬੂਟੇ ਲਗਾਏ ਗਏ ਹਨ ਹੁਣ ਤੱਕ 1300 ਬੂਟਾ ਵੱਖ ਵੱਖ ਪਿੰਡਾਂ ਤੇ ਭੀਖੀ ਦੀਆਂ ਸਾਂਝੀਆਂ ਜਗ੍ਹਾ 'ਤੇ ਲਗਾਏ ਜਾ ਚੁੱਕੇ ਹਨ। ਇਸ ਮੌਕੇ ਅਜੇ ਸ਼ਰਮਾ ਸਮਾਉਂ, ਰਾਜਨ ਬੰਟੀ, ਅਰਜੁਨ ਗਰਗ, ਸ਼ਿਵਮ ਜੈਨ ਆਦਿ ਮੌਜੂਦ ਸਨ।

ਪੈਰਾ ਮੈਡੀਕਲ ਯੂਨੀਅਨ ਜ਼ਿਲ੍ਹਾ ਫਿਰੋਜ਼ਪੁਰ ਦੀ ਚੋਣ, ਨਰਿੰਦਰ ਸਿੰਘ ਪ੍ਰਧਾਨ ਚੁਣੇ



ਫਿਰੋਜ਼ਪੁਰ (ਗੁਰਬਚਨ ਸਿੰਘ, ਅਸ਼ੋਕ ਸ਼ਰਮਾ)

ਪੈਰਾ ਮੈਡੀਕਲ ਯੂਨੀਅਨ ਪੰਜਾਬ ਦੀ ਜ਼ਿਲ੍ਹਾ ਫਿਰੋਜ਼ਪੁਰ ਇਕਾਈ ਦੀ ਚੋਣ ਭਾਈ ਮਰਦਾਨਾ ਯਾਦਗਾਰੀ ਹਾਲ, ਸਿਵਲ ਹਸਪਤਾਲ ਫਿਰੋਜ਼ਪੁਰ ਦੇ ਨਜ਼ਦੀਕ ਨਰਿੰਦਰ ਸ਼ਰਮਾ ਤੇ ਰਾਮ ਪ੍ਰਸ਼ਾਦ ਦੀ ਪ੍ਰਧਾਨਗੀ ਹੇਠ ਕਰਵਾਈ ਗਈ।ਇਸ ਮੌਕੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਨਰਿੰਦਰ ਸ਼ਰਮਾ ਨੇ ਦੱਸਿਆ ਕਿ ਪੈਰਾਮੈਡੀਕਲ ਸਿਹਤ ਕਰਮਚਾਰੀ ਯੂਨੀਅਨ ਪੰਜਾਬ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਸਭ ਤੋਂ ਪਹਿਲਾਂ ਜ਼ਿਲ੍ਹਾ ਫਿਰੋਜ਼ਪੁਰ ਵਿਖੇ ਚੋਣ ਕਰਵਾਈ ਗਈ ਹੈ।ਇਸੇ ਤਰ੍ਹਾਂ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਚੋਣਾਂ ਕਰਵਾਉਣ ਉਪਰੰਤ ਮੋਗਾ ਵਿਖੇ ਯੂਨੀਅਨ ਦਾ ਵਿਸ਼ਾਲ ਸੂਬਾ ਪੱਧਰੀ ਚੋਣ ਇਜਲਾਸ ਕਰਵਾਇਆ ਜਾਵੇਗਾ।

ਇਸ ਚੋਣ ਦੌਰਾਨ ਨਰਿੰਦਰ ਸਿੰਘ ਕਮਿਊਨਿਟੀ ਹੈਲਥ ਅਫ਼ਸਰ ਨੂੰ ਪੈਰਾ ਮੈਡੀਕਲ ਯੂਨੀਅਨ ਜ਼ਿਲ੍ਹਾ ਫਿਰੋਜ਼ਪੁਰ ਦਾ ਜ਼ਿਲ੍ਹਾ ਪ੍ਰਧਾਨ ਚੁਣਿਆ ਗਿਆ।ਇਸ ਤੋਂ ਇਲਾਵਾ ਸ੍ਰ. ਕੌਰਜੀਤ ਸਿੰਘ ਨੂੰ ਚੇਅਰਮੈਨ ਤੇ ਜਸਵਿੰਦਰ ਸਿੰਘ ਕੌੜਾ ਤੇ ਪ੍ਰੀਤ ਮਖੀਜਾ ਨੂੰ ਜਨਰਲ ਸਕੱਤਰ ਦੀ ਜ਼ਿੰਮੇਵਾਰੀ ਸੌਂਪੀ ਗਈ।ਸੀਨੀਅਰ ਮੀਤ ਪ੍ਰਧਾਨ ਵਜੋਂ ਗੁਰਜੀਤ ਸਿੰਘ, ਸਤਨਾਮ ਸਿੰਘ, ਬਲਜੀਤ ਕੌਰ ਕਸੂਆਣਾ, ਕਰਨਜੀਤ ਸਿੰਘ, ਕਿਰਨਪਾਲ ਕੌਰ ਗੁਰੂ ਹਰਸਹਾਏ ਤੇ ਰਮੇਸ਼ ਕੁਮਾਰ ਫਿਰੋਜ਼ਸ਼ਾਹ ਨੂੰ ਨਿਯੁਕਤ ਕੀਤਾ ਗਿਆ। ਇਸੇ ਤਰ੍ਹਾਂ ਰਜਵੰਤ ਕੌਰ ਆਸ਼ਾ ਵਰਕਰ, ਅਜੀਤ ਗਿੱਲ, ਚਰਨਜੀਤ ਕੌਰ ਆਮ ਆਦਮੀ ਕਲੀਨਿਕ ਫਾਰਮਾਸਿਸਟ ਤੇ ਪਰਮਜੀਤ ਕੌਰ ਐੱਲ.ਐੱਚ.ਵੀ. ਗੁਰੂ ਹਰਸਹਾਏ ਨੂੰ ਮੀਤ ਪ੍ਰਧਾਨ ਬਣਾਇਆ ਗਿਆ।ਵਧੀਕ ਜਨਰਲ ਸਕੱਤਰ ਵਜੋਂ ਮੋਨਿਕਾ ਬੇਦੀ, ਕ੍ਰਿਸ਼ਨਾ ਨਰਸਿੰਗ ਸਿਸਟਰ ਤੇ ਲਖਵਿੰਦਰ ਕੌਰ ਸਟਾਫ਼ ਨਰਸ ਫਿਰੋਜ਼ਪੁਰ ਕੈਂਟ ਨੂੰ ਜ਼ਿੰਮੇਵਾਰੀ ਦਿੱਤੀ ਗਈ।ਖ਼ਜ਼ਾਨਚੀ ਵਜੋਂ ਗੁਰਮੇਲ ਸਿੰਘ, ਪਲਵਿੰਦਰ ਕੌਰ, ਗੁਰਦੇਵ ਸਿੰਘ ਤੇ ਗੁਰਮੀਤ ਕੌਰ ਏ.ਐੱਨ.ਐੱਮ. ਨੂੰ ਨਿਯੁਕਤ ਕੀਤਾ ਗਿਆ।ਜਥੇਬੰਦਕ ਸਕੱਤਰ ਵਜੋਂ ਰਮਨਦੀਪ ਸਿੰਘ, ਅਨੀਤਾ ਰਾਣੀ, ਰੇਖਾ ਸਟਾਫ਼, ਰਾਜਬੀਰ ਸਿੰਘ, ਜਗਤਾਰ ਸਿੰਘ, ਜੰਗੋ ਬਾਈ, ਬਲਜੀਤ ਕੌਰ ਕਾਮਲ ਵਾਲਾ ਤੇ ਸ਼ੈਲੀ ਏਡਜ਼ ਕੰਟਰੋਲ ਸੋਸਾਇਟੀ ਹੀਰਾ ਸਿੰਘ 108 ਨੂੰ ਜ਼ਿੰਮੇਵਾਰੀ ਸੌਂਪੀ ਗਈ।ਪ੍ਰੈੱਸ ਸਕੱਤਰ ਵਜੋਂ ਪਰਵੀਰ ਸਿੰਘ, ਗੌਰਵ ਦਾਸ, ਮਨਜੀਤ ਸਿੰਘ ਗੁਰੂ ਹਰਸਹਾਏ ਤੇ ਗੁਰਬਿੰਦਰ ਸਿੰਘ ਨੂੰ ਚੁਣਿਆ ਗਿਆ।ਪ੍ਰਚਾਰ ਸਕੱਤਰ ਵਜੋਂ ਭਾਰਤ ਭੂਸ਼ਣ, ਤਰਨਦੀਪ ਕੌਰ, ਜਗਰੂਪ ਸਿੰਘ ਕਸੂਆਣਾ ਤੇ ਬਲਦੇਵ ਸਿੰਘ ਕਸੂਆਣਾ ਨੂੰ ਨਿਯੁਕਤ ਕੀਤਾ ਗਿਆ।ਦਫ਼ਤਰੀ ਸਕੱਤਰ ਵਜੋਂ ਮਨਿੰਦਰਜੀਤ ਸਿੰਘ ਸਿਵਲ ਸਰਜਨ ਦਫ਼ਤਰ, ਮਨਦੀਪ ਚਾਵਲਾ, ਡਾ. ਯੁਵਰਾਜ ਨਾਰੰਗ, ਬਗੀਚ ਸਿੰਘ, ਵੀਨਾ ਐੱਲ.ਐੱਚ.ਵੀ., ਪ੍ਰਭਜੋਤ ਕੌਰ ਸਟਾਫ਼ ਤੇ ਮਨਜੀਤ ਸਿੰਘ ਮਮਦੋਟ ਨੂੰ ਜ਼ਿੰਮੇਵਾਰੀ ਸੌਂਪੀ ਗਈ।ਕਾਨੂੰਨੀ ਸਲਾਹਕਾਰ ਵਜੋਂ ਨਛੱਤਰ ਸਿੰਘ, ਮੋਨਿਕਾ ਸਟਾਫ਼ ਤੇ ਅਮਰਜੀਤ ਸਿੰਘ ਨੂੰ ਚੁਣਿਆ ਗਿਆ।ਮੁੱਖ ਬੁਲਾਰੇ ਵਜੋਂ ਮਨਪ੍ਰੀਤ ਕੌਰ ਸਟਾਫ਼, ਜਸਵਿੰਦਰ ਸਿੰਘ ਗੁਰੂ ਹਰਸਹਾਏ ਤੇ ਜੁਗਰਾਜ ਸਿੰਘ ਆਮ ਆਦਮੀ ਕਲੀਨਿਕ ਨੂੰ ਜ਼ਿੰਮੇਵਾਰੀ ਦਿੱਤੀ ਗਈ।ਅਖੀਰ ਵਿੱਚ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਨਰਿੰਦਰ ਸਿੰਘ ਕਮਿਊਨਿਟੀ ਹੈਲਥ ਅਫ਼ਸਰ ਨੇ ਯੂਨੀਅਨ ਦੇ ਸਮੂਹ ਆਗੂਆਂ ਤੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਪੂਰੀ ਇਮਾਨਦਾਰੀ, ਤਨਦੇਹੀ ਤੇ ਮਿਹਨਤ ਨਾਲ ਨਿਭਾਈ ਜਾਵੇਗੀ।ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਯੂਨੀਅਨ ਵੱਲੋਂ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਸਬੰਧੀ ਮੰਗ ਪੱਤਰ ਤਿਆਰ ਕਰਕੇ ਸਿਵਲ ਸਰਜਨ ਫਿਰੋਜ਼ਪੁਰ ਨਾਲ ਮੀਟਿੰਗ ਕੀਤੀ ਜਾਵੇਗੀ ਤੇ ਮੁਲਾਜ਼ਮਾਂ ਦੀਆਂ ਸਮੱਸਿਆਵਾਂ ਤੇ ਮੰਗਾਂ ਦਾ ਹੱਲ ਕਰਵਾਉਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ।

ਕੇ ਜੇ ਸਿੰਘ ਤੇ ਪ੍ਰਿੰ. ਸੁਖਵੰਤ ਸਿੰਘ ਦਾ ਸਨਮਾਨ



ਸਮਰਾਲਾ (ਸੁਰਜੀਤ ਸਿੰਘ)-'ਸ਼ਬਦ ਨਾਦ' ਸੰਸਥਾ ਲੁਧਿਆਣਾ ਵੱਲੋਂ 18 ਘੰਟਿਆਂ ਅੰਦਰ ਸੱਤ ਭਾਗਾਂ ਵਿੱਚ ਰੀਕਾਰਡ ਕੀਤੇ ਪੰਚਮ ਪਾਤਿਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਵੱਲੋਂ ਨਿਰਧਾਰਤ ਰਾਗਾਂ ਅਧਾਰਤ ਵਿਸ਼ੇਸ਼ ਸੰਗੀਤਕ ਪ੍ਰੋਜੈਕਟ ਨੂੰ ਸੰਪੂਰਨ ਕਰਨ ਲਈ ਕੇ ਜੇ ਸਿੰਘ ਤੇ ਪ੍ਰਿੰ. ਸੁਖਵੰਤ ਸਿੰਘ ਨੂੰ ਅੱਜ ਪੰਜਾਬੀ ਲੋਕ ਵਿਰਾਸਤ ਅਕਾਦਮੀ ਵੱਲੋਂ ਸਨਮਾਨਤ ਕੀਤਾ ਗਿਆ।ਇਸ ਪ੍ਰਾਜੈਕਟ ਵਿੱਚ 141 ਮੌਲਿਕ ਗੁਰਬਾਣੀ ਸ਼ਬਦਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ 31 ਰਾਗਾਂ ਤੇ 31 ਮਿਸ਼ਰਤ ਰਾਗਾਂ ਸਮੇਤ ਸਮੁੱਚੇ 62 ਰਾਗਾਂ ਤੇ ਚੋਣਵੀਆਂ ਗੁਰਬਾਣੀ ਲੋਕ-ਰਾਗ ਪ੍ਰੰਪਰਾ ਅਨੁਸਾਰ ਸੰਗੀਤਬੱਧ ਕਰਨਾ ਮਹਾਨ ਸੇਵਾ ਹੈ। ਪੰਜਾਬੀ ਲੋਕ ਵਿਰਾਸਤ ਅਕਾਦਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਇਸ ਅਲੌਕਿਕ ਪੇਸ਼ਕਸ਼ ਉਪਰੰਤ ਪੂਰੇ ਵਿਸ਼ਵ ਵਿੱਚ ਵੱਸਦੇ ਗੁਰੂ ਨਾਨਕ ਨਾਮ ਲੇਵਾ ਇਹ ਮਹਾਨ ਗੁਰਬਾਣੀ ਗਾਇਨ ਦੇ ਟਕਸਾਲੀ ਸਰੂਪ ਨੂੰ ਸੁਣ ਸਕਣਗੇ।ਪੰਜਾਬੀ ਲੋਕ ਵਿਰਾਸਤ ਅਕਾਦਮੀ ਵੱਲੋਂ ਕੇ ਜੇ ਸਿੰਘ ਤੇ ਪ੍ਰਿੰ. ਸੁਖਵੰਤ ਸਿੰਘ ਨੂੰ ਸਨਮਾਨਤ ਕੀਤਾ ਗਿਆ। ਪ੍ਰਿੰਸੀਪਲ ਸੁਖਵੰਤ ਸਿੰਘ ਨੇ ਦੱਸਿਆ ਕਿ ਇਸ ਪ੍ਰੋਜੈਕਟ ਨੂੰ ਪੂਰਾ ਕਰਨ ਲਈ ਦਸ ਸਾਲ ਲੱਗੇ ਹਨ। ਇਸ ਦਾ ਉਦੇਸ਼ ਗੁਰਬਾਣੀ ਦੀ ਸੰਪੂਰਨ ਰਾਗਾਤਮਕ ਸੰਗੀਤਕ ਵਿਰਾਸਤ ਨੂੰ ਟਕਸਾਲੀ ਰੂਪ ਵਿੱਚ ਸਤਿਕਾਰ ਸਹਿਤ ਸੰਭਾਲਣਾ ਸੀ।ਇਸ ਕਾਰਜ ਵਿੱਚ ਪਦਮਸ਼੍ਰੀ ਭਾਈ ਹਰਜਿੰਦਰ ਸਿੰਘ ਸ੍ਰੀਨਗਰ ਵਾਲਿਆਂ ਦੀ ਵਿਸ਼ੇਸ਼ ਭੂਮਿਕਾ ਰਹੀ।ਉਨ੍ਹਾ ਦੱਸਿਆ ਕਿ ਲਗਪਗ ਇੱਕ ਦਹਾਕੇ ਦੀ ਨਿਰੰਤਰ ਮਿਹਨਤ ਤੋਂ ਬਾਅਦ ਇਹ ਪ੍ਰੋਜੈਕਟ 30 ਅਕਤੂਬਰ ਨੂੰ ਰਾਮਗੜ੍ਹੀਆ ਗਰਲਜ਼ ਕਾਲਜ ਲੁਧਿਆਣਾ ਦੇ ਬਾਬਾ ਗੁਰਮੁਖ ਸਿੰਘ ਹਾਲ ਵਿੱਚ ਸੰਗਤ ਅਰਪਣ ਕੀਤਾ ਗਿਆ।ਇਸ ਮੌਕੇ ਯੂ ਐੱਸ ਏ ਤੋਂ ਆਏ ਜਸਜੀਤ ਸਿੰਘ ਨੱਤ, ਗੁਰਿੰਦਰਜੀਤ ਸਿੰਘ ਨੱਤ ਤੇ ਸਰਦਾਰਨੀ ਜਸਵਿੰਦਰ ਕੌਰ ਗਿੱਲ ਵੀ ਹਾਜ਼ਰ ਸਨ।

ਪੰਜਾਬ ਸਰਕਾਰ ਨੇ ਖੁਦ 180 ਲੱਖ ਮੀਟ੍ਰਿਕ ਟਨ ਝੋਨਾ ਚੁੱਕਣ ਲਈ ਕੇਂਦਰ ਨੂੰ ਕਿਹਾ : ਹਰਿੰਦਰਪਾਲ ਚੰਦੂਮਾਜਰਾ



ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)-ਵਿਧਾਨ ਸਭਾ ਹਲਕਾ ਸਨੌਰ ਦੇ ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ ਮੰਡੀਆਂ ਦੀ ਖਰੀਦ ਬੰਦ ਹੋਣ ਦੀ ਖਬਰ ਦੇ ਨਾਲ ਹੀ ਦੇਵੀਗੜ੍ਹ ਘੜਾਮ ਆਦਿ ਮੰਡੀਆਂ ਵਿੱਚ ਪਹੁੰਚੇ ਅਤੇ ਕਿਸਾਨਾਂ ਤੇ ਆੜ੍ਹਤੀਆਂ ਨਾਲ ਗੱਲਬਾਤ ਕਰਨ ਉਪਰੰਤ ਉਨ੍ਹਾਂ ਪੱਤਰਕਾਰਾਂ ਦੇ ਸਾਹਮਣੇ ਜਿੱਥੇ ਦੇਵੀਗੜ੍ਹ, ਘੜਾਮ, ਮਸੀਗਣ, ਮਗਰ ਸਾਹਿਬ ਆਦਿ ਮੰਡੀਆਂ ਦੀ ਖਰੀਦ ਬੰਦ ਹੋਣ ਤੇ ਸਰਕਾਰ ਨੂੰ ਘੇਰਿਆ ਤੇ ਨਾਲ ਹੀ ਨਾਲ ਉਹ ਚਿੱਠੀ ਵੀ ਨਸ਼ਰ ਕੀਤੀ, ਜਿਸ ਵਿੱਚ ਸਕੱਤਰ ਫੂਡ ਸਪਲਾਈ ਪੰਜਾਬ ਆਪਣੇ ਡਿਪਟੀ ਡਾਇਰੈਕਟਰ ਤੇ ਡੀ ਐੱਫ ਐੱਸ ਸੀ ਨੂੰ ਹਦਾਇਤਾਂ ਦੇ ਰਹੇ ਹਨ ਕਿ ਪੰਜਾਬ ਸਰਕਾਰ ਨੇ ਕੇਂਦਰ ਤੋਂ 2022-23 ਤੇ 24 ਦੀ ਐਵਰੇਜ ਅਨੁਸਾਰ ਖਰੀਦ ਕਰਨ ਦਾ ਕੇਸ ਰੱਖਿਆ ਸੀ, ਜਿਸ ਕਰਕੇ ਕੇਂਦਰ ਨੇ 180 ਲੱਖ ਮੀਟ੍ਰਿਕ ਟਨ ਫਸਲ ਖ੍ਰੀਦਣ ਲਈ ਹਾਮੀ ਭਰੀ ਹੈ। ਚੰਦੂਮਾਜਰਾ ਨੇ ਕਿਹਾ ਕਿ ਇਸ ਚਿੱਠੀ ਵਿੱਚ ਸਿੱਧੀਆਂ ਹਦਾਇਤਾਂ ਇਹ ਵੀ ਕੀਤੀਆਂ ਗਈਆਂ ਹਨ ਕਿ 180 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਨਾ ਵਧੇ ਇਸ ਲਈ ਇਹ ਯਕੀਨੀ ਬਣਾਇਆ ਜਾਵੇ ਕਿ ਵੱਖੋ ਵੱਖਰੀਆਂ ਮੰਡੀਆਂ ਵਿੱਚ ਪੰਜਾਬ ਸਰਕਾਰ ਵੱਲੋਂ ਮਿੱਥੇ ਗਏ ਟੀਚੇ ਤੋਂ ਵੱਧ ਫਸਲ ਦੀ ਖਰੀਦ ਨਾ ਕੀਤੀ ਜਾਵੇ। ਚੰਦੂਮਾਜਰਾ ਨੇ ਕਿਹਾ ਕਿ ਜਦੋਂ ਸਾਹਮਣੇ ਸਾਫ ਨਜ਼ਰ ਆ ਰਿਹਾ ਸੀ ਕਿ ਇਸ ਵਾਰੀ ਪੰਜਾਬ ਦੀਆਂ ਮੰਡੀਆਂ ਵਿੱਚ ਝਾੜ ਲਗਭਗ ਸਵਾ 200 ਲੱਖ ਮੀਟ੍ਰਿਕ ਟਨ ਤੱਕ ਜਾਵੇਗਾ ਤਾਂ 180 ਲੱਖ ਮੀਟ੍ਰਿਕ ਟਨ ਫਸਲ ਕੇਂਦਰ ਨੂੰ ਚੁੱਕ ਕੇ ਲਿਜਾਣ ਲਈ ਕਹਿਣ ਵਾਲੀ ਪੰਜਾਬ ਸਰਕਾਰ ਦੱਸੇ ਕਿ ਇਸ ਤੋਂ ਉੱਤੇ ਵਾਲੀ ਫਸਲ ਦੀ ਚੁਕਾਈ ਕਿਵੇਂ ਹੋਵੇਗੀ। ਉਨ੍ਹਾਂ ਕਿਹਾ ਕਿ ਜਿੱਥੇ ਪਿਛਲੇ ਸਮਿਆਂ ਦੌਰਾਨ ਪੰਜਾਬ ਦਾ ਝੋਨਾ ਹਰਿਆਣੇ ਵਿੱਚ ਜਾਂਦਾ ਰਿਹਾ ਤੇ 2022 ਦੇ ਮੁਕਾਬਲੇ ਵੀ ਝਾੜ ਵਧਣਾ ਹੈ, ਉੱਥੇ ਹੀ ਬਾਸਮਤੀ ਦਾ ਦੇਵੀਗੜ੍ਹ ਤੇ ਦੁੱਧ ਸਾਧਾਂ ਮੰਡੀ ਵਿੱਚ ਹੀ ਕੇਵਲ 99 ਟਨ ਤੋਂ ਘੱਟ ਕੇ 2000 ਦੇ ਲਗਭਗ 200 ਟਨ ਦੇ ਲਗਭਗ ਮਾਲ ਆਉਣਾ ਇੱਕ ਕਾਰਨ ਬਣਿਆ ਹੈ ਕਿ ਇਨ੍ਹਾਂ ਮੰਡੀਆਂ ਵਿੱਚ ਮਿੱਥੇ ਟੀਚਿਆਂ ਤੋਂ ਕਿਤੇ ਵੱਧ ਝੋਨਾ ਆਵੇਗਾ। ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਿਹਾ ਕਿ ਤੁਸੀਂ ਚੁਸਤ ਚਲਾਕੀਆਂ ਦੀ ਰਾਜਨੀਤੀ ਛੱਡ ਕੇ ਸੰਜੀਦਾ ਰਾਜਨੀਤੀ ਕਰੋ, ਤੁਹਾਡੀਆਂ ਚਿੱਠੀਆਂ ਤੁਹਾਡੇ ਇਰਾਦਿਆਂ ਨੂੰ ਪ੍ਰਤੱਖ ਰੂਪ ਵਿੱਚ ਜ਼ਾਹਰ ਕਰ ਰਹੀਆਂ ਹਨ ਕਿ 180 ਲੱਖ ਮੀਟ੍ਰਿਕ ਟਨ ਲਈ ਕੇਂਦਰ ਨੂੰ ਆਪ ਕਹਿ ਕੇ ਬਾਕੀ ਬਚੀ ਫਸਲ ਦਾ ਪ੍ਰਭਾਵ ਇਹ ਦੇਣਾ ਚਾਹੁੰਦੇ ਹੋ ਕਿ ਇਹ ਕੇਂਦਰ ਨਹੀਂ ਚੁੱਕ ਰਿਹਾ।

ਉਨ੍ਹਾਂ ਕਿਹਾ ਕਿ ਇਹ ਚੁਸਤ ਚਲਾਕੀਆਂ ਹੁਣ ਨਹੀਂ ਚੱਲਣੀਆਂ ਤੇ ਜੇਕਰ ਖਰੀਦ ਸ਼ੁਰੂ ਨਾ ਕੀਤੀ ਤਾਂ ਤੁਹਾਡੇ ਅਧਿਕਾਰੀਆਂ ਤੇ ਸਰਕਾਰ ਦੇ ਨੁਮਾਇੰਦਿਆਂ ਦਾ ਘਿਰਾਓ ਕੀਤਾ ਜਾਵੇਗਾ। ਇਸ ਮੌਕੇ ਸਵਰਨ ਸਿੰਘ ਖੇੜੀ ਰਿਣਵਾ, ਮੋਹਨ ਲਾਲ, ਵਿਕਰਮ ਸਿੰਘ ਫਰੀਦਪੁਰ, ਵਿੱਕੀ ਸੋਨੂ ਗੁਪਤਾ, ਪ੍ਰਿੰਸ ਮਿਹੌਣ, ਗਣੇਸ਼ੀ ਲਾਲ, ਬਿਕਰਮ ਸਿੰਘ ਅੰਜਲਾ, ਰਾਮ ਕਰਨ ਮਿਹੌਣ, ਤਰਲੋਕ ਸਿੰਘ ਹਾਜੀਪੁਰ, ਕ੍ਰਿਸ਼ਨ, ਜਸਪਾਲ ਸਿੰਘ, ਸਰਜੀਵਨ ਸਿੰਘ ਮਿਹੌਣ, ਅਜੇ ਦੇਵੀਗੜ੍ਹ, ਹਰਦੀਪ ਸਿੰਘ ਸੰਪੂਰਨਗੜ੍ਹ, ਮਹਿੰਦਰ ਸਿੰਘ ਜੁਲਾਹਖੇੜੀ, ਜਸਪਾਲ ਸਿੰਘ ਬੱਡਲੀ, ਗੁਰਮੁੱਖ ਸਿੰਘ ਸੁਹਾਗਹੇੜੀ ਆਦਿ ਹਾਜ਼ਰ ਸਨ।

ਮਿੰਨੀ ਸਕੱਤਰੇਤ ਵਿਖੇ ਮਨਾਇਆ ਰਾਸ਼ਟਰੀ ਏਕਤਾ ਦਿਵਸ




ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)-ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਭਾਰਤ ਦੇ ਪਹਿਲੇ ਉੱਪ ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ, ਲੋਹ ਪੁਰਸ਼ ਸਰਦਾਰ ਵੱਲਭ ਭਾਈ ਪਟੇਲ ਜੀ ਦੀ ਜਨਮ ਵਰ੍ਹੇਗੰਢ ਮੌਕੇ ਰਾਸ਼ਟਰੀ ਏਕਤਾ ਦਿਵਸ ਮਨਾਇਆ ਗਿਆ।ਇਸ ਸਬੰਧੀ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਦੀ ਅਗਵਾਈ ਹੇਠ ਨਾਇਬ ਤਹਿਸੀਲਦਾਰ ਸ੍ਰੀ ਹਰਸ਼ਵੀਰ ਗੋਇਲ ਵੱਲੋਂ ਮਿੰਨੀ ਸਕੱਤਰੇਤ, ਫ਼ਰੀਦਕੋਟ ਵਿਖੇ ਸਮਾਗਮ ਕਰਵਾਇਆ ਗਿਆ।ਇਸ ਮੌਕੇ ਹਾਜ਼ਰ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਰਾਸ਼ਟਰੀ ਏਕਤਾ ਤੇ ਅਖੰਡਤਾ ਦੀ ਸਹੁੰ ਚੁਕਾਈ ਗਈ।ਇਸ ਦੌਰਾਨ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਦੇਸ਼ ਦੀ ਏਕਤਾ, ਅਖੰਡਤਾ ਤੇ ਸੁਰੱਖਿਆ ਨੂੰ ਕਾਇਮ ਰੱਖਣ ਲਈ ਆਪਣੇ ਆਪ ਨੂੰ ਸਮਰਪਤ ਕਰਨ ਦਾ ਸੰਕਲਪ ਲਿਆ।ਇਸ ਮੌਕੇ ਸਰਦਾਰ ਵੱਲਭ ਭਾਈ ਪਟੇਲ ਜੀ ਵੱਲੋਂ ਦੇਸ਼ ਦੀ ਏਕਤਾ ਤੇ ਅਖੰਡਤਾ ਲਈ ਪਾਏ ਗਏ ਅਮੁੱਲੇ ਯੋਗਦਾਨ ਨੂੰ ਯਾਦ ਕੀਤਾ ਗਿਆ।ਨਾਇਬ ਤਹਿਸੀਲਦਾਰ ਸ੍ਰੀ ਹਰਸ਼ਵੀਰ ਗੋਇਲ ਨੇ ਕਿਹਾ ਕਿ ਰਾਸ਼ਟਰੀ ਏਕਤਾ ਦਿਵਸ ਸਾਨੂੰ ਦੇਸ਼ ਦੀ ਏਕਤਾ, ਅਖੰਡਤਾ ਤੇ ਆਪਸੀ ਭਾਈਚਾਰੇ ਨੂੰ ਮਜ਼ਬੂਤ ਬਣਾਉਣ ਦਾ ਸੰਦੇਸ਼ ਦਿੰਦਾ ਹੈ।ਇਸ ਮੌਕੇ ਮਿੰਨੀ ਸਕੱਤਰੇਤ, ਪੁਲਸ ਪ੍ਰਸ਼ਾਸਨ ਫ਼ਰੀਦਕੋਟ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵੱਲੋਂ ਧਰਨੇ 'ਚ ਸਿਹਤ ਸੇਵਾਵਾਂ ਜਾਰੀ




ਮਾਨਸਾ (ਆਤਮਾ ਸਿੰਘ ਪਮਾਰ)-ਨਸ਼ਾ ਵਿਰੋਧੀ ਟਾਸਕ ਫੋਰਸ ਦੇ ਮੁਖੀ ਪਰਵਿੰਦਰ ਸਿੰਘ ਝੋਟੇ ਦੀ ਸ਼ਹੀਦੀ ਉਪਰੰਤ ਮਾਨਸਾ ਵਿਖੇ ਵੱਖ ਵੱਖ ਰਾਜਨੀਤਕ ਦਲਾਂ, ਜਥੇਬੰਦੀਆਂ ਤੇ ਆਮ ਲੋਕਾਂ ਦੇ ਸਹਿਯੋਗ ਨਾਲ ਚੱਲ ਰਿਹਾ ਧਰਨਾ 19ਵੇਂ ਦਿਨ 'ਚ ਦਾਖਲ ਹੋ ਗਿਆ ਹੈ।ਉਧਰ ਦੂਜੇ ਪਾਸੇ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਵੱਲੋਂ ਧਰਨਾਕਾਰੀਆਂ ਦੀਆਂ ਮੁਸ਼ਕਲਾਂ ਨੂੰ ਧਿਆਨ ਹਿੱਤ ਰੱਖਦਿਆਂ ਸਿਹਤ ਸਹੂਲਤਾਂ ਦਾ ਲੰਗਰ ਵੀ ਲਗਾਤਾਰ ਜਾਰੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸੋਸੀਏਸ਼ਨ ਦੇ ਸੂਬਾਈ ਪ੍ਰਧਾਨ ਧੰਨਾ ਮੱਲ ਗੋਇਲ ਤੇ ਜ਼ਿਲ੍ਹਾ ਪ੍ਰਧਾਨ ਸੱਤਪਾਲ ਰਿਸ਼ੀ ਨੇ ਦੱਸਿਆ ਕਿ ਭਾਵੇਂ ਇਹ ਸਿਹਤ ਸੇਵਾਵਾਂ ਦਾ ਲੰਗਰ ਸੂਬਾਈ ਫੈਸਲੇ ਤਹਿਤ ਚੱਲ ਰਿਹਾ ਹੈ, ਪ੍ਰੰਤੂ ਇਸ ਦਾ ਸੰਚਾਲਨ ਜ਼ਿਲ੍ਹਾ ਇਕਾਈ ਮਾਨਸਾ ਵੱਲੋਂ ਹੀ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਜਥੇਬੰਦੀ ਵੱਲੋਂ ਪਿਛਲੇ ਸਮਿਆਂ ਦੌਰਾਨ ਵੀ ਵੱਖ ਵੱਖ ਅੰਦੋਲਨਾਂ ਤੋਂ ਇਲਾਵਾ ਹੋਰ ਜਨਤਕ ਇਕੱਤਰਤਾਵਾਂ 'ਚ ਵੀ ਇਸੇ ਤਰ੍ਹਾਂ ਸਿਹਤ ਸੇਵਾਵਾਂ ਦੇ ਲੰਗਰ ਲਗਾਏ ਜਾਂਦੇ ਰਹੇ ਹਨ।ਗੋਇਲ ਨੇ ਕਿਹਾ ਕਿ ਮਨੁੱਖਤਾ ਦੀ ਭਲਾਈ ਤੇ ਜਥੇਬੰਦਕ ਪ੍ਰੰਪਰਾ ਨੂੰ ਅੱਗੇ ਵਧਾਉਂਦਿਆਂ ਅਜਿਹੇ ਕਾਰਜ ਭਵਿੱਖ 'ਚ ਵੀ ਇਸੇ ਤਰ੍ਹਾਂ ਜਾਰੀ ਰਹਿਣਗੇ, ਤਾਂ ਜੋ ਆਪਸੀ ਏਕਤਾ ਤੇ ਭਾਈਚਾਰਕ ਸਾਂਝ ਨੂੰ ਬਰਕਰਾਰ ਰੱਖਿਆ ਜਾ ਸਕੇ।ਇਸ ਸਮੇਂ ਕਰਮਜੀਤ ਕੌਰ, ਜਰਨੈਲ ਸਿੰਘ ਕੋਟ ਧਰਮੂ, ਭੁਪਿੰਦਰ ਸਿੰਘ ਆਦਿ ਸਿਹਤ ਸੇਵਾਵਾਂ ਦੇ ਲੰਗਰ 'ਚ ਸੇਵਾਵਾਂ ਨਿਭਾਅ ਰਹੇ ਸਨ।

ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ 'ਆਪ' ਮੁੜ ਸਰਕਾਰ ਬਣਾਏਗੀ : ਦਲਬੀਰ ਯੂ ਕੇ




ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਪੰਜਾਬ ਅੰਦਰ ਮੁੜ ਸਰਕਾਰ ਬਣੇਗੀ। ਸਮਾਜ ਸੇਵੀ ਕਬੱਡੀ ਦੇ ਪ੍ਰਮੋਟਰ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਦਲਬੀਰ ਸਿੰਘ ਗਿੱਲ ਯੂ ਕੇ ਨੇ ਹਲਕਾ ਘਨੌਰ ਦੇ ਪਿੰਡਾਂ ਢੀਂਡਸਾ, ਧਮੋਲੀ ਵਿਖੇ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਲੋਕ ਮਿਲਣੀਆਂ ਦੌਰਾਨ ਲੋਕਾਂ ਦੇ ਸਨਮੁੱਖ ਹੋਣ ਸਮੇਂ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਲੋਕਾਂ ਨਾਲ ਗੱਲਬਾਤ ਕਰਦਿਆਂ ਦਲਬੀਰ ਗਿੱਲ ਯੂਕੇ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀ ਭਲਾਈ, ਪਿੰਡਾਂ ਦੇ ਵਿਕਾਸ ਤੇ ਸੂਬੇ ਦੀ ਤਰੱਕੀ ਲਈ ਵਚਨਬੱਧ ਹੈ।ਦਲਬੀਰ ਗਿੱਲ ਯੂ ਕੇ ਨੇ ਕਿਹਾ ਕਿ 'ਮਾਨ ਦੇ ਮੁਨਾਫ਼ੇ' ਦਾ ਮੁੱਖ ਉਦੇਸ਼ ਸਰਕਾਰ ਦੀਆਂ ਨੀਤੀਆਂ, ਲੋਕ ਭਲਾਈ ਦੇ ਉਪਰਾਲਿਆਂ ਤੇ ਵਿਕਾਸ ਕਾਰਜਾਂ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਨਾਲ ਸਿੱਧਾ ਸੰਵਾਦ ਕਾਇਮ ਕਰਨਾ ਹੈ।ਉਨ੍ਹਾਂ ਕਿਹਾ ਕਿ ਲੋਕਤੰਤਰ ਦੀ ਅਸਲ ਤਾਕਤ ਲੋਕਾਂ ਦੀ ਆਵਾਜ਼ ਸੁਣਨ ਤੇ ਉਨ੍ਹਾਂ ਦੀਆਂ ਲੋੜਾਂ ਅਨੁਸਾਰ ਕੰਮ ਕਰਨ ਵਿੱਚ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਦੇ ਲੋਕਾਂ ਨਾਲ ਮਿਲ ਕੇ ਉਨ੍ਹਾਂ ਦੇ ਵਿਚਾਰ ਸੁਣਨੇ ਤੇ ਉਨ੍ਹਾਂ ਦੀਆਂ ਉਮੀਦਾਂ ਨੂੰ ਸਮਝਣਾ ਬੇਹੱਦ ਜ਼ਰੂਰੀ ਹੈ। ਅਜਿਹੀਆਂ ਲੋਕ ਮਿਲਣੀਆਂ ਰਾਹੀਂ ਲੋਕਾਂ ਨੂੰ ਆਪਣੀਆਂ ਗੱਲਾਂ ਰੱਖਣ ਦਾ ਮੌਕਾ ਮਿਲਦਾ ਹੈ ਤੇ ਪਿੰਡਾਂ ਦੀਆਂ ਲੋੜਾਂ ਤੇ ਵਿਕਾਸ ਨਾਲ ਜੁੜੇ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਜਾਂਦਾ ਹੈ।ਇਸ ਮੌਕੇ ਦਰਸ਼ਨ ਸਿੰਘ ਭੋਗਲਾ, ਜਸਵਿੰਦਰ ਸਿੰਘ, ਜਰਨੈਲ ਸਿੰਘ, ਲੱਕੀ ਗੋਪਾਲਪੁਰ, ਕੁਲਵਿੰਦਰ ਲਾਛੜੂ, ਗੁਰਪ੍ਰੀਤ ਸਿੰਘ, ਗੁਰਵਿੰਦਰ ਸਿੰਘ ਤੇ ਸਤਨਾਮ ਢੀਂਡਸਾ ਉਨ੍ਹਾਂ ਦੇ ਨਾਲ ਸਨ।

ਸੇਵਾ-ਮੁਕਤ ਪੁਲਸ ਅਧਿਕਾਰੀਆਂ ਨੂੰ ਵਿਦਾਇਗੀ ਪਾਰਟੀ ਤੇ ਸਨਮਾਨ




ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਸ੍ਰੀ ਮੁਕਤਸਰ ਸਾਹਿਬ ਪੁਲਸ ਵਿਭਾਗ ਵੱਲੋਂ ਸੇਵਾ ਮੁਕਤ ਹੋ ਰਹੇ ਪੁਲਸ ਅਧਿਕਾਰੀ ਨੂੰ ਵਿਦਾਇਗੀ ਪਾਰਟੀ ਦਿੱਤੀ ਗਈ।ਇਸ ਮੌਕੇ ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਸ੍ਰੀ ਅਭਿਮੰਨਿਊ ਰਾਣਾ ਨੇ ਸੇਵਾ ਮੁਕਤ ਹੋ ਰਹੇ ਅਧਿਕਾਰੀ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੀ ਚੰਗੀ ਸਿਹਤ ਤੇ ਖੁਸ਼ਹਾਲ ਜੀਵਨ ਲਈ ਸ਼ੁੱਭ-ਕਾਮਨਾਵਾਂ ਪ੍ਰਗਟਾਈਆਂ ਤੇ ਉਨ੍ਹਾਂ ਲਈ ਵਿਦਾਇਗੀ ਪਾਰਟੀ ਕੀਤੀ।ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ 3 ਪੁਲਸ ਕਰਮਚਾਰੀ ਆਪਣੀ ਸਰਵਿਸ ਪੂਰੇ ਕਰਦੇ ਹੋਏ ਰਿਟਾਇਰ ਹੋਏ ਹਨ, ਜਿਨ੍ਹਾਂ ਵਿੱਚ ਸਬ ਇੰਸਪੈਕਟਰ ਦਰਸ਼ਨ ਸਿੰਘ, ਏ.ਐੱਸ.ਆਈ. ਜਰਨੈਲ ਸਿੰਘ, ਏ.ਐੱਸ.ਆਈ. ਗੁਰਜੀਤ ਸਿੰਘ, ਵਿਦਾਇਗੀ ਸਮਾਰੋਹ ਕਾਨਫਰੰਸ ਹਾਲ ਐੱਸ.ਐੱਸ.ਪੀ. ਦਫਤਰ ਵਿੱਚ ਕੀਤਾ ਗਿਆ, ਜਿੱਥੇ ਸ੍ਰ. ਜੋਰਾ ਸਿੰਘ ਡੀ.ਐੱਸ.ਪੀ. ਐੱਚ ਤੇ ਇੰਸਪੈਕਟਰ ਦੀਪਿਕਾ ਰਾਣੀ ਆਰ ਆਈ ਤੇ ਦਫਤਰੀ ਸਟਾਫ ਵੀ ਮੌਜੂਦ ਸਨ।ਇਸ ਮੌਕੇ ਐੱਸ.ਐੱਸ.ਪੀ. ਨੇ ਸੇਵਾ ਮੁਕਤ ਹੋ ਰਹੇ ਕਰਮਚਾਰੀਆਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ, ਉਨ੍ਹਾਂ ਦਾ ਮਹਿਕਮਾ ਵਿੱਚ ਸੇਵਾ ਲਈ ਧੰਨਵਾਦ ਕੀਤਾ।ਵਿਦਾਇਗੀ ਸਮਾਰੋਹ ਵਿੱਚ ਵੱਡੀ ਗਿਣਤੀ 'ਚ ਪੁਲਸ ਕਰਮਚਾਰੀਆਂ ਦਫਤਰੀ ਸਟਾਫ ਤੋਂ ਇਲਾਵਾ ਰਿਟਾਇਰਡ ਪੁਲਸ ਅਧਿਕਾਰੀ ਦੇ ਪਰਿਵਾਰਕ ਮੈਂਬਰਾਂ ਨੇ ਸ਼ਿਰਕਤ ਕੀਤੀ ਤੇ ਰਿਟਾਇਰ ਹੋ ਰਹੇ ਆਪਣੇ ਸਾਥੀ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਸਟੇਜ ਸੈਕਟਰੀ ਵਜੋਂ ਏ.ਐੱਸ.ਆਈ. ਗੁਰਦੇਵ ਸਿੰਘ ਨੇ ਆਪਣੀ ਡਿਊਟੀ ਨਿਭਾਈ, ਏ.ਐੱਸ.ਆਈ. ਨਾਇਬ ਸਿੰਘ ਨੇ ਗੀਤ ਗਾ ਕੇ ਰਿਟਾਇਰਮੈਂਟ ਪਾਰਟੀ ਦੇ ਮਾਹੌਲ ਨੂੰ ਹੋਰ ਵੀ ਰੰਗੀਨ ਬਣਾਇਆ ਤੇ ਇਸ ਮੌਕੇ ਏ.ਐੱਸ.ਆਈ. ਨੇਮਪਾਲ ਹੈੱਡ ਕਲਰਕ, ਸ੍ਰੀਮਤੀ ਨੀਲਮ ਰਾਣੀ ਸੀਆਰਸੀ, ਸ੍ਰੀ ਹਰਜਿੰਦਰ ਸਿੰਘ ਐੱਮ.ਟੀ.ਓ. ਤੇ ਦਫ਼ਤਰੀ ਸਟਾਫ ਹਾਜ਼ਰ ਸਨ।

ਰਾਸ਼ਟਰੀ ਏਕਤਾ ਦਿਵਸ ਮੌਕੇ 'ਰਨ ਫ਼ਾਰ ਯੂਨਿਟੀ' ਦਾ ਆਯੋਜਨ




ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਫਿਰੋਜ਼ਪੁਰ ਮੰਡਲ ਨੇ ਭਾਰਤ ਰਤਨ ਸਰਦਾਰ ਵੱਲਭ ਭਾਈ ਪਟੇਲ ਦੇ ਜਨਮ ਦਿਹਾੜੇ ਦੇ ਮੌਕੇ 'ਰਨ ਫ਼ਾਰ ਯੂਨਿਟੀ' ਦਾ ਆਯੋਜਨ ਕੀਤਾ। ਇਸ ਮੌਕੇ ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਨੇ ਮੰਡਲ ਦਫ਼ਤਰ ਫ਼ਿਰੋਜ਼ਪੁਰ ਵਿਖੇ ਅਧਿਕਾਰੀਆਂ, ਕਰਮਚਾਰੀਆਂ, ਰੇਲਵੇ ਸੁਰੱਖਿਆ ਬਲ ਦੇ ਜਵਾਨਾਂ ਤੇ ਸਕੂਲ ਦੇ ਵਿਦਿਆਰਥੀਆਂ ਨੂੰ 'ਏਕਤਾ ਸਹੁੰ' ਚੁਕਾਈ। ਇਸ ਮੌਕੇ ਵਧੀਕ ਮੰਡਲ ਰੇਲ ਪ੍ਰਬੰਧਕ ਨਿਤਿਨ ਗਰਗ, ਸੀਨੀਅਰ ਮੰਡਲ ਖੇਡ ਅਧਿਕਾਰੀ ਰਾਹੁਲ ਦੇਵ ਤੇ ਅਧਿਕਾਰੀ ਤੇ ਕਰਮਚਾਰੀ ਮੌਜੂਦ ਰਹੇ। ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਦੀ ਅਗਵਾਈ ਹੇਠ ਅਧਿਕਾਰੀਆਂ, ਕਰਮਚਾਰੀਆਂ, ਰੇਲਵੇ ਸੁਰੱਖਿਆ ਬਲ ਦੇ ਜਵਾਨਾਂ ਤੇ ਸਕੂਲ ਦੇ ਵਿਦਿਆਰਥੀਆਂ ਨੇ 'ਰਨ ਫ਼ਾਰ ਯੂਨਿਟੀ' ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।

ਜੇ ਐੱਮ ਕੇ ਸਕੂਲ 'ਚ ਗੁਰਬਾਣੀ ਦੀ ਪ੍ਰੀਖਿਆ ਕਰਵਾਈ



ਜਗਰਾਓਂ (ਅਮਿਤ ਖੰਨਾ)-ਜੇ. ਐੱਮ. ਕੇ. ਇੰਟਰਨੈਸ਼ਨਲ ਸਕੂਲ ਵਿੱਚ ਬੱਚਿਆਂ ਨੂੰ ਸਿੱਖ ਧਰਮ ਦੀਆਂ ਸਿੱਖਿਆਵਾਂ ਤੇ ਗੁਰਬਾਣੀ ਨਾਲ ਜੋੜਨ ਦੇ ਉਦੇਸ਼ ਨਾਲ ਗੁਰਬਾਣੀ ਦੀ ਪ੍ਰੀਖਿਆ ਕਰਵਾਈ ਗਈ।ਇਸ ਪ੍ਰੀਖਿਆ ਵਿੱਚ ਪਹਿਲੀ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਤੇ ਸ਼ਰਧਾ ਨਾਲ ਭਾਗ ਲਿਆ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਰਜਨੀਸ਼ ਸ਼ਰਮਾ ਨੇ ਵਿਦਿਆਰਥੀਆਂ ਨੂੰ ਗੁਰਬਾਣੀ ਪੜ੍ਹਨ ਤੇ ਉਸ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਬੱਚਿਆਂ ਨੂੰ ਗੁਰਬਾਣੀ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰਬਾਣੀ ਸਾਨੂੰ ਸੱਚਾਈ, ਨਿਮਰਤਾ, ਪਿਆਰ, ਸੇਵਾ ਤੇ ਚੰਗੇ ਸੰਸਕਾਰਾਂ ਦਾ ਮਾਰਗ ਦਿਖਾਉਂਦੀ ਹੈ।ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਛੋਟੀ ਉਮਰ ਤੋਂ ਹੀ ਗੁਰਬਾਣੀ ਤੇ ਧਾਰਮਿਕ ਸਿੱਖਿਆਵਾਂ ਨਾਲ ਜੋੜਨਾ ਬਹੁਤ ਜ਼ਰੂਰੀ ਹੈ, ਤਾਂ ਜੋ ਉਹ ਆਪਣੇ ਜੀਵਨ ਵਿੱਚ ਚੰਗੇ ਇਨਸਾਨ ਬਣ ਸਕਣ।ਇਸ ਉਪਰਾਲੇ ਰਾਹੀਂ ਵਿਦਿਆਰਥੀਆਂ ਵਿੱਚ ਧਾਰਮਿਕ ਗਿਆਨ ਤੇ ਨੈਤਿਕ ਕਦਰਾਂ-ਕੀਮਤਾਂ ਨੂੰ ਵਿਕਸਤ ਕਰਨ ਦਾ ਸੁਨੇਹਾ ਦਿੱਤਾ ਗਿਆ।

ਰਮਿੰਦਰ ਆਵਲਾ ਨੇ ਕ੍ਰਿਕਟ ਟੂਰਨਾਮੈਂਟ 'ਚ ਕੀਤੀ ਸ਼ਿਰਕਤ



ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਪਿੰਡ ਛਾਂਗਾ ਰਾਏ ਉਤਾੜ ਵਿਖੇ ਕਰਵਾਏ ਗਏ ਸ਼ਾਨਦਾਰ ਕ੍ਰਿਕਟ ਟੂਰਨਾਮੈਂਟ ਵਿੱਚ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਉਨ੍ਹਾਂ ਵੱਲੋਂ ਟੂਰਨਾਮੈਂਟ ਪ੍ਰਬੰਧਕ ਕਮੇਟੀ ਨੂੰ 21,000 ਰੁਪਏ ਦੀ ਰਾਸ਼ੀ ਸਨਮਾਨ ਵਜੋਂ ਭੇਟ ਕੀਤੀ ਗਈ ਤੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਲਈ ਇੱਕ ਕ੍ਰਿਕਟ ਕਿੱਟ ਵੀ ਦਿੱਤੀ ਗਈ।ਇਸ ਮੌਕੇ ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਅਜਿਹੇ ਖੇਡ ਟੂਰਨਾਮੈਂਟ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਨਾਲ-ਨਾਲ ਆਪਸੀ ਭਾਈਚਾਰਕ ਸਾਂਝ ਤੇ ਅਨੁਸ਼ਾਸਨ ਦੀ ਭਾਵਨਾ ਨੂੰ ਵੀ ਮਜ਼ਬੂਤ ਕਰਦੇ ਹਨ।ਉਨ੍ਹਾਂ ਟੂਰਨਾਮੈਂਟ ਦੇ ਪ੍ਰਬੰਧਕਾਂ ਨੂੰ ਇਸ ਉਪਰਾਲੇ ਲਈ ਵਧਾਈ ਦਿੱਤੀ ਤੇ ਖਿਡਾਰੀਆਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।

ਅਲਪਾਈਨ ਦੇ ਸਹਿਜਵੀਰ ਨੇ ਪੰਜਾਬ ਪੱਧਰੀ ਖੇਡਾਂ 'ਚ ਜਿੱਤਿਆ ਸੋਨ ਤਮਗਾ



ਭਵਾਨੀਗੜ੍ਹ (ਰਾਜ ਖੁਰਮੀ)-ਸਥਾਨਕ ਗੁਰੂ ਤੇਗ ਬਹਾਦਰ ਸਟੇਡੀਅਮ ਵਿਖੇ ਅਕਤੂਬਰ ਮਹੀਨੇ ਦੌਰਾਨ ਕਰਵਾਈਆਂ ਗਈਆਂ 23ਵੀਆਂ ਪੰਜਾਬ ਪੱਧਰੀ ਖੇਡਾਂ ਵਿੱਚ ਅਲਪਾਈਨ ਪਬਲਿਕ ਸਕੂਲ ਭਵਾਨੀਗੜ੍ਹ ਦੇ ਵਿਦਿਆਰਥੀ ਨੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨ ਤਮਗਾ ਜਿੱਤ ਕੇ ਸਕੂਲ ਤੇ ਆਪਣੇ ਪਰਵਾਰ ਦਾ ਨਾਮ ਰੌਸ਼ਨ ਕੀਤਾ ਹੈ।ਸਕੂਲ ਦੀ ਤੀਜੀ ਜਮਾਤ ਦੇ ਹੋਣਹਾਰ ਵਿਦਿਆਰਥੀ ਸਹਿਜਵੀਰ ਸਿੰਘ ਪੁੱਤਰ ਸਵਰਗੀ ਮਨਪ੍ਰੀਤ ਸਿੰਘ ਨੇ ਕੁੰਗ-ਫੂ-ਵੁਸ਼ੂ (ਮਾਰਸ਼ਲ ਆਰਟਸ) ਦੇ ਮੁਕਾਬਲੇ ਵਿੱਚ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕਰਕੇ ਸੋਨ ਤਮਗਾ ਆਪਣੇ ਨਾਮ ਕੀਤਾ।ਇਸ ਮੌਕੇ ਸਕੂਲ ਮੈਨੇਜਰ ਹਰਮੀਤ ਸਿੰਘ ਗਰੇਵਾਲ ਨੇ ਸਹਿਜਵੀਰ ਸਿੰਘ ਤੇ ਉਸ ਦੇ ਪਰਵਾਰ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੰਦਿਆਂ ਕਿਹਾ ਕਿ ਇਹ ਉਪਲਬਧੀ ਹੋਰਨਾਂ ਵਿਦਿਆਰਥੀਆਂ ਲਈ ਵੀ ਪ੍ਰੇਰਨਾਦਾਇਕ ਹੈ।ਉਨ੍ਹਾਂ ਆਸ ਪ੍ਰਗਟਾਈ ਕਿ ਵਿਦਿਆਰਥੀ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਕੂਲ ਤੇ ਮਾਪਿਆਂ ਦਾ ਨਾਮ ਰੌਸ਼ਨ ਕਰਦੇ ਰਹਿਣਗੇ।ਸਕੂਲ ਦੀ ਪ੍ਰਿੰਸੀਪਲ ਰੋਮਾ ਅਰੋੜਾ ਨੇ ਵੀ ਸਹਿਜਵੀਰ ਸਿੰਘ ਨੂੰ ਵਧਾਈ ਦਿੰਦਿਆਂ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

ਜਲਾਲਾਬਾਦ ਦੇ ਵਿਕਾਸ ਦੀ ਗੱਡੀ ਇਸੇ ਰਫ਼ਤਾਰ ਨਾਲ ਦੌੜਦੀ ਰਹੇਗੀ : ਗੋਲਡੀ ਕੰਬੋਜ

■ ਕੌਮੀ ਕਨਵੀਨਰ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਕੀਤਾ ਧੰਨਵਾਦ



ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)-ਆਮ ਆਦਮੀ ਪਾਰਟੀ ਵੱਲੋਂ ਜਲਾਲਾਬਾਦ ਵਿਧਾਨ ਸਭਾ ਹਲਕੇ ਤੋਂ ਦੂਜੀ ਵਾਰ ਉਮੀਦਵਾਰ ਐਲਾਨੇ ਜਾਣ 'ਤੇ ਵਿਧਾਇਕ ਜਗਦੀਪ ਸਿੰਘ ਗੋਲਡੀ ਕੰਬੋਜ ਨੇ ਪਾਰਟੀ ਦੀ ਸਮੁੱਚੀ ਲੀਡਰਸ਼ਿਪ, ਖ਼ਾਸ ਕਰਕੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ।ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਦੂਜੀ ਵਾਰ ਉਨ੍ਹਾਂ 'ਤੇ ਭਰੋਸਾ ਪ੍ਰਗਟਾਉਣਾ ਉਨ੍ਹਾਂ ਲਈ ਮਾਣ ਦੇ ਨਾਲ-ਨਾਲ ਵੱਡੀ ਜ਼ਿੰਮੇਵਾਰੀ ਵੀ ਹੈ।ਉਹ ਇਸ ਭਰੋਸੇ 'ਤੇ ਖਰਾ ਉਤਰਨ ਲਈ ਪਹਿਲਾਂ ਨਾਲੋਂ ਵੀ ਵੱਧ ਮਿਹਨਤ ਤੇ ਸਮਰਪਣ ਨਾਲ ਕੰਮ ਕਰਨਗੇ।ਗੋਲਡੀ ਕੰਬੋਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸਿੱਖਿਆ, ਸਿਹਤ, ਬਿਜਲੀ, ਸਿੰਜਾਈ ਤੇ ਰੁਜ਼ਗਾਰ ਸਮੇਤ ਹਰ ਖੇਤਰ ਵਿੱਚ ਲੋਕ-ਪੱਖੀ ਫ਼ੈਸਲੇ ਲਏ ਹਨ।600 ਯੂਨਿਟ ਮੁਫ਼ਤ ਬਿਜਲੀ, ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਸਿਹਤ ਸੇਵਾਵਾਂ, ਸਕੂਲ ਆਫ਼ ਐਮੀਨੈਂਸ, ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਤੇ ਨਹਿਰੀ ਪਾਣੀ ਖੇਤਾਂ ਦੇ ਆਖ਼ਰੀ ਸਿਰੇ ਤੱਕ ਪਹੁੰਚਾਉਣ ਵਰਗੀਆਂ ਪਹਿਲਕਦਮੀਆਂ ਨੇ ਆਮ ਲੋਕਾਂ ਦੇ ਜੀਵਨ ਵਿੱਚ ਸਕਾਰਾਤਮਕ ਤਬਦੀਲੀ ਲਿਆਂਦੀ ਹੈ।ਉਨ੍ਹਾਂ ਕਿਹਾ ਕਿ ਜਲਾਲਾਬਾਦ ਹਲਕੇ ਵਿੱਚ ਵੀ ਸੜਕਾਂ, ਨਹਿਰਾਂ, ਪੀਣ ਵਾਲੇ ਪਾਣੀ, ਸਿਹਤ ਸਹੂਲਤਾਂ, ਸਿੱਖਿਆ ਤੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਵੱਡੇ ਪੱਧਰ 'ਤੇ ਕੰਮ ਕਰਵਾਏ ਗਏ ਹਨ।ਹਲਕੇ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਵੀ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਇਸ ਤੋਂ ਇਲਾਵਾ ਹਲਕੇ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕਈ ਅਹਿਮ ਪ੍ਰੋਜੈਕਟ ਮੁਕੰਮਲ ਕੀਤੇ ਗਏ ਹਨ।ਸ਼ਹੀਦ ਊਧਮ ਸਿੰਘ ਮਾਰਗ, ਜੋ ਬੱਘੇ ਕੇ ਮੋੜ ਤੋਂ ਅਮੀਰ ਖ਼ਾਸ ਤੱਕ ਜਾਂਦਾ ਹੈ, ਦਾ ਨਿਰਮਾਣ ਚੱਲ ਰਿਹਾ ਹੈ।ਉਨ੍ਹਾਂ ਕਿਹਾ ਕਿ ਹਲਕੇ ਦੇ ਪਿੰਡਾਂ ਤੇ ਸ਼ਹਿਰਾਂ ਦਾ ਸਰਬਪੱਖੀ ਵਿਕਾਸ ਕਰਵਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਹੈ ਤੇ ਆਉਣ ਵਾਲੇ ਸਮੇਂ ਵਿੱਚ ਵੀ ਵਿਕਾਸ ਕਾਰਜਾਂ ਦੀ ਇਹ ਰਫ਼ਤਾਰ ਜਾਰੀ ਰਹੇਗੀ।ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪਹਿਲ ਹਮੇਸ਼ਾ ਜਲਾਲਾਬਾਦ ਦੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਤੇ ਹਲਕੇ ਦਾ ਸਰਬਪੱਖੀ ਵਿਕਾਸ ਯਕੀਨੀ ਬਣਾਉਣ ਦੀ ਰਹੇਗੀ।ਆਉਣ ਵਾਲੇ ਸਮੇਂ ਵਿੱਚ ਵੀ ਵਿਕਾਸ ਕਾਰਜਾਂ ਦੀ ਇਹ ਰਫ਼ਤਾਰ ਇਸੇ ਤਰ੍ਹਾਂ ਜਾਰੀ ਰਹੇਗੀ ਤੇ ਜਲਾਲਾਬਾਦ ਨੂੰ ਤਰੱਕੀ ਦੀਆਂ ਨਵੀਆਂ ਬੁਲੰਦੀਆਂ 'ਤੇ ਲਿਜਾਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਨੌਜਵਾਨਾਂ ਦੇ ਹੱਥਾਂ 'ਚ ਨਸ਼ਾ ਨਹੀਂ, ਖੇਡਾਂ ਦਾ ਸਾਮਾਨ ਤੇ ਵੱਡੇ ਸੁਪਨੇ ਹੋਣ : ਐੱਸ ਐੱਸ ਪੀ ਖੱਖ

ਸਰਕਾਰੀ ਸਕੂਲ ਹਥਨ ਦੀ ਹੋਣਹਾਰ ਵਿਦਿਆਰਥਣ ਰੱਜੀ ਕੌਰ ਦਾ ਵਿਸ਼ੇਸ਼ ਸਨਮਾਨ



ਮਾਲੇਰਕੋਟਲਾ (ਅਸਗਰ ਪਰਿਹਾਰ)-ਨਸ਼ਿਆਂ ਤੋਂ ਦੂਰ ਰਹਿ ਕੇ ਖੇਡ ਮੈਦਾਨਾਂ ਨਾਲ ਜੁੜਨ ਵਾਲੇ ਨੌਜਵਾਨ ਹੀ ਸਿਹਤਮੰਦ ਤੇ ਸੁਨਹਿਰੇ ਭਵਿੱਖ ਦੀ ਸਿਰਜਣਾ ਕਰ ਸਕਦੇ ਹਨ।ਖੇਡਾਂ ਸਿਰਫ਼ ਤਗਮੇ ਜਿੱਤਣ ਦਾ ਸਾਧਨ ਨਹੀਂ, ਸਗੋਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਅਲਾਮਤਾਂ ਤੋਂ ਬਚਾਉਣ ਦਾ ਪ੍ਰਭਾਵਸ਼ਾਲੀ ਮਾਧਿਅਮ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਐੱਸ.ਐੱਸ.ਪੀ. ਮਾਲੇਰਕੋਟਲਾ ਹਰਕਮਲ ਪ੍ਰੀਤ ਸਿੰਘ ਖੱਖ ਨੇ 70ਵੀਆਂ ਨੈਸ਼ਨਲ ਸਕੂਲ ਖੇਡਾਂ ਦੇ ਗੱਤਕਾ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਨ ਵਾਲੀ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਹਥਨ ਦੀ ਹੋਣਹਾਰ ਵਿਦਿਆਰਥਣ ਰੱਜੀ ਕੌਰ ਨੂੰ ਸਨਮਾਨਤ ਕਰਦਿਆਂ ਕੀਤਾ।ਇਸ ਮੌਕੇ ਸਕੂਲ ਸਟਾਫ਼ ਤੇ ਗ੍ਰਾਮ ਪੰਚਾਇਤ ਦੀ ਮੌਜੂਦਗੀ ਵਿੱਚ ਰੱਜੀ ਕੌਰ ਦੀ ਸ਼ਾਨਦਾਰ ਪ੍ਰਾਪਤੀ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ ਪਿੰਡਾਂ ਦੀਆਂ ਧੀਆਂ ਅੱਜ ਆਪਣੀ ਮਿਹਨਤ, ਲਗਨ ਤੇ ਦ੍ਰਿੜ੍ਹ ਇਰਾਦਿਆਂ ਸਦਕਾ ਕੌਮੀ ਪੱਧਰ 'ਤੇ ਆਪਣੀ ਵਿਲੱਖਣ ਪਛਾਣ ਬਣਾ ਰਹੀਆਂ ਹਨ।ਐਸ.ਐਸ.ਪੀ. ਖੱਖ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਨੌਜਵਾਨਾਂ ਦੇ ਹੱਥਾਂ ਵਿੱਚ ਨਸ਼ਾ ਨਹੀਂ, ਖੇਡਾਂ ਦਾ ਸਾਮਾਨ ਤੇ ਅੱਖਾਂ ਵਿੱਚ ਵੱਡੇ ਸੁਪਨੇ ਹੋਣੇ ਚਾਹੀਦੇ ਹਨ।ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਮਾਲੇਰਕੋਟਲਾ ਦੀ ਸਿਰਜਣਾ ਲਈ ਪੁਲਸ ਦੀ ਨਸ਼ਾ ਤਸਕਰੀ ਵਿਰੁੱਧ ਜ਼ੀਰੋ ਟਾਲਰੈਂਸ ਨੀਤੀ ਦੇ ਨਾਲ-ਨਾਲ ਨੌਜਵਾਨਾਂ ਦੀ ਖੇਡ ਮੈਦਾਨਾਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਬੇਹੱਦ ਜ਼ਰੂਰੀ ਹੈ।ਉਨ੍ਹਾਂ ਰੱਜੀ ਕੌਰ ਨੂੰ ਸੁਨਹਿਰੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਸਰਪੰਚ ਕਮਲਜੀਤ ਸਿੰਘ ਵੜੈਚ, ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਹਥਨ ਰਮਨਦੀਪ ਕੌਰ ਵੜੈਚ, ਡੀ.ਪੀ.ਟੀ. ਨਵਜੀਤ ਸਿੰਘ, ਕੋਚ ਗੁਰਜੀਵਨ ਸਿੰਘ, ਮਹੰਤ ਗੋਪਾਲ ਦਾਸ, ਗੁਰਮੇਲ ਸਿੰਘ, ਕੌਰ ਸਿੰਘ, ਹਰਦੇਵ ਸਿੰਘ ਆੜ੍ਹਤੀਆ ਹਾਜ਼ਰ ਸਨ।

ਗੁਰਦੁਆਰਾ ਟਿੱਬੀ ਸਾਹਿਬ ਵਿਖੇ ਸਾਲਾਨਾ ਜੋੜ ਮੇਲਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



ਸ੍ਰੀ ਮੁਕਤਸਰ ਸਾਹਿਬ, (ਸੁਮਿੰਦਰ ਪਾਲ, ਪੂਜਾ)-ਸ੍ਰੀ ਮੁਕਤਸਰ ਸਾਹਿਬ ਦੇ ਗੁਰਦੁਆਰਾ ਟਿੱਬੀ ਸਾਹਿਬ ਵਿਖੇ 40 ਮੁਕਤਿਆਂ ਤੇ ਹੋਰਨਾਂ ਸ਼ਹੀਦ ਸਿੰਘਾਂ ਦੀ ਯਾਦ ਵਿੱਚ ਤਿੰਨ ਰੋਜ਼ਾ ਸਾਲਾਨਾ ਜੋੜ ਮੇਲਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ।ਇਸ ਮੌਕੇ ਦਿਨ-ਰਾਤ ਧਾਰਮਿਕ ਦੀਵਾਨ ਸਜਾਏ ਗਏ ਤੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਸਮਾਗਮ ਦੌਰਾਨ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕਰਕੇ ਗੁਰੂ ਘਰ ਵਿਖੇ ਮੱਥਾ ਟੇਕਿਆ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਜਗਜੀਤ ਸਿੰਘ ਹਨੀ ਫੱਤਣਵਾਲਾ ਨੇ ਵੀ ਗੁਰਦੁਆਰਾ ਸਾਹਿਬ ਵਿਖੇ ਹਾਜ਼ਰੀ ਭਰੀ ਅਤੇ ਗੁਰੂ ਸਾਹਿਬ ਅੱਗੇ ਨਤਮਸਤਕ ਹੋ ਕੇ ਹਲਕੇ ਦੇ ਲੋਕਾਂ ਦੀ ਸੁੱਖ-ਸ਼ਾਂਤੀ ਤੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ।ਇਸ ਮੌਕੇ ਗੁਰੂ ਘਰ ਦੇ ਮੁੱਖ ਸੇਵਾਦਾਰ ਮਾਤਾ ਸੁਰਜੀਤ ਕੌਰ ਤੇ ਹੋਰਨਾਂ ਸੇਵਾਦਾਰਾਂ ਵੱਲੋਂ ਜਗਜੀਤ ਸਿੰਘ ਹਨੀ ਫੱਤਣਵਾਲਾ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।ਸਮਾਗਮ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਮਨਜੀਤ ਬਿਲਾਸਪੁਰ ਨੂੰ ਤੀਜੀ ਵਾਰ ਮਿਲੀ ਟਿਕਟ, ਮਨਾਇਆ ਜਸ਼ਨ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਹਲਕਾ ਨਿਹਾਲ ਸਿੰਘ ਵਾਲਾ ਤੋਂ ਦੋ ਵਾਰ ਵਿਧਾਇਕ ਰਹਿ ਚੁੱਕੇ ਮਨਜੀਤ ਸਿੰਘ ਬਿਲਾਸਪੁਰ ਨੂੰ ਪਾਰਟੀ ਹਾਈ ਕਮਾਂਡ ਵੱਲੋਂ ਤੀਜੀ ਵਾਰ ਮੁੜ ਹਲਕਾ ਨਿਹਾਲ ਸਿੰਘ ਵਾਲਾ ਤੋਂ ਟਿਕਟ ਦੇ ਕੇ ਚੋਣ ਮੈਦਾਨ ਵਿੱਚ ਉਤਾਰਿਆ ਗਿਆ ਹੈ।ਉਨ੍ਹਾਂ ਨੂੰ ਤੀਜੀ ਵਾਰ ਟਿਕਟ ਮਿਲਣ ਦੀ ਖ਼ਬਰ ਮਿਲਦਿਆਂ ਹੀ ਉਨ੍ਹਾਂ ਦੇ ਦਫ਼ਤਰ ਵਿੱਚ ਜਸ਼ਨ ਵਰਗਾ ਮਾਹੌਲ ਬਣ ਗਿਆ ਤੇ ਸਮਰਥਕਾਂ ਵਿੱਚ ਖੁਸ਼ੀ ਦੇਖਣ ਨੂੰ ਮਿਲੀ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਨਜੀਤ ਸਿੰਘ ਬਿਲਾਸਪੁਰ ਨੇ ਕਿਹਾ ਕਿ ਹਲਕੇ ਅੰਦਰ ਉਨ੍ਹਾਂ ਵੱਲੋਂ ਕਰਵਾਏ ਗਏ ਵਿਕਾਸ ਕਾਰਜਾਂ ਤੇ ਲੋਕਾਂ ਦੀ ਸੇਵਾ ਨੂੰ ਦੇਖਦਿਆਂ ਪਾਰਟੀ ਹਾਈਕਮਾਂਡ ਨੇ ਉਨ੍ਹਾਂ ਨੂੰ ਮੁੜ ਮੌਕਾ ਦਿੱਤਾ ਹੈ।ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਪੂਰੀ ਉਮੀਦ ਹੈ ਕਿ ਹਲਕੇ ਦੇ ਲੋਕ ਇਸ ਵਾਰ ਵੀ ਉਨ੍ਹਾਂ ਨੂੰ ਆਪਣਾ ਨੁਮਾਇੰਦਾ ਚੁਣ ਕੇ ਤੀਜੀ ਵਾਰ ਵਿਧਾਨ ਸਭਾ ਵਿੱਚ ਭੇਜਣਗੇ।ਉਨ੍ਹਾਂ ਕਿਹਾ ਕਿ ਉਹ ਪਹਿਲਾਂ ਦੀ ਤਰ੍ਹਾਂ ਹੀ ਹਲਕਾ ਨਿਹਾਲ ਸਿੰਘ ਵਾਲਾ ਦੇ ਲੋਕਾਂ ਦੀ ਸੇਵਾ ਤੇ ਹਲਕੇ ਦੇ ਵਿਕਾਸ ਲਈ ਯਤਨਸ਼ੀਲ ਰਹਿਣਗੇ।ਇਸ ਮੌਕੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਜਸਵਿੰਦਰ ਕੁਮਾਰ ਟੀਨੂੰ, ਜਗਸੀਰ ਸਿੰਘ ਸ਼ਹਿਰੀ ਯੂਥ ਪ੍ਰਧਾਨ, ਰਜਿੰਦਰ ਸਿੰਘ ਕਾਕਾ, ਸਤਪਾਲ ਭੋਲਾ, ਪ੍ਰਦੀਪ ਕੁਮਾਰ ਬਿੱਟੂ, ਰੇਸ਼ਮ ਮਾਨ ਤੋਂ ਇਲਾਵਾ ਪਾਰਟੀ ਦੇ ਸੀਨੀਅਰ ਆਗੂ ਤੇ ਵਰਕਰ ਆਦਿ ਹਾਜ਼ਰ ਸਨ।

ਪੰਜਾਬ 'ਵਰਸਿਟੀ 'ਚ ਪੁਲਸ ਦੀ ਵਿਦਿਆਰਥਣਾਂ ਨਾਲ ਬਦਸਲੂਕੀ ਦਾ ਵਿਰੋਧ

ਲੁਧਿਆਣਾ (ਸਤੀਸ਼ ਸਚਦੇਵਾ)-ਪੰਜਾਬ ਯੂਨੀਵਰਸਿਟੀ ਵਿੱਚ ਪੁਲਸ ਵੱਲੋਂ ਵਿਦਿਆਰਥਣਾਂ ਨਾਲ ਬਦਸਲੂਕੀ ਦਾ ਵਿਰੋਧ ਪੰਜਾਬ ਯੂਨੀਵਰਸਿਟੀ ਦੇ ਪੀ ਐੱਲ ਆਨੰਦ ਆਡੋਟੋਰੀਅਮ ਵਿੱਚ ਏਬੀਵੀਪੀ ਵੱਲੋਂ ਕਰਵਾਏ ਗਏ ਸਮਾਗਮ ਵਿੱਚ ਆਰ.ਐੱਸ.ਐੱਸ. ਨਾਲ ਜੁੜੀ ਮਹਿਲਾ ਸ਼ਾਖਾ ਰਾਸ਼ਟਰ ਸੇਵਿਕਾ ਸਮਿਤੀ ਦੀ ਪੰਜਾਬ ਆਗੂ ਤਮੰਨਾ ਸ਼ਰਮਾ ਨੂੰ ਮੁੱਖ ਮਹਿਮਾਨ/ਬੁਲਾਰੇ ਵਜੋਂ ਬੁਲਾਉਣ ਦਾ ਵਿਰੋਧ ਕਰ ਰਹੇ ਵਿਦਿਆਰਥੀ ਜਥੇਬੰਦੀਆਂ ਦੇ ਕਾਰਕੁਨਾਂ ਨੂੰ ਪੁਲਸ ਵੱਲੋਂ ਜਬਰ ਦਾ ਨਿਸ਼ਾਨਾ ਬਣਾਉਣ ਦਾ ਇਨਕਲਾਬੀ ਕੇਂਦਰ ਪੰਜਾਬ ਨੇ ਸਖ਼ਤ ਨੋਟਿਸ ਲਿਆ ਹੈ।ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਸਾਥੀ ਨਰਾਇਣ ਦੱਤ ਅਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਕਿਹਾ ਕਿ ਵਿਦਿਆਰਥੀ ਜਥੇਬੰਦੀਆਂ ਵੱਲੋਂ ਯੂਨੀਵਰਸਿਟੀ ਕੈਂਪਸ ਦੇ ਮਾਹੌਲ ਵਿੱਚ ਸੱਜੇ-ਪੱਖੀ ਤੇ ਆਰ.ਐੱਸ.ਐੱਸ. ਨਾਲ ਜੁੜੇ ਆਗੂਆਂ ਦੀ ਇਸ ਆਮਦ ਦਾ ਵਿਰੋਧ ਕੀਤਾ ਜਾ ਰਿਹਾ ਸੀ।ਪੁਲਸ ਨੇ ਜਮਹੂਰੀ ਢੰਗ ਨਾਲ ਵਿਰੋਧ ਕਰ ਰਹੀਆਂ ਵਿਦਿਆਰਥਣਾਂ ਨਾਲ ਸਭ ਹੱਦਾਂ ਬੰਨੇ ਪਾਰ ਕਰਦਿਆਂ ਅਣਮਨੁੱਖੀ ਵਿਵਹਾਰ ਕੀਤਾ।ਮਰਦਾਵੀਂ ਪੁਲਸ ਨੇ ਵਿਦਿਆਰਥਣਾਂ ਨੂੰ ਉਨ੍ਹਾਂ ਦੇ ਕੱਪੜਿਆਂ ਤੋਂ ਫੜ ਕੇ ਬੁਰੀ ਤਰ੍ਹਾਂ ਘੜੀਸਿਆ।ਉਨ੍ਹਾਂ ਨੂੰ ਅਰਧ ਨਗਨ ਅਵਸਥਾ ਵਿੱਚ ਘੜੀਸਦਿਆਂ ਰਤਾ ਭਰ ਵੀ ਸ਼ਰਮ ਮਹਿਸੂਸ ਨਹੀਂ ਕੀਤੀ।ਕਾਨੂੰਨ ਦੀ ਰਖਵਾਲੀ ਕਹਾਉਣ ਦਾ ਦਮ ਭਰਨ ਵਾਲੀ ਪੁਲਸ ਨੇ ਖ਼ੁਦ ਹੀ ਕਾਨੂੰਨ ਦੀਆਂ ਸਭ ਹੱਦਾਂ ਬੰਨੇ ਪਾਰ ਕੀਤੀਆਂ।ਅਸਲ ਵਿੱਚ ਆਰ.ਐੱਸ.ਐੱਸ. ਯੂਨੀਵਰਸਿਟੀ ਵਰਗੇ ਵਿੱਦਿਅਕ ਅਦਾਰਿਆਂ ਵਿੱਚ ਏਬੀਵੀਪੀ ਜਿਹੀਆਂ ਵਿਦਿਆਰਥੀ ਜਥੇਬੰਦੀਆਂ ਰਾਹੀਂ ਅਜਿਹੇ ਆਗੂਆਂ ਨੂੰ ਬੁਲਾ ਕੇ ਆਪਣਾ ਭਗਵਾਂਕਰਨ ਦਾ ਫਿਰਕੂ ਫਾਸ਼ੀ ਏਜੰਡਾ ਲਾਗੂ ਕਰਨਾ ਚਾਹੁੰਦੀ ਹੈ। ਹਕੀਕਤ ਇਹ ਹੈ ਕਿ ਅਜਿਹੇ ਭਗਵਾਂਕਰਨ ਦੇ ਪੈਰੋਕਾਰਾਂ ਦਾ ਵਿਦਿਅਕ ਖੇਤਰ ਨਾਲ ਦੂਰ ਦਾ ਵੀ ਰਿਸ਼ਤਾ ਨਹੀਂ ਹੈ। ਬਲਾਤਕਾਰੀ ਸਾਧ ਆਸਾ ਰਾਮ ਬਾਪੂ ਦੀਆਂ ਕਿਤਾਬਾਂ ਨੂੰ ਬੀਜੇਪੀ ਦੀ ਅਗਵਾਈ ਵਾਲੀ ਛੱਤੀਸਗੜ੍ਹ ਤੇ ਰਾਜਸਥਾਨ ਸਰਕਾਰ ਨੇ ਵਿਦਿਆਰਥੀ ਪਾਠਕ੍ਰਮ ਦਾ ਹਿੱਸਾ ਬਣਾਉਣ ਦੀ ਚਾਲ ਚੱਲੀ, ਪਰ ਲੋਕਾਂ ਦੇ ਤਿੱਖੇ ਵਿਰੋਧ ਤੋਂ ਬਾਅਦ ਵਾਪਸ ਲੈਣ ਲਈ ਮਜਬੂਰ ਹੋਈ।

ਇਨਕਲਾਬੀ ਕੇਂਦਰ ਪੰਜਾਬ ਦੇ ਸੂਬਾ ਆਗੂਆਂ ਮੁਖਤਿਆਰ ਪੂਹਲਾ, ਜਸਵੰਤ ਜੀਰਖ ਤੇ ਜਗਜੀਤ ਲਹਿਰਾ ਮੁਹੱਬਤ ਨੇ ਕਿਹਾ ਕਿ ਬੀਜੇਪੀ ਸਰਕਾਰ ਦਾ ਅਜਿਹਾ ਵਿਦਿਆਰਥੀਆਂ ਨੂੰ ਵਿਗਿਆਨ ਦੀਆਂ ਖੋਜਾਂ ਤੋਂ ਵਾਂਝੇ ਕਰਕੇ ਉਨ੍ਹਾਂ ਨੂੰ ਮੰਦਬੁੱਧੀ ਬਣਾਉਣ ਵੱਲ ਧਕੇਲ ਦੇਵੇਗਾ।ਇਸੇ ਕਰਕੇ ਵਿਦਿਆਰਥੀ ਉਹ ਭਾਵੇਂ ਪੰਜਾਬ ਯੂਨੀਵਰਸਿਟੀ ਨਾਲ ਸਬੰਧਤ ਹੋਣ ਭਾਵੇਂ ਜੇਐੱਨਯੂ ਨਾਲ ਤੇ ਭਾਵੇਂ ਕਿਸੇ ਹੋਰ ਵਿੱਦਿਅਕ ਅਦਾਰੇ ਨਾਲ ਸਬੰਧਤ, ਚੇਤੰਨ ਰੂਪ ਵਿੱਚ ਆਪਣੇ ਇਤਿਹਾਸ ਤੇ ਵਿਗਿਆਨ ਦੀ ਰਾਖ਼ੀ ਲਈ ਜੂਝ ਰਹੇ ਹਨ।ਇਨਕਲਾਬੀ ਕੇਂਦਰ ਪੰਜਾਬ ਵਿਦਿਆਰਥੀਆਂ ਦੇ ਇਸ ਹੱਕੀ ਸੰਘਰਸ਼ ਦੀ ਡੱਟ ਕੇ ਹਮਾਇਤ ਕਰੇਗਾ। ਆਗੂਆਂ ਨੇ ਕਿਹਾ ਕਿ ਇਨਕਲਾਬੀ ਜਮਹੂਰੀ ਇਨਸਾਨ ਪਸੰਦ ਜਮਹੂਰੀ ਸ਼ਕਤੀਆਂ ਨੂੰ ਮੋਦੀ ਹਕੂਮਤ ਦੇ ਇਨ੍ਹਾਂ ਫਿਰਕੂ ਫਾਸ਼ੀ ਕਦਮਾਂ ਦਾ ਜ਼ੋਰਦਾਰ ਵਿਰੋਧ ਕਰਨਾ ਚਾਹੀਦਾ ਹੈ।

ਵਿਧਾਇਕਾ ਵੱਲੋਂ ਜ਼ਮੀਨਦੋਜ਼ ਪਾਈਪ ਲਾਈਨ ਪ੍ਰਾਜੈਕਟਾਂ ਦਾ ਉਦਘਾਟਨ



ਭਵਾਨੀਗੜ੍ਹ (ਰਾਜ ਖੁਰਮੀ, ਪ੍ਰਵੀਨ ਸਿੰਘ)-ਵਿਧਾਨ ਸਭਾ ਹਲਕਾ ਸੰਗਰੂਰ ਦੇ ਕਿਸਾਨਾਂ ਨੂੰ ਬਿਹਤਰ ਸਿੰਜਾਈ ਸਹੂਲਤਾਂ ਮੁਹੱਈਆ ਕਰਵਾਉਣ ਤੇ ਪਾਣੀ ਦੀ ਸੁਚੱਜੀ ਵਰਤੋਂ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਪਿੰਡ ਬਾਲਦ ਖੁਰਦ ਤੇ ਰਾਮਪੁਰਾ ਵਿਖੇ ਜ਼ਮੀਨਦੋਜ਼ ਪਾਈਪਲਾਈਨ ਵਿਛਾਉਣ ਦੇ ਦੋ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ। ਲਗਭਗ 1 ਕਰੋੜ 56 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਣ ਵਾਲੇ ਇਨ੍ਹਾਂ ਪ੍ਰਾਜੈਕਟਾਂ ਰਾਹੀਂ ਕੁੱਲ 1365 ਏਕੜ ਰਕਬੇ ਨੂੰ ਸਿੰਜਾਈ ਦੀ ਸਹੂਲਤ ਮਿਲੇਗੀ ਤੇ 97 ਕਿਸਾਨ ਪਰਵਾਰਾਂ ਨੂੰ ਸਿੱਧਾ ਲਾਭ ਪਹੁੰਚੇਗਾ। ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਖੇਤੀਬਾੜੀ ਲਈ ਸਮੇਂ ਸਿਰ ਪਾਣੀ ਦੀ ਉਪਲਬਧਤਾ ਕਿਸਾਨਾਂ ਦੀ ਅਹਿਮ ਲੋੜ ਹੈ।ਜ਼ਮੀਨਦੋਜ਼ ਪਾਈਪਲਾਈਨਾਂ ਵਿਛਾਏ ਜਾਣ ਨਾਲ ਖੇਤਾਂ ਤੱਕ ਪਾਣੀ ਪਹੁੰਚਾਉਣ ਦੀ ਵਿਵਸਥਾ ਬਿਹਤਰ ਹੋਵੇਗੀ ਅਤੇ ਪਾਣੀ ਦੀ ਬੱਚਤ ਨੂੰ ਵੀ ਹੁਲਾਰਾ ਮਿਲੇਗਾ। ਉਨ੍ਹਾਂ ਕਿਹਾ ਕਿ ਇਹ ਪ੍ਰਾਜੈਕਟ ਕਿਸਾਨਾਂ ਦੀਆਂ ਸਿੰਜਾਈ ਸਬੰਧੀ ਮੁਸ਼ਕਲਾਂ ਘਟਾਉਣ ਤੇ ਖੇਤੀ ਕਾਰਜਾਂ ਨੂੰ ਸੁਖਾਲਾ ਬਣਾਉਣ ਵਿੱਚ ਸਹਾਈ ਹੋਣਗੇ।ਉਨ੍ਹਾਂ ਕਿਹਾ ਕਿ ਪਾਣੀ ਇੱਕ ਅਨਮੋਲ ਕੁਦਰਤੀ ਸਰੋਤ ਹੈ ਤੇ ਇਸ ਦੀ ਸੰਭਾਲ ਸਾਡੀ ਸਾਂਝੀ ਜ਼ਿੰਮੇਵਾਰੀ ਹੈ।ਸਿੰਜਾਈ ਲਈ ਢੁਕਵਾਂ ਬੁਨਿਆਦੀ ਢਾਂਚਾ ਵਿਕਸਿਤ ਕਰ ਕੇ ਪਾਣੀ ਦੀ ਬਰਬਾਦੀ ਘਟਾਉਣ ਦੇ ਨਾਲ-ਨਾਲ ਕਿਸਾਨਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਦੀਆਂ ਹਨ।ਬਾਲਦ ਖੁਰਦ ਤੇ ਰਾਮਪੁਰਾ ਵਿੱਚ ਸ਼ੁਰੂ ਕੀਤੇ ਗਏ ਇਹ ਦੋਵੇਂ ਕਾਰਜ ਇਸ ਦਿਸ਼ਾ ਵਿੱਚ ਅਹਿਮ ਕਦਮ ਹਨ।ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਤੇ ਕਿਸਾਨਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਹਲਕੇ ਦੇ ਪਿੰਡਾਂ ਵਿੱਚ ਲੋਕਾਂ ਨਾਲ ਸਿੱਧਾ ਰਾਬਤਾ ਰੱਖਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਸਥਾਨਕ ਲੋੜਾਂ ਦੇ ਆਧਾਰ 'ਤੇ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ।ਨਰਿੰਦਰ ਕੌਰ ਭਰਾਜ ਨੇ ਕਿਸਾਨਾਂ ਨੂੰ ਪਾਣੀ ਦੀ ਸੰਭਾਲ ਵਿੱਚ ਸਰਗਰਮ ਯੋਗਦਾਨ ਪਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਸਿੰਜਾਈ ਸਹੂਲਤਾਂ ਦੀ ਸੁਚੱਜੀ ਵਰਤੋਂ ਨਾਲ ਇਨ੍ਹਾਂ ਪ੍ਰਾਜੈਕਟਾਂ ਦਾ ਵੱਧ ਤੋਂ ਵੱਧ ਲਾਭ ਲਿਆ ਜਾ ਸਕਦਾ ਹੈ।ਉਨ੍ਹਾਂ ਦੁਹਰਾਇਆ ਕਿ ਕਿਸਾਨਾਂ ਨੂੰ ਰਾਹਤ ਦੇਣ ਤੇ ਹਲਕੇ ਵਿੱਚ ਲੋੜੀਂਦੀਆਂ ਸਹੂਲਤਾਂ ਦਾ ਵਿਸਥਾਰ ਕਰਨ ਲਈ ਉਪਰਾਲੇ ਜਾਰੀ ਰਹਿਣਗੇ। ਇਸ ਮੌਕੇ ਉਨ੍ਹਾਂ ਹਾਜ਼ਰ ਸਮੂਹ ਪੰਚਾਇਤਾਂ ਦੇ ਨੁਮਾਇੰਦਿਆਂ, ਪਿੰਡ ਵਾਸੀਆਂ ਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਟੀਮ ਵੱਲੋਂ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ।

ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਬਾਰੇ ਦਸਤਾਵੇਜ਼ੀ ਫਿਲਮ ਦਿਖਾਈ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੂਬਾ ਭਰ ਵਿੱਚ ਕਰਵਾਏ ਜਾ ਰਹੇ ਵੱਖ-ਵੱਖ ਸਮਾਗਮਾਂ ਦੀ ਲੜੀ ਤਹਿਤ ਜ਼ਿਲ੍ਹਾ ਬਠਿੰਡਾ ਦੇ ਪਿੰਡਾਂ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਫਲਸਫੇ ਤੇ ਮਹਾਨ ਸਿੱਖਿਆਵਾਂ 'ਤੇ ਅਧਾਰਤ ਵਿਸ਼ੇਸ਼ ਦਸਤਾਵੇਜ਼ੀ ਫਿਲਮ ਦਿਖਾਉਣ ਦਾ ਕੰਮ ਲਗਾਤਾਰ ਜਾਰੀ ਹੈ।ਬੀਤੇ ਦਿਨ ਵਿਧਾਨ ਸਭਾ ਹਲਕਾ ਬਠਿੰਡਾ ਦਿਹਾਤੀ ਦੇ ਪਿੰਡ ਫ਼ਰੀਦਕੋਟ ਕੋਟਲੀ, ਜੱਸੀ ਬਾਗਵਾਲੀ ਤੇ ਕੁਟੀ ਕਿਸ਼ਨਪੁਰਾ ਵਿੱਚ ਗੁਰੂ ਰਵਿਦਾਸ ਜੀ ਦੇ ਜੀਵਨ 'ਤੇ ਅਧਾਰਤ ਦਸਤਾਵੇਜ਼ੀ ਫਿਲਮ ਦਿਖਾਈ ਗਈ ਤੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਹ ਦਸਤਾਵੇਜ਼ੀ ਫਿਲਮ ਦੇਖੀ ਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਵੱਲੋਂ ਦਿੱਤੇ ਸਮਾਨਤਾ, ਪ੍ਰਭੂ ਭਗਤੀ, ਮਨੁੱਖਤਾ, ਮਿਹਨਤ ਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਤੋਂ ਪ੍ਰੇਰਨਾ ਹਾਸਲ ਕੀਤੀ।ਇਸ ਮੌਕੇ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਮਹਾਨ ਸਿੱਖਿਆਵਾਂ ਤੇ ਉਪਦੇਸ਼ਾਂ ਨੂੰ ਆਮ ਲੋਕਾਂ, ਵਿਸ਼ੇਸ਼ ਕਰਕੇ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣ ਲਈ ਡਾਕੂਮੈਂਟਰੀ ਫਿਲਮਾਂ ਦਾ ਪ੍ਰਦਰਸ਼ਨ ਸਮੇਂ ਦੀ ਅਹਿਮ ਲੋੜ ਹੈ।ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਨੌਜਵਾਨ ਆਪਣੇ ਮਹਾਨ ਗੁਰੂਆਂ ਦੇ ਜੀਵਨ, ਵਿਚਾਰਾਂ ਤੇ ਸਮਾਜਿਕ ਬਰਾਬਰੀ ਦੇ ਸੰਦੇਸ਼ ਨਾਲ ਹੋਰ ਨੇੜਿਓਂ ਜੁੜ ਸਕਣਗੇ ਤੇ ਸਮਾਜ ਵਿੱਚ ਆਪਸੀ ਭਾਈਚਾਰੇ ਤੇ ਸਦਭਾਵਨਾ ਨੂੰ ਵੀ ਹੋਰ ਮਜ਼ਬੂਤੀ ਮਿਲੇਗੀ।

ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਅੰਤਰ-ਸਕੂਲ ਮੁਕਾਬਲੇ ਕਰਵਾਏ

■ ਆਕਸਫੋਰਡ ਸਕੂਲ ਪਾਇਲ ਨੇ ਜਿੱਤੀ ਓਵਰ ਆਲ ਟਰਾਫ਼ੀ



ਦੋਰਾਹਾ (ਹਰਮਿੰਦਰ ਸੇਠ)

ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਵਿਖੇ ਸਕੂਲੀ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਨਿਖਾਰਨ ਦੇ ਉਦੇਸ਼ ਨਾਲ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ. ਹਰਪ੍ਰਤਾਪ ਸਿੰਘ ਬਰਾੜ ਦੀ ਯੋਗ ਅਗਵਾਈ ਹੇਠ ਅੰਤਰ-ਸਕੂਲ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ।ਇਹ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ ਕਾਲਜ ਪ੍ਰਬੰਧਕੀ ਕਮੇਟੀ ਦੇ ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਤੋਂ ਇਲਾਵਾ ਐਗਜ਼ੀਕਿਊਟਿਵ ਮੈਂਬਰ ਸ਼੍ਰੀਮਤੀ ਰੁਪਿੰਦਰ ਕੌਰ ਬਰਾੜ, ਸ਼੍ਰੀ ਸ਼ਿਵ ਕੁਮਾਰ ਸੋਨੀ ਤੇ ਉਨ੍ਹਾਂ ਦੀ ਧਰਮਪਤਨੀ ਸ਼੍ਰੀਮਤੀ ਸੋਨੀ ਤੇ ਸ੍ਰ. ਨਵਨੀਤ ਸਿੰਘ ਮਾਂਗਟ ਬਤੌਰ ਵਿਸ਼ੇਸ਼ ਮਹਿਮਾਨ ਸ਼ਾਮਲ ਹੋਏ।ਪ੍ਰਬੰਧਕੀ ਸਕੱਤਰ ਪ੍ਰੋ. ਜਗਰੂਪ ਸਿੰਘ ਤੇ ਪ੍ਰੋ. ਰਾਮਪਾਲ ਬੰਗਾ ਦੀ ਨਿਗਰਾਨੀ ਹੇਠ ਕਰਵਾਏ ਗਏ ਇਸ ਪ੍ਰੋਗਰਾਮ ਦੇ ਸ਼ੁਰੂ ਵਿੱਚ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸਾਰਿਆਂ ਦਾ ਰਸਮੀ ਸਵਾਗਤ ਕੀਤਾ, ਜਿਸ ਤੋਂ ਬਾਅਦ ਮੁਕਾਬਲਿਆਂ ਦਾ ਆਰੰਭ ਸ਼ਬਦ ਗਾਇਨ ਨਾਲ ਹੋਇਆ। ਇਨ੍ਹਾਂ ਮੁਕਾਬਲਿਆਂ ਵਿੱਚ ਆਲੇ-ਦੁਆਲੇ ਦੇ 17 ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।ਇਸ ਮੌਕੇ ਗਰੁੱਪ ਸ਼ਬਦ, ਗਰੁੱਪ ਡਾਂਸ, ਸੋਲੋ ਡਾਂਸ, ਗੀਤ, ਲੋਕਗੀਤ, ਵਾਰ, ਕਲੀ, ਕਵੀਸ਼ਰੀ, ਕੋਰੀਓਗ੍ਰਾਫ਼ੀ, ਰੰਗੋਲੀ, ਮਹਿੰਦੀ, ਦਸਤਾਰ ਸਜਾਉਣ ਮੁਕਾਬਲਾ, ਕਵਿਤਾ ਉਚਾਰਨ, ਭਾਸ਼ਣ ਮੁਕਾਬਲਾ, ਸੁੰਦਰ ਲਿਖਾਈ ਤੇ ਸਿਰਜਣਾਤਮਕ ਲੇਖਣ ਆਦਿ ਵੱਖ-ਵੱਖ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਆਪਣੀ ਕਲਾ ਦੇ ਜ਼ੌਹਰ ਦਿਖਾਏ।ਇਨ੍ਹਾਂ ਮੁਕਾਬਲਿਆਂ ਵਿੱਚ ਆਕਸਫੋਰਡ ਸੀਨੀ. ਸੈਕੰਡਰੀ ਸਕੂਲ, ਪਾਇਲ ਨੇ ਓਵਰ ਆਲ ਟਰਾਫ਼ੀ ਜਿੱਤੀ ਤੇ ਗੁਰੂ ਨਾਨਕ ਮਾਡਲ ਸੀਨੀ. ਸੈਕੰਡਰੀ ਸਕੂਲ ਦੋਰਾਹਾ ਨੇ ਰਨਰਅੱਪ ਟਰਾਫ਼ੀ ਹਾਸਲ ਕੀਤੀ।ਪ੍ਰੋਗਰਾਮ ਦੌਰਾਨ ਮੁੱਖ-ਮਹਿਮਾਨ, ਵਿਸ਼ੇਸ਼ ਮਹਿਮਾਨਾਂ ਤੇ ਵੱਖ-ਵੱਖ ਸਕੂਲਾਂ ਦੇ ਇੰਚਾਰਜ ਅਧਿਆਪਕ ਸਾਹਿਬਾਨ ਨੂੰ ਕਾਲਜ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਦੇ ਨਾਲ ਹੀ ਮੁੱਖ-ਮਹਿਮਾਨ, ਵਿਸ਼ੇਸ਼ ਮਹਿਮਾਨਾਂ ਤੇ ਕਾਲਜ ਪ੍ਰਿੰਸੀਪਲ ਦੁਆਰਾ ਜੇਤੂ ਵਿਦਿਆਰਥੀਆਂ ਨੂੰ ਮੈਡਲ ਪਹਿਨਾ ਕੇ ਸਨਮਾਨਤ ਕੀਤਾ ਗਿਆ ਅਤੇ ਸਰਟੀਫ਼ਿਕੇਟ ਵੀ ਤਕਸੀਮ ਕੀਤੇ ਗਏ।ਅੰਤ ਵਿੱਚ ਕਾਲਜ ਪ੍ਰਬੰਧਕੀ ਕਮੇਟੀ ਦੇ ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ ਨੇ ਸਾਰਿਆਂ ਦਾ ਧੰਨਵਾਦ ਕੀਤਾ।ਮੰਚ ਸੰਚਾਲਨ ਦੀ ਭੂਮਿਕਾ ਡਾ. ਨਿਰਲੇਪ ਕੌਰ, ਡਾ. ਲਵਲੀਨ ਬੈਂਸ, ਡਾ. ਨਿਧੀ ਸਰੂਪ ਤੇ ਡਾ. ਗੁਰਪ੍ਰੀਤ ਸਿੰਘ ਨੇ ਅਦਾ ਕੀਤੀ।ਇਨ੍ਹਾਂ ਮੁਕਾਬਲਿਆਂ ਦੇ ਸਫਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਸ਼੍ਰੀਮਤੀ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸਮੂਹ ਸਟਾਫ਼ ਨੂੰ ਮੁਬਾਰਕਬਾਦ ਦਿੱਤੀ।

ਮਾਡਰਨ ਕਾਲਜ ਖੁਰਦ ਦਾ ਨਤੀਜਾ ਸ਼ਾਨਦਾਰ ਰਿਹਾ




ਮਾਲੇਰਕੋਟਲਾ (ਅਸਗਰ ਪਰਿਹਾਰ)-ਮਾਡਰਨ ਕਾਲਜ ਆਫ਼ ਟੈਕਨੀਕਲ ਐਜੂਕੇਸ਼ਨ ਖੁਰਦ ਦਾ ਬੀ. ਏ. ਭਾਗ ਪਹਿਲਾ (ਸਮੈਸਟਰ ਦੂਜਾ) ਦਾ ਨਤੀਜਾ ਸ਼ਾਨਦਾਰ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਸੁਖਵਿੰਦਰ ਕੌਰ ਨੇ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਵੱਲੋਂ ਘੋਸ਼ਿਤ ਕੀਤੇ ਗਏ ਨਤੀਜਿਆਂ ਵਿੱਚ ਕਾਲਜ ਦੇ ਵਿਦਿਆਰਥੀਆਂ ਨੇ ਬਿਹਤਰੀਨ ਪ੍ਰਦਰਸ਼ਨ ਕਰਦਿਆਂ ਉੱਚੇ ਦਰਜੇ ਦੀਆਂ ਪੁਜ਼ੀਸ਼ਨਾਂ ਹਾਸਲ ਕੀਤੀਆਂ ਹਨ।ਉਨ੍ਹਾਂ ਦੱਸਿਆ ਕਿ ਕਾਲਜ ਦੀ ਹੋਣਹਾਰ ਵਿਦਿਆਰਥਣ ਕੋਮਲਪ੍ਰੀਤ ਕੌਰ ਨੇ 491 ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ, ਹਰਮਨਪ੍ਰੀਤ ਕੌਰ ਨੇ 478 ਅੰਕਾਂ ਨਾਲ ਦੂਜਾ ਸਥਾਨ ਤੇ ਸੁਸ਼ੀਲਾ ਨੇ 468 ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ ਹੈ।ਇਸ ਪ੍ਰਾਪਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਪ੍ਰਿੰਸੀਪਲ ਡਾ. ਸੁਖਵਿੰਦਰ ਕੌਰ ਤੇ ਕਾਲਜ ਪ੍ਰਬੰਧਕੀ ਕਮੇਟੀ ਨੇ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।ਪ੍ਰਿੰਸੀਪਲ ਸਾਹਿਬਾ ਨੇ ਕਿਹਾ ਕਿ ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ ਨਾਲ ਕਾਲਜ ਤੇ ਇਲਾਕੇ ਦਾ ਮਾਣ-ਸਨਮਾਨ ਵਧਿਆ ਹੈ।ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਤੇ ਹੋਰ ਵਿਦਿਆਰਥੀ ਵੀ ਹਾਜ਼ਰ ਸਨ, ਜਿਨ੍ਹਾਂ ਨੇ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਦਾ ਮੂੰਹ ਮਿੱਠਾ ਕਰਵਾ ਕੇ ਖ਼ੁਸ਼ੀ ਦਾ ਇਜ਼ਹਾਰ ਕੀਤਾ।

ਡੀ ਸੀ, ਐੱਸ ਐੱਸ ਪੀ ਤੇ ਮੁੱਖ ਖੇਤੀਬਾੜੀ ਅਫ਼ਸਰ ਵੱਲੋਂ ਵੱਖ-ਵੱਖ ਪਿੰਡਾਂ ਦਾ ਦੌਰਾ




ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਜ਼ਿਲ੍ਹਾ ਫਿਰੋਜ਼ਪੁਰ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਤੇ ਕਿਸਾਨਾਂ ਨੂੰ ਫ਼ਸਲਾਂ ਦੀ ਰਹਿੰਦ-ਖੂੰਹਦ ਦਾ ਸੁਚੱਜਾ ਪ੍ਰਬੰਧਨ ਕਰਨ ਲਈ ਪ੍ਰੇਰਿਤ ਕਰਨ ਦੇ ਉਦੇਸ਼ ਨਾਲ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਦੀਪਸ਼ਿਖਾ ਸ਼ਰਮਾ, ਸੀਨੀਅਰ ਪੁਲਸ ਕਪਤਾਨ ਸ੍ਰ. ਭੁਪਿੰਦਰ ਸਿੰਘ ਸਿੱਧੂ ਤੇ ਮੁੱਖ ਖੇਤੀਬਾੜੀ ਅਫ਼ਸਰ ਡਾ. ਬਲਵਿੰਦਰ ਸਿੰਘ ਵੱਲੋਂ ਪਿੰਡ ਚੱਕ ਸੋਮੀਆਂ, ਕੋਹਰ ਸਿੰਘ ਵਾਲਾ, ਚੱਕ ਜਮੀਤ ਸਿੰਘ ਵਾਲਾ ਤੇ ਚੁੱਗਾ ਦਾ ਦੌਰਾ ਕੀਤਾ ਗਿਆ।ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਖੇਤਾਂ ਵਿੱਚ ਹੀ ਵਾਹ ਕੇ ਜ਼ਮੀਨ ਦੀ ਉਪਜਾਊ ਸ਼ਕਤੀ ਵਧਾਉਣ ਤੇ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਉਣ ਲਈ ਪ੍ਰੇਰਿਤ ਕੀਤਾ।ਡਿਪਟੀ ਕਮਿਸ਼ਨਰ ਨੇ ਅਗਾਂਹਵਧੂ ਕਿਸਾਨਾਂ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਇਹ ਉਪਰਾਲਾ ਹੋਰਨਾਂ ਕਿਸਾਨਾਂ ਲਈ ਵੀ ਪ੍ਰੇਰਨਾਦਾਇਕ ਹੈ।ਉਨ੍ਹਾਂ ਜ਼ਿਲ੍ਹੇ ਦੇ ਹੋਰਨਾਂ ਕਿਸਾਨਾਂ ਨੂੰ ਵੀ ਇਨ੍ਹਾਂ ਤੋਂ ਪ੍ਰੇਰਨਾ ਲੈ ਕੇ ਪਰਾਲੀ ਦਾ ਸੁਚੱਜਾ ਪ੍ਰਬੰਧਨ ਕਰਨ ਦੀ ਅਪੀਲ ਕੀਤੀ।ਇਸੇ ਤਰ੍ਹਾਂ ਪਿੰਡ ਚੱਕ ਸੋਮੀਆਂ ਵਿਖੇ ਕਿਸਾਨ ਗੁਰਵਿੰਦਰ ਸਿੰਘ, ਟੇਕ ਸਿੰਘ, ਝਰਮਲ ਸਿੰਘ ਤੇ ਸੁਖਦਰਸ਼ਨ ਸਿੰਘ ਨਾਲ ਵੀ ਗੱਲਬਾਤ ਕੀਤੀ ਗਈ ਤੇ ਉਨ੍ਹਾਂ ਨੂੰ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਸਬੰਧੀ ਜਾਗਰੂਕ ਕੀਤਾ ਗਿਆ।ਇਸ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਪਿੰਡ ਚੱਕ ਸੋਮੀਆਂ ਵਿਖੇ ਡੰਪ ਮਾਲਕ ਕੁਲਦੀਪ ਸਿੰਘ ਭਾਰਵਾ ਦੇ ਡੰਪ ਦਾ ਵੀ ਦੌਰਾ ਕੀਤਾ ਗਿਆ।

ਦੁੱਗਣੀ ਲੀਡ ਨਾਲ ਮੁੜ ਜਿੱਤਣਗੇ ਮੁੱਖ ਮੰਤਰੀ ਭਗਵੰਤ ਮਾਨ : ਸੁਖਵੀਰ ਸਿੰਘ




ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਹਲਕਾ ਧੂਰੀ ਤੋਂ ਮੁੱਖ ਮੰਤਰੀ ਮਾਨ ਨੂੰ ਮੁੜ ਉਮੀਦਵਾਰ ਐਲਾਨੇ ਜਾਣ 'ਤੇ ਵਧਾਈਆਂ ਦਿੰਦਿਆਂ ਦਾਅਵਾ ਕੀਤਾ ਹੈ ਕਿ ਉਹ ਐਤਕੀਂ ਪਹਿਲਾਂ ਨਾਲੋਂ ਵੀ ਦੁੱਗਣੀ ਲੀਡ ਨਾਲ ਸ਼ਾਨਦਾਰ ਜਿੱਤ ਦਰਜ ਕਰਕੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹੋਣਗੇ।ਉਨ੍ਹਾਂ ਆਖਿਆ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ 'ਆਪ' ਸਰਕਾਰ ਵੱਲੋਂ ਬੀਤੇ ਪੰਜਾਂ ਸਾਲਾਂ ਅੰਦਰ ਕੀਤੇ ਅਣਥੱਕ ਵਿਕਾਸ ਕਾਰਜ ਤੇ ਲੋਕ ਭਲਾਈ ਯੋਜਨਾਵਾਂ ਹੀ ਸਭ ਤੋਂ ਵੱਡਾ ਆਧਾਰ ਬਣਨਗੀਆਂ।ਸੁਖਵੀਰ ਸਿੰਘ ਨੇ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਦੱਸਿਆ ਕਿ ਹਰ ਪਰਵਾਰ ਨੂੰ 600 ਯੂਨਿਟ ਮੁਫ਼ਤ ਬਿਜਲੀ ਦਾ ਸੁੱਖ, ਆਮ ਆਦਮੀ ਕਲੀਨਿਕਾਂ ਰਾਹੀਂ ਪਿੰਡ-ਪਿੰਡ ਚੰਗੀਆਂ ਸਿਹਤ ਸਹੂਲਤਾਂ, ਪਿੰਡਾਂ 'ਚ ਆਧੁਨਿਕ ਲਾਇਬ੍ਰੇਰੀਆਂ, ਸਕੂਲ ਆਫ਼ ਐਮੀਨੈਂਸ ਤੇ ਸਕੂਲ ਆਫ਼ ਹੈਪੀਨੈੱਸ ਨਾਲ ਸਿੱਖਿਆ ਦਾ ਉੱਚਾ ਮਿਆਰ ਤੇ ਨਵੀਨਤਮ ਖੇਡ ਮੈਦਾਨਾਂ ਦੀ ਸਥਾਪਨਾ ਵਰਗੇ ਇਤਿਹਾਸਕ ਕਦਮ ਚੁੱਕੇ ਗਏ ਹਨ।ਇਨ੍ਹਾਂ ਸਾਰੀਆਂ ਪਹਿਲਕਦਮੀਆਂ ਦਾ ਮੁੱਖ ਮਨੋਰਥ ਆਮ ਸਾਧਾਰਨ ਲੋਕਾਂ ਤੱਕ ਬੁਨਿਆਦੀ ਸਹੂਲਤਾਂ ਪੁਚਾ ਕੇ ਸਮਾਜਿਕ ਤੇ ਖੇਡ ਢਾਂਚੇ ਨੂੰ ਮਜ਼ਬੂਤ ਕਰਨਾ ਹੈ।ਓ.ਐੱਸ.ਡੀ. ਨੇ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਕਿ ਮੁੱਖ ਮੰਤਰੀ ਮਾਨ ਦਾ ਧੂਰੀ ਨਾਲ ਇੱਕ ਗੂੜ੍ਹਾ ਤੇ ਰੂਹਾਨੀ ਰਿਸ਼ਤਾ ਹੈ।ਧੂਰੀ ਦਾ ਟੋਲ ਪਲਾਜ਼ਾ ਬੰਦ ਕਰਵਾਉਣਾ, ਸੀਵਰੇਜ ਦਾ ਪੱਕਾ ਹੱਲ, ਸਿਵਲ ਹਸਪਤਾਲ ਦੀ ਨਵੀਂ ਆਧੁਨਿਕ ਇਮਾਰਤ, ਰਜਵਾਹੇ ਨੂੰ ਛੱਤਣ ਦਾ ਕਾਰਜ ਤੇ ਰੇਲਵੇ ਓਵਰ ਬ੍ਰਿਜ ਦੀ ਉਸਾਰੀ ਸਮੇਤ ਕਰੋੜਾਂ ਰੁਪਏ ਦੇ ਪੇਂਡੂ ਤੇ ਸ਼ਹਿਰੀ ਵਿਕਾਸ ਕਾਰਜ ਹੀ ਇਲੈਕਸ਼ਨਾਂ ਦਾ ਮੁੱਖ ਏਜੰਡਾ ਹੋਣਗੇ।ਲੋਕ ਆਪਣੇ ਹਰਮਨਪਿਆਰੇ ਨੇਤਾ ਦੀਆਂ ਇਨ੍ਹਾਂ ਸੇਵਾਵਾਂ 'ਤੇ ਮੁੜ ਮੁਹਰ ਲਾ ਕੇ ਵੋਟਾਂ ਦੇ ਰੂਪ 'ਚ ਵੱਡਾ ਫ਼ਤਵਾ ਦੇਣਗੇ।

ਬਾਬਾ ਮੋਨੀ ਜੀ ਇੰਸਟੀਚਿਊਸ਼ਨਜ਼ ਵਿਖੇ ਫਰੈਸ਼ਰ ਪਾਰਟੀ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਬਾਬਾ ਮੋਨੀ ਜੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵਿਖੇ ਨਵੇਂ ਸੈਸ਼ਨ ਦੇ ਵਿਦਿਆਰਥੀਆਂ ਦੇ ਸਵਾਗਤ ਲਈ ਇੱਕ ਸ਼ਾਨਦਾਰ ਤੇ ਯਾਦਗਾਰੀ 'ਫਰੈਸ਼ਰ ਪਾਰਟੀ' ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਸੰਸਥਾ ਦੇ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਵਿਦਿਆਰਥੀਆਂ ਵੱਲੋਂ ਜੂਨੀਅਰ ਸਾਥੀਆਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਕਾਲਜ ਪ੍ਰਬੰਧਕ ਕਮੇਟੀ ਤੇ ਪ੍ਰਿੰਸੀਪਲ ਵੱਲੋਂ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਸਮਾਗਮ ਦੌਰਾਨ ਪੰਜਾਬੀ ਲੋਕ ਨਾਚ ਗਿੱਧਾ ਤੇ ਭੰਗੜਾ ਵਿਸ਼ੇਸ਼ ਖਿੱਚ ਦਾ ਕੇਂਦਰ ਰਹੇ, ਜਿਨ੍ਹਾਂ ਨੇ ਪੂਰੇ ਮਾਹੌਲ ਨੂੰ ਊਰਜਾਵਾਨ ਤੇ ਸੰਗੀਤਮਈ ਬਣਾ ਦਿੱਤਾ। ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਸੋਲੋ ਗੀਤ, ਸਕਿੱਟਾਂ ਤੇ ਕੋਰੀਓਗ੍ਰਾਫ਼ੀ ਰਾਹੀਂ ਆਪਣੀ ਕਲਾ ਦੇ ਜੌਹਰ ਦਿਖਾਏ। ਪਾਰਟੀ ਦਾ ਮੁੱਖ ਆਕਰਸ਼ਣ ਮਾਡਲਿੰਗ ਮੁਕਾਬਲਾ ਰਿਹਾ, ਜਿਸ ਵਿੱਚ ਨਵੇਂ ਵਿਦਿਆਰਥੀਆਂ ਨੇ ਆਪਣੀ ਸ਼ਖ਼ਸੀਅਤ, ਪਹਿਰਾਵੇ ਤੇ ਹਾਜ਼ਰ-ਜਵਾਬੀ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਜੱਜਾਂ ਵੱਲੋਂ ਵੱਖ-ਵੱਖ ਗੇੜਾਂ ਦੇ ਆਧਾਰ 'ਤੇ ਚੁਣੇ ਗਏ ਹੋਣਹਾਰ ਵਿਦਿਆਰਥੀਆਂ ਨੂੰ 'ਮਿਸਟਰ ਫਰੈਸ਼ਰ' ਤੇ 'ਮਿਸ ਫਰੈਸ਼ਰ' ਦੇ ਖ਼ਿਤਾਬਾਂ ਨਾਲ ਨਿਵਾਜਿਆ ਗਿਆ। ਇਸ ਦੇ ਨਾਲ ਹੀ 'ਮਿਸਟਰ ਵੈੱਲ-ਡਰੈੱਸ' ਤੇ 'ਮਿਸ ਚਾਰਮਿੰਗ' ਵਰਗੇ ਉੱਪ-ਖ਼ਿਤਾਬ ਵੀ ਦਿੱਤੇ ਗਏ। ਸਮਾਗਮ ਦੇ ਅੰਤ ਵਿੱਚ ਕਾਲਜ ਪ੍ਰਬੰਧਕਾਂ ਤੇ ਮੁੱਖ ਮਹਿਮਾਨਾਂ ਨੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਤੇ ਨਵੇਂ ਆਏ ਵਿਦਿਆਰਥੀਆਂ ਨੂੰ ਅਕਾਦਮਿਕ ਖੇਤਰ ਦੇ ਨਾਲ-ਨਾਲ ਸੱਭਿਆਚਾਰਕ ਤੇ ਖੇਡ ਗਤੀਵਿਧੀਆਂ ਵਿੱਚ ਮੋਹਰੀ ਰਹਿਣ ਲਈ ਪ੍ਰੇਰਿਤ ਕੀਤਾ।

ਡਾ. ਸੁਮਨ ਰਾਹੀ ਦੀ ਸੇਵਾ-ਮੁਕਤੀ ਮੌਕੇ ਵਿਦਾਇਗੀ ਸਮਾਰੋਹ



ਸਮਾਣਾ (ਗੁਰਪਿਆਰ ਸਿੰਘ ਬੱਲ)-ਪਬਲਿਕ ਕਾਲਜ ਸਮਾਣਾ ਵਿੱਚ ਡਾ. ਸੁਮਨ ਰਾਹੀ ਮਨੋਵਿਗਿਆਨ ਵਿਭਾਗ ਦੀ ਸੇਵਾ ਮੁਕਤੀ ਮੌਕੇ ਵਿਦਾਇਗੀ ਸਮਾਰੋਹ ਕੀਤਾ ਗਿਆ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਤੇ ਸਟਾਫ ਨੇ ਡਾ. ਸੁਮਨ ਰਾਹੀ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਜ਼ ਨੂੰ ਕਾਲਜ ਪਹੁੰਚਣ 'ਤੇ ਗੁਲਦਸਤੇ ਦੇ ਕੇ ਉਨ੍ਹਾਂ ਦਾ ਸਵਾਗਤ ਕੀਤਾ।ਕਾਲਜ ਪ੍ਰਿੰਸੀਪਲ ਨੇ ਡਾ. ਸੁਮਨ ਰਾਹੀ ਦੀਆਂ ਕਾਲਜ ਨੂੰ ਦਿੱਤੀਆਂ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਸ੍ਰੀ ਸੁਭਾਸ਼ ਸੱਚਦੇਵਾ ਕਾਲਜ ਸੁਪਰਡੈਂਟ ਨੇ ਡਾ. ਸੁਮਨ ਰਾਹੀ ਦੇ ਸੇਵਾਕਾਲ ਤੇ ਹੋਰ ਜੀਵਨ ਯਾਦਾਂ ਨੂੰ ਸਾਂਝਾ ਕੀਤਾ।ਡਾ. ਸੁਮਨ ਰਾਹੀ ਨੇ ਵੀ ਕਾਲਜ ਵਿੱਚ ਬਿਤਾਏ ਆਪਣੇ 14 ਸਾਲਾਂ ਦੇ ਸਫਰ ਨੂੰ ਯਾਦ ਕਰਦਿਆਂ ਮਾਹੌਲ ਨੂੰ ਭਾਵੁਕ ਬਣਾ ਦਿੱਤਾ।ਇਸ ਮੌਕੇ ਕਾਲਜ ਮੈਨੇਜਮੈਂਟ, ਅਧਿਆਪਨ ਤੇ ਗੈਰ-ਅਧਿਆਪਨ ਸਟਾਫ ਵੱਲੋਂ ਡਾ. ਸੁਮਨ ਰਾਹੀ ਨੂੰ ਤੋਹਫੇ ਭੇਟ ਕੀਤੇ ਗਏ।ਇਸ ਦੇ ਨਾਲ ਹੀ ਡਾ. ਸੁਮਨ ਰਾਹੀ ਨੇ ਕਾਲਜ ਦੇ ਸਮੂਹ ਦਰਜਾ ਚਾਰ ਕਰਮਚਾਰੀਆਂ ਨੂੰ ਤੋਹਫੇ ਦਿੱਤੇ।ਸਟੇਜ ਸੰਚਾਲਨ ਦੀ ਭੂਮਿਕਾ ਪ੍ਰੋ. ਹਰਪ੍ਰੀਤ ਕੌਰ, ਮੁੱਖੀ ਪੋਲੀਟੀਕਲ ਸਾਇੰਸ ਵਿਭਾਗ ਨੇ ਬਾਖੂਬੀ ਨਿਭਾਈ।

ਐੱਮ ਐੱਮ ਏ ਵਿਸ਼ਵ ਚੈਂਪੀਅਨਸ਼ਿਪ 'ਚ ਫਤਿਹਵੀਰ ਨੇ ਜਿੱਤਿਆ ਸੋਨ ਤਮਗਾ



ਅਜੀਤਵਾਲ (ਲਵਲੀ ਕੁਮਾਰ)-ਪਿੰਡ ਅਕਾਲਗੜ੍ਹ ਦੇ 10 ਸਾਲਾ ਹੋਣਹਾਰ ਖਿਡਾਰੀ ਫਤਿਹਵੀਰ ਸਿੰਘ ਨੇ ਐੱਮ.ਐੱਮ.ਏ. (ਮਿਕਸਡ ਮਾਰਸ਼ਲ ਆਰਟਸ) ਦੀ ਵਿਸ਼ਵ ਚੈਂਪੀਅਨਸ਼ਿਪ ਵਿੱਚ ਸੋਨ ਤਮਗਾ ਜਿੱਤ ਕੇ ਆਪਣੇ ਮਾਪਿਆਂ, ਪਿੰਡ, ਸਕੂਲ, ਇਲਾਕੇ ਤੇ ਸਮੁੱਚੇ ਪੰਜਾਬ ਦਾ ਮਾਣ ਵਧਾਇਆ ਹੈ।ਸੀਟੀ ਯੂਨੀਵਰਸਿਟੀ ਸਿੱਧਵਾਂ ਵਿਖੇ ਕਰਵਾਈ ਗਈ ਤੀਜੀ ਵਿਸ਼ਵ ਅਰਾਸ਼ੀ ਐੱਮ.ਐੱਮ.ਏ. ਚੈਂਪੀਅਨਸ਼ਿਪ ਵਿੱਚ 38 ਕਿਲੋਗ੍ਰਾਮ ਭਾਰ ਵਰਗ ਦੇ ਮੁਕਾਬਲਿਆਂ ਵਿੱਚ ਫਤਿਹਵੀਰ ਸਿੰਘ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਸੋਨ ਤਮਗਾ ਆਪਣੇ ਨਾਂ ਕੀਤਾ।ਚੌਥੀ ਜਮਾਤ ਵਿੱਚ ਪੜ੍ਹਨ ਵਾਲੇ ਇਸ ਦਸ ਸਾਲਾ ਨੰਨ੍ਹੇ ਖਿਡਾਰੀ ਦੀ ਇਸ ਪ੍ਰਾਪਤੀ ਨੇ ਸਾਬਿਤ ਕਰ ਦਿੱਤਾ ਹੈ ਕਿ ਜੇਕਰ ਹੌਸਲੇ ਬੁਲੰਦ ਹੋਣ ਤੇ ਮਿਹਨਤ ਕਰਨ ਦਾ ਜਜ਼ਬਾ ਹੋਵੇ ਤਾਂ ਉਮਰ ਕਦੇ ਵੀ ਸਫਲਤਾ ਦੇ ਰਾਹ ਵਿੱਚ ਰੁਕਾਵਟ ਨਹੀਂ ਬਣਦੀ।ਕੋਚ ਜਗਜੀਤ ਸਿੰਘ ਨੇ ਦੱਸਿਆ ਕਿ ਇਸ ਵਿਸ਼ਵ ਚੈਂਪੀਅਨਸ਼ਿਪ ਵਿੱਚ 12 ਦੇਸ਼ਾਂ ਦੇ ਖਿਡਾਰੀਆਂ ਨੇ ਭਾਗ ਲਿਆ, ਜਿਸ ਵਿੱਚ ਫਤਿਹਵੀਰ ਨੇ ਭਾਰਤ ਦੀ ਨੁਮਾਇੰਦਗੀ ਕਰਦਿਆਂ ਆਪਣੇ ਸ਼ਾਨਦਾਰ ਪ੍ਰਦਰਸ਼ਨ ਸਦਕਾ ਸੋਨ ਤਮਗਾ ਜਿੱਤਣ ਵਿੱਚ ਸਫਲਤਾ ਹਾਸਲ ਕੀਤੀ।ਆਪਣੀ ਇਸ ਵੱਡੀ ਪ੍ਰਾਪਤੀ ਦਾ ਸਿਹਰਾ ਫਤਿਹਵੀਰ ਨੇ ਆਪਣੇ ਕੋਚ ਜਗਜੀਤ ਸਿੰਘ ਠੀਕਰੀਵਾਲ ਨੂੰ ਦਿੱਤਾ।ਉਸ ਨੇ ਕਿਹਾ ਕਿ ਕੋਚ ਵੱਲੋਂ ਕਰਵਾਈ ਜਾਂਦੀ ਸਖ਼ਤ ਮਿਹਨਤ, ਸਹੀ ਮਾਰਗਦਰਸ਼ਨ ਤੇ ਹੌਸਲਾ ਅਫਜ਼ਾਈ ਸਦਕਾ ਹੀ ਉਹ ਇਸ ਮੁਕਾਮ ਤੱਕ ਪਹੁੰਚ ਸਕਿਆ ਹੈ।ਫਤਿਹਵੀਰ ਦੀ ਇਸ ਸ਼ਾਨਦਾਰ ਜਿੱਤ ਦੀ ਖ਼ਬਰ ਮਿਲਦਿਆਂ ਹੀ ਪਿੰਡ ਅਕਾਲਗੜ੍ਹ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਪਿੰਡ ਵਾਸੀਆਂ ਤੇ ਖੇਡ ਪ੍ਰੇਮੀਆਂ ਵੱਲੋਂ ਉਸ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ।

ਕੇਂਦਰ ਤੇ ਸੂਬਾ ਸਰਕਾਰਾਂ ਬੰਦੀ ਸਿੰਘਾਂ ਦੀ ਰਿਹਾਈ ਲਈ ਸੰਜੀਦਾ ਨਹੀਂ : ਬਾਪੂ ਗੁਰਚਰਨ ਸਿੰਘ

* ਕੌਮੀ ਇਨਸਾਫ ਮੋਰਚੇ ਵੱਲੋਂ 8 ਨੂੰ ਚੰਡੀਗੜ੍ਹ ਵਿਖੇ ਵਿਖਾਵਾ ਕਰਨ ਦਾ ਐਲਾਨ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਕੌਮੀ ਇਨਸਾਫ ਮੋਰਚੇ ਦੀ ਤਾਲਮੇਲ ਕਮੇਟੀ ਦੀ ਜਸਟਿਸ ਰਣਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਲਏ ਫੈਸਲਿਆਂ ਸੰਬੰਧੀ ਪ੍ਰੈੱਸ ਕਾਨਫਰੰਸ ਮੌਕੇ ਕੌਮੀ ਇਨਸਾਫ ਮੋਰਚੇ ਦੇ ਸਰਪ੍ਰਸਤ ਬਾਪੂ ਗੁਰਚਰਨ ਸਿੰਘ ਸਰਪ੍ਰਸਤ, ਜਥੇਦਾਰ ਸੁਰਜੀਤ ਸਿੰਘ ਗੜ੍ਹੀ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰੋਫੈਸਰ ਸਤਨਾਮ ਕੌਰ ਮੁੱਖ ਬੁਲਾਰਾ ਅਕਾਲੀ ਦਲ ਵਾਰਿਸ ਪੰਜਾਬ ਦੇ ਸੁਖਬੀਰ ਸਿੰਘ ਬਲਬੇੜਾ ਬੁਲਾਰਾ ਅਕਾਲੀ ਦਲ ਵਾਰਿਸ ਪੰਜਾਬ ਦੇ ਸਤਵਿੰਦਰ ਸਿੰਘ ਟੌਹੜਾ, ਬਾਬਾ ਸਤਨਾਮ ਸਿੰਘ ਨਾਨਕ ਸਰ ਜਰਨੈਲ ਸਿੰਘ ਪਟਿਆਲਾ, ਸਪਿੰਦਰਪਾਲ ਸਿੰਘ ਸੈਫਦੀਪੁਰ, ਸਤਨਾਮ ਸਿੰਘ ਸੱਤਾ, ਭੁਪਿੰਦਰ ਸਿੰਘ ਗਿੱਲ, ਨਿਰਮਲ ਸਿੰਘ ਬਲਬੇੜਾ, ਬਲਕਾਰ ਸਿੰਘ ਸੂਬਾ ਸਕੱਤਰ ਭਟੇੜੀ ਕਲਾਂ, ਲਖਵੀਰ ਸਿੰਘ ਲੌਟ, ਮਨਜੀਤ ਸਿੰਘ ਰਾਜਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੋਦੀ ਸਰਕਾਰ ਤੇ ਭਗਵੰਤ ਸਿੰਘ ਮਾਨ ਸਰਕਾਰ ਬੰਦੀ ਸਿੰਘਾਂ ਦੀ ਰਿਹਾਈ ਲਈ ਸੰਜੀਦਾ ਨਹੀਂ ਹਨ। ਭਗਵੰਤ ਸਿੰਘ ਮਾਨ ਨੇ ਕੌਮੀ ਇਨਸਾਫ਼ ਮੋਰਚੇ ਨਾਲ 12



ਅਕਤੂਬਰ ਨੂੰ ਹੋਈ ਮੀਟਿੰਗ ਵਿੱਚ ਵਿਸ਼ਵਾਸ ਦਿਵਾਇਆ ਸੀ ਕਿ ਸਰਕਾਰ ਰਿਹਾਈਆਂ ਲਈ ਕੋਈ ਕਸਰ ਨਹੀਂ ਛੱਡੇਗੀ, ਪ੍ਰੰਤੂ ਇਨ੍ਹਾਂ ਉੱਪਰ ਕੋਈ ਅਮਲ ਨਹੀਂ ਹੋ ਸਕਿਆ। ਕੇਂਦਰ ਤੇ ਪੰਜਾਬ ਸਰਕਾਰਾਂ ਪੰਥ ਨੂੰ ਇਨਸਾਫ ਦੇਣ ਦੀ ਬਜਾਏ ਪੰਜਾਬ ਦੀ ਅਣਖ, ਪੰਜਾਬੀਅਤ ਦੀ ਭਾਵਨਾ ਤੇ ਪੰਜਾਬ ਦੇ ਇਤਿਹਾਸ ਨੂੰ ਹੀ ਖਤਮ ਕਰਨ ਦਾ ਭਰਮ ਪਾਲਣ ਦੇ ਯਤਨ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ 8 ਨਵੰਬਰ ਨੂੰ ਬੰਦੀ ਛੋੜ ਦਿਵਸ ਦਿਵਾਲੀ ਨੂੰ 22 ਸੈਕਟਰ ਚੰਡੀਗੜ੍ਹ ਦੇ ਗੁਰਦੁਆਰਾ ਵਿੱਚ ਸੰਕੇਤਕ ਤੌਰ 'ਤੇ 101 ਵਿਅਕਤੀਆਂ ਦਾ ਜਥਾ ਗੁਰੂ ਚਰਨਾਂ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਲਈ ਅਰਦਾਸ ਕਰਕੇ ਕਾਲੇ ਚੋਲੇ ਪਾ ਕੇ ਮੁੱਖ ਮੰਤਰੀ ਨਿਵਾਸ ਵੱਲ ਰੋਸ ਮਾਰਚ ਕਰੇਗਾ। ਕੌਮੀ ਇਨਸਾਫ ਮੋਰਚੇ ਦੀ ਮੀਟਿੰਗ ਨੇ ਮਹਿਸੂਸ ਕੀਤਾ ਪੰਜਾਬ ਨੂੰ ਆਪਣੀ ਹੋਂਦ ਬਚਾਉਣ ਲਈ ਤੇ ਬੰਦੀ ਸਿੰਘਾਂ ਦੀ ਤੇ ਸਮੁੱਚੇ ਰਾਜਸੀ ਬੰਦਿਆਂ ਦੀ ਰਿਹਾਈ ਲਈ ਘਰ ਘਰ ਨੂੰ ਅੰਦੋਲਨ ਦਾ ਹਿੱਸਾ ਬਣਾਇਆ ਜਾਵੇਗਾ।

30 ਨਵੰਬਰ ਨੂੰ ਪੰਥਕ ਜਥੇਬੰਦੀਆਂ ਕਿਸਾਨ ਜਥੇਬੰਦੀਆਂ ਜਨਤਕ ਜਥੇਬੰਦੀਆਂ ਮਨੁੱਖੀ ਅਧਿਕਾਰ ਜਥੇਬੰਦੀਆਂ ਸਾਰੇ ਧਰਮਾਂ ਦੇ ਲੋਕਾਂ ਦੀ ਨੁਮਾਇੰਦਾ ਕਨਵੈਂਸ਼ਨ ਸੱਦੀ ਗਈ ਹੈ, ਇਸ ਵਿੱਚ ਕੌਮੀ ਇਨਸਾਫ ਮੋਰਚੇ ਵੱਲੋਂ ਆਰ-ਪਾਰ ਦੇ ਸੰਘਰਸ਼ ਨੂੰ ਨਤੀਜਾ ਜਨਤਕ ਬਣਾਉਣ ਲਈ ਪ੍ਰੋਗਰਾਮ ਉਲੀਕਿਆ ਜਾਵੇਗਾ। ਮੀਟਿੰਗ ਨੇ ਪਰਮਿੰਦਰ ਸਿੰਘ ਝੋਟੇ ਦੀ ਸੰਘਰਸ਼ ਕਮੇਟੀ ਦੀ ਪੂਰਨ ਤੌਰ 'ਤੇ ਹਿਮਾਇਤ ਕੀਤੀ ਤੇ 5 ਨਵੰਬਰ ਨੂੰ ਮੁੱਖ ਮੰਤਰੀ ਨਿਵਾਸ ਦੇ ਘਿਰਾਓ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।

ਪੰਜਾਬ ਨੂੰ ਮੁੜ ਕਾਲੇ ਦੌਰ ਵੱਲ ਧੱਕਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ : ਸਿੰਗਲਾ

ਭਵਾਨੀਗੜ੍ਹ (ਰਾਜ ਖੁਰਮੀ)-ਕਾਂਗਰਸ ਦੇ ਸੀਨੀਅਰ ਆਗੂ ਅਤੇ ਚੋਣ ਪ੍ਰਬੰਧਨ ਤੇ ਤਾਲਮੇਲ ਕਮੇਟੀ ਦੇ ਚੇਅਰਮੈਨ ਵਿਜੈ ਇੰਦਰ ਸਿੰਗਲਾ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੂੰ ਸੂਬੇ ਵਿੱਚ ਵਿਗੜ ਰਹੀ ਅਮਨ-ਕਾਨੂੰਨ ਦੀ ਸਥਿਤੀ ਸੁਧਾਰਨ ਦੀ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਨੂੰ ਮੁੜ ਕਾਲੇ ਦੌਰ ਵੱਲ ਧੱਕਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਡਰ ਤੇ ਅਸੁਰੱਖਿਆ ਤੋਂ ਮੁਕਤ ਮਾਹੌਲ ਵਿੱਚ ਰਹਿਣ ਦਾ ਹੱਕ ਹੈ।ਪ੍ਰੈੱਸ ਕਾਨਫਰੰਸ ਦੌਰਾਨ ਸਿੰਗਲਾ ਨੇ ਸੂਬੇ ਵਿੱਚ ਵਧ ਰਹੀਆਂ ਹੱਤਿਆਵਾਂ, ਨਸ਼ਿਆਂ ਦੀ ਤਸਕਰੀ ਤੇ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਦੀ ਸੁਰੱਖਿਆ 'ਤੇ ਚਿੰਤਾ ਪ੍ਰਗਟਾਈ।

4 ਨੂੰ ਫੱਗੂਵਾਲਾ ਵਿਖੇ ਇਨਸਾਫ਼ ਰੈਲੀ ਨੂੰ ਸੰਬੋਧਨ ਕਰਨਗੇ ਰਾਹੁਲ ਗਾਂਧੀ



ਉਨ੍ਹਾਂ ਕਿਹਾ ਕਿ ਪੰਜਾਬ ਪੁਲਸ ਅਪਰਾਧੀਆਂ ਤੇ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਕਰਨ ਦੇ ਸਮਰੱਥ ਹੈ, ਪਰ ਇਸ ਲਈ ਪੁਲਸ ਨੂੰ ਸਿਆਸੀ ਦਖ਼ਲਅੰਦਾਜ਼ੀ ਤੋਂ ਮੁਕਤ ਹੋ ਕੇ ਕੰਮ ਕਰਨ ਦੀ ਆਜ਼ਾਦੀ ਮਿਲਣੀ ਚਾਹੀਦੀ ਹੈ।

ਉਨ੍ਹਾਂ ਸਰਕਾਰ ਦੀ ਇਸ਼ਤਿਹਾਰਬਾਜ਼ੀ 'ਤੇ ਹੋ ਰਹੇ ਖ਼ਰਚਿਆਂ ਤੇ ਚੋਣਾਂ ਸਮੇਂ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਨਾ ਕਰਨ 'ਤੇ ਵੀ ਸਵਾਲ ਚੁੱਕੇ।ਉਨ੍ਹਾਂ ਕਿਹਾ ਕਿ ਔਰਤਾਂ ਨੂੰ ਹਰ ਮਹੀਨੇ 1000 ਰੁਪਏ ਦੇਣ, ਪੈਨਸ਼ਨਾਂ ਵਿੱਚ ਵਾਧਾ ਕਰਨ, ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਤੇ ਰੁਜ਼ਗਾਰ ਦੇਣ ਵਰਗੇ ਵਾਅਦੇ ਅਜੇ ਵੀ ਪੂਰੇ ਹੋਣ ਦੀ ਉਡੀਕ ਕਰ ਰਹੇ ਹਨ।ਪੰਜਾਬ ਦੇ ਪੈਸੇ ਦੀ ਵਰਤੋਂ ਸੂਬੇ ਦੇ ਵਿਕਾਸ ਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹੋਣੀ ਚਾਹੀਦੀ ਹੈ।ਸਿੰਗਲਾ ਨੇ ਕਿਹਾ ਕਿ ਪੰਜਾਬ ਵਿੱਚ ਅਮਨ-ਕਾਨੂੰਨ ਦੀ ਮਜ਼ਬੂਤ ਸਥਿਤੀ ਸੂਬੇ ਦੀ ਆਰਥਿਕ ਤਰੱਕੀ ਲਈ ਵੀ ਜ਼ਰੂਰੀ ਹੈ, ਕਿਉਂਕਿ ਅਸੁਰੱਖਿਆ ਦੇ ਮਾਹੌਲ ਕਾਰਨ ਵਪਾਰੀ ਤੇ ਸਨਅਤਕਾਰ ਨਿਵੇਸ਼ ਕਰਨ ਤੋਂ ਪਿੱਛੇ ਹਟਦੇ ਹਨ। ਉਨ੍ਹਾਂ ਕੇਂਦਰ ਸਰਕਾਰ ਨੂੰ ਵੀ ਸਰਹੱਦ ਪਾਰੋਂ ਨਸ਼ਿਆਂ ਤੇ ਹਥਿਆਰਾਂ ਦੀ ਤਸਕਰੀ ਰੋਕਣ ਲਈ ਆਪਣੀ ਜ਼ਿੰਮੇਵਾਰੀ ਨਿਭਾਉਣ ਦੀ ਅਪੀਲ ਕੀਤੀ।4 ਨਵੰਬਰ ਨੂੰ ਸੰਗਰੂਰ ਜ਼ਿਲ੍ਹੇ ਦੇ ਪਿੰਡ ਫੱਗੂਵਾਲਾ ਵਿਖੇ ਹੋਣ ਵਾਲੀ ਇਨਸਾਫ਼ ਰੈਲੀ ਸਬੰਧੀ ਉਨ੍ਹਾਂ ਦੱਸਿਆ ਕਿ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਸਵੇਰੇ 10 ਵਜੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਨਗੇ।

ਉਨ੍ਹਾਂ ਕਿਹਾ ਕਿ ਰੈਲੀ ਵਿੱਚ ਨਸ਼ਿਆਂ, ਬੇਰੁਜ਼ਗਾਰੀ, ਅਮਨ-ਕਾਨੂੰਨ ਤੇ ਲੋਕਾਂ ਨਾਲ ਜੁੜੇ ਹੋਰ ਅਹਿਮ ਮੁੱਦੇ ਉਠਾਏ ਜਾਣਗੇ।ਇਹ ਰੈਲੀ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਕਾਂਗਰਸ ਦੀ ਮੁਹਿੰਮ ਦਾ ਆਗਾਜ਼ ਵੀ ਹੋਵੇਗੀ।

ਰਿਹਾਇਸ਼ੀ ਇਲਾਕਿਆਂ 'ਚ ਧੜੱਲੇ ਨਾਲ ਵਿਕ ਰਹੇ ਪਟਾਕਿਆਂ ਪਿੱਛੇ ਪ੍ਰਸ਼ਾਸਨ ਦੀ ਮਿਲੀਭੁਗਤ : ਸਹੌਲੀ

ਨਾਭਾ (ਅਮਨ ਗਰਗ)-ਸ਼ਹਿਰ ਦੇ ਰਿਹਾਇਸ਼ੀ ਖੇਤਰਾਂ ਤੇ ਭੀੜ-ਭੜੱਕੇ ਵਾਲੇ ਬਾਜ਼ਾਰਾਂ ਵਿੱਚ ਨਿਯਮਾਂ ਦੀਆਂ ਧੱਜੀਆਂ ਉਡਾ ਕੇ ਧੜੱਲੇ ਨਾਲ ਵਿਕ ਰਹੇ ਪਟਾਕਿਆਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ (ਸੁਤੰਤਰ) ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੌਲੀ ਨੇ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਦਾਰ ਸਹੌਲੀ ਨੇ ਦੋਸ਼ ਲਾਇਆ ਕਿ ਇਹ ਸਭ ਪ੍ਰਸ਼ਾਸਨ ਦੀ ਕੁੰਭਕਰਨੀ ਨੀਂਦ ਤੇ ਕਥਿਤ ਮਿਲੀਭੁਗਤ ਸਦਕਾ ਹੋ ਰਿਹਾ ਹੈ, ਜੋ ਕਿ ਸ਼ਹਿਰ ਵਾਸੀਆਂ ਦੀ ਜਾਨ-ਮਾਲ ਨਾਲ ਵੱਡਾ ਖਿਲਵਾੜ ਹੈ। ਬਾਰੂਦ ਦੇ ਢੇਰ 'ਤੇ ਬੈਠਾ ਨਾਭਾ ਸ਼ਹਿਰ, ਵੱਡੇ ਹਾਦਸੇ ਦਾ ਖ਼ਦਸ਼ਾ ਪਰਮਜੀਤ ਸਿੰਘ ਸਹੌਲੀ ਨੇ ਕਿਹਾ ਕਿ ਨਾਭਾ ਸ਼ਹਿਰ ਦੇ ਅੰਦਰੂਨੀ ਰਿਹਾਇਸ਼ੀ ਇਲਾਕਿਆਂ ਤੇ ਤੰਗ ਗਲੀਆਂ ਵਿੱਚ ਬਿਨਾਂ ਕਿਸੇ ਖ਼ੌਫ਼ ਦੇ ਪਟਾਕਿਆਂ ਦੇ ਸਟਾਲ ਲਗਾਏ ਜਾ ਰਹੇ ਹਨ।ਇਨ੍ਹਾਂ ਦੁਕਾਨਾਂ 'ਤੇ ਸੁਰੱਖਿਆ ਤੇ ਅੱਗ ਬੁਝਾਊ ਪ੍ਰਬੰਧ ਬਿਲਕੁਲ ਨਾਮਾਤਰ ਹਨ।ਉਨ੍ਹਾਂ ਕਿਹਾ ਕਿ ਤਿਉਹਾਰਾਂ ਦੇ ਦਿਨਾਂ ਵਿੱਚ ਅਜਿਹੀ ਲਾਪ੍ਰਵਾਹੀ ਕਿਸੇ ਵੱਡੇ ਹਾਦਸੇ ਨੂੰ ਸੱਦਾ ਦੇ ਰਹੀ ਹੈ।ਜੇਕਰ ਕੋਈ ਮੰਦਭਾਗੀ ਘਟਨਾ ਵਾਪਰਦੀ ਹੈ, ਤਾਂ ਭਾਰੀ ਜਾਨੀ-ਮਾਲੀ ਨੁਕਸਾਨ ਹੋ ਸਕਦਾ ਹੈ।

ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਨੇ



ਪ੍ਰਸ਼ਾਸਨ ਨੂੰ ਘੇਰਦਿਆਂ ਕਿਹਾ ਕਿ ਅਧਿਕਾਰੀਆਂ ਦੀ ਨੱਕ ਹੇਠ ਸਭ ਕੁਝ ਖੁੱਲ੍ਹੇਆਮ ਚੱਲ ਰਿਹਾ ਹੈ, ਪਰ ਕੋਈ ਕਾਰਵਾਈ ਨਾ ਹੋਣਾ ਇਹ ਸਾਬਿਤ ਕਰਦਾ ਹੈ ਕਿ ਇਸ ਗੋਰਖਧੰਦੇ ਵਿੱਚ ਪ੍ਰਸ਼ਾਸਨ ਦੀ ਪੂਰੀ ਮਿਲੀਭੁਗਤ ਹੈ।

ਉਨ੍ਹਾਂ ਮੰਗ ਕੀਤੀ ਕਿ ਉੱਚ ਅਧਿਕਾਰੀ ਤੁਰੰਤ ਇਸ ਮਾਮਲੇ ਦਾ ਨੋਟਿਸ ਲੈਣ ਤੇ ਰਿਹਾਇਸ਼ੀ ਇਲਾਕਿਆਂ ਵਿੱਚੋਂ ਪਟਾਕਿਆਂ ਦੀ ਵਿੱਕਰੀ ਨੂੰ ਸਖ਼ਤੀ ਨਾਲ ਬੰਦ ਕਰਵਾ ਕੇ ਇਨ੍ਹਾਂ ਨੂੰ ਨਿਰਧਾਰਤ ਕੀਤੀਆਂ ਖੁੱਲ੍ਹੀਆਂ ਥਾਵਾਂ 'ਤੇ ਤਬਦੀਲ ਕਰਵਾਉਣ, ਤਾਂ ਜੋ ਸ਼ਹਿਰ ਵਾਸੀਆਂ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ।ਇਸ ਮੀਟਿੰਗ ਵਿੱਚ ਪਹੁੰਚੇ ਸੁਰਜੀਤ ਸਿੰਘ ਬਾਬਰਪੁਰ, ਹਰਬੰਸ ਮੈਸ, ਜਗਮੀਤ ਸਿੰਘ, ਕਾਮਰੇਡ ਗੁਰਜੀਤ ਸਿੰਘ ਬਿਨਾਂਹੇੜੀ, ਬਿੰਦਾ ਬਿਰਕ, ਪੂਰਨ ਚੰਦ ਅਲੋਹਰਾਂ, ਪ੍ਰਦਮਣ ਸਿੰਘ ਬਾਗੜੀਆਂ, ਦਲਵਾਰਾ ਬਾਗੜੀਆਂ ਆਦਿ ਹਾਜ਼ਰ ਸਨ।

ਅਕੇਡੀਆ ਵਰਲਡ ਸਕੂਲ ਵਿਖੇ ਸਾਲਾਨਾ ਐਥਲੈਟਿਕ ਮੀਟ ਕਰਵਾਈ

ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਅਕੇਡੀਆ ਵਰਲਡ ਸਕੂਲ ਸੁਨਾਮ ਵਿਖੇ ਚੇਅਰਮੈਨ ਐਡਵੋਕੇਟ ਗਗਨਦੀਪ ਸਿੰਘ ਦੀ ਅਗਵਾਈ ਹੇਠ ਅੱਠਵੀਂ ਸਾਲਾਨਾ ਐਥਲੈਟਿਕ ਮੀਟ ਕਰਵਾਈ ਗਈ, ਜਿਸ ਵਿੱਚ ਮੁੱਖ ਮਹਿਮਾਨ ਸਕੂਲ ਦੇ ਚੇਅਰਮੈਨ ਐਡਵੋਕੇਟ ਗਗਨਦੀਪ ਸਿੰਘ ਤੇ ਪ੍ਰਿੰਸੀਪਲ ਮੈਡਮ ਰਣਜੀਤ ਕੌਰ ਸਨ।ਸਕੂਲ ਦੇ ਚੇਅਰਮੈਨ ਐਡਵੋਕੇਟ ਗਗਨਦੀਪ ਸਿੰਘ ਵੱਲੋਂ ਝੰਡਾ ਲਹਿਰਾ ਕੇ ਐਥਲੈਟਿਕ ਮੀਟ ਦਾ ਆਰੰਭ ਕੀਤਾ ਗਿਆ ਤੇ ਮਾਰਚ ਪਾਸਟ ਤੋਂ ਸਲਾਮੀ ਲਈ।ਇਹ ਇਵੈਂਟ ਖੇਡਾਂ ਦੀ ਸੱਚੀ ਆਤਮਕਥਾ, ਟੀਮ ਵਰਕ ਤੇ ਵਿਦਿਆਰਥੀਆਂ ਦੀ ਸ਼ਾਨਦਾਰ ਐਥਲੈਟਿਕ ਪ੍ਰਤਿਭਾ ਦਾ ਜਸ਼ਨ ਸੀ, ਜਿਸ ਦੀ ਸ਼ੁਰੂਆਤ ਚਾਰ ਹਾਊਸਾਂ ਰੇਡਰਜ਼, ਟ੍ਰਪਰਜ਼, ਵਰੀਅਰਜ਼ ਤੇ ਗਲੇਡੀਏਟਰ ਦੇ ਵਿਦਿਆਰਥੀਆਂ ਦੁਆਰਾ ਮਾਰਚ ਪਾਸਟ ਨਾਲ ਹੋਈ।ਵਿਦਿਆਰਥੀਆਂ ਨੇ ਆਪਣੀ ਇਕਜੁੱਟਤਾ ਤੇ ਅਨੁਸ਼ਾਸਨ ਨੂੰ ਦਰਸਾਇਆ।ਸਕੂਲ ਦੇ ਪ੍ਰਿੰਸੀਪਲ ਮੈਡਮ ਰਣਜੀਤ ਕੌਰ ਨੇ ਆਪਣੇ ਵਡਮੁੱਲੇ ਵਿਚਾਰਾਂ ਨਾਲ ਵਿਦਿਆਰਥੀਆਂ ਦੇ ਕਦਰਯੋਗ ਯਤਨਾਂ ਦੀ ਪ੍ਰਸੰਸਾ ਕੀਤੀ ਅਤੇ ਉਨ੍ਹਾਂ ਨੂੰ ਜੀਵਨ ਦੇ ਹਰ ਖੇਤਰ ਵਿੱਚ ਸ੍ਰੇਸ਼ਠਤਾ ਪ੍ਰਾਪਤ ਕਰਨ ਲਈ ਉਤਸ਼ਾਹਤ ਕੀਤਾ।ਵਿਦਿਆਰਥੀ ਕੌਂਸਲ ਦੁਆਰਾ ਸਹੁੰ ਚੁੱਕ ਸਮਾਗਮ ਕਰਵਾਇਆ ਗਿਆ।ਇਸ ਮੌਕੇ ਸਕੂਲ ਦੇ ਚੇਅਰਮੈਨ ਤੇ ਪ੍ਰਿੰਸੀਪਲ ਮੈਡਮ ਰਣਜੀਤ ਕੌਰ ਨੇ ਸਮਾਗਮ ਵਿੱਚ ਆਏ ਸਾਰੇ



ਮਾਪਿਆਂ ਨੂੰ ਜੀ ਆਇਆਂ ਕਿਹਾ।ਸਮਾਗਮ ਦੌਰਾਨ ਮਿਸ ਸੁੰਬੁਲ ਫਾਤਿਮਾ ਤੇ ਮਿਸ ਕਨਿਕਾ ਮਿੱਤਲ ਨੇ ਆਪਣੀ ਪ੍ਰਭਾਵਸ਼ਾਲੀ ਐਂਕਰਿੰਗ ਨਾਲ ਪੂਰੇ ਮਾਹੌਲ ਨੂੰ ਜੋਸ਼ ਤੇ ਉਤਸ਼ਾਹ ਨਾਲ ਭਰ ਦਿੱਤਾ।ਸਪੋਰਟਸ ਕੋਚ ਅਮਰਜੀਤ ਸਿੰਘ ਤੇ ਰੈਂਪੀ ਅਨੁਸਾਰ ਵੱਖ-ਵੱਖ ਤਰ੍ਹਾਂ ਦੇ ਈਵੈਂਟਸ ਵਿੱਚ ਬੱਚਿਆਂ ਨੇ ਭਾਗ ਲਿਆ, ਜਿਨ੍ਹਾਂ ਵਿੱਚ ਕਿੰਡਰ ਗਾਰਡਨ ਦੇ ਵਿਦਿਆਰਥੀਆਂ ਲਈ ਫੱਨ ਗੇਮਜ਼, 100,200,400, ਮੀਟਰ ਦੌੜਾਂ, ਰਿਲੇਅ ਰੇਸਾਂ, ਸ਼ਾਟਪੁੱਟ, ਲੌਂਗ ਜੰਪ, ਡਿਸਕਸ ਥ੍ਰੋ ਆਦਿ ਈਵੈਂਟ ਸ਼ਾਮਲ ਸਨ। ਇਸ ਤੋਂ ਇਲਾਵਾ ਮਿਸ ਰੈਂਪੀ ਦੀ ਅਗਵਾਈ ਹੇਠ ਯੋਗਾ ਕਰਵਾਇਆ ਗਿਆ, ਜਿਸ ਵਿੱਚੋਂ ਬੈਸਟ ਯੋਗਾ ਦੀ ਟਰਾਫ਼ੀ ਯਾਹਵੀ ਸ਼ਰਮਾ (ਸੱਤਵੀਂ) ਨੂੰ ਮਿਲੀ।ਐਰੋਬਿਕਸ ਦੀ ਤਿਆਰੀ ਡਾਂਸ ਟੀਚਰ ਅਮਨ ਕੀਰਾਰ ਦੁਆਰਾ ਕਰਵਾਈ ਗਈ।ਇਨ੍ਹਾਂ ਮੁਕਾਬਲਿਆਂ ਵਿੱਚ ਬੈਸਟ ਐਥਲੀਟ ਮੁੰਡਿਆਂ ਵਿੱਚੋਂ ਸ਼ਿਵਮ ਗੋਇਲ (ਨੌਵੀਂ) ਤੇ ਲੜਕੀਆਂ ਵਿੱਚੋਂ ਨੌਵੀਂ ਕਲਾਸ ਦੀ ਸਮਰੀਨ ਕੌਰ ਨੇ ਬਾਜ਼ੀ ਮਾਰੀ।

ਆਲ ਰਾਊਂਡ ਟਰੌਫੀ ਵਾਰੀਅਰਜ਼ ਹਾਊਸ ਨੇ ਜਿੱਤੀ।ਇਸ ਮੌਕੇ ਸਕੂਲ ਦੇ ਚੇਅਰਮੈਨ ਐਡਵੋਕੇਟ ਗਗਨਦੀਪ ਸਿੰਘ ਤੇ ਪ੍ਰਿੰਸੀਪਲ ਰਣਜੀਤ ਕੌਰ ਨੇ ਕਿਹਾ ਕਿ ਇਹ ਖੇਡ ਮੁਕਾਬਲੇ ਸਿਰਫ਼ ਜਿੱਤ ਦੇ ਬਾਰੇ ਨਹੀਂ ਹਨ, ਇਹ ਸਾਡੇ ਵਿਦਿਆਰਥੀਆਂ ਦੀ ਤਾਕਤ, ਸੰਕਲਪ ਤੇ ਟੀਮ ਵਰਕ ਦਾ ਜਸ਼ਨ ਹੁੰਦੇ ਹਨ।ਸਮਾਗਮ ਦੇ ਅੰਤ ਵਿੱਚ ਜੇਤੂ ਵਿਦਿਆਰਥੀਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਮੂਹ ਸਟਾਫ਼ ਮੈਂਬਰ ਵੀ ਮੌਜੂਦ ਸਨ।ਅੰਤ ਵਿੱਚ ਸਕੂਲ ਪ੍ਰਬੰਧਨ ਵੱਲੋਂ ਅਧਿਆਪਕਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਗਿਆ।

ਧਨਕ ਫੈਸਟੀਵਲ 'ਚ ਗੁਰੂਕੁਲ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ

ਦੋ ਮੁਕਾਬਲਿਆਂ 'ਚ ਹਾਸਲ ਕੀਤਾ 5200 ਨਕਦ ਰਾਸ਼ੀ ਇਨਾਮ



ਅਜੀਤਵਾਲ (ਨਛੱਤਰ ਸੰਧੂ)-ਐੱਸ.ਬੀ.ਆਰ.ਐੱਸ. ਗੁਰੂਕੁਲ ਸਕੂਲ ਮੋਗਾ ਦੇ ਵਿਦਿਆਰਥੀਆਂ ਨੇ ਸੀ.ਟੀ. ਯੂਨੀਵਰਸਿਟੀ ਵਿਖੇ 'ਧਨਕ ਫੈਸਟੀਵਲ 2026' ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਫੈਸਟੀਵਲ ਦੌਰਾਨ ਸਕੂਲ ਦੇ ਵਿਦਿਆਰਥੀਆਂ ਨੇ ਗਰੁੱਪ ਡਾਂਸ ਮੁਕਾਬਲੇ ਵਿੱਚ ਦੂਜਾ ਸਥਾਨ ਪ੍ਰਾਪਤ ਕਰਕੇ 3,100 ਦਾ ਨਕਦ ਇਨਾਮ, ਮੈਡਲ ਤੇ ਸਰਟੀਫਿਕੇਟ ਹਾਸਲ ਕੀਤੇ।

ਇਸੇ ਤਰ੍ਹਾਂ ਸਕੂਲ ਦੀ ਹੋਣਹਾਰ ਵਿਦਿਆਰਥਣ ਹਰਨੂਰ ਕੌਰ ਨੇ ਪੋਸਟਰ ਮੇਕਿੰਗ ਮੁਕਾਬਲੇ ਵਿੱਚ ਆਪਣੀ ਕਲਾਤਮਕ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਪ੍ਰਾਪਤ ਕਰਕੇ 2,100 ਦਾ ਨਕਦ ਇਨਾਮ, ਮੈਡਲ ਤੇ ਸਰਟੀਫਿਕੇਟ ਜਿੱਤੇ।ਇਸ ਮੌਕੇ ਸਕੂਲ ਦੇ ਚੇਅਰਮੈਨ ਸ੍ਰੀ ਕਵਚਕਰਨ ਸਿੰਘ ਸਿੱਧੂ, ਪ੍ਰਿੰਸੀਪਲ ਤੇ ਵਾਈਸ ਪ੍ਰਿੰਸੀਪਲ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਮਿਹਨਤ, ਲਗਨ ਤੇ ਅਧਿਆਪਕਾਂ ਦੇ ਸਮਰਪਣ ਦੀ ਸ਼ਲਾਘਾ ਕੀਤੀ।ਪ੍ਰਿੰਸੀਪਲ ਨੇ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੀ ਲੁਕੀ ਹੋਈ ਪ੍ਰਤਿਭਾ ਨੂੰ ਨਿਖਾਰਨ, ਆਤਮ-ਵਿਸ਼ਵਾਸ ਵਧਾਉਣ ਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਸਕੂਲ ਪ੍ਰਬੰਧਕ ਕਮੇਟੀ ਨੇ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਕੇ ਨਵੀਆਂ ਉਪਲਬਧੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ।ਜ਼ਿਕਰਯੋਗ ਹੈ ਕਿ ਗੁਰੂਕੁਲ ਸਕੂਲ ਦੇ ਵਿਦਿਆਰਥੀਆਂ ਨੇ ਦੋਵੇਂ ਮੁਕਾਬਲਿਆਂ ਵਿੱਚ ਕੁੱਲ 5,200 ਦੀ ਨਕਦ ਇਨਾਮੀ ਰਾਸ਼ੀ ਜਿੱਤ ਕੇ ਜਿੱਥੇ ਸੰਸਥਾ ਦਾ ਮਾਣ ਵਧਾਇਆ, ਉੱਥੇ ਹੀ ਮਾਪਿਆਂ ਦਾ ਨਾਮ ਵੀ ਰੌਸ਼ਨ ਕੀਤਾ।

ਬੱਸ ਤੇ ਕਾਰ ਦੀ ਭਿਆਨਕ ਟੱਕਰ 'ਚ ਨੌਜਵਾਨ ਦੀ ਮੌਤ, ਚਾਰ ਜ਼ਖ਼ਮੀ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ) : ਬਰਨਾਲਾ-ਲੁਧਿਆਣਾ ਮੁੱਖ ਮਾਰਗ 'ਤੇ ਪਿੰਡ ਗੰਗੋਹਰ ਨੇੜੇ ਬੱਸ ਤੇ ਕਾਰ ਵਿਚਕਾਰ ਹੋਈ ਭਿਆਨਕ ਟੱਕਰ ਦੌਰਾਨ ਕਾਰ ਸਵਾਰ ਨੌਜਵਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਬੱਸ ਵਿੱਚ ਸਵਾਰ ਚਾਰ ਵਿਅਕਤੀ ਜ਼ਖ਼ਮੀ ਹੋ ਗਏ।ਹਾਦਸਾ ਇੰਨਾ ਜ਼ਬਰਦਸਤ ਸੀ ਕਿ ਕਾਰ ਬੱਸ ਦੇ ਹੇਠਾਂ ਜਾ ਵੜੀ ਤੇ ਟੱਕਰ ਤੋਂ ਬਾਅਦ ਦੋਵੇਂ ਵਾਹਨ ਬੇਕਾਬੂ ਹੋ ਕੇ ਸੜਕ ਕਿਨਾਰੇ ਖੇਤਾਂ ਵਿੱਚ ਜਾ ਡਿੱਗੇ।ਪ੍ਰਾਪਤ ਜਾਣਕਾਰੀ ਅਨੁਸਾਰ ਸਵਾਰੀਆਂ ਨਾਲ ਭਰੀ ਇੱਕ ਨਿੱਜੀ ਕੰਪਨੀ ਦੀ ਬੱਸ ਬਰਨਾਲਾ ਤੋਂ ਲੁਧਿਆਣਾ ਵੱਲ ਜਾ ਰਹੀ ਸੀ।ਜਦੋਂ ਬੱਸ ਪਿੰਡ ਗੰਗੋਹਰ ਨੇੜੇ ਪਹੁੰਚੀ ਤਾਂ ਸਾਹਮਣੇ ਤੋਂ ਲੁਧਿਆਣਾ ਵਾਲੇ ਪਾਸਿਓਂ ਬਰਨਾਲਾ ਵੱਲ ਆ ਰਹੀ ਕਾਰ ਨਾਲ ਉਸ ਦੀ ਜ਼ੋਰਦਾਰ ਟੱਕਰ ਹੋ ਗਈ। ਟੱਕਰ ਕਾਰਨ ਕਾਰ ਬੁਰੀ ਤਰ੍ਹਾਂ ਚਕਨਾਚੂਰ ਹੋ ਗਈ ਤੇ ਕਾਰ ਚਾਲਕ ਨੂੰ ਸੰਭਲਣ ਦਾ ਮੌਕਾ ਤੱਕ ਨਹੀਂ ਮਿਲਿਆ। ਇਸ ਹਾਦਸੇ ਵਿੱਚ ਕਾਰ ਚਾਲਕ ਨੌਜਵਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਬੱਸ ਵਿੱਚ ਸਵਾਰ ਚਾਰ ਵਿਅਕਤੀ ਜ਼ਖ਼ਮੀ ਹੋ ਗਏ।ਘਟਨਾ ਦੀ ਸੂਚਨਾ ਮਿਲਦਿਆਂ ਹੀ ਥਾਣਾ ਮਹਿਲ ਕਲਾਂ ਤੋਂ ਏਐੱਸਆਈ ਜਗਜੀਵਨ ਸਿੰਘ ਤੇ ਮੁਣਸ਼ੀ ਜਗਦੀਪ ਸਿੰਘ ਪੁਲਸ ਪਾਰਟੀ ਸਮੇਤ ਮੌਕੇ 'ਤੇ ਪਹੁੰਚੇ ਤੇ ਹਾਦਸੇ ਦੀ ਜਾਂਚ ਸ਼ੁਰੂ ਕੀਤੀ।ਪੁਲਸ ਅਨੁਸਾਰ ਮ੍ਰਿਤਕ ਦੀ ਪਛਾਣ ਗਗਨਦੀਪ ਸਿੰਘ ਵਾਸੀ ਫਤਿਆਵਾਦ, ਹਰਿਆਣਾ ਵਜੋਂ ਹੋਈ ਹੈ।ਹਾਦਸੇ ਸਬੰਧੀ ਉਸ ਦੇ ਪਰਿਵਾਰਕ ਮੈਂਬਰਾਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ।ਜ਼ਖ਼ਮੀਆਂ ਨੂੰ ਮੁੱਢਲੀ ਡਾਕਟਰੀ ਸਹਾਇਤਾ ਲਈ ਸਿਵਲ ਹਸਪਤਾਲ ਬਰਨਾਲਾ ਵਿਖੇ ਪਹੁੰਚਾਇਆ ਗਿਆ।ਪੁਲਸ ਨੇ ਮ੍ਰਿਤਕ ਦੀ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਸਿਵਲ ਹਸਪਤਾਲ ਬਰਨਾਲਾ ਵਿਖੇ ਭੇਜ ਦਿੱਤਾ ਹੈ।ਪੁਲਸ ਅਨੁਸਾਰ ਹਾਦਸੇ ਤੋਂ ਬਾਅਦ ਬੱਸ ਚਾਲਕ ਮੌਕੇ ਤੋਂ ਫ਼ਰਾਰ ਹੋ ਗਿਆ।ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਪੱਖੋਕੇ ਮਹਿਮਾਰਾਂ ਤੋਂ ਪਾਕਿਸਤਾਨ ਦਾ ਡਰੋਨ ਮਿਲਿਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡੇਰਾ ਬਾਬਾ ਨਾਨਕ ਪੁਲਿਸ ਨੂੰ ਨਜ਼ਦੀਕੀ ਪਿੰਡ ਪੱਖੋਕੇ ਮਹਿਮਾਰਾਂ ਤੋਂ ਇੱਕ ਪਾਕਿਸਤਾਨ ਡਰੋਨ ਬਰਾਮਦ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।

ਇਸ ਡਰੋਨ ਸਬੰਧੀ ਪੱਤਰਕਾਰਾਂ ਨੂੰ ਵਧੇਰੇ ਜਾਣਕਾਰੀ ਦਿੰਦਿਆਂ ਹੋਇਆਂ ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਐਸਐਚਓ ਅਸ਼ੋਕ ਕੁਮਾਰ ਸ਼ਰਮਾ ਨੇ ਦੱਸਿਆ ਕਿ ਮੁੱਖਮੰਤਰੀ ਪੰਜਾਬ, ਆਈ ਜੀ ਬਾਰਡਰ ਰੇਂਜ, ਐਸ ਐਸ ਪੀ ਪੁਲਿਸ ਜ਼ਿਲ੍ਹਾ ਬਟਾਲਾ ਇਨਾਂ ਵੱਲੋਂ ਬਾਰਡਰ ਏਰੀਏ ਵਿੱਚ ਐਂਟੀ ਡਰੋਨ ਟੀਮ ਦਾ ਗਠਨ ਕੀਤਾ ਗਿਆ ਹੈ। ਇਹ ਟੀਮ ਰਾਤ ਦਿਨ ਸਾਡੇ ਕੋਲ ਕੰਮ ਕਰਦੀ ਹੈ, ਇਸ ਟੀਮ ਨੂੰ ਐਂਟੀ ਡਵਾਈਸ ਮਿਲੀ ਹੈ।

ਇਸ ਡਵਾਈਸ ਰਾਹੀਂ ਸਾਨੂੰ ਡਰੋਨ ਦੀ ਲੁਕੇਸ਼ਨ ਮਿਲੀ ਸੀ। ਅਸੀ ਲੁਕੇਸ਼ਨ ਵਾਲੀ ਜਗ੍ਹਾ ਤੇ ਆ ਕੇ ਇਸ ਡਰੋਨ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ। ਇਹ ਪਾਕਿਸਤਾਨੀ ਡਰੋਨ ਹੈ,ਜੋ ਪਿੰਡ ਪੱਖੋਕੇ ਮਹਿਮਾਰਾਂ ਦੇ ਕਿਸਾਨ ਜਸਬੀਰ ਸਿੰਘ ਪੁੱਤਰ ਸੁਲੱਖਣ ਸਿੰਘ ਦੇ ਖੇਤਾਂ ਵਿੱਚੋਂ ਬਰਾਮਦ ਹੋਇਆ ਹੈ। ਉਹਨਾਂ ਦੱਸਿਆ ਕਿ ਇਸ ਡਰੋਨ ਨੂੰ ਪਲਿਸ ਵੱਲੋਂ ਆਪਣੇ ਕਬਜ਼ੇ ਵਿੱਚ ਲੈ ਕੇ ਇਲਾਕੇ ਅੰਦਰ ਸਰਚ ਅਭਿਆਨ ਸ਼ੁਰੂ ਕਰ ਦਿੱਤਾ ਗਿਆ ਹੈ।ਇਸ ਮੌਕੇ ਸਬ ਇੰਸਪੈਕਟਰ ਲਵਪ੍ਰੀਤ ਸਿੰਘ,ਹੌਲਦਾਰ ਅਵਤਾਰ ਸਿੰਘ, ਹੌਲਦਾਰ ਗੁਰਜੀਤ ਸਿੰਘ ਆਦਿ ਹਾਜ਼ਰ ਸਨ।

ਸੰਗਰੂਰ ਇਨਸਾਫ਼ ਰੈਲੀ 'ਚ ਭਰਵੀਂ ਸ਼ਮੂਲੀਅਤ ਕਰਾਂਗੇ : ਸੰਜੀਵ ਕਾਲੂ

* ਕਾਂਗਰਸੀ ਆਗੂਆਂ ਤੇ ਵਰਕਰਾਂ ਨਾਲ ਅਹਿਮ ਮੀਟਿੰਗ

ਪਟਿਆਲਾ (ਰਾਜਿੰਦਰ ਸਿੰਘ ਥਿੰਦ) : 4 ਨਵੰਬਰ ਨੂੰ ਸੰਗਰੂਰ ਵਿਖੇ ਕਾਂਗਰਸ ਪਾਰਟੀ ਵੱਲੋਂ ਕੀਤੀ ਜਾ ਰਹੀ ਵਿਸ਼ਾਲ ਇਨਸਾਫ਼ ਰੈਲੀ ਨੂੰ ਲੈ ਕੇ ਹਲਕਾ ਪਟਿਆਲਾ ਦਿਹਾਤੀ ਦੇ ਆਗੂ ਸੰਜੀਵ ਸ਼ਰਮਾ ਕਾਲੂ ਵੱਲੋਂ ਆਪਣੀ ਰਿਹਾਇਸ਼ ਵਿਖੇ ਕਾਂਗਰਸੀ ਸਾਥੀਆਂ ਤੇ ਪਾਰਟੀ ਵਰਕਰਾਂ ਨਾਲ ਅਹਿਮ ਮੀਟਿੰਗ ਕੀਤੀ ਗਈ।



ਇਸ ਮੀਟਿੰਗ ਦੌਰਾਨ ਰੈਲੀ ਦੀਆਂ ਤਿਆਰੀਆਂ, ਆਵਾਜਾਈ ਦੇ ਪ੍ਰਬੰਧਾਂ ਤੇ ਵੱਧ ਤੋਂ ਵੱਧ ਵਰਕਰਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਸੰਜੀਵ ਸ਼ਰਮਾ ਕਾਲੂ ਨੇ ਕਿਹਾ ਕਿ 4 ਨਵੰਬਰ ਨੂੰ ਸੰਗਰੂਰ ਵਿਖੇ ਹੋਣ ਵਾਲੀ ਇਨਸਾਫ਼ ਰੈਲੀ ਵਿੱਚ ਪੰਜਾਬ ਕਾਂਗਰਸ ਦੇ ਇੰਚਾਰਜ ਸ੍ਰੀ ਸਚਿਨ ਪਾਇਲਟ, ਪੰਜਾਬ ਕਾਂਗਰਸ ਦੇ ਪ੍ਰਧਾਨ ਸ੍ਰੀ ਪ੍ਰਗਟ ਸਿੰਘ ਤੇ ਸ੍ਰੀ ਭਾਰਤ ਭੂਸ਼ਣ ਆਸ਼ੂ ਦੀ ਰਹਿਨੁਮਾਈ ਹੇਠ ਹਲਕਾ ਪਟਿਆਲਾ ਦਿਹਾਤੀ ਤੋਂ ਹਜ਼ਾਰਾਂ ਸਾਥੀਆਂ ਸਮੇਤ ਪਹੁੰਚ ਕੇ ਭਰਵੀਂ ਸ਼ਮੂਲੀਅਤ ਕਰਨਗੇ।ਉਨ੍ਹਾਂ ਕਿਹਾ ਕਿ ਹਲਕੇ ਦੇ ਕਾਂਗਰਸੀ ਆਗੂਆਂ, ਅਹੁਦੇਦਾਰਾਂ ਤੇ ਵਰਕਰਾਂ ਵਿੱਚ ਇਸ ਰੈਲੀ ਨੂੰ ਲੈ ਕੇ ਭਾਰੀ ਉਤਸ਼ਾਹ ਹੈ।ਹਰ ਵਰਕਰ ਪੂਰੇ ਜੋਸ਼ ਤੇ ਉਤਸ਼ਾਹ ਨਾਲ ਰੈਲੀ ਵਿੱਚ ਸ਼ਾਮਲ ਹੋਣ ਲਈ ਤਿਆਰ ਹੈ।

ਹਲਕਾ ਪਟਿਆਲਾ ਦਿਹਾਤੀ ਤੋਂ ਹੋਣ ਵਾਲੀ ਵੱਡੀ ਸ਼ਮੂਲੀਅਤ ਰਾਹੀਂ ਕਾਂਗਰਸ ਪਾਰਟੀ ਦੀ ਮਜ਼ਬੂਤੀ ਤੇ ਵਰਕਰਾਂ ਦੀ ਇਕਜੁੱਟਤਾ ਦਾ ਪ੍ਰਭਾਵਸ਼ਾਲੀ ਸੁਨੇਹਾ ਦਿੱਤਾ ਜਾਵੇਗਾ। ਅੰਤ ਵਿੱਚ ਸੰਜੀਵ ਸ਼ਰਮਾ ਕਾਲੂ ਨੇ ਹਲਕਾ ਪਟਿਆਲਾ ਦਿਹਾਤੀ ਦੇ ਸਮੂਹ ਕਾਂਗਰਸੀ ਆਗੂਆਂ, ਅਹੁਦੇਦਾਰਾਂ, ਵਰਕਰਾਂ ਤੇ ਆਪਣੇ ਸਾਥੀਆਂ ਨੂੰ ਅਪੀਲ ਕੀਤੀ ਕਿ ਉਹ 4 ਨਵੰਬਰ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਸੰਗਰੂਰ ਪਹੁੰਚ ਕੇ ਇਨਸਾਫ਼ ਰੈਲੀ ਨੂੰ ਸਫ਼ਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।

ਇਸ ਮੌਕੇ ਸੰਤ ਬੰਗਾ ਸਾਬਕਾ ਚੇਅਰਮੈਨ ਇੰਪਰੂਵਮੈਂਟ ਟਰੱਸਟ, ਐਡਵੋਕੇਟ ਸੇਵਕ ਸਿੰਘ ਝਿੱਲੀ, ਅਮਰਪ੍ਰੀਤ ਸਿੰਘ ਬੌਬੀ, ਮਾਧਵ ਸਿੰਗਲਾ, ਰਣਜੀਤ ਪ੍ਰੋਫੈਸਰ, ਜਸਵਿੰਦਰ ਜਰਗੀਆਂ, ਰਗਵੀਰ ਸਿੰਘ ਰੋਡਾ ਸਰਪੰਚ, ਸੁਖਚੈਨ ਸਿੰਘ ਲੌਟ ਸਰਪੰਚ, ਅਮਰੀਕ ਧਨੌਰਾ, ਸੁਖਵਿੰਦਰ ਕੌਰ ਚੈਲੇਲਾ, ਸੁਰਜੀਤ ਸਿੰਘ ਜੀਤੂ, ਐਡਵੋਕੇਟ ਰੋਹਿਤ ਸ਼ਰਮਾ, ਐਡਵੋਕੇਟ ਯੁਵਰਾਜ ਸਿੰਘ, ਗੁਰਮੀਤ ਸਿੰਘ ਚੌਹਾਨ, ਕਰਮਜੀਤ ਸਰਪੰਚ, ਗੌਰਵ ਸੂਦ ਤੇ ਹੋਰ ਹਾਜ਼ਰ ਸਨ।

ਭਾਜਪਾ ਸਰਕਾਰ ਆਉਣ 'ਤੇ ਸੂਬੇ ਨੂੰ ਨਸ਼ਾ ਰਹਿਤ ਕਰਾਂਗੇ : ਨੀਸ਼ੂ ਚਹਿਲਾਂ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਹਲਕਾ ਸਮਰਾਲਾ ਤੋਂ ਭਾਜਪਾ ਦੇ ਸੀਨੀਅਰ ਆਗੂ ਤੇ ਪਾਰਟੀ ਦੇ ਸੰਭਾਵੀ ਉਮੀਦਵਾਰ ਨੀਸ਼ੂ ਚਹਿਲਾਂ ਨੇ ਕਿਹਾ ਕਿ ਅੱਜ ਪੰਜਾਬ ਦੇ ਸਭ ਤੋਂ ਵੱਡੇ 2 ਮੁੱਦੇ ਨਸ਼ਾ ਤੇ ਵੱਧਦਾ ਅਪਰਾਧ ਹੈ ਜਿਸ ਤੋਂ ਸੂਬੇ ਦਾ ਹਰੇਕ ਵਿਅਕਤੀ ਬੁਰੀ ਤਰ੍ਹਾਂ ਪ੍ਰਭਾਵਿਤ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਮਝ ਆ ਗਈ ਹੈ ਕਿ ਭਾਜਪਾ ਸਰਕਾਰ ਬਣਨ 'ਤੇ ਪੰਜਾਬ ਨਸ਼ਾ ਮੁਕਤ ਹੋਵੇਗਾ ਤੇ ਨੌਜਵਾਨੀ ਨੂੰ ਸਹੀ ਸੇਧ ਦੇ ਕੇ ਸੂਬੇ ਨੂੰ ਖ਼ੁਸ਼ਹਾਲ ਬਣਾਇਆ ਜਾਵੇਗਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨੀਸ਼ੂ ਚਹਿਲਾਂ ਨੇ ਕਿਹਾ ਕਿ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਦੇ ਲੋਕਾਂ ਨਾਲ ਵਾਅਦਾ ਕੀਤਾ ਹੈ ਕਿ ਉਹ ਇੱਥੇ ਭਾਜਪਾ ਦੀ ਸਰਕਾਰ ਬਣਾਉਣ ਤੇ 2029 ਤੱਕ ਸੂਬੇ ਨੂੰ ਨਸ਼ਾ ਰਹਿਤ ਕਰ ਦੇਵਾਂਗੇ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਪਿਛਲੇ 5 ਸਾਲਾਂ ਦੌਰਾਨ ਨਸ਼ਾ ਘਟਣਾ ਤਾਂ ਕੀ ਬਲਕਿ ਇਸ ਕਦਰ ਵਧ ਗਿਆ ਹੈ ਕਿ ਲੋਕ ਆਪਣੇ ਧੀਆਂ, ਪੁੱਤਰਾਂ ਦੇ ਨਸ਼ਿਆਂ ਕਾਰਨ ਸਿਵੇ ਬਲਦੇ ਦੇਖ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਨਸ਼ਾ ਪਿੰਡਾਂ, ਮੁਹੱਲਿਆਂ ਤੱਕ ਪਹੁੰਚ ਚੁੱਕਿਆ ਹੈ, ਜਿਸ ਨੂੰ ਨੱਥ ਪਾਉਣ ਲਈ ਭਾਜਪਾ ਸਰਕਾਰ ਹੀ ਇੱਕ ਵੱਡਾ ਰੋਲ ਅਦਾ ਕਰ ਸਕਦੀ ਹੈ। ਭਾਜਪਾ ਆਗੂ ਨੀਸ਼ੂ ਚਹਿਲਾਂ ਨੇ ਕਿਹਾ ਕਿ ਹਲਕਾ ਸਮਰਾਲਾ ਵਿੱਚ, ਜੋ ਲੋਕ ਮੁਹਿੰਮ ਸ਼ੁਰੂ ਕੀਤੀ ਗਈ ਹੈ, ਉਸ ਨੂੰ ਵੱਡੀ ਸਫ਼ਲਤਾ ਮਿਲ ਰਹੀ ਹੈ ਅਤੇ ਪਿੰਡਾਂ ਵਿੱਚ ਲੋਕ ਪਾਰਟੀ 'ਚ ਸ਼ਾਮਲ ਹੋ ਰਹੇ ਹਨ।

ਹੈਰੋਇਨ ਦਾ ਸੇਵਨ ਕਰਨ ਦੇ ਦੋਸ਼ 'ਚ ਮਾਮਲਾ ਦਰਜ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਿਟੀ ਜਲਾਲਾਬਾਦ ਪੁਲਸ ਨੇ ਹੈਰੋਇਨ ਦਾ ਸੇਵਨ ਕਰਨ ਦੇ ਦੋਸ਼ ਵਿੱਚ ਇੱਕ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਜਾਂਚ ਅਧਿਕਾਰੀ, ਸਹਾਇਕ ਥਾਣੇਦਾਰ ਸੁਨੀਲ ਕੁਮਾਰ ਨੇ ਦੱਸਿਆ ਕਿ ਜਦੋਂ ਪੁਲਸ ਦੀ ਇੱਕ ਟੀਮ ਜਲਾਲਾਬਾਦ ਵਿੱਚ ਪੁਰਾਣੇ ਸ੍ਰੀ ਮੁਕਤਸਰ ਸਾਹਿਬ ਬੱਸ ਸਟੈਂਡ ਨੇੜੇ ਪੁਲ ਕੋਲ ਗਸ਼ਤ ਕਰ ਰਹੀ ਸੀ, ਤਾਂ ਇੱਕ ਵਿਅਕਤੀ ਨੇ ਪੁਲਸ ਨੂੰ ਦੇਖ ਕੇ ਉੱਥੋਂ ਖਿਸਕਣ ਦੀ ਕੋਸ਼ਿਸ਼ ਕੀਤੀ।

ਟੀਮ ਨੇ ਉਸ ਨੂੰ ਕਾਬੂ ਕਰਕੇ ਤਲਾਸ਼ੀ ਲਈ, ਜਿਸ ਦੌਰਾਨ ਉਨ੍ਹਾਂ ਨੂੰ ਚਾਂਦੀ ਦੇ ਰੰਗ ਦੀ ਇੱਕ ਫੁਆਇਲ (ਪੰਨੀ) ਮਿਲੀ, ਜਿਸ ਵਿੱਚ ਹੈਰੋਇਨ ਦੇ ਅੰਸ਼ ਸਨ ਤੇ ਨਾਲ ਹੀ 10 ਰੁਪਏ ਦਾ ਇੱਕ ਅੱਧਾ ਸੜਿਆ ਹੋਇਆ ਨੋਟ ਵੀ ਬਰਾਮਦ ਹੋਇਆ।

ਫੜੇ ਗਏ ਵਿਅਕਤੀ ਦੀ ਪਛਾਣ ਤਰਸੇਮ ਸਿੰਘ ਪੁੱਤਰ ਜਨੈਲ ਸਿੰਘ ਵਜੋਂ ਹੋਈ ਹੈ, ਜੋ ਪੰਚਾਇਤੀ ਬਸਤੀ, ਮੋਹਕਮ ਅਰਾਈ ਦਾ ਰਹਿਣ ਵਾਲਾ ਹੈ ਤੇ ਫਿਲਹਾਲ ਧਾਨੀ ਕਦੀਮ ਵਿਖੇ ਰਹਿ ਰਿਹਾ ਹੈ। ਉਸ ਵਿਰੁੱਧ ਮਾਮਲਾ ਦਰਜ ਕੀਤਾ ਗਿਆ ਹੈ।

ਮੌਤ ਦੀ ਸਜ਼ਾ ਦਾ ਸਾਹਮਣਾ ਕਰ ਰਹੇ ਦੋ ਨੌਜਵਾਨਾਂ ਦੀ ਸਜ਼ਾ ਟਲੀ



ਮੋਰਿੰਡਾ (ਨਿਹਾਲ ਸਿੰਘ ਕਲਸੀ)-ਸਾਊਦੀ ਅਰਬ ਵਿੱਚ ਜੇਲ ਵਿਚ ਕੈਦ ਬਰਸਾਲਪੁਰ ਪਿੰਡ ਦੇ ਵਸਨੀਕ ਗੁਰਦੀਪ ਸਿੰਘ ਅਤੇ ਸਮਰਾਲਾ ਨੇੜੇ ਪਿੰਡ ਮਾਣਕੀ ਦੇ ਵਸਨੀਕ ਸੁਖਚੈਨ ਸਿੰਘ ਦੀਆਂ ਸਿਰ ਕਲਮ ਕਰਨ ਦੀਆਂ ਸਜ਼ਾਵਾਂ ਨੂੰ ਮੁਲਤਵੀ ਕਰ ਦਿੱਤਾ ਗਿਆ ਹੈ।

ਇਹ ਰਾਹਤ ਭਾਜਪਾ ਹਲਕੇ ਸ੍ਰੀ ਚਮਕੌਰ ਸਾਹਿਬ ਦੀ ਮੁੱਖ ਸੇਵਾਦਾਰ ਮੇਜਰ ਅੰਜੂ ਬਾਲਾ ਦੇ ਯਤਨਾਂ ਤੋਂ ਬਾਅਦ ਮਿਲੀ ਹੈ। ਮਿਲੀ ਜਾਣਕਾਰੀ ਅਨੁਸਾਰ, ਦੋਵੇਂ ਨੌਜਵਾਨਾਂ ਨੂੰ ਸਾਊਦੀ ਅਰਬ ਵਿੱਚ ਇੱਕ ਗੰਭੀਰ ਦੋਸ਼ ਵਿੱਚ ਜੇਲ ਵਿਚ ਕੈਦ ਕੀਤਾ ਗਿਆ ਸੀ। ਸਥਾਨਕ ਕਾਨੂੰਨ ਦੇ ਤਹਿਤ ਉਨ੍ਹਾਂ ਨੂੰ ਸਿਰ ਕਲਮ ਕਰਨ ਦੀ ਸਜ਼ਾ ਸੁਣਾਈ ਗਈ ਸੀ। ਇਸ ਖ਼ਬਰ ਨਾਲ ਦੋਵੇਂ ਪਰਿਵਾਰਾਂ ਸੋਗ ਵਿੱਚ ਡੁੱਬੇ ਹੋਏ ਹਨ। ਪਰਵਾਰ ਨੌਜਵਾਨਾਂ ਦੀਆਂ ਜਾਨਾਂ ਬਚਾਉਣ ਲਈ ਪੰਜਾਬ ਅਤੇ ਕੇਂਦਰ ਸਰਕਾਰਾਂ ਤੋਂ ਮਦਦ ਦੀ ਗੁਹਾਰ ਲਗਾ ਰਿਹਾ ਸੀ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ, ਭਾਜਪਾ ਆਗੂ ਮੇਜਰ ਅੰਜੂ ਬਾਲਾ ਨੇ ਪੀੜਤ ਪਰਵਾਰਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ। ਉਨ੍ਹਾਂ ਨੇ ਇਸ ਮੁੱਦੇ ਨੂੰ ਉੱਚ ਪੱਧਰ 'ਤੇ ਉਠਾਇਆ, ਸਬੰਧਤ ਅਧਿਕਾਰੀਆਂ ਅਤੇ ਕੇਂਦਰੀ ਮੰਤਰਾਲਿਆਂ ਨਾਲ ਸੰਪਰਕ ਕੀਤਾ, ਅਤੇ ਨੌਜਵਾਨਾਂ ਲਈ ਹਰ ਸੰਭਵ ਰਾਹਤ ਕਰਨ ਲਈ ਕੂਟਨੀਤਕ ਯਤਨ ਸ਼ੁਰੂ ਕੀਤੇ। ਦੱਸਿਆ ਜਾ ਰਿਹਾ ਹੈ ਕਿ ਇਨ੍ਹਾਂ ਯਤਨਾਂ ਅਤੇ ਕੂਟਨੀਤਕ ਲਾਬਿੰਗ ਦੇ ਨਤੀਜੇ ਵਜੋਂ, ਦੋਵਾਂ ਨੌਜਵਾਨਾਂ ਦੀ ਸਜ਼ਾ ਨੂੰ ਫਿਲਹਾਲ ਮੁਲਤਵੀ ਕਰ ਦਿੱਤਾ ਗਿਆ ਹੈ।

ਸੰਗਰੂਰ ਰੈਲੀ ਪੰਜਾਬ ਸਰਕਾਰ ਲਈ ਆਖਰੀ ਕਿੱਲ ਸਾਬਤ ਹੋਵੇਗੀ : ਕਾਂਗੜ, ਕੋਟਲੀ, ਸਿੰਗਲਾ

ਮਾਨਸਾ/ਭੀਖੀ (ਆਤਮਾ ਸਿੰਘ ਪਮਾਰ)-ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਤੇ ਗੁਰਕੀਰਤ ਸਿੰਘ ਕੋਟਲੀ ਨੇ ਕਿਹਾ ਕਿ ਸੰਗਰੂਰ ਵਿਖੇ ਹੋਣ ਵਾਲੀ ਕਾਂਗਰਸ ਦੀ ਵਿਸ਼ਾਲ ਰੈਲੀ ਆਮ ਆਦਮੀ ਪਾਰਟੀ ਸਰਕਾਰ ਦੀਆਂ ਜੜ੍ਹਾਂ ਹਿਲਾ ਕੇ ਰੱਖ ਦੇਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀਆਂ ਨੀਤੀਆਂ ਤੇ ਕਾਰਗੁਜ਼ਾਰੀ ਤੋਂ ਬੇਹੱਦ ਨਿਰਾਸ਼ ਹਨ ਤੇ ਹੁਣ ਸਰਕਾਰ ਨੂੰ ਸੱਤਾ ਤੋਂ ਲਾਂਭੇ ਕਰਨ ਦਾ ਮਨ ਬਣਾ ਚੁੱਕੇ ਹਨ।ਦੋਵੇਂ ਆਗੂ ਅੱਜ ਭੀਖੀ ਵਿਖੇ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਦੀ ਅਗਵਾਈ ਹੇਠ ਸੰਗਰੂਰ ਰੈਲੀ ਦੀਆਂ ਤਿਆਰੀਆਂ ਸਬੰਧੀ ਹੋਈ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ।ਸਾਬਕਾ ਮੰਤਰੀਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਦੇ ਲੋਕਾਂ ਨਾਲ ਵੱਡੇ-ਵੱਡੇ ਵਾਅਦੇ ਕਰਕੇ ਸੱਤਾ ਹਾਸਲ ਕੀਤੀ ਸੀ, ਪਰ ਸੱਤਾ 'ਚ ਆਉਣ ਤੋਂ ਉਪਰੰਤ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਨਹੀਂ ਉਤਰੀ।ਉਨ੍ਹਾਂ ਦੋਸ਼ ਲਗਾਇਆ ਕਿ ਸੂਬੇ 'ਚ ਲੋਕਤੰਤਰੀ ਪ੍ਰਬੰਧ ਦੀ ਥਾਂ ਪੁਲਸ ਰਾਜ ਵਰਗੇ ਹਾਲਾਤ ਪੈਦਾ ਹੋ ਗਏ ਹਨ ਤੇ ਲੋਕ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਲਗਾਤਾਰ ਸੰਘਰਸ਼ ਕਰਨ ਲਈ ਮਜਬੂਰ ਹਨ।ਉਨ੍ਹਾਂ ਕਿਹਾ ਕਿ ਸੰਗਰੂਰ ਦੀ ਰੈਲੀ ਪੰਜਾਬ ਦੀ ਰਾਜਨੀਤੀ 'ਚ ਅਹਿਮ ਮੋੜ ਸਾਬਿਤ ਹੋਵੇਗੀ।ਰੈਲੀ ਰਾਹੀਂ ਕਾਂਗਰਸ ਪਾਰਟੀ ਸੂਬਾ ਸਰਕਾਰ ਦੀ ਪਿਛਲੇ ਕਰੀਬ ਪੰਜ ਸਾਲ ਦੀ ਕਾਰਗੁਜ਼ਾਰੀ ਨੂੰ ਲੋਕ ਕਚਹਿਰੀ 'ਚ ਰੱਖੇਗੀ।ਉਨ੍ਹਾਂ ਕਿਹਾ ਕਿ ਕਾਂਗਰਸ ਆਗੂ ਰਾਹੁਲ ਗਾਂਧੀ ਰੈਲੀ ਦੌਰਾਨ ਪੰਜਾਬ ਸਰਕਾਰ ਦੇ ਕਾਰਜਕਾਲ ਦੀ ਕਾਰਗੁਜ਼ਾਰੀ ਦਾ ਪੂਰਾ ਲੇਖਾ-ਜੋਖਾ ਲੋਕਾਂ ਸਾਹਮਣੇ ਪੇਸ਼ ਕਰਨਗੇ।ਕਾਂਗੜ ਤੇ ਕੋਟਲੀ ਨੇ ਕਿਹਾ ਕਿ ਪੰਜਾਬ 'ਚ ਅਮਨ-ਕਾਨੂੰਨ ਦੀ ਸਥਿਤੀ ਚਿੰਤਾਜਨਕ ਬਣੀ ਹੋਈ ਹੈ।ਉਨ੍ਹਾਂ ਦੋਸ਼ ਲਾਇਆ ਕਿ ਸੂਬੇ 'ਚ ਗੈਂਗਸਟਰਾਂ ਦੀਆਂ ਗਤੀਵਿਧੀਆਂ ਵਧ ਰਹੀਆਂ ਹਨ ਤੇ ਦਿਨ-ਦਿਹਾੜੇ ਕਤਲਾਂ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ।ਇਸ ਦੇ ਨਾਲ ਹੀ ਨਸ਼ਿਆਂ ਦੀ ਖੁੱਲ੍ਹੀ ਵਿਕਰੀ ਨੂੰ ਲੈ ਕੇ ਵੀ ਲੋਕ ਬੁਰੀ ਤਰ੍ਹਾਂ ਚਿੰਤਤ ਦਿਖਾਈ ਦੇ ਰਹੇ ਹਨ।



ਉਨ੍ਹਾਂ ਕਿਹਾ ਕਿ ਸੰਗਰੂਰ ਰੈਲੀ 'ਚ ਲੋਕਾਂ ਦੀਆਂ ਸਮੱਸਿਆਵਾਂ, ਸਰਕਾਰ ਦੀ ਕਾਰਗੁਜ਼ਾਰੀ ਤੇ ਸੂਬੇ ਦੇ ਮੌਜੂਦਾ ਹਾਲਾਤ ਮੁੱਖ ਮੁੱਦੇ ਹੋਣਗੇ।ਕਾਂਗਰਸ ਪਾਰਟੀ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕਰੇਗੀ।ਉਨ੍ਹਾਂ ਪਾਰਟੀ ਵਰਕਰਾਂ ਤੇ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਰੈਲੀ ਨੂੰ ਸਫ਼ਲ ਬਣਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਤੇ ਵੱਧ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ।ਇਸ ਮੌਕੇ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਨੇ ਕਿਹਾ ਕਿ ਸੰਗਰੂਰ ਰੈਲੀ 'ਚ ਇੱਕ ਲੱਖ ਤੋਂ ਵੀ ਵੱਧ ਲੋਕਾਂ ਦੇ ਸ਼ਾਮਲ ਹੋਣ ਦੀ ਉਮੀਦ ਹੈ।ਉਨ੍ਹਾਂ ਕਿਹਾ ਕਿ ਰੈਲੀ ਨੂੰ ਲੈ ਕੇ ਪਾਰਟੀ ਵਰਕਰਾਂ 'ਚ ਭਾਰੀ ਉਤਸ਼ਾਹ ਹੈ ਤੇ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦਾਅਵਾ ਕੀਤਾ ਕਿ ਇਹ ਰੈਲੀ ਪੰਜਾਬ ਸਰਕਾਰ ਲਈ ਆਖਰੀ ਕਿੱਲ ਸਾਬਿਤ ਹੋਵੇਗੀ।

ਇਸ ਮੌਕੇ ਅਜੀਤ ਇੰਦਰ ਸਿੰਘ ਮੋਫਰ, ਬਲਕੌਰ ਸਿੰਘ ਮੂਸੇਵਾਲਾ, ਮਾਈਕਲ ਗਾਗੋਵਾਲ, ਸਾਬਕਾ ਵਿਧਾਇਕ ਨਾਜ਼ਰ ਸਿੰਘ ਮਾਨਸ਼ਾਹੀਆ, ਚਮਕੌਰ ਸਿੰਘ ਮੂਸੇਵਾਲਾ, ਐਡਵੋਕੇਟ ਗੁਰਪ੍ਰੀਤ ਸਿੰਘ ਵਿੱਕੀ, ਇੰਦਰਜੀਤ ਸਿੰਘ ਭੀਖੀ, ਹਰਵਿੰਦਰ ਕੌਰ ਸਿੱਧੂ, ਸਤਪਾਲ ਸਿੰਘ ਮੂਲੇਵਾਲਾ, ਮਨਜੀਤ ਸਿੰਘ ਰਾਣਾ, ਰਣਦੀਪ ਸਿੰਘ ਰਾਏਪੁਰ, ਜ਼ਿੰਮੀ ਗਰਗ ਆਦਿ ਹਾਜ਼ਰ ਸਨ।

500 ਦੇ ਨਕਲੀ ਨੋਟ ਚਲਾਉਣ ਵਾਲੇ ਨੌਜਵਾਨ ਪੁਲਸ ਅੜਿੱਕੇ

ਬਰੇਟਾ (ਗੀਤਵਾਲ)-ਦੁਕਾਨਦਾਰਾਂ ਨੂੰ 500 ਦੇ ਨਕਲੀ ਨੋਟ ਦੇ ਕੇ ਠੱਗੀ ਮਾਰਨ ਵਾਲੇ ਦੋ ਵਿਅਕਤੀਆਂ ਨੂੰ ਪੁਲਸ ਵੱਲੋਂ ਕਾਬੂ ਕਰਨ ਦਾ ਸਮਾਚਾਰ ਹੈ।ਪੁਲਸ ਨੇ ਮੁਲਜ਼ਮਾਂ ਕੋਲੋਂ ਨਕਲੀ ਨੋਟ ਬਰਾਮਦ ਕਰਕੇ ਉਨ੍ਹਾਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜਾਂਚ ਅਧਿਕਾਰੀ ਮੇਵਾ ਸਿੰਘ ਨੇ ਦੱਸਿਆ ਕਿ ਪਿਛਲੇ ਕੁਝ ਦਿਨਾਂ ਤੋਂ ਬਰੇਟਾ ਕੈਂਚੀਆਂ ਦੇ ਕਈ ਦੁਕਾਨਦਾਰਾਂ ਨੇ ਸ਼ਿਕਾਇਤ ਕੀਤੀ ਸੀ ਕਿ ਕੁਝ ਨੌਜਵਾਨ ਛੋਟੀ-ਮੋਟੀ ਖ਼ਰੀਦਦਾਰੀ ਕਰਕੇ ਪੰਜ ਸੌ ਰੁਪਏ ਦਾ ਨੋਟ ਦਿੰਦੇ ਸਨ ਤੇ ਬਾਕੀ ਪੈਸੇ ਵਾਪਸ ਲੈ ਕੇ ਚਲਾ ਜਾਂਦੇ ਹਨ।ਬਾਅਦ ਵਿੱਚ ਜਦੋਂ ਦੁਕਾਨਦਾਰਾਂ ਨੇ ਨੋਟਾਂ ਦੀ ਜਾਂਚ ਕੀਤੀ ਤਾਂ ਉਹ ਨਕਲੀ ਨਿਕਲੇ।ਇਸ ਤੋਂ ਬਾਅਦ ਦੁਕਾਨਦਾਰਾਂ ਵਿੱਚ ਰੋਸ ਤੇ ਚਿੰਤਾ ਪਾਈ ਜਾ ਰਹੀ ਸੀ।ਸ਼ਿਕਾਇਤਾਂ ਮਿਲਣ ਮਗਰੋਂ ਪੁਲਸ ਨੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਇਲਾਕੇ ਵਿੱਚ ਨਿਗਰਾਨੀ ਵਧਾ ਦਿੱਤੀ।ਸੀਸੀਟੀਵੀ ਫੁਟੇਜ ਤੇ ਮੁਖ਼ਬਰਾਂ ਦੀ ਮਦਦ ਨਾਲ ਪੁਲਸ ਨੇ ਮੁਲਜ਼ਮਾਂ ਦੀ ਪਛਾਣ ਕਰ ਲਈ ਅਤੇ ਉਨ੍ਹਾਂ ਨੂੰ ਕਾਬੂ ਕਰ ਲਿਆ।ਪੁੱਛਗਿੱਛ ਦੌਰਾਨ ਮੁਲਜ਼ਮਾਂ ਸੰਦੀਪ ਕੁਮਾਰ ਵਾਸੀ ਬਰੇਟਾ ਤੇ ਮਾਲੀ ਸਿੰਘ ਵਾਸੀ ਅਕਬਰਪੁਰ ਖੁਡਾਲ ਕੋਲੋਂ ਪੰਜ ਸੌ ਰੁਪਏ ਦੇ ਨਕਲੀ ਨੋਟ ਬਰਾਮਦ ਹੋਏ।ਪੁਲਸ ਅਧਿਕਾਰੀ ਨੇ ਦੱਸਿਆ ਕਿ ਮੁਲਜ਼ਮਾਂ ਖ਼ਿਲਾਫ਼ ਮੁਕੱਦਮਾ ਦਰਜ ਕਰ ਲਿਆ ਹੈ।



ਕਲਾਸੀਫਾਈਡ ਇਸ਼ਤਿਹਾਰ

Change of Name

I, Pawan Masih S/o Yusaf Masih R/o Village Faizulla Chack, PO. Naushera Majja Singh, Distt. Gurdaspur, Punjab-143518 have changed my name from Pawan Masih to Masih Pawan. That Masih is my Surname and Pawan is my Given Name. Concerned Note.

I, Manpreet Singh S/o Gurbag Singh R/o Village Sochetgarh, PO. Naushera Majja Singh, Distt. Gurdaspur, Punjab-143518 have changed my name from Manpreet Singh to Singh Manpreet. That Singh is my Surname and Manpreet is my Given Name.

I, Lovepreet Singh S/O Deepak Kumar, R/o 292/1, Mohalla Begampura, Adampur, Doaba, Jalandhar, Punjab- 144102, have changed my name and shall hereafter be Known as Lovepreet Singh Kaler.

I, Gurinder Singh S/O Kulwinder Singh, R/o House No-1039, Ward No-6, Balagan Road, Near Chandi Dass Hakim, PO: Dasuya, DIST: Hoshiarpur, Punjab- 144205, have changed my name and shall hereafter be Known as Gurinder Singh Thiara.

I, Gurinder Singh S/O Kulwinder Singh, R/o House No-1039, Ward No-6, Balagan Road, Near Chandi Dass Hakim, PO: Dasuya, DIST: Hoshiarpur, Punjab- 144205, I have changed the name of my minor Son Hargun Singh aged about 7 Years and He shall hereafter be known as Hargun Singh Thiara.

I, Gurnam Singh S/O Hari Singh, R/o Village Khanpur, PO: Hafizabad, DIST: Rupnagar, Punjab- 140111, have changed my name and shall hereafter be Known as Gurnam Singh Azad.

I, Gopal S/O Kewal, R/o Village Maheru Tehsil Nakodar, Jalandhar, Punjab- 144040, have changed my name and shall hereafter be Known as Gopal Ghai.

Change of Name

I, Parveen Kaur D/o Harmesh Lal R/o VPO Piplanwala, Distt. Hoshiarpur Punjab 146001. Declare that my surname is Kaur and my given name is Parveen. Concerned note.

I, Harpreet Kaur W/o Rommel Singh Pabla R/o H.No. B-1, 1071/11, Dev Nagar, Hoshiarpur 146001 Punjab have changed my name from Harpreet Kaur to Harpreet Kaur Pabla. Concerned note.

I Gurbir Singh S/O Mahal Singh R/O Mari Udhoke, Tehsil Patti Distt. Tarn Taran hereby declare that Singh is my Surname and Gurbir is my given name. Concerned please note.

I Harchand Singh S/O Bakhshish Singh R/O VPO Basarke, Tehsil Patti Distt. Tarn Taran hereby declare that Singh is my Surname and Harchand is my given name. Concerned please note.

I Lovepreet Singh S/O Tota Singh R/O Mari Samra Distt. Tarn Taran hereby declare that Singh is my Surname and Lovepreet is my given name. All concerned please note.

I, Rawinder Kaur W/O Jaswant Singh, R/o Bindrakh, Rupnagar, Punjab- 140108. have changed my name and shall hereafter be Known as Ravinder Kaur.

I, Jasvir Kaur W/O Avtar Singh, R/o P.O.Ghurial, Ghurial, Jalandhar, Punjab- 144106. have changed my name and shall hereafter be Known as Daljit Kaur.

I, Gurinder Singh S/O Kulwinder Singh, R/o House No-1039, Ward No-6, Balagan Road, Near Chandi Dass Hakim, PO: Dasuya, DIST: Hoshiarpur, Punjab- 144205, I have changed the name of my minor Son Ravgun Singh aged about 7 Years and He shall hereafter be known as Ravgun Singh Thiara.

Change of Name

I, Hari Dass s/o Mohinder Singh r/o Vill. Bhallowal, Po. Dagan, Tehsil Mukerian, Ps. Hajipur, Distt. Hoshiarpur, Punjab have changed my name to Given name as Hari & Surname as Dass. All Please Note.

I, Mehak d/o Rohit Kumar r/o H.No. 94, Guru Ram Das Nagar, Santokh Pura, P.O. Industrial Town, Jalandhar, have changed my name from Mehak to Mehak Mehra. All Please Note.

I, Sarup Singh S/o Tara Singh R/o VPO. Nandachaur, Distt. Hoshiarpur have correction name in my name from Sarup Singh to Saroop Singh. All Please Note.

I, Sukhwider Kaur w/o Ram Singh r/o VPO. Bajwa Kalan, Jalandhar have correct my given name from Sukhwider Kaur to Sukhwinder Kaur. All Please Note.

I, Sumpreet s/o Jasvinder Kumar r/o VPO. Khambra, Distt. Jalandhar have changed my name from Sumpreet to Sumpreet Badhan. (Surname as Badhan) All Please Note.

I, Jaswinder Singh S/o Avtar Singh R/o Vill. Khangha, Po. Khukhraim, Distt. Kapurthala have changed my name from Jaswinder Singh to Singh Jaswinder (Surname as Singh) All Please Note.

I, Kulwinder Kaur W/o Jaswinder Singh R/o Vill. Khangha, Po. Khukhraim, Distt. Kapurthala have changed my name from Kulwinder Kaur to Kaur Kulwinder (Surname as Kaur) All Please Note.

I, Meenakshi Duggal D/o Ashok Kumar Duggal W/o Lucky Sondhi R/o H.No. 151, Kot Kishan Chand, Distt.Jalandhar have changed my name from Meenakshi Duggal to Meenakshi Sondhi. All Please Note.

I, Jaspreet Grewal alias Jaspreet Kaur Grewal D/o Manjit Singh Grewal R/o H. No. H.no. EH, Rajinder Nagar, Near New Courts, Jalandhar - ADD@@A, Punjab have changed my name from Jaspreet Grewal alias Jaspreet Kaur Grewal to Jaspreet Kaur Athwal. All concerned please note.

ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

ਕਾਂਗਰਸ, ਅਕਾਲੀ-ਭਾਜਪਾ ਨੇ ਪੰਜਾਬ ਨੂੰ ਕੀਤਾ ਤਬਾਹ : ਕਰੀਮਪੁਰੀ

ਜਲੰਧਰ (ਸ਼ੈਲੀ ਐਲਬਰਟ) ਬਹੁਜਨ ਸਮਾਜ ਪਾਰਟੀ (ਬਸਪਾ) ਪੰਜਾਬ ਦੇ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਨੇ 'ਪੰਜਾਬ ਦਿਵਸ' ਦੇ ਮੌਕੇ ਸੂਬੇ ਭਰ ਵਿੱਚ 'ਪੰਜਾਬ ਸੰਭਾਲੋ ਮੁਹਿੰਮ' ਨੂੰ ਹੋਰ ਤੇਜ਼ ਕਰਦਿਆਂ ਭਾਰਤ ਦੇ ਰਾਸ਼ਟਰਪਤੀ ਦੇ ਨਾਂਅ 15 ਨੁਕਤੀ ਮੰਗ ਪੱਤਰ ਭੇਜਣ ਦਾ ਐਲਾਨ ਕੀਤਾ।ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਕਿਹਾ ਕਿ 1 ਨਵੰਬਰ ਦਾ ਦਿਨ ਪੰਜਾਬ ਲਈ ਮਹਿਜ਼ ਇੱਕ ਤਾਰੀਖ਼ ਨਹੀਂ, ਸਗੋਂ ਸਾਡੇ ਵਜੂਦ, ਹੱਕਾਂ ਅਤੇ ਵਿਰਾਸਤ ਦਾ ਲੇਖਾ-ਜੋਖਾ ਕਰਨ ਦਾ ਦਿਨ ਹੈ। ਉਨ੍ਹਾਂ ਕਿਹਾ ਕਿ ਆਜ਼ਾਦੀ ਵੇਲੇ 1.76 ਲੱਖ ਵਰਗ ਕਿਲੋਮੀਟਰ ਵਾਲਾ ਪੁਨਰਗਠਿਤ ਪੰਜਾਬ ਅੱਜ ਘਟ ਕੇ ਮਹਿਜ਼ 50,362 ਵਰਗ ਕਿਲੋਮੀਟਰ (ਮਹਿਜ਼ 28.5%) ਰਹਿ ਗਿਆ ਹੈ। ਪੰਜਾਬ ਦੀ ਇਸ ਭੂਗੋਲਿਕ, ਆਰਥਿਕ ਅਤੇ ਸਮਾਜਿਕ ਤਬਾਹੀ ਲਈ ਹੁਣ ਤੱਕ ਰਾਜ ਕਰਨ ਵਾਲੀਆਂ ਕਾਂਗਰਸ, ਅਕਾਲੀ-ਭਾਜਪਾ ਸਰਕਾਰਾਂ ਬਰਾਬਰ ਦੀਆਂ ਦੋਸ਼ੀ ਹਨ।ਇਨ੍ਹਾਂ ਸਰਕਾਰਾਂ ਨੇ ਪੰਜਾਬ ਸਿਰ ਕਰੀਬ 5 ਲੱਖ ਕਰੋੜ ਦਾ ਕਰਜ਼ਾ ਚਾੜ੍ਹਿਆ, ਲੋਕਾਂ ਨੂੰ ਬੇਰੁਜ਼ਗਾਰੀ ਤੇ ਨਸ਼ਿਆਂ ਦੇ ਖੂਹ ਵਿੱਚ ਸੁੱਟਿਆ। ਪੰਜਾਬ ਨੂੰ ਬਰਬਾਦ ਕਰਨ ਵਾਲੀਆਂ ਇਨ੍ਹਾਂ ਪਾਰਟੀਆਂ ਦਾ ਚਿਹਰਾ ਜਨਤਾ ਦੇ ਸਾਹਮਣੇ ਨੰਗਾ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰਾਂ ਨੇ ਪੰਜਾਬ ਦੇ ਟੋਟੇ-ਟੋਟੇ ਕੀਤੇ, ਚੰਡੀਗੜ੍ਹ ਤੇ ਪਾਣੀਆਂ ਦੇ ਹੱਕਾਂ ਡਾਕਾ ਮਾਰਿਆ ਅਤੇ ਧਾਰਮਿਕ-ਸਮਾਜਿਕ ਹਮਲੇ ਕੀਤੇ। ਇਸੇ ਤਰ੍ਹਾਂ ਅਕਾਲੀ-ਭਾਜਪਾ ਸਰਕਾਰ ਨੇ ਪੰਜਾਬ ਵਿੱਚ ਨਸ਼ਿਆਂ ਦੀਆਂ ਜੜ੍ਹਾਂ ਲਾਈਆਂ,




ਕਿਸਾਨੀ ਅਤੇ ਜਵਾਨੀ ਨੂੰ ਰੋਲਿਆ ਅਤੇ ਕੇਂਦਰੀ ਅਧਿਕਾਰਾਂ ਦੀ ਦੁਰਵਰਤੋਂ ਕਰਕੇ ਪੰਜਾਬ ਦੇ ਹੱਕਾਂ ਦਾ ਦਮਨ ਕੀਤਾ।

ਡਾ. ਕਰੀਮਪੁਰੀ ਨੇ ਦੱਸਿਆ ਕਿ 'ਪੰਜਾਬ ਸੰਭਾਲੋ ਮੁਹਿੰਮ' ਤਹਿਤ ਰਾਸ਼ਟਰਪਤੀ ਨੂੰ ਭੇਜੇ ਜਾਣ ਵਾਲੇ ਮੈਮੋਰੰਡਮ ਵਿੱਚ ਨਸ਼ੇ ਨਾਲ ਹੋ ਰਹੀਆਂ ਮੌਤਾਂ, ਸਮਗਲਰਾਂ-ਸਿਆਸਤਦਾਨਾਂ ਦੇ ਗੱਠਜੋੜ ਦੀ ਹਾਈ ਕੋਰਟ ਦੇ ਜੱਜ ਤੋਂ ਜਾਂਚ ਤੇ ਪੀੜਤ ਪਰਵਾਰਾਂ ਨੂੰ ਮੁਆਵਜ਼ੇ, ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤਾਂ ਦੀ ਬੇਅਦਬੀ, 14 ਵੱਖ-ਵੱਖ ਥਾਂਵਾਂ 'ਤੇ ਸ੍ਰੀ ਗੁਰੂ ਰਵਿਦਾਸ ਧਾਮਾਂ/ਗੁਰੂਘਰਾਂ 'ਤੇ ਹਮਲਿਆਂ ਤੇ ਬੇਅਦਬੀਆਂ ਦੀ ਨਿਰਪੱਖ ਉੱਚ-ਪੱਧਰੀ ਜਾਂਚ ਦੇ ਮਾਮਲਿਆਂ ਨੂੰ ਚੁੱਕਿਆ ਗਿਆ ਹੈ। ਇਸ ਤੋਂ ਇਲਾਵਾ ਅੰਦੋਲਨਕਾਰੀ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਤੇ ਵਿਰੋਧੀ ਧਿਰਾਂ 'ਤੇ ਦਰਜ ਝੂਠੇ ਪਰਚੇ ਰੱਦ ਕਰਨ, ਪੁਲਿਸ ਹਿਰਾਸਤ ਵਿੱਚ ਹੋ ਰਹੀਆਂ ਮੌਤਾਂ 'ਤੇ ਰੋਕ ਅਤੇ ਦੋਸ਼ੀ ਅਧਿਕਾਰੀਆਂ 'ਤੇ ਕਾਰਵਾਈ ਦੀ ਗੱਲ ਰੱਖੀ ਗਈ ਹੈ।ਉਨ੍ਹਾਂ ਪੰਜਾਬ ਦੇ 117 ਹਲਕਿਆਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸੂਬੇ ਨੂੰ ਬਚਾਉਣ ਲਈ ਬਸਪਾ ਦੇ ਝੰਡੇ ਹੇਠ ਇੱਕਜੁੱਟ ਹੋਣ।

ਅੱਖਾਂ ਤੇ ਦੰਦਾਂ ਦਾ ਮੁਫ਼ਤ ਜਾਂਚ ਕੈਂਪ

ਦੁਸਾਂਝ ਕਲਾਂ (ਸੁਰਿੰਦਰਪਾਲ ਕੁੱਕੂ)-ਕਰੀਬੀ ਪਿੰਡ ਕੋਟ ਗਰੇਵਾਲ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਜਗਤਾਰ ਸਿੰਘ ਯੂ. ਕੇ. ਅਤੇ ਐਨ. ਆਰ. ਆਈਜ਼ ਵੀਰਾਂ ਤੇ ਭੈਣਾਂ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ 12ਵਾਂ ਅੱਖਾਂ ਅਤੇ ਦੰਦਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ। ਸਵੇਰੇ 8 ਵਜੇ ਤੋਂ 10 ਵਜੇ ਤੱਕ ਰਜਿਸਟੇਸ਼ਨ ਕੀਤੀ ਗਈ। ਸਵੇਰੇ 10 ਵਜੋਂ ਤੋਂ 2 ਵਜੇ ਤੱਕ ਮਰੀਜ਼ਾਂ ਦਾ ਚੈਕ ਅੱਪ ਕੀਤਾ ਕੀਤਾ ਗਿਆ। ਇਸ ਕੈਂਪ ਵਿੱਚ ਅੱਖਾਂ ਦੇ 280 ਮਰੀਜ਼ਾਂ ਦੀ ਜਾਂਚ ਕੀਤਾ ਗਿਆ ਅਤੇ 47 ਮਰੀਜ਼ਾਂ ਲੈਂਜ਼ ਪਾਏ ਗਏ। ਇਸ ਤਰ੍ਹਾਂ ਦੰਦਾਂ ਦੇ 35 ਮਰੀਜ਼ਾਂ ਦੀ ਜਾਂਚ ਕੀਤੀ ਗਈ। ਜਿਨ੍ਹਾਂ ਵਿੱਚੋਂ 28 ਮਰੀਜ਼ਾਂ ਨੂੰ ਮੁਫ਼ਤ ਇਲਾਜ ਲਈ ਹਸਪਤਾਲ ਭੇਜਿਆ ਗਿਆ। ਇਸ ਮੌਕੇ ਜਗਤਾਰ ਸਿੰਘ ਯੂ. ਕੇ ਨੇ ਦੱਸਿਆ ਕਿ ਮੇਰੇ ਪਰਿਵਾਰ ਵਲੋਂ ਪਿੰਡ ਦੇ 5 ਅੰਗਹੀਣਾਂ ਨੂੰ ਅੱਜ ਤੋਂ ਇੱਕ ਹਜ਼ਾਰ ਰੁਪਏ ਪੈਨਸ਼ਨ ਵਜੋਂ ਹਰ ਮਹੀਨੇ ਦੇਣਾ ਸ਼ੁਰੂ ਕੀਤਾ ਗਿਆ। ਇਸ ਸਮੇਂ ਪ੍ਰਗਣ ਸਿੰਘ ਸਾਬਕਾ ਸਰਪੰਚ ਨੇ ਪਰਵਾਰ ਦੀ ਸ਼ਲਾਘਾਂ ਕਰਦਿਆਂ ਕਿਹਾ ਕਿ ਵਿਦੇਸ਼ਾਂ ਵਿੱਚ ਵਸਦੇ ਪ੍ਰਵਾਸੀ ਭਾਰਤੀਆਂ ਵਲੋਂ ਹਨੇਰੀਆ ਜ਼ਿੰਦਗੀਆ ਨੂੰ ਰੌਸ਼ਨ ਕਰਨ ਲਈ ਇਹ ਉਪਰਾਲਾ ਕੀਤਾ ਗਿਆ ਹੈ। ਇਸ ਕਾਰਜ ਦੀ ਸ਼ਲਾਘਾਂ ਕੀਤੀ ਗਈ।



ਇਸ ਮੌਕੇ ਜਗਤਾਰ ਸਿੰਘ ਯੂ. ਕੇ., ਅਸ਼ੋਕ ਸਿੰਘ ਯੂ. ਕੇ., ਪ੍ਰਗਣ ਸਿੰਘ ਸਾਬਕਾ ਸਰਪੰਚ, ਪ੍ਰਿੰਸੀਪਲ ਤੀਰਥ ਸਿੰਘ, ਜਸਕਮਲ ਸਿੰਘ, ਕਰਵੀਰ ਸਿੰਘ, ਰਾਜਵੀਰ ਸਿੰਘ, ਜੁਗਿੰਦਰ ਕੌਰ, ਗੁਰਬਖਚ ਕੌਰ, ਨਵਨੀਤ ਕੌਰ ਤੋਂ ਇਲਾਵਾਂ ਪਿੰਡ ਦੇ ਪੰਤਵੰਤੇ ਸੱਜਣ ਆਦਿ ਹਾਜ਼ਰ ਸਨ।

'ਆਪ' ਨੇ ਪੰਜਾਬ ਦੇ ਹਿੱਤਾਂ ਖ਼ਿਲਾਫ਼ ਕੰਮ ਕਰਨ 'ਤੇ ਆਪਣੇ ਹੀ ਵਿਧਾਇਕਾਂ ਨੂੰ ਬਾਹਰ ਦਾ ਰਸਤਾ ਦਿਖਾਇਆ : ਧਾਲੀਵਾਲ

ਚੰਡੀਗੜ੍ਹ (ਗੁਰਜੀਤ ਬਿੱਲਾ)- ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਵਿਰੋਧੀ ਧਿਰਾਂ, ਖਾਸਕਰ ਭਾਰਤੀ ਜਨਤਾ ਪਾਰਟੀ (ਭਾਜਪਾ) ਅਤੇ ਪਾਰਟੀ ਛੱਡ ਕੇ ਜਾਣ ਵਾਲੇ ਭ੍ਰਿਸ਼ਟ ਤੇ ਅਨੁਸ਼ਾਸਨਹੀਣ ਆਗੂਆਂ 'ਤੇ ਤਿੱਖਾ ਹਮਲਾ ਬੋਲਿਆ ਹੈ।



ਉਨ੍ਹਾਂ ਸਪੱਸ਼ਟ ਕੀਤਾ ਕਿ ਆਮ ਆਦਮੀ ਪਾਰਟੀ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਦੇਸ਼ ਅਤੇ ਪੰਜਾਬ ਦੀ ਰਾਜਨੀਤੀ ਵਿੱਚੋਂ ਭ੍ਰਿਸ਼ਟਾਚਾਰ ਦਾ ਗੰਦ ਸਾਫ਼ ਕਰਨ ਲਈ ਬਣੀ ਸੀ। ਪਾਰਟੀ ਨੇ ਪਹਿਲੇ ਦਿਨ ਤੋਂ ਹੀ ਸਾਫ਼ ਕਰ ਦਿੱਤਾ ਸੀ ਕਿ ਇੱਥੇ ਕੁਰਸੀ ਜਾਂ ਸੱਤਾ ਦੇ ਭੁੱਖਿਆਂ ਲਈ ਕੋਈ ਥਾਂ ਨਹੀਂ ਹੈ।'ਆਪ' ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਅਜਿਹੀ ਸਰਕਾਰ ਹੈ, ਜਿਸ ਨੇ ਆਪਣੇ ਹੀ ਮੰਤਰੀਆਂ ਅਤੇ ਵਿਧਾਇਕਾਂ 'ਤੇ ਦੋਸ਼ ਲੱਗਣ 'ਤੇ ਬਿਨਾਂ ਝਿਜਕ ਸਖ਼ਤ ਕਾਰਵਾਈ ਕੀਤੀ ਅਤੇ ਜੇਲ੍ਹ ਭੇਜਿਆ।

ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਿਤ ਕਰਦਿਆਂ ਵਿਧਾਇਕ ਕੁਲਦੀਪ ਧਾਲੀਵਾਲ ਨੇ ਆਗੂਆਂ ਦੇ ਪਾਰਟੀ ਛੱਡਣ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਜਿਨ੍ਹਾਂ ਵਿਧਾਇਕਾਂ 'ਤੇ ਗੰਭੀਰ ਦੋਸ਼ ਲੱਗੇ, ਪੁਲਸ 'ਤੇ ਫਾਇਰਿੰਗ ਵਰਗੇ ਪਰਚੇ ਦਰਜ ਹੋਏ ਜਾਂ ਜਿਨ੍ਹਾਂ ਨੇ ਅਨੁਸ਼ਾਸਨ ਤੋੜਿਆ, ਉਨ੍ਹਾਂ ਨੂੰ ਪਾਰਟੀ ਨੇ ਪਹਿਲਾਂ ਹੀ ਸਸਪੈਂਡ ਕਰਕੇ ਬਾਹਰ ਦਾ ਰਸਤਾ ਵਿਖਾ ਦਿੱਤਾ ਸੀ।

ਹਾਲ ਹੀ ਵਿੱਚ ਜਾਰੀ ਕੀਤੀ 40 ਉਮੀਦਵਾਰਾਂ ਦੀ ਲਿਸਟ ਤੋਂ ਬਾਅਦ ਵਿਰੋਧੀ ਧਿਰਾਂ ਵਿੱਚ ਬੁਖਲਾਹਟ ਸਾਫ਼ ਦਿਖਾਈ ਦੇ ਰਹੀ ਹੈ।

ਜਿਹੜੇ ਬੰਦੇ ਸੱਤਾ ਦੇ ਭੁੱਖੇ ਹਨ, ਉਹ ਲੰਮੀ ਰੇਸ ਦੇ ਘੋੜੇ ਨਹੀਂ ਸਨ ਅਤੇ ਪੰਜਾਬ ਦੇ ਹਿੱਤਾਂ ਲਈ ਲੜਾਈ ਲੜਨ ਦੀ ਬਜਾਏ ਭੱਜ ਰਹੇ ਹਨ। ਭਾਜਪਾ ਨੂੰ ਨਿਸ਼ਾਨੇ 'ਤੇ ਲੈਂਦਿਆਂ ਧਾਲੀਵਾਲ ਨੇ ਕਿਹਾ ਕਿ ਅੱਜ ਭਾਜਪਾ ਪੰਜਾਬ ਅੰਦਰ ਕੋਈ ਪਾਰਟੀ ਨਹੀਂ, ਸਗੋਂ ਇਕ 'ਕਬਾੜਖਾਨੇ ਦੀ ਦੁਕਾਨ' ਬਣ ਚੁੱਕੀ ਹੈ। ਭਾਜਪਾ ਦਾ ਪੰਜਾਬ ਵਿੱਚ ਆਪਣਾ ਕੋਈ ਜਨ-ਆਧਾਰ ਨਹੀਂ ਹੈ। ਆਮ ਆਦਮੀ ਪਾਰਟੀ 2027 ਵਿੱਚ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਭਾਰੀ ਬਹੁਮਤ ਨਾਲ ਦੁਬਾਰਾ ਪੰਜਾਬ ਵਿੱਚ ਸਰਕਾਰ ਬਣਾਏਗੀ।

ਪੰਜਾਬ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਦੇ ਸਥਾਪਨਾ ਦਿਵਸ ਮੌਕੇ ਸਮਾਗਮ

ਬੰਗਾ (ਅਵਤਾਰ ਕਲੇਰ)- ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਦੇ 13ਵੇਂ ਸਥਾਪਨਾ ਦਿਵਸ ਮੌਕੇ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸਮਰਪਿਤ ਸੂਬਾਈ ਸਮਾਗਮ ਡਾ ਬੀ ਆਰ ਅੰਬੇਡਕਰ ਭਵਨ ਮੁਲਾਂਪੁਰ ਦਾਖਾ ਵਿਖੇ ਕਰਵਾਇਆ ਗਿਆ। ਯੂਨੀਅਨ ਦੇ ਕੌਮੀ ਪ੍ਰਧਾਨ ਬਲਵਿੰਦਰ ਜੰਮੂ ਨੇ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਭਰ ਵਿੱਚ ਪੱਤਰਕਾਰਾਂ ਵਿਰੁੱਧ ਵਧ ਰਹੀਆਂ ਦਮਨਕਾਰੀ ਕਾਰਵਾਈਆਂ, ਧਮਕੀਆਂ, ਝੂਠੇ ਕੇਸਾਂ ਅਤੇ ਮੀਡੀਆ ਅਦਾਰਿਆਂ ਉੱਤੇ ਆਰਥਿਕ ਦਬਾਅ ਪਾਉਣ ਦੀਆਂ ਕੋਸ਼ਿਸ਼ਾਂ ਵਿਰੁੱਧ ਪੱਤਰਕਾਰ ਭਾਈਚਾਰੇ ਨੂੰ ਇੱਕਜੁੱਟ ਹੋ ਕੇ ਸੰਘਰਸ਼ ਕਰਨ ਦਾ ਸੱਦਾ ਦਿੱਤਾ। ਬੁਲਾਰਿਆਂ ਨੇ ਕੇਂਦਰ ਅਤੇ ਸੂਬਾ ਸਰਕਾਰਾਂ ਵੱਲੋਂ ਮੀਡੀਆ ਦੀ ਆਵਾਜ਼ ਨੂੰ ਦਬਾਉਣ ਲਈ ਪੱਤਰਕਾਰਾਂ ਉੱਤੇ ਝੂਠੇ ਕੇਸ ਦਰਜ ਕਰਨ, ਉਨ੍ਹਾਂ ਨਾਲ ਕੁੱਟਮਾਰ ਕਰਨ ਅਤੇ ਪੁਲਸ ਤੇ ਸਿਵਲ ਪ੍ਰਸ਼ਾਸਨ ਰਾਹੀਂ ਧਮਕੀਆਂ ਦੇਣ ਦੀਆਂ ਸਾਹਮਣੇ ਆ ਰਹੀਆਂ ਘਟਨਾਵਾਂ ਦੀ ਜ਼ੋਰਦਾਰ ਨਿੰਦਾ ਕੀਤੀ। ਸਮਾਗਮ ਦੌਰਾਨ ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਦੀ ਬਾਨੀ ਟੀਮ ਸਮੇਤ ਹੋਰ ਅਹਿਮ ਸ਼ਖ਼ਸੀਅਤਾਂ ਦਾ ਸਨਮਾਨ ਵੀ ਕੀਤਾ ਗਿਆ। ਬੁਲਾਰਿਆਂ ਨੇ ਕੇਂਦਰ ਸਰਕਾਰ ਵੱਲੋਂ ਸੂਚਨਾ ਤੰਤਰ ਉੱਤੇ ਕੰਟਰੋਲ ਕਰਨ ਲਈ ਬਣਾਏ ਜਾ ਰਹੇ ਕਾਨੂੰਨਾਂ ਅਤੇ ਨਿਯਮਾਂ ਉੱਤੇ ਵੀ ਚਿੰਤਾ ਪ੍ਰਗਟਾਈ।



ਉੱਘੇ ਚਿੰਤਕ ਅਤੇ ਬਾਬਾ ਫ਼ਰੀਦ ਯੂਨੀਵਰਸਿਟੀ ਦੇ ਸਾਬਕਾ ਰਜਿਸਟਰਾਰ ਡਾ. ਪਿਆਰਾ ਲਾਲ ਗਰਗ, ਪੰਜਾਬ ਯੂਨੀਵਰਸਿਟੀ ਦੇ ਸੈਨੇਟਰ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਦੇ ਕੌਮੀ ਜਨਰਲ ਸਕੱਤਰ ਡਾ. ਸੁਖਦੇਵ ਸਿੰਘ ਸਿਰਸਾ, ਇੰਡੀਅਨ ਜਰਨਲਿਸਟਸ ਯੂਨੀਅਨ ਦੇ ਕੌਮੀ ਪ੍ਰਧਾਨ ਬਲਵਿੰਦਰ ਜੰਮੂ, ਸਾਬਕਾ ਪ੍ਰਧਾਨ ਐੱਸ.ਐਨ ਸਿਨਹਾ, ਸਕੱਤਰ ਜਨਰਲ ਡੀ. ਸੋਮਾ ਸੁੰਦਰ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਐੱਚ ਐੱਸ ਧਾਲੀਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੀਡੀਆ ਦੀ ਆਜ਼ਾਦੀ ਉੱਤੇ ਵੱਖ-ਵੱਖ ਢੰਗਾਂ ਨਾਲ ਹਮਲੇ ਕੀਤੇ ਜਾ ਰਹੇ ਹਨ। ਸਮਾਗਮ ਨੂੰ ਸੰਬੋਧਨ ਕਰਦਿਆਂ ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਦੇ ਸੂਬਾਈ ਚੇਅਰਮੈਨ ਬਲਬੀਰ ਜੰਡੂ, ਪ੍ਰਧਾਨ ਜੈ ਸਿੰਘ ਛਿੱਬਰ ਅਤੇ ਸਕੱਤਰ ਜਨਰਲ ਸੰਤੋਖ ਗਿੱਲ ਨੇ 16 ਨਵੰਬਰ ਤੋਂ 23 ਨਵੰਬਰ ਤੱਕ ਕੌਮੀ ਪ੍ਰੈੱਸ ਦਿਵਸ ਅਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮ ਅਤੇ ਸਰਗਰਮੀਆਂ ਪੰਜਾਬ ਭਰ ਵਿੱਚ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਲੁਧਿਆਣਾ (ਦਿਹਾਤੀ) ਜ਼ਿਲ੍ਹਾ ਇਕਾਈ ਦੇ ਪ੍ਰਧਾਨ ਨਿਰਮਲ ਸਿੰਘ ਧਾਲੀਵਾਲ ਨੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਸਮਾਗਮ ਦੀ ਸ਼ੁਰੂਆਤ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸ਼ਰਧਾਂਜਲੀ ਭੇਟ ਕਰਨ ਹੋਈ। ਸਮਾਗਮ ਨੂੰ ਖ਼ਜ਼ਾਨਚੀ ਬਿੰਦੂ ਸਿੰਘ, ਜਗਤਾਰ ਭੁੱਲਰ, ਜਗਤਾਰ ਸਿੱਧੂ, ਸੁਖਨੈਬ ਸਿੱਧੂ, ਜਗਸੀਰ ਸੰਧੂ, ਤੇਜਿੰਦਰ ਥਿੰਦ, ਜਸਵੀਰ ਸਿੰਘ ਨੂਰਪੁਰ, ਡਾ ਨਵਕਾਂਤ ਭਰੋਮਜਾਰਾ, ਮਨਜਿੰਦਰ ਸਿੰਘ, ਅਵਤਾਰ ਕਲੇਰ, ਪ੍ਰੇਮ ਜੰਡਿਆਲੀ ਸਮੇਤ ਹੋਰ ਆਗੂਆਂ ਨੇ ਵੀ ਸੰਬੋਧਨ ਕੀਤਾ।

ਡਾ. ਅਸ਼ੋਕ ਕੁਮਾਰ ਮਿੱਤਲ ਵੱਲੋਂ 'ਸੇਵਾ ਸੰਕਲਪ' ਭਾਈਚਾਰਕ ਪਹਿਲਕਦਮੀਆਂ ਦੀ ਸ਼ੁਰੂਆਤ

ਜਲੰਧਰ (ਸ਼ੈਲੀ ਐਲਬਰਟ)- ਰਾਜ ਸਭਾ ਮੈਂਬਰ ਅਤੇ ਸਿੱਖਿਆ ਮਾਹਿਰ ਡਾ. ਅਸ਼ੋਕ ਕੁਮਾਰ ਮਿੱਤਲ ਨੇ 'ਸੇਵਾ ਸੰਕਲਪ' ਦੇ ਬੈਨਰ ਹੇਠ ਕਈ ਭਾਈਚਾਰਕ-ਕੇਂਦ੍ਰਿਤ ਪਹਿਲਕਦਮੀਆਂ ਸ਼ੁਰੂ ਕੀਤੀਆਂ ਹਨ। ਇਹ



ਪਹਿਲਕਦਮੀਆਂ ਸਮਾਜ ਭਲਾਈ, ਸਿੱਖਿਆ, ਭਾਈਚਾਰਕ ਵਿਕਾਸ, ਨੌਜਵਾਨਾਂ ਦੀ ਭਾਗੀਦਾਰੀ ਅਤੇ ਰਾਸ਼ਟਰ ਨਿਰਮਾਣ 'ਤੇ ਕੇਂਦ੍ਰਿਤ ਹਨ। 'ਸੇਵਾ ਸੰਕਲਪ' ਰਾਹੀਂ, ਡਾ. ਮਿੱਤਲ ਨੇ 'ਸੇਵਾ ਸੁਸ਼ਾਸਨ ਵਿਕਾਸ' ਵਰਗੀਆਂ ਪਹਿਲਕਦਮੀਆਂ ਦਾ ਆਯੋਜਨ ਅਤੇ ਸਮਰਥਨ ਕੀਤਾ ਹੈ। ਇਹ ਪਹਿਲਕਦਮੀ ਵਿਕਾਸ ਅਤੇ ਜਨਤਕ ਸੇਵਾ 'ਤੇ ਵਿਚਾਰ-ਵਟਾਂਦਰੇ ਨੂੰ ਉਤਸ਼ਾਹਿਤ ਕਰਨ ਲਈ ਡਿਪਲੋਮੈਟਾਂ, ਧਾਰਮਿਕ ਆਗੂਆਂ ਅਤੇ ਭਾਈਚਾਰੇ ਦੇ ਮੈਂਬਰਾਂ ਨੂੰ ਇਕੱਠੇ ਕਰਦੀ ਹੈ। ਹੋਰ ਪਹਿਲਕਦਮੀਆਂ ਵਿੱਚ 'ਅਸ਼ੀਰਵਾਦ ਦਾ ਧਾਗਾ-ਸੇਵਾ ਸੰਕਲਪ', 'ਰਾਸ਼ਟਰ ਦੇ ਨਾਲ ਸੇਵਾ ਦੇ ਰੰਗ', ਅਤੇ 'ਇਨੋਵੇਸ਼ਨ ਮੈਰਾਥਨ' ਸ਼ਾਮਲ ਹਨ, ਜਿਨ੍ਹਾਂ ਸਾਰਿਆਂ ਦਾ ਉਦੇਸ਼ ਭਾਈਚਾਰਕ ਭਾਗੀਦਾਰੀ, ਰਚਨਾਤਮਕਤਾ ਅਤੇ ਨਵੀਨਤਾ ਨੂੰ ਉਤਸ਼ਾਹਿਤ ਕਰਨਾ ਹੈ। 'ਸੇਵਾ ਸੰਕਲਪ' ਪ੍ਰੋਗਰਾਮ ਦਾ ਵਿਸਤਾਰ ਵਿਦਿਅਕ ਅਤੇ ਨੌਜਵਾਨ-ਕੇਂਦ੍ਰਿਤ ਗਤੀਵਿਧੀਆਂ ਨੂੰ ਸ਼ਾਮਲ ਕਰਨ ਲਈ ਵੀ ਕੀਤਾ ਗਿਆ ਹੈ। ਸੇਂਟ ਜੋਸਫ਼ ਸਕੂਲ ਵਿਖੇ 'ਮੇਰੇ ਸੁਪਨਿਆਂ ਦਾ ਭਾਰਤ' ਵਿਸ਼ੇ 'ਤੇ ਇੱਕ ਭਾਸ਼ਣ ਅਤੇ ਪੇਂਟਿੰਗ ਮੁਕਾਬਲਾ ਆਯੋਜਿਤ ਕੀਤਾ ਗਿਆ, ਜਿਸ ਨਾਲ ਵਿਦਿਆਰਥੀਆਂ ਨੂੰ ਭਾਰਤ ਲਈ ਆਪਣੇ ਦ੍ਰਿਸ਼ਟੀਕੋਣ ਨੂੰ ਪ੍ਰਗਟ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕੀਤਾ ਗਿਆ। ਇਸ ਪਹਿਲਕਦਮੀ ਦੇ ਹਿੱਸੇ ਵਜੋਂ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਇੱਕ ਖ਼ੂਨਦਾਨ ਕੈਂਪ ਵੀ ਆਯੋਜਿਤ ਕੀਤਾ ਗਿਆ। ਐਮਪੀਲੈਡ ਫੰਡਾਂ ਰਾਹੀਂ, ਦੋ ਸ਼ਮਸ਼ਾਨਘਾਟਾਂ ਦੇ ਵਿਕਾਸ ਲਈ 1.5 ਕਰੋੜ ਅਲਾਟ ਕੀਤੇ ਗਏ ਸਨ-ਦੀਪ ਨਗਰ (ਛਾਉਣੀ) ਵਿੱਚ ਪ੍ਰੋਜੈਕਟ ਲਈ 1 ਕਰੋੜ ਅਤੇ ਮਾਡਲ ਟਾਊਨ ਵਿੱਚ ਪ੍ਰੋਜੈਕਟ ਲਈ 50 ਲੱਖ। ਸੇਵਾ ਸੰਕਲਪ ਨੇ ਰਾਮ ਬਾਗ ਵਿੱਚ ਕੰਬਲ ਵੰਡਣ ਵਰਗੀਆਂ ਸਿੱਧੀਆਂ ਕਮਿਊਨਿਟੀ ਪਹੁੰਚ ਵੀ ਕੀਤੀਆਂ ਹਨ।

ਰੈਲੀ ਨਾਲ ਕਾਂਗਰਸ ਨੇ ਸਿੱਖਾਂ ਦੇ 1984 ਕਤਲੇਆਮ ਦੇ ਜ਼ਖ਼ਮ ਮੁੜ ਕੁਰੇਦੇ : ਲੱਕੀ

ਪੋਜੇਵਾਲ (ਰਾਮ ਲਾਲ)- ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਨੇ 1984 ਦੇ ਸਿੱਖ ਕਤਲੇਆਮ ਦੀ ਬਰਸੀ



ਮੌਕੇ ਦਿੱਲੀ ਵਿੱਚ ਰਾਹੁਲ ਗਾਂਧੀ ਦੀ ਅਗਵਾਈ ਹੇਠ ਕਾਂਗਰਸ ਵੱਲੋਂ ਕੀਤੀ ਗਈ ਸਿਆਸੀ ਰੈਲੀ ਦੀ ਸਖ਼ਤ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ 1 ਨਵੰਬਰ ਸਿੱਖ ਕੌਮ ਲਈ ਸੋਗ, ਦਰਦ ਅਤੇ ਇਤਿਹਾਸ ਦੇ ਸਭ ਤੋਂ ਦੁੱਖਦਾਈ ਚੈਪਟਰਾਂ ਵਿੱਚੋਂ ਇੱਕ ਹੈ। ਇਸ ਦਿਨ ਦਿੱਲੀ ਵਿੱਚ ਸਿਆਸੀ ਰੈਲੀ ਕਰਨਾ 42 ਸਾਲ ਪੁਰਾਣੇ ਜ਼ਖ਼ਮਾਂ ਨੂੰ ਮੁੜ ਕੁਰੇਦਣਾ ਹੈ।ਭਾਜਪਾ ਜ਼ਿਲ੍ਹਾ ਪ੍ਰਧਾਨ ਨੇ ਕਿਹਾ ਕਿ ਕਾਂਗਰਸ ਦੀ ਇਹ ਰੈਲੀ ਪਾਰਟੀ ਦੀ ਉਸ ਮਾਨਸਿਕਤਾ ਦਾ ਹੀ ਪ੍ਰਗਟਾਵਾ ਹੈ, ਜਿਸ ਤਹਿਤ ਸੋਚੀ ਸਮਝੀ ਸਾਜ਼ਿਸ਼ ਨਾਲ ਕਤਲੇਆਮ ਕਰਵਾਇਆ ਗਿਆ, ਉਸ ਦੇ ਦੋਸ਼ੀਆਂ ਨੂੰ ਸਰਪ੍ਰਸਤੀ ਦਿੱਤੀ ਗਈ ਅਤੇ ਉਨ੍ਹਾਂ ਨੂੰ ਸੰਸਦ ਮੈਂਬਰ, ਕੇਂਦਰੀ ਵਜ਼ੀਰ ਅਤੇ ਮੁੱਖ ਮੰਤਰੀ ਵਰਗੇ ਉੱਚੇ ਅਹੁਦੇ ਦੇ ਕੇ ਨਵਾਜ਼ਿਆ ਗਿਆ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਅਤੇ ਕਾਂਗਰਸ ਨੇ ਇਸ ਦਿਨ ਦਿੱਲੀ ਵਿੱਚ ਸਿਆਸੀ ਸ਼ੋਅ ਕਰ ਕੇ ਆਪਣੀ ਸਿੱਖ ਵਿਰੋਧੀ ਮਾਨਸਿਕਤਾ ਮੁੜ ਪ੍ਰਗਟਾਈ ਹੈ।

ਡਾ. ਸੁੱਖੀ ਵੱਲੋਂ ਬੱਸ ਸਟੈਂਡ ਦੇ ਨਵੀਨੀਕਰਨ ਦੇ ਕੰਮ ਦੀ ਸ਼ੁਰੂਆਤ

ਬੰਗਾ (ਅਵਤਾਰ ਕਲੇਰ)- ਹਲਕਾ ਬੰਗਾ ਦੇ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਵੱਲੋਂ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਲਗਾਤਾਰ ਅੱਗੇ ਵਧਾਉਂਦਿਆਂ ਬੰਗਾ ਦੇ ਬੱਸ ਸਟੈਂਡ ਦੇ ਨਵੀਨੀਕਰਨ ਦੇ ਕੰਮ ਦੀ



ਸ਼ੁਰੂਆਤ ਕਰਵਾਈ ਗਈ। ਇਸ ਵਿਕਾਸ ਕਾਰਜ ਤੇ ਲਗਭਗ 75 ਲੱਖ ਰੁਪਏ ਦੀ ਲਾਗਤ ਆਵੇਗੀ, ਜਿਸ ਲਈ 75 ਲੱਖ ਰੁਪਏ ਦੀ ਰਾਸ਼ੀ ਲੋਕ ਨਿਰਮਾਣ ਵਿਭਾਗ ਨੂੰ ਜਾਰੀ ਕਰ ਦਿੱਤੀ ਗਈ ਹੈ। ਡਾ. ਸੁੱਖੀ ਨੇ ਕਿਹਾ ਕਿ ਬੰਗਾ ਸ਼ਹਿਰ ਦੇ ਬੱਸ ਸਟੈਂਡ ਦਾ ਨਵੀਨੀਕਰਨ ਸਮੇਂ ਦੀ ਮੁੱਖ ਲੋੜ ਸੀ। ਇਸ ਕੰਮ ਦੇ ਮੁਕੰਮਲ ਹੋਣ ਨਾਲ ਬੱਸ ਸਟੈਂਡ ਦੀ ਦਿੱਖ ਵਿੱਚ ਸੁਧਾਰ ਆਵੇਗਾ ਅਤੇ ਰੋਜ਼ਾਨਾ ਸਫ਼ਰ ਕਰਨ ਵਾਲੇ ਯਾਤਰੀਆਂ ਅਤੇ ਆਮ ਲੋਕਾਂ ਨੂੰ ਬਿਹਤਰ ਸਹੂਲਤਾਂ ਮਿਲਣਗੀਆਂ। ਡਾ. ਸੁੱਖੀ ਨੇ ਕਿਹਾ ਕਿ ਬੰਗਾ ਸ਼ਹਿਰ ਨੂੰ ਸਾਫ਼-ਸੁਥਰਾ, ਸੁੰਦਰ ਅਤੇ ਆਧੁਨਿਕ ਸਹੂਲਤਾਂ ਨਾਲ ਲੈਸ ਬਣਾਉਣ ਲਈ ਉਹ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੇ ਹਨ। ਉਨ੍ਹਾਂ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਨਵੀਨੀਕਰਨ ਦਾ ਕੰਮ ਮਿਆਰੀ ਢੰਗ ਨਾਲ ਅਤੇ ਸਮੇਂ ਸਿਰ ਮੁਕੰਮਲ ਕਰਨ ਲਈ ਵੀ ਕਿਹਾ। ਇਸ ਮੌਕੇ ਨਗਰ ਕੌਂਸਲ ਬੰਗਾ ਦੇ ਪ੍ਰਧਾਨ ਮੋਨਿਕਾ ਵਾਲੀਆ, ਪਵਨਜੀਤ ਸਿੰਘ ਸਿੱਧੂ ਹਲਕਾ ਸੰਗਠਨ ਇੰਚਾਰਜ ਬੰਗਾ, ਸੋਹਣ ਲਾਲ ਢੰਡਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਨਰਿੰਦਰਜੀਤ ਰੱਤੂ, ਰਮੇਸ਼ ਜੇ.ਈ, ਐਮ ਸੀ ਮਨਜੀਤ ਸਿੰਘ ਬੱਬਲ, ਐਮ ਸੀ ਅਮਰੀਕ ਸਿੰਘ ਸੋਨੀ, ਐਮ ਸੀ ਲਵਲੀਨ ਸੁੰਡਾ, ਐਮ ਸੀ ਮੀਨਾ ਕੁਮਾਰੀ, ਐਮ ਸੀ ਰਾਜ ਕੁਮਾਰੀ,ਐਮ ਸੀ ਹਰਜਿੰਦਰ ਕੁਮਾਰ, ਬ੍ਰਿਜ ਭੂਸ਼ਣ ਵਾਲੀਆ,ਡਿੰਪਲ ਘਈ, ਲੱਕੀ ਪ੍ਰਧਾਨ, ਮੁਕੇਸ਼ ਘਈ, ਖੁਸ਼ਵਿੰਦਰ ਸਿੰਘ ਮਾਨ,ਕਮਲਜੀਤ ਬਸਰਾ ਮੇਹਲੀ, ਅਸੀਮ ਅਗਰਵਾਲ, ਗੁਰਪ੍ਰੀਤ ਕੌਰ ਗੁੜੱਪੜ,ਸੋਨੂੰ ਸੱਲ੍ਹਣ, ਗੁਰਮਿੰਦਰ ਸਿੰਘ, ਪ੍ਰਭਜੋਤ ਸਿੰਘ ਬੰਗਾ, ਸਾਗਰ ਅਰੋੜਾ,ਗੁਰਵਿੰਦਰ ਕੌਰ ਗੁਣਾਚੌਰ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

ਐੱਸ ਸੀ ਵਿੰਗ ਦੇ ਆਗੂਆਂ ਵੱਲੋਂ ਰਾਣੀਕੇ ਨਾਲ ਮੁਲਾਕਾਤ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)- ਸ਼੍ਰੋਮਣੀ ਅਕਾਲੀ ਦਲ ਦੇ ਐਸਸੀ ਵਿੰਗ ਦੇ ਆਗੂਆਂ ਵੱਲੋਂ ਸਾਬਕਾ ਕੈਬਨਟ ਮੰਤਰੀ ਪੰਜਾਬ ਅਤੇ ਐਸਸੀ ਵਿੰਗ ਦੇ ਕੌਮੀ



ਪ੍ਰਧਾਨ ਗੁਲਜਾਰ ਸਿੰਘ ਰਾਣੀਕੇ ਨਾਲ ਵਿਸ਼ੇਸ਼ ਤੌਰ ਤੇ ਮੁਲਾਕਾਤ ਕੀਤੀ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਦੀ ਕਲਾ ਤੇ ਮਜਬੂਤੀ ਲਈ ਵਿਚਾਰਾਂ ਸਾਂਝੀਆਂ ਕੀਤੀਆਂ। ਇਸ ਮੌਕੇ ਤੇ ਗੁਲਜਾਰ ਸਿੰਘ ਰਾਣੀ ਕੇ ਨੇ ਕਿਹਾ ਤੇ ਸ਼੍ਰੋਮਣੀ ਅਕਾਲੀ ਦਲ ਦੀ ਮਜਬੂਤੀ ਲਈ ਦਿਨ ਰਾਤ ਕੰਮ ਕਰਾਂਗੇ ਅਤੇ ਹਮੇਸ਼ਾ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਦੀ ਕਲਾ ਲਈ ਹਮੇਸ਼ਾ ਤਤਪਰ ਰਹਾਂਗੀ ਰਹਾਂਗੇ। ਇਸ ਮੌਕੇ ਤੇ ਉਨਾਂ ਦੇ ਨਾਲ ਐਸ ਸੀ ਵਿੰਗ ਦੁਆਬਾ ਜੋਨ ਦੇ ਪ੍ਰਧਾਨ ਕੁਲਦੀਪ ਸਿੰਘ ਬੂਲੇ , ਸ਼੍ਰੋਮਣੀ ਅਕਾਲੀ ਦਲ ਐਸ ਸੀ ਵਿੰਗ ਜਿਲਾ ਹੁਸ਼ਿਆਰਪੁਰ ਦਿਹਾਤੀ ਦੇ ਪ੍ਰਧਾਨ ਸਰਬਜੀਤ ਸਿੰਘ ਮੋਮੀ , ਸ਼ਹਿਰੀ ਜਿਲਾ ਪ੍ਰਧਾਨ ਐਸਸੀ ਵਿੰਗ ਪ੍ਰੇਮ ਸਿੰਘ ਪਿਪਲਾਂਵਾਲਾ, ਸੰਜੀਵ ਥਾਪਰ ਸਿਟੀ ਪ੍ਰਧਾਨ ਐਸ ਸੀ ਵਿੰਗ ਹੁਸ਼ਿਆਰਪੁਰ, ਅੰਕੁਸ਼ ਹਰਦੋਖਾਨਪੁਰ ਹਲਕਾ ਪ੍ਰਧਾਨ ਸ਼ਾਮ ਚੁਰਾਸੀ ਐਸ ਸੀ ਵਿੰਗ ਵੀ ਹਾਜ਼ਰ ਸੀ। ਗੁਲਜਾਰ ਸਿੰਘ ਰਾਣੀਕੇ ਨੇ ਕਿਹਾ ਕਿ ਨੇ ਕਿਹਾ ਕਿ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਪੂਰੀ ਤਰ੍ਹਾਂ ਚੜ੍ਹਦੀ ਕਲਾ ਵਿੱਚ ਹੈ ਅਤੇ ਹਮੇਸ਼ਾ ਚੜ੍ਹਦੀ ਕਲਾ ਵਿੱਚ ਰਹੇਗਾ। ਗੁਲਜਾਰ ਸਿੰਘ ਰਾਣੀਕੇ ਨੇ ਹੋਰ ਕਿਹਾ ਕਿ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਪੰਜਾਬ ਦਾ ਮੁੱਖ ਮੰਤਰੀ ਬਣਨ ਤੋਂ ਕੋਈ ਵੀ ਤਾਕਤ ਰੋਕ ਨਹੀਂ ਸਕਦੀ।

ਵਿਦਿਆਰਥਣ ਨੇ ਬਜ਼ੁਰਗਾਂ ਨਾਲ ਮਨਾਇਆ ਜਨਮ ਦਿਨ

ਰੂਪਨਗਰ (ਰਜਿੰਦਰ ਸੈਣੀ)- ਆਈ ਟੀ ਆਈ ਰੂਪਨਗਰ ਦੀ ਵਿਦਿਆਰਥਣ ਸ਼ਿਵਾਂਗੀ ਭਟਨਾਗਰ ਵੱਲੋਂ ਇੱਥੇ ਬਜ਼ੁਰਗਾ ਦੇ 'ਆਪਣਾ ਘਰ' ਹਵੇਲੀ ਕਲਾਂ ਵਿਖੇ ਆਪਣਾ ਜਨਮ ਦਿਨ ਮਨਾਇਆ ਗਿਆ। ਉਤਰਾਖੰਡ



ਪ੍ਰਦੇਸ਼ ਨਾਲ ਸਬੰਧਤ ਪੀ ਐਚ ਡੀ ਦੀ ਵਿਦਿਆਰਥਣ ਸ਼ਿਵਾਂਗੀ ਨੇ ਆਪਣੇ ਜਨਮ ਦਿਨ ਦੀ ਖੁਸ਼ੀ 'ਚ ਕੇਕ ਕਟਿਆ ਅਤੇ ਸੀਨੀਅਰ ਸਿਟੀਜ਼ਨਜ਼ ਲਈ ਹਲਕੇ ਨਾਸ਼ਤੇ ਦਾ ਵੀ ਪ੍ਰਬੰਧ ਕੀਤਾ।ਇਸ ਸਮੇਂ ਉਸ ਨਾਲ ਵਿਦਿਆਰਥੀ ਨੀਤਿਕਾ ਸੈਣੀ ਤੇ ਵਿਜੇ ਗਾਰੂਲੇ ਵੀ ਸਨ। ਸ਼ਿਵਾਂਗੀ ਨੇ ਇਸ ਮੌਕੇ ਤੇ ਬੋਲਦਿਆਂ ਕਿਹਾ ਕਿ ਭਾਵੇ ਉਹ ਆਪਣੇ ਪਰਵਾਰ ਦੇ ਮੈਂਬਰਾ ਤੇ ਘਰ 'ਚ ਦਾਦੀ ਦੀ ਅਸ਼ੀਰਵਾਦ ਤੋਂ ਦੂਰ ਹੈ ਪਰ ਇਸ ਘਰ ਵਿਖੇ ਜਨਮ ਦਿਨ ਮਨਾਕੇ ਆਪਣੀ ਦਾਦੀ ਦੇ ਪਿਆਰ ਤੋਂ ਵੀ ਵੱਧ ਖੁਸ਼ੀ ਮਿਲੀ ਹੈ। ਮੈ ਹਰ ਸਾਲ ਪੜਾਈ ਦੌਰਾਨ ਆਪਣਾ ਜਨਮ ਇਥੇ ਆ ਕੇ ਮਨਾਇਆ ਕਰਾਗੀ।ਇਸ ਮੌਕੇ ਸਮੂਹ ਸੀਨੀਅਰ ਸਿਟੀਜ਼ਨਜ਼ ਨੇ ਸ਼ਿਵਾਂਗੀ ਨੂੰ ਜਨਮ ਦਿਨ ਦੀ ਵਧਾਈ ਦਿੱਤੀ। ਇਸ ਮੌਕੇ ਜਨਮ ਦਿਨ ਦੀ ਵਧਾਈ ਦਿੰਦੇ ਹੋਏ ਆਪਣਾ ਘਰ ਦੇ ਮੁੱਖ ਸੇਵਾਦਾਰ ਰਾਜਿੰਦਰ ਸੈਣੀ ਨੇ ਬਜ਼ੁਰਗਾਂ ਦੇ ਘਰ ਆ ਕੇ ਜਨਮ ਦਿਨ ਮਨਾਉਣ ਲਈ ਸ਼ਿਵਾਂਗੀ ਦੀ ਸੋਚ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਸ਼ਿਵਾਂਗੀ ਵਰਗੇ ਨੌਜਵਾਨ ਬੱਚੇ ਨਵੀਂ ਪੀੜੀ ਨੂੰ ਆਪਣੇ ਤੇ ਸਮਾਜ ਦੇ ਬਜ਼ੁਰਗਾ ਨੂੰ ਸਤਿਕਾਰ ਦੇਣ ਲਈ ਪ੍ਰੇਰਤ ਕਰਨ ਰਹੇ ਹਨ। ਇਸ ਸਮੇਂ ਇੰਟਰਟੇਨਰਜ਼ ਜਸਵੰਤ ਸਿੰਘ ਨੇ ਸ਼ਿਵਾਂਗੀ ਵਲੋਂ ਬਜ਼ੁਰਗਾ ਨਾਲ ਜਨਮ ਦਿਨ ਦੀ ਖੁਸ਼ੀ ਸਾਂਝੀ ਕਰਨ ਲਈ ਵਧਾਈ ਦਿੱਤੀ ਤੇ ਸਭ ਦਾ ਮਨੋਰੰਜਨ ਵੀ ਕੀਤਾ। ਇਸ ਮੌਕੇ ਟਰੱਸਟੀ ਅਮਰਜੀਤ ਸਿੰਘ, ਜਗਦੇਵ ਸਿੰਘ, ਦਲਜੀਤ ਸਿੰਘ, ਮੈਨੇਜਰ ਕੁਲਬੀਰ ਸਿੰਘ ਭੋਗਲ ਤੋਂ ਇਲਾਵਾ ਬਜ਼ੁਰਜ-ਕਮ- ਸੀਨੀਅਰ ਸਿਟੀਜ਼ਨਜ਼ ਭੁਪਿੰਦਰ ਸਿੰਘ, ਜਸਵੰਤ ਸਿੰਘ, ਤਰਸੇਮ ਸਿੰਘ, ਕੇ.ਐਲ ਕਪੂਰ, ਸ਼ਾਮ ਲਾਲ ਗੋਇਲ, ਹਰਮੇਸ਼ ਲਾਲ, ਤਾਰਾ ਸਿੰਘ, ਕਸ਼ਮੀਰ ਸਿੰਘ, ਭਗਤ ਰਾਮ, ਅਸ਼ਵਨੀ ਸਹਿਗਲ ਤੇ ਸੰਤੋਸ਼ ਕੁਮਾਰ, ਕਿਰਨ, ਕੁਸ਼ਲ ਕੁਮਾਰ ਵੀ ਸਨ।

ਸਲੋਗਨ ਰਾਈਟਿੰਗ ਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ



ਗੁਰਾਇਆ (ਬਿੰਦਰ ਸੁਮਨ)- ਗੁਰੂ ਨਾਨਕ ਦੇਵ ਯੂਨੀਵਰਸਿਟੀ,ਅੰਮ੍ਰਿਤਸਰ ਦੇ ਸਿੱਧੇ ਪ੍ਰਬੰਧਾਂ ਅਧੀਨ ਮਾਣਯੋਗ ਉਪ-ਕੁਲਪਤੀ ਪ੍ਰੋ.(ਡਾ.)ਕਰਮਜੀਤ ਸਿੰਘ ਦੀ ਰਹਿਨੁਮਾਈ ਅਤੇ ਪ੍ਰੋ.(ਡਾ.)ਸਰੋਜ ਅਰੋੜਾ ਡੀਨ ਕਾਲਜ ਵਿਕਾਸ ਕੌਂਸਲ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਚੱਲ ਰਹੇ ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਵਿਖੇ ਕਾਲਜ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਦੀ ਅਗਵਾਈ ਹੇਠਾਂ ਕਾਲਜ ਦੇ ਐਨ ਐਸ ਐਸ ਵਿਭਾਗ ਵੱਲੋਂ 'ਵਿਜੀਲੈਂਸ ਜਾਗਰੂਕਤਾ ਹਫ਼ਤਾ 2026' ਦੇ ਤਹਿਤ ਸਲੋਗਨ ਰਾਈਟਿੰਗ ਅਤੇ ਪੋਸਟਰ ਮੇਕਿੰਗ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ। ਇਹ ਮੁਕਾਬਲੇ ਕਰਵਾਉਣ ਦਾ ਮੁੱਖ ਉਦੇਸ਼ ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਭ੍ਰਿਸ਼ਟਾਚਾਰ ਦੇ ਖਿਲਾਫ਼ ਜਾਗਰੂਕ ਕਰਨਾ, ਇਮਾਨਦਾਰੀ, ਪਾਰਦਰਸ਼ਤਾ ਅਤੇ ਨੈਤਿਕ ਕਦਰਾਂ-ਕੀਮਤਾਂ ਦੀ ਮਹੱਤਤਾ ਬਾਰੇ ਸਮਝਾਉਣਾ ਸੀ। ਇਨ੍ਹਾਂ ਮੁਕਾਬਲਿਆਂ ਵਿੱਚ ਕਾਲਜ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।

ਵਿਦਿਆਰਥੀਆਂ ਨੇ ਆਪਣੀ ਕਲਾਤਮਕ ਸੋਚ ਦੀ ਵਰਤੋਂ ਕਰਦਿਆਂ ਰੰਗਾਂ ਅਤੇ ਚਿੱਤਰਾਂ ਰਾਹੀਂ ਪੋਸਟਰਾਂ ਅਤੇ ਪ੍ਰਭਾਵਸ਼ਾਲੀ ਸਲੋਗਨਾਂ ਰਾਹੀਂ ਸਮਾਜ ਵਿੱਚੋਂ ਭ੍ਰਿਸ਼ਟਾਚਾਰ ਦੇ ਖਿਲਾਫ਼ ਉਪਰਾਲੇ, ਨੈਤਿਕ ਕਦਰਾਂ-ਕੀਮਤਾਂ ਅਤੇ ਇੱਕ ਸਾਫ਼-ਸੁਥਰੇ ਤੇ ਜ਼ਿੰਮੇਵਾਰ ਸਮਾਜ ਦੀ ਸਿਰਜਣਾ ਦਾ ਸੁਨੇਹਾ ਦਿੱਤਾ।ਉਨ੍ਹਾਂ ਦੀ ਕਲਾ ਅਤੇ ਵਿਚਾਰਾਂ ਨੇ ਸਭ ਦਾ ਮਨ ਮੋਹ ਲਿਆ। ਇਸ ਮੌਕੇ ਕਾਲਜ ਦੇ ਇੰਚਾਰਜ ਜੌਹਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਦੀ ਤਰੱਕੀ ਅਤੇ ਸਮਾਜ ਦੀ ਬਿਹਤਰੀ ਲਈ ਇਮਾਨਦਾਰੀ ਸਭ ਤੋਂ ਵੱਡਾ ਗੁਣ ਹੈ।

ਕਵੀ ਦਰਬਾਰ ਦੌਰਾਨ ਸੁਰਜੀਤ ਸੁਮਨ ਦਾ ਕਰਵਾਇਆ ਰੂ-ਬੱਰੂ

ਚੰਡੀਗੜ੍ਹ (ਗੁਰਜੀਤ ਬਿੱਲਾ)- ਸਾਹਿਤ ਵਿਗਿਆਨ ਕੇਂਦਰ ਚੰਡੀਗੜ੍ਹ ਵੱਲੋਂ ਰੋਟਰੀ ਕਲੱਬ ਮੋਹਾਲੀ ਵਿਖੇ ਕਰਵਾਏ ਗਏ ਕਵੀ ਦਰਬਾਰ ਦੌਰਾਨ ਗੀਤਕਾਰ, ਕਵੀ ਤੇ ਕਾਲਮ ਨਵੀਸ ਸੁਰਜੀਤ ਸੁਮਨ ਦਾ ਰੂ-ਬਰੂ ਕਰਵਾਇਆ ਗਿਆ। ਪ੍ਰਧਾਨਗੀ ਮੰਡਲ ਵਿੱਚ ਉੱਘੀ ਲੇਖਿਕਾ ਡਾ. ਚਰਨਜੀਤ ਕੌਰ, ਕੇਂਦਰ ਦੇ ਮੀਤ ਪ੍ਰਧਾਨ ਪਰਮਜੀਤ ਪਰਮ ਅਤੇ ਉੱਘੇ ਲੇਖਕ ਦਰਸ਼ਨ ਸਿੰਘ ਸਿੱਧੂ ਸ਼ਾਮਲ ਹੋਏ। ਡਾ. ਅਵਤਾਰ ਸਿੰਘ ਪਤੰਗ ਨੇ ਜੀਵਨ ਤੇ ਸਾਹਿਤਕ ਸਫਰ ਬਾਰੇ ਗੱਲਬਾਤ ਕਰਦਿਆਂ ਕਿਹਾ ਕਿ ਸੁਰਜੀਤ ਸੁਮਨ ਬਹੁ-



ਪੱਖੀ ਸ਼ਖਸੀਅਤ ਦਾ ਮਾਲਕ ਲੇਖਕ ਤੇ ਜਰਨਲਿਸਟ ਹੈ। ਉਹ ਗੀਤ, ਕਵਿਤਾ ਲਿਖਦਿਆਂ, ਇਤਿਹਾਸ/ ਮਿਥਿਹਾਸ ਦੀ ਗੱਲ ਨੂੰ ਸਮਕਾਲ ਨਾਲ ਜੋੜ ਕੇ ਕਰਦਾ ਹੈ, ਜੋ ਸਲਾਹੁਣਯੋਗ ਬਣ ਜਾਂਦੀ ਹੈ। ਸੁਰਜੀਤ ਸੁਮਨ ਨੇ ਇਸ ਮੌਕੇ ਆਪਣੇ ਚੋਣਵੇ ਗੀਤ ਤੇ ਕਵਿਤਾਵਾਂ ਸੁਣਾਈਆਂ ਅਤੇ ਕੁਝ ਗੀਤ ਤਰੰਨਮ ਵਿੱਚ ਗਾਏ। ਉਨ੍ਹਾਂ ਆਪਣੇ ਗੀਤਾਂ ਵਿੱਚ ਰਿਸ਼ਤਿਆਂ ਦੇ ਜੁੜਨ, ਟੁੱਟਣ, ਮੁਹੱਬਤ ਤੇ ਵਿਛੋੜੇ ਦੀਆਂ ਗੱਲਾਂ ਛੋਹੀਆਂ। ਹੋਰ ਰਚਨਾਵਾਂ ਦੇ ਨਾਲ ਉਸ ਦੇ ਗੀਤ, 'ਮੇਰਿਆਂ ਜ਼ਖ਼ਮਾਂ 'ਤੇ ਮੱਲ੍ਹਮ ਲਾਉਣ ਆਇਆ, ਜੀ ਕੌਣ ਆਇਆ' ਨੇ ਵਾਹਵਾ ਖੱਟੀ। ਸੁਰਜੀਤ ਸੁਮਨ ਨੇ ਇਸ ਮੌਕੇ ਕੈਨੇਡਾ ਬੈਠੇ ਕੇਂਦਰ ਦੇ ਪ੍ਰਧਾਨ ਗੁਰਦਰਸ਼ਨ ਮਾਵੀ ਅਤੇ ਮਰਹੂਮ ਸੇਵੀ ਰਾਇਤ ਨਾਲ ਆਪਣੇ ਪੁਰਾਣੇ ਰਿਸ਼ਤੇ ਦੀ ਬਾਤ ਪਾਈ।ਡਾ. ਚਰਨਜੀਤ ਕੌਰ ਨੇ ਕਿਹਾ ਕਿ ਸੁਰਜੀਤ ਸੁਮਨ ਦੇ ਗੀਤ ਬਹੁਰੰਗੀ ਹਨ। ਉਨ੍ਹਾਂ ਆਪਣੀ ਰਚਨਾ ਪ੍ਰਕ੍ਰਿਆ ਦੀ ਗੱਲ ਕਰਦਿਆਂ ਹਰਿਆਣੀ ਲਹਿਜ਼ੇ ਵਿੱਚ ਉਤਰ ਕੇ ਕਮਾਲ ਦੀਆਂ ਗੱਲਾਂ ਕੀਤੀਆਂ। ਦਰਸ਼ਨ ਸਿੰਘ ਸਿੱਧੂ ਨੇ ਕਿਹਾ ਕਿ ਅਜਿਹੇ ਮੌਕੇ ਅਸੀਂ ਆਪਣੇ ਆਸ-ਪਾਸ ਵਿਚਰਦੇ ਲੇਖਕਾਂ ਦੀ ਲੇਖਣੀ ਵੱਲ ਝਾਤ ਮਾਰਦੇ ਹਾਂ। ਪਰਮਜੀਤ ਪਰਮ ਨੇ ਕਿਹਾ ਕਿ ਕੇਂਦਰ ਹਰ ਮਹੀਨੇ ਕਿਸੇ ਨਾ ਕਿਸੇ ਸ਼ਖ਼ਸੀਅਤ ਨੂੰ ਪਾਠਕਾਂ ਸਨਮੁੱਖ ਕਰਦਾ ਰਹੇਗਾ। ਮੰਚ ਸੰਚਾਲਨ ਕਰਦਿਆਂ ਭਰਪੂਰ ਸਿੰਘ ਦੀਆਂ ਭਾਵਪੂਰਤ ਟਿੱਪਣੀਆਂ ਅਤੇ ਗਾਏ ਗੀਤ ਨੇ ਸਮਾਗਮ ਨੂੰ ਅੰਤ ਤੱਕ ਰਸੀਲਾ ਬਣਾਈ ਰੱਖਿਆ। ਸਮਾਗਮ ਵਿੱਚ ਪ੍ਰਿੰ. ਸਤਨਾਮ ਸਿੰਘ ਸ਼ੋਕਰ, ਸਰੂਪ ਸਿਆਲਵੀ, ਗੁਰਵਿੰਦਰ ਗੁਰੀ, ਜੇ.ਐਸ. ਮਹਿਰਾ ਸ਼ਾਮਲ ਹੋਏ। ਇਸ ਮੌਕੇ ਕਰਵਾਏ ਗਏ ਕਵੀ ਦਰਬਾਰ ਵਿੱਚ ਹਾਜ਼ਰ ਕਵੀਆਂ ਨੇ ਆਪਣੀਆਂ ਆਪਣੀਆਂ ਰਚਨਾਵਾਂ ਸੁਣਾਈਆਂ, ਜਿਨ੍ਹਾਂ ਵਿੱਚ ਪਿਆਰਾ ਸਿੰਘ ਰਾਹੀ, ਡਾ. ਸਤਿੰਦਰ ਸਿੰਘ ਬੇਦੀ, ਰਤਨ ਬਾਬਕ ਵਾਲਾ, ਬਲਵਿੰਦਰ ਸਿੰਘ ਢਿੱਲੋਂ, ਖੁਸ਼ੀ ਰਾਮ ਨਿਮਾਣਾ, ਮਹਿੰਦਰ ਸਿੰਘ ਗੋਸਲਾ, ਭਗਤ ਰਾਮ ਰੰਗਾੜਾ, ਸਰਬਜੀਤ ਸਿੰਘ ਪੱਡਾ, ਦਰਸ਼ਨ ਤਿਓਣਾ, ਅਮਰਜੀਤ ਅਰਪਨ, ਡਾ. ਮਨਜੀਤ ਸਿੰਘ ਬੱਲ, ਗੁਰਜੀਤ ਸਿੰਘ ਰਾਜੂ ਲਾਂਬਾ, ਲਾਭ ਸਿੰਘ ਲਹਿਰੀ, ਬਲਜੀਤ ਕੌਰ ਢਿੱਲੋਂ ਤੋਂ ਇਲਾਵਾ ਹੋਰ ਬਹੁਤ ਸਾਰੇ ਕਵੀਆਂ ਨੇ ਆਪਣੀਆਂ ਆਪਣੀਆਂ ਰਚਨਾਵਾਂ ਸੁਣਾ ਕੇ ਵਾਹਵਾ ਖੱਟੀ।

ਸੰਤੋਸ਼ ਕਟਾਰੀਆ ਨੂੰ ਮੁੜ ਬਲਾਚੌਰ ਤੋਂ ਟਿਕਟ ਮਿਲਣ 'ਤੇ ਸੀਂਹਮਾਰ ਨੇ ਦਿੱਤੀ ਵਧਾਈ

ਬਲਾਚੌਰ (ਜਸਵਿੰਦਰ ਬੈਂਸ)- ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਜੁਆਇੰਟ ਸਕੱਤਰ ਸੁਰਿੰਦਰ ਸਿੰਘ ਸੀਂਹਮਾਰ ਨੇ ਵਿਧਾਇਕਾ ਸੰਤੋਸ਼ ਕਟਾਰੀਆ ਨੂੰ ਮੁੜ ਬਲਾਚੌਰ ਵਿਧਾਨ ਸਭਾ ਹਲਕੇ ਤੋਂ ਪਾਰਟੀ ਦੀ ਟਿਕਟ ਮਿਲਣ 'ਤੇ ਦਿਲੋਂ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਹਨ।



ਇਸ ਮੌਕੇ ਸੁਰਿੰਦਰ ਸਿੰਘ ਸੀਂਹਮਾਰ ਨੇ ਕਿਹਾ ਕਿ ਪਾਰਟੀ ਹਾਈਕਮਾਂਡ ਵੱਲੋਂ ਵਿਧਾਇਕਾ ਸੰਤੋਸ਼ ਕਟਾਰੀਆ 'ਤੇ ਮੁੜ ਭਰੋਸਾ ਪ੍ਰਗਟਾਉਣਾ ਉਨ੍ਹਾਂ ਨੂੰ ਸੌਂਪੀ ਗਈ ਅਹਿਮ ਜ਼ਿੰਮੇਵਾਰੀ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਸੰਤੋਸ਼ ਕਟਾਰੀਆ ਪਾਰਟੀ ਹਾਈਕਮਾਂਡ ਵੱਲੋਂ ਦਿੱਤੀ ਗਈ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਲਗਨ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਹਲਕੇ ਦੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਯਤਨਸ਼ੀਲ ਰਹਿਣਗੇ। ਉਨ੍ਹਾਂ ਕਿਹਾ ਕਿ ਪਾਰਟੀ ਦੇ ਸਮੂਹ ਆਗੂਆਂ ਅਤੇ ਵਰਕਰਾਂ ਨੂੰ ਆਪਸੀ ਤਾਲਮੇਲ ਅਤੇ ਇਕਜੁੱਟਤਾ ਨਾਲ ਕੰਮ ਕਰਦੇ ਹੋਏ ਪਾਰਟੀ ਦੀਆਂ ਨੀਤੀਆਂ ਅਤੇ ਲੋਕਾਂ ਦੇ ਮੁੱਦਿਆਂ ਨੂੰ ਪਹਿਲ ਦੇਣੀ ਚਾਹੀਦੀ ਹੈ।

ਮਾਨ ਨੂੰ ਨਕੋਦਰ ਤੋਂ ਦੁਬਾਰਾ ਟਿਕਟ ਮਿਲਣ 'ਤੇ ਮੁੱਖ ਮੰਤਰੀ ਦਾ ਧੰਨਵਾਦ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਆਮ ਆਦਮੀ ਪਾਰਟੀ ਵੱਲੋਂ ਐਲਾਨੀ ਗਈ ਉਮੀਦਵਾਰਾਂ ਦੀ ਸੂਚੀ ਵਿੱਚੋਂ ਹਲਕਾ ਨਕੋਦਰ ਤੋਂ ਦੁਬਾਰਾ ਬੀਬੀ ਇੰਦਰਜੀਤ ਕੌਰ ਮਾਨ ਨੂੰ ਟਿਕਟ ਮਿਲਣ ਤੇ ਇਲਾਕੇ ਅੰਦਰ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਸੂਚੀ ਵਿੱਚ ਬੀਬੀ ਇੰਦਰਜੀਤ ਕੌਰ ਮਾਨ ਦਾ ਨਾਂਅ ਆਉਂਦਿਆਂ ਹੀ ਨੂਰਮਹਿਲ ਦੇ ਵਰਕਰਾਂ ਤੇ ਆਗੂਆਂ ਨੇ ਇਕੱਠੇ ਹੋ ਕੇ ਢੋਲ ਵਜਾਉਣੇ ਸ਼ੁਰੂ ਕਰ ਦਿੱਤੇ । ਬੀਬੀ ਮਾਨ ਨੇ ਸਭ ਤੋਂ ਪਹਿਲਾਂ ਬਾਬਾ ਯਾਹਰ ਵਲੀ ਟਾਹਲੀ ਛੱਤਰੀ ਵਾਲੀ ਸਰਕਾਰ ਦੇ ਪਵਿੱਤਰ ਦਰਬਾਰ ਵਿਖੇ ਨਤਮਸਤਕ ਹੋ ਕੇ ਸ਼ੁਕਰਾਨਾ ਕੀਤਾ। ਬਾਲ ਯੋਗੀ ਪ੍ਰਗਟ ਨਾਥ ਨੇ ਉਨ੍ਹਾਂ ਨੂੰ ਆਸ਼ੀਰਵਾਦ ਦਿੱਤਾ। ਵਰਕਰਾਂ ਨੇ ਬੀਬੀ ਮਾਨ ਦੇ ਨੂਰਮਹਿਲ ਪਹੁੰਚਣ ਤੇ ਉਨ੍ਹਾਂ ਦਾ ਗਰਮ ਜੋਸ਼ੀ ਨਾਲ ਸਵਾਗਤ ਕੀਤਾ ਤੇ ਉਨ੍ਹਾਂ ਨੂੰ ਹਾਰ ਪਹਿਨਾਏ ਗਏ।



ਬਾਅਦ ਵਿੱਚ ਵਰਕਰਾਂ ਨੇ ਪਟਾਕੇ ਚਲਾ ਕੇ ਖੁਸ਼ੀ ਦਾ ਇਜ਼ਹਾਰ ਕੀਤਾ। ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਦੀਪਕ ਕੁਮਾਰ ਦੀਪੂ ਨੇ ਕਿਹਾ ਕਿ ਇਸ ਵਾਰ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਅਸੀਂ ਦੁਬਾਰਾ ਹਲਕਾ ਵਿਧਾਇਕ ਬੀਬੀ ਇੰਦਰਜੀਤ ਕੌਰ ਮਾਨ ਨੂੰ ਵੱਡੀ ਲੀਡ ਨਾਲ ਜਿੱਤਾ ਕੇ ਵਿਧਾਨ ਸਭਾ ਵਿੱਚ ਭੇਜਾਂਗੇ। ਬੀਬੀ ਮਾਨ ਨੇ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਲਾਕੇ ਦੇ ਹਰੇਕ ਪਿੰਡ ਵਿੱਚ ਜਾ ਕੇ ਹੁਣ ਤੋਂ ਹੀ ਚੋਣ ਸਰਗਰਮੀਆਂ ਸ਼ੁਰੂ ਕਰ ਦੇਣਗੇ।

ਹੁੰਡਈ ਬੇਯੋਨ ਦੀ ਲਾਂਚਿੰਗ ਸੰਬੰਧੀ ਸਮਾਗਮ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਫਗਵਾੜਾ ਦੇ ਕੋਸਮੋ ਹੁੰਡਈ ਸ਼ੋਅਰੂਮ ਵਿਖੇ ਹੁੰਡਈ ਦੀ ਨਵੀਂ ਕਾਰ 'ਹੁੰਡਈ ਬੇਯੋਨ' ਦੀ ਲਾਂਚਿੰਗ ਸਬੰਧੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪਰਵੀਨ ਆਹੂਜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਆਪਣੇ ਕਰ ਕਮਲਾਂ ਨਾਲ ਨਵੀਂ ਕਾਰ ਤੋਂ ਪਰਦਾ ਹਟਾ ਕੇ ਇਸ ਦੀ ਰਸਮੀ ਲਾਂਚਿੰਗ ਕੀਤੀ। ਇਸ ਮੌਕੇ ਐਮ ਡੀ ਪੰਕਜ ਆਹੂਜਾ, ਮੈਨੇਜਰ ਜੇ ਪੀ ਸਿੰਘ, ਟੀਮ ਲੀਡਰ ਵਿਨੇ ਢੀਂਗਰਾ ਅਤੇ ਸ਼ੋਅਰੂਮ ਦੇ ਸਮੂਹ ਟੀਮ ਮੈਂਬਰ ਹਾਜ਼ਰ ਸਨ। ਇਸ ਮੌਕੇ ਪਰਵੀਨ ਆਹੂਜਾ ਨੇ ਦੱਸਿਆ ਕਿ ਹੁੰਡਈ ਬੇਯੋਨ ਇੱਕ ਸਬ-ਕੰਪੈਕਟ ਐੱਸ.ਯੂ.ਵੀ. ਹੈ, ਜਿਸ ਨੂੰ ਭਾਰਤ ਵਿੱਚ 26 ਅਕਤੂਬਰ 2026 ਨੂੰ ਲਾਂਚ ਕੀਤਾ ਗਿਆ ਹੈ। ਇਹ ਕਾਰ ਹੁੰਡਈ ਵੈਨਿਊ ਅਤੇ ਕਰੇਟਾ ਦੇ ਵਿਚਕਾਰਲੇ ਸੈਗਮੈਂਟ ਵਿੱਚ ਆਪਣੀ ਜਗ੍ਹਾ ਬਣਾਉਂਦੀ ਹੈ।



ਉਨ੍ਹਾਂ ਦੱਸਿਆ ਕਿ ਇਸ ਕਾਰ ਦੀ ਸ਼ੁਰੂਆਤੀ ਐਕਸ-ਸ਼ੋਅਰੂਮ ਕੀਮਤ ਲਗਭਗ 9.99 ਲੱਖ ਰੁਪਏ ਤੋਂ ਸ਼ੁਰੂ ਹੁੰਦੀ ਹੈ, ਜਦਕਿ ਇਸ ਦੇ ਟਾਪ ਮਾਡਲ ਦੀ ਕੀਮਤ ਕਰੀਬ 18.15 ਲੱਖ ਰੁਪਏ ਤੱਕ ਹੈ। ਇਸ ਵਿੱਚ 1.5 ਲੀਟਰ ਨੈਚੁਰਲੀ ਐਸਪੀਰੇਟਿਡ ਪੈਟਰੋਲ ਇੰਜਣ ਦਿੱਤਾ ਗਿਆ ਹੈ, ਜੋ 114 ਪੀ.ਐੱਸ. ਦੀ ਪਾਵਰ ਅਤੇ 144 ਐੱਨ.ਐੱਮ. ਦਾ ਟਾਰਕ ਪੈਦਾ ਕਰਦਾ ਹੈ। ਕਾਰ ਵਿੱਚ 6-ਸਪੀਡ ਮੈਨੂਅਲ ਅਤੇ ਆਈ.ਵੀ.ਟੀ. ਆਟੋਮੈਟਿਕ ਗਿਅਰਬਾਕਸ ਦੇ ਵਿਕਲਪ ਉਪਲਬਧ ਹਨ। ਇਸ ਦਾ ਮਾਈਲੇਜ ਲਗਭਗ 18.6 ਕਿਲੋਮੀਟਰ ਪ੍ਰਤੀ ਲੀਟਰ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸ ਕਾਰ ਦਾ ਨਿਰਮਾਣ ਚੇਨਈ ਸਥਿਤ ਹੁੰਡਈ ਦੇ ਪਲਾਂਟ ਵਿੱਚ ਕੀਤਾ ਜਾ ਰਿਹਾ ਹੈ ਅਤੇ ਇੱਥੋਂ ਇਸ ਨੂੰ 50 ਤੋਂ ਵੱਧ ਦੇਸ਼ਾਂ ਵਿੱਚ ਐਕਸਪੋਰਟ ਕੀਤਾ ਜਾਵੇਗਾ।

ਠੀਂਡਾ ਵਿਖੇ ਖ਼ੂਨਦਾਨ ਕੈਂਪ ਲਗਾਇਆ



ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ. ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਮਹਾਰਾਜ ਜੀ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦਸਿਆ ਕਿ ਸਿੱਖ ਕੌਮ ਦੇ ਸੂਰਵੀਰ ਯੋਧੇ ਹਰੀ ਸਿੰਘ ਨਲੂਆ ਜੀ ਅਤੇ ਜੱਸਾ ਸਿੰਘ ਰਾਮਗੜ੍ਹੀਆ ਜੀ ਦੀ ਨਿੱਘੀ ਯਾਦ 47 ਵਾਂ ਸਵੈ ਇੱਛੁਕ ਖ਼ੂਨਦਾਨ ਕੈਂਪ ਗਰੀਬ ਦਾ ਮੂੰਹ ਗੁਰੂ ਦੀ ਗੋਲਕ ਸੰਸਥਾ ਰਜਿ.ਅਜਨੋਹਾ ਵਲੋਂ ਅਤੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਤੇ ਲੈਬੋਰਟਰੀ ਪਿੰਡ ਨਰੂੜ ਦੇ ਸਹਿਯੋਗ ਸਿੰਘ ਸਭਾ ਗੁਰਦੁਆਰਾ ਸਾਹਿਬ ਪਿੰਡ ਠੀਂਡਾ ਵਿਖੇ ਲਗਾਇਆ ਗਿਆ । ਕੈਂਪ ਵਿੱਚ 25 ਬੀਬੀਆਂ ਅਤੇ ਭਾਈਆਂ ਨੇ ਸਵੈਂ ਇੱਛੁਕ ਖ਼ੂਨਦਾਨ ਕੀਤਾ। ਇਸ ਮੌਕੇ ਹਾਜ਼ਰ ਗੁਰੂ ਘਰ ਵਜ਼ੀਰ ਮਾਸਟਰ ਗੁਰਪਾਲ ਸਿੰਘ, ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਬਹਾਦਰ ਸਿੰਘ,ਤਰਸੇਮ ਸਿੰਘ ਖਾਲਸਾ, ਬਲਜੀਤ ਸਿੰਘ ਬਿੱਲਾ ਅਜਨੋਹਾ, ਜਰਨੈਲ ਸਿੰਘ,ਕੁਲਵੀਰ ਸਿੰਘ ਖਾਲਸਾ, ਤਰਨਜੀਤ ਸਿੰਘ ਖਾਲਸਾ, ਡਾ ਸਰਬਜੀਤ ਸਿੰਘ, ਨਰਿੰਦਰ ਸਿੰਘ, ਗੁਰਪ੍ਰੀਤ ਕੌਰ ਸ਼ਹਿਬਾਜ਼ ਸਿੰਘ, ਕਿਸ਼ਨ ਕੁਮਾਰ ਅਤੇ ਮੋਹਿਤ ਆਦਿ ਹਾਜ਼ਰ ਸਨ।

ਸੀਮੈਂਟ ਸਟੋਰ ਵੱਲੋਂ ਮਿਸਤਰੀਆਂ ਨਾਲ ਮੀਟਿੰਗ

ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ) ਤਹਿਸੀਲ ਨੰਗਲ ਦੇ ਅਧੀਨ ਪੈਂਦੇ ਪਿੰਡ ਛੋਟੇਵਾਲ ਵਿਖੇ ਜੇ ਕੇ ਸੁਪਰ ਸੀਮਿੰਟ ਕੰਪਨੀ ਵੱਲੋਂ ਢਿੱਲੋਂ ਸੀਮੈਂਟ ਸਟੋਰ ਛੋਟੇਵਾਲ ਵਿਖੇ ਵੱਖ ਵੱਖ ਪਿੰਡਾਂ ਤੋਂ ਮਿਸਤਰੀਆਂ ਨੂੰ ਬੁਲਾ ਕੇ ਜਸਵਿੰਦਰ ਢਿੱਲੋ ਅਤੇ ਹਰਪ੍ਰੀਤ ਢਿੱਲੋ ਦੀ ਗਵਾਹੀ ਵਿੱਚ ਇੱਕ ਮੀਟਿੰਗ ਕੀਤੀ ਗਈ ਜਿਸ ਵਿੱਚ ਜੇ ਕੇ ਸੁਪਰ ਸੀਮਿੰਟ ਦੇ ਅਧਿਕਾਰੀ ਬਲਜੀਤ ਸਿੰਘ ਦੇਹਲਾਂ ਟੈਕਨੀਕਲ ਇੰਜੀਨੀਅਰ ਅਤੇ ਰਾਹੁਲ ਕੁਮਾਰ ਡੀ ਐਮ ਓ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਮੀਟਿੰਗ ਦੌਰਾਨ ਇਕੱਠੇ ਹੋਏ ਮਿਸਤਰੀਆਂ ਅਤੇ ਲੋਕਾਂ ਨੂੰ ਡੀ ਐਮ ਓ



ਰਾਹੁਲ ਕੁਮਾਰ ਨੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਕਿਹਾ ਕੀ ਭਰੋਸੇਮੰਦ ਸਰਬ ਉੱਤਮ ਗੁਣਵੱਤਾ ਵਾਲਾ ਸੀਮਿੰਟ ਉਪਲਬਧ ਕਰਾਉਣਾ ਸਾਡਾ ਫਰਜ਼ ਹੈ। ਗਾਹਕਾਂ 'ਚੋਂ ਪਹਿਚਾਣ ਬਣਾਉਣ ਦੇ ਲਈ ਜੇ ਕੇ ਪੀ ਪੀ ਸੀ ਜੇ ਕੇ ਸੁਪਰ ਸਟਰੌਂਗ ਕੰਕਰੀਟ ਸਪੈਸ਼ਲ ਅਤੇ ਜੇ ਕਿ ਉ ਪੀ ਸੀ 43 ਗ੍ਰੇਡ ਅਤੇ 53 ਗ੍ਰੇਡ ਸੀਮਿੰਟ ਜੇ ਕੇ ਸੁਪਰ ਵਾਟਰ ਕੈਮੀਕਲ ਹਰੇਕ ਮਾਰਕੀਟ ਵਿੱਚ ਉਪਲਬਧ ਹਨ। ਟੈਕਨੀਕਲ ਇੰਜੀਨੀਅਰ ਬਲਜੀਤ ਸਿੰਘ ਦੇਹਲਾਂ ਨੇ ਮਿਸਤਰੀਆਂ ਨੂੰ ਜਾਣਕਾਰੀ ਦਿੱਤੀ ਕੀ ਜਦੋਂ ਬਿਲਡਿੰਗ ਦਾ ਕੰਮ ਸ਼ੁਰੂ ਹੋਵੇ ਤਾਂ ਪੈਰਾਂ ਚੋਂ ਬੰਦ ਜੁੱਤੀ ਸਿਰ ਤੇ ਹੈਲਮੰਡ ਜਾਂ ਪੱਗੜੀ ਬੰਨ੍ਹੀ ਹੋਣੀ ਚਾਹੀਦੀ ਹੈ ਜਿਸ ਨਾਲ ਤੁਹਾਡੀ ਸੁਰੱਖਿਆ ਬਰਕਰਾਰ ਰਹੇ। ਉਹਨਾਂ ਕਿਹਾ ਕਿ ਜੇਕਰ ਕਿਸੇ ਨੂੰ ਕੋਈ ਘਾਟ ਨਜ਼ਰ ਆਵੇ ਤਾਂ ਉਹ 62804 92460 ਮੋਬਾਇਲ ਨੰਬਰ ਤੇ ਆਪਣਾ ਸੁਝਾਓ ਅਤੇ ਸ਼ਕਾਇਤ ਜੇ ਕਿ ਸੁਪਰ ਸੀਮਿੰਟ ਕੰਪਨੀ ਦੇ ਉੱਚ ਅਧਿਕਾਰੀ ਨਾਲ ਸੰਪਰਕ ਕਰ ਸਕਦੇ ਹਨ।

ਇਸ ਮੌਕੇ ਨਿਰਮਲ ਸਿੰਘ ਢਿੱਲੋਂ, ਮਿਸਤਰੀ ਰਮੇਸ਼ ਕੁਮਾਰ, ਮਿਸਤਰੀ ਰਾਜੂ, ਅਸ਼ੋਕ ਕੁਮਾਰ, ਮਿਸਤਰੀ ਮਹਿੰਦਰ ਪਾਲ ਸਿੰਘ ਨੰਗਲ, ਮਿਸਤਰੀ ਮਹਿੰਦਰ ਮਹਿਲਵਾਂ,ਹਰਦੇਵ ਸਿੰਘ ਛੋਟੇਵਾਲ,ਜਸਵੰਤ ਸਿੰਘ ਬਾਂਗੜੀ, ਜੋਲੀ ਮਹਿਲਵਾਂ ਅਤੇ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

ਸਰਕਾਰੀ ਕਾਲਜ ਵਿਖੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਹਿਯੋਗ ਨਾਲ ਕਾਨੂੰਨੀ ਜਾਗਰੂਕਤਾ ਪ੍ਰੋਗਰਾਮ



ਡੇਰਾ ਬੱਸੀ (ਵਿਨੈ ਕੁਮਾਰ ਜੈਨ)- ਸਰਕਾਰੀ ਕਾਲਜ ਡੇਰਾਬੱਸੀ ਦੇ ਕਾਨੂੰਨੀ ਸਾਖਰਤਾ ਕਲੱਬ ਵੱਲੋਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਹਿਯੋਗ ਨਾਲ ਕਾਲਜ ਦੀ ਪ੍ਰਿੰਸੀਪਲ ਵਿਨੀਤਾ ਰਾਓ ਦੀ ਅਗਵਾਈ ਹੇਠ ਕਾਨੂੰਨੀ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਪ੍ਰੋਗਰਾਮ ਦੇ ਆਰੰਭ ਵਿੱਚ ਕਾਨੂੰਨੀ ਸਾਖਰਤਾ ਕਲੱਬ ਦੇ ਮੈਂਬਰ ਸੁਨੀਲ ਕੁਮਾਰ ਨੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪਹੁੰਚੇ ਮੁੱਖ ਬੁਲਾਰੇ ਐਡਵੋਕੇਟ ਜ਼ੇਬਾ ਪਰਵੀਨ ਨਾਲ ਵਿਦਿਆਰਥੀਆਂ ਦੀ ਜਾਣ-ਪਛਾਣ ਕਰਵਾਈ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਐਡਵੋਕੇਟ ਜ਼ੇਬਾ ਪਰਵੀਨ ਨੇ ਮੁਫ਼ਤ ਕਾਨੂੰਨੀ ਸਹਾਇਤਾ ਨਾਲ ਸੰਬੰਧਤ ਕਾਨੂੰਨੀ ਵਿਵਸਥਾਵਾਂ, ਇਸ ਲਈ ਨਿਰਧਾਰਤ ਯੋਗਤਾ ਦੇ ਮਾਪਦੰਡਾਂ ਅਤੇ ਕਾਨੂੰਨੀ ਸਹਾਇਤਾ ਪ੍ਰਾਪਤ ਕਰਨ ਦੀ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਜਿਨਸੀ ਅਪਰਾਧਾਂ ਤੋਂ ਸੁਰੱਖਿਆ ਪ੍ਰਦਾਨ ਕਰਨ ਵਾਲੇ ਕਾਨੂੰਨ ਬਾਰੇ ਵੀ ਜਾਗਰੂਕ ਕੀਤਾ। ਇਸ ਦੌਰਾਨ ਉਨ੍ਹਾਂ ਨੇ ਇਸ ਕਾਨੂੰਨ ਦੀਆਂ ਮੁੱਖ ਵਿਵਸਥਾਵਾਂ ਦੀ ਵਿਆਖਿਆ ਕਰਦਿਆਂ ਬੱਚਿਆਂ ਦੇ ਅਧਿਕਾਰਾਂ ਦੀ ਸੁਰੱਖਿਆ ਅਤੇ ਉਨ੍ਹਾਂ ਦੀ ਹਿਫ਼ਾਜ਼ਤ ਦੇ ਮਹੱਤਵ ਬਾਰੇ ਚਾਨਣਾ ਪਾਇਆ।ਉਨ੍ਹਾਂ ਇਸ ਗੱਲ 'ਤੇ ਵਿਸ਼ੇਸ਼ ਜ਼ੋਰ ਦਿੱਤਾ ਕਿ ਇੱਕ ਜ਼ਿੰਮੇਵਾਰ, ਜਾਗਰੂਕ ਅਤੇ ਸਸ਼ਕਤ ਸਮਾਜ ਦੀ ਸਿਰਜਣਾ ਲਈ ਨਾਗਰਿਕਾਂ ਨੂੰ ਆਪਣੇ ਕਾਨੂੰਨੀ ਅਧਿਕਾਰਾਂ, ਫ਼ਰਜ਼ਾਂ ਅਤੇ ਉਪਲਬਧ ਕਾਨੂੰਨੀ ਉਪਾਵਾਂ ਬਾਰੇ ਜਾਣਕਾਰੀ ਹੋਣਾ ਬਹੁਤ ਜ਼ਰੂਰੀ ਹੈ।ਪ੍ਰੋਗਰਾਮ ਦੌਰਾਨ ਪੈਰਾ ਲੀਗਲ ਵਲੰਟੀਅਰ ਮੀਨਾ ਵੀ ਹਾਜ਼ਰ ਰਹੇ ।ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਕਾਨੂੰਨੀ ਸਾਖਰਤਾ ਨੂੰ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਨੂੰ ਆਪਣੇ ਅਧਿਕਾਰਾਂ ਅਤੇ ਜ਼ਿੰਮੇਵਾਰੀਆਂ ਪ੍ਰਤੀ ਜਾਗਰੂਕ ਕਰਨਾ ਸੀ।

ਸੂਬੇਦਾਰ ਜੀਤ ਦਾਸ ਸਾਥੀਆਂ ਸਮੇਤ ਕਾਂਗਰਸ 'ਚ ਸ਼ਾਮਲ

ਫਗਵਾੜਾ (ਡਾ. ਰਮਨ)- ਫਗਵਾੜਾ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਸਿਆਸੀ ਝਟਕਾ ਲੱਗਾ ਜਦੋਂ ਪਾਰਟੀ ਦੇ ਜ਼ਿਲ੍ਹਾ ਜੁਆਇੰਟ ਸਕੱਤਰ ਸੂਬੇਦਾਰ ਜੀਤ ਦਾਸ ਨੇ ਆਪਣੇ ਪਰਵਾਰ ਅਤੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ। ਜ਼ਿਲ੍ਹਾ ਕਾਂਗਰਸ ਪ੍ਰਧਾਨ ਅਤੇ ਫਗਵਾੜਾ ਦੇ ਵਿਧਾਇਕ ਸਰਦਾਰ ਬਲਵਿੰਦਰ ਸਿੰਘ ਧਾਲੀਵਾਲ (ਰਿਟਾ. ਆਈ.ਏ.ਐਸ.) ਨੇ ਸਾਰੇ ਨਵੇਂ ਸ਼ਾਮਲ ਹੋਏ ਮੈਂਬਰਾਂ ਦਾ ਪਾਰਟੀ ਵਿੱਚ



ਸਵਾਗਤ ਕਰਦਿਆਂ ਉਨ੍ਹਾਂ ਨੂੰ ਪੂਰਾ ਮਾਣ-ਸਤਿਕਾਰ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਸੂਬੇਦਾਰ ਜੀਤ ਦਾਸ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਸੀਨੀਅਰ ਲੀਡਰਸ਼ਿਪ ਵੱਲੋਂ ਵਰਕਰਾਂ ਨੂੰ ਲੋੜੀਂਦਾ ਨੈਤਿਕ ਸਮਰਥਨ ਅਤੇ ਹੌਸਲਾ ਨਹੀਂ ਮਿਲ ਰਿਹਾ। ਉਨ੍ਹਾਂ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਭਾਵੇਂ ਉਹ ਵਿਰੋਧੀ ਧਿਰ ਵਿੱਚ ਹਨ, ਪਰ ਫਿਰ ਵੀ ਫਗਵਾੜਾ ਦੇ ਨਾਗਰਿਕ ਹੋਣ ਦੇ ਨਾਤੇ ਜਦੋਂ ਵੀ ਕਿਸੇ ਨੂੰ ਲੋੜ ਪੈਂਦੀ ਹੈ, ਉਹ ਲੋਕਾਂ ਦੀ ਮਦਦ ਲਈ ਅੱਗੇ ਆਉਂਦੇ ਹਨ। ਉਨ੍ਹਾਂ ਕਿਹਾ ਕਿ ਧਾਲੀਵਾਲ ਵੱਲੋਂ ਲੋਕਾਂ ਨਾਲ ਬਣਾਈ ਗਈ ਸਿੱਧੀ ਸਾਂਝ ਅਤੇ ਲੋੜ ਵੇਲੇ ਮਿਲਣ ਵਾਲਾ ਸਹਿਯੋਗ ਉਨ੍ਹਾਂ ਦੇ ਕਾਂਗਰਸ ਵਿੱਚ ਸ਼ਾਮਲ ਹੋਣ ਦਾ ਇੱਕ ਅਹਿਮ ਕਾਰਨ ਹੈ। ਇਸ ਮੌਕੇ ਨਰੇਸ਼ ਭਾਰਦਵਾਜ ਸ਼ਹਿਰੀ ਬਲਾਕ ਪ੍ਰਧਾਨ ਫਗਵਾੜਾ, ਕੌਂਸਲਰ ਸੰਜੀਵ ਬੁੱਗਾ, ਕੌਂਸਲਰ ਬੰਟੀ ਵਾਲੀਆ, ਜ਼ਿਲ੍ਹਾ ਮਹਿਲਾ ਕਾਂਗਰਸ ਪ੍ਰਧਾਨ ਰਣਜੀਤ ਕੌਰ ਰਾਣੀ, ਸੋਹਣ ਸਿੰਘ ਪਰਮਾਰ, ਅਸ਼ੋਕ ਸੰਧੀ, ਸੁਖਪਾਲ ਸਿੰਘ, ਹਰਵਿੰਦਰ ਸਿੰਘ, ਡਾ. ਅਸ਼ਵਨੀ ਪੀਪਾਰੰਗੀ, ਸੋਹਨ ਸਿੰਘ ਸਮੇਤ ਹੋਰ ਕਾਂਗਰਸੀ ਆਗੂ ਤੇ ਵਰਕਰ ਮੌਜੂਦ ਸਨ।

253 ਅਧਿਆਪਕਾਂ ਨੂੰ ਨੌਕਰੀਓਂ ਕੱਢਣ ਖ਼ਿਲਾਫ਼ ਰੋਸ ਪ੍ਰਦਰਸ਼ਨ, ਆਰਡਰਾਂ ਦੀਆਂ ਕਾਪੀਆਂ ਸਾੜੀਆਂ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ 253 ਮਾਸਟਰ ਕਾਡਰ ਅਧਿਆਪਕਾਂ ਨੂੰ ਟਰਮੀਨੇਟ ਕਰਨ ਦੇ ਫ਼ੈਸਲੇ ਖ਼ਿਲਾਫ਼ ਸ਼ਨੀਵਾਰ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇਕੱਤਰਤਾ ਕਰਨ ਉਪਰੰਤ ਰੋਸ ਮਾਰਚ ਕੀਤਾ ਗਿਆ। ਇਸ ਦੌਰਾਨ ਅਧਿਆਪਕ ਆਗੂਆਂ ਵੱਲੋਂ ਵਿਭਾਗ ਵੱਲੋਂ ਅਧਿਆਪਕਾਂ ਨੂੰ ਭੇਜੇ ਟਰਮੀਨੇਸ਼ਨ ਦੇ ਆਰਡਰਾਂ ਦੀਆਂ ਕਾਪੀਆਂ ਸਾੜੀਆਂ ਗਈਆਂ ।



ਪ੍ਰਦਰਸ਼ਨਕਾਰੀਆਂ ਨੇ ਸਰਕਾਰ ਦੇ ਇਸ ਅਧਿਆਪਕ ਵਿਰੋਧੀ ਫ਼ੈਸਲੇ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਸ ਨੂੰ ਸਰਕਾਰ ਦੀ ਅਧਿਆਪਕ ਵਿਰੋਧੀ, ਨੌਜਵਾਨ ਵਿਰੋਧੀ ਅਤੇ ਲੋਕ ਵਿਰੋਧੀ ਨੀਤੀ ਦਾ ਜਿਉਂਦਾ-ਜਾਗਦਾ ਸਬੂਤ ਕਰਾਰ ਦਿੱਤਾ। ਰੋਸ ਪ੍ਰਦਰਸ਼ਨ ਦੀ ਅਗਵਾਈ ਪ੍ਰਿਤਪਾਲ ਸਿੰਘ ਚੌਟਾਲਾ, ਸੁਖਦੇਵ ਸਿੰਘ ਡਾਂਨਸੀਵਾਲ, ਸੁਰਜੀਤ ਰਾਜਾ, ਜਤਿੰਦਰ ਸਿੰਘ ਸੋਨੀ, ਸੰਜੀਵ ਧੂਤ, ਸਰਬਜੀਤ ਸਿੰਘ ਕੰਗ, ਜਰਨੈਲ ਸਿੰਘ ਸੀਕਰੀ ਨੇ ਕੀਤੀ। ਇਸ ਮੌਕੇ ਆਗੂਆਂ ਨੇ ਕਿਹਾ ਕਿ ਆਪਣੇ ਆਪ ਨੂੰ ਇਨਕਲਾਬੀ ਅਤੇ ਆਮ ਲੋਕਾਂ ਦੀ ਹਮਦਰਦ ਅਖਵਾਉਣ ਵਾਲੀ ਸਰਕਾਰ ਨੇ 253 ਅਧਿਆਪਕ ਪਰਿਵਾਰਾਂ ਦੀ ਰੋਜ਼ੀ-ਰੋਟੀ 'ਤੇ ਕੁਹਾੜਾ ਮਾਰਿਆ ਹੈ। ਜਿਹੜੀ ਸਰਕਾਰ ਚੋਣਾਂ ਸਮੇਂ ਰੁਜ਼ਗਾਰ ਦੇਣ ਦੇ ਵੱਡੇ-ਵੱਡੇ ਵਾਅਦੇ ਕਰਦੀ ਸੀ, ਉਹੀ ਸਰਕਾਰ ਹੁਣ ਸਾਲਾਂ ਤੋਂ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਦਾ ਭਵਿੱਖ ਸੰਵਾਰ ਰਹੇ ਅਧਿਆਪਕਾਂ ਨੂੰ ਨੌਕਰੀਆਂ ਤੋਂ ਬਾਹਰ ਦਾ ਰਸਤਾ ਦਿਖਾ ਰਹੀ ਹੈ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਪਿੰਡ ਗੰਭੀਰਪੁਰ ਵਿਖੇ ਪਿਛਲੇ ਦਸ ਦਿਨਾਂ ਤੋਂ ਇਨਸਾਫ਼ ਲਈ ਸੰਘਰਸ਼ ਕਰ ਰਹੇ ਅਧਿਆਪਕਾਂ ਨੂੰ ਟਰਮੀਨੇਸ਼ਨ ਦੇ ਹੁਕਮ ਭੇਜਣਾ ਸਰਕਾਰ ਦੇ ਹੰਕਾਰੀ ਰਵੱਈਏ ਦੀ ਸਪੱਸ਼ਟ ਮਿਸਾਲ ਹੈ।ਇਸ ਮੌਕੇ ਆਗੂਆਂ ਨੇ ਕਿਹਾ ਕਿ ਸਰਕਾਰ ਨੇ ਦੀਵਾਲੀ ਮੌਕੇ ਇਨ੍ਹਾਂ ਅਧਿਆਪਕਾਂ ਦੇ ਘਰਾਂ ਵਿੱਚ ਖ਼ੁਸ਼ੀਆਂ ਦੇ ਦੀਵੇ ਜਗਾਉਣ ਦੀ ਬਜਾਏ ਉਨ੍ਹਾਂ ਦੇ ਭਵਿੱਖ ਵਿੱਚ ਹਨੇਰਾ ਭਰਨ ਦਾ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਫ਼ੈਸਲਾ ਸਿਰਫ਼ 253 ਅਧਿਆਪਕਾਂ ਨੂੰ ਹੀ ਪ੍ਰਭਾਵਿਤ ਨਹੀਂ ਕਰਦਾ, ਸਗੋਂ ਉਨ੍ਹਾਂ ਦੇ ਬੱਚਿਆਂ, ਮਾਪਿਆਂ ਅਤੇ ਪਰਵਾਰਾਂ ਦੀ ਆਰਥਿਕ ਸੁਰੱਖਿਆ ਦੇ ਨਾਲ-ਨਾਲ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਦੀ ਸਿੱਖਿਆ ਨੂੰ ਵੀ ਸਿੱਧੀ ਸੱਟ ਮਾਰਦਾ ਹੈ। ਆਗੂਆਂ ਨੇ ਕਿਹਾ ਕਿ ਸਰਕਾਰ ਨੂੰ ਆਪਣੀਆਂ ਨਾਕਾਮੀਆਂ ਦਾ ਠੀਕਰਾ ਅਧਿਆਪਕਾਂ ਦੇ ਸਿਰ ਨਹੀਂ ਭੰਨਣਾ ਚਾਹੀਦਾ। ਆਗੂਆਂ ਨੇ ਮੰਗ ਕੀਤੀ ਕਿ 253 ਅਧਿਆਪਕਾਂ ਦੀਆਂ ਸੇਵਾਵਾਂ ਖ਼ਤਮ ਕਰਨ ਦੇ ਫ਼ੈਸਲੇ 'ਤੇ ਮੁੜ ਵਿਚਾਰ ਕਰਦਿਆਂ ਇਸ ਨੂੰ ਤੁਰੰਤ ਵਾਪਸ ਲਿਆ ਜਾਵੇ।ਉਨ੍ਹਾਂ ਚਿਤਾਵਨੀ ਦਿੱਤੀ ਕਿ ਅਧਿਆਪਕਾਂ ਦੇ ਰੁਜ਼ਗਾਰ ਅਤੇ ਸਨਮਾਨ ਨਾਲ ਖਿਲਵਾੜ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਜਿਹੜੀ ਸਰਕਾਰ ਅਧਿਆਪਕਾਂ ਨੂੰ ਇਨਸਾਫ਼ ਦੇਣ ਦੀ ਬਜਾਏ ਉਨ੍ਹਾਂ ਦੀ ਆਵਾਜ਼ ਦਬਾਉਣ ਵਾਲੇ ਕਦਮ ਚੁੱਕਦੀ ਹੈ, ਉਸ ਨੂੰ ਲੋਕਾਂ ਦੇ ਸਵਾਲਾਂ ਅਤੇ ਅਧਿਆਪਕਾਂ ਦੇ ਸੰਘਰਸ਼ ਦਾ ਸਾਹਮਣਾ ਕਰਨਾ ਪਵੇਗਾ।

ਅੰਤ ਵਿੱਚ ਸਮੂਹ ਅਧਿਆਪਕ ਜਥੇਬੰਦੀਆਂ ਦੇ ਆਗੂਆਂ ਨੇ ਮੁਲਾਜ਼ਮ ਵਰਗ ਅਤੇ ਇਨਸਾਫ਼ਪਸੰਦ ਲੋਕਾਂ ਨੂੰ ਪ੍ਰਭਾਵਿਤ ਅਧਿਆਪਕਾਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਸਰਕਾਰ ਤੁਰੰਤ ਟਰਮੀਨੇਸ਼ਨ ਦੇ ਹੁਕਮ ਵਾਪਸ ਲਵੇ, ਨਹੀਂ ਤਾਂ ਇਨ੍ਹਾਂ ਸਾਥੀਆਂ ਦੇ ਚੱਲ ਰਹੇ ਸੰਘਰਸ਼ ਦੇ ਸਮਰਥਨ ਵਿੱਚ ਹੋਰ ਵੀ ਤਿੱਖੇ ਸੰਘਰਸ਼ ਵਿੱਢੇ ਜਾਣਗੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਅਧਿਆਪਕ ਆਗੂ ਵਿਕਾਸ ਸ਼ਰਮਾ, ਬਲਜੀਤ ਮਹਿਮੋਵਾਲ, ਮੈਡਮ ਰਿਮਪਾ, ਮੈਡਮ ਰੱਜੀ, ਮੈਡਮ ਸੋਨੀਆ, ਨਰਿੰਦਰ ਕੌਰ, ਨੀਲਮ ਰਾਜੂ, ਅਧਿਆਪਕ ਸਚਿਨ ਗੜ੍ਹਦੀਵਾਲ, ਪ੍ਰਵੀਨ ਕੁਮਾਰ, ਮੈਡਮ ਮਧੂ, ਲੈਕਚਰਾਰ ਨਵਲ ਕਿਸ਼ੋਰ, ਮਦਨ ਲਾਲ, ਸਰਬਜੀਤ ਸਿੰਘ, ਨੰਦ ਰਾਮ, ਦਵਿੰਦਰ ਹੁਸ਼ਿਆਰਪੁਰ,ਅਸ਼ਵਨੀ ਕੁਮਾਰ, ਸੋਮਪਾਲ ਸਹਿਤ ਵੱਡੀ ਗਿਣਤੀ ਵਿੱਚ ਅਧਿਆਪਕ ਹਾਜ਼ਰ ਸਨ।

ਪਹਿਲਵਾਨ ਆਸਫਪੁਰ ਨੇ ਸਵਰਗ ਧਾਮ ਦਸੂਹਾ ਦੇ ਵਿਕਾਸ ਲਈ 10 ਹਜ਼ਾਰ ਦਾ ਸਹਿਯੋਗ ਦਿੱਤਾ

ਦਸੂਹਾ (ਕਰਨੈਲ ਮਾਂਗਟ) ਸਵਰਗਧਾਮ ਦਸੂਹਾ ਦੇ ਵਿਕਾਸ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸਮਾਜ ਦੇ ਵੱਖ-ਵੱਖ ਵਰਗਾਂ ਵੱਲੋਂ



ਲਗਾਤਾਰ ਸਹਿਯੋਗ ਦਿੱਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਅੰਤਰਰਾਸ਼ਟਰੀ ਖਿਡਾਰੀ ਅਤੇ ਪ੍ਰਸਿੱਧ ਪਹਿਲਵਾਨ ਨਿਰਮਲ ਸਿੰਘ ਆਸਫਪੁਰ ਨੇ ਸਵਰਗਧਾਮ ਦੇ ਵਿਕਾਸ ਕਾਰਜਾਂ ਲਈ 10,000 ਰੁਪਏ ਦੀ ਸਹਿਯੋਗ ਰਾਸ਼ੀ ਸਵਰਗਧਾਮ ਦਸੂਹਾ ਦੇ ਮੈਨੇਜਰ ਐਡਵੋਕੇਟ ਪੁਨੀਤ ਬੱਸੀ ਨੂੰ ਭੇਟ ਕੀਤੀ।

ਇਸ ਮੌਕੇ ਸਵਰਗਧਾਮ ਦੇ ਪ੍ਰਧਾਨ ਓਮਕਾਰ ਨਾਥ ਰਲਹਨ ਨੇ ਨਿਰਮਲ ਪਹਿਲਵਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਮਾਜ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਮਿਲ ਰਿਹਾ ਇਹ ਸਹਿਯੋਗ ਸਵਰਗਧਾਮ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਦੇ ਰਿਹਾ ਹੈ। ਇਸ ਮੌਕੇ ਵਾਸੁਦੇਵ ਦੇਪਰ ਅਤੇ ਸਤਨਾਮ (ਮਰਚੈਂਟ ਨੇਵੀ) ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਮੈਨੇਜਰ ਐਡਵੋਕੇਟ ਪੁਨੀਤ ਬੱਸੀ ਨੇ ਦੱਸਿਆ ਕਿ ਸਵਰਗਧਾਮ ਦਸੂਹਾ ਵਿਖੇ ਸਹੂਲਤਾਂ ਵਿੱਚ ਲਗਾਤਾਰ ਵਾਧਾ ਕੀਤਾ ਜਾ ਰਿਹਾ ਹੈ। ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਮ੍ਰਿਤਕ ਦੇਹ ਨੂੰ ਲਿਜਾਣ ਲਈ ਨਵੀਂ ਵੈਨ ਦੀ ਵਿਵਸਥਾ ਕਰਨ ਦਾ ਕੰਮ ਪ੍ਰਕਿਰਿਆ ਅਧੀਨ ਹੈ। ਇਸ ਦੇ ਨਾਲ ਹੀ ਜਲਦੀ ਹੀ ਮੁਫ਼ਤ ਮੈਡੀਕਲ ਕੈਂਪ ਲਗਾਉਣ ਦੀਆਂ ਤਿਆਰੀਆਂ ਵੀ ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਇਲਾਕੇ ਦੇ ਲੋਕਾਂ ਨੂੰ ਸਿਹਤ ਸਬੰਧੀ ਜਾਂਚ ਅਤੇ ਡਾਕਟਰੀ ਸਹੂਲਤਾਂ ਦਾ ਲਾਭ ਮਿਲ ਸਕੇ। ਉਨ੍ਹਾਂ ਕਿਹਾ ਕਿ ਸਵਰਗਧਾਮ ਦਾ ਉਦੇਸ਼ ਸਿਰਫ਼ ਇਮਾਰਤੀ ਵਿਕਾਸ ਤੱਕ ਸੀਮਤ ਨਹੀਂ, ਸਗੋਂ ਲੋਕਾਂ ਦੀਆਂ ਲੋੜਾਂ ਅਨੁਸਾਰ ਮਨੁੱਖਤਾ ਅਤੇ ਸਮਾਜ ਸੇਵਾ ਨਾਲ ਜੁੜੀਆਂ ਸਹੂਲਤਾਂ ਉਪਲਬਧ ਕਰਵਾਉਣਾ ਹੈ। ਪ੍ਰਬੰਧਕਾਂ ਨੇ ਅੰਤਰਰਾਸਟਰੀ ਪਹਿਲਵਾਨ ਨਿਰਮਲ ਸਿੰਘ ਆਸਫਪੁਰ ਵੱਲੋਂ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ।

ਸਿੱਖ ਮਿਸ਼ਨਰੀ ਕਾਲਜ ਨੇ ਧਾਰਮਿਕ ਪ੍ਰੀਖਿਆ ਕਰਵਾਈ



ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਸਿੱਖ ਮਿਸ਼ਨਰੀ ਕਾਲਜ (ਰਜਿ:) ਲੁਧਿਆਣਾ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬੱਚਿਆਂ ਨੂੰ ਸਿੱਖ ਇਤਿਹਾਸ, ਗੁਰਬਾਣੀ, ਗੁਰਮਤਿ ਫ਼ਲਸਫ਼ੇ ਅਤੇ ਰਹਿਤ ਮਰਯਾਦਾ ਨਾਲ ਜੋੜਨ ਲਈ ਸਾਲਾਨਾ ਧਾਰਮਿਕ ਪ੍ਰੀਖਿਆ 31 ਅਕਤੂਬਰ ਨੂੰ ਸਵੇਰੇ 10 ਤੋਂ 12 ਵਜੇ ਤੱਕ ਵੱਖ- ਵੱਖ ਸਕੂਲਾਂ ਵਿਚ ਕਰਵਾਈ । ਇਸ ਪ੍ਰੀਖਿਆ ਲਈ ਪੂਰੇ ਦੇਸ਼ ਭਰ ਵਿੱਚ 950 ਤੋਂ ਵੱਧ ਪ੍ਰੀਖਿਆ ਕੇਂਦਰ (ਸੈਂਟਰ) ਬਣਾਏ ਗਏ ਸਨ ਜਿਨ੍ਹਾਂ ਵਿੱਚ 90 ਹਜ਼ਾਰ ਤੋਂ ਵੱਧ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਇਸ ਪ੍ਰੀਖਿਆ ਸਬੰਧੀ ਜਾਣਕਾਰੀ ਦਿੰਦਿਆਂ ਸਤਪਾਲ ਸਿੰਘ ਭੁੰਗਰਨੀ ਸਰਕਲ ਇੰਚਾਰਜ ਨੇ ਦੱਸਿਆ ਕਿ ਇਸ ਪ੍ਰੀਖਿਆ ਵਿੱਚ ਭੁੰਗਰਨੀ ਸਰਕਲ ਅਧੀਨ ਤਿੰਨ ਸਕੂਲਾਂ ਦੇ 176 ਬੱਚਿਆਂ ਨੇ ਹਿੱਸਾ ਲਿਆ। ਸਰਕਲ ਇੰਚਾਰਜ ਵੱਲੋਂ ਵੱਖ ਵੱਖ ਸਕੂਲਾਂ ਦੇ ਪ੍ਰਿੰਸੀਪਲ ਸਾਹਿਬਾਨ, ਅਧਿਆਪਕ ਸਾਹਿਬਾਨ, ਸੁਪਰਡੈਂਟ ਤੇ ਸੁਪਰਵਾਈਜ਼ਰ ਸਾਹਿਬਾਨ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਇਸ ਪ੍ਰੀਖਿਆ ਨੂੰ ਨੇਪਰੇ ਚਾੜ੍ਹਨ ਵਿੱਚ ਭਰਪੂਰ ਯੋਗਦਾਨ ਪਾਇਆ।

ਇਨੋਸੈਂਟ ਹਾਰਟਸ ਗਰੁੱਪ ਨੇ ਸਾਲਾਨਾ ਚੈਂਪੀਅਨ ਐਕਸੀਲੈਂਸ ਐਵਾਰਡਜ਼ 2026 ਸਮਾਗਮ ਕਰਵਾਇਆ

ਜਲੰਧਰ (ਸ਼ੈਲੀ ਐਲਬਰਟ)- ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਦੇ ਅੰਤਰਗਤ ਇੰਨੋਸੈਂਟ ਹਾਰਟਸ ਗਰੁੱਪ ਵੱਲੋਂ ਵੱਕਾਰੀ ਸਾਲਾਨਾ ਚੈਂਪੀਅਨ ਐਕਸੀਲੈਂਸ ਐਵਾਰਡਜ਼ 2026 ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਸਮਾਰੋਹ ਦੌਰਾਨ ਗਰੁੱਪ ਦੀਆਂ ਪੰਜ ਸ਼ਾਖਾਵਾਂ—ਗ੍ਰੀਨ ਮਾਡਲ ਟਾਊਨ, ਲੋਹਾਰਾਂ, ਨੂਰਪੁਰ ਰੋਡ, ਕੈਂਟ-ਜੰਡਿਆਲਾ ਰੋਡ ਅਤੇ ਕਪੂਰਥਲਾ ਰੋਡ ਦੇ ਹੋਣਹਾਰ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਨੇ ਅੰਤਰਰਾਸ਼ਟਰੀ, ਰਾਸ਼ਟਰੀ, ਰਾਜ ਅਤੇ ਜ਼ਿਲ੍ਹਾ ਪੱਧਰ 'ਤੇ ਆਪਣੀਆਂ ਸ਼ਾਨਦਾਰ ਪ੍ਰਾਪਤੀਆਂ ਨਾਲ ਸੰਸਥਾ ਦਾ ਨਾਂਅ ਰੌਸ਼ਨ ਕੀਤਾ। ਇਸ ਮੌਕੇ ਪੰਜਾਬ ਰਾਜ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਦੇ ਚੇਅਰਮੈਨ ਕੰਵਰਦੀਪ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਰੋਹ ਦੀ ਸ਼ੁਰੂਆਤ ਮੁੱਖ ਮਹਿਮਾਨ ਦੇ ਨਿੱਘੇ ਸਵਾਗਤ ਅਤੇ ਪਰੰਪਰਾਗਤ ਜੋਤੀ ਪ੍ਰਚੰਡ ਕਰਨ ਦੀ ਰਸਮ ਨਾਲ ਹੋਈ। ਵਿਦਿਆਰਥੀਆਂ ਵੱਲੋਂ ਭਗਵਾਨ ਸ਼ਿਵ ਨੂੰ ਸਮਰਪਿਤ ਭਾਵਪੂਰਨ 'ਨਟਰਾਜ ਵੰਦਨਾ' ਦੀ ਪੇਸ਼ਕਾਰੀ ਨੇ ਸਮਾਰੋਹ ਨੂੰ ਰੂਹਾਨੀ ਅਤੇ ਭਗਤੀਮਈ ਰੰਗ ਪ੍ਰਦਾਨ ਕੀਤਾ। ਇਸ ਪ੍ਰੋਗਰਾਮ ਦਾ ਮੁੱਖ ਆਕਰਸ਼ਣ ਵੱਖ-ਵੱਖ ਖੇਡਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਨ ਵਾਲੇ ਲਗਭਗ 226 ਖਿਡਾਰੀਆਂ ਦਾ ਸਨਮਾਨ ਸਮਾਰੋਹ ਰਿਹਾ। ਆਪਣੇ ਸੰਬੋਧਨ ਵਿੱਚ ਮੁੱਖ ਮਹਿਮਾਨ ਕੰਵਰਦੀਪ ਸਿੰਘ ਨੇ ਵਿਦਿਆਰਥੀਆਂ ਦੀ ਖੇਡ ਪ੍ਰਤਿਭਾ ਨੂੰ ਨਿਖਾਰਨ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ



ਸਕੂਲ ਪ੍ਰਬੰਧਨ, ਅਧਿਆਪਕਾਂ ਅਤੇ ਕੋਚਾਂ ਦੇ ਸਾਂਝੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ।

ਸਮਾਰੋਹ ਨੂੰ ਭਾਵਨਾਤਮਕ ਛੋਹ ਦਿੰਦਿਆਂ ਅੰਤਰਰਾਸ਼ਟਰੀ ਅਤੇ ਰਾਸ਼ਟਰੀ ਪੱਧਰ 'ਤੇ ਪ੍ਰਾਪਤੀਆਂ ਕਰਨ ਵਾਲੇ ਖਿਡਾਰੀਆਂ ਦੇ ਮਾਪਿਆਂ ਨੇ ਟਰੱਸਟ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਸ਼ਾਨਦਾਰ ਖੇਡ ਸਹੂਲਤਾਂ, ਪੇਸ਼ੇਵਰ ਮਾਰਗਦਰਸ਼ਨ ਅਤੇ ਨੌਜਵਾਨ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਦਿੱਤੇ ਜਾ ਰਹੇ ਮੌਕਿਆਂ ਵਾਸਤੇ ਧੰਨਵਾਦ ਪ੍ਰਗਟ ਕੀਤਾ।ਪੂਰੇ ਪ੍ਰੋਗਰਾਮ ਦਾ ਮੰਚ ਸੰਚਾਲਨ ਵਿਦਿਆਰਥੀਆਂ ਵੱਲੋਂ ਬਹੁਤ ਹੀ ਆਤਮ-ਵਿਸ਼ਵਾਸ ਨਾਲ ਕੀਤਾ ਗਿਆ। ਇਸ ਮੌਕੇ ਇੰਨੋਸੈਂਟ ਹਾਰਟਸ ਗਰੁੱਪ ਦੇ ਚੇਅਰਮੈਨ ਡਾ. ਅਨੂਪ ਬੌਰੀ ਨੇ ਮੁੱਖ ਮਹਿਮਾਨ ਕੰਵਰਦੀਪ ਸਿੰਘ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ। ਸਮਾਰੋਹ ਵਿੱਚ ਪ੍ਰਬੰਧਨ ਕਮੇਟੀ ਦੇ ਹੋਰ ਪਤਵੰਤੇ ਮੈਂਬਰ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ, ਜਿਨ੍ਹਾਂ ਵਿੱਚ ਸ਼ੈਲੀ ਬੌਰੀ (ਐਗਜ਼ੀਕਿਊਟਿਵ ਡਾਇਰੈਕਟਰ, ਸਕੂਲਜ਼), ਅਰਾਧਨਾ (ਐਗਜ਼ੀਕਿਊਟਿਵ ਡਾਇਰੈਕਟਰ, ਕਾਲਜਿਜ਼), ਡਾ. ਪਲਕ ਗੁਪਤਾ (ਡਾਇਰੈਕਟਰ, ਸੀ.ਐੱਸ.ਆਰ.), ਡਾ. ਰੋਹਨ (ਡਾਇਰੈਕਟਰ, ਇੰਨੋਸੈਂਟ ਹਾਰਟਸ ਆਈ ਕੇਅਰ ਸੈਂਟਰ), ਡਾ. ਆਸਥਾ (ਯੰਗ ਮਾਈਂਡਜ਼ ਕਲਚਰਲ ਐਂਡ ਲਾਈਫ ਸਕਿਲਜ਼ ਮੈਂਟਰ) ਤੇ ਰਾਜੀਵ ਪਾਲੀਵਾਲ (ਡਿਪਟੀ ਡਾਇਰੈਕਟਰ, ਸਪੋਰਟਸ) ਸ਼ਾਮਲ ਸਨ।ਇਸ ਮੌਕੇ ਇੰਨੋਸੈਂਟ ਹਾਰਟਸ ਦੀ ਸਮਰਪਿਤ ਸਪੋਰਟਸ ਟੀਮ ਨੂੰ ਵੀ ਮੰਚ 'ਤੇ ਸੱਦਾ ਦਿੱਤਾ ਗਿਆ ਅਤੇ ਖੇਡਾਂ ਪ੍ਰਤੀ ਉਨ੍ਹਾਂ ਦੀ ਅਟੁੱਟ ਵਚਨਬੱਧਤਾ, ਅਨੁਸ਼ਾਸਨ ਅਤੇ ਸੰਸਥਾ ਦੀਆਂ ਖੇਡ ਪ੍ਰਾਪਤੀਆਂ ਵਿੱਚ ਪਾਏ ਗਏ ਮਹੱਤਵਪੂਰਨ ਯੋਗਦਾਨ ਲਈ ਉਨ੍ਹਾਂ ਦੀ ਭਰਪੂਰ ਸ਼ਲਾਘਾ ਕੀਤੀ ਗਈ।

ਮਠਿਆਈਆਂ ਦੀਆਂ ਦੁਕਾਨਾਂ ਦੀ ਜਾਂਚ, ਚਾਰ ਸੈਂਪਲ ਭਰੇ

ਕਪੂਰਥਲਾ (ਡਾ. ਰਮਨ)- ਤਿਉਹਾਰਾਂ ਦੇ ਸੀਜ਼ਨ ਦੌਰਾਨ ਲੋਕਾਂ ਨੂੰ ਸੁਰੱਖਿਅਤ ਅਤੇ ਮਿਆਰੀ ਖਾਣ-ਪੀਣ ਵਾਲੀਆਂ ਵਸਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਐਸ ਡੀ ਐਮ ਫਗਵਾੜਾ ਦੀ ਅਗਵਾਈ ਹੇਠ ਵਿਸ਼ੇਸ਼ ਜਾਂਚ ਮੁਹਿੰਮ ਚਲਾਈ ਜਾ ਰਹੀ ਹੈ।ਇਸੇ ਲੜੀ ਤਹਿਤ ਐਸ ਡੀ ਐਮ ਫਗਵਾੜਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਫਗਵਾੜਾ ਵਿਖੇ ਮਠਿਆਈਆਂ ਦੀਆਂ



ਪ੍ਰਮੁੱਖ ਦੁਕਾਨਾਂ ਦੀ ਜਾਂਚ ਕੀਤੀ ਗਈ। ਇਸ ਕਾਰਵਾਈ ਦੌਰਾਨ ਅਸਿਸਟੈਂਟ ਕਮਿਸ਼ਨਰ ਫੂਡ, ਕਪੂਰਥਲਾ ਅਤੇ ਫੂਡ ਸੇਫਟੀ ਅਫ਼ਸਰ, ਏਰੀਆ-2 ਵੱਲੋਂ ਕੁੱਲ ਚਾਰ ਸੈਂਪਲ ਲਏ ਗਏ, ਜਿਨ੍ਹਾਂ ਵਿੱਚ ਚਾਕਲੇਟ ਬਰਫ਼ੀ, ਚਣਾ ਬਰਫ਼ੀ, ਮਿਲਕ ਪੇੜਾ ਅਤੇ ਕਾਜੂ ਕਤਲੀ ਸ਼ਾਮਲ ਹਨ।ਸਾਰੇ ਚਾਰ ਸੈਂਪਲ ਜਾਂਚ ਅਤੇ ਵਿਸ਼ਲੇਸ਼ਣ ਲਈ ਸਟੇਟ ਫੂਡ ਲੈਬਾਰਟਰੀ ਵਿਖੇ ਭੇਜ ਦਿੱਤੇ ਗਏ ਹਨ। ਲੈਬਾਰਟਰੀ ਦੀ ਰਿਪੋਰਟ ਪ੍ਰਾਪਤ ਹੋਣ ਉਪਰੰਤ ਨਿਯਮਾਂ ਅਨੁਸਾਰ ਅਗਲੀ ਕਾਰਵਾਈ ਕੀਤੀ ਜਾਵੇਗੀ। ਜ਼ਿਕਰਯੋਗ ਹੈ ਕਿ ਦੀਵਾਲੀ-2026 ਦੇ ਤਿਉਹਾਰਾਂ ਦੇ ਮੱਦੇਨਜ਼ਰ ਐਸ ਡੀ ਐਮ ਫਗਵਾੜਾ ਵੱਲੋਂ ਫਗਵਾੜਾ ਸ਼ਹਿਰ ਵਿੱਚ ਵੱਖ-ਵੱਖ ਖਾਣ-ਪੀਣ ਵਾਲੀਆਂ ਵਸਤਾਂ ਦੀ ਗੁਣਵੱਤਾ ਅਤੇ ਸੁਰੱਖਿਆ ਯਕੀਨੀ ਬਣਾਉਣ ਲਈ ਇੱਕ ਵਿਸ਼ੇਸ਼ ਟੀਮ ਦਾ ਗਠਨ ਕੀਤਾ ਗਿਆ ਹੈ।

ਇਸ ਟੀਮ ਵਿੱਚ ਤਹਿਸੀਲਦਾਰ, ਫਗਵਾੜਾ (ਇੰਚਾਰਜ), ਸਹਾਇਕ ਕਮਿਸ਼ਨਰ, ਨਗਰ ਨਿਗਮ ਫਗਵਾੜਾ (ਸਹਾਇਕ ਇੰਚਾਰਜ), ਫੂਡ ਸੇਫਟੀ ਅਫ਼ਸਰ, ਫਗਵਾੜਾ, ਮੁੱਖ ਅਫ਼ਸਰ (ਸਿਟੀ), ਫਗਵਾੜਾ, ਸੈਨੀਟੇਸ਼ਨ ਮੈਡੀਕਲ ਅਫ਼ਸਰ, ਸਿਵਲ ਹਸਪਤਾਲ ਫਗਵਾੜਾ ਅਤੇ ਸਹਾਇਕ ਖੁਰਾਕ ਤੇ ਸਿਵਲ ਸਪਲਾਈ ਅਫ਼ਸਰ, ਫਗਵਾੜਾ ਨੂੰ ਸ਼ਾਮਲ ਕੀਤਾ ਗਿਆ ਹੈ।

ਡੇਰਾ ਬੱਸੀ ਦੇ ਪੰਜ ਪਿੰਡਾਂ 'ਚ 50 ਲੱਖ ਰੁਪਏ ਦੇ ਵਿਕਾਸ ਕਾਰਜ ਸ਼ੁਰੂ : ਰੰਧਾਵਾ

ਡੇਰਾਬੱਸੀ (ਵਿਨੈ ਕੁਮਾਰ ਜੈਨ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਕੀਤੇ ਜਾ ਰਹੇ ਯਤਨਾਂ ਤਹਿਤ ਡੇਰਾਬੱਸੀ ਸਰਕਲ ਦੇ ਪੰਜ ਪਿੰਡਾਂ ਵਿੱਚ ਕੁੱਲ 50 ਲੱਖ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ। ਇਹਨਾਂ ਕਾਰਜਾਂ ਦੀ ਸ਼ੁਰੂਆਤ ਹਲਕਾ ਵਿਧਾਇਕ ਕੁਲਜੀਤ



ਸਿੰਘ ਰੰਧਾਵਾ ਵੱਲੋਂ ਕਰਵਾਈ ਗਈ।ਇਸ ਤਹਿਤ ਪਿੰਡ ਦਫ਼ਰਪੁਰ ਵਿਖੇ 10 ਲੱਖ ਰੁਪਏ ਦੀ ਲਾਗਤ ਨਾਲ ਸ਼ਮਸ਼ਾਨਘਾਟ ਦੀ ਚਾਰਦੀਵਾਰੀ, ਪਿੰਡ ਹੈਬਤਪੁਰ ਵਿਖੇ 10 ਲੱਖ ਰੁਪਏ ਦੀ ਲਾਗਤ ਨਾਲ ਖੇਡ ਸਟੇਡੀਅਮ ਦੇ ਵਿਕਾਸ ਕਾਰਜ, ਪਿੰਡ ਖੇੜੀ ਗੁੱਜਰਾਂ ਵਿਖੇ 10 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਅਤੇ ਨਾਲੀਆਂ ਦੇ ਨਿਰਮਾਣ ਕਾਰਜ, ਪਿੰਡ ਬਿਜਨਪੁਰ ਵਿਖੇ 10 ਲੱਖ ਰੁਪਏ ਦੀ ਲਾਗਤ ਨਾਲ ਖੇਡ ਸਟੇਡੀਅਮ ਦੇ ਵਿਕਾਸ ਕਾਰਜ ਅਤੇ ਪਿੰਡ ਜਵਾਹਰਪੁਰ ਵਿਖੇ 10 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਅਤੇ ਨਾਲੀਆਂ ਦੇ ਵਿਕਾਸ ਕਾਰਜ ਸ਼ੁਰੂ ਕਰਵਾਏ ਗਏ।ਇਸ ਮੌਕੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਨੂੰ ਸ਼ਹਿਰਾਂ ਦੇ ਵਿਕਾਸ ਦੇ ਬਰਾਬਰ ਤਰਜੀਹ ਦੇ ਰਹੀ ਹੈ। ਸਰਕਾਰ ਦਾ ਉਦੇਸ਼ ਸਿਰਫ਼ ਵੱਡੇ ਪ੍ਰੋਜੈਕਟਾਂ ਤੱਕ ਸੀਮਤ ਰਹਿਣਾ ਨਹੀਂ, ਸਗੋਂ ਪਿੰਡਾਂ ਦੀਆਂ ਰੋਜ਼ਾਨਾ ਦੀਆਂ ਬੁਨਿਆਦੀ ਲੋੜਾਂ ਜਿਵੇਂ ਗਲੀਆਂ, ਨਾਲੀਆਂ, ਖੇਡ ਮੈਦਾਨਾਂ ਅਤੇ ਹੋਰ ਜਨਤਕ ਸਹੂਲਤਾਂ ਨੂੰ ਵੀ ਬਿਹਤਰ ਬਣਾਉਣਾ ਹੈ, ਤਾਂ ਜੋ ਆਮ ਲੋਕਾਂ ਨੂੰ ਆਪਣੇ ਹੀ ਪਿੰਡਾਂ ਵਿੱਚ ਸੁਵਿਧਾਜਨਕ ਮਾਹੌਲ ਮਿਲ ਸਕੇ।

ਵਿਧਾਇਕ ਨੇ ਕਿਹਾ ਕਿ ਹਲਕਾ ਡੇਰਾਬੱਸੀ ਦੇ ਹਰ ਪਿੰਡ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਇਸ ਮੌਕੇ ਸਰਪੰਚ ਰਾਜਵੰਤ ਕੌਰ, ਜਸਵਿੰਦਰ ਕੌਰ, ਕ੍ਰਿਸ਼ਨ ਲਾਲ, ਸੁਸ਼ੀਲ ਕੁਮਾਰ, ਗੁਰਪ੍ਰੀਤ ਸਿੰਘ,ਬਲਾਕ ਸੰਮਤੀ ਮੈਂਬਰ ਮੁਕੇਸ਼ ਕਮਲ, ਰਾਜ ਰਾਣੀ ਪਤਨੀ ਆਪ ਆਗੂ ਅਸ਼ੋਕ ਕੁਮਾਰ ਸਮੇਤ ਹੋਰ ਪਤਵੰਤੇ ਹਾਜ਼ਰ ਰਹੇ।

ਬੀ. ਡਿਜ਼ਾਇਨ (ਮਲਟੀਮੀਡੀਆ) ਸਮੈਸਟਰ ਚੌਥਾ ਦਾ ਨਤੀਜਾ ਰਿਹਾ ਸ਼ਾਨਦਾਰ



ਜਲੰਧਰ (ਸ਼ੈਲੀ ਐਲਬਰਟ)- ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਦੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ ਐਲਾਨੇ ਬੀ ਡਿਜ਼ਾਇਨ (ਮਲਟੀਮੀਡੀਆ) ਚੌਥਾ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਵਿਦਿਆਰਥਣ ਗੀਤਿਕਾ ਨੇ 10 ਵਿਚੋਂ 9.64 ਐਸ ਜੀ ਪੀ ਏ ਪ੍ਰਾਪਤ ਕਰਕੇ ਯੂਨੀਵਰਸਿਟੀ ਮੈਰਿਟ ਵਿਚੋਂ ਦੂਜਾ ਸਥਾਨ ਅਤੇ ਮਨਕੀਰਤ ਕੌਰ ਸਿੱਧੂ ਨੇ 9.55 ਐਸ ਜੀ ਪੀ ਏ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ। ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਅਤੇ ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਵਿਸ਼ੇਸ਼ ਤੌਰ ਤੇ ਵਿਦਿਆਰਥਣਾਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ। ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਇਸ ਮੌਕੇ ਵਧਾਈ ਦਿੰਦੇ ਹੋਏ ਵਿਦਿਆਰਥੀਆਂ ਦੇ ਚੰਗੇ ਭਵਿੱਖ ਵਿਚ ਹੋਰ ਵੱਡੀਆਂ ਪ੍ਰਾਪਤੀਆਂ ਦੀ ਕਾਮਨਾ ਕੀਤੀ। ਵਿਦਿਆਰਥਣਾਂ ਨੇ ਆਪਣੀ ਇਸ ਉਪਲਬਧੀ ਦਾ ਸਿਹਰਾ ਅਧਿਆਪਕਾਂ ਨੂੰ ਅਤੇ ਕਾਲਜ ਦੇ ਵਧੀਆ ਪੜ੍ਹਾਈ ਦੇ ਵਾਤਾਵਰਣ ਨੂੰ ਦਿੱਤਾ। ਇਸ ਮੌਕੇ ਪ੍ਰੋ. ਸੰਜੀਵ ਕੁਮਾਰ ਆਨੰਦ ਮੁਖੀ ਕੰਪਿਊਟਰ ਸਾਇੰਸ ਵਿਭਾਗ ਅਤੇ ਪ੍ਰੋ. ਐਨੀ ਗੋਇਲ ਵੀ ਹਾਜ਼ਰ ਸਨ।

'ਪੰਜਾਬ ਦੇ ਸਾਹਮਣੇ ਆਰਥਿਕ, ਸਮਾਜਿਕ ਤੇ ਵਾਤਾਵਰਣਕ ਚੁਣੌਤੀਆਂ ਲਗਾਤਾਰ ਵਧ ਰਹੀਆਂ'

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਸਮਾਜਿਕ ਤੇ ਕੁਦਰਤੀ ਵਾਤਾਵਰਣ ਪ੍ਰੇਮੀ ਪੀ.ਕੇ. ਰਾਣਾ ਉਰਫ਼ ਠਾਕੁਰ ਵੀਰ ਪ੍ਰਤਾਪ ਰਾਣਾ, ਅਸ਼ਵਨੀ ਗੈਂਦ ਸੰਸਥਾਪਕ ਪ੍ਰਧਾਨ ਨਈ ਸੋਚ ਸੰਸਥਾ, ਸੁਰੇਸ਼ ਭਾਟੀਆ ਬਿੱਟੂ ਸਾਬਕਾ ਕੌਂਸਲਰ ਅਤੇ ਅਸ਼ੋਕ ਸ਼ਰਮਾ ਪ੍ਰਧਾਨ ਸਵਰਨਕਾਰ ਸੰਘ ਨੇ ਪੰਜਾਬ ਦੀ ਮੌਜੂਦਾ ਹਾਲਤ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਇੱਕ ਸਾਂਝੇ



ਬਿਆਨ ਵਿੱਚ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵੱਡੇ-ਵੱਡੇ ਵਾਅਦਿਆਂ ਨਾਲ ਸੱਤਾ ਹਾਸਲ ਕੀਤੀ ਸੀ, ਪਰ ਅੱਜ ਪੰਜਾਬ ਦੇ ਸਾਹਮਣੇ ਆਰਥਿਕ, ਸਮਾਜਿਕ ਅਤੇ ਵਾਤਾਵਰਣਕ ਚੁਣੌਤੀਆਂ ਲਗਾਤਾਰ ਵਧ ਰਹੀਆਂ ਹਨ।

ਸਰਕਾਰ ਦੀਆਂ ਨੀਤੀਆਂ ਨੇ ਪੰਜਾਬ ਨੂੰ ਵਿਕਾਸ ਦੀ ਦੌੜ ਵਿੱਚ ਕਈ ਦਹਾਕੇ ਪਿੱਛੇ ਧੱਕ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ 'ਤੇ ਵਧਦਾ ਕਰਜ਼ਾ, ਨੌਜਵਾਨਾਂ ਵਿੱਚ ਵਧਦੀ ਬੇਰੁਜ਼ਗਾਰੀ, ਨਸ਼ੇ ਦਾ ਪਸਾਰ, ਕਾਨੂੰਨ-ਵਿਵਸਥਾ ਦੀਆਂ ਚੁਣੌਤੀਆਂ ਅਤੇ ਉਦਯੋਗਾਂ ਸਾਹਮਣੇ ਅਨਿਸ਼ਚਿਤਤਾ ਦਾ ਮਾਹੌਲ ਰਾਜ ਦੀ ਤਰੱਕੀ 'ਤੇ ਸਵਾਲ ਖੜ੍ਹੇ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਰੀੜ੍ਹ ਦੀ ਹੱਡੀ ਮੰਨੀ ਜਾਣ ਵਾਲੀ ਖੇਤੀ ਪ੍ਰਣਾਲੀ ਵੀ ਗੰਭੀਰ ਸੰਕਟ ਵਿੱਚ ਹੈ। ਡਿੱਗਦਾ ਧਰਤੀ ਹੇਠਲਾ ਪਾਣੀ ਦਾ ਪੱਧਰ, ਝੋਨੇ ਦੀ ਖੇਤੀ 'ਤੇ ਬਹੁਤ ਜ਼ਿਆਦਾ ਨਿਰਭਰਤਾ ਅਤੇ ਕੁਦਰਤੀ ਸੋਮਿਆਂ ਦਾ ਲਗਾਤਾਰ ਸ਼ੋਸ਼ਣ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਨੂੰ ਖ਼ਤਰੇ ਵਿੱਚ ਪਾ ਰਿਹਾ ਹੈ। ਸਰਕਾਰ ਨੂੰ ਕਿਸਾਨਾਂ, ਉਦਯੋਗਾਂ ਅਤੇ ਆਮ ਜਨਤਾ ਨਾਲ ਮਿਲ ਕੇ ਧਰਤੀ ਹੇਠਲੇ ਪਾਣੀ ਦੀ ਸੰਭਾਲ ਅਤੇ ਖੇਤੀ ਸੁਧਾਰਾਂ ਦੀ ਢੁਕਵੀਂ ਨੀਤੀ ਬਣਾਉਣੀ ਚਾਹੀਦੀ ਹੈ। ਉਨ੍ਹਾਂ ਸਰਕਾਰ ਨੂੰ ਸਵਾਲ ਕੀਤਾ ਕਿ ਆਖ਼ਰ ਪੰਜਾਬ ਨੂੰ ਕਰਜ਼ੇ, ਬੇਰੁਜ਼ਗਾਰੀ, ਨਸ਼ੇ ਅਤੇ ਵਾਤਾਵਰਣ ਸੰਕਟ ਵਿੱਚੋਂ ਬਾਹਰ ਕੱਢਣ ਦੀ ਠੋਸ ਸਮਾਂ-ਬੱਧ ਯੋਜਨਾ ਕੀ ਹੈ?

ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ 'ਚ ਪ੍ਰਤਿਭਾ ਦੀ ਕੋਈ ਕਮੀ ਨਹੀਂ : ਜਿੰਪਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਲੋੜਾਂ ਵਾਲੇ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਨਿਖਾਰਨ ਅਤੇ ਉਨ੍ਹਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਲਾਜਵੰਤੀ ਸਟੇਡੀਅਮ ਹੁਸ਼ਿਆਰਪੁਰ ਵਿਖੇ ਕਰਵਾਈਆਂ ਗਈਆਂ 70ਵੀਆਂ ਜ਼ਿਲ੍ਹਾ ਪੱਧਰੀ ਵਿਸ਼ੇਸ਼ ਖੇਡਾਂ ਉਤਸ਼ਾਹ ਨਾਲ ਸੰਪੰਨ ਹੋਈਆਂ। ਇਨ੍ਹਾਂ ਖੇਡਾਂ ਦਾ ਉਦਘਾਟਨ ਮੁੱਖ ਮਹਿਮਾਨ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕੀਤਾ। ਸਮਾਗਮ ਵਿੱਚ ਸਮਾਜ



ਸੇਵੀ ਸੰਜੀਵ ਅਰੋੜਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਵਿਧਾਇਕ ਜਿੰਪਾ ਨੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਵਿੱਚ ਪ੍ਰਤਿਭਾ, ਆਤਮ-ਵਿਸ਼ਵਾਸ ਅਤੇ ਅੱਗੇ ਵਧਣ ਦੀ ਭਰਪੂਰ ਸਮਰੱਥਾ ਹੁੰਦੀ ਹੈ। ਲੋੜ ਸਿਰਫ਼ ਉਨ੍ਹਾਂ ਨੂੰ ਉਚਿਤ ਮੌਕੇ, ਹੱਲਾਸ਼ੇਰੀ ਅਤੇ ਸਹਿਯੋਗ ਦੇਣ ਦੀ ਹੈ।

ਉਨ੍ਹਾਂ ਵਿਦਿਆਰਥੀਆਂ ਨੂੰ ਤਿਆਰ ਕਰਨ ਵਾਲੇ ਅਧਿਆਪਕਾਂ ਦੀ ਮਿਹਨਤ ਅਤੇ ਸਮਰਪਣ ਦੀ ਸ਼ਲਾਘਾ ਕੀਤੀ। ਇਸ ਦੇ ਨਾਲ ਹੀ ਉਨ੍ਹਾਂ ਮਾਪਿਆਂ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਦੇ ਸਹਿਯੋਗ, ਹੌਸਲੇ ਅਤੇ ਨਿਰੰਤਰ ਯਤਨਾਂ ਸਦਕਾ ਬੱਚੇ ਇਸ ਮੁਕਾਮ ਤੱਕ ਪਹੁੰਚੇ ਹਨ। ਉਨ੍ਹਾਂ ਉਮੀਦ ਜਤਾਈ ਕਿ ਇਹ ਵਿਦਿਆਰਥੀ ਭਵਿੱਖ ਵਿੱਚ ਕੌਮੀ ਅਤੇ ਕੌਮਾਂਤਰੀ ਪੱਧਰ 'ਤੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਜ਼ਿਲ੍ਹੇ ਅਤੇ ਸੂਬੇ ਦਾ ਨਾਮ ਰੌਸ਼ਨ ਕਰਨਗੇ। ਇਸ ਮੌਕੇ ਸਮਾਗਮ ਨੂੰ ਸਫਲ ਬਣਾਉਣ ਵਿੱਚ ਯੋਗਦਾਨ ਪਾਉਣ ਵਾਲੇ ਅਧਿਆਪਕਾਂ, ਪ੍ਰਬੰਧਕਾਂ, ਮਾਪਿਆਂ, ਸਹਿਯੋਗੀਆਂ ਅਤੇ ਸੇਵਾ ਕਰਨ ਵਾਲੀਆਂ ਸੰਸਥਾਵਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਗਈ।

ਇਸ ਮੌਕੇ ਸਰਬੱਤ ਦਾ ਭਲਾ ਸੋਸਾਇਟੀ, ਹੁਸ਼ਿਆਰਪੁਰ ਦੇ ਪ੍ਰਧਾਨ ਆਗਿਆਪਾਲ ਸਿੰਘ ਸਾਹਨੀ, ਰੋਹਤਾਸ਼ ਜੈਨ ਅਤੇ ਗੁਰੂ ਰਾਮਦਾਸ ਲੰਗਰ ਸੇਵਾ ਵੱਲੋਂ ਬਾਬਾ ਮਨਜੀਤ ਸਿੰਘ ਨੇ ਵਿਸ਼ੇਸ਼ ਸਹਿਯੋਗ ਦਿੱਤਾ। ਇਸ ਮੌਕੇ ਸਥਾਨਕ ਕੌਂਸਲਰ ਅਤੇ ਪਾਰਟੀ ਦੇ ਸਪੋਰਟਸ ਇੰਚਾਰਜ ਵਰਿੰਦਰ ਦੱਤ ਵੈਦ ਵੀ ਮੌਜੂਦ ਸਨ।

ਵਿਦਿਆਰਥੀਆਂ ਵੱਲੋਂ ਰੇਲ ਕੋਚ ਫੈਕਟਰੀ ਦਾ ਉਦਯੋਗਿਕ ਦੌਰਾ


ਸੁਲਤਾਨਪੁਰ ਲੋਧੀ (ਹਨੀ)- ਗੁਰੂ ਨਾਨਕ ਖਾਲਸਾ ਕਾਲਜ ਦੇ ਕਾਮਰਸ ਵਿਭਾਗ ਦੇ ਮੁਖੀ ਡਾ. ਮਨੀ ਛਾਬੜਾ ਦੀ ਅਗਵਾਈ ਵਿੱਚ ਵਿਦਿਆਰਥੀਆਂ ਲਈ ਰੇਲ ਕੋਚ ਫੈਕਟਰੀ ਕਪੂਰਥਲਾ ਦੇ ਇੱਕ ਉਦਯੋਗਿਕ ਦੌਰੇ ਦਾ ਆਯੋਜਨ ਕੀਤਾ ਗਿਆ। ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਰੇਲ ਕੋਚਾਂ ਦੇ ਨਿਰਮਾਣ ਦੀ ਪ੍ਰਕਿਰਿਆ, ਆਧੁਨਿਕ ਤਕਨੀਕਾਂ ਅਤੇ ਉਦਯੋਗਿਕ ਕਾਰਜ ਪ੍ਰਣਾਲੀ ਬਾਰੇ ਵਿਹਾਰਕ ਜਾਣਕਾਰੀ ਪ੍ਰਦਾਨ ਕਰਨਾ ਸੀ। ਇਸ ਦੌਰਾਨ ਵਿਦਿਆਰਥੀਆਂ ਨੇ ਰੇਲ ਦੇ



ਡੱਬਿਆਂ ਦੀ ਤਿਆਰੀ, ਡਿਜ਼ਾਈਨਿੰਗ, ਵੈਲਡਿੰਗ, ਪੇਂਟਿੰਗ ਅਤੇ ਅਸੈਂਬਲਿੰਗ ਦੀਆਂ ਵੱਖ-ਵੱਖ ਪ੍ਰਕਿਰਿਆਵਾਂ ਨੂੰ ਨੇੜਿਓਂ ਦੇਖਿਆ।ਫੈਕਟਰੀ ਦੇ ਅਧਿਕਾਰੀਆਂ ਨੇ ਵਿਦਿਆਰਥੀਆਂ ਨੂੰ ਨਿਰਮਾਣ ਕਾਰਜਾਂ ਅਤੇ ਸੁਰੱਖਿਆ ਨਿਯਮਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਇਸ ਉਦਯੋਗਿਕ ਦੌਰੇ ਨੇ ਵਿਦਿਆਰਥੀਆਂ ਦੇ ਤਕਨੀਕੀ ਗਿਆਨ ਵਿੱਚ ਵਾਧਾ ਕੀਤਾ ਅਤੇ ਉਨ੍ਹਾਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਵਿਹਾਰਕ ਤਜਰਬਾ ਵੀ ਪ੍ਰਦਾਨ ਕੀਤਾ। ਅੰਤ ਵਿੱਚ ਵਿਦਿਆਰਥੀਆਂ ਨੇ ਇਸ ਜਾਣਕਾਰੀ ਭਰਪੂਰ ਦੌਰੇ ਲਈ ਕਾਲਜ ਦੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜੀ. ਸਵਰਨ ਸਿੰਘ ਤੇ ਸਕੱਤਰ ਬੀਬੀ ਗੁਰਪ੍ਰੀਤ ਕੌਰ ਮੈਂਬਰ ਐੱਸ ਜੀ ਪੀ ਸੀ, ਇੰਜ. ਹਰਨਿਆਮਤ ਕੌਰ, ਕਾਲਜ ਦੇ ਡਾਇਰੈਕਟਰ ਇੰਜੀਨੀਅਰ ਨਿਮਰਤਾ ਕੌਰ, ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਜਸਬੀਰ ਕੌਰ ਅਤੇ ਫੈਕਟਰੀ ਦੇ ਅਧਿਕਾਰੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰੋ. ਸ਼ਿਲਪਾ,ਪ੍ਰੋ. ਇਸ਼ਿਤਾ ਸ਼ਰਮਾ,ਪ੍ਰੋ. ਹਰਪ੍ਰੀਤ ਕੌਰ, ਸਟਾਫ਼ ਮੈਂਬਰ ਹਾਜ਼ਰ ਸਨ।

ਮਹਿੰਦੀ ਤੇ ਜਿਊਲਰੀ ਮੇਕਿੰਗ ਮੁਕਾਬਲਾ ਕਰਵਾਇਆ

ਸੁਲਤਾਨਪੁਰ ਲੋਧੀ (ਹਨੀ)- ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਸੁਲਤਾਨਪੁਰ ਲੋਧੀ ਵਿਖੇ ਸਕੂਲ ਪ੍ਰਸ਼ਾਸਕ ਇੰਜੀ .ਨਿਮਰਤਾ ਕੌਰ ਦੀ ਅਗਵਾਈ ਹੇਠ ਵਿਦਿਆਰਥੀਆਂ ਦੀ ਸਿਰਜਣਾਤਮਕ ਪ੍ਰਤਿਭਾ ਨੂੰ ਨਿਖਾਰਨ ਅਤੇ ਉਨ੍ਹਾਂ ਵਿੱਚ ਕਲਾ ਪ੍ਰਤੀ ਰੁਚੀ ਪੈਦਾ ਕਰਨ ਦੇ ਉਦੇਸ਼ ਨਾਲ ਜਿਊਲਰੀ ਮੇਕਿੰਗ ਅਤੇ ਸੁੰਦਰ ਮਹਿੰਦੀ ਲਗਾਉਣ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ



ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣੀ ਕਲਾਤਮਕ ਪ੍ਰਤਿਭਾ, ਸੂਝ-ਬੂਝ ਅਤੇ ਕਲਪਨਾਸ਼ੀਲਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮਹਿੰਦੀ ਮੁਕਾਬਲੇ ਦੌਰਾਨ ਵਿਦਿਆਰਥਣਾਂ ਨੇ ਸੁੰਦਰ ਅਤੇ ਆਕਰਸ਼ਕ ਡਿਜ਼ਾਈਨਾਂ ਰਾਹੀਂ ਆਪਣੀ ਕਲਾ ਦਾ ਪ੍ਰਗਟਾਵਾ ਕੀਤਾ, ਜਦਕਿ ਜਿਊਲਰੀ ਮੇਕਿੰਗ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਵੱਖ-ਵੱਖ ਸਮੱਗਰੀ ਦੀ ਵਰਤੋਂ ਕਰਕੇ ਖ਼ੂਬਸੂਰਤ ਅਤੇ ਨਵੀਨਤਮ ਗਹਿਣੇ ਤਿਆਰ ਕੀਤੇ। ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀ.ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਅਤੇ ਸਕੂਲ ਡਾਇਰੈਕਟਰ ਇੰਜੀ. ਹਰਨਿਆਮਤ ਕੌਰ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਦੀ ਛੁਪੀ ਹੋਈ ਪ੍ਰਤਿਭਾ ਨੂੰ ਉਜਾਗਰ ਕਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਸਿਰਜਣਾਤਮਕ ਸੋਚ, ਆਤਮ-ਵਿਸ਼ਵਾਸ ਅਤੇ ਨਵੀਆਂ ਕਲਾਵਾਂ ਸਿੱਖਣ ਦੀ ਭਾਵਨਾ ਪੈਦਾ ਕਰਦੀਆਂ ਹਨ। ਸਕੂਲ ਵੱਲੋਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਅਜਿਹੀਆਂ ਗਤੀਵਿਧੀਆਂ ਭਵਿੱਖ ਵਿੱਚ ਵੀ ਜਾਰੀ ਰੱਖੀਆਂ ਜਾਣਗੀਆਂ।


ਲੋਕ ਬਦਲਦੇ ਮੌਸਮ 'ਚ ਸਿਹਤ ਦਾ ਵਿਸ਼ੇਸ਼ ਧਿਆਨ ਰੱਖਣ : ਡਾ. ਸੂਰੀ

ਬਲਾਚੌਰ (ਜਸਵਿੰਦਰ ਬੈਂਸ)- ਮੌਸਮ ਵਿੱਚ ਲਗਾਤਾਰ ਆ ਰਹੀ ਤਬਦੀਲੀ ਦੇ ਮੱਦੇਨਜ਼ਰ ਲੋਕਾਂ ਨੂੰ ਆਪਣੀ ਸਿਹਤ ਪ੍ਰਤੀ ਵਿਸ਼ੇਸ਼ ਸੁਚੇਤ ਰਹਿਣ ਦੀ ਲੋੜ ਹੈ। ਇਹ ਗੱਲ ਡਾ. ਭੁਪਿੰਦਰ ਸਿੰਘ ਸੂਰੀ ਨੇ ਲੋਕਾਂ ਨੂੰ ਸਿਹਤ ਸਬੰਧੀ ਜਾਣਕਾਰੀ ਦਿੰਦਿਆਂ ਕਹੀ।ਉਨ੍ਹਾਂ ਕਿਹਾ ਕਿ ਮੌਸਮ ਬਦਲਣ ਸਮੇਂ ਦਿਨ ਅਤੇ ਰਾਤ ਦੇ ਤਾਪਮਾਨ ਵਿੱਚ ਅੰਤਰ ਵਧ ਜਾਂਦਾ ਹੈ, ਜਿਸ ਕਾਰਨ ਜ਼ੁਕਾਮ, ਖੰਘ, ਬੁਖਾਰ, ਗਲੇ ਦੀ ਖਰਾਸ਼ ਅਤੇ



ਸਾਹ ਸਬੰਧੀ ਸਮੱਸਿਆਵਾਂ ਹੋਣ ਦਾ ਖ਼ਤਰਾ ਵਧ ਸਕਦਾ ਹੈ। ਖ਼ਾਸ ਕਰਕੇ ਬੱਚਿਆਂ, ਬਜ਼ੁਰਗਾਂ ਅਤੇ ਪਹਿਲਾਂ ਤੋਂ ਕਿਸੇ ਬਿਮਾਰੀ ਤੋਂ ਪੀੜਤ ਵਿਅਕਤੀਆਂ ਨੂੰ ਆਪਣੀ ਸਿਹਤ ਦਾ ਵਧੇਰੇ ਧਿਆਨ ਰੱਖਣਾ ਚਾਹੀਦਾ ਹੈ।ਡਾ. ਸੂਰੀ ਨੇ ਕਿਹਾ ਕਿ ਬਦਲਦੇ ਮੌਸਮ ਵਿੱਚ ਖਾਣ-ਪੀਣ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ। ਸੰਤੁਲਿਤ ਅਤੇ ਪੌਸ਼ਟਿਕ ਭੋਜਨ ਨੂੰ ਆਪਣੀ ਰੋਜ਼ਾਨਾ ਖੁਰਾਕ ਵਿੱਚ ਸ਼ਾਮਲ ਕਰੋ। ਤਾਜ਼ੇ ਫਲ, ਹਰੀਆਂ ਸਬਜ਼ੀਆਂ, ਦਾਲਾਂ ਅਤੇ ਘਰ ਵਿੱਚ ਤਿਆਰ ਕੀਤਾ ਸਾਫ਼-ਸੁਥਰਾ ਭੋਜਨ ਖਾਓ। ਸਰੀਰ ਵਿੱਚ ਪਾਣੀ ਦੀ ਕਮੀ ਨਾ ਹੋਣ ਦਿਓ ਅਤੇ ਬਾਜ਼ਾਰ ਵਿੱਚ ਖੁੱਲ੍ਹੇ ਪਏ ਖਾਣ-ਪੀਣ ਵਾਲੇ ਪਦਾਰਥਾਂ ਤੋਂ ਪਰਹੇਜ਼ ਕਰੋ। ਬਹੁਤ ਜ਼ਿਆਦਾ ਠੰਢੀਆਂ ਚੀਜ਼ਾਂ ਅਤੇ ਬਾਸੀ ਭੋਜਨ ਖਾਣ ਤੋਂ ਵੀ ਗੁਰੇਜ਼ ਕਰਨਾ ਚਾਹੀਦਾ ਹੈ।ਡਾ. ਸੂਰੀ ਨੇ ਸਫ਼ਾਈ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਖਾਣਾ ਖਾਣ ਤੋਂ ਪਹਿਲਾਂ ਅਤੇ ਬਾਹਰੋਂ ਘਰ ਆਉਣ ਤੋਂ ਬਾਅਦ ਹੱਥ ਚੰਗੀ ਤਰ੍ਹਾਂ ਧੋਣੇ ਚਾਹੀਦੇ ਹਨ। ਘਰ ਅਤੇ ਆਲੇ-ਦੁਆਲੇ ਸਫ਼ਾਈ ਰੱਖਣ ਦੇ ਨਾਲ-ਨਾਲ ਪੂਰੀ ਨੀਂਦ ਲੈਣੀ ਅਤੇ ਰੋਜ਼ਾਨਾ ਹਲਕੀ ਕਸਰਤ ਕਰਨੀ ਵੀ ਸਿਹਤ ਲਈ ਲਾਹੇਵੰਦ ਹੈ।ਅੰਤ ਵਿੱਚ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਤਰ੍ਹਾਂ ਦੀ ਸਿਹਤ ਸਮੱਸਿਆ ਹੋਣ 'ਤੇ ਆਪਣੀ ਮਰਜ਼ੀ ਨਾਲ ਦਵਾਈਆਂ ਲੈਣ ਦੀ ਬਜਾਏ ਯੋਗ ਡਾਕਟਰ ਦੀ ਸਲਾਹ ਜ਼ਰੂਰ ਲੈਣ। ਉਨ੍ਹਾਂ ਕਿਹਾ ਕਿ ਥੋੜ੍ਹੀ ਜਿਹੀ ਸਾਵਧਾਨੀ ਅਤੇ ਸਿਹਤ ਪ੍ਰਤੀ ਜਾਗਰੂਕਤਾ ਅਪਣਾ ਕੇ ਅਸੀਂ ਆਪਣੇ ਆਪ ਨੂੰ ਅਤੇ ਆਪਣੇ ਪਰਿਵਾਰ ਨੂੰ ਮੌਸਮੀ ਬਿਮਾਰੀਆਂ ਤੋਂ ਕਾਫ਼ੀ ਹੱਦ ਤੱਕ ਸੁਰੱਖਿਅਤ ਰੱਖ ਸਕਦੇ ਹਾਂ।

ਹਰਪ੍ਰੀਤ ਸਿੰਘ ਸੋਢੀ ਦੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ



ਨੰਗਲ (ਸੁਰਜੀਤ ਸਿੰਘ ਢੇਰ)- ਟਰਾਂਸਪੋਰਟ ਸੁਸਾਇਟੀ ਨੰਗਲ ਦੇ ਮੁਲਾਜ਼ਮ ਹਰਪ੍ਰੀਤ ਸਿੰਘ ਸੋਢੀ, ਸਰਬਜੀਤ ਸਿੰਘ ਦੇ ਮਾਤਾ ਭੁਪਿੰਦਰ ਕੌਰ 65 ਵਾਸੀ ਮਜਾਰੀ ਭੱਲੜੀ ਦੀ ਹੋਈ ਬੇਵਕਤ ਮੌਤ ਤੇ ਇਲਾਕੇ ਦੇ ਲੋਕਾਂ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਮਾਤਾ ਦੇ ਸਿਰ ਸਾਈਂ ਛੋਟੇ ਛੋਟੇ ਬੱਚੇ ਛੱਡ ਕੇ ਸਦੀਵੀ ਵਿਛੋੜਾ ਦੇ ਗਏ ਸਨ। ਮਾਤਾ ਜੀ ਨੇ ਆਪਣੇ ਭਰਾਵਾਂ ਦੇ ਸਹਿਯੋਗ ਨਾਲ ਬੱਚਿਆਂ ਦਾ ਪਾਲਣ ਪੋਸ਼ਣ ਕੀਤਾ। ਉਨ੍ਹਾਂ ਦਾ ਜੀਵਨ ਬਹੁਤ ਹੀ ਸੰਘਰਸ਼ਮਈ ਰਿਹਾ।ਇਹ ਪਰਵਾਰ ਖੁਸ਼ੀ ਖੁਸ਼ੀ ਆਪਣੀ ਜ਼ਿੰਦਗੀ ਦਾ ਨਿਰਬਾਹ ਕਰ ਰਿਹਾ ਸੀ ਕਿ ਮਾਤਾ ਜੀ ਦਿਲ ਦੀ ਗਤੀ ਰੁਕਣ ਕਾਰਨ ਲੰਘੀ 27 ਅਕਤੂਬਰ ਨੂੰ ਸਦੀਵੀ ਵਿਛੋੜਾ ਦੇ ਗਏ। ਇਸ ਦੁੱਖ ਦੀ ਘੜੀ ਵਿੱਚ ਪਰਵਾਰ ਨਾਲ ਸੀ ਪੀ ਆਈ ਐਮ ਦੇ ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ, ਪੱਤਰਕਾਰ ਹਰਭਜਨ ਸਿੰਘ ਢਿੱਲੋਂ,ਸੰਗਤ ਸਿੰਘ ਕਾਕਾ,ਸੋਮੀ ਪੁਰੀ,ਹਰਜਾਪ ਸਿੰਘ, ਸੋਨੂੰ ਮਜਾਰੀ, ਅਮਰਜੀਤ ਸਿੰਘ ਸੇਖੋਂ, ਹਰਜਿੰਦਰ ਸਿੰਘ, ਮਹਿੰਦਰ ਸਿੰਘ, ਅਮਰੀਕ ਸਿੰਘ, ਸੁਰਿੰਦਰ ਸਿੰਘ, ਕੁਲਦੀਪ ਸਿੰਘ,ਹਰਜਾਪ ਸਿੰਘ, ਸੋਢੀ ਸਰਪੰਚ ਨੇ ਦੁੱਖ ਸਾਂਝਾ ਕੀਤਾ।

ਗੁਲਾਬਗੜ੍ਹ ਸੜਕ 'ਤੇ ਖਾਲੀ ਪਲਾਟ ਬਣਿਆ ਕੂੜੇ ਦਾ ਅੱਡਾ, ਨਗਰ ਕੌਂਸਲ ਦੀ ਸਫ਼ਾਈ ਮੁਹਿੰਮ 'ਤੇ ਉੱਠੇ ਸਵਾਲ

ਡੇਰਾਬੱਸੀ (ਵਿਨੈ ਕੁਮਾਰ ਜੈਨ)- ਡੇਰਾਬੱਸੀ ਸ਼ਹਿਰ ਨੂੰ ਸਾਫ਼-ਸੁਥਰਾ ਬਣਾਉਣ ਲਈ ਨਗਰ ਕੌਂਸਲ ਵੱਲੋਂ ਕੀਤੇ ਜਾ ਰਹੇ ਦਾਅਵਿਆਂ ਦੀ ਅਸਲੀਅਤ ਗੁਲਾਬਗੜ੍ਹ ਸੜਕ 'ਤੇ ਗਲੀ ਨੰਬਰ 9 ਨੇੜੇ ਸਥਿਤ ਇੱਕ ਖਾਲੀ ਪਲਾਟ ਵਿੱਚ ਲੱਗੇ ਕੂੜੇ ਦੇ ਢੇਰ ਬਿਆਨ ਕਰ ਰਹੇ ਹਨ। ਮੁੱਖ ਸੜਕ ਦੇ ਬਿਲਕੁਲ ਨਾਲ ਲੱਗਦਾ ਇਹ ਪਲਾਟ ਕੂੜਾ ਸੁੱਟਣ ਦਾ ਅੱਡਾ ਬਣ ਚੁੱਕਾ ਹੈ, ਜਿੱਥੇ ਲੋਕਾਂ ਵੱਲੋਂ ਲਗਾਤਾਰ ਕੂੜੇ ਨਾਲ ਭਰੇ ਲਿਫ਼ਾਫ਼ੇ ਸੁੱਟੇ ਜਾ ਰਹੇ ਹਨ।



ਹੱਦ ਤਾਂ ਉਦੋਂ ਹੋ ਜਾਂਦੀ ਹੈ ਜਦੋਂ ਇਕੱਠੇ ਹੋਏ ਕੂੜੇ ਨੂੰ ਦਿਨ-ਦਿਹਾੜੇ ਅੱਗ ਲਗਾ ਦਿੱਤੀ ਜਾਂਦੀ ਹੈ, ਜਿਸ ਕਾਰਨ ਉੱਠਦਾ ਧੂੰਆਂ ਅਤੇ ਫੈਲਦੀ ਬਦਬੂ ਆਸ-ਪਾਸ ਦੇ ਵਸਨੀਕਾਂ ਲਈ ਪ੍ਰੇਸ਼ਾਨੀ ਦਾ ਸਬੱਬ ਬਣ ਰਹੀ ਹੈ। ਇਲਾਕਾ ਵਾਸੀਆਂ ਅਨੁਸਾਰ ਖਾਲੀ ਪਲਾਟ ਵਿੱਚ ਲਗਾਤਾਰ ਇਕੱਠਾ ਹੋ ਰਿਹਾ ਕੂੜਾ ਹੁਣ ਸੜਕ ਤੱਕ ਖਿੱਲਰਨਾ ਸ਼ੁਰੂ ਹੋ ਗਿਆ ਹੈ। ਹਵਾ ਚੱਲਣ ਨਾਲ ਪਲਾਸਟਿਕ ਦੇ ਲਿਫ਼ਾਫ਼ੇ ਅਤੇ ਹੋਰ ਗੰਦਗੀ ਸੜਕ ਉੱਤੇ ਫੈਲ ਜਾਂਦੀ ਹੈ। ਇਸ ਕਾਰਨ ਜਿੱਥੇ ਸ਼ਹਿਰ ਦੀ ਦਿੱਖ ਵਿਗੜ ਰਹੀ ਹੈ, ਉੱਥੇ ਹੀ ਕੂੜੇ ਵਿੱਚੋਂ ਉੱਠਦੀ ਬਦਬੂ ਕਾਰਨ ਆਸ-ਪਾਸ ਰਹਿਣ ਵਾਲੇ ਪਰਵਾਰਾਂ ਅਤੇ ਰਾਹਗੀਰਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਨਗਰ ਕੌਂਸਲ ਵੱਲੋਂ ਸ਼ਹਿਰ ਦੇ ਖਾਲੀ ਪਲਾਟਾਂ ਵਿੱਚ ਕੂੜਾ ਸੁੱਟਣ ਤੋਂ ਰੋਕਣ ਲਈ ਮੁਹਿੰਮ ਚਲਾਉਣ ਦੇ ਬਾਵਜੂਦ ਅਜਿਹੇ ਹਾਲਾਤ ਸਾਹਮਣੇ ਆਉਣਾ ਸਫ਼ਾਈ ਪ੍ਰਬੰਧਾਂ ਦੀ ਪ੍ਰਭਾਵਸ਼ੀਲਤਾ 'ਤੇ ਸਵਾਲ ਖੜ੍ਹੇ ਕਰਦਾ ਹੈ। ਇਲਾਕਾ ਵਾਸੀਆਂ ਨੇ ਮੰਗ ਕੀਤੀ ਕਿ ਨਗਰ ਕੌਂਸਲ ਤੁਰੰਤ ਇਸ ਪਲਾਟ ਵਿੱਚੋਂ ਕੂੜਾ ਚੁਕਵਾਏ ਅਤੇ ਇੱਥੇ ਮੁੜ ਕੂੜਾ ਸੁੱਟਣ ਤੋਂ ਰੋਕਣ ਲਈ ਪੱਕੇ ਪ੍ਰਬੰਧ ਕਰੇ। ਉਨ੍ਹਾਂ ਕਿਹਾ ਕਿ ਕੂੜਾ ਸੁੱਟਣ ਅਤੇ ਅੱਗ ਲਗਾਉਣ ਵਾਲਿਆਂ ਦੀ ਪਛਾਣ ਕਰਕੇ ਸਖ਼ਤ ਕਾਰਵਾਈ ਕੀਤੀ ਜਾਵੇ। ਇਸ ਦੇ ਨਾਲ ਹੀ ਪਲਾਟ ਮਾਲਕ ਦੀ ਬਣਦੀ ਜ਼ਿੰਮੇਵਾਰੀ ਵੀ ਤੈਅ ਕੀਤੀ ਜਾਵੇ। ਲੋਕਾਂ ਨੇ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਇਸ ਸਮੱਸਿਆ ਦਾ ਜਲਦੀ ਪੱਕਾ ਹੱਲ ਨਾ ਕੀਤਾ ਗਿਆ ਤਾਂ ਉਹ ਪ੍ਰਸ਼ਾਸਨ ਖ਼ਿਲਾਫ਼ ਰੋਸ ਪ੍ਰਗਟਾਉਣ ਲਈ ਮਜਬੂਰ ਹੋਣਗੇ।

ਜ਼ਿਲ੍ਹਾ ਪੱਧਰੀ ਮੁਕਾਬਲਿਆਂ 'ਚ ਵਿਦਿਆਰਥੀ ਨੇ ਮਾਰੀਆਂ ਮੱਲਾਂ


ਗੁਰਾਇਆ (ਬਿੰਦਰ ਸੁੰਮਨ)- ਜ਼ਿਲ੍ਹਾ ਸਿੱਖਿਆ ਅਫਸਰ ਮੈਡਮ ਗੁਰਵਿੰਦਰ ਕੌਰ ਅਤੇ ਜ਼ਿਲ੍ਹਾ ਟੂਰਨਾਮੈਂਟ ਕਮੇਟੀ ਵਲੋਂ ਪ੍ਰਾਇਮਰੀ ਸਕੂਲ ਖੇਡਾਂ ਦੌਰਾਨ ਹਾਕੀ ਦੇ ਮੁਕਾਬਲੇ ਕਰਵਾਏ ਗਏ। ਇਹਨਾਂ ਮੁਕਾਬਲਿਆਂ 'ਚ ਦਸ਼ਮੇਸ਼ ਕਾਨਵੈਂਟ ਹਾਈ ਸਕੂਲ ਅੱਟੀ ਦੇ ਖਿਡਾਰੀਆਂ ਨੇ ਆਪਣੀ ਖੇਡ ਦਾ ਲੋਹਾ ਮਨਾਇਆ। ਇਸ ਦੀ ਜਾਣਕਾਰੀ ਦਿੰਦੇ ਹੋਏ ਸਕੂਲ ਐਮ ਡੀ ਸੁਖਦੀਪ ਸਿੰਘ ਨੇ ਦੱਸਿਆ ਕਿ ਸਕੂਲ



ਦੀ ਅੰਡਰ 11 ਲੜਕਿਆਂ ਅਤੇ ਲੜਕੀਆਂ ਦੀ ਟੀਮ ਰਾਊਂਡ ਗਲਾਸ ਏਕ ਨੂਰ ਅਕੈਡਮੀ ਤੇਹਿੰਗ ਦੇ ਸਹਿਯੋਗ ਨਾਲ ਕੌਮੀ ਖੇਡ ਹਾਕੀ ਦੀ ਤਿਆਰੀ ਕਰ ਰਹੀ ਹੈ। ਕੋਚ ਗੁਰਜੀਤ ਸਿੰਘ ਦੀ ਅਗਵਾਈ ਹੇਠ ਟੀਮ ਵੱਲੋਂ ਕੀਤੀ ਮਿਹਨਤ ਨੂੰ ਉਸ ਸਮੇਂ ਬੂਰ ਪਿਆ ਜਦੋਂ ਕੱਲ ਜ਼ਿਲ੍ਹਾ ਪੱਧਰੀ ਮੁਕਾਬਲਿਆ 'ਚ ਲੜਕਿਆਂ ਦੀ ਟੀਮ ਪਹਿਲੇ ਸਥਾਨ 'ਤੇ ਰਹੀ। ਸਕੂਲ ਦੀ ਲੜਕੀਆਂ ਦੀ ਟੀਮ ਜ਼ਿਲ੍ਹੇ ਚੋਂ ਦੂਸਰੇ ਸਥਾਨ ਤੇ ਰਹੀ। ਇਸ ਮੌਕੇ ਟੀਮ ਨੂੰ ਵਧਾਈ ਦਿੰਦੇ ਹੋਏ ਪ੍ਰਿੰਸੀਪਲ ਬਲਜਿੰਦਰ ਕੁਮਾਰ ਨੇ ਕਿਹਾ ਕਿ ਬੱਚਿਆਂ ਦੇ ਸਰਬ ਪੱਖੀ ਵਿਕਾਸ ਲਈ ਵਿਦਿਆ ਦੇ ਨਾਲ ਨਾਲ ਖੇਡਾਂ ਵੀ ਜ਼ਰੂਰੀ ਹਨ ਜਿਸ ਦੇ ਲਈ ਮਾਪਿਆਂ ਦੇ ਸਹਿਯੋਗ ਨਾਲ ਸਕੂਲ ਲਗਾਤਾਰ ਹਾਕੀ ਅਤੇ ਬੈਡਮਿੰਟਨ ਦੀ ਕੋਚਿੰਗ ਦੇ ਰਿਹਾ ਹੈ। ਇਸ ਜਿੱਤ ਦਾ ਸਿਹਰਾ ਬੱਚਿਆਂ ਦੀ ਮਿਹਨਤ ਅਤੇ ਕੋਚ ਗੁਰਜੀਤ ਸਿੰਘ ਦੀ ਯੋਗ ਅਗਵਾਈ ਹੈ। ਇੱਕ ਸਾਦੇ ਸਮਾਗਮ ਦੌਰਾਨ ਇਹਨਾਂ ਖਿਡਾਰੀਆਂ ਨੂੰ ਮੈਡਲ ਦਿੱਤੇ ਗਏ। ਇਸ ਮੌਕੇ ਸਕੂਲ ਪ੍ਰਬੰਧਕ ਚਰਨਜੀਤ ਸਿੰਘ, ਮੈਡਮ ਰਵਿੰਦਰਜੀਤ ਕੌਰ, ਮੈਡਮ ਗੁਰਜੀਤ ਕੌਰ, ਨਰਿੰਦਰ ਸਿੰਘ ਅਤੇ ਮੈਡਮ ਸੰਗੀਤਾ ਹਾਜ਼ਰ ਸਨ।

ਥਾਣਿਆਂ 'ਚ ਔਰਤਾਂ ਲਈ ਵੱਖਰੇ ਹਵਾਲਾਤ ਤੇ ਪਖਾਨਿਆਂ ਦੀ ਵਿਵਸਥਾ ਕਰਨ ਦੇ ਨਿਰਦੇਸ਼

ਫਗਵਾੜਾ (ਡਾ. ਰਮਨ)- ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਜਤਿੰਦਰ ਸਿੰਘ ਸ਼ੈਂਟੀ ਨੇ ਪੁਲਿਸ ਵਿਭਾਗ ਨੂੰ ਸਾਰੇ ਪੁਲਿਸ ਥਾਣਿਆਂ ਅਤੇ ਪੁਲਿਸ ਚੌਂਕੀਆਂ ਵਿੱਚ ਔਰਤਾਂ ਲਈ ਵੱਖਰੇ ਹਵਾਲਾਤ ਅਤੇ ਪਖਾਨਿਆਂ ਦੀ ਵਿਵਸਥਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਇਸ ਸਬੰਧੀ 15 ਦਿਨਾਂ ਦੇ ਅੰਦਰ ਪ੍ਰਬੰਧ ਮੁਕੰਮਲ ਕਰਨ ਦੀ ਸਮਾਂ-ਸੀਮਾ ਨਿਰਧਾਰਤ ਕੀਤੀ। ਫਗਵਾੜਾ ਦੇ ਦੌਰੇ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ,



ਨਗਰ ਨਿਗਮ ਅਤੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸ਼ੈਂਟੀ ਨੇ ਕਿਹਾ ਕਿ ਸੁਪਰੀਮ ਕੋਰਟ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੁਲਿਸ ਥਾਣਿਆਂ ਅਤੇ ਚੌਂਕੀਆਂ ਵਿੱਚ ਔਰਤਾਂ ਲਈ ਵੱਖਰੇ ਹਵਾਲਾਤ ਅਤੇ ਪਖਾਨੇ ਹੋਣੇ ਲਾਜ਼ਮੀ ਹਨ। ਉਨ੍ਹਾਂ ਡੀ ਐੱਸ ਪੀ ਫਗਵਾੜਾ ਪਲਵਿੰਦਰ ਸਿੰਘ ਨੂੰ ਇਸ ਮਾਮਲੇ ਨੂੰ ਤੁਰੰਤ ਪੁਲਸ ਹੈੱਡਕੁਆਰਟਰ ਕੋਲ ਉਠਾਉਣ ਤੇ ਨਿਰਧਾਰਤ ਸਮੇਂ ਅੰਦਰ ਲੋੜੀਂਦੇ ਪ੍ਰਬੰਧ ਯਕੀਨੀ ਬਣਾਉਣ ਲਈ ਕਿਹਾ। ਇਸ ਤੋਂ ਇਲਾਵਾ ਉਨ੍ਹਾਂ ਪੁਲਿਸ ਥਾਣਿਆਂ ਅਤੇ ਟ੍ਰੈਫਿਕ ਵਿੰਗ ਵਿੱਚ ਮੁਲਾਜ਼ਮਾਂ ਦੀ ਘਾਟ ਸਬੰਧੀ ਵਿਸਤ੍ਰਿਤ ਰਿਪੋਰਟ ਵੀ ਮੰਗੀ, ਤਾਂ ਜੋ ਇਹ ਮਾਮਲਾ ਸਬੰਧਤ ਉੱਚ ਅਧਿਕਾਰੀਆਂ ਕੋਲ ਉਠਾਇਆ ਜਾ ਸਕੇ। ਜਨਤਕ ਸਿਹਤ ਸੇਵਾਵਾਂ ਨਾਲ ਸਬੰਧਤ ਮੁੱਦਿਆਂ 'ਤੇ ਵਿਚਾਰ ਕਰਦਿਆਂ ਉਨ੍ਹਾਂ ਸਿਹਤ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਕਿਸੇ ਵੀ ਹਸਪਤਾਲ ਵੱਲੋਂ ਬਕਾਇਆ ਬਿੱਲਾਂ ਦੀ ਅਦਾਇਗੀ ਨਾ ਹੋਣ ਕਾਰਨ ਮ੍ਰਿਤਕ ਮਰੀਜ਼ ਦੀ ਦੇਹ ਰੋਕ ਕੇ ਨਾ ਰੱਖੀ ਜਾਵੇ। ਇਸ ਮੌਕੇ ਲਗਾਏ ਗਏ ਖੁੱਲ੍ਹੇ ਸ਼ਿਕਾਇਤ ਨਿਵਾਰਨ ਕੈਂਪ ਦੌਰਾਨ ਸ਼ੈਂਟੀ ਨੇ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਲੋਕਾਂ ਦੀਆਂ ਸ਼ਿਕਾਇਤਾਂ ਖ਼ੁਦ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਇਨ੍ਹਾਂ ਦਾ ਨਿਪਟਾਰਾ ਇੱਕ ਹਫ਼ਤੇ ਦੇ ਅੰਦਰ ਕਰਨ ਦੇ ਸਖ਼ਤ ਨਿਰਦੇਸ਼ ਦਿੱਤੇ।

ਹੀਰੋ ਏਸ਼ੀਅਨ ਚੈਂਪੀਅਨਜ਼ ਟਰਾਫੀ-2026 ਦੇ ਸੈਮੀਫਾਈਨਲ ਤੇ ਫਾਈਨਲ ਮੁਕਾਬਲੇ 4 ਤੇ 5 ਨੂੰ

ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)- ਮੋਹਾਲੀ ਦੇ ਫੇਜ਼-9 ਸਥਿਤ ਓਲੰਪੀਅਨ ਬਲਬੀਰ ਸਿੰਘ ਸੀਨੀਅਰ ਅੰਤਰਰਾਸ਼ਟਰੀ ਹਾਕੀ ਸਟੇਡੀਅਮ ਵਿਖੇ 4 ਅਤੇ 5 ਨਵੰਬਰ ਨੂੰ ਹੋਣ ਵਾਲੇ ਹੀਰੋ ਏਸ਼ੀਅਨ ਚੈਂਪੀਅਨਜ਼ ਟਰਾਫੀ-2026 ਦੇ ਸੈਮੀਫਾਈਨਲ ਅਤੇ ਫਾਈਨਲ ਮੁਕਾਬਲਿਆਂ ਦੀ ਮੇਜ਼ਬਾਨੀ ਲਈ ਸ਼ਹਿਰ ਪੂਰੀ ਤਰ੍ਹਾਂ ਤਿਆਰ ਹੈ। ਤਿਆਰੀਆਂ ਲਗਭਗ ਮੁਕੰਮਲ ਹੋਣ ਦੇ ਨਾਲ ਸਟੇਡੀਅਮ ਵਿੱਚ ਕਰੀਬ 13 ਹਜ਼ਾਰ ਹਾਕੀ ਅਤੇ ਖੇਡ ਪ੍ਰੇਮੀਆਂ ਦੇ ਪਹੁੰਚਣ ਦੀ ਉਮੀਦ ਹੈ। ਖੇਡ ਸਕੱਤਰ ਵਰੁਣ ਰੂਜਮ ਨੇ ਸੀਨੀਅਰ ਪ੍ਰਸ਼ਾਸਨਿਕ ਅਧਿਕਾਰੀਆਂ ਦੇ ਨਾਲ ਸ਼ਨੀਵਾਰ ਨੂੰ



ਸਟੇਡੀਅਮ ਵਿਖੇ ਪਹੁੰਚ ਕੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਵੱਖ-ਵੱਖ ਤਿਆਰੀਆਂ ਦੀ ਪ੍ਰਗਤੀ ਦਾ ਮੁਲਾਂਕਣ ਕੀਤਾ। ਇਸ ਦੌਰਾਨ ਸਟੇਡੀਅਮ ਦੇ ਬੁਨਿਆਦੀ ਢਾਂਚੇ, ਦਰਸ਼ਕਾਂ ਨਾਲ ਸਬੰਧਤ ਸਹੂਲਤਾਂ, ਸੁਰੱਖਿਆ ਪ੍ਰਬੰਧਾਂ, ਆਵਾਜਾਈ ਪ੍ਰਬੰਧਨ, ਤਕਨੀਕੀ ਲੋੜਾਂ ਅਤੇ ਹੋਰ ਪ੍ਰਬੰਧਕੀ ਪਹਿਲੂਆਂ ਦੀ ਸਮੀਖਿਆ ਕੀਤੀ ਗਈ ਤਾਂ ਜੋ ਮੁਕਾਬਲਿਆਂ ਦਾ ਸੁਚਾਰੂ ਆਯੋਜਨ ਯਕੀਨੀ ਬਣਾਇਆ ਜਾ ਸਕੇ। ਇਸ ਮੌਕੇ ਹਾਕੀ ਪੰਜਾਬ ਦੇ ਪ੍ਰਧਾਨ ਅਤੇ ਹਾਕੀ ਇੰਡੀਆ ਦੇ ਮੀਤ ਪ੍ਰਧਾਨ ਨਿਤਿਨ ਕੋਹਲੀ ਨੇ ਸਮੂਹ ਹਾਕੀ ਅਤੇ ਖੇਡ ਪ੍ਰੇਮੀਆਂ ਨੂੰ ਸੱਦਾ ਦਿੱਤਾ ਕਿ ਉਹ ਵੱਡੀ ਗਿਣਤੀ ਵਿੱਚ ਪਹੁੰਚ ਕੇ ਇਸ ਵੱਕਾਰੀ ਅੰਤਰਰਾਸ਼ਟਰੀ ਟੂਰਨਾਮੈਂਟ ਦੇ ਰੋਮਾਂਚਕ ਸੈਮੀਫਾਈਨਲ ਅਤੇ ਫਾਈਨਲ ਮੁਕਾਬਲਿਆਂ ਦਾ ਆਨੰਦ ਮਾਣਨ ਅਤੇ ਭਾਗ ਲੈ ਰਹੀਆਂ ਟੀਮਾਂ ਦਾ ਹੌਸਲਾ ਵਧਾਉਣ।ਮੇਅਰ ਸਰਬਜੀਤ ਸਿੰਘ ਸਮਾਣਾ ਨੇ ਐਲਾਨ ਕੀਤਾ ਕਿ ਸਟੇਡੀਅਮ ਵਿੱਚ ਸਾਰੇ ਦਰਸ਼ਕਾਂ ਲਈ ਦਾਖ਼ਲਾ ਬਿਲਕੁਲ ਮੁਫ਼ਤ ਹੋਵੇਗਾ। ਮੀਟਿੰਗ ਵਿੱਚ ਡਾ. ਐਸ.ਪੀ. ਆਨੰਦ ਕੁਮਾਰ, ਵਿਸ਼ੇਸ਼ ਸਕੱਤਰ, ਖੇਡ ਵਿਭਾਗ; ਅਭਿਜੀਤ ਕਪਲਿਸ਼, ਡਾਇਰੈਕਟਰ, ਖੇਡ ਵਿਭਾਗ; ਡਿਪਟੀ ਕਮਿਸ਼ਨਰ ਕੋਮਲ ਮਿੱਤਲ; ਐਸ.ਐਸ.ਪੀ. ਵਰੁਣ ਸ਼ਰਮਾ; ਸੰਦੀਪ ਸਿੰਘ ਗਾੜ੍ਹਾ, ਕਮਿਸ਼ਨਰ, ਨਗਰ ਨਿਗਮ ਮੋਹਾਲੀ ਸਮੇਤ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ। ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਕਿਹਾ ਕਿ ਮੁਫ਼ਤ ਦਾਖ਼ਲੇ, ਉੱਚ ਪੱਧਰੀ ਹਾਕੀ ਮੁਕਾਬਲਿਆਂ, ਸੱਭਿਆਚਾਰਕ ਪੇਸ਼ਕਾਰੀਆਂ, ਪੰਜਾਬੀ ਵਿਰਾਸਤ ਨਾਲ ਜੁੜੀਆਂ ਵਿਸ਼ੇਸ਼ ਖਿੱਚਾਂ ਅਤੇ ਵੱਖ-ਵੱਖ ਪਕਵਾਨਾਂ ਦੇ ਪ੍ਰਬੰਧਾਂ ਨਾਲ ਮੋਹਾਲੀ 4 ਅਤੇ 5 ਨਵੰਬਰ ਨੂੰ ਹਾਕੀ ਤੇ ਖੇਡ ਪ੍ਰੇਮੀਆਂ ਲਈ ਯਾਦਗਾਰੀ ਅਨੁਭਵ ਪ੍ਰਦਾਨ ਕਰਨ ਲਈ ਤਿਆਰ ਹੈ। ਉਨ੍ਹਾਂ ਸਮੂਹ ਖੇਡ ਪ੍ਰੇਮੀਆਂ ਨੂੰ ਇਸ ਸ਼ਾਨਦਾਰ ਅੰਤਰਰਾਸ਼ਟਰੀ ਖੇਡ ਸਮਾਗਮ ਦਾ ਹਿੱਸਾ ਬਣਨ ਦਾ ਸੱਦਾ ਦਿੱਤਾ।

ਤੇਜ਼ ਰਫਤਾਰ ਨਿੱਜੀ ਸਕੂਲ ਦੀ ਬੱਸ ਸੋਲਰ ਪਲਾਂਟ 'ਚ ਜਾ ਵੜੀ, ਹਾਦਸਾ ਟਲਿਆ

ਦੁਸਾਂਝ ਕਲਾਂ, (ਸੁਰਿੰਦਰਪਾਲ ਕੁੱਕੂ)- ਨਜ਼ਦੀਕੀ ਪਿੰਡ ਢੰਡਵਾੜ ਗੇਟ ਕੋਲ ਇੱਕ ਨਿੱਜੀ ਸਕੂਲ ਦੀ ਬੱਸ ਹਾਦਸੇ ਦਾ ਸ਼ਿਕਾਰ ਹੋ ਗਈ। ਜਾਣਕਾਰੀ ਅਨੁਸਾਰ ਬੱਸ ਤੇਜ਼ ਰਫਤਾਰ ਹੋਣ ਕਾਰਨ ਬੇਕਾਬੂ ਹੋ ਕੇ ਮੋਟਰ 'ਤੇ ਲੱਗੇ ਸੋਲਰ ਪਲਾਂਟ ਵਿੱਚ ਜਾ ਵੜੀ। ਬੱਸ ਵਿੱਚ ਤਕਰੀਬਨ 25 ਸਕੂਲੀ ਬੱਚੇ ਸਵਾਰ ਸਨ। ਗਨੀਮਤ ਰਹੀ ਕਿ ਇਸ ਹਾਦਸੇ ਵਿੱਚ ਕਿਸੇ ਵੀ ਬੱਚੇ ਨੂੰ ਸੱਟ ਨਹੀਂ ਲੱਗੀ ਅਤੇ ਵੱਡਾ ਜਾਨੀ ਨੁਕਸਾਨ ਹੋਣੋਂ ਬਚਾਅ ਹੋ ਗਿਆ। ਘਟਨਾ ਦੀ ਸੂਚਨਾ ਮਿਲਦਿਆਂ ਹੀ 112 ਦੇ ਇੰਚਾਰਜ ਹਰਭਜਨ ਸਿੰਘ ਗਿੱਲ ਪੁਲਸ ਪਾਰਟੀ ਸਮੇਤ ਮੌਕੇ 'ਤੇ ਪਹੁੰਚੇ। ਮੌਕੇ 'ਤੇ ਮੌਜੂਦ ਰਾਹਗੀਰਾਂ ਅਤੇ ਲੋਕਾਂ ਨੇ ਦੱਸਿਆ ਕਿ ਬੱਸ ਬੇਕਾਬੂ ਹੋਣ ਕਾਰਨ ਇਹ ਹਾਦਸਾ ਵਾਪਰਿਆ ਹੈ। ਦੂਜੇ ਪਾਸੇ ਬੱਸ ਚਾਲਕ ਰਮਨਦੀਪ ਸਿੰਘ ਨੇ ਦੱਸਿਆ ਕਿ ਬੱਸ ਦੀਆਂ ਬਰੇਕਾਂ ਨਹੀਂ ਲੱਗੀਆਂ, ਜਿਸ ਕਾਰਨ ਬੱਸ ਸੋਲਰ ਪਲਾਂਟ ਵਿੱਚ ਜਾ ਵੜੀ। ਉਸ ਨੇ ਦੱਸਿਆ ਕਿ ਕਰੀਬ ਅੱਧੇ ਘੰਟੇ ਬਾਅਦ ਬੱਸ ਮਾਲਕ ਮੌਕੇ 'ਤੇ ਪਹੁੰਚਿਆ ਅਤੇ ਕਾਫ਼ੀ ਜੱਦੋ-ਜਹਿਦ ਤੋਂ ਬਾਅਦ ਬੱਸ ਨੂੰ ਸੋਲਰ ਪਲਾਂਟ ਹੇਠੋਂ ਬਾਹਰ ਕੱਢਿਆ। ਇਸ ਦੌਰਾਨ ਇਹ ਗੱਲ ਵੀ ਸਾਹਮਣੇ ਆਈ ਕਿ ਬੱਸ ਚਾਲਕ ਕੋਲ ਮੌਕੇ 'ਤੇ ਡਰਾਈਵਿੰਗ ਲਾਇਸੈਂਸ ਵੀ ਮੌਜੂਦ ਨਹੀਂ ਸੀ।

ਇਸ ਮੌਕੇ ਹਰਕੀਤ ਸਿੰਘ ਢੰਡਵਾੜ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਸਕੂਲੀ ਬੱਸਾਂ ਦੀ ਵਿਸ਼ੇਸ਼ ਚੈਕਿੰਗ ਕੀਤੀ ਜਾਵੇ ਅਤੇ ਜਿਨ੍ਹਾਂ ਬੱਸਾਂ ਦੇ ਕਾਗਜ਼ਾਤ ਅਧੂਰੇ ਹਨ, ਉਨ੍ਹਾਂ ਖਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਹਾਦਸੇ ਦੌਰਾਨ ਮੋਟਰ ਮਾਲਕ ਦਾ ਜੋ ਨੁਕਸਾਨ ਹੋਇਆ ਹੈ, ਉਸ ਦੀ ਭਰਪਾਈ ਕਰਵਾਈ ਜਾਵੇ। ਇਸ ਸਬੰਧੀ 112 ਦੇ ਇੰਚਾਰਜ ਥਾਣੇਦਾਰ ਹਰਭਜਨ ਸਿੰਘ ਗਿੱਲ ਨੇ ਦੱਸਿਆ ਕਿ ਜਦੋਂ ਬੱਸ ਚਾਲਕ ਤੋਂ ਡਰਾਈਵਿੰਗ ਲਾਇਸੈਂਸ ਮੰਗਿਆ ਗਿਆ ਤਾਂ ਉਸ ਕੋਲ ਮੌਕੇ 'ਤੇ ਲਾਇਸੈਂਸ ਨਹੀਂ ਸੀ। ਉਨ੍ਹਾਂ ਕਿਹਾ ਕਿ ਮਾਮਲੇ ਦੀ ਜਾਂਚ ਕਰਕੇ ਪੁਲਸ ਵੱਲੋਂ ਬਣਦੀ ਕਾਰਵਾਈ ਕੀਤੀ ਜਾਵੇਗੀ।

ਮੇਹਲੀ ਵਿਖੇ ਭਗਵਾਨ ਵਾਲਮੀਕਿ ਦਾ ਪ੍ਰਗਟ ਦਿਵਸ ਮਨਾਇਆ



ਬੰਗਾ (ਅਵਤਾਰ ਕਲੇਰ)- ਬੰਗਾ ਹਲਕੇ ਦੇ ਪਿੰਡ ਮੇਹਲੀ ਵਿਖੇ ਭਗਵਾਨ ਵਾਲਮੀਕਿ ਮਹਾਰਾਜ ਦਾ ਪ੍ਰਗਟ ਦਿਵਸ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਮੰਦਰ ਤੇ ਭਗਵਾਨ ਵਾਲਮੀਕਿ ਦੀ ਪੂਜਾ ਕੀਤੀ ਗਈ। ਝੰਡੇ ਦੀ ਰਸਮ ਅਦਾ ਕੀਤੀ ਗਈ।

ਇਸ ਮੌਕੇ ਮੀਨਾ ਕੁਮਾਰੀ ਐਮ ਸੀ ਬੰਗਾ,ਦੀਪਕ ਘਈ,ਅਸ਼ਵਨੀ ਸਹੋਤਾ ਫਗਵਾੜਾ,ਅਨੂ ਸਹੋਤਾ,ਕੇਸਰ ਗਿੱਲ, ਮਨਜੀਤ ਕੌਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਹਨਾਂ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਗੁਰੂ, ਪੀਰਾਂ ਦੇ ਜਨਮ ਦਿਹਾੜੇ ਰਲਮਿਲ ਕੇ ਮਨਾਉਣੇ ਚਾਹੀਦੇ ਹਨ। ਉਹਨਾਂ ਸੰਗਤਾਂ ਨੂੰ ਭਗਵਾਨ ਵਾਲਮੀਕਿ ਦੇ ਪ੍ਰਕਾਸ਼ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ। ਪ੍ਰਧਾਨ ਨਾਥ ਰਾਮ ਨੇ ਸੰਗਤਾਂ ਨੂੰ ਜੀ ਆਇਆਂ ਕਿਹਾ ਅਤੇ ਸਾਰਿਆਂ ਦਾ ਧੰਨਵਾਦ ਕੀਤਾ। ਪ੍ਰਬੰਧਕਾਂ ਵਲੋਂ ਪਹੁੰਚੇ ਹੋਏ ਮਹਿਮਾਨਾਂ ਅਤੇ ਸੇਵਾਦਾਰਾਂ ਨੂੰ ਸਿਰਪਾਓ ਨਾਲ ਸਨਮਾਨਿਤ ਕੀਤਾ। ਛੋਟੇ ਬੱਚਿਆਂ ਵਲੋਂ ਭਗਵਾਨ ਵਾਲਮੀਕਿ ਦੇ ਭਜਨ ਗਾਏ ਗਏ। ਇਸ ਮੌਕੇ ਪ੍ਰਧਾਨ ਨਾਥ ਰਾਮ, ਯਸ਼ਪਾਲ ਮੱਟੂ, ਮੁਕੇਸ਼ ਮੱਟੂ,ਮੇਜਰ ਮੱਟੂ, ਵਿੱਕੀ ਘਈ ,ਰਾਜਨ ਮੱਟੂ, ਮਹਿੰਦਰ ਪਾਲ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

ਨੌਜਵਾਨ ਆਗੂ ਭਾਨੂੰ ਪ੍ਰਤਾਪ ਰਾਣਾ ਨੇ ਹਲਕੇ 'ਚ ਲੋਕ ਸੰਪਰਕ ਵਧਾਇਆ



ਚੰਡੀਗੜ੍ਹ (ਸੁਰਜੀਤ ਸੁਮਨ)- ਵਿਧਾਨ ਸਭਾ ਚੋਣਾਂ ਨੇੜੇ ਆਉਣ ਕਰਕੇ ਇੱਥੋਂ ਭਾਰਤੀ ਜਨਤਾ ਪਾਰਟੀ ਦੇ ਬਹੁਤ ਸਾਰੇ ਲੀਡਰ ਕਿਸਮਤ ਅਜ਼ਮਾਈ ਲਈ ਵਿਆਕੁਲ ਹਨ। ਪਿਛਲੇ ਦਿਨੀਂ ਸ਼੍ਰੋਮਣੀ ਅਕਾਲੀ ਦਲ ਬੀਸੀ ਵਿੰਗ ਦੇ ਪ੍ਰਧਾਨ ਚੌਧਰੀ ਸ਼ਿਆਮ ਲਾਲ ਮਾਜਰੀਆਂ ਪਾਰਟੀ ਵਿੱਚ ਸ਼ਾਮਲ ਹੋਏ ਹਨ। ਰਣਜੀਤ ਸਿੰਘ ਗਿੱਲ ਵੱਲੋਂ ਵੀ ਇੱਥੋਂ ਸਰਗਰਮੀਆਂ ਤੇਜ਼ ਕੀਤੀਆਂ ਹੋਈਆਂ ਹਨ। ਇਸੇ ਦੌਰਾਨ ਨੌਜਵਾਨ ਪਾਰਟੀ ਆਗੂ ਭਾਨੂੰ ਪ੍ਰਤਾਪ ਰਾਣਾ ਦੀ ਜ਼ੋਰ-ਸ਼ੋਰ ਵਾਲੀ ਸਰਗਰਮੀ ਦੇਖਣ ਨੂੰ ਮਿਲ ਰਹੀ ਹੈ। ਉਹ ਲੋਕਾਂ ਵਿੱਚ ਆਪਣੀ ਪੈਂਠ ਬਣਾ ਰਹੇ ਹਨ। ਦੂਜੇ ਪਾਸੇ ਕਾਂਗਰਸੀ ਪਾਰਟੀ ਵਿੱਚਲੀ ਆਪਸੀ ਖਿੱਚੋਤਾਣ ਅਤੇ ਹਲਕੇ ਦੇ ਲੀਡਰਾਂ ਦੀ ਖਹਿਬਾਜ਼ੀ ਕਾਰਨ ਉਨ੍ਹਾਂ ਦਾ ਮੈਦਾਨ ਹਾਲ ਦੀ ਘੜੀ ਖਾਲੀ ਪਿਆ ਹੈ। ਭਾਨੂੰ ਪ੍ਰਤਾਪ ਰਾਣਾ ਆਮ ਲੋਕਾਂ ਨਾਲ ਭਾਈਚਾਰਕ ਸਥਾਪਤ ਕਰਨ ਦੇ ਨਾਲ ਨਾਲ ਨਵਾਂ ਗਾਉਂ ਦੇ ਕੌਂਸਲਰਾਂ ਨੂੰ ਮਿਲੇ, ਕਿਉਂਕਿ ਨਵਾਂ ਗਾਉਂ ਵਿਖੇ ਪਹਿਲਾਂ ਹੀ ਭਾਰਤੀ ਜਨਤਾ ਪਾਰਟੀ ਦਾ ਕਬਜ਼ਾ ਹੈ। ਉਨ੍ਹਾਂ ਲਾਗਲੇ ਪਿੰਡ ਸਿਉਂਕ ਵਿਖੇ ਬਾਬਾ ਰਹਿਮਤ ਸ਼ਾਹ ਕਾਦਰੀ ਦੇ ਦਰਬਾਰ ਵਿੱਚ ਪਹੁੰਚ ਕੇ ਗੁਲਾਮ ਬਾਬਾ ਮੁਨਾ ਸ਼ਾਹ ਕਾਦਰੀ ਨੂੰ ਜਨਮ ਦਿਨ ਦੀ ਮੁਬਾਰਕ ਪੇਸ਼ ਕਰਕੇ ਅਸ਼ੀਰਵਾਦ ਪ੍ਰਾਪਤ ਕੀਤਾ।

ਬ੍ਰਿਗੇਡੀਅਰ ਰਾਜ ਕੁਮਾਰ 'ਲਾਈਫ ਟਾਈਮ ਅਚੀਵਮੈਂਟ ਐਵਾਰਡ' ਨਾਲ ਸਨਮਾਨਤ

ਬਲਾਚੌਰ (ਜਸਵਿੰਦਰ ਬੈਂਸ)- ਗੁੱਜਰ ਭਵਨ ਪੰਚਕੂਲਾ ਵਿਖੇ ਕਰਵਾਏ ਗਏ ਵਿਸ਼ੇਸ਼ ਸਨਮਾਨ ਸਮਾਰੋਹ ਦੌਰਾਨ ਬ੍ਰਿਗੇਡੀਅਰ ਰਾਜ ਕੁਮਾਰ ਨੂੰ ਦੇਸ਼ ਅਤੇ ਸਮਾਜ ਪ੍ਰਤੀ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ, ਸਮਰਪਣ ਅਤੇ ਜੀਵਨ ਭਰ ਦੀਆਂ ਪ੍ਰਾਪਤੀਆਂ ਲਈ 'ਲਾਈਫ ਟਾਈਮ ਅਚੀਵਮੈਂਟ ਐਵਾਰਡ' ਨਾਲ ਸਨਮਾਨਤ ਕੀਤਾ ਗਿਆ। ਇਸ ਮਾਨਮੱਤੇ ਸਨਮਾਨ ਨਾਲ ਬ੍ਰਿਗੇਡੀਅਰ ਰਾਜ ਕੁਮਾਰ ਨੇ ਨਾ ਸਿਰਫ਼ ਆਪਣੀਆਂ ਪ੍ਰਾਪਤੀਆਂ ਵਿੱਚ ਇੱਕ ਹੋਰ ਅਹਿਮ ਅਧਿਆਇ ਜੋੜਿਆ, ਸਗੋਂ ਸਮੁੱਚੇ ਭਾਈਚਾਰੇ ਦਾ ਮਾਣ ਵੀ ਵਧਾਇਆ ਹੈ। ਇਸ ਵਿਸ਼ੇਸ਼ ਸਮਾਗਮ ਵਿੱਚ ਹਰਿਆਣਾ, ਦਿੱਲੀ, ਉੱਤਰਾਖੰਡ, ਉੱਤਰ ਪ੍ਰਦੇਸ਼ ਅਤੇ ਪੰਜਾਬ ਸਮੇਤ ਵੱਖ-ਵੱਖ ਸੂਬਿਆਂ ਤੋਂ ਸਮਾਜਿਕ, ਰਾਜਨੀਤਿਕ, ਪ੍ਰਸ਼ਾਸਨਿਕ ਅਤੇ ਹੋਰ ਖੇਤਰਾਂ ਨਾਲ ਸਬੰਧਤ ਨਾਮਵਰ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਸਮਾਗਮ ਦੌਰਾਨ ਸਮਾਜਿਕ ਏਕਤਾ, ਭਾਈਚਾਰਕ ਸਾਂਝ ਅਤੇ ਸਮਾਜ ਦੀ ਬਿਹਤਰੀ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਵਿਚਾਰ-ਵਟਾਂਦਰਾ ਵੀ ਕੀਤਾ ਗਿਆ।ਇਸ ਮੌਕੇ ਬੁਲਾਰਿਆਂ ਨੇ ਬ੍ਰਿਗੇਡੀਅਰ ਰਾਜ ਕੁਮਾਰ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਮਿਲਿਆ ਇਹ ਸਨਮਾਨ ਉਨ੍ਹਾਂ ਦੀ ਲੰਬੀ ਮਿਹਨਤ, ਅਨੁਸ਼ਾਸਨ, ਸਮਰਪਣ ਅਤੇ ਦੇਸ਼ ਪ੍ਰਤੀ ਸੇਵਾ ਭਾਵਨਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਨਮਾਨ ਸਮਾਜ ਵਿੱਚ ਚੰਗੇ ਕਾਰਜ ਕਰਨ ਵਾਲੀਆਂ ਸ਼ਖ਼ਸੀਅਤਾਂ ਦੀ ਹੌਸਲਾ ਅਫ਼ਜ਼ਾਈ ਕਰਨ ਦੇ ਨਾਲ-ਨਾਲ ਨੌਜਵਾਨ ਪੀੜ੍ਹੀ ਨੂੰ ਵੀ ਦੇਸ਼



ਅਤੇ ਸਮਾਜ ਦੀ ਸੇਵਾ ਲਈ ਪ੍ਰੇਰਿਤ ਕਰਦੇ ਹਨ।

ਇਸ ਮੌਕੇ ਡਾ. ਕੇ ਪੀ ਸਿੰਘ (ਸਾਬਕਾ ਡੀ.ਜੀ.ਪੀ. ਹਰਿਆਣਾ), ਚੌਧਰੀ ਓਮ ਪ੍ਰਕਾਸ਼ ਦੇਵੀਨਗਰ (ਚੇਅਰਮੈਨ), ਚੌਧਰੀ ਅਰਜੁਨ (ਸਾਬਕਾ ਵਿਧਾਇਕ, ਹਰਿਆਣਾ), ਪੰਜਾਬ ਇੰਜੀਨੀਅਰਿੰਗ ਕਾਲਜ ਚੰਡੀਗੜ੍ਹ ਦੇ ਇੱਕ ਡਾਕਟਰ ਪ੍ਰੋਫੈਸਰ ਅਤੇ ਲੈਫਟੀਨੈਂਟ ਕਰਨਲ ਸੰਤ ਰਾਮ ਮੀਲੂ (ਪ੍ਰਧਾਨ, ਗੁੱਜਰ ਭਵਨ ਚੰਡੀਗੜ੍ਹ) ਸਮੇਤ ਕਈ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

ਬਲਕਾਰ ਸਿੰਘ ਕਡਿਆਣਾ ਦੀ ਅੰਤਮ ਅਰਦਾਸ ਤੇ ਸ਼ੋਕ ਸਭਾ ਹੋਈ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਪਿੰਡ ਝੰਡੀਪੀਰ ਕਡਿਆਣਾ ਵਿਖੇ ਕਿਰਤੀ ਕਿਸਾਨ ਯੂਨੀਅਨ ਇਲਾਕਾ ਫਿਲੌਰ ਦੇ ਆਗੂ ਬਲਕਾਰ ਸਿੰਘ ਕਡਿਆਣਾ ਦੀ ਅੰਤਿਮ ਅਰਦਾਸ ਅਤੇ ਸ਼ੋਕ ਸਭਾ ਪਿੰਡ ਕਡਿਆਣਾ ਵਿਖੇ ਕੀਤੀ ਗਈ। ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਤੇ ਸੂਬਾ ਆਗੂ ਸੰਤੋਖ ਸਿੰਘ ਸੰਧੂ, ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਤੇ ਸੂਬਾ ਕਮੇਟੀ ਮੈਂਬਰ ਸਾਥੀ ਹੰਸ ਰਾਜ ਪੱਬਵਾਂ ਨੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ



ਕਿਹਾ ਕਿ ਬਲਕਾਰ ਸਿੰਘ ਫਿਲੌਰ ਇਲਾਕੇ ਦੇ ਦੱਬੇ ਕੁਚਲੇ ਮਜ਼ਦੂਰਾਂ ਅਤੇ ਗਰੀਬ ਕਿਸਾਨਾਂ ਨੂੰ ਆਪਣੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ, ਇਸ ਗਲੇ ਸੜੇ ਸਮਾਜ ਨੂੰ ਬਦਲਣ ਲਈ, ਸੰਘਰਸ਼ਾਂ ਦੇ ਰਸਤੇ 'ਤੇ ਚੱਲਣ ਲਈ ਲਾਮਬੰਦ ਕਰ ਰਿਹਾ ਸੀ।ਬਰਾਬਰਤਾ ਦਾ ਸਮਾਜ ਸਿਰਜਣ ਲਈ ਸੰਘਰਸ਼ ਕਰਨਾ ਹੀ ਸਾਥੀ ਬਲਕਾਰ ਸਿੰਘ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਅੱਜ ਦੇ ਸ਼ਰਧਾਂਜਲੀ ਸਮਾਗਮ ਵਿੱਚ ਪਰਵਾਰ ਨਾਲ ਦੁੱਖ ਸਾਂਝਾ ਕਰਨ ਲਈ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਆਗੂ ਸਾਥੀ ਤਰਸੇਮ ਪੀਟਰ, ਚੰਨਣ ਸਿੰਘ ਬੁੱਟਰ, ਸ਼ਿੰਗਾਰਾ ਰਾਮ ਸੁੰਨੜਕਲਾਂ, ਕਿਰਤੀ ਯੂਨੀਅਨ ਦੇ ਸੁਰਜੀਤ ਸਿੰਘ ਸਮਰਾ, ਬਲਜੀਤ ਸਿੰਘ ਬੀਤਾ, ਚੇਅਰਮੈਨ ਗੁਰਦੇਵ ਸਿੰਘ ਸਮਰਾ, ਨੌਜਵਾਨ ਭਾਰਤ ਸਭਾ ਦੇ ਆਗੂ ਤੇਜਦੀਪ, ਇਸਤਰੀ ਜਾਗਰਤੀ ਮੰਚ ਬੀਬੀ ਕੁਲਵੰਤ ਕੌਰ, ਤਰਸੇਮ ਸਿੰਘ ਕਡਿਆਣਾ, ਬਲਦੇਵ ਸਿੰਘ ਸੇਲਕੀਆਣਾ ਅਤੇ ਹਲਕਾ ਫਿਲੌਰ ਦੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਬੀਬੀ ਹਰਜੋਤ ਕੌਰ ਲੋਹਟੀਆ, ਅਕਾਲੀ ਦਲ ਬਾਦਲ ਦੇ ਆਗੂ ਮੋਹਣ ਸਿੰਘ ਕਡਿਆਣਾ ਹਾਜ਼ਰ ਹੋਏ। ਸਾਥੀ ਜਗਤਾਰ ਕਡਿਆਣਾ ਨੇ ਸੰਗਤਾਂ ਦਾ ਧੰਨਵਾਦ ਕੀਤਾ।

ਲੋਕ ਅਦਾਲਤ 21 ਨਵੰਬਰ ਨੂੰ

ਬਲਾਚੌਰ (ਜਸਵਿੰਦਰ ਬੈਂਸ)- ਸ਼ਹੀਦ ਭਗਤ ਸਿੰਘ ਨਗਰ ਨੈਸ਼ਨਲ ਲੀਗਲ ਸਰਵਿਸਿਜ਼ ਅਥਾਰਟੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ 21 ਨਵੰਬਰ ਨੂੰ ਵਿਸ਼ੇਸ਼ ਲੋਕ ਅਦਾਲਤ ਦਾ ਆਯੋਜਨ ਕੀਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਅਤੇ ਸੈਸ਼ਨ ਜੱਜ ਸ੍ਰੀ ਜਤਿੰਦਰ ਪਾਲ ਸਿੰਘ ਖੁਰਮੀ ਨੇ ਦੱਸਿਆ ਕਿ ਇਹ ਵਿਸ਼ੇਸ਼ ਲੋਕ ਅਦਾਲਤ ਜ਼ਿਲ੍ਹਾ ਕੋਰਟ ਕੰਪਲੈਕਸ ਸ਼ਹੀਦ ਭਗਤ ਸਿੰਘ ਨਗਰ ਅਤੇ ਸਬ-ਡਵੀਜ਼ਨਲ ਕੋਰਟ ਬਲਾਚੌਰ ਵਿਖੇ ਲਗਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਵਿਸ਼ੇਸ਼ ਲੋਕ ਅਦਾਲਤ ਦਾ ਮੁੱਖ ਉਦੇਸ਼ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ, 1881 ਅਧੀਨ ਆਉਂਦੇ ਚੈੱਕ ਬਾਊਂਸ ਦੇ ਕੇਸਾਂ ਦਾ ਆਪਸੀ



ਸਹਿਮਤੀ ਅਤੇ ਸਮਝੌਤੇ ਰਾਹੀਂ ਨਿਪਟਾਰਾ ਕਰਨਾ ਹੈ। ਲੋਕ ਅਦਾਲਤਾਂ ਰਾਹੀਂ ਕੇਸਾਂ ਦਾ ਨਿਪਟਾਰਾ ਹੋਣ ਨਾਲ ਜਿੱਥੇ ਲੋਕਾਂ ਨੂੰ ਲੰਬੀ ਕਾਨੂੰਨੀ ਪ੍ਰਕਿਰਿਆ ਤੋਂ ਰਾਹਤ ਮਿਲਦੀ ਹੈ, ਉੱਥੇ ਹੀ ਸਮੇਂ ਅਤੇ ਪੈਸੇ ਦੀ ਵੀ ਬੱਚਤ ਹੁੰਦੀ ਹੈ। ਜ਼ਿਲ੍ਹਾ ਅਤੇ ਸੈਸ਼ਨ ਜੱਜ ਨੇ ਸਬੰਧਤ ਧਿਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਚੈੱਕ ਬਾਊਂਸ ਨਾਲ ਸਬੰਧਤ ਕੇਸਾਂ ਦਾ ਸੁਖਾਵੇਂ ਢੰਗ ਨਾਲ ਨਿਪਟਾਰਾ ਕਰਵਾਉਣ ਲਈ ਇਸ ਵਿਸ਼ੇਸ਼ ਲੋਕ ਅਦਾਲਤ ਦਾ ਵੱਧ ਤੋਂ ਵੱਧ ਲਾਭ ਉਠਾਉਣ। ਉਨ੍ਹਾਂ ਇਹ ਵੀ ਦੱਸਿਆ ਕਿ ਜੇਕਰ ਕਿਸੇ ਵਿਅਕਤੀ ਨੂੰ ਲੋਕ ਅਦਾਲਤ ਵਿੱਚ ਆਪਣਾ ਕੇਸ ਲਗਵਾਉਣ ਸਬੰਧੀ ਕੋਈ ਮੁਸ਼ਕਲ ਪੇਸ਼ ਆਉਂਦੀ ਹੈ ਤਾਂ ਉਹ ਦਫ਼ਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਵਿਖੇ ਸੰਪਰਕ ਕਰ ਸਕਦਾ ਹੈ। ਇਸ ਤੋਂ ਇਲਾਵਾ ਵਧੇਰੇ ਜਾਣਕਾਰੀ ਲਈ ਫ਼ੋਨ ਨੰਬਰ 01823-223511 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

ਮਾਊਂਟ ਲਿਟਰਾ ਜ਼ੀ 'ਚ ਅੰਤਰ-ਹਾਊਸ ਪੰਜਾਬੀ ਸਕਿੱਟ ਮੁਕਾਬਲੇ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਮਾਊਂਟ ਲਿਟਰਾ ਜ਼ੀ ਸਕੂਲ ਰਾਮਪੁਰਾ ਵਿਖੇ ਚੌਥੀ ਤੇ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਅੰਤਰ-ਹਾਊਸ ਪੰਜਾਬੀ ਸਕਿੱਟ ਮੁਕਾਬਲਾ ਕਰਵਾਇਆ। ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ 'ਤੇ ਪ੍ਰਭਾਵਸ਼ਾਲੀ ਪ੍ਰਦਰਸ਼ਨਾਂ ਤੇ ਪੇਸ਼ਕਾਰੀਆਂ ਨਾਲ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਇਸ ਮੁਕਾਬਲੇ ਵਿੱਚ ਕੋਲੰਬਸ ਹਾਊਸ ਨੇ ਨੈਤਿਕ ਕਦਰਾਂ ਕੀਮਤਾ ਵਿਸ਼ੇ 'ਤੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਤੇ ਪਹਿਲਾ ਸਥਾਨ ਪ੍ਰਾਪਤ ਕੀਤਾ।ਆਨਸਟਾਇਨ ਹਾਊਸ ਨੇ ਸਮੇਂ ਦਾ ਸਦਉਪਯੋਗ ਵਿਸ਼ੇ 'ਤੇ ਪ੍ਰਦਰਸ਼ਨ ਕਰਕੇ ਦੂਜਾ ਸਥਾਨ, ਦਾ-ਵਿੰਚੀ ਹਾਊਸ ਨੇ ਸਕੂਲ ਨੂੰ ਕੂੜੇਦਾਨ ਨਾ ਬਣਾਓ ਵਿਸ਼ੇ 'ਤੇ ਪ੍ਰਦਰਸ਼ਨ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਸਕੂਲ ਦੇ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਸ਼੍ਰੀਮਤੀ ਨਮਿਤਾ ਬਾਂਸਲ ਤੇ ਪ੍ਰਿੰਸੀਪਲ ਸ਼੍ਰੀਮਤੀ ਗੀਤਾ ਪਿੱਲੇ ਨੇ ਸਾਰੇ ਭਾਗੀਦਾਰਾਂ ਨੂੰ ਵਧਾਈ ਦਿੱਤੀ ਤੇ ਭਵਿੱਖ ਵਿੱਚ ਅਜਿਹੀਆਂ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਤ ਕੀਤਾ।

ਵਿਦਿਆਰਥੀਆਂ ਨੂੰ ਸਵੈ-ਜਨਗਣਨਾ ਬਾਰੇ ਪ੍ਰੇਰਿਤ ਕੀਤਾ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਸਵੈ ਜਨਗਣਨਾ ਤਹਿਤ ਮੈਥ ਲੈਕਚਰਾਰ ਗੁਰਮੀਤ ਸਿੰਘ (ਫੀਲਡ ਟਰੇਨਰ) ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਹਿਰਾ ਮੁਹੱਬਤ ਵਿਖੇ 11ਵੀਂ ਤੇ 12ਵੀਂ ਦੇ ਵਿਦਿਆਰਥੀਆਂ ਨੂੰ ਸਵੈ-ਜਨਗਣਨਾ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਸਵੈ-ਜਨਗਣਨਾ 16 ਨਵੰਬਰ 2026 ਤੋਂ 30 ਨਵੰਬਰ 2026 ਤੱਕ, ਘਰ-ਘਰ ਜਾ ਕੇ ਜਨਗਣਨਾ 1 ਦਸੰਬਰ 2026 ਤੋਂ 4 ਜਨਵਰੀ 2027 ਤੱਕ ਅਤੇ ਸੋਧ ਪੜਾਅ 5 ਜਨਵਰੀ ਤੋਂ 9 ਜਨਵਰੀ 2027 ਤੱਕ ਹੋਵੇਗੀ। ਸਵੈ ਜਨਗਣਨਾ ਦੀ ਸਾਰੀ ਪ੍ਰਕਿਰਿਆ ਆਨ-ਲਾਈਨ ਹੋਵੇਗੀ। ਉਨ੍ਹਾਂ ਕਿਹਾ ਕਿ ਜਨਗਣਨਾ ਨੂੰ ਸਫਲ ਬਣਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। 'ਸਾਡੀ ਜਨਗਣਨਾ, ਸਾਡਾ ਵਿਕਾਸ' ਦਾ ਸੁਨੇਹਾ ਦਿੰਦਿਆਂ ਕਿਹਾ ਕਿ ਸਾਰੇ ਨਾਗਰਿਕ ਸਹੀ ਜਾਣਕਾਰੀ ਦੇ ਕੇ ਭਵਿੱਖ ਵਿੱਚ ਦੇਸ਼ ਦੇ ਵਿਕਾਸ ਲਈ ਬਣਨ ਵਾਲੀਆਂ ਯੋਜਨਾਵਾਂ ਵਿੱਚ ਯੋਗਦਾਨ ਪਾਉਣ।

ਬਚਿੱਤਰ ਸਿੰਘ ਹਰਿਆਊ ਵੱਲੋਂ ਸੁਖਬੀਰ ਬਾਦਲ ਦਾ ਸਨਮਾਨ




ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)-ਸ਼੍ਰੋਮਣੀ ਅਕਾਲੀ ਦਲ ਦੀ ਟਿਕਟ ਤੇ ਜ਼ਿਲ੍ਹਾ ਪ੍ਰੀਸ਼ਦ ਪਟਿਆਲਾ ਦੇ ਮੈਂਬਰ ਬਣੇ ਸਰਪੰਚ ਬਚਿੱਤਰ ਸਿੰਘ ਹਰਿਆਊ ਵੱਲੋਂ ਰੱਖੇ ਗਏ ਧਾਰਮਿਕ ਸਮਾਰੋਹ ਦੌਰਾਨ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੇ ਪਿੰਡ ਹਰਿਆਊ ਖੁਰਦ ਵਿਖੇ ਬਚਿੱਤਰ ਸਿੰਘ ਵੜੈਚ ਵੱਲੋਂ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੌਰਾਨ ਪਹੁੰਚ ਕੇ ਗੁਰੂ ਘਰ ਮੱਥਾ ਟੇਕਿਆ। ਇਸ ਦੌਰਾਨ ਉਹਨਾਂ ਸਰਪੰਚ ਬਚਿੱਤਰ ਸਿੰਘ ਥਾਪੜਾ ਦਿੰਦਿਆਂ ਉਨ੍ਹਾਂ ਵੱਲੋਂ ਪਾਰਟੀ ਲਈ ਕੀਤੇ ਜਾ ਰਹੇ ਕੰਮ ਲਈ ਸ਼ਲਾਘਾ ਕਰਦਿਆਂ ਕਿਹਾ ਕਿ ਅਕਾਲੀ ਪਿਛੋਕੜ ਵਾਲੇ ਨੇਕ ਨੀਅਤ ਵਾਲੇ ਨੌਜਵਾਨ ਆਗੂ ਦਾ ਹਲਕਾ ਸ਼ੁਤਰਾਨਾ ਵਿੱਚ ਅਕਾਲੀ ਦਲ ਦੀ ਟਿਕਟ ਉੱਤੇ ਜ਼ਿਲ੍ਹਾ ਪ੍ਰੀਸ਼ਦ ਸੀਟ ਜਿੱਤਣਾ ਇੱਕ ਮਿਸਾਲ ਹੈ।ਸਾਬਕਾ ਐੱਸਜੀਪੀਸੀ ਮੈਂਬਰ ਨਿਰਮਲ ਸਿੰਘ ਹਰਿਆਊ ਤੇ ਸਾਬਕਾ ਚੇਅਰਮੈਨ ਬਲਜਿੰਦਰ ਸਿੰਘ ਹਰਿਆਊ ਵੱਲੋਂ ਇਲਾਕੇ ਵਿੱਚ ਪਾਰਟੀ ਦੀ ਚੜ੍ਹਦੀ ਕਲਾ ਲਈ ਕੀਤੇ ਗਏ ਕੰਮਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਇਨ੍ਹਾਂ ਪਰਵਾਰਾਂ ਵਿੱਚ ਜਗਮੀਤ ਸਿੰਘ ਹਰਿਆਊ ਤੇ ਬਚਿੱਤਰ ਸਿੰਘ ਹਰਿਆਊ ਦੀ ਜੋੜੀ ਪਾਰਟੀ ਲਈ ਸ਼ੁੱਭ ਸ਼ਗਨ ਹੈ।ਅਜਿਹੇ ਨਿਰਸਵਾਰਥ ਆਗੂਆਂ ਦਾ ਹੋਣਾ ਪਾਰਟੀ ਲਈ ਬੇਹੱਦ ਜ਼ਰੂਰੀ ਹੈ।ਇਸ ਦੌਰਾਨ ਬਚਿੱਤਰ ਸਿੰਘ ਵੜੈਚ ਨੇ ਭਰੋਸਾ ਦਿੱਤਾ ਕਿ ਪਾਰਟੀ ਦੀ ਚੜ੍ਹਦੀ ਕਲਾ ਲਈ ਦਿਨ-ਰਾਤ ਕੰਮ ਕਰਦਿਆਂ ਸਮਾਣਾ ਤੋਂ ਜਗਮੀਤ ਸਿੰਘ ਹਰਿਆਊ ਤੇ ਸ਼ੁਤਰਾਣਾ ਤੋਂ ਬਾਬੂ ਕਬੀਰ ਦਾਸ ਨੂੰ ਵਿਧਾਨ ਸਭਾ ਚੋਣਾਂ ਜਿਤਾ ਕੇ ਪੰਜਾਬ ਵਿੱਚ ਅਗਲੀ ਬਣਨ ਵਾਲੀ ਅਕਾਲੀ ਸਰਕਾਰ ਲਈ ਆਪਣਾ ਯੋਗਦਾਨ ਪਾਉਣਗੇ।

ਭਾਵਪੂਰਤ ਰਹੀ ਅਧਿਅਪਕ ਜਸਪਾਲ ਕਿੰਗਰਾ ਦੀ ਸੇਵਾ-ਮੁਕਤੀ




ਸਿਰਸਾ (ਸੁਰਿੰਦਰ ਪਾਲ ਸਿੰਘ)-ਸਰਕਾਰੀ ਮਿਡਲ ਸਕੂਲ ਤੱਖਤਮੱਲ (ਸਿਰਸਾ) ਤੋਂ 34 ਸਾਲ ਦੀਆਂ ਖੇਡ ਵਿਦਿਅਕ ਸੇਵਾਵਾਂ ਤੋ ਮੁਕਤ ਹੋਏ ਪੀ ਟੀ ਆਈ ਅਧਿਆਪਕ ਜਸਪਾਲ ਸਿੰਘ ਕਿੰਗਰਾ ਨੂੰ ਸਕੂਲ ਸਟਾਫ ਤੇ ਪਤਵੰਤਿਆਂ ਵੱਲੋਂ ਸਨੇਹ ਭਰੀ ਭਾਵ ਪੂਰਤ ਵਿਦਾਈ ਦਿੱਤੀ ਗਈ। ਮੰਚ ਵੱਲੋਂ ਉਨ੍ਹਾਂ ਦੀਆਂ ਵੱਖ ਵੱਖ ਸਕੂਲਾਂ ਵਿੱਚ ਖੇਡ ਅਧਿਆਪਕ ਵਜੋਂ ਦਿੱਤੀਆਂ ਗਈਆਂ ਸੇਵਾਵਾਂ ਨੂੰ ਯਾਦ ਕੀਤਾ ਗਿਆ। ਸਰਕਾਰੀ ਮਿਡਲ ਸਕੂਲ ਤਖਤਮੱਲ ਦੇ ਵਿਦਿਆਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤੇ ਗਏ। ਮੰਚ ਸੰਚਾਲਨ ਮਾ: ਰਾਜਵੀਰ ਸਿੰਘ ਨੇ ਕੀਤਾ। ਸਕੂਲ ਮੁਖੀ ਮੈਡਮ ਪੂਨਮ ਰਾਣੀ ਦੀ ਅਗਵਾਈ 'ਚ ਸਮੁੱਚੇ ਕਿੰਗਰਾ ਪਰਵਾਰ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਵਿਦਾਇਗੀ ਸਮਾਗਮ ਵਿੱਚ ਜਸਪਾਲ ਸਿੰਘ ਕਿੰਗਰਾ ਦੀ ਧਰਮਪਤਨੀ ਬੀਬਾ ਕਰਮਜੀਤ ਕੌਰ, ਸਪੁੱਤਰ ਡਾਕਟਰ ਚਰਨਜੀਤ ਕਿੰਗਰਾ, ਨੂੰਹ ਡਾਕਟਰ ਪ੍ਰਨੀਤ ਕੌਰ ਤੋਂ ਬਿਨਾਂ ਮੈਡਮ ਰਾਜ ਰਾਣੀ, ਸੰਗੀਤਾ ਰਾਣੀ, ਨੀਲਮ ਰਾਣੀ, ਨਰਿੰਦਰ ਸਿੰਘ, ਰਾਜੇਸ਼ ਕੁਮਾਰ, ਅਜੈ ਕੁਮਾਰ, ਨਰਿੰਦਰ ਸਿੰਘ ਸਿੱਧੂ, ਪ੍ਰਿੰ: ਬਲਜੀਤ ਸਿੰਘ ਤੇ ਸਤਨਾਮ ਸਿੰਘ ਤੋਂ ਬਿਨਾਂ ਪਿੰਡ ਤੱਖਤਮਲ ਦੇ ਪਤਵੰਤੇ ਵੀ ਹਾਜ਼ਰ ਰਹੇ।

ਭਾਜਪਾ ਗੁਜਰਾਤ ਬੰਦਰਗਾਹ ਰਾਹੀਂ ਹੋ ਰਹੀ ਨਸ਼ਾ ਤਸਕਰੀ ਬੰਦ ਕਰੇ : ਰਾਜਵੰਤ ਕੌਰ



ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬ ਭਾਜਪਾ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ ਵੱਲੋਂ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਪੱਤਰ ਲਿਖ ਕੇ ਪੰਜਾਬ ਵਿੱਚ ਨਸ਼ਾ ਤਸਕਰੀ ਤੇ ਹੋਰ ਗੈਰ-ਕਾਨੂੰਨੀ ਸਰਗਰਮੀਆਂ ਦੀ ਐੱਨ.ਆਈ.ਏ. ਰਾਹੀਂ ਜਾਂਚ ਦੀ ਮੰਗ ਕੀਤੀ ਗਈ ਹੈ।ਇਸ ਦਾ ਜਵਾਬ ਦਿੰਦਿਆਂ ਅਕਾਲੀ ਦਲ ਵਾਰਿਸ ਪੰਜਾਬ ਦੇ ਇਸਤਰੀ ਵਿੰਗ ਪੰਜਾਬ ਦੀ ਮੀਤ ਪ੍ਰਧਾਨ ਤੇ ਹਲਕਾ ਸਨੌਰ ਦੇ ਇੰਚਾਰਜ ਬੀਬਾ ਰਾਜਵੰਤ ਕੌਰ ਘੜਾਮ ਨੇ ਆਖਿਆ ਕਿ ਸੁਨੀਲ ਜਾਖੜ ਨੂੰ ਗ੍ਰਹਿ ਮੰਤਰੀ ਨੂੰ ਇਹ ਕਹਿਣਾ ਚਾਹੀਦਾ ਸੀ ਕਿ ਗੁਜਰਾਤ ਦੀ ਬੰਦਰਗਾਹ ਰਾਹੀਂ ਹੋ ਰਹੀ ਨਸ਼ਾ ਤਸਕਰੀ ਨੂੰ ਪਹਿਲਾਂ ਬੰਦ ਕੀਤਾ ਜਾਵੇ, ਕਿਉਂਕਿ ਗੁਜਰਾਤ ਵਿੱਚ ਖੁਦ ਭਾਜਪਾ ਦੀ ਹੀ ਸਰਕਾਰ ਹੈ।ਬੀਬਾ ਰਾਜਵੰਤ ਕੌਰ ਘੜਾਮ ਨੇ ਕਿਹਾ ਕਿ ਪੰਜਾਬ ਵਿੱਚ ਜਿਹੜਾ ਨਸ਼ਾ ਬਾਹਰਲੇ ਦੇਸ਼ਾਂ ਵਿੱਚੋਂ ਆਉਂਦਾ ਹੈ, ਉਸ ਦਾ ਇੱਕ ਵੱਡਾ ਹਿੱਸਾ ਗੁਜਰਾਤ ਦੀ ਬੰਦਰਗਾਹ ਰਾਹੀਂ ਪਹੁੰਚਦਾ ਹੈ, ਕਿਉਂਕਿ ਇਹ ਬੰਦਰਗਾਹ ਨਸ਼ਾ ਤਸਕਰੀ ਦਾ ਵੱਡਾ ਅੱਡਾ ਬਣੀ ਹੋਈ ਹੈ।ਉਨ੍ਹਾਂ ਆਖਿਆ ਕਿ ਭਾਜਪਾ ਪੰਜਾਬ ਵਿੱਚੋਂ ਨਸ਼ਾ ਖਤਮ ਕਰਨ ਦੇ ਫੋਕੇ ਦਾਅਵੇ ਕਰਨ ਤੋਂ ਪਹਿਲਾਂ ਗੁਜਰਾਤ ਦੀ ਬੰਦਰਗਾਹ 'ਤੇ ਵਿਦੇਸ਼ਾਂ ਵਿੱਚੋਂ ਆ ਰਹੇ ਨਸ਼ਿਆਂ 'ਤੇ ਰੋਕ ਲਗਾਵੇ।ਉਨ੍ਹਾਂ ਕਿਹਾ ਕਿ ਭਾਜਪਾ ਪਹਿਲਾਂ ਗੁਜਰਾਤ, ਰਾਜਸਥਾਨ ਤੇ ਹਰਿਆਣਾ ਵਰਗੇ ਸੂਬਿਆਂ, ਜਿੱਥੇ ਕਿ ਭਾਜਪਾ ਦੀਆਂ ਹੀ ਸਰਕਾਰਾਂ ਹਨ, ਵਿੱਚੋਂ ਨਸ਼ਾ ਖਤਮ ਕਰੇ ਤੇ ਬਾਅਦ ਵਿੱਚ ਪੰਜਾਬ ਵਿੱਚੋਂ ਨਸ਼ਾ ਖਤਮ ਕਰਨ ਦੀ ਗੱਲ ਆਖੇ।

ਭਗਵੰਤ ਮਾਨ ਨੂੰ ਧੂਰੀ ਤੋਂ ਮੁੜ ਉਮੀਦਵਾਰ ਐਲਾਨਣ 'ਤੇ ਵਰਕਰਾਂ 'ਚ ਖੁਸ਼ੀ ਦੀ ਲਹਿਰ



ਧੂਰੀ (ਮਨੋਹਰ ਸੱਗੂ, ਮੋਹਿਤ ਗਰਗ, ਬਿੰਨੀ ਗਰਗ)-ਆਮ ਆਦਮੀ ਪਾਰਟੀ ਦੀ ਕੇਂਦਰੀ ਹਾਈਕਮਾਨ ਵੱਲੋਂ ਸਾਲ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਐਲਾਨੀ ਗਈ 40 ਉਮੀਦਵਾਰਾਂ ਦੀ ਪਹਿਲੀ ਸੂਚੀ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਧੂਰੀ ਹਲਕੇ ਤੋਂ ਮੁੜ ਉਮੀਦਵਾਰ ਐਲਾਨੇ ਜਾਣ 'ਤੇ ਪਾਰਟੀ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਇਸ ਮੌਕੇ ਵਰਕਰਾਂ ਵੱਲੋਂ ਸਥਾਨਕ ਮੁੱਖ ਮੰਤਰੀ ਕੈਂਪ ਦਫ਼ਤਰ ਦੇ ਸਾਹਮਣੇ ਢੋਲ ਵਜਾ ਕੇ ਤੇ ਲੱਡੂ ਵੰਡ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।ਇਸ ਮੌਕੇ ਮੁੱਖ ਮੰਤਰੀ ਕੈਂਪ ਦਫ਼ਤਰ ਦੇ ਇੰਚਾਰਜ ਤੇ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਬੀਰ ਸਿੰਘ ਢਿੱਲੋਂ, ਮਾਰਕੀਟ ਕਮੇਟੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਤੇ ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ ਨੇ ਹਾਈਕਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਲ 2022 ਦੀਆਂ ਚੋਣਾਂ ਵਿੱਚ ਧੂਰੀ ਦੇ ਲੋਕਾਂ ਨੇ ਭਗਵੰਤ ਮਾਨ ਨੂੰ ਵੱਡੇ ਫ਼ਰਕ ਨਾਲ ਜਿਤਾ ਕੇ ਸੇਵਾ ਕਰਨ ਦਾ ਮੌਕਾ ਦਿੱਤਾ ਸੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੇ ਲੋਕਾਂ ਦੇ ਭਰੋਸੇ 'ਤੇ ਖਰਾ ਉਤਰਦਿਆਂ ਧੂਰੀ ਸਮੇਤ ਸਮੁੱਚੇ ਪੰਜਾਬ ਵਿੱਚ ਲੋਕ ਭਲਾਈ ਤੇ ਵਿਕਾਸ ਕਾਰਜ ਕਰਵਾਏ ਹਨ।ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਨੇ ਕਿਸਾਨਾਂ ਨੂੰ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਦਾ ਉਪਰਾਲਾ ਕਰਕੇ ਕਿਸਾਨ ਹਿਤੈਸ਼ੀ ਹੋਣ ਦਾ ਸਬੂਤ ਦਿੱਤਾ ਹੈ।ਉਨ੍ਹਾਂ ਦਾਅਵਾ ਕੀਤਾ ਕਿ ਪਾਰਟੀ ਵਿਕਾਸ ਦੇ ਮੁੱਦਿਆਂ ਨੂੰ ਲੈ ਕੇ 2027 ਦੀਆਂ ਚੋਣਾਂ ਲੜੇਗੀ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਕੌਂਸਲਰ ਅਸ਼ਵਨੀ ਧੀਰ, ਪੁਸ਼ਪਿੰਦਰ ਸ਼ਰਮਾ, ਨਰੇਸ਼ ਸਿੰਗਲਾ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ।

ਤਿਉਹਾਰਾਂ ਦੇ ਸੀਜ਼ਨ ਦੌਰਾਨ ਸੁਰੱਖਿਅਤ ਤੇ ਸੁਗਮ ਰੇਲ ਯਾਤਰਾ ਦੀ ਅਪੀਲ

ਰੇਲ ਪ੍ਰਸ਼ਾਸਨ ਨੇ ਪਟਾਕੇ, ਜਲਣਸ਼ੀਲ ਪਦਾਰਥ ਤੇ ਚੱਲਦੀ ਟਰੇਨ 'ਚ ਸਫ਼ਰ ਕਰਨ ਤੋਂ ਵਰਜਿਆ, ਨਿਯਮਾਂ ਦੀ ਪਾਲਣਾ ਕਰਨ 'ਤੇ ਦਿੱਤਾ ਜ਼ੋਰ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਆਉਣ ਵਾਲੇ ਤਿਉਹਾਰਾਂ ਦੇ ਮੱਦੇਨਜ਼ਰ ਰੇਲ ਯਾਤਰੀਆਂ ਦੀ ਸਹੂਲਤ ਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਉੱਤਰ ਰੇਲਵੇ ਦੇ ਫਿਰੋਜ਼ਪੁਰ ਮੰਡਲ ਵੱਲੋਂ ਲਗਾਤਾਰ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਰੇਲ ਪ੍ਰਸ਼ਾਸਨ ਵੱਲੋਂ ਨਿਯਮਤ ਟਰੇਨਾਂ ਦੇ ਨਾਲ-ਨਾਲ ਕਈ ਤਿਉਹਾਰ ਸਪੈਸ਼ਲ ਟਰੇਨਾਂ ਦਾ ਵੀ ਸੰਚਾਲਨ ਕੀਤਾ ਜਾ ਰਿਹਾ ਹੈ, ਤਾਂ ਜੋ ਯਾਤਰੀਆਂ ਨੂੰ ਆਵਾਜਾਈ ਵਿੱਚ ਕੋਈ ਪ੍ਰੇਸ਼ਾਨੀ ਨਾ ਆਵੇ। ਇਸ ਦੇ ਨਾਲ ਹੀ ਫਿਰੋਜ਼ਪੁਰ ਮੰਡਲ ਵੱਲੋਂ ਯਾਤਰੀਆਂ ਦੀ ਸੁਰੱਖਿਆ ਨੂੰ ਸਰਵਉੱਚ ਰੱਖਦਿਆਂ ਇਕ ਖਾਸ ਅਪੀਲ ਜਾਰੀ ਕੀਤੀ ਗਈ ਹੈ। ਸੀਨੀਅਰ ਮੰਡਲ ਵਪਾਰਕ ਪ੍ਰਬੰਧਕ ਬਸੰਤ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰੇਲ ਯਾਤਰਾ ਦੌਰਾਨ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਨਾ ਬਹੁਤ ਜ਼ਰੂਰੀ ਹੈ। ਰੇਲ ਪ੍ਰਸ਼ਾਸਨ ਨੇ ਯਾਤਰੀਆਂ ਨੂੰ ਸਖ਼ਤ ਹਦਾਇਤ ਕੀਤੀ ਹੈ ਕਿ ਉਹ ਆਪਣੇ ਨਾਲ ਪਟਾਕੇ ਜਾਂ ਕਿਸੇ ਵੀ ਕਿਸਮ ਦੇ ਖ਼ਤਰਨਾਕ ਜਲਨਸ਼ੀਲ ਪਦਾਰਥ ਲੈ ਕੇ ਰੇਲ ਗੱਡੀ ਵਿਚ ਯਾਤਰਾ ਨਾ ਕਰਨ। ਇਸ ਤੋਂ ਇਲਾਵਾ ਰੇਲਵੇ ਸਟੇਸ਼ਨਾਂ ਦੇ ਪਲਾਈਵੁੱਡ ਜਾਂ ਪਲੇਟਫਾਰਮ ਅਤੇ ਟਰੇਨਾਂ ਦੇ ਅੰਦਰ ਸਿਗਰਟਨੋਸ਼ੀ (ਧੂਮਪਾਨ) ਕਰਨ 'ਤੇ ਪੂਰਨ ਪਾਬੰਦੀ ਹੈ। ਪਲੇਟਫਾਰਮ ਬਦਲਣ ਲਈ ਹਮੇਸ਼ਾ ਫੁੱਟ ਓਵਰ ਬ੍ਰਿਜ ਦੀ ਹੀ ਵਰਤੋਂ ਕੀਤੀ ਜਾਵੇ। ਸੁਰੱਖਿਆ ਦੇ ਮੱਦੇਨਜ਼ਰ ਯਾਤਰੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਕਦੇ ਵੀ ਚੱਲਦੀ ਟਰੇਨ ਦੇ ਫੁੱਟਬੋਰਡ 'ਤੇ ਖੜ੍ਹੇ ਹੋ ਕੇ, ਬੈਠ ਕੇ ਜਾਂ ਦਰਵਾਜ਼ੇ 'ਤੇ ਲਟਕ ਕੇ ਸਫ਼ਰ ਨਾ ਕਰਨ। ਰੇਲਵੇ ਪ੍ਰਸ਼ਾਸਨ ਤੇ ਰੇਲਵੇ ਪਰਿਸਰ ਨੂੰ ਸਾਫ਼-ਸੁਥਰਾ ਰੱਖਣ ਵਿੱਚ ਸਾਰੇ ਨਾਗਰਿਕ ਰੇਲਵੇ ਦਾ ਸਹਿਯੋਗ ਕਰਨ। ਯਾਤਰੀ ਆਪਣੇ ਨਾਲ ਘੱਟ ਤੋਂ ਘੱਟ ਸਾਮਾਨ ਲੈ ਕੇ ਚੱਲਣ, ਤਾਂ ਜੋ ਉਨ੍ਹਾਂ ਦਾ ਅਤੇ ਉਨ੍ਹਾਂ ਦੇ ਨਾਲ ਵਾਲੇ ਸਹਿ-ਯਾਤਰੀਆਂ ਦਾ ਸਫ਼ਰ ਆਰਾਮਦਾਇਕ ਤੇ ਸੁਰੱਖਿਅਤ ਬਣ ਸਕੇ। ਯਾਤਰੀ ਆਪਣੇ ਕੀਮਤੀ ਸਾਮਾਨ ਦੀ ਸੁਰੱਖਿਆ ਦਾ ਖੁਦ ਖਾਸ ਧਿਆਨ ਰੱਖਣ ਤੇ ਜੇਕਰ ਰੇਲਵੇ ਸਫ਼ਰ ਦੌਰਾਨ ਕੋਈ ਵੀ ਲਾਵਾਰਿਸ ਜਾਂ ਸ਼ੱਕੀ ਵਸਤੂ ਦਿਖਾਈ ਦਿੰਦੀ ਹੈ, ਤਾਂ ਇਸ ਦੀ ਸੂਚਨਾ ਤੁਰੰਤ ਰੇਲ ਪ੍ਰਸ਼ਾਸਨ ਜਾਂ ਆਰ.ਪੀ.ਐੱਫ ਨੂੰ ਦਿੱਤੀ ਜਾਵੇ। ਯਾਤਰੀਆਂ ਨੂੰ ਇਹ ਵੀ ਅਨੁਰੋਧ ਕੀਤਾ ਗਿਆ ਹੈ ਕਿ ਉਹ ਆਪਣੀ ਯਾਤਰਾ ਸ਼ੁਰੂ ਕਰਨ ਤੋਂ ਪਹਿਲਾਂ ਐੱਨ.ਟੀ.ਈ.ਐੱਸ. ਐਪ ਜਾਂ ਹੈਲਪਲਾਈਨ ਨੰਬਰ 139 'ਤੇ ਟਰੇਨ ਦੀ ਮੌਜੂਦਾ ਸਥਿਤੀ ਅਤੇ ਸਮੇਂ ਦੀ ਸਹੀ ਜਾਣਕਾਰੀ ਜ਼ਰੂਰ ਪ੍ਰਾਪਤ ਕਰ ਲੈਣ। ਇਸੇ ਮੁਹਿੰਮ ਤਹਿਤ ਫਿਰੋਜ਼ਪੁਰ ਮੰਡਲ ਦਾ ਟਿਕਟ ਚੈਕਿੰਗ ਸਟਾਫ਼ ਵੀ ਲਗਾਤਾਰ ਸਰਗਰਮ ਹੈ ਤੇ ਯਾਤਰੀਆਂ ਨੂੰ ਜਾਗਰੂਕ ਕਰ ਰਿਹਾ ਹੈ ਕਿ ਉਹ ਪਟਾਕੇ ਜਾਂ ਹੋਰ ਪਾਬੰਦੀਸ਼ੁਦਾ ਸਮੱਗਰੀ ਲੈ ਕੇ ਰੇਲ ਯਾਤਰਾ ਨਾ ਕਰਨ। ਰੇਲ ਪ੍ਰਸ਼ਾਸਨ ਨੇ ਸਮੂਹ ਯਾਤਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਇਨ੍ਹਾਂ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਤੇ ਆਪਣੀ ਯਾਤਰਾ ਨੂੰ ਸੁਖਦ ਤੇ ਸੁਰੱਖਿਅਤ ਬਣਾਉਣ ਵਿੱਚ ਸਹਿਯੋਗ ਦੇਣ।

ਫਾਰਮੇਸੀ ਵਿਦਿਆਰਥੀਆਂ ਨੇ ਨੁੱਕੜ ਨਾਟਕ ਰਾਹੀਂ ਨਸ਼ਿਆਂ ਖਿਲਾਫ ਕੀਤਾ ਜਾਗਰੂਕ

ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)

ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਦੇ ਫਾਰਮੇਸੀ ਫੈਕਲਟੀ ਅਧੀਨ ਪਲੇਸੀਬੋ ਕਲੱਬ ਵੱਲੋਂ ਪਿੰਡ ਰਾਮਗੜ੍ਹ ਵਿਖੇ 'ਮਨਾਂ ਨੂੰ ਮਜ਼ਬੂਤ ਬਣਾਓ, ਨਸ਼ਿਆਂ ਨੂੰ ਨਾਂਹ ਕਹੋ' ਵਿਸ਼ੇ ਤਹਿਤ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਉਪਰਾਲੇ ਦਾ ਉਦੇਸ਼ ਮਾਪਿਆਂ, ਵਿਦਿਆਰਥੀਆਂ ਤੇ ਪਿੰਡ ਵਾਸੀਆਂ ਨੂੰ ਨਸ਼ੀਲੇ ਪਦਾਰਥਾਂ ਦੀ ਵਰਤੋਂ ਦੇ ਮਾੜੇ ਪ੍ਰਭਾਵਾਂ, ਨਸ਼ੇ ਦੀ ਲਤ ਦੇ ਮੁੱਢਲੇ ਸੰਕੇਤਾਂ ਦੀ ਪਛਾਣ ਤੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੇ ਯਤਨਾਂ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਸੀ।ਇਹ ਪ੍ਰੋਗਰਾਮ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ ਚਾਂਸਲਰ ਡਾ. ਤਜਿੰਦਰ ਕੌਰ ਤੇ ਵਾਈਸ ਚਾਂਸਲਰ ਪ੍ਰੋ. (ਡਾ.) ਹਰਸ਼ ਸਦਾਵਰਤੀ ਦੀ ਦੂਰਦਰਸ਼ੀ ਅਗਵਾਈ ਹੇਠ ਸੰਸਥਾ ਦੀ ਨਵੀਨਤਾ ਪ੍ਰੀਸ਼ਦ (ਆਈਆਈਸੀ), ਅੰਦਰੂਨੀ ਗੁਣਵੱਤਾ ਭਰੋਸਾ ਸੈੱਲ (ਆਈਕਿਊਏਸੀ) ਤੇ ਰਾਸ਼ਟਰੀ ਸੇਵਾ ਯੋਜਨਾ (ਐੱਨਐੱਸਐੱਸ) ਦੇ ਸਹਿਯੋਗ ਨਾਲ ਕਰਵਾਇਆ ਗਿਆ।ਇਸ ਸਮਾਗਮ ਦੀ ਦੇਖ-ਰੇਖ ਪ੍ਰੋਗਰਾਮ ਦੇ ਕੋਆਰਡੀਨੇਟਰ ਡਾ. ਇਮਤਿਆਜ਼ ਹੁਸੈਨ ਨੇ ਕੀਤੀ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਸਕੂਲਾਂ ਤੇ ਕਾਲਜਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਨਸ਼ੀਲੇ ਪਦਾਰਥਾਂ ਦੀ ਵਰਤੋਂ ਨਾਲ ਜੁੜੇ ਖ਼ਤਰਿਆਂ ਬਾਰੇ ਸੁਚੇਤ ਕਰਨਾ ਤੇ ਨਸ਼ੇ ਦੀ ਲਤ ਦੇ ਮੁੱਢਲੇ ਸੰਕੇਤਾਂ ਦੀ ਪਛਾਣ ਕਰਨ ਲਈ ਲੋੜੀਂਦੀ ਜਾਣਕਾਰੀ ਦੇਣਾ ਸੀ।ਪ੍ਰੋਗਰਾਮ ਦਾ ਮੁੱਖ ਆਕਰਸ਼ਨ ਫਾਰਮੇਸੀ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤਾ ਗਿਆ ਵਿਸ਼ੇ-ਅਧਾਰਤ ਨੁੱਕੜ ਨਾਟਕ ਰਿਹਾ।ਫਾਰਮੇਸੀ ਦੇ ਡਾਕਟਰੇਟ ਪ੍ਰੋਗਰਾਮ (ਫਾਰਮ.ਡੀ.) ਤੇ ਡੀ. ਫਾਰਮੇਸੀ ਦੇ ਵਿਦਿਆਰਥੀਆਂ ਨੇ ਆਪਣੀ ਪ੍ਰਭਾਵਸ਼ਾਲੀ ਪੇਸ਼ਕਾਰੀ ਰਾਹੀਂ ਨਸ਼ਿਆਂ ਦੇ ਸਰੀਰਕ, ਮਾਨਸਿਕ, ਸਮਾਜਿਕ ਤੇ ਪਰਿਵਾਰਕ ਮਾੜੇ ਪ੍ਰਭਾਵਾਂ ਨੂੰ ਦਰਸਾਇਆ।

ਇਸ ਪ੍ਰੋਗਰਾਮ ਰਾਹੀਂ ਨਸ਼ਿਆਂ ਦੀ ਵਰਤੋਂ ਦੇ ਮੁੱਢਲੇ ਸੰਕੇਤਾਂ ਦੀ ਪਛਾਣ, ਜ਼ਿੰਮੇਵਾਰ ਮਾਪਿਆਂ ਦੀ ਭੂਮਿਕਾ ਤੇ ਸਮੇਂ ਸਿਰ ਢੁੱਕਵੀਂ ਕਾਰਵਾਈ ਕਰਨ ਬਾਰੇ ਜਾਗਰੂਕਤਾ ਵਧਾਈ ਗਈ।ਇਸ ਦੇ ਨਾਲ ਹੀ ਪਿੰਡ ਵਾਸੀਆਂ ਨੂੰ ਜਾਗਰੂਕਤਾ ਮੁਹਿੰਮਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਤੇ ਨਸ਼ਿਆਂ ਦੀ ਲਤ ਦੇ ਖ਼ਤਰੇ ਦਾ ਸਾਹਮਣਾ ਕਰ ਰਹੇ ਵਿਅਕਤੀਆਂ ਨੂੰ ਲੋੜੀਂਦਾ ਸਹਿਯੋਗ ਦੇਣ ਲਈ ਪ੍ਰੇਰਿਤ ਕੀਤਾ ਗਿਆ।



ਪਿੰਡੀ ਵਿਖੇ ਗੁਰਮਤਿ ਸਮਾਗਮ ਭਲਕੇ

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਤੋਂ ਪ੍ਰੇਰਨਾ ਲੈਂਦਿਆਂ ਪਿੰਡ ਪਿੰਡੀ ਵਿਖੇ 3 ਨਵੰਬਰ ਮੰਗਲਵਾਰ ਨੂੰ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਨਰਿੰਦਰ ਸਿੰਘ ਡਾਇਰੈਕਟਰ ਐੱਸ ਐੱਮ ਡੀ ਸਮਾਰਟ ਸਕੂਲ ਤੇ ਅਸ਼ੋਕ ਬਹਿਲ ਜ਼ਿਲ੍ਹਾ ਸੰਯੋਜਕ ਵਿਰਸਾ ਸੰਭਾਲ ਟਰੱਸਟ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਬਾਬਾ ਹਰਮੇਸ਼ ਦਾਸ (ਸ੍ਰੀ ਰਾਮ ਥੰਮਨ), ਸੰਤ ਬਾਬਾ ਰਾਜਿੰਦਰ ਸਿੰਘ (ਡੇਰਾ ਭਜਨਗੜ੍ਹ) ਤੇ ਸ੍ਰੀ ਰਾਮ ਗੋਪਾਲ ਸਰਪ੍ਰਸਤ ਵਿਰਸਾ ਸੰਭਾਲ ਟਰੱਸਟ ਆਦਿ ਆਪਣੇ ਵਿਚਾਰ ਰੱਖਣਗੇ। ਇਹ ਸਮਾਗਮ ਸਵੇਰੇ 10 ਵਜੇ ਤੋਂ ਦੁਪਹਿਰ 12 ਵਜੇ ਤੱਕ, ਐੱਸ.ਐੱਮ.ਡੀ. ਸਮਾਰਟ ਸਕੂਲ, ਪਿੰਡੀ (ਫ਼ਿਰੋਜ਼ਪੁਰ) ਵਿਖੇ ਹੋਵੇਗਾ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਵਧ ਚੜ੍ਹ ਕੇ ਇਸ ਸਮਾਗਮ ਸ਼ਾਮਲ ਹੋਣ।

ਨਰੇਗਾ ਮਜ਼ਦੂਰਾਂ ਦੀ ਅਦਾਇਗੀ ਤੁਰੰਤ ਹੋਵੇ : ਰੇਸ਼ਮ ਮੱਤਾ

ਕੋਟਕਪੂਰਾ (ਰਛਪਾਲ ਭੁੱਲਰ)-ਨਰੇਗਾ/ਵੀ ਬੀ ਜੀ ਰਾਮ ਜੀ ਰੁਜਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਬਲਾਕ ਮੱਤਾ ਦੇ ਬਲਾਕ ਪ੍ਰਧਾਨ ਰੇਸ਼ਮ ਸਿੰਘ ਮੱਤਾ ਨੇ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਕਰਕੇ ਨਰੇਗਾ ਮਜ਼ਦੂਰਾਂ ਨੂੰ ਜਾਗਰੂਕ ਕੀਤਾ ਤੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਕੀਤੇ ਹੋਏ ਕੰਮਾਂ ਦੀ ਅਦਾਇਗੀ ਤੁਰੰਤ ਕੀਤੀ ਜਾਵੇ, ਜੇਕਰ ਸਰਕਾਰ ਨੇ ਅਦਾਇਗੀ ਤੁਰੰਤ ਨਾ ਕੀਤੀ ਤਾਂ ਨਰੇਗਾ ਵਰਕਰ ਸੰਘਰਸ਼ ਕਰਨ ਲਈ ਮਜਬੂਰ ਹੋਣਗੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡੇਲਿਆਂਵਾਲੀ ਵਿਖੇ ਕੋਠੇ ਥਰੋੜ ਤੇ ਮੱਤਾ ਵਿਖੇ ਨਰੇਗਾ ਵਰਕਰਾਂ ਦੀਆਂ ਮੀਟਿੰਗਾਂ ਕੀਤੀਆਂ। ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਆਗੂ ਨੇ ਕਿਹਾ ਇੱਕ ਜੁਲਾਈ ਤੋਂ ਵੀ ਬੀ ਜੀ ਰਾਮ ਜੀ ਨਵਾਂ ਕਾਨੂੰਨ ਲਾਗੂ ਹੋ ਚੁੱਕਿਆ ਹੈ, ਪਰ ਪਿਛਲੀ ਜੁਲਾਈ ਤੱਕ ਤੋਂ ਅੱਜ ਤੱਕ ਕਈ ਵਰਕਰਾਂ ਦੇ ਖਾਤਿਆਂ ਵਿੱਚ ਇੱਕ ਰੁਪਿਆ ਵੀ ਨਹੀਂ ਆਇਆ, ਜਿਸ ਕਰਕੇ ਤਿਉਹਾਰਾਂ ਦੇ ਦਿਨਾਂ ਵਿੱਚ ਲੋਕ ਕੰਮ ਕਰਨ ਦੇ ਬਾਵਜੂਦ ਵੀ ਮਾਯੂਸ ਹਨ ਜੇਕਰ ਦਿਵਾਲੀ ਤੱਕ ਅਦਾਇਗੀ ਨਾ ਹੋਈ ਤਾਂ ਲੋਕ ਕਾਲੀ ਦਿਵਾਲੀ ਮਨਾਉਣ ਲਈ ਮਜਬੂਰ ਹੋਣਗੇ। ਨਰੇਗਾ ਮਜ਼ਦੂਰਾਂ ਨੇ ਮੰਗ ਕੀਤੀ ਹੈ ਕਿ ਜਲਦੀ ਤੋਂ ਜਲਦੀ ਕੀਤੇ ਕੰਮ ਦੇ ਪੈਸੇ ਦਿੱਤੇ ਜਾਣ।200 ਦਿਨ ਕੰਮ ਦਿੱਤਾ ਜਾਵੇ ਮਹਿੰਗਾਈ ਦੇ ਯੁੱਗ ਵਿੱਚ 1000 ਰੁਪਏ ਦਿਹਾੜੀ ਹੋਵੇ, ਜੇਕਰ ਸਰਕਾਰ ਨੇ ਉਕਤ ਮੰਗਾਂ ਵੱਲ ਧਿਆਨ ਨਾਲ ਦਿੱਤਾ ਤਾਂ ਵਰਕਰ ਧਰਨਾ ਮੁਜ਼ਾਹਰਾ ਕਰਨ ਲਈ ਮਜਬੂਰ ਹੋਣਗੇ।ਇਸ ਸਮੇਂ ਵਰਕਰਾਂ ਨੇ ਸਰਕਾਰਾਂ ਖਿਲਾਫ ਨਾਅਰੇਬਾਜ਼ੀ ਕੀਤੀ।ਇਸ ਸਮੇਂ ਕਰਤਾਰ ਸਿੰਘ ਮਿੱਠੂ ਸਿੰਘ ਪੂਜਾ ਕੌਰ ਆਦਿ ਆਗੂ ਹਾਜ਼ਰ ਸਨ।



ਧੂਰੀ ਰੈਲੀ 'ਚ ਮਨਰੇਗਾ ਮਜ਼ਦੂਰ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ : ਸੋਹੀਆਂ/ਤੁੰਗਾਂ



ਸੰਗਰੂਰ (ਪ੍ਰਵੀਨ ਸਿੰਘ)-ਸੀਟੂ ਦੀ 3 ਨਵੰਬਰ ਦੀ ਧੂਰੀ ਰੈਲੀ ਵਿੱਚ ਮਨਰੇਗਾ ਮਜ਼ਦੂਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।ਮਨਰੇਗਾ ਮਜ਼ਦੂਰਾਂ ਦੀ ਨਾ ਤਾਂ ਪੰਜਾਬ ਸਰਕਾਰ ਨੇ ਕੋਈ ਸਾਰ ਲਈ ਹੈ ਤੇ ਨਾ ਹੀ ਕੇਂਦਰ ਨੇ, ਸਗੋਂ ਮੋਦੀ ਸਰਕਾਰ ਨੇ ਮਨਰੇਗਾ ਕਾਨੂੰਨ ਹੀ ਖਤਮ ਕਰ ਦਿੱਤਾ, ਜਿਸ ਕਰਕੇ ਤਿਉਹਾਰਾਂ ਦੇ ਦਿਨਾਂ 'ਚ ਮਨਰੇਗਾ ਮਜ਼ਦੂਰਾਂ ਦੇ ਚੁੱਲ੍ਹੇ ਠੰਡੇ ਪਏ ਹਨ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਪਿੰਡ ਹਰਕਿਸ਼ਨਪੁਰਾ ਤੇ ਰਾਏ ਸਿੰਘ ਵਾਲਾ ਵਿਖੇ ਮਨਰੇਗਾ ਮਜ਼ਦੂਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਮਨਰੇਗਾ ਮਜ਼ਦੂਰ ਯੂਨੀਅਨ (ਸੀਟੂ) ਦੇ ਜ਼ਿਲ੍ਹਾ ਪ੍ਰਧਾਨ ਰਾਮ ਸਿੰਘ ਸੋਹੀਆਂ ਤੇ ਜ਼ਿਲ੍ਹਾ ਸਕੱਤਰ ਸਤਵੀਰ ਤੁੰਗਾਂ ਨੇ ਕੀਤਾ।ਆਗੂਆਂ ਨੇ ਕਿਹਾ ਕਿ ਮੋਦੀ ਦੀ ਬਣਾਈ ਨਵੀਂ ਵੀਬੀ ਗ੍ਰਾਮ ਜੀ ਸਕੀਮ ਨਾਲ ਨਾ ਮਾਤਰ ਹੀ ਕੰਮ ਮਿਲਦਾ ਹੈ ਤੇ ਆਨਲਾਈਨ ਹਾਜ਼ਰੀ ਦਾ ਝੰਜਟ ਬਹੁਤ ਹੀ ਔਖਾ ਹੈ, ਜਿਸ ਕਰਕੇ ਹਾਜ਼ਰੀ ਲਾਉਣ ਵਾਲੇ ਮੇਟ ਨੂੰ ਵੀ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ।ਕਈ ਵਾਰ ਤਾਂ ਮਾਸਟਰੋਲ ਵਿੱਚ ਨਾਂਅ ਹੋਣ ਦੇ ਬਾਵਜੂਦ ਮਜ਼ਦੂਰਾਂ ਨੂੰ ਹਾਜ਼ਰੀ ਨਾ ਲੱਗਣ ਕਰਕੇ ਵਾਪਸ ਭੇਜਣਾ ਪੈਂਦਾ ਹੈ।ਆਗੂਆਂ ਨੇ ਮੰਗ ਕੀਤੀ ਕਿ ਬੰਦ ਪਏ ਕੰਮ ਤੁਰੰਤ ਚਾਲੂ ਕੀਤੇ ਜਾਣ, ਮਨਰੇਗਾ ਦੀ ਦਿਹਾੜੀ 800 ਰੁਪਏ ਕੀਤੀ ਜਾਵੇ, ਸਾਲ ਵਿੱਚ 200 ਦਿਨ ਹਰ ਕਾਰਡ ਧਾਰਕ ਨੂੰ ਕੰਮ ਦਿੱਤਾ ਜਾਵੇ, ਨਵੇ ਜੌਬ ਕਾਰਡ ਬਣਾਏ ਜਾਣ, ਮਨਰੇਗਾ ਮੇਟ ਨੂੰ ਪੱਕਾ ਮੁਲਾਜ਼ਮ ਬਣਾਇਆ ਜਾਵੇ, ਮਨਰੇਗਾ ਕਰਮਚਾਰੀਆਂ ਨੂੰ ਪੱਕੇ ਕੀਤਾ ਜਾਵੇ ਤੇ ਘੱਟੋ ਘੱਟ 42000 ਰੁਪਏ ਮਹੀਨਾ ਤਨਖਾਹ ਦਿੱਤੀ ਜਾਵੇ।ਇਸ ਮੌਕੇ ਹੰਸ ਰਾਜ, ਸਰਬਜੀਤ ਕੌਰ ਮੇਟ, ਹਰਮੇਸ਼ ਕੌਰ, ਜਗਸੀਰ ਸਿੰਘ ਤੇ ਹੋਰ ਪਿੰਡ ਵਾਸੀ ਹਾਜ਼ਰ ਸਨ।

ਪੀ ਆਰ ਟੀ ਸੀ ਦੇ ਕਾਫਲੇ 'ਚ 309 ਨਵੀਂਆਂ ਬੱਸਾਂ ਹੋਣਗੀਆਂ ਸ਼ਾਮਲ : ਹਰਪਾਲ ਜੁਨੇਜਾ



ਪਟਿਆਲਾ (ਰਜਿੰਦਰ ਸਿੰਘ ਥਿੰਦ)-ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਦੀ 248ਵੀਂ ਬੋਰਡ ਆਫ਼ ਡਾਇਰੈਕਟਰਜ਼ ਦੀ ਮੀਟਿੰਗ ਪੀਆਰਟੀਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਜਿੱਥੇ ਮੁਲਾਜ਼ਮ ਜਥੇਬੰਦੀਆਂ ਦੀਆਂ ਮੰਗਾਂ ਤੇ ਸੁਝਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਭਾਗ ਦੇ ਮੁਲਾਜ਼ਮ ਪੱਖੀ ਫ਼ੈਸਲੇ ਲਏ ਗਏ, ਉੱਥੇ ਹੀ ਪੀਆਰਟੀਸੀ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਤੇ ਇਸ ਦੀ ਆਰਥਿਕ ਸਥਿਤੀ ਵਿੱਚ ਸੁਧਾਰ ਲਿਆਉਣ ਸਬੰਧੀ ਵੱਖ-ਵੱਖ ਵਿਕਾਸ ਕਾਰਜਾਂ ਦੀ ਵਿਸਥਾਰਪੂਰਵਕ ਸਮੀਖਿਆ ਵੀ ਕੀਤੀ ਗਈ।ਮੀਟਿੰਗ ਵਿੱਚ ਮੈਨੇਜਿੰਗ ਡਾਇਰੈਕਟਰ ਮਨੀਸ਼ਾ ਰਾਣਾ, ਵਧੀਕ ਮੈਨੇਜਿੰਗ ਡਾਇਰੈਕਟਰ ਨਵਦੀਪ ਕੁਮਾਰ, ਵਾਈਸ ਚੇਅਰਮੈਨ ਬਲਵਿੰਦਰ ਸਿੰਘ ਝਾੜਵਾਂ, ਡਾਇਰੈਕਟਰ ਗੁਰਪ੍ਰੀਤ ਸਿੰਘ ਵਿਰਕ, ਚੀਫ਼ ਅਕਾਊਂਟਸ ਅਫ਼ਸਰ ਰਾਜੇਸ਼ ਸ਼ਰਮਾ, ਜਨਰਲ ਮੈਨੇਜਰ (ਪ੍ਰਸ਼ਾਸਨ) ਅਮਨਵੀਰ ਸਿੰਘ ਟਿਵਾਣਾ, ਕਾਰਜਕਾਰੀ ਇੰਜੀਨੀਅਰ ਜਤਿੰਦਰਪਾਲ ਸਿੰਘ ਗਰੇਵਾਲ, ਜਨਰਲ ਮੈਨੇਜਰ (ਖਰੀਦ) ਮੋਹਿੰਦਰਪਾਲ ਸਿੰਘ ਅਤੇ ਜਨਰਲ ਮੈਨੇਜਰ (ਕੰਪਿਊਟਰਜ਼) ਰਮਨ ਸ਼ਰਮਾ ਸਮੇਤ ਵਿੱਤ ਵਿਭਾਗ ਤੇ ਸਟੇਟ ਟਰਾਂਸਪੋਰਟ ਵਿਭਾਗ ਦੇ ਅਧਿਕਾਰੀ ਵੀ ਮੌਜੂਦ ਸਨ।ਪੀਆਰਟੀਸੀ ਚੇਅਰਮੈਨ ਹਰਪਾਲ ਜੁਨੇਜਾ ਨੇ ਦੱਸਿਆ ਕਿ ਇਸ ਮੀਟਿੰਗ ਦੌਰਾਨ ਪੀਆਰਟੀਸੀ ਦੇ ਭਵਿੱਖੀ ਵਿਕਾਸ ਤੇ ਆਮਦਨ ਦੇ ਨਵੇਂ ਸਰੋਤ ਪੈਦਾ ਕਰਨ ਦੇ ਉਦੇਸ਼ ਨਾਲ ਚਲਾਏ ਜਾ ਰਹੇ ਅਹਿਮ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਗਿਆ।ਇਨ੍ਹਾਂ ਵਿੱਚ ਮੁੱਖ ਦਫ਼ਤਰ ਤੇ ਡਿੱਪੂਆਂ ਵਿੱਚ ਸੋਲਰ ਸਿਸਟਮ ਲਗਾਉਣ, ਰਿਟੇਲ ਪੈਟਰੋਲ ਪੰਪ ਸ਼ੁਰੂ ਕਰਨ, ਪੁਰਾਣੇ ਬੱਸ ਸਟੈਂਡ ਨੂੰ ਮੁੜ ਚਾਲੂ ਕਰਨ ਤੇ ਪੀਆਰਟੀਸੀ ਦੀ ਆਪਣੀ ਮਾਲਕੀ ਵਾਲੀਆਂ 309 ਨਵੀਆਂ ਸਧਾਰਨ ਬੱਸਾਂ ਨੂੰ ਕਾਰਪੋਰੇਸ਼ਨ ਦੇ ਬੇੜੇ ਵਿੱਚ ਸ਼ਾਮਲ ਕਰਨ ਸਬੰਧੀ ਚੱਲ ਰਹੇ ਕਾਰਜਾਂ ਦਾ ਜਾਇਜ਼ਾ ਲਿਆ ਗਿਆ।ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਨ੍ਹਾਂ ਸਾਰੇ ਵਿਕਾਸ ਕਾਰਜਾਂ ਨੂੰ ਤੈਅ ਸਮੇਂ ਅੰਦਰ ਮੁਕੰਮਲ ਕਰਨ ਲਈ ਹੋਰ ਤੇਜ਼ੀ ਤੇ ਤਾਲਮੇਲ ਨਾਲ ਕੰਮ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਪੀਆਰਟੀਸੀ ਦੀ ਤਰੱਕੀ ਵਿੱਚ ਮੁਲਾਜ਼ਮਾਂ ਦੀ ਅਹਿਮ ਭੂਮਿਕਾ ਹੈ ਤੇ ਮੁਲਾਜ਼ਮਾਂ ਦੇ ਜਾਇਜ਼ ਹਿੱਤਾਂ ਦੀ ਰਾਖੀ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਕਾਰਪੋਰੇਸ਼ਨ ਦੀ ਪਹਿਲ ਰਹੇਗੀ।ਮੁਲਾਜ਼ਮਾਂ ਦੀ ਭਲਾਈ ਤੇ ਵਿਭਾਗ ਦੇ ਵਿਕਾਸ ਨੂੰ ਨਾਲ-ਨਾਲ ਲੈ ਕੇ ਚੱਲਣ ਨਾਲ ਹੀ ਪੀਆਰਟੀਸੀ ਨੂੰ ਹੋਰ ਮਜ਼ਬੂਤ ਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਵਾਲੀ ਟਰਾਂਸਪੋਰਟ ਬਣਾਇਆ ਜਾ ਸਕਦਾ ਹੈ।

ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿਖੇ ਜਾਗਰੂਕਤਾ ਸੈਮੀਨਾਰ

ਸਮਾਣਾ (ਗੁਰਪਿਆਰ ਸਿੰਘ ਬੱਲ)-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਫ਼ਤਿਹਪੁਰ ਵਿਖੇ ਵਿਜੀਲੈਂਸ ਬਿਊਰੋ ਦੀ ਟੀਮ ਵੱਲੋਂ ਭ੍ਰਿਸ਼ਟਾਚਾਰ ਖ਼ਿਲਾਫ਼ ਇੱਕ ਵਿਸ਼ੇਸ਼ ਜਾਗਰੂਕਤਾ ਅਭਿਆਨ/ਸੈਮੀਨਾਰ ਕੀਤਾ ਗਿਆ।ਇਸ ਮੁਹਿੰਮ ਦੀ ਅਗਵਾਈ ਵਿਜੀਲੈਂਸ ਬਿਊਰੋ ਦੇ ਇੰਸਪੈਕਟਰ ਸੰਦੀਪ ਕੌਰ ਤੇ ਜਸ਼ਨਦੀਪ ਕੌਰ ਸਮੇਤ ਉਨ੍ਹਾਂ ਦੀ ਸਮੁੱਚੀ ਟੀਮ ਵੱਲੋਂ ਕੀਤੀ ਗਈ।ਇਸ ਸੈਮੀਨਾਰ ਦੌਰਾਨ ਵਿਜੀਲੈਂਸ ਅਧਿਕਾਰੀਆਂ ਨੇ ਸਕੂਲ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਭ੍ਰਿਸ਼ਟਾਚਾਰ ਵਰਗੀ ਸਮਾਜਿਕ ਬੁਰਾਈ ਖ਼ਿਲਾਫ਼ ਇੱਕਜੁੱਟ ਹੋਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਰਿਸ਼ਵਤਖੋਰੀ ਤੇ ਭ੍ਰਿਸ਼ਟਾਚਾਰ ਨੂੰ ਰੋਕਣ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਤੇ ਆਮ ਨਾਗਰਿਕਾਂ ਦੇ ਅਧਿਕਾਰਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।ਅਧਿਕਾਰੀਆਂ ਨੇ ਬੱਚਿਆਂ ਨੂੰ ਇਮਾਨਦਾਰੀ ਦੇ ਮਾਰਗ 'ਤੇ ਚੱਲਣ ਤੇ ਦੇਸ਼ ਦੇ ਜ਼ਿੰਮੇਵਾਰ ਨਾਗਰਿਕ ਬਣਨ ਦਾ ਸੰਦੇਸ਼ ਦਿੱਤਾ।ਇਸ ਜਾਗਰੂਕਤਾ ਸੈਮੀਨਾਰ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰ. ਪਰਦਮਨ ਸਿੰਘ ਵਿਰਕ, ਸਮੂਹ ਮੈਨੇਜਮੈਂਟ, ਪ੍ਰਿੰਸੀਪਲ ਸ਼੍ਰੀਮਤੀ ਸੁਨੀਤਾ ਰਾਣੀ ਤੇ ਸਮੂਹ ਅਧਿਆਪਕ ਸਾਹਿਬਾਨ ਵੀ ਇਸ ਮੌਕੇ ਮੌਜੂਦ ਰਹੇ।ਸਕੂਲ ਪ੍ਰਬੰਧਕਾਂ ਵੱਲੋਂ ਇਸ ਸ਼ਲਾਘਾਯੋਗ ਉਪਰਾਲੇ ਲਈ ਵਿਜੀਲੈਂਸ ਬਿਊਰੋ ਦੀ ਟੀਮ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।


ਹੁਣ ਤੱਕ 4,48,624 ਮੀਟ੍ਰਿਕ ਟਨ ਝੋਨੇ ਦੀ ਆਮਦ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)

ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ 'ਚ ਝੋਨੇ ਦੀ ਸਰਕਾਰੀ ਖਰੀਦ, ਲਿਫਟਿੰਗ ਦਾ ਕੰਮ ਸੁਚਾਰੂ ਢੰਗ ਨਾਲ ਜਾਰੀ ਹੈ ਤੇ ਖਰੀਦ ਏਜੰਸੀਆਂ ਵੱਲੋਂ ਝੋਨੇ ਦੀ ਖਰੀਦ ਵਿੱਚ ਆਪਣੀ ਭੂਮਿਕਾ ਨਿਭਾਈ ਜਾ ਰਹੀ ਹੈ ਤੇ ਸਬੰਧਤ ਅਧਿਕਾਰੀਆਂ ਵੱਲੋਂ ਝੋਨੇ ਦੀ ਖਰੀਦ ਸਬੰਧੀ ਲਗਾਤਾਰ ਨਜ਼ਰਸਾਨੀ ਕੀਤੀ ਜਾ ਰਹੀ ਹੈ।ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਮੰਡੀਆਂ ਵਿੱਚ ਝੋਨੇ ਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਲਿਫ਼ਟਿੰਗ ਦੇ ਕੰਮ ਨੂੰ ਹੋਰ ਤੇਜ਼ ਕੀਤਾ ਜਾਵੇ, ਤਾਂ ਜੋ ਮੰਡੀਆਂ ਵਿੱਚ ਫ਼ਸਲ ਦੇ ਲਿਆਉਣ ਲਈ ਲੋੜੀਂਦੀ ਜਗ੍ਹਾ ਉਪਲੱਬਧ ਰਹੇ ਤੇ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਸਮੇਂ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।ਝੋਨੇ ਦੀ ਆਮਦ, ਖਰੀਦ ਤੇ ਲਿਫ਼ਟਿੰਗ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀ ਹਿਮਾਂਸ਼ੂ ਕੁੱਕੜ ਨੇ ਦੱਸਿਆ ਕਿ ਬੀਤੇ ਦਿਨ 30 ਅਕਤੂਬਰ 2026 ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕੁੱਲ 4,48,624 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ, ਜਦਕਿ ਹੁਣ ਤੱਕ ਕੁੱਲ 4,15,416 ਮੀਟ੍ਰਿਕ ਟਨ ਝੋਨੇ ਦੀ ਖ਼ਰੀਦ ਹੋ ਚੁੱਕੀ ਹੈ ਤੇ 2,27,218.31 ਮੀਟ੍ਰਿਕ ਟਨ ਝੋਨੇ ਦੀ ਲਿਫ਼ਟਿੰਗ ਵੀ ਕੀਤੀ ਜਾ ਚੁੱਕੀ ਹੈ।

ਏਸ਼ੀਅਨ ਚੈਂਪੀਅਨਜ਼ ਟਰਾਫੀ ਦੇ ਹਾਕੀ ਮੈਚਾਂ ਲਈ ਲੋਕਾਂ 'ਚ ਭਾਰੀ ਉਤਸ਼ਾਹ : ਡਾ. ਮਿੰਕੂ ਜਵੰਧਾ

■ 5 ਨੂੰ ਹੋਵੇਗਾ ਫਾਈਨਲ ਮੁਕਾਬਲਾ



ਭਵਾਨੀਗੜ੍ਹ (ਰਾਜ ਖੁਰਮੀ)

ਪੰਜਾਬ ਦੀ ਧਰਤੀ 'ਤੇ ਪਹਿਲੀ ਵਾਰ ਕਰਵਾਈ ਜਾ ਰਹੀ ਹਾਕੀ ਦੀ ਵੱਕਾਰੀ ਏਸ਼ੀਅਨ ਚੈਂਪੀਅਨਜ਼ ਟਰਾਫੀ ਨੂੰ ਲੈ ਕੇ ਖੇਡ ਪ੍ਰੇਮੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਟੂਰਨਾਮੈਂਟ ਦੇ ਮੁਕਾਬਲੇ ਦੇਖਣ ਲਈ ਨੌਜਵਾਨਾਂ ਦੇ ਨਾਲ-ਨਾਲ ਪਰਿਵਾਰ ਵੀ ਵੱਡੀ ਗਿਣਤੀ ਵਿੱਚ ਸਟੇਡੀਅਮਾਂ ਵਿੱਚ ਪਹੁੰਚ ਰਹੇ ਹਨ, ਜਿਸ ਨਾਲ ਖਿਡਾਰੀਆਂ ਦਾ ਹੌਸਲਾ ਵਧਣ ਦੇ ਨਾਲ-ਨਾਲ ਪੰਜਾਬ ਵਿੱਚ ਹਾਕੀ ਦੀ ਖੇਡ ਪ੍ਰਤੀ ਲੋਕਾਂ ਦਾ ਪਿਆਰ ਵੀ ਸਾਹਮਣੇ ਆ ਰਿਹਾ ਹੈ। ਇਹ ਪ੍ਰਗਟਾਵਾ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਕੀਤਾ।ਡਾ. ਜਵੰਧਾ ਨੇ ਕਿਹਾ ਕਿ ਹਾਕੀ ਪੰਜਾਬ ਦੀ ਪਛਾਣ ਅਤੇ ਖੇਡ ਵਿਰਾਸਤ ਦਾ ਅਹਿਮ ਹਿੱਸਾ ਰਹੀ ਹੈ।ਅਜਿਹੇ ਕੌਮਾਂਤਰੀ ਪੱਧਰ ਦੇ ਟੂਰਨਾਮੈਂਟ ਦਾ ਪੰਜਾਬ ਵਿੱਚ ਆਯੋਜਨ ਹੋਣਾ ਸੂਬੇ ਲਈ ਮਾਣ ਵਾਲੀ ਗੱਲ ਹੈ।ਉਨ੍ਹਾਂ ਕਿਹਾ ਕਿ ਆਪਣੇ ਦੇਸ਼ ਦੀ ਧਰਤੀ 'ਤੇ ਭਾਰਤੀ ਹਾਕੀ ਟੀਮ ਦੇ ਖਿਡਾਰੀਆਂ ਨੂੰ ਖੇਡਦਿਆਂ ਦੇਖਣਾ ਦਰਸ਼ਕਾਂ ਲਈ ਇੱਕ ਵੱਖਰਾ ਹੀ ਜਜ਼ਬਾ ਤੇ ਮਾਣ ਵਾਲਾ ਅਹਿਸਾਸ ਹੈ।ਸਟੇਡੀਅਮਾਂ ਵਿੱਚ ਦਰਸ਼ਕਾਂ ਵੱਲੋਂ ਕੀਤੀ ਜਾ ਰਹੀ ਹੌਸਲਾ ਅਫ਼ਜ਼ਾਈ ਖਿਡਾਰੀਆਂ ਦੇ ਉਤਸ਼ਾਹ ਨੂੰ ਹੋਰ ਵਧਾ ਰਹੀ ਹੈ।ਉਨ੍ਹਾਂ ਦੱਸਿਆ ਕਿ ਇਸ ਕੌਮਾਂਤਰੀ ਟੂਰਨਾਮੈਂਟ ਵਿੱਚ ਭਾਰਤ ਸਮੇਤ ਜਪਾਨ, ਦੱਖਣੀ ਕੋਰੀਆ, ਮਲੇਸ਼ੀਆ, ਚੀਨ ਤੇ ਬੰਗਲਾਦੇਸ਼ ਦੀਆਂ ਛੇ ਟੀਮਾਂ ਹਿੱਸਾ ਲੈ ਰਹੀਆਂ ਹਨ।ਵੱਖ-ਵੱਖ ਦੇਸ਼ਾਂ ਦੀਆਂ ਟੀਮਾਂ ਵਿਚਕਾਰ ਹੋ ਰਹੇ ਮੁਕਾਬਲੇ ਹਾਕੀ ਪ੍ਰੇਮੀਆਂ ਲਈ ਖਿੱਚ ਦਾ ਕੇਂਦਰ ਬਣੇ ਹੋਏ ਹਨ।ਟੂਰਨਾਮੈਂਟ ਦਾ ਫਾਈਨਲ ਮੁਕਾਬਲਾ ਤੇ ਸਮਾਪਤੀ ਸਮਾਰੋਹ 5 ਨਵੰਬਰ ਨੂੰ ਮੋਹਾਲੀ ਵਿਖੇ ਕਰਵਾਇਆ ਜਾਵੇਗਾ।

ਡਾ. ਮਿੰਕੂ ਜਵੰਧਾ ਨੇ ਖੇਡ ਪ੍ਰੇਮੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰਾਂ ਤੇ ਬੱਚਿਆਂ ਸਮੇਤ ਸਟੇਡੀਅਮ ਪਹੁੰਚ ਕੇ ਇਨ੍ਹਾਂ ਕੌਮਾਂਤਰੀ ਹਾਕੀ ਮੁਕਾਬਲਿਆਂ ਦਾ ਆਨੰਦ ਮਾਨਣ ਤੇ ਭਾਰਤੀ ਟੀਮ ਸਮੇਤ ਹੋਰਨਾਂ ਦੇਸ਼ਾਂ ਦੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਨ।ਉਨ੍ਹਾਂ ਵਿਸ਼ੇਸ਼ ਤੌਰ 'ਤੇ ਦੱਸਿਆ ਕਿ ਦਰਸ਼ਕਾਂ ਲਈ ਮੈਚ ਦੇਖਣ ਵਾਸਤੇ ਕੋਈ ਟਿਕਟ ਨਹੀਂ ਰੱਖੀ ਗਈ, ਜਿਸ ਕਾਰਨ ਖੇਡ ਪ੍ਰੇਮੀ ਮੁਫ਼ਤ ਵਿੱਚ ਮੈਚਾਂ ਦਾ ਆਨੰਦ ਮਾਣ ਸਕਦੇ ਹਨ।

ਬਲਜਿੰਦਰ ਢਿੱਲੋਂ ਵੱਲੋਂ 'ਮਾਵਾਂ ਧੀਆਂ ਸਨਮਾਨ' ਯੋਜਨਾ ਨੂੰ ਘਰ-ਘਰ ਪਹੁੰਚਾਉਣ ਦਾ ਤਹੱਈਆ



ਸਨੌਰ (ਰਾਜਿੰਦਰ ਸਿੰਘ ਥਿੰਦ)-ਹਲਕਾ ਸਨੌਰ ਦੇ 'ਢਿੱਲੋਂ ਫਨ ਵਰਲਡ' ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਔਰਤਾਂ ਤੇ ਬੱਚੀਆਂ ਦੇ ਸਰਬਪੱਖੀ ਵਿਕਾਸ ਅਤੇ ਭਲਾਈ ਲਈ ਆਰੰਭੀ ਗਈ 'ਮਾਵਾਂ ਧੀਆਂ ਸਤਿਕਾਰ ਯੋਜਨਾ' ਨੂੰ ਹਲਕੇ ਦੇ ਘਰ-ਘਰ ਤੱਕ ਪਹੁੰਚਾਉਣ ਦੇ ਮਕਸਦ ਨਾਲ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਵੱਲੋਂ ਹਲਕਾ ਸਨੌਰ ਦੀਆਂ ਮਹਿਲਾ ਵਰਕਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਇਸ ਮੌਕੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੇ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਮਾਵਾਂ ਅਤੇ ਧੀਆਂ ਨੂੰ ਸਮਰਪਿਤ 'ਮਾਵਾਂ ਧੀਆਂ ਸਨਮਾਨ ਯੋਜਨਾ' ਬਾਰੇ ਵਿਸਥਾਰਪੂਰਵਕ ਚਾਨਣਾ ਪਾਇਆ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਔਰਤਾਂ ਦੇ ਮਾਣ-ਸਤਿਕਾਰ, ਸਸ਼ਕਤੀਕਰਨ ਤੇ ਉਨ੍ਹਾਂ ਨੂੰ ਸਮਾਜ ਵਿੱਚ ਬਣਦਾ ਮਾਨ ਦੇਣ ਲਈ ਇਹ ਇੱਕ ਇਤਿਹਾਸਕ ਅਤੇ ਅਤਿ-ਲਾਹੇਵੰਦ ਕਦਮ ਚੁੱਕਿਆ ਗਿਆ ਹੈ।ਸਰਕਾਰ ਦੀਆਂ ਇਨ੍ਹਾਂ ਲੋਕ-ਪੱਖੀ ਨੀਤੀਆਂ ਕਾਰਨ ਅੱਜ ਸੂਬੇ ਦੀਆਂ ਧੀਆਂ ਤੇ ਮਾਵਾਂ ਆਪਣੇ ਆਪ ਨੂੰ ਵਧੇਰੇ ਸੁਰੱਖਿਅਤ ਤੇ ਆਤਮ-ਨਿਰਭਰ ਮਹਿਸੂਸ ਕਰ ਰਹੀਆਂ ਹਨ।ਇਸ ਲੋਕ ਮਿਲਣੀ ਦੌਰਾਨ ਇਲਾਕੇ ਭਰ ਤੋਂ ਪਹੁੰਚੇ ਪਤਵੰਤੇ ਸੱਜਣਾਂ, ਮਾਵਾਂ-ਧੀਆਂ ਤੇ ਪਾਰਟੀ ਵਰਕਰਾਂ ਨੇ ਸਰਕਾਰ ਦੀ ਇਸ ਭਲਾਈ ਸਕੀਮ ਦਾ ਤਹਿ ਦਿਲੋਂ ਸਵਾਗਤ ਕੀਤਾ ਤੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ।ਆਈਆਂ ਹੋਇਆ ਮਹਿਲਾਵਾਂ ਨੇ ਸਰਕਾਰ ਵੱਲੋਂ ਕੀਤੇ ਜਾ ਰਹੇ ਜਨ-ਕਲਿਆਣ ਕਾਰਜਾਂ ਦੀ ਪ੍ਰਸੰਸਾ ਕੀਤੀ।ਸਮਾਗਮ ਦੇ ਅੰਤ ਵਿੱਚ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਵੱਲੋਂ ਹਾਜ਼ਰ ਸਮੂਹ ਸੰਗਤਾਂ ਤੇ ਪਤਵੰਤਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

ਜਸਪ੍ਰੀਤ ਕੌਰ ਨੇ ਗਲੋਬਲ ਸਕੂਲ ਦਾ ਨਾਂਅ ਚਮਕਾਇਆ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਸੀ ਬੀ ਐੱਸ ਈ ਤੋਂ ਮਾਨਤਾ ਪ੍ਰਾਪਤ ਸਰਾਫ਼ ਐਜੂਬੀਕਨਜ਼ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਦੀ ਹੋਣਹਾਰ ਵਿਦਿਆਰਥਣ ਜਸਪ੍ਰੀਤ ਕੌਰ ਨੇ ਆਪਣੀ ਅਣਥੱਕ ਮਿਹਨਤ, ਸ਼ਾਨਦਾਰ ਖੇਡ ਕੌਸ਼ਲ ਤੇ ਦ੍ਰਿੜ੍ਹ ਇਰਾਦੇ ਦੇ ਦਮ 'ਤੇ ਅੰਡਰ-19 ਲੜਕੀਆਂ ਦੇ ਰਾਜ ਪੱਧਰੀ ਕਬੱਡੀ ਮੁਕਾਬਲਿਆਂ ਵਿੱਚ 17 ਸਾਲਾਂ ਬਾਅਦ ਜ਼ਿਲ੍ਹਾ ਬਠਿੰਡਾ ਦੀ ਝੋਲੀ ਕਾਂਸੀ ਦਾ ਤਮਗ਼ਾ ਪਾ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਰਾਜ ਪੱਧਰੀ ਸਕੂਲ ਖੇਡ ਮੁਕਾਬਲੇ-2026 ਦੇ ਤਹਿਤ ਕਰਵਾਏ ਗਏ ਨੈਸ਼ਨਲ ਸਟਾਈਲ ਕਬੱਡੀ ਮੁਕਾਬਲਿਆਂ ਵਿੱਚ ਜਸਪ੍ਰੀਤ ਨੇ ਆਪਣੇ ਸ਼ਾਨਦਾਰ ਖੇਡ ਪ੍ਰਦਰਸ਼ਨ ਰਾਹੀਂ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ ਤੇ ਸਕੂਲ ਦੇ ਮਾਣ-ਸਨਮਾਨ ਵਿੱਚ ਇੱਕ ਹੋਰ ਅਹਿਮ ਪ੍ਰਾਪਤੀ ਜੋੜ ਦਿੱਤੀ।ਜਸਪ੍ਰੀਤ ਕੌਰ ਦੀ ਇਸ ਸ਼ਾਨਦਾਰ ਸਫ਼ਲਤਾ 'ਤੇ ਸਕੂਲ ਪ੍ਰਬੰਧਕ ਕਮੇਟੀ, ਪ੍ਰਿੰਸੀਪਲ ਮੈਡਮ ਤੇ ਸਮੂਹ ਸਕੂਲ ਪਰਵਾਰ ਵੱਲੋਂ ਵਿਦਿਆਰਥਣ ਤੇ ਉਸ ਦੇ ਮਾਪਿਆਂ ਨੂੰ ਦਿਲੋਂ ਵਧਾਈ ਦਿੱਤੀ ਗਈ।ਇਸ ਮੌਕੇ ਸਕੂਲ ਦੇ ਵਾਇਸ ਚੇਅਰਮੈਨ ਅਮਿਤ ਸਰਾਫ਼ ਨੇ ਜਸਪ੍ਰੀਤ ਕੌਰ ਦੀ ਇਸ ਪ੍ਰਾਪਤੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਸਹਿਣਸ਼ੀਲਤਾ, ਅਗਵਾਈ ਦੀ ਯੋਗਤਾ ਤੇ ਟੀਮ ਭਾਵਨਾ ਵਰਗੇ ਗੁਣਾਂ ਦਾ ਵਿਕਾਸ ਕਰਦੀਆਂ ਹਨ।ਜਸਪ੍ਰੀਤ ਦੀ ਇਹ ਸਫ਼ਲਤਾ ਹੋਰਨਾਂ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਬਣੇਗੀ।

ਪ੍ਰਿੰ. ਅਮਨਦੀਪ ਕੌਰ ਐੱਮ ਐੱਸ ਆਈ ਫੈਲੋ ਐਵਾਰਡ ਨਾਲ ਸਨਮਾਨਤ




ਸੰਗਰੂਰ (ਪ੍ਰਵੀਨ ਸਿੰਘ)-ਅਕਾਲ ਡਿਗਰੀ ਕਾਲਜ ਮਸਤੂਆਣਾ ਸਾਹਿਬ ਦੇ ਪ੍ਰਿੰਸੀਪਲ ਡਾ. ਅਮਨਦੀਪ ਕੌਰ ਨੂੰ ਮਾਈਕੋਲੋਜੀਕਲ ਸੋਸਾਇਟੀ ਆਫ਼ ਇੰਡੀਆ ਵੱਲੋਂ ਉਨ੍ਹਾਂ ਦੇ ਅਕਾਦਮਿਕ ਤੇ ਖੋਜ ਕਾਰਜਾਂ ਦੀ ਮਾਨਤਾ ਵਜੋਂ ਐੱਮਐੱਸਆਈ ਫੈਲੋ ਐਵਾਰਡ-2026 ਨਾਲ ਸਨਮਾਨਤ ਕੀਤਾ ਗਿਆ।ਇਹ ਐਵਾਰਡ ਮਦੁਰਾਈ ਕਾਮਰਾਜ ਯੂਨੀਵਰਸਿਟੀ, ਮਦੁਰਾਈ (ਤਾਮਿਲਨਾਡੂ) ਵਿਖੇ ਬੀਤੇ ਦਿਨੀਂ ਕਰਵਾਈ ਤਿੰਨ-ਰੋਜ਼ਾ ਰਾਸ਼ਟਰੀ ਕਾਨਫਰੰਸ ਦੌਰਾਨ ਪ੍ਰਦਾਨ ਕੀਤਾ ਗਿਆ।ਇਸ ਮੌਕੇ ਡਾ. ਅਮਨਦੀਪ ਕੌਰ ਨੇ ਗੋਬਰ 'ਤੇ ਉੱਗਣ ਵਾਲੀਆਂ ਉੱਲੀਆਂ ਦੀ ਆਰਥਿਕ ਮਹੱਤਤਾ, ਵਾਤਾਵਰਣਕ ਭੂਮਿਕਾ, ਵਰਗੀਕਰਨ ਤੇ ਜੈਵਿਕ ਪਦਾਰਥਾਂ ਦੇ ਵਿਘਟਨ ਤੇ ਪੌਸ਼ਟਿਕ ਤੱਤਾਂ ਦੀ ਮੁੜ-ਵਰਤੋਂ ਵਿੱਚ ਉਨ੍ਹਾਂ ਦੇ ਯੋਗਦਾਨ ਵਿਸ਼ੇ 'ਤੇ ਆਪਣਾ ਖੋਜ ਪੱਤਰ ਪੇਸ਼ ਕੀਤਾ।ਇਸ ਕਾਨਫਰੰਸ ਵਿੱਚ ਦੇਸ਼ ਦੇ ਵੱਖ-ਵੱਖ ਕਾਲਜਾਂ ਤੇ ਯੂਨੀਵਰਸਿਟੀਆਂ ਤੋਂ ਲਗਭਗ 170 ਪ੍ਰੋਫੈਸਰਾਂ, ਪ੍ਰਿੰਸੀਪਲਾਂ ਤੇ ਅਕਾਦਮਿਕ ਮਾਹਰਾਂ ਨੇ ਸ਼ਮੂਲੀਅਤ ਕੀਤੀ।ਪ੍ਰਿੰਸੀਪਲ ਡਾ. ਅਮਨਦੀਪ ਕੌਰ ਦੀ ਇਸ ਪ੍ਰਾਪਤੀ 'ਤੇ ਅਕਾਲ ਕਾਲਜ ਕੌਂਸਲ ਦੇ ਮਾਣਯੋਗ ਸਕੱਤਰ ਸ੍ਰ. ਜਸਵੰਤ ਸਿੰਘ ਖਹਿਰਾ, ਸਮੂਹ ਮੈਨੇਜਮੈਂਟ ਕਮੇਟੀ ਮੈਂਬਰਾਂ ਨੇ ਫ਼ਖ਼ਰ ਮਹਿਸੂਸ ਕਰਦਿਆਂ ਆਖਿਆ ਕਿ ਅਜਿਹੀਆਂ ਅਕਾਦਮਿਕ ਤੇ ਖੋਜ-ਸਬੰਧੀ ਪ੍ਰਾਪਤੀਆਂ ਨਾਲ ਜਿੱਥੇ ਅਕਾਲ ਸੰਸਥਾ ਦਾ ਮਾਨ ਵਧਦਾ ਹੈ, ਉੱਥੇ ਹੀ ਭਵਿੱਖ ਵਿੱਚ ਹੋਰ ਫ਼ੈਕਲਟੀ ਮੈਂਬਰਾਂ ਨੂੰ ਅਕਾਦਮਿਕ ਕਾਰਜਾਂ ਵਿੱਚ ਅਹਿਮ ਯੋਗਦਾਨ ਦੀ ਪ੍ਰੇਰਨਾ ਵੀ ਮਿਲਦੀ ਹੈ।

ਬਰਜਿੰਦਰ ਸਿੰਘ ਨੇ ਕਾਰਜ ਸਾਧਕ ਅਫ਼ਸਰ ਵਜੋਂ ਅਹੁਦਾ ਸੰਭਾਲਿਆ



ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)-ਸਮਾਣਾ ਨਗਰ ਕੌਂਸਲ ਵਿੱਚ ਪ੍ਰਸ਼ਾਸਨਕ ਫੇਰਬਦਲ ਤਹਿਤ ਬਰਜਿੰਦਰ ਸਿੰਘ ਨੇ ਨਵੇਂ ਕਾਰਜ ਸਾਧਕ ਅਫ਼ਸਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ।ਜ਼ਿਕਰਯੋਗ ਹੈ ਕਿ ਬਰਜਿੰਦਰ ਸਿੰਘ ਇਸ ਤੋਂ ਪਹਿਲਾਂ ਵੀ ਸਮਾਣਾ ਨਗਰ ਕੌਂਸਲ ਵਿਖੇ ਬਤੌਰ ਕਾਰਜ ਸਾਧਕ ਅਫਸਰ ਵਜੋਂ ਆਪਣੀਆਂ ਸੇਵਾਵਾਂ ਨਿਭਾਅ ਚੁੱਕੇ ਹਨ।ਉਨ੍ਹਾਂ ਦੇ ਤਜਰਬੇ ਤੇ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਸਮਝ ਨੂੰ ਦੇਖਦੇ ਹੋਏ ਉਨ੍ਹਾਂ ਦੀ ਨਿਯੁਕਤੀ ਨੂੰ ਸ਼ਹਿਰ ਵਾਸੀਆਂ ਲਈ ਸ਼ੁਭ ਸੰਕੇਤ ਮੰਨਿਆ ਜਾ ਰਿਹਾ ਹੈ।ਅਹੁਦਾ ਸੰਭਾਲਣ ਮੌਕੇ ਨਗਰ ਕੌਂਸਲ ਦਫ਼ਤਰ ਵਿਖੇ ਸਵਾਗਤੀ ਸਮਾਰੋਹ ਕੀਤਾ ਗਿਆ।ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਸ. ਸੁਰਜੀਤ ਸਿੰਘ ਰੱਖੜਾ, ਨਗਰ ਕੌਂਸਲ ਪ੍ਰਧਾਨ ਬਾਂਸਲ ਤੇ ਨਗਰ ਕੌਂਸਲ ਦੇ ਸਮੂਹ ਕੌਂਸਲਰ ਸਾਹਿਬਾਨ ਤੇ ਕਰਮਚਾਰੀਆਂ ਵੱਲੋਂ ਬਰਜਿੰਦਰ ਸਿੰਘ ਜੀ ਦਾ ਫੁੱਲਾਂ ਦੇ ਹਾਰ ਪਾ ਕੇ ਨਿੱਘਾ ਸਵਾਗਤ ਕੀਤਾ ਗਿਆ ਤੇ ਨਵੀਂ ਜ਼ਿੰਮੇਵਾਰੀ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।ਇਸ ਮੌਕੇ ਬੋਲਦਿਆਂ ਨਵ-ਨਿਯੁਕਤ ਕਾਰਜ ਸਾਧਕ ਅਫਸਰ ਬਰਜਿੰਦਰ ਸਿੰਘ ਨੇ ਕਿਹਾ ਕਿ ਉਨ੍ਹਾਂ ਦੀ ਪਹਿਲੀ ਤਰਜੀਹ ਸਮਾਣਾ ਸ਼ਹਿਰ ਦੀ ਸਾਫ਼-ਸਫ਼ਾਈ, ਸੀਵਰੇਜ ਵਿਵਸਥਾ, ਸਟਰੀਟ ਲਾਈਟਾਂ ਤੇ ਲਟਕਦੇ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਨਾ ਹੋਵੇਗੀ।ਉਨ੍ਹਾਂ ਕਿਹਾ ਕਿ ਉਹ ਸਾਰੇ ਕੌਂਸਲਰ ਸਾਹਿਬਾਨਾਂ ਨੂੰ ਨਾਲ ਲੈ ਕੇ ਟੀਮ ਭਾਵਨਾ ਨਾਲ ਕੰਮ ਕਰਨਗੇ ਤੇ ਸ਼ਹਿਰ ਵਾਸੀਆਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।


ਨੈਸ਼ਨਲ ਪੱਧਰੀ ਪੋਸਟਰ ਮੇਕਿੰਗ ਮੁਕਾਬਲੇ 'ਚ ਹਰਨੂਰ ਕੌਰ ਦੂਜੇ ਸਥਾਨ 'ਤੇ ਰਹੀ



ਭਵਾਨੀਗੜ੍ਹ (ਰਾਜ ਖੁਰਮੀ-ਅਲਪਾਈਨ ਪਬਲਿਕ ਸਕੂਲ ਭਵਾਨੀਗੜ੍ਹ ਦੀ ਗਿਆਰਵੀਂ ਜਮਾਤ ਦੀ ਹੋਣਹਾਰ ਵਿਦਿਆਰਥਣ ਹਰਨੂਰ ਕੌਰ ਨੇ ਨੈਸ਼ਨਲ ਪੱਧਰ ਦੇ ਪੋਸਟਰ ਮੇਕਿੰਗ ਮੁਕਾਬਲੇ ਵਿੱਚ ਦੂਜਾ ਸਥਾਨ ਹਾਸਲ ਕਰਕੇ ਆਪਣੇ ਮਾਪਿਆਂ, ਸਕੂਲ ਤੇ ਇਲਾਕੇ ਦਾ ਨਾਮ ਰਾਸ਼ਟਰੀ ਪੱਧਰ 'ਤੇ ਰੌਸ਼ਨ ਕੀਤਾ ਹੈ।ਇਸ ਸ਼ਾਨਦਾਰ ਪ੍ਰਾਪਤੀ ਨਾਲ ਸਕੂਲ ਵਿੱਚ ਖੁਸ਼ੀ ਦਾ ਮਾਹੌਲ ਹੈ ਤੇ ਵਿਦਿਆਰਥਣ ਨੂੰ ਵੱਖ-ਵੱਖ ਵਰਗਾਂ ਵੱਲੋਂ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ। ਜਾਣਕਾਰੀ ਅਨੁਸਾਰ ਸੈਂਟਰਲ ਵਿਜੀਲੈਂਸ ਕਮਿਸ਼ਨ ਦਿੱਲੀ ਵੱਲੋਂ ਸੀ.ਬੀ.ਐੱਸ.ਈ. ਦੇ ਸਹਿਯੋਗ ਨਾਲ ਦਿੱਲੀ ਦੇ ਭਾਰਤ ਮੰਡਪਮ ਵਿਖੇ ਰਾਸ਼ਟਰੀ ਪੱਧਰ ਦਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ।ਇਸ ਮੁਕਾਬਲੇ ਵਿੱਚ ਪੂਰੇ ਦੇਸ਼ ਵਿੱਚੋਂ ਪੋਸਟਰ ਮੇਕਿੰਗ ਮੁਕਾਬਲਿਆਂ ਦੌਰਾਨ ਪਹਿਲੇ ਦਸ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਲਈ ਚੁਣਿਆ ਗਿਆ ਸੀ।ਇਸੇ ਮੁਕਾਬਲੇ ਵਿੱਚ ਅਲਪਾਈਨ ਪਬਲਿਕ ਸਕੂਲ ਦੀ ਵਿਦਿਆਰਥਣ ਹਰਨੂਰ ਕੌਰ ਨੇ ਦੂਜਾ ਸਥਾਨ ਹਾਸਲ ਕਰਕੇ ਆਪਣੀ ਕਲਾ ਤੇ ਸਿਰਜਣਾਤਮਕ ਪ੍ਰਤਿਭਾ ਦਾ ਲੋਹਾ ਮਨਵਾਇਆ।ਰਾਸ਼ਟਰੀ ਪੱਧਰ ਦੇ ਸਮਾਰੋਹ ਵਿੱਚ ਸਨਮਾਨ ਪ੍ਰਾਪਤ ਕਰਨ ਉਪਰੰਤ ਜਦੋਂ ਉਹ ਸਕੂਲ ਪਹੁੰਚੀ ਤਾਂ ਸਕੂਲ ਪ੍ਰਬੰਧਕਾਂ ਤੇ ਅਧਿਆਪਕਾਂ ਵੱਲੋਂ ਉਸ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

ਆਂਗਣਵਾੜੀ ਵਰਕਰਾਂ ਦੀ ਮਾਵਾਂ-ਧੀਆਂ ਸਤਿਕਾਰ ਯੋਜਨਾ 'ਚ ਭੂਮਿਕਾ ਅਹਿਮ : ਢਿੱਲੋਂ

ਮਿਹਨਤ ਤੇ ਤਨਦੇਹੀ ਨਾਲ ਡਿਊਟੀ ਨਿਭਾਉਣ ਵਾਲੀਆਂ ਵਰਕਰਾਂ ਦਾ ਕੀਤਾ ਸਨਮਾਨ



ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)-ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਰਜਿਸਟ੍ਰੇਸ਼ਨ ਵਿੱਚ ਅਹਿਮ ਯੋਗਦਾਨ ਪਾਉਣ ਵਾਲੀਆਂ ਆਂਗਣਵਾੜੀ ਵਰਕਰਾਂ ਦੇ ਸਨਮਾਨ ਲਈ ਸਥਾਨਕ ਸਨਾਤਨ ਧਰਮਸ਼ਾਲਾ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਸ ਮੌਕੇ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਆਂਗਣਵਾੜੀ ਵਰਕਰਾਂ ਨੇ ਘਰ-ਘਰ ਪਹੁੰਚ ਕੇ ਯੋਜਨਾ ਦੀ ਰਜਿਸਟ੍ਰੇਸ਼ਨ ਸਫ਼ਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਉਨ੍ਹਾਂ ਦੱਸਿਆ ਕਿ ਵਰਕਰਾਂ ਦੀ ਮਿਹਨਤ ਨੂੰ ਮਾਨਤਾ ਦਿੰਦਿਆਂ ਸਰਕਾਰ ਵੱਲੋਂ ਵਿਸ਼ੇਸ਼ ਮਾਣ-ਭੱਤਾ ਦਿੱਤਾ ਜਾ ਰਿਹਾ ਹੈ, ਜੋ ਦੀਵਾਲੀ ਤੋਂ ਪਹਿਲਾਂ ਪ੍ਰਦਾਨ ਕੀਤਾ ਜਾਵੇਗਾ।ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਆਂਗਣਵਾੜੀ ਵਰਕਰ ਸਰਕਾਰੀ ਭਲਾਈ ਯੋਜਨਾਵਾਂ ਲੋਕਾਂ ਤੱਕ ਪਹੁੰਚਾਉਣ ਦੀ ਅਹਿਮ ਕੜੀ ਹਨ।ਡਾ. ਅਨਵਰ ਭਸੌੜ ਤੇ ਨਗਰ ਕੌਂਸਲ ਪ੍ਰਧਾਨ ਅਮਰਜੋਤ ਕੌਰ ਬਾਜਵਾ ਨੇ ਵੀ ਮਹਿਲਾਵਾਂ ਦੇ ਸਨਮਾਨ ਤੇ ਸਸ਼ਕਤੀਕਰਨ ਲਈ ਵਰਕਰਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ।ਇਸ ਮੌਕੇ ਹਰਜਿੰਦਰ ਸਿੰਘ ਕਾਂਝਲਾ, ਜਗਤਾਰ ਸਿੰਘ ਬਾਗੜੀ ਸਲੇਮਪੁਰ ਸਮੇਤ ਹੋਰ ਆਗੂ ਹਾਜ਼ਰ ਸਨ।

ਸੰਗਰੂਰ 'ਚ ਰਾਹੁਲ ਗਾਂਧੀ ਦੀ ਅਗਵਾਈ ਹੇਠ ਕਾਂਗਰਸ ਦੀ ਇਨਸਾਫ਼ ਰੈਲੀ ਇਤਿਹਾਸਕ ਹੋਵੇਗੀ : ਸੱਚਰ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ) : ਸੀਨੀਅਰ ਕਾਂਗਰਸੀ ਆਗੂ ਅਤੇ ਹਲਕਾ ਮਜੀਠਾ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੇ ਕਿਹਾ ਕਿ 4 ਨਵੰਬਰ ਨੂੰ ਸੰਗਰੂਰ ਵਿਖੇ ਸ੍ਰੀ ਰਾਹੁਲ ਗਾਂਧੀ ਦੀ ਅਗਵਾਈ ਹੇਠ ਹੋਣ ਵਾਲੀ ਕਾਂਗਰਸ ਪਾਰਟੀ ਦੀ ਇਨਸਾਫ਼ ਰੈਲੀ ਇਤਿਹਾਸਕ ਹੋਵੇਗੀ।ਇਸ ਰੈਲੀ ਰਾਹੀਂ ਪੰਜਾਬ ਦੇ ਲੋਕਾਂ ਨਾਲ ਜੁੜੇ ਅਹਿਮ ਮੁੱਦਿਆਂ ਅਤੇ ਇਨਸਾਫ਼ ਦੀ ਆਵਾਜ਼ ਨੂੰ ਬੁਲੰਦ ਕੀਤਾ ਜਾਵੇਗਾ।



ਕੱਥੂਨੰਗਲ ਵਿਖੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਦੀ ਵਿਸ਼ਾਲ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੱਚਰ ਨੇ ਕਿਹਾ ਕਿ ਰੈਲੀ ਦੀ ਸਫ਼ਲਤਾ ਲਈ ਮਜੀਠਾ ਹਲਕੇ ਤੋਂ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂਆਂ ਅਤੇ ਵਰਕਰਾਂ ਦੀ ਸ਼ਮੂਲੀਅਤ ਯਕੀਨੀ ਬਣਾਈ ਜਾਵੇਗੀ।ਉਨ੍ਹਾਂ ਕਿਹਾ ਕਿ ਪਾਰਟੀ ਵਰਕਰਾਂ ਵਿੱਚ ਰੈਲੀ ਨੂੰ ਲੈ ਕੇ ਉਤਸ਼ਾਹ ਹੈ ਅਤੇ ਪਿੰਡ ਪੱਧਰ 'ਤੇ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ।ਸੱਚਰ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਵਪਾਰੀਆਂ ਅਤੇ ਮੁਲਾਜ਼ਮਾਂ ਨਾਲ ਜੁੜੇ ਮਸਲਿਆਂ ਨੂੰ ਗੰਭੀਰਤਾ ਨਾਲ ਉਠਾਉਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੇ ਹੱਕਾਂ, ਇਨਸਾਫ਼ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਦੀ ਰਾਖੀ ਲਈ ਕਾਂਗਰਸ ਪਾਰਟੀ ਆਪਣੀ ਆਵਾਜ਼ ਬੁਲੰਦ ਕਰਦੀ ਰਹੇਗੀ। ਉਨ੍ਹਾਂ ਸਮੂਹ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਪਾਰਟੀ ਦੀ ਇਕਜੁੱਟਤਾ ਦਾ ਪ੍ਰਗਟਾਵਾ ਕਰਦਿਆਂ 4 ਨਵੰਬਰ ਨੂੰ ਸੰਗਰੂਰ ਵਿਖੇ ਹੋਣ ਵਾਲੀ ਇਨਸਾਫ਼ ਰੈਲੀ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ।ਇਸ ਮੌਕੇ ਸਾਬਕਾ ਚੇਅਰਮੈਨ ਗੁਰਮੀਤ ਸਿੰਘ ਭੀਲੋਵਾਲ, ਸਾਬਕਾ ਚੇਅਰਮੈਨ ਜਗਦੇਵ ਸਿੰਘ ਬੱਗਾ, ਬਲਾਕ ਪ੍ਰਧਾਨ ਨਵਤੇਜਪਾਲ ਸਿੰਘ ਸੋਹੀਆਂ ਕਲਾਂ, ਮਜੀਠਾ ਸ਼ਹਿਰੀ ਕਾਂਗਰਸ ਦੇ ਪ੍ਰਧਾਨ ਨਵਦੀਪ ਸਿੰਘ ਸੋਨਾ, ਹਰਜੀਤ ਸਿੰਘ ਤਨੇਲ, ਪਰਮਜੀਤ ਸਿੰਘ ਭੇਏਵਾਲ, ਨਿਸ਼ਾਨ ਸਿੰਘ ਭੰਗਾਲੀ, ਸੁਖ ਭੰਗਾਲੀ, ਸੁੱਚਾ ਸਿੰਘ ਟਰਪਈ, ਝਿਲਮਿਲ ਸਿੰਘ ਸਾਧਪੁਰ, ਗੁਰਭੇਜ ਸਿੰਘ ਭੰਗਵਾਂ, ਰੀਟਾ ਸਿੱਧਵਾਂ, ਸਵਿੰਦਰ ਸਿੰਘ ਤਨੇਲ, ਦਲਜੀਤ ਸਿੰਘ ਭੋਏ, ਸਰਪੰਚ ਜੱਗਾ ਕੋਟਲਾ ਗੁੱਜਰਾਂ, ਸਾਬਕਾ ਸਰਪੰਚ ਪਲਵਿੰਦਰ ਸਿੰਘ ਪੰਧੇਰ, ਤੇਜਿੰਦਰ ਸਿੰਘ ਤਰਫ਼ਾਨ, ਰਣਜੀਤ ਸਿੰਘ ਮਜਵਿੰਡ, ਮੰਗਲ ਸਿੰਘ ਵੀਰਮ,ਯੂਥ ਆਗੂ ਸ਼ਰਨਜੀਤ ਸਿੰਘ ਸਨੀ, ਮਨੋਹਰ ਲਾਲ ਗਾਲੋਵਾਲੀ, ਜਸਪਾਲ ਸਿੰਘ ਜਲਾਲਪੁਰਾ, ਕੇਵਲ ਸਿੰਘ ਲੁੱਧੜ, ਬੱਬੀ ਭੰਗਵਾਂ , ਸਰਪੰਚ ਜਗਜੀਤ ਸਿੰਘ ਢਿੰਗਨੰਗਲ, ਰਾਜਵਿੰਦਰ ਸਿੰਘ ਅਰਜਨ ਮਾਂਗਾ, ਨਿੰਦਰ ਸਿੰਘ ਅਰਜਨ ਮਾਂਗਾ, ਸਾਬੀ ਮਾਨ, ਅੰਗਰੇਜ਼ ਸਿੰਘ ਪੰਗਵਾਂ, ਸੁਲੱਖਣ ਸਿੰਘ ਕੱਥੂਨੰਗਲ, ਸੁਖਵਿੰਦਰ ਸਿੰਘ ਰੰਧਾਵਾ, ਕਮਲਜੀਤ ਸਿੰਘ ਕੋਟਲਾ ਗੁੱਜਰਾਂ, ਕਰਨ ਚੁਗਾਵਾਂ, ਜਗਦੇਵ ਸਿੰਘ ਚੁਗਾਵਾਂ, ਸਰਜੀਤ ਸਿੰਘ ਕੋਟਲਾ ਅਤੇ ਮੋਹਨ ਸਿੰਘ, ਹਰਭਜਨ ਸਿੰਘ, ਸਮੇਤ ਹੋਰ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਸਨ।

ਸੱਤਿਆ ਭਾਰਤੀ ਐਲੀਮੈਂਟਰੀ ਸਕੂਲ ਭੱਟੀਕੇ ਵਿਖੇ ਸਕੂਲ ਪੱਧਰੀ ਖੇਡ ਮੇਲਾ ਕਰਵਾਇਆ



ਜੈਂਤੀਪੁਰ (ਸੁਖਬੀਰ ਸਿੱਧੂ)- ਸੱਤਿਆ ਭਾਰਤੀ ਐਲੀਮੈਂਟਰੀ ਸਕੂਲ ਭੱਟੀਕੇ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਕੂਲ ਪੱਧਰੀ ਛੋਟੇ ਛੋਟੇ ਬੱਚਿਆਂ ਦਾ ਖੇਡ ਮੇਲਾ ਕਰਵਾਇਆ ਗਿਆ ਜਿਸ ਵਿੱਚ ਸਰਪੰਚ ਸ. ਸੁਖਜਿੰਦਰ ਸਿੰਘ ਅਤੇ ਹੋਰ ਪੰਚਾਇਤ ਮੈਂਬਰ ਮੁੱਖ ਮਹਿਮਾਨ ਵਜੋਂ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ।ਖੇਡ ਮੇਲੇ ਵਿਚ ਸਕੂਲ ਦੇ ਵਿਦਿਆਰਥੀਆਂ ਵਿੱਚ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਗਏ ਜਿਸ ਵਿਚ ਦੌੜ, ਲੰਬੀ ਛਾਲ, ਖੋ-ਖੋ, ਕਬੱਡੀ ਆਦਿ ਵਿਚ ਭਾਗ ਲੈ ਕੇ ਮਿਸਾਲ ਪੈਦਾ ਕਰਕੇ ਹੋਰ ਬੱਚਿਆਂ ਨੂੰ ਵੀ ਖੇਡਣ ਵਾਸਤੇ ਉਤਸ਼ਾਹਤ ਕੀਤਾ। ਇਸ ਮੌਕੇ ਮੁੱਖ ਅਧਿਆਪਕਾ ਦਲਜਿੰਦਰ ਕੌਰ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵੀ ਜੀਵਨ ਵਿੱਚ ਬਹੁਤ ਜ਼ਰੂਰੀ ਹਨ।ਖੇਡਾਂ ਨਾਲ ਸਰੀਰਕ ਅਤੇ ਮਾਨਸਿਕ ਵਿਕਾਸ ਹੁੰਦਾ ਹੈ ਅਤੇ ਪੜ੍ਹਾਈ ਕਰਕੇ ਮਾਪੇ ਅਤੇ ਸੂਬੇ ਦਾ ਨਾਮ ਰੌਸ਼ਨ ਹੁੰਦਾ ਹੈ।ਖੇਡ ਸਮਾਰੋਹ ਦੇ ਅਖੀਰ ਵਿੱਚ ਪਹਿਲੇ, ਦੂਜੇ ਅਤੇ ਹੋਰ ਸਥਾਨਾਂ ਤੇ ਆਉਣ ਵਾਲੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਜੋਤੀ ਬਾਲਾ, ਕਿਰਨ ਕੁਮਾਰੀ, ਪ੍ਰਦੀਪ ਕੌਰ, ਦੀਪਤੀ ਸ਼ਰਮਾ, ਦਲਬੀਰ ਕੌਰ, ਸਿਮਰਨਜੀਤ ਕੌਰ, ਗੁਰਿੰਦਰ ਸਿੰਘ ਆਦਿ ਸਟਾਫ਼ ਹਾਜ਼ਰ ਸੀ।

ਸਿਆਸੀ ਤੇ ਪੰਚਾਇਤੀ ਵਿਰੋਧ ਦੇ ਬਾਵਜੂਦ ਸਮਗੋਲੀ 'ਚ ਬਾਇਓਗੈਸ ਪਲਾਂਟ ਮਨਜ਼ੂਰ, ਆਗੂਆਂ 'ਚ ਭਾਰੀ ਰੋਸ

ਡੇਰਾ ਬੱਸੀ: (ਵਿਨੈ ਕੁਮਾਰ ਜੈਨ)- ਤਮਾਮ ਸਿਆਸੀ ਅਤੇ ਪੰਚਾਇਤੀ ਵਿਰੋਧ ਦੇ ਬਾਵਜੂਦ ਆਖਿਰਕਾਰ ਪੰਜਾਬ ਸਰਕਾਰ ਨੇ ਡੇਰਾਬੱਸੀ ਹਲਕੇ ਨੂੰ ਸੋਲਿਡ ਵੇਸਟ ਇੰਟੀਗ੍ਰੇਟਿਡ ਪਲਾਂਟ ਦੀ ਅਨੋਖੀ ਸੌਗਾਤ ਦੇ ਹੀ ਦਿੱਤੀ ਹੈ।ਸਰਕਾਰ ਨੇ ਸਮਗੋਲੀ ਵਿਖੇ ਗਿੱਲੇ ਕੂੜੇ ਤੇ ਆਧਾਰਿਤ ਕੰਪ੍ਰੈਸ਼ਡ ਬਾਇਓਗੈਸ ਪਲਾਂਟ ਪਾਸ ਕਰ ਕੇ ਉਥੋਂ ਦੀ 39 ਏਕੜ ਜ਼ਮੀਨ (ਹਿੰਦੁਸਤਾਨ ਪੈਟਰੋਲੀਅਮ ਕਾਰਪੋਰੇਸ਼ਨ ਲਿਮਟਿਡ) ਗ੍ਰੀਨ ਐਨਰਜੀ ਲਿਮਟਿਡ ਕੰਪਨੀ ਨੂੰ ਦੇ ਦਿੱਤੀ ਹੈ।ਸਰਕਾਰ ਮੁਤਾਬਕ ਇਸ ਨਾਲ ਜਿੱਥੇ ਗਿੱਲੇ ਕੂੜੇ ਦੀ ਸਮੱਸਿਆ ਹੱਲ ਹੋਵੇਗੀ, ਉਥੇ ਹੀ ਪੰਜਾਬ ਨੂੰ ਵੱਡੇ ਪੱਧਰ ਤੇ ਗ੍ਰੀਨ ਐਨਰਜੀ ਪ੍ਰਾਪਤ ਹੋਵੇਗੀ।ਵਿੱਤ ਮੰਤਰੀ ਵੱਲੋਂ ਕੀਤੇ ਗਏ ਇਸ ਐਲਾਨ ਤੋਂ ਬਾਅਦ ਸੱਤਾਧਾਰੀ ਧਿਰ ਨੂੰ ਛੱਡ ਕੇ ਬਾਕੀ ਸਾਰੀਆਂ ਸਿਆਸੀ ਪਾਰਟੀਆਂ ਅਤੇ ਸਥਾਨਕ ਲੋਕਾਂ ਵਿੱਚ ਇਸ ਫੈਸਲੇ ਖਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ।ਜ਼ਿਕਰਯੋਗ ਹੈ ਕਿ ਇਹ ਸੋਲਿਡ ਵੇਸਟ ਇੰਟੀਗ੍ਰੇਟਿਡ ਪਲਾਂਟ ਲਗਭਗ 20 ਸਾਲ ਪਹਿਲਾਂ ਸਮਗੋਲੀ ਵਿੱਚ ਲਗਾਉਣ ਦੀ ਤਜਵੀਜ਼ ਸੀ।ਇਸ ਵਿੱਚ ਕਰੀਬ ਤਿੰਨ ਦਰਜਨ ਨਗਰ ਕੌਂਸਲਾਂ ਦਾ ਕੂੜਾ ਡੇਰਾਬੱਸੀ ਹਲਕੇ ਦੇ ਪਿੰਡ ਸਮਗੋਲੀ ਦੀ 39 ਏਕੜ ਜਗ੍ਹਾ ਵਿੱਚ ਡੰਪ ਕਰ ਕੇ ਪ੍ਰੋਸੈਸਿੰਗ ਰਾਹੀਂ ਬਿਜਲੀ ਤਿਆਰ ਕਰਨ ਦੀ ਯੋਜਨਾ ਸੀ।ਇਹ ਪ੍ਰੋਜੈਕਟ 2012 ਵਿੱਚ ਅਕਾਲੀ-ਭਾਜਪਾ ਸਰਕਾਰ ਵੇਲੇ ਪਾਸ ਹੋਇਆ ਸੀ, ਜਿਸ ਤੋਂ ਬਾਅਦ ਕਾਂਗਰਸ ਸਰਕਾਰ ਦੌਰਾਨ ਇਹ 39 ਏਕੜ ਜ਼ਮੀਨ ਨਗਰ ਨਿਗਮ ਮੋਹਾਲੀ ਨੂੰ ਤਬਦੀਲ (ਟ੍ਰਾਂਸਫਰ) ਕਰ



ਦਿੱਤੀ ਗਈ।ਮੌਜੂਦਾ ਸਰਕਾਰ ਵਿੱਚ ਇਸ ਪ੍ਰੋਜੈਕਟ ਨੂੰ (ਨੈਸ਼ਨਲ ਗ੍ਰੀਨ ਟ੍ਰਿਬਿਊਨਲ) ਵੱਲੋਂ ਵੀ ਹਰੀ ਝੰਡੀ ਮਿਲ ਚੁੱਕੀ ਹੈ। ਉਦੋਂ ਤੋਂ ਲੈ ਕੇ ਹੁਣ ਤੱਕ ਪਬਲਿਕ ਸੁਣਵਾਈ ਸਮੇਤ ਹਰ ਫਰੰਟ ਤੇ ਪੰਚਾਇਤਾਂ ਅਤੇ ਸਿਆਸੀ ਧਿਰਾਂ ਵੱਲੋਂ ਇਸ ਦਾ ਜ਼ੋਰਦਾਰ ਵਿਰੋਧ ਹੁੰਦਾ ਆਇਆ ਹੈ।ਪਿੰਡ ਦੀ ਪੰਚਾਇਤ ਨੇ ਇਸ ਦੇ ਖਿਲਾਫ਼ ਅਦਾਲਤ ਤੋਂ ਸਟੇਅ ਵੀ ਲਿਆ ਸੀ, ਜੋ 2017 ਤੋਂ ਬਾਅਦ ਖਾਰਜ ਹੋ ਗਿਆ।ਕਾਂਗਰਸ ਦੇ ਦੀਪਇੰਦਰ ਢਿੱਲੋਂ, ਅਮਿਤ ਬਾਵਾ, ਗੁਰਤੇਜ ਬੈਨੀਪਾਲ, ਅਕਾਲੀ ਦਲ ਦੇ ਐਨ. ਕੇ. ਸ਼ਰਮਾ, ਪੂਰਵ ਸਰਪੰਚ ਅਨਿਲ ਰਾਣਾ, ਭਾਜਪਾ ਦੇ ਗੁਰਦਰਸ਼ਨ ਸੈਣੀ, ਮਨਪ੍ਰੀਤ ਬਨੀ ਸੰਧੂ, ਸੰਜੀਵ ਖੰਨਾ ਅਤੇ ਬਸਪਾ ਦੇ ਜਗਜੀਤ ਛੜਬੜ ਸਮੇਤ ਇਲਾਕਾ ਨਿਵਾਸੀਆਂ ਨੇ ਇੱਕ ਵਾਰ ਫਿਰ ਇਸ ਪ੍ਰੋਜੈਕਟ ਨੂੰ ਸਮਗੋਲੀ ਵਿੱਚ ਲਗਾਉਣ ਦਾ ਤਿੱਖਾ ਵਿਰੋਧ ਕੀਤਾ ਹੈ।ਉਨ੍ਹਾਂ ਦਾ ਕਹਿਣਾ ਹੈ ਕਿ ਇਹ ਪ੍ਰੋਜੈਕਟ ਡੇਰਾ ਬੱਸੀ ਨੂੰ ਨਰਕ ਬਣਾ ਕੇ ਦੂਜੇ ਸ਼ਹਿਰਾਂ ਨੂੰ ਸੁਵਿਧਾ ਦੇਣ ਲਈ ਅੱਗੇ ਵਧਾਇਆ ਜਾ ਰਿਹਾ ਹੈ।ਉਹ ਬਾਹਰੀ ਸ਼ਹਿਰਾਂ ਦਾ ਕੂੜਾ ਡੇਰਾਬੱਸੀ ਹਲਕੇ ਵਿੱਚ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕਰਨਗੇ। ਆਗੂਆਂ ਨੇ ਆਖਿਆ ਕਿ ਸਰਕਾਰ ਨੇ ਡੇਰਾਬੱਸੀ ਹਲਕੇ ਨੂੰ ਸ਼ਾਮਲਾਤ ਹਲਕਾ ਸਮਝ ਲਿਆ ਹੈ, ਜਦੋਂ ਕਿ ਆਬਾਦੀ ਅਤੇ ਵੋਟਰਾਂ ਦੇ ਹਿਸਾਬ ਨਾਲ ਇਹ ਅੱਜ ਪੰਜਾਬ ਦਾ ਸਭ ਤੋਂ ਵੱਡਾ ਹਲਕਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਇੰਡਸਟਰੀਆਂ ਦਾ ਖ਼ਤਰਨਾਕ ਕੈਮੀਕਲ ਕਚਰਾ ਡੰਪ ਕਰਨ ਦਾ ਇਲਾਕੇ ਵਿੱਚ ਪਹਿਲਾਂ ਹੀ ਇੱਕੋ-ਇੱਕ ਪਲਾਂਟ ਮੌਜੂਦ ਹੈ।ਇਸ ਤੋਂ ਇਲਾਵਾ ਪੰਜਾਬ ਦੇ ਪੰਜੇ ਮੀਟ ਪਲਾਂਟ ਅਤੇ ਸਭ ਤੋਂ ਵੱਧ ਪੋਲਟਰੀ ਫਾਰਮ ਵੀ ਡੇਰਾਬੱਸੀ ਹਲਕੇ ਵਿੱਚ ਹੀ ਹਨ।ਰਹੀ-ਸਹੀ ਕਸਰ ਹੁਣ ਇਸ ਨੂੰ ਡੰਪਿੰਗ ਗਰਾਊਂਡ ਬਣਾ ਕੇ ਪੂਰੀ ਕੀਤੀ ਜਾ ਰਹੀ ਹੈ।ਪਰ ਹਲਕੇ ਦੇ ਲੋਕਾਂ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਲੇ ਨੂੰ ਮੁੱਖ ਰੱਖਦੇ ਹੋਏ ਉਹ ਅਜਿਹਾ ਕਦੇ ਵੀ ਨਹੀਂ ਹੋਣ ਦੇਣਗੇ।

ਨਸ਼ਾ, ਭ੍ਰਿਸ਼ਟਾਚਾਰ ਤੇ ਗੈਂਗਸਟਰਵਾਦ ਕਾਰਨ ਪੰਜਾਬ 'ਚ ਲੋਕਾਂ ਦਾ ਜਿਊਣਾ ਮੁਹਾਲ : ਚੰਨੀ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਸਾਬਕਾ ਮੁੱਖ ਮੰਤਰੀ ਅਤੇ ਜਲੰਧਰ ਤੋਂ ਲੋਕ ਸਭਾ ਮੈਂਬਰ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਪੰਜਾਬ ਨਸ਼ਿਆਂ, ਭ੍ਰਿਸ਼ਟਾਚਾਰ, ਗੈਂਗਸਟਰਵਾਦ, ਬੇਰੁਜ਼ਗਾਰੀ ਅਤੇ ਵਿਗੜ ਰਹੀ ਕਾਨੂੰਨ ਵਿਵਸਥਾ ਵਰਗੀਆਂ ਗੰਭੀਰ ਸਮੱਸਿਆਵਾਂ ਨਾਲ ਜੂਝ ਰਿਹਾ ਹੈ।ਇਨ੍ਹਾਂ ਮੁੱਦਿਆਂ ਨੂੰ ਲੈ ਕੇ ਕਾਂਗਰਸ ਪਾਰਟੀ ਵੱਲੋਂ 4 ਨਵੰਬਰ ਨੂੰ ਸੰਗਰੂਰ ਵਿਖੇ ਵਿਸ਼ਾਲ ਇਨਸਾਫ਼ ਰੈਲੀ ਕੀਤੀ ਜਾ ਰਹੀ ਹੈ, ਜਿਸ ਵਿੱਚ ਕਾਂਗਰਸ ਦੇ ਕੌਮੀ ਆਗੂ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਨਗੇ।



ਚੰਨੀ ਨੇ ਕਿਹਾ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਨਸ਼ਿਆਂ ਅਤੇ ਬੇਰੁਜ਼ਗਾਰੀ ਕਾਰਨ ਮੁਸ਼ਕਲਾਂ ਦਾ ਸਾਹਮਣਾ ਕਰ ਰਹੀ ਹੈ। ਉਨ੍ਹਾਂ ਨਸ਼ਾ ਤਸਕਰੀ ਦੇ ਮਾਮਲੇ ਵਿੱਚ ਵੱਡੇ ਨੈੱਟਵਰਕਾਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਨੂੰ ਸੁਰੱਖਿਆ ਮਿਲਣੀ ਚਾਹੀਦੀ ਹੈ।ਚੰਨੀ ਨੇ ਕਿਹਾ ਕਿ 4 ਨਵੰਬਰ ਦੀ ਸੰਗਰੂਰ ਰੈਲੀ ਸਿਰਫ਼ ਇੱਕ ਸਿਆਸੀ ਇਕੱਠ ਨਹੀਂ ਹੋਵੇਗੀ, ਸਗੋਂ ਪੰਜਾਬ ਦੇ ਲੋਕਾਂ ਦੇ ਅਹਿਮ ਮਸਲਿਆਂ ਨੂੰ ਉਭਾਰਨ ਦਾ ਮੰਚ ਬਣੇਗੀ। ਰਾਹੁਲ ਗਾਂਧੀ ਇਸ ਰੈਲੀ ਵਿੱਚ ਪੰਜਾਬ ਦੇ ਲੋਕਾਂ ਦੀਆਂ ਸਮੱਸਿਆਵਾਂ ਅਤੇ ਉਨ੍ਹਾਂ ਦੇ ਹੱਕਾਂ ਦੀ ਆਵਾਜ਼ ਕੌਮੀ ਪੱਧਰ 'ਤੇ ਉਠਾਉਣਗੇ। ਉਨ੍ਹਾਂ ਦੱਸਿਆ ਕਿ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਪੰਜਾਬ ਕਾਂਗਰਸ ਦੇ ਸਮੂਹ ਸੀਨੀਅਰ ਆਗੂ ਅਤੇ ਵਰਕਰ ਸਰਗਰਮ ਹਨ।ਇਸ ਮੌਕੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਦੱਸਿਆ ਕਿ ਇਸ ਰੈਲੀ ਵਿੱਚ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਕਾਂਗਰਸ ਦੇ ਵਰਕਰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।

ਤਲਵੰਡੀ ਡੋਗਰਾਂ ਵਿਖੇ ਗੁਰੂ ਰਾਮ ਦਾਸ ਜੀ ਦੇ ਪ੍ਰਕਾਸ਼ ਪੁਰਬ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਏ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)- ਪਿੰਡ ਤਲਵੰਡੀ ਡੋਗਰਾਂ ਦੇ ਵਾਸੀ ਸੂਬੇਦਾਰ ਮਹਿੰਦਰ ਸਿੰਘ ਦੇ ਸਪੁੱਤਰ ਭਾਈ ਮਨਜੀਤ ਸਿੰਘ ਅਤੇ ਉਨ੍ਹਾਂ ਸਮੂਹ ਪਰਿਵਾਰਕ ਮੈਂਬਰਾਂ ਵੱਲੋਂ ਹਰੇਕ ਸਾਲ ਦੀ ਤਰ੍ਹਾਂ ਗਏ ਆਪਣੇ ਗ੍ਰਹਿ ਵਿਖੇ ਗੁਰੂ ਰਾਮਦਾਸ ਦਾਸ ਜੀ ਦੀ ਯਾਦ ਨੂੰ ਸਮਰਪਿਤ 49ਵਾਂ ਪ੍ਰਕਾਸ਼ ਪੁਰਬ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਉਚਕੋਟੀ ਦੇ ਵਿਦਵਾਨਾਂ ਨੇ ਕਵੀਸ਼ਰੀ ਜੱਥਿਆਂ, ਰਾਗੀ ਸਿੰਘਾਂ ਕਥਾਵਾਚਕਾਂ ਤੇ ਹੋਰ ਮਹਾਂਪੁਰਸ਼ਾਂ ਦੇ ਬੜੇ ਹੀ ਵਿਸਥਾਰਪੂਰਵਕ ਗੁਰੂ ਰਾਮਦਾਸ ਦਾਸ ਜੀ ਦੇ ਜੀਵਨ ਤੇ ਚਾਨਣਾ ਪਾਇਆ ਅਤੇ ਸੰਗਤਾਂ ਨੂੰ ਅਪੀਲ ਕੀਤੀ ਕਿ ਸਾਨੂੰ ਸਾਰਿਆਂ ਨੂੰ ਆਪਣੇ ਗੁਰੂਆਂ ਦੇ ਪਾਏ ਹੋਏ ਪੂਰਨਿਆਂ ਤੇ ਚੱਲ ਕੇ ਆਪਣੇ ਜੀਵਨ ਨੂੰ ਸਫਲ ਬਣਾਉਣਾ ਚਾਹੀਦਾ ਹੈ, ਇਸ ਮੌਕੇ ਤੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਭਾਈ ਮਨਜੀਤ ਸਿੰਘ ਤਲਵੰਡੀ ਡੋਗਰਾਂ ਨੇ ਕਿਹਾ ਕਿ ਇਹਨਾਂ ਸਮਾਗਮਾਂ ਦੀ ਸ਼ੁਰੂਆਤ ਸੰਨ 1978 ਦੇ ਵਕਤ ਤੋਂ ਉਸ ਵੇਲੇ ਦੇ ਪ੍ਰਸਿੱਧ ਕਥਾਵਾਚਕ ਗਿਆਨੀ ਸੰਤ ਸਿੰਘ ਮਸਕੀਨ, ਸਿੰਘ ਸਾਹਿਬ ਗਿਆਨੀ ਚੇਤ ਸਿੰਘ ਹੈੱਡ ਗ੍ਰੰਥੀ ਦਰਬਾਰ ਸਾਹਿਬ, ਸਿੰਘ ਸਾਹਿਬ ਗਿਆਨੀ ਸਾਧੂ ਸਿੰਘ ਭੌਰਾ ਤੇ ਹੋਰ ਸਿੱਖ ਮਹਾਂਪੁਰਸ਼ਾਂ ਨੇ ਅਰੰਭ ਕਾਰਵਾਈ ਸੀ, ਇਸ ਉਪਰੰਤ ਤਕਰੀਬਨ 14 ਕੁ ਸਾਲ ਪ੍ਰਸਿੱਧ ਕਥਾਵਾਚਕ ਅਤੇ ਸਿੱਖ ਬੁੱਧੀਜੀਵੀ ਭਾਈ ਪਿੰਦਰਪਾਲ ਸਿੰਘ ਨੇ ਵੀ ਇਨ੍ਹਾਂ



ਸਮਾਗਮਾਂ ਵਿੱਚ ਸ਼ਾਮਲ ਹੋ ਕੇ ਆਪਣੀ ਹਾਜ਼ਰੀ ਲਗਵਾਉਂਦੇ ਰਹੇ।

ਇਸ ਮੌਕੇ ਅਮਰਜੀਤ ਸਿੰਘ ਮਸਕੀਨ, ਗਿਆਨੀ ਅਰਸ਼ਪ੍ਰੀਤ ਸਿੰਘ ਮਸਕੀਨ, ਪ੍ਰਸਿੱਧ ਗਿਆਨੀ ਇਕਬਾਲ ਸਿੰਘ ਮੀਰਾਂਕੋਟ, ਮਨਪ੍ਰੀਤ ਸਿੰਘ ਸੋਹੀ ਦਸਮੇਸ਼ ਨਗਰ, ਗਰਮੀਤ ਸਿੰਘ ਦਾਤੇਵਾਲ, ਭਾਈ ਨਿਰਮਲ ਸਿੰਘ ਜੇਠੂਵਾਲ, ਮਾਸਟਰ ਨਿਸ਼ਾਨ ਸਿੰਘ, ਭਾਈ ਨਿਸ਼ਾਨ ਸਿੰਘ, ਗਿਆਨੀ ਤਰਲੋਕ ਸਿੰਘ ਯੂਕੇ, ਭਾਈ ਬਲਵਿੰਦਰ ਸਿੰਘ ਨਿਰਾਲਾ, ਭਾਈ ਫਤਿਹ ਸਿੰਘ, ਭਾਈ ਪ੍ਰਿਤਪਾਲ ਸਿੰਘ, ਭਾਈ ਅਰਸ਼ਦੀਪ ਸਿੰਘ ਵਡਾਲਾ ਜੌਹਲ, ਭਾਈ ਸਹਿਜਦੀਪ ਸਿੰਘ ਜੌਹਲ, ਸਰਬਜੀਤ ਸਿੰਘ ਹੋਠੀਆਂ, ਪ੍ਰਭਦੀਪ ਸਿੰਘ ਤਲਵੰਡੀ, ਪ੍ਰਿੰਸੀਪਲ ਮੈਡਮ ਰਿਪਨਜੀਤ ਕੌਰ, ਹਰਜਿੰਦਰ ਸਿੰਘ ਦੇਵੀ ਦਾਸ ਪੁਰਾ, ਭਾਈ ਆਤਮਾ ਸਿੰਘ ਜੌਹਲ, ਦੇਸਪਾਲ ਸਿੰਘ ਢੋਟ, ਦਲੇਰ ਸਿੰਘ ਜੌਹਲ, ਹਰਜਿੰਦਰ ਸਿੰਘ ਦੇਵੀ ਦਾਸ ਪੁਰਾ, ਇਕਬਾਲ ਸਿੰਘ ਦਸਮੇਸ਼ ਨਗਰ, ਜੇਈ ਸੁਖਮਿੰਦਰ ਸਿੰਘ ਸਾਹਬੀ, ਭਾਈ ਪ੍ਰਿਤਪਾਲ ਸਿੰਘ ਖਡੂਰ ਸਾਹਿਬ ਵਾਲਿਆਂ ਤੋਂ ਇਲਾਵਾ ਇਲਾਕੇ ਦੀਆਂ ਹੋਰ ਵੀ ਕਈ ਸਿਰਮੌਰ ਹਸਤੀਆਂ ਨੇ ਹਾਜ਼ਰੀ ਭਰ ਕੇ ਆਪਣੇ ਜੀਵਨ ਨੂੰ ਸਫਲ ਕੀਤਾ।ਸਮਾਗਮ ਦੇ ਅਖੀਰ ਵਿੱਚ ਭਾਈ ਮਨਜੀਤ ਸਿੰਘ ਤਲਵੰਡੀ ਡੋਗਰਾਂ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੇ ਆਏ ਹੋਏ ਮਹਿਮਾਨਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਤੇ ਦੂਰੋਂ ਨੇੜਿਓਂ ਆਈਆਂ ਸੰਗਤਾਂ ਦਾ ਦਿਲ ਦੀਆਂ ਤੋਂ ਧੰਨਵਾਦ ਕੀਤਾ।ਇਸ ਮੌਕੇ ਗੁਰੂ ਕੇ ਲੰਗਰ ਵੀ ਲਗਾਏ ਗਏ ਜੋ ਸਾਰਾ ਦਿਨ ਅਟੁੱਟ ਚੱਲਦੇ ਰਹੇ।

ਭਲਕੇ ਸੀਟੂ ਦੀ ਧੂਰੀ ਰੈਲੀ 'ਚ ਪੈਨਸ਼ਨਰ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ



ਛੇਹਰਟਾ/ਖਾਸਾ, ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਗੌਰਮਿੰਟ ਪੈਨਸ਼ਨਰਜ਼ ਯੂਨੀਅਨ ਜ਼ਿਲ੍ਹਾ ਅੰਮ੍ਰਿਤਸਰ (ਸੀਟੂ) ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਕਾਮਰੇਡ ਨਰਿੰਦਰਪਾਲ ਚਮਿਆਰੀ ਦੀ ਪ੍ਰਧਾਨਗੀ ਹੇਠ ਕੰਪਨੀ ਬਾਗ ਵਿਚ ਹੋਈ। ਮੀਟਿੰਗ ਦੇ ਫ਼ੈਸਲੇ ਜਾਰੀ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਸਾਥੀ ਸਵਿੰਦਰ ਸਿੰਘ ਅਦਲੀਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਪੈਨਸ਼ਨਰਾਂ ਦੀ ਵਿਰੋਧੀ ਸਰਕਾਰ ਹੈ। ਇਸ ਸਰਕਾਰ ਹਾਈ ਕੋਰਟ ਦੇ ਫ਼ੈਸਲੇ ਅਨੁਸਾਰ ਵੀ ਪੈਨਸ਼ਨਰਾਂ ਨੂੰ ਡੀਏ ਦੀਆਂ ਕਿਸ਼ਤਾਂ ਨਹੀਂ ਦੇ ਰਹੀ ਤੇ ਨਾ ਹੀ 2.59 ਗੁਣਾਂਕ ਅਨੁਸਾਰ ਗਰੇਡਾਂ ਦੀ ਰਿਵੀਜ਼ਨ ਕਰ ਰਹੀ। ਇਸ ਕਰਕੇ ਸਰਕਾਰ ਵਿਰੁੱਧ ਸੰਘਰਸ਼ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੀਟੂ ਵੱਲੋਂ ਤਿੰਨ ਨਵੰਬਰ ਨੂੰ ਮੁੱਖ ਮੰਤਰੀ ਦੇ ਹਲਕੇ ਧੂਰੀ ਵਿੱਚ ਜ਼ਬਰਦਸਤ ਰੋਸ ਰੈਲੀ ਕੀਤੀ ਜਾ ਰਹੀ ਹੈ। ਸਮੂਹ ਪੈਨਸ਼ਨਰ ਵੱਡੀ ਗਿਣਤੀ ਵਿਚ ਧੂਰੀ ਪੁੱਜਣਗੇ ਅਤੇ ਮੁੱਖ ਮੰਤਰੀ ਤੋਂ ਜਵਾਬ ਮੰਗਣਗੇ ਕਿ ਕੀਤੇ ਵਾਅਦੇ ਪੂਰੇ ਕਿਉਂ ਨਹੀਂ ਕੀਤੇ ਗਏ, ਪੁਰਾਣੀ ਪੈਨਸ਼ਨ ਕਿਉਂ ਬਹਾਲ ਨਹੀਂ ਕੀਤੀ ਗਈ ਤੇ ਸਕੀਮ ਵਰਕਰਾਂ ਨੂੰ ਪੱਕੇ ਕਿਉਂ ਨਹੀਂ ਕੀਤਾ ਗਿਆ। ਉਨ੍ਹਾਂ ਕੇਂਦਰੀ ਸਰਕਾਰ ਦੀ ਸ਼ਹਿ 'ਤੇ ਸਾਢੇ 13 ਲੱਖ ਵੋਟ ਕੱਟਣ ਵਾਲੇ ਮੁੱਖ ਚੋਣ ਕਮਿਸ਼ਨਰ ਦੇ ਅਸਤੀਫ਼ੇ ਦੀ ਵੀ ਮੰਗ ਕੀਤੀ।

ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਮੰਗਾਂ ਨਾ ਮੰਨੀਆਂ ਤਾਂ ਆਮ ਆਦਮੀ ਪਾਰਟੀ ਨੂੰ ਵਿਧਾਨ ਸਭਾ ਚੋਣਾਂ ਦੌਰਾਨ ਪੈਨਸ਼ਨਰਾਂ ਦੇ ਗੁੱਸੇ ਦਾ ਸਾਹਮਣਾ ਕਰਨਾ ਪਵੇਗਾ। ਮੀਟਿੰਗ ਵਿਚ ਸਵਿੰਦਰ ਸਿੰਘ ਮੀਰਾਂਕੋਟ, ਤਰਸੇਮ ਟਪਿਆਲਾ, ਧਿਆਨ ਚੰਦ, ਚਰਨਜੀਤ ਮਜੀਠਾ, ਕੁਲਦੀਪ ਸਿੰਘ, ਪ੍ਰੋਫੈਸਰ ਕੁਲਵੰਤ ਸਿੰਘ, ਸੁਲੱਖਣ ਸਿੰਘ, ਦਲਜੀਤ ਸਿੰਘ, ਸੂਰਜ, ਰਾਜਵਿੰਦਰ ਸਿੰਘ, ਕੇਵਲ ਸਿੰਘ, ਬੋਧਰਾਜ, ਦੇਸਰਾਜ, ਜਗਦੀਸ਼ ਰਾਜ, ਹਰਜੀਤ ਸਿੰਘ ਆਦਿ ਹਾਜ਼ਰ ਸਨ।

ਮਾਤਾ ਲਕਸ਼ਮੀ ਦੀ ਤਸਵੀਰ ਵਾਲੇ ਪਟਾਕਿਆਂ ਦੀ ਵਿਕਰੀ 'ਤੇ ਰੋਕ ਲਗਾਉਣ ਦੀ ਮੰਗ

ਚਵਿੰਡਾ ਦੇਵੀ, (ਖ਼ੁਸ਼ਹਾਲ ਸੁੰਦਰ)- ਰਾਸ਼ਟਰੀ ਭਗਵਾ ਸੈਨਾ ਰਾਸ਼ਟਰੀ ਮਹਾਂਸਚਿਵ ਹਰਜਿੰਦਰ ਪਾਲ ਸਰੀਨ ਅਤੇ ਸੰਗਠਨ ਦੇ ਸਮੁੱਚੇ ਅਹੁਦੇਦਾਰਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਦੀਵਾਲੀ ਦੇ ਤਿਉਹਾਰ



ਦੀਆਂ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੀਆਂ ਹਨ।ਇਸ ਮੌਕੇ ਲੋਕ ਖ਼ੁਸ਼ੀ ਦਾ ਪ੍ਰਗਟਾਵਾ ਕਰਨ ਲਈ ਵੱਖ-ਵੱਖ ਤਰ੍ਹਾਂ ਦੇ ਪਟਾਕੇ ਚਲਾਉਂਦੇ ਹਨ। ਪਰ ਇਸ ਦੌਰਾਨ ਬਾਜ਼ਾਰਾਂ ਵਿੱਚ ਇੱਕ ਅਜਿਹਾ ਪਟਾਕਾ ਵੀ ਦੇਖਣ ਨੂੰ ਮਿਲ ਰਿਹਾ ਹੈ, ਜਿਸ ਦਾ ਨਾਮ ਲਕਸ਼ਮੀ ਹੈ ਅਤੇ ਉਸ ਉਪਰ ਮਾਤਾ ਲਕਸ਼ਮੀ ਜੀ ਦੀ ਤਸਵੀਰ ਲਗਾਈ ਗਈ ਹੈ।ਉਨ੍ਹਾਂ ਕਿਹਾ ਕਿ ਪਟਾਕੇ ਬਣਾਉਣ ਵਾਲੀਆਂ ਕੰਪਨੀਆਂ ਨੂੰ ਅਜਿਹੇ ਪਟਾਕੇ ਬਣਾਉਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ, ਕਿਉਂਕਿ ਇਸ ਨਾਲ ਹਿੰਦੂ ਧਰਮ ਦੇ ਦੇਵੀ-ਦੇਵਤਿਆਂ ਦੀਆਂ ਤਸਵੀਰਾਂ ਅਤੇ ਨਾਮਾਂ ਦੀ ਬੇਅਦਬੀ ਹੁੰਦੀ ਹੈ, ਜਿਸ ਨਾਲ ਆਪਸੀ ਭਾਈਚਾਰਕ ਸਾਂਝ 'ਤੇ ਵੀ ਮਾੜਾ ਪ੍ਰਭਾਵ ਪੈ ਨੂੰਕਦਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਸੰਗਠਨ ਵੱਲੋਂ ਅਜਿਹੇ ਪਟਾਕਿਆਂ ਦੀ ਵਿਕਰੀ ਦਾ ਵਿਰੋਧ ਕੀਤਾ ਜਾਵੇਗਾ।ਜੇਕਰ ਕੋਈ ਦੁਕਾਨਦਾਰ ਅਜਿਹੇ ਪਟਾਕੇ ਵੇਚਦਾ ਪਾਇਆ ਗਿਆ ਤਾਂ ਉਸ ਵਿਰੁੱਧ ਪ੍ਰਸ਼ਾਸਨਿਕ ਪੱਧਰ 'ਤੇ ਸਖ਼ਤ ਕਾਰਵਾਈ ਕਰਵਾਉਣ ਦੀ ਮੰਗ ਕੀਤੀ ਜਾਵੇਗੀ।ਇਸ ਸਬੰਧੀ ਉਨ੍ਹਾਂ ਦੱਸਿਆ ਕਿ ਭਲਕੇ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦੇ ਕੇ ਅਜਿਹੇ ਪਟਾਕਿਆਂ ਦੀ ਵਿਕਰੀ 'ਤੇ ਰੋਕ ਲਗਾਉਣ ਦੀ ਮੰਗ ਕੀਤੀ ਜਾਵੇਗੀ।ਉਨ੍ਹਾਂ ਅੱਗੇ ਕਿਹਾ ਕਿ ਸੰਗਠਨ ਦਾ ਮਕਸਦ ਕਿਸੇ ਵੀ ਪਟਾਕਾ ਵਿਕਰੇਤਾ ਦੁਕਾਨਦਾਰ ਨੂੰ ਤੰਗ ਕਰਨਾ ਜਾਂ ਉਸ ਵਿਰੁੱਧ ਪਰਚਾ ਦਰਜ ਕਰਵਾਉਣਾ ਨਹੀਂ ਹੈ, ਸਗੋਂ ਹਿੰਦੂ ਦੇਵੀ-ਦੇਵਤਿਆਂ ਦੀਆਂ ਤਸਵੀਰਾਂ ਅਤੇ ਨਾਮਾਂ ਦੀ ਮਰਿਆਦਾ ਨੂੰ ਬਰਕਰਾਰ ਰੱਖਣਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।ਉਨ੍ਹਾਂ ਸਮੂਹ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਹਿੰਮ ਵਿੱਚ ਸੰਗਠਨ ਦਾ ਸਾਥ ਦੇਣ, ਤਾਂ ਜੋ ਅਜਿਹੇ ਪਟਾਕਿਆਂ ਦੀ ਵਿਕਰੀ ਨੂੰ ਰੋਕਿਆ ਜਾ ਸਕੇ।ਅੰਤ ਵਿੱਚ ਉਨ੍ਹਾਂ ਕਿਹਾ ਕਿ ਕਿਸੇ ਵੀ ਧਰਮ ਦੇ ਦੇਵੀ-ਦੇਵਤਿਆਂ ਦੀਆਂ ਤਸਵੀਰਾਂ ਜਾਂ ਨਾਮਾਂ ਦੀ ਵਰਤੋਂ ਪਟਾਕਿਆਂ ਉੱਪਰ ਨਹੀਂ ਕੀਤੀ ਜਾਣੀ ਚਾਹੀਦੀ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਪਰਾਲੀ ਪ੍ਰਬੰਧਨ ਦਾ ਲਿਆ ਜਾਇਜ਼ਾ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉਪਲ ਵੱਲੋਂ ਫਤਿਹਗੜ੍ਹ ਚੂੜੀਆਂ, ਡੇਰਾ ਬਾਬਾ ਨਾਨਕ, ਕਲਾਨੌਰ ਦੇ ਵੱਖ-ਵੱਖ ਪਿੰਡਾਂ ਨਾਨਕ ਚੱਕ, ਕਾਦੀਆਂ ਰਾਜਪੂਤਾਂ, ਸ਼ਾਹਪੁਰ ਜਾਜਨ, ਉਦੋਵਾਲੀ ਖ਼ੁਰਦ, ਜੋੜੀਆਂ ਖ਼ੁਰਦ ਅਤੇ ਧਰਮਕੋਟ ਰੰਧਾਵਾ ਦਾ ਦੌਰਾ ਕਰਕੇ ਪਰਾਲੀ ਪ੍ਰਬੰਧਨ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।ਇਸ ਮੌਕੇ ਉਨ੍ਹਾਂ ਵੱਲੋਂ ਕਿਸਾਨਾਂ ਦੇ ਖੇਤਾਂ ਵਿੱਚ ਜਾ ਕੇ ਪਰਾਲੀ ਦੀ ਸਾਂਭ-ਸੰਭਾਲ ਅਤੇ ਇਸ ਦੇ ਸੁਚੱਜੇ ਪ੍ਰਬੰਧਨ ਲਈ ਕੀਤੇ ਜਾ ਰਹੇ ਉਪਰਾਲਿਆਂ ਦਾ ਨਿਰੀਖਣ ਕੀਤਾ ਗਿਆ।ਇਸ ਮੌਕੇ ਐੱਸ ਪੀ ਬਟਾਲਾ ਨਵਜੋਤ ਸਿੰਘ ਸੰਧੂ, ਐੱਸ ਡੀ ਐੱਮ ਡੇਰਾ ਬਾਬਾ ਨਾਨਕ ਲਛਮਣ ਸਿੰਘ ਅਤੇ ਸੁਖਬੀਰ ਸਿੰਘ ਸੰਧੂ ਬਲਾਕ ਖੇਤੀਬਾੜੀ ਅਫ਼ਸਰ ਵੀ ਮੌਜੂਦ ਸਨ।ਇਸ ਮੌਕੇ ਰਸਤੇ ਵਿੱਚ ਖੇਤਾਂ ਵਿੱਚ ਲੱਗੀ ਅੱਗ ਨੂੰ ਫਾਇਰ ਬਿਰਗੇਡ ਨਾਲ ਬੁਝਾਇਆ ਵੀ ਗਿਆ।ਡਿਪਟੀ ਕਮਿਸ਼ਨਰ ਨੇ ਗੱਲਬਾਤ ਕਰਦਿਆਂ ਕਿਸਾਨਾਂ ਅਪੀਲ ਕੀਤੀ ਕਿ ਝੋਨੇ ਦੀ ਕਟਾਈ ਤੋਂ ਬਾਅਦ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਰਾਲੀ ਪ੍ਰਬੰਧਨ ਲਈ ਕਿਸਾਨਾਂ ਨੂੰ ਲੋੜੀਂਦੀ ਖੇਤੀ ਮਸ਼ੀਨਰੀ ਮੁਹੱਈਆ ਕਰਵਾਈ ਗਈ ਹੈ, ਜਿਸ ਦੀ ਵਰਤੋਂ ਕਰਕੇ ਇਨ-ਸੀਟੂ ਅਤੇ ਐਕਸ-ਸੀਟੂ ਤਰੀਕਿਆਂ ਰਾਹੀਂ ਪਰਾਲੀ ਦਾ ਸੁਚੱਜਾ ਪ੍ਰਬੰਧਨ ਕੀਤਾ ਜਾ ਸਕਦਾ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਬੇਲਰਾਂ ਨਾਲ ਪਰਾਲੀ ਦੀਆਂ ਗੱਠਾਂ ਬਣਾਉਣ ਉਪਰੰਤ ਫਸਲ ਦੀ ਰਹਿੰਦ ਖੂੰਹਦ ਨੂੰ ਵੀ ਅੱਗ ਨਾ ਲਗਾਈ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਬਹੁਤ ਸਾਰੇ ਅਗਾਂਹਵਧੂ ਕਿਸਾਨਾਂ ਵਲੋਂ ਪਰਾਲੀ ਦੀ ਸਾੜਨ ਦੀ ਬਜਾਇ ਉਸਨੂੰ ਪੈਲੀ ਵਿੱਚ ਵਾਹ ਕੇ ਕਣਕ ਦੀ ਬਿਜਾਈ ਕੀਤੀ ਜਾ ਰਹੀ ਹੈ, ਜੋ ਕੇ ਬਹੁਤ ਵਧੀਆ ਉਪਰਾਲਾ ਹੈ।ਉਨ੍ਹਾਂ ਕਿਹਾ ਕਿ



ਪਰਾਲੀ ਸਾੜਨ ਨਾਲ ਜਿੱਥੇ ਮਿੱਟੀ ਦੀ ਸਿਹਤ ਅਤੇ ਉਪਜਾਊ ਸ਼ਕਤੀ 'ਤੇ ਮਾੜਾ ਅਸਰ ਪੈਂਦਾ ਹੈ, ਉਥੇ ਹੀ ਵਾਤਾਵਰਣ ਵੀ ਪ੍ਰਦੂਸ਼ਿਤ ਹੁੰਦਾ ਹੈ, ਜਿਸ ਦਾ ਮਨੁੱਖੀ ਸਿਹਤ 'ਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ।ਉਨ੍ਹਾਂ ਬੇਲਰ ਮਾਲਕਾਂ ਵੱਲੋਂ ਇਕੱਠੀ ਕੀਤੀ ਗਈ ਪਰਾਲੀ ਦੇ ਡੰਪਾਂ ਦਾ ਦੌਰਾ ਵੀ ਕੀਤਾ ਅਤੇ ਕਿਹਾ ਕਿ ਪੰਜਾਬ ਸਰਕਾਰ ਪਰਾਲੀ ਦੇ ਇਨ੍ਹਾਂ ਡੰਪਾਂ ਦੀ ਸੁਰੱਖਿਆ ਲਈ ਵਚਨਬੱਧ ਹੈ ਅਤੇ ਇਨ੍ਹਾਂ ਦੇ ਸੁਚੱਜੇ ਪ੍ਰਬੰਧਨ ਲਈ ਹਰ ਸੰਭਵ ਸਹਿਯੋਗ ਦਿੱਤਾ ਜਾ ਰਿਹਾ ਹੈ।ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਇਕੱਠੀ ਕੀਤੀ ਗਈ ਪਰਾਲੀ ਦੀ ਸਾਂਭ-ਸੰਭਾਲ ਦੇ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕੀਤੀ।


ਇਸ ਤੋਂ ਇਲਾਵਾ ਉਨ੍ਹਾਂ ਸੁਪਰ ਸੀਡਰ ਦੀ ਵਰਤੋਂ ਕਰਕੇ ਪਰਾਲੀ ਨੂੰ ਖੇਤਾਂ ਵਿੱਚ ਹੀ ਮਿਲਾ ਕੇ ਕਣਕ ਦੀ ਕੀਤੀ ਜਾ ਰਹੀ ਬਿਜਾਈ ਦਾ ਵੀ ਨਿਰੀਖਣ ਕੀਤਾ।ਇਸ ਮੌਕੇ ਐੱਸ ਡੀ ਐੱਮ ਲਛਮਣ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨੂੰ ਖੇਤਾਂ ਵਿੱਚ ਹੀ ਵਾਹੁਣ ਨੂੰ ਤਰਜੀਹ ਦੇਣ, ਕਿਉਂਕਿ ਇਸ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਵਾਧਾ ਹੁੰਦਾ ਹੈ ਅਤੇ ਮਿੱਟੀ ਦੀ ਸਿਹਤ ਵਿੱਚ ਸੁਧਾਰ ਆਉਂਦਾ ਹੈ।ਦੱਸਣਯੋਗ ਹੈ ਕਿ ਜ਼ਿਲ੍ਹੇ ਵਿੱਚ ਡਿਪਟੀ ਕਮਿਸ਼ਨਰ ਦੀ ਅਗਵਾਈ ਵਿੱਚ ਵਧੀਕ ਡਿਪਟੀ ਕਮਿਸ਼ਨਰ, ਸਮੂਹ ਐੱਸ ਡੀ ਐੱਮਜ, ਪੁਲਸ ਅਧਿਕਾਰੀ ਅਤੇ ਖੇਤੀਬਾੜੀ ਆਦਿ ਵਿਭਾਗ ਦੇ ਅਧਿਕਾਰੀਆਂ ਵਲੋਂ ਪਿੰਡ ਪਿੰਡ ਜਾ ਕੇ ਪਰਾਲੀ ਸਾੜਨ ਰੋਕਣ ਦੇ ਰੁਝਾਨ ਤੇ ਠੱਲ੍ਹ ਪਾਈ ਗਈ ਹੈ ਅਤੇ ਕਿਸਾਨਾਂ ਵਲੋਂ ਵੀ ਪ੍ਰਸ਼ਾਸਨ ਨਾਲ ਸਹਿਯੋਗ ਕੀਤਾ ਜਾ ਰਿਹਾ ਹੈ।

ਸ਼ੈਰੀ ਕਲਸੀ ਨੂੰ ਦੁਬਾਰਾ ਟਿਕਟ ਦੇਣ 'ਤੇ ਸਰਪੰਚ ਸੁੱਖ ਬਾਜਵਾ ਵੱਲੋਂ ਹਾਈਕਮਾਂਡ ਦਾ ਧੰਨਵਾਦ

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)- ਆਮ ਆਦਮੀ ਪਾਰਟੀ ਵੱਲੋਂ ਵਿਧਾਨ ਸਭਾ ਹਲਕਾ ਬਟਾਲਾ ਤੋਂ ਮੌਜੂਦਾ ਵਿਧਾਇਕ ਅਮਨ ਸ਼ੇਰ ਸਿੰਘ ਕਲਸੀ ਨੂੰ ਇੱਕ ਵਾਰ ਫਿਰ ਪਾਰਟੀ ਉਮੀਦਵਾਰ ਐਲਾਨਿਆ ਗਿਆ ਹੈ ਜਿਸ 'ਤੇ ਸਰਪੰਚ ਸੁੱਖ ਬਾਜਵਾ ਸਾਰਚੂਰ ਨੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ।ਇਸ ਮੌਕੇ ਸਰਪੰਚ ਸੁੱਖ ਬਾਜਵਾ ਨੇ ਕਿਹਾ ਕਿ ਪਾਰਟੀ ਹਾਈਕਮਾਂਡ ਵੱਲੋਂ ਸ਼ੈਰੀ ਕਲਸੀ ਤੇ ਮੁੜ ਭਰੋਸਾ ਜਤਾਉਣਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਸ਼ੈਰੀ ਕਲਸੀ ਨੇ ਵਿਧਾਇਕ ਵਜੋਂ ਆਪਣੇ ਕਾਰਜਕਾਲ ਦੌਰਾਨ ਬਟਾਲਾ ਹਲਕੇ ਦੇ ਲੋਕਾਂ ਨਾਲ ਨੇੜਤਾ ਬਣਾਉਂਦੇ ਹੋਏ ਨਿਰੰਤਰ ਸੰਪਰਕ ਬਣਾਈ ਰੱਖਿਆ ਤੇ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਹੱਲ ਕਰਾਉਣ ਲਈ ਸਰਗਰਮ ਭੂਮਿਕਾ ਨਿਭਾਈ ਹੈ। ਉਨਾ ਕਿਹਾ ਕਿ ਸ਼ੈਰੀ ਕਲਸੀ ਵੱਲੋਂ ਬਟਾਲਾ ਵਿੱਚ ਵੱਖ-ਵੱਖ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਣ ਦੇ ਯਤਨ ਕੀਤੇ ਗਏ ਹਨ। ਉਹਨਾਂ ਨੂੰ ਮੁੜ ਉਮੀਦਵਾਰ ਐਲਾਨੇ ਜਾਣ ਨਾਲ ਪਾਰਟੀ ਆਗੂਆਂ ਤੇ ਵਰਕਰਾਂ ਵਿੱਚ ਖ਼ੁਸ਼ੀ ਦੀ ਲਹਿਰ ਫੈਲ ਗਈ ਹੈ। ਸੁੱਖ ਬਾਜਵਾ ਸਾਰਚੂਰ ਨੇ ਕਿਹਾ ਕਿ ਉਹ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦੇ ਇਸ ਫੈਸਲੇ ਦਾ ਸਵਾਗਤ ਕਰਦੇ ਹਨ ਅਤੇ ਸ਼ੈਰੀ ਕਲਸੀ ਨੂੰ ਉਹਨਾਂ ਦੀ ਨਵੀਂ ਜ਼ਿੰਮੇਵਾਰੀ ਲਈ ਸ਼ੁੱਭਕਾਮਨਾਵਾਂ ਦਿੰਦੇ ਹਨ।



ਟਰਾਲੇ ਦੀ ਚਪੇਟ 'ਚ ਆਉਣ ਨਾਲ ਮੋਟਰਸਾਈਕਲ ਸਵਾਰ ਦੀ ਮੌਤ



ਪਠਾਨਕੋਟ (ਦਵਿੰਦਰ ਸਿੰਘ)- ਪਠਾਨਕੋਟ ਦੇ ਗੁਰੂ ਰਵਿਦਾਸ ਚੌਕ ਵਿੱਚ ਇੱਕ ਥਾਰ ਗੱਡੀ ਵੱਲੋਂ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ ਗਈ, ਜਿਸ ਦੇ ਚਲਦੇ ਮੋਟਰਸਾਈਕਲ ਸਵਾਰ ਟਰਾਲੇ ਦੀ ਚਪੇਟ ਵਿੱਚ ਆ ਗਿਆ ਤੇ ਮੌਕੇ 'ਤੇ ਹੀ ਮੌਤ ਹੋ ਗਈ। ਮ੍ਰਿਤਕ ਦੀ ਪਹਿਚਾਣ ਰਮਨ ਕੁਮਾਰ ਵਾਸੀ ਰਮਦਾਸ ਦੇ ਰੂਪ ਵਿੱਚ ਹੋਈ ਹੈ, ਮ੍ਰਿਤਕ ਰਮਨ ਕੁਮਾਰ ਦੀ ਭੈਣ ਸ਼ਾਰੀਕਾ ਨੇ ਦੱਸਿਆ ਕਿ ਰਮਨ ਕੁਮਾਰ ਸ਼ਰਾਬ ਦੇ ਠੇਕੇਦਾਰਾਂ ਨਾਲ ਕੰਮ ਕਰਦਾ ਸੀ, ਉਸ ਦੇ ਦੋ ਬੱਚੇ ਵੀ ਹਨ ਅਤੇ ਰਮਨ ਕੁਮਾਰ ਘਰ ਵਿੱਚ ਇਕੱਲਾ ਹੀ ਕਮਾਉਣ ਵਾਲਾ ਸੀ ਜਿਸ ਦੀ ਮੌਤ ਹੋਣ ਕਾਰਨ ਪਰਿਵਾਰ ਨੂੰ ਭਾਰੀ ਨੁਕਸਾਨ ਹੋਇਆ ਹੈ। ਉਨਾਂ ਪ੍ਰਸ਼ਾਸਨ ਤੋਂ ਇਨਸਾਫ ਦੀ ਮੰਗ ਕੀਤੀ ਹੈ।ਦੂਜੇ ਪਾਸੇ ਪੁਲਸ ਵੱਲੋਂ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

ਜੀ ਐੱਸ ਟੀ ਨਕਦ ਪ੍ਰਾਪਤੀ 'ਚ 28% ਦਾ ਵਾਧਾ ਦਰਜ : ਚੀਮਾ

ਚੰਡੀਗੜ੍ਹ (ਗੁਰਜੀਤ ਬਿੱਲਾ)- ਪੰਜਾਬ ਦੇ ਵਿੱਤ, ਯੋਜਨਾਬੰਦੀ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਇੱਥੇ ਐਲਾਨ ਕੀਤਾ ਕਿ ਪੰਜਾਬ ਨੇ ਅਕਤੂਬਰ 2026 ਦੌਰਾਨ ਸਟੇਟ ਗੁੱਡਜ਼ ਐਂਡ ਸਰਵਿਸਿਜ਼ ਟੈਕਸ (ਐੱਸ ਜੀ ਐੱਸ ਟੀ) ਦੀ ਨਕਦ ਪ੍ਰਾਪਤੀ ਵਿੱਚ 28.29 ਫ਼ੀਸਦੀ ਦਾ ਬੇਮਿਸਾਲ ਵਾਧਾ ਦਰਜ ਕੀਤਾ ਹੈ, ਜਦਕਿ ਕੌਮੀ ਪੱਧਰ 'ਤੇ ਐੱਸ ਜੀ ਐੱਸ ਟੀ ਪ੍ਰਾਪਤੀ ਵਿੱਚ ਲਗਭਗ 14 ਫ਼ੀਸਦੀ ਦਾ ਵਾਧਾ ਰਿਹਾ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਮਾਲੀਆ ਇਕੱਠਾ ਕਰਨ ਦੇ ਯਤਨਾਂ ਨੂੰ ਮਜ਼ਬੂਤ ਕਰਨ, ਕਰ ਪਾਲਣਾ ਵਿੱਚ ਸੁਧਾਰ ਲਿਆਉਣ ਅਤੇ ਕਰ ਚੋਰੀ ਰੋਕਣ ਲਈ ਸੂਬਾ ਸਰਕਾਰ ਦੇ ਨਿਰੰਤਰ ਯਤਨਾਂ ਨੂੰ ਦਰਸਾਉਂਦੀ ਹੈ। ਕਰ ਪ੍ਰਾਪਤੀ ਦੇ ਤਾਜ਼ਾ ਅੰਕੜਿਆਂ ਦਾ ਖ਼ੁਲਾਸਾ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, 'ਪੰਜਾਬ ਦੀ ਐੱਸ.ਜੀ.ਐੱਸ.ਟੀ. ਨਕਦ ਪ੍ਰਾਪਤੀ ਅਕਤੂਬਰ 2025 ਦੇ 803.07 ਕਰੋੜ ਰੁਪਏ ਤੋਂ ਵਧ ਕੇ ਅਕਤੂਬਰ 2026 ਵਿੱਚ 1,030.29 ਕਰੋੜ ਰੁਪਏ ਹੋ ਗਿਆ ਹੈ, ਜਿਸ ਨਾਲ 227.22 ਕਰੋੜ ਰੁਪਏ ਦੀ ਵਾਧੂ ਪ੍ਰਾਪਤੀ ਅਤੇ 28.29 ਫ਼ੀਸਦੀ ਦਾ ਸ਼ਾਨਦਾਰ ਵਾਧਾ ਦਰਜ ਕੀਤਾ ਗਿਆ।' ਇਸ ਪ੍ਰਾਪਤੀ 'ਤੇ ਚਾਨਣਾ



ਪਾਉਂਦਿਆਂ ਵਿੱਤ ਮੰਤਰੀ ਚੀਮਾ ਨੇ ਦੱਸਿਆ, 'ਅਪ੍ਰੈਲ ਮਹੀਨੇ ਵਿੱਚ ਲਗਭਗ 1,182 ਕਰੋੜ ਰੁਪਏ ਦੀ ਪ੍ਰਾਪਤੀ ਤੋਂ ਬਾਅਦ, ਪੰਜਾਬ ਨੇ ਸਾਲ 2026 ਦੌਰਾਨ ਦੂਜੀ ਵਾਰ 1,000 ਕਰੋੜ ਰੁਪਏ ਦੀ ਐੱਸ.ਜੀ.ਐੱਸ.ਟੀ. ਨਕਦ ਪ੍ਰਾਪਤੀ ਦੇ ਮੀਲ ਪੱਥਰ ਨੂੰ ਪਾਰ ਕੀਤਾ ਹੈ।' ਉਨ੍ਹਾਂ ਕਿਹਾ ਕਿ 2017 ਵਿੱਚ ਜੀ ਐੱਸ ਟੀ. ਲਾਗੂ ਹੋਣ ਤੋਂ ਬਾਅਦ ਇਹ ਪਹਿਲੀ ਵਾਰ ਹੈ ਜਦੋਂ ਪੰਜਾਬ ਨੇ ਅਕਤੂਬਰ ਮਹੀਨੇ ਦੌਰਾਨ 1,000 ਕਰੋੜ ਰੁਪਏ ਤੋਂ ਵੱਧ ਦੀ ਐੱਸ ਜੀ ਐੱਸ ਟੀ ਨਕਦ ਪ੍ਰਾਪਤੀ ਹਾਸਲ ਕੀਤੀ ਹੈ। ਵਿੱਤ ਮੰਤਰੀ ਨੇ ਅੱਗੇ ਦੱਸਿਆ ਕਿ ਅਕਤੂਬਰ 2026 ਦੌਰਾਨ ਪੰਜਾਬ ਦੀ ਕੁੱਲ ਜੀ ਐੱਸ ਟੀ ਪ੍ਰਾਪਤੀ 2,716.60 ਕਰੋੜ ਰੁਪਏ ਤੱਕ ਪਹੁੰਚ ਗਈ, ਜਦਕਿ ਅਕਤੂਬਰ 2025 ਦੌਰਾਨ ਇਹ 2,393.22 ਕਰੋੜ ਰੁਪਏ ਸੀ, ਜਿਸ ਵਿੱਚ 323.38 ਕਰੋੜ ਦਾ ਵਾਧਾ ਅਤੇ ਲਗਭਗ 14 ਫ਼ੀਸਦੀ ਦੀ ਵਾਧਾ ਦਰ ਦਰਜ ਕੀਤੀ ਗਈ। ਇਮਾਨਦਾਰ ਕਰਦਾਤਾਵਾਂ ਦੇ ਯੋਗਦਾਨ ਅਤੇ ਵਿਭਾਗੀ ਅਧਿਕਾਰੀਆਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਜਾਅਲੀ ਬਿਲਿੰਗ, ਧੋਖਾਧੜੀ ਵਾਲੇ ਆਈ ਟੀ ਸੀ ਦਾਅਵਿਆਂ ਅਤੇ ਸੰਗਠਿਤ ਕਰ ਚੋਰੀ ਵਿਰੁੱਧ ਜ਼ੀਰੋ ਸਹਿਣਸ਼ੀਲਤਾ ਨੀਤੀ ਅਪਣਾਉਂਦੇ ਹੋਏ ਅਸਲ ਕਰਦਾਤਾਵਾਂ ਨੂੰ ਇੱਕ ਪਾਰਦਰਸ਼ੀ ਅਤੇ ਵਪਾਰ-ਪੱਖੀ ਮਾਹੌਲ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਕਰ ਪ੍ਰਾਪਤੀ ਵਿੱਚ ਨਿਰੰਤਰ ਵਾਧਾ ਸੂਬੇ ਦੇ ਲੋਕਾਂ ਲਈ ਲੋਕ ਭਲਾਈ ਪ੍ਰੋਗਰਾਮਾਂ, ਬੁਨਿਆਦੀ ਢਾਂਚੇ ਦੇ ਵਿਕਾਸ, ਸਿਹਤ ਸੰਭਾਲ, ਸਿੱਖਿਆ ਅਤੇ ਹੋਰ ਜ਼ਰੂਰੀ ਸੇਵਾਵਾਂ ਲਈ ਫੰਡ ਮੁਹੱਈਆ ਕਰਵਾਉਣ ਵਿੱਚ ਪੰਜਾਬ ਦੀ ਵਿੱਤੀ ਸਮਰੱਥਾ ਨੂੰ ਹੋਰ ਮਜ਼ਬੂਤ ਕਰੇਗਾ।

ਅੰਤਰਰਾਸ਼ਟਰੀ ਟੂਰਨਾਮੈਂਟ ਦੀ ਮੇਜ਼ਬਾਨੀ ਕਰਨਾ ਸਾਡੇ ਲਈ ਮਾਣ ਵਾਲੀ ਗੱਲ : ਹਰਮਨਪ੍ਰੀਤ ਸਿੰਘ

ਜਲੰਧਰ (ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ, ਸੁਰਿੰਦਰ ਕੁਮਾਰ)- ਭਾਰਤੀ ਪੁਰਸ਼ ਹਾਕੀ ਟੀਮ ਦੇ ਕਪਤਾਨ ਹਰਮਨਪ੍ਰੀਤ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਆਪਣੇ ਘਰ ਨੇੜੇ, ਪਰਿਵਾਰ ਦੇ ਸਾਹਮਣੇ ਅਤੇ ਦਰਸ਼ਕਾਂ ਨਾਲ ਖਚਾਖਚ ਭਰੇ ਸਟੇਡੀਅਮ ਵਿੱਚ ਖੇਡਣਾ ਪੂਰੀ ਟੀਮ ਲਈ ਸ਼ਾਨਦਾਰ ਅਤੇ ਭਾਵੁਕ ਤਜਰਬਾ ਹੈ। ਜਲੰਧਰ ਦੇ ਓਲੰਪੀਅਨ ਸੁਰਜੀਤ ਸਿੰਘ ਹਾਕੀ ਸਟੇਡੀਅਮ ਵਿੱਚ ਚੱਲ ਰਹੀ 'ਹੀਰੋ ਏਸ਼ੀਅਨ ਚੈਂਪੀਅਨਜ਼ ਟਰਾਫੀ' ਦੌਰਾਨ, 'ਸਰਪੰਚ' ਵਜੋਂ ਜਾਣੇ ਜਾਂਦੇ ਹਰਮਨਪ੍ਰੀਤ ਨੇ ਕਿਹਾ ਕਿ ਸੂਬੇ ਵਿੱਚ ਪਹਿਲੀ ਵਾਰ ਇੰਨੇ ਵੱਡੇ ਪੱਧਰ ਦੇ ਅੰਤਰਰਾਸ਼ਟਰੀ ਟੂਰਨਾਮੈਂਟ ਦੀ ਮੇਜ਼ਬਾਨੀ ਕਰਨਾ ਸਾਡੇ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ, "ਦਰਸ਼ਕਾਂ ਨਾਲ ਭਰੇ ਹੋਏ ਸਟੇਡੀਅਮ ਵਿੱਚ ਮੌਜੂਦ ਲੋਕਾਂ ਦਾ ਜੋਸ਼ ਬੇਮਿਸਾਲ ਹੈ। ਇਸ ਨਾਲ ਟੀਮ ਦਾ ਮਨੋਬਲ ਹੋਰ ਵਧਦਾ ਹੈ। ਮੈਂ ਹਾਕੀ ਦੀ ਸ਼ੁਰੂਆਤ ਇੱਥੋਂ ਹੀ ਕੀਤੀ ਸੀ ਅਤੇ ਉਸੇ ਮੈਦਾਨ 'ਤੇ ਦੇਸ਼ ਦੀ ਨੁਮਾਇੰਦਗੀ ਕਰਨਾ ਬਹੁਤ ਵੱਡੀ ਗੱਲ ਹੈ। ਆਲੇ-ਦੁਆਲੇ ਬੈਠੇ ਖਿਡਾਰੀਆਂ ਦੇ ਪਰਿਵਾਰਾਂ ਦੀ ਮੌਜੂਦਗੀ ਇਸ ਅਨੁਭਵ ਨੂੰ ਹੋਰ ਵੀ ਖਾਸ ਬਣਾ ਦਿੰਦੀ ਹੈ।" ਟੀਮ ਦੇ ਪ੍ਰਦਰਸ਼ਨ ਬਾਰੇ ਗੱਲ ਕਰਦਿਆਂ, ਟੋਕੀਓ ਅਤੇ ਪੈਰਿਸ ਓਲੰਪਿਕ ਵਿੱਚ ਦੋ ਵਾਰ ਕਾਂਸੀ ਦਾ ਤਮਗਾ ਜਿੱਤਣ ਵਾਲੇ ਹਰਮਨਪ੍ਰੀਤ ਨੇ ਕਿਹਾ ਕਿ ਟੀਮ ਬਹੁਤ ਵਧੀਆ ਢੰਗ ਨਾਲ ਤਿਆਰ ਹੋ ਰਹੀ ਹੈ। ਜਾਪਾਨ ਵਿਰੁੱਧ ਸਖ਼ਤ ਮੁਕਾਬਲੇ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਅਜਿਹੇ ਮੈਚ ਬਹੁਤ ਅਹਿਮ ਹੁੰਦੇ ਹਨ ਅਤੇ ਇਹ ਟੀਮ ਦੇ ਸਬਰ ਦਾ ਇਮਤਿਹਾਨ ਲੈਂਦੇ ਹਨ। ਉਨ੍ਹਾਂ ਅੱਗੇ ਕਿਹਾ, "ਅਸੀਂ ਪਹਿਲੇ ਤਿੰਨ ਕੁਆਰਟਰਾਂ ਦੌਰਾਨ ਸ਼ਾਂਤੀ ਅਤੇ ਸੰਤੁਲਿਤ ਖੇਡ ਦਿਖਾਈ।




ਅਸੀਂ ਕੋਈ ਗੋਲ ਤਾਂ ਨਹੀਂ ਕੀਤਾ, ਪਰ ਕੋਈ ਗੋਲ ਖਾਧਾ ਵੀ ਨਹੀਂ। ਆਖਰੀ ਕੁਆਰਟਰ ਵਿੱਚ ਅਸੀਂ ਖੇਡ ਦੀ ਰਫ਼ਤਾਰ ਵਧਾ ਦਿੱਤੀ। ਸਭ ਤੋਂ ਅਹਿਮ ਗੱਲ ਇਹ ਹੈ ਕਿ ਮਾਨਸਿਕ ਤੌਰ 'ਤੇ ਮਜ਼ਬੂਤ ਰਿਹਾ ਜਾਵੇ ਅਤੇ ਮੈਚ ਦੇ 60 ਮਿੰਟਾਂ ਦੌਰਾਨ ਧਿਆਨ ਪੂਰਾ ਕੇਂਦਰਿਤ ਰੱਖਿਆ ਜਾਵੇ।" ਮਲੇਸ਼ੀਆ ਵਿਰੁੱਧ ਹੋਣ ਵਾਲੇ ਅਹਿਮ ਮੈਚ ਦਾ ਜ਼ਿਕਰ ਕਰਦਿਆਂ, ਹਾਂਗਜ਼ੂ ਅਤੇ ਆਈਚੀ ਨਾਗੋਯਾ ਏਸ਼ੀਆਈ ਖੇਡਾਂ ਵਿੱਚ ਦੋ ਵਾਰ ਸੋਨ ਤਮਗਾ ਜਿੱਤਣ ਵਾਲੇ ਹਰਮਨਪ੍ਰੀਤ ਨੇ ਕਿਹਾ ਕਿ ਇਹ ਮੈਚ ਤੈਅ ਕਰੇਗਾ ਕਿ ਪੂਲ ਵਿੱਚ ਸਿਖ਼ਰ 'ਤੇ ਕੌਣ ਟਿਕਦਾ ਹੈ ਕਿਉਂਕਿ ਦੋਵੇਂ ਟੀਮਾਂ ਤਿੰਨ-ਤਿੰਨ ਮੈਚ ਜਿੱਤ ਚੁੱਕੀਆਂ ਹਨ।

ਪੰਜਾਬੀ ਵਿੱਚ ਦਿੱਤੇ ਆਪਣੇ ਸੰਦੇਸ਼ ਵਿੱਚ ਉਨ੍ਹਾਂ ਲੋਕਾਂ ਨੂੰ ਕਿਹਾ ਕਿ ਉਹ ਘਰੇਲੂ ਮੈਦਾਨ 'ਤੇ ਟੀਮ ਦਾ ਉਤਸ਼ਾਹ ਵਧਾਉਣ। ਉਨ੍ਹਾਂ ਇਹ ਵੀ ਕਿਹਾ ਕਿ ਇਸ ਨਾਲ ਬੱਚਿਆਂ ਨੂੰ ਵੀ ਖੇਡਾਂ ਵੱਲ ਆਉਣ ਲਈ ਪ੍ਰੇਰਣਾ ਮਿਲੇਗੀ।

ਜੂਡੋ ਖਿਡਾਰੀ ਇੰਸਪੈਕਟਰ ਪਵਨ ਕੁਮਾਰ ਬਣੇ ਡੀ.ਐੱਸ.ਪੀ.

ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਜੂਡੋ ਦੇ ਕੌਮਾਂਤਰੀ ਖਿਡਾਰੀ ਤੇ ਪੰਜਾਬ ਪੁਲਿਸ ਵਿਚ ਇੰਸਪੈਕਟਰ ਪਵਨ ਕੁਮਾਰ ਨੂੰ ਵਧੀਆ ਸੇਵਾਵਾਂ ਦੇਣ ਕਰਕੇ ਵਿਭਾਗ ਵੱਲੋਂ ਤਰੱਕੀ ਦੇ ਡੀ.ਐੱਸ.ਪੀ. ਬਣਾ ਦਿੱਤਾ ਗਿਆ ਹੈ। ਅੰਮ੍ਰਿਤਸਰ ਸ਼ਹਿਰ ਦੇ ਪਵਨ ਕੁਮਾਰ ਇਸ ਸਮੇਂ ਥਾਣਾ ਐਂਟੀ ਪਾਵਰ ਥੈਫਟ (ਪੀ. ਐੱਸ.ਸੀ.ਐੱਲ.) ਵਿਚ ਬਤੌਰ ਇੰਸਪੈਕਟਰ ਸੇਵਾਵਾਂ ਨਿਭਾਅ ਰਹੇ ਹਨ। ਉਨ੍ਹਾਂ ਨੂੰ ਤਰੱਕੀ ਮਿਲਣ 'ਤੇ ਜੂਡੋ ਦੇ ਸਾਬਕਾ ਖਿਡਾਰੀ ਤੇ ਅੰਮ੍ਰਿਤਸਰ ਜ਼ਿਲ੍ਹਾ(ਸ਼ਹਿਰੀ) ਭਾਜਪਾ ਦੇ ਮੀਤ ਪ੍ਰਧਾਨ ਅਰੁਣ ਭੱਲਾ, ਗਰਿਪ ਐਂਡ ਗੇਨ ਫਿਟਨੈੱਸ ਸੈਂਟਰ ਦੇ ਜੂਡੋ ਕੋਚ ਕਰਮਜੀਤ ਸਿੰਘ, ਮਨਿੰਦਰ ਸਿੰਘ ਮਿੰਨ੍ਹਾਂ ਤੇ ਰਜਿੰਦਰ ਸਿੰਘ ਰਾਜੂ(ਐੱਚ.ਕੇ. ਟੈਕਸਟਾਈਲ) ਨੇ ਸਾਂਝੇ ਤੌਰ 'ਤੇ ਖ਼ੁਸ਼ੀ ਪ੍ਰਗਟ ਕਰਦੇ ਹੋਏ ਪਵਨ ਕੁਮਾਰ ਨੂੰ ਵਧਾਈ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪਵਨ ਕੁਮਾਰ ਬਹੁਤ ਵਧੀਆ ਸ਼ਖ਼ਸੀਅਤ ਹਨ। ਉਨ੍ਹਾਂ ਨੂੰ ਮਿਲੀ ਤਰੱਕੀ ਨਾਲ ਖਿਡਾਰੀ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਹੋਣਗੇ। ਉਨ੍ਹਾਂ ਕਿਹਾ ਕਿ ਛੇਤੀ ਹੀ ਪਵਨ ਕੁਮਾਰ ਨੂੰ ਗਰਿਪ ਐਂਡ ਗੇਨ ਫਿਟਨੈੱਸ ਸੈਂਟਰ ਵੱਲੋਂ ਸਨਮਾਨਿਤ ਵੀ ਕੀਤਾ ਜਾਵੇਗਾ।



ਝੋਨੇ ਦੀ ਖਰੀਦ ਦੌਰਾਨ ਕਿਸਾਨਾਂ ਨੂੰ ਕੋਈ ਸਮੱਸਿਆ ਪੇਸ਼ ਨਹੀਂ ਆਵੇਗੀ : ਡਾ. ਇਸ਼ਾਂਕ ਕੁਮਾਰ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਫੁਗਲਾਣਾ ਮੰਡੀ ਦਾ ਦੌਰਾ ਕਰਕੇ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ ਕਿਸਾਨ ਪੂਰਾ ਸੀਜ਼ਨ ਖੇਤਾਂ ਵਿੱਚ ਸਖ਼ਤ ਮਿਹਨਤ ਕਰਕੇ ਆਪਣੀ ਫ਼ਸਲ ਮੰਡੀਆਂ ਤੱਕ



ਪਹੁੰਚਾਉਂਦੇ ਹਨ। ਇਹ ਸਾਡੀ ਜ਼ਿੰਮੇਵਾਰੀ ਹੈ ਕਿ ਖਰੀਦ ਦੌਰਾਨ ਉਨ੍ਹਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਕਿਸਾਨਾਂ ਸਮੇਤ ਮੇਰੇ ਹਲਕੇ ਚੱਬੇਵਾਲ ਦੇ ਹਰ ਵਰਗ ਦੀਆਂ ਲੋੜਾਂ ਅਤੇ ਮੁਸ਼ਕਲਾਂ ਦਾ ਧਿਆਨ ਰੱਖਣਾ ਮੇਰੀ ਪਹਿਲੀ ਤਰਜੀਹ ਹੈ, ਇਹ ਗੱਲ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਫੁਗਲਾਣਾ ਮੰਡੀ ਦਾ ਦੌਰਾ ਕਰਕੇ ਝੋਨੇ ਦੀ ਖਰੀਦ ਲਈ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲੈਣ ਮੌਕੇ ਕਹੀ।ਇਸ ਦੌਰਾਨ ਡਾ. ਇਸ਼ਾਂਕ ਕੁਮਾਰ ਨੇ ਮੰਡੀ ਵਿੱਚ ਕਿਸਾਨਾਂ ਲਈ ਕੀਤੇ ਗਏ ਪ੍ਰਬੰਧਾਂ ਅਤੇ ਉਪਲਬਧ ਸਹੂਲਤਾਂ ਦਾ ਜਾਇਜ਼ਾ ਲਿਆ।

ਉਨ੍ਹਾਂ ਕਿਹਾ ਕਿ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਝੋਨੇ ਦੀ ਫ਼ਸਲ ਲੈ ਕੇ ਮੰਡੀ ਪਹੁੰਚਣ ਵਾਲੇ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਸਮੇਂ ਕਿਸੇ ਤਰ੍ਹਾਂ ਦੀ ਦੇਰੀ ਜਾਂ ਬੇਲੋੜੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਖਰੀਦ ਪ੍ਰਕਿਰਿਆ ਸੁਚਾਰੂ ਢੰਗ ਨਾਲ ਨੇਪਰੇ ਚੜ੍ਹੇ।ਉਨ੍ਹਾਂ ਕਿਹਾ ਕਿ ਪੂਰਾ ਸੀਜ਼ਨ ਮਿਹਨਤ ਕਰਨ ਤੋਂ ਬਾਅਦ ਜਦੋਂ ਕਿਸਾਨ ਆਪਣੀ ਫ਼ਸਲ ਮੰਡੀ ਵਿੱਚ ਲੈ ਕੇ ਆਉਂਦੇ ਹਨ ਤਾਂ ਉਨ੍ਹਾਂ ਨੂੰ ਉਚਿਤ ਸਹੂਲਤਾਂ ਅਤੇ ਸਮੇਂ ਸਿਰ ਸਹਿਯੋਗ ਮਿਲਣਾ ਚਾਹੀਦਾ ਹੈ।

ਇਸ ਲਈ ਸਬੰਧਤ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨਾ ਚਾਹੀਦਾ ਹੈ ਅਤੇ ਖਰੀਦ ਸੀਜ਼ਨ ਦੌਰਾਨ ਪੈਦਾ ਹੋਣ ਵਾਲੀਆਂ ਸਮੱਸਿਆਵਾਂ ਵੱਲ ਤੁਰੰਤ ਧਿਆਨ ਦੇਣਾ ਚਾਹੀਦਾ ਹੈ।ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਉਹ ਮੰਡੀਆਂ ਅਤੇ ਪਿੰਡਾਂ ਦਾ ਦੌਰਾ ਕਰਕੇ ਹਲਕਾ ਵਾਸੀਆਂ ਨਾਲ ਰਾਬਤਾ ਕਾਇਮ ਕਰਨ, ਉਨ੍ਹਾਂ ਤੋਂ ਫੀਡਬੈਕ ਲੈਣ ਦਾ ਸਿਲਸਿਲਾ ਜਾਰੀ ਰੱਖਣਗੇ, ਤਾਂ ਜੋ ਲੋਕਾਂ ਦੀਆਂ ਜਾਇਜ਼ ਮੁਸ਼ਕਲਾਂ ਦਾ ਹੱਲ ਯਕੀਨੀ ਬਣਾਇਆ ਜਾ ਸਕੇ।

ਏ ਐੱਸ ਆਈ ਗੁਰਲਾਲ ਸਿੰਘ ਤੇ ਵਿਲੀਅਮ ਮਸੀਹ ਦੀ ਸੇਵਾ ਮੁਕਤੀ ਮੌਕੇ ਸਟਾਫ ਨੇ ਦਿੱਤੀ ਵਿਦਾਇਗੀ ਪਾਰਟੀ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਪੁਲਸ ਥਾਣਾ ਡੇਰਾ ਬਾਬਾ ਨਾਨਕ ਵਿਖੇ ਤਾਇਨਾਤ ਏਐੱਸਆਈ ਗੁਰਲਾਲ ਸਿੰਘ ਅਤੇ ਏਐੱਸਆਈ ਵਿਲੀਅਮ ਮਸੀਹ ਦੀ ਸੇਵਾ ਮੁਕਤੀ ਮੌਕੇ ਪੁਲਸ ਥਾਣਾ ਡੇਰਾ ਬਾਬਾ ਨਾਨਕ ਵਿਖੇ ਸਮੂਹ ਸਟਾਫ਼ ਵੱਲੋਂ ਐੱਸ



ਐੱਚ ਓ ਅਸ਼ੋਕ ਕੁਮਾਰ ਸ਼ਰਮਾ ਦੀ ਅਗਵਾਈ ਵਿੱਚ ਉਨ੍ਹਾਂ ਨੂੰ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਗਈ ।

ਇਸ ਮੌਕੇ ਪੁਲਸ ਥਾਣੇ ਵਿਖੇ ਕਰਵਾਏ ਗਏ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਐੱਸ ਐੱਚ ਓ ਅਸ਼ੋਕ ਕੁਮਾਰ ਨੇ ਕਿਹਾ ਕਿ ਏ ਐੱਸ ਆਈ ਗੁਰਲਾਲ ਸਿੰਘ ਅਤੇ ਏ ਐੱਸ ਆਈ ਵਿਲੀਅਮ ਮਸੀਹ ਨੇ ਬਤੌਰ ਏਐੱਸਆਈ ਰਹਿੰਦੇ ਹੋਏ ਮਹਿਕਮੇ ਵਿੱਚ ਆਪਣੀਆਂ ਡਿਊਟੀਆਂ ਪੂਰੀ ਲਗਨ, ਮਿਹਨਤ ਅਤੇ ਇਮਾਨਦਾਰੀ ਨਾਲ ਨਿਭਾਇਆ ਹਨ।ਉਨ੍ਹਾਂ ਕਿਹਾ ਕਿ ਗੁਰਲਾਲ ਸਿੰਘ ਅਤੇ ਵਿਲੀਅਮ ਮਸੀਹ ਵੱਲੋਂ ਪੁਲਸ ਵਿਭਾਗ ਨੂੰ ਦਿੱਤੀਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।ਉਨ੍ਹਾਂ ਕਿਹਾ ਕਿ ਅੱਜ ਗੁਰਲਾਲ ਸਿੰਘ ਅਤੇ ਵਿਲੀਅਮ ਮਸੀਹ ਪੁਲਸ ਵਿਭਾਗ ਨੂੰ ਆਪਣੀਆਂ ਵਧੀਆ ਸੇਵਾਵਾਂ ਦੇਣ ਉਪਰੰਤ ਰਿਟਾਇਰ ਹੋ ਕੇ ਆਪਣੇ ਪਰਿਵਾਰਾਂ ਵਿੱਚ ਜਾ ਰਹੇ ਹਨ, ਜੋ ਬਹੁਤ ਹੀ ਮਾਣ ਵਾਲੀ ਗੱਲ ਹੈ।ਉਨ੍ਹਾਂ ਕਿਹਾ ਕਿ ਉਹ ਅੱਜ ਭਾਵੇਂ 58 ਸਾਲ ਦੀ ਸੇਵਾ ਕਰਨ ਤੋਂ ਬਾਅਦ ਰਿਟਾਇਰਡ ਹੋ ਗਏ ਹਨ,ਪਰ ਉਹ ਆਪਣੀਆਂ ਸੇਵਾਵਾਂ ਮਹਿਕਮੇ ਦੀ ਭਲਾਈ ਲਈ ਨਿਰੰਤਰ ਜਾਰੀ ਰੱਖਣਗੇ।

ਇਸ ਮੌਕੇ ਸਮੂਹ ਸਟਾਫ਼ ਵੱਲੋਂ ਗੁਰਲਾਲ ਸਿੰਘ ਅਤੇ ਵਿਲੀਅਮ ਮਸੀਹ ਨੂੰ ਚਾਹ ਪਾਰਟੀ ਦੇਣ ਉਪਰੰਤ ਉਨਾਂ ਦਾ ਹਾਰ ਪਾ ਕੇ ਸਵਾਗਤ ਕਰਦਿਆਂ ਯਾਦਗਾਰੀ ਚਿੰਨ ਤੇ ਤੋਹਫ਼ੇ ਭੇਟ ਕਰਕੇ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਐੱਸਐੱਚਓ ਅਸ਼ੋਕ ਕੁਮਾਰ ਸ਼ਰਮਾ, ਏ ਐੱਸ ਆਈ ਕਸ਼ਮੀਰ ਸਿੰਘ, ਮੁਨਸ਼ੀ ਰਣਜੋਧ ਸਿੰਘ, ਸਾਬਕਾ ਏਐੱਸਆਈ ਦੀਦਾਰ ਸਿੰਘ, ਏ ਐੱਸ ਆਈ ਬਲਬੀਰ ਸਿੰਘ, ਏਐੱਸਆਈ ਕਰਨੈਲ ਸਿੰਘ, ਏ ਐੱਸ ਆਈ ਸ਼ਰੀਫ਼ ਮਸੀਹ, ਹੈੱਡ ਕਾਂਸਟੇਬਲ ਸੁਖਜਿੰਦਰ ਸਿੰਘ , ਏਐੱਸਆਈ ਕਸ਼ਮੀਰਾ ਸਿੰਘ, ਥਾਣੇਦਾਰ ਮਲਕੀਤ ਸਿੰਘ, ਥਾਣੇਦਾਰ ਕਾਬਲ ਸਿੰਘ, ਹੌਲਦਾਰ ਕੰਵਲਜੀਤ ਸਿੰਘ, ਥਾਣੇਦਾਰ ਸਤਨਾਮ ਸਿੰਘ ਆਦਿ ਹਾਜ਼ਰ ਸਨ ।

ਬਾਬੂ ਮੰਗੂ ਰਾਮ ਮੁੱਗੋਵਾਲ ਦੇ ਸੰਘਰਸ਼ ਨੂੰ ਜ਼ਿੰਦਾ ਰੱਖਣ ਲਈ ਲੋਕ ਲਹਿਰ ਉਸਾਰਨ ਦੀ ਲੋੜ : ਸੰਤ ਸੁਰਿੰਦਰ ਦਾਸ

ਪੋਜੇਵਾਲ (ਰਾਮ ਲਾਲ)- ਆਦਿ ਧਰਮ ਦੇ ਬਾਨੀ ਅਤੇ ਮਹਾਨ ਸਮਾਜ ਸੁਧਾਰਕ ਬਾਬੂ ਮੰਗੂ ਰਾਮ ਮੁੱਗੋਵਾਲੀਆ ਵੱਲੋਂ ਦੱਬੇ-ਕੁਚਲੇ ਅਤੇ ਸਮਾਜਿਕ ਤੌਰ 'ਤੇ ਪਛੜੇ ਵਰਗਾਂ ਦੇ ਹੱਕਾਂ ਲਈ ਕੀਤੇ ਗਏ ਇਤਿਹਾਸਕ ਸੰਘਰਸ਼ ਨੂੰ ਜ਼ਿੰਦਾ ਰੱਖਣ ਵਾਸਤੇ ਇੱਕ ਮਜ਼ਬੂਤ ਲੋਕ ਲਹਿਰ ਉਸਾਰਨ ਦੀ ਅੱਜ ਸਮੇਂ ਦੀ ਮੁੱਖ ਲੋੜ ਹੈ । ਇਹ ਵਿਚਾਰ ਪ੍ਰਧਾਨ ਸੰਤ ਸੁਰਿੰਦਰ ਦਾਸ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਚਰਨਛੋਹ ਪ੍ਰਾਪਤ ਧਰਤੀ ਚਰਨਛੋਹ ਗੰਗਾ ਅੰਮ੍ਰਿਤਕੁੰਡ ਸੱਚਖੰਡ ਸ੍ਰੀ ਖ਼ੁਰਾਲਗੜ੍ਹ ਸਾਹਿਬ ਵਿਖੇ ਪ੍ਰਗਟ ਕਰਦਿਆਂ ਕਿਹਾ ਕਿ ਬਾਬੂ ਜੀ ਦਾ ਇਤਿਹਾਸ ਸਿਰਫ਼ ਯਾਦ ਕਰਨ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ, ਸਗੋਂ ਉਨ੍ਹਾਂ ਦੇ ਵਿਚਾਰਾਂ ਅਤੇ ਸੰਘਰਸ਼ ਨੂੰ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣਾ ਚਾਹੀਦਾ ਹੈ।



ਸਾਬਕਾ ਜ਼ਿਲ੍ਹਾ ਸਿੱਖਿਆ ਅਫ਼ਸਰ ਤੇ ਕਮੇਟੀ ਤੇ ਚੇਅਰਮੈਨ ਸ੍ਰੀ ਨਾਜਰ ਰਾਮ ਮਾਨ ਨੇ ਕਿਹਾ ਕਿ ਬਾਬੂ ਮੰਗੂ ਰਾਮ ਮੁੱਗੋਵਾਲੀਆ ਨੇ ਸਿੱਖਿਆ, ਸਮਾਜਿਕ ਬਰਾਬਰੀ ਤੇ ਰਾਜਨੀਤਿਕ ਹੱਕਾਂ ਲਈ ਲਗਾਤਾਰ ਸੰਘਰਸ਼ ਕੀਤਾ। ਉਨ੍ਹਾਂ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਬਾਬੂ ਜੀ ਦੇ ਇਤਿਹਾਸ, ਵਿਚਾਰਧਾਰਾ ਅਤੇ ਸੰਘਰਸ਼ ਤੋਂ ਜਾਣੂ ਕਰਵਾਉਣਾ ਬਹੁਤ ਜ਼ਰੂਰੀ ਹੈ । ਇਸ ਲਈ ਪਿੰਡਾਂ ਅਤੇ ਸ਼ਹਿਰਾਂ ਵਿੱਚ ਜਾਗਰੂਕਤਾ ਸਮਾਗਮ, ਵਿਚਾਰ ਗੋਸ਼ਟੀਆਂ, ਇਤਿਹਾਸਕ ਸਾਹਿਤ ਦਾ ਪ੍ਰਚਾਰ ਅਤੇ ਸਮਾਜਿਕ ਇਕੱਠ ਕਰਵਾਏ ਜਾਣੇ ਚਾਹੀਦੇ ਹਨ ।

ਇਸ ਮੌਕੇ ਤੇ ਉਨ੍ਹਾਂ ਨਾਲ ਸੇਵਾਦਲ ਸਵਾਗਤੀ ਕਮੇਟੀ ਦੇ ਮੁਖੀ ਜਗਦੀਸ਼ ਕੁਮਾਰ, ਪ੍ਰੈੱਸ ਸਕੱਤਰ ਗੁਰਬਖਸ਼ ਸਿੰਘ ਮਹੇ, ਪੰਜਾਬ ਪ੍ਰਧਾਨ ਸੁਖਚੈਨ ਸਿੰਘ ਕਾਲਾ, ਸੰਤ ਗਿਰਧਾਰੀ ਲਾਲ ਮੁੱਖ ਗਰੰਥੀ, ਮਨਜੀਤ ਮੁੱਗੋਵਾਲ ਕੈਸ਼ੀਅਰ, ਸੰਤ ਕਰਮ ਚੰਦ ਕੈਸ਼ੀਅਰ, ਬਾਬਾ ਦਿਆਲ ਚੰਦ ਬੰਗਾ, ਹਰਬੰਸ ਸਿੰਘ, ਸੰਤ ਨਿਰੰਜਣ ਸਿੰਘ, ਡਾਕਟਰ ਬਹਾਦਰ ਸਿੰਘ , ਅਮਰੀਕ ਘੁਲਾਲ, ਮਾਸਟਰ ਰਾਜ ਕੁਮਾਰ, ਸੋਮ ਨਾਥ ਰੰਗੜ, ਅਸ਼ਵਨੀ ਕੁਮਾਰ ਅਹਾਤਾ ਸ਼ੇਰਜੰਗ ਲੁਧਿਆਣਾ, ਤਾਰਾ ਚੰਦ, ਜਰਨੈਲ ਸਿੰਘ ਕੁੱਲੇਵਾਲ, ਹਰਭਜਨ ਬਸੀ, ਮਹਿੰਦਰ ਸਿੰਘ ਬਸੀ, ਰਾਮ ਸਿੰਘ ਖੁਰਾਲੀ, ਗੁਰਲਾਲ ਸੈਲਾ, ਦਲਵੀਰ ਰਾਜੂ, ਸੁਰਜੀਤ ਖਾਨਪੁਰੀ, ਹੈਪੀ ਭੱਟੀ, ਟਿੰਕੂ ਅੜੋਣ, ਮਹੇਸ਼ ਸੂਦ, ਪੀ ਐਲ ਸੂਦ, ਡਾਕਟਰ ਸਤਪਾਲ, ਮਾਸਟਰ ਰਾਮ ਦਾਸ ਸਮੇਤ ਹੋਰ ਬਹੁਤ ਸਾਰੇ ਆਗੂ ਹਾਜ਼ਰ ਸਨ।

ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਡਰੋਨ ਸ਼ੋਅ ਕਰਵਾਇਆ

ਜਲੰਧਰ (ਸੁਰਿੰਦਰ ਕੁਮਾਰ)- ਪਿੰਡ ਧੀਨਾਂ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਕਰਵਾਏ ਜਾ ਰਹੇ ਵਿਸ਼ੇਸ਼ ਸਮਾਗਮਾਂ ਦੀ ਲੜੀ ਤਹਿਤ ਇਥੋਂ ਨੇੜਲੇ ਪਿੰਡ ਧੀਨਾ ਵਿਖੇ ਸ਼ਾਨਦਾਰ ਡ੍ਰੋਨ ਸ਼ੋਅ ਕਰਵਾਇਆ ਗਿਆ।ਇਸ ਮੌਕੇ ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਅਤੇ ਹਲਕਾ ਇੰਚਾਰਜ ਜਲੰਧਰ ਕੈਂਟ ਦੀਪਕ ਬਾਲੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਚੇਅਰਮੈਨ ਪੰਜਾਬ ਐਗਰੀ ਐਕਸਪੋਰਟ ਕਾਰਪੋਰੇਸ਼ਨ ਮੰਗਲ ਸਿੰਘ ਬੱਸੀ ਵੀ ਇਸ ਮੌਕੇ ਸ਼ਾਮਿਲ ਹੋਏ। ਪਿੰਡ ਦੇ ਫੁੱਟਬਾਲ ਗਰਾਊਂਡ ਵਿਖੇ ਕਰਵਾਏ ਗਏ ਡ੍ਰੋਨ ਸ਼ੋਅ ਦੌਰਾਨ ਰਾਤ ਸਮੇਂ ਆਸਮਾਨ ਵਿੱਚ 500 ਡ੍ਰੋਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਫਲਸਫੇ, ਬੇਗਮਪੁਰਾ ਦੇ ਸੰਕਲਪ, ਬਰਾਬਰੀ, ਦਇਆ, ਸਮਾਜਿਕ ਨਿਆਂ ਬਾਰੇ ਸਦੀਵੀ ਸੰਦੇਸ਼ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ। ਡ੍ਰੋਨ ਸ਼ੋਅ ਦੌਰਾਨ ਵੱਡੀ ਗਿਣਤੀ ਵਿੱਚ ਹਾਜ਼ਰ ਸੰਗਤ ਨੂੰ ਆਧੁਨਿਕ ਤਕਨੀਕ, ਅਧਿਆਤਮਿਕਤਾ ਅਤੇ ਬਿਰਤਾਂਤ ਵਰਣਨ ਦਾ ਸ਼ਾਨਦਾਰ ਸੁਮੇਲ ਦੇਖਣ ਨੂੰ ਮਿਲਿਆ। ਇਸ ਮੌਕੇ ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਸਮੁੱਚੀ ਮਨੁੱਖਤਾ ਨੂੰ ਬਰਾਬਰੀ, ਭਾਈਚਾਰੇ, ਮਿਹਨਤ, ਸੱਚੇ ਆਚਰਣ ਅਤੇ ਸਾਂਝੀਵਾਲਤਾ ਦਾ ਸੰਦੇਸ਼ ਦਿੱਤਾ ਹੈ।



ਡ੍ਰੋਨ ਸ਼ੋਅ ਕਰਵਾਉਣ ਲਈ ਪੰਜਾਬ ਸਰਕਾਰ ਦਾ ਧੰਨਵਾਦ ਪ੍ਰਗਟ ਕਰਦਿਆਂ ਸ਼੍ਰੀ ਬਾਲੀ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਵੱਡੇ ਪੱਧਰ 'ਤੇ ਮਨਾਉਣ ਅਤੇ ਉਨ੍ਹਾਂ ਦੀਆਂ ਮਹਾਨ ਸਿੱਖਿਆਵਾਂ ਤੇ ਵਿਚਾਰਧਾਰਾ ਦੇ ਪ੍ਰਚਾਰ-ਪਸਾਰ ਲਈ ਸੂਬੇ ਭਰ ਵਿੱਚ ਸੈਮੀਨਾਰ, ਕੀਰਤਨ ਦਰਬਾਰ, ਦਸਤਾਵੇਜ਼ੀ ਫਿਲਮਾਂ ਦਾ ਪ੍ਰਦਰਸ਼ਨ, ਮੈਰਾਥਨ ਸਮੇਤ ਹੋਰ ਪ੍ਰੋਗਰਾਮ ਵੀ ਕੀਤੇ ਜਾ ਰਹੇ ਹਨ। ਇਸ ਤੋਂ ਪਹਿਲਾਂ ਪ੍ਰਸਿੱਧ ਗਾਇਕ ਕੰਠ ਕਲੇਰ ਵੱਲੋਂ ਧਾਰਮਿਕ ਪੇਸ਼ਕਾਰੀਆਂ ਨਾਲ ਸੰਗਤਾਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਤੇ ਫਲਸਫ਼ੇ ਨਾਲ ਜੋੜਿਆ ਗਿਆ। ਇਸ ਮੌਕੇ ਵੱਡੀ ਗਿਣਤੀ ਸੰਗਤ ਤੋਂ ਇਲਾਵਾ ਜੁਆਇੰਟ ਸਕੱਤਰ ਸਟੇਟ ਪੰਜਾਬ 'ਆਪ' ਜੋਰਜ ਸਾਗਰ, ਹਲਕਾ ਕੁਆਰਡੀਨੇਟਰ ਜਲੰਧਰ ਕੈਂਟ ਬਚਿੱਤਰ ਕੁਲਾਰ, ਕੌਂਸਲਰ ਵਾਰਡ ਨੰ.15 ਰਾਜੇਸ਼ ਭੱਟੀ, ਕੌਂਸਲਰ ਵਾਰਡ ਨੰ. 14 ਮੌਂਟੂ ਸੱਭਰਵਾਲ, ਕੌਂਸਲਰ ਵਾਰਡ ਨੰ. 13 ਸੁਰਿੰਦਰ ਸਾਂਪਲਾ, ਸਰਪੰਚ ਬੰਬੀਆਵਾਲ ਮੁਖਤਿਆਰ ਸਿੰਘ, ਸਰਪੰਚ ਭੋਡੇ ਸਭਰਾਵਾਂ ਸਤਨਾਮ ਸਿੰਘ, ਸਰਪੰਚ ਜਮਸ਼ੇਰ ਗੁਰਿੰਦਰ ਸਿੰਘ, ਸਰਪੰਚ ਸਰਹਾਲੀ ਹਰਮੇਸ਼ ਲਾਲ, ਸਰਪੰਚ ਲਖਨਪਾਲ ਕਸ਼ਮੀਰ ਚੰਦ, ਸਰਪੰਚ ਚੌਲਾਂਗ ਬੂਟਾ ਸਿੰਘ, ਸਰਪੰਚ ਧਨਾਲ ਨਰਿੰਦਰ, ਸਰਪੰਚ ਕਾਸਮਪੁਰ ਬਲਦੇਵ ਕੁਮਾਰ, ਚੇਅਰਮੈਨ ਬਲਾਕ ਸਮਿਤੀ ਜੰਡਿਆਲਾ ਮੱਖਣ ਪੱਲਣ, ਪਿੰਡ ਚੰਨਣਪੁਰ ਤੇ ਨਾਨਕਪਿੰਡੀ ਦੇ ਸਰਪੰਚ ਵੀ ਮੌਜੂਦ ਸਨ।

ਰੰਗੋਲੀ ਮੁਕਾਬਲੇ ਕਰਵਾਏ

ਗੁਰਾਇਆ (ਬਿੰਦਰ ਸੁੰਮਨ)- ਸ੍ਰੀ ਹਨੂਮਤ ਇੰਟਰਨੈਸ਼ਨਲ ਪਬਲਿਕ ਸਕੂਲ ਗੋਰਾਇਆ ਵਿਖੇ ਸਹੋਦਯਾ ਇੰਟਰ-ਸਕੂਲ ਕਲਰ ਮੋਜ਼ੇਕ ਰੰਗੋਲੀ ਮੁਕਾਬਲੇ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਅੰਦਰ ਰਚਨਾਤਮਕਤਾ, ਕਲਾਤਮਕ ਪ੍ਰਤਿਭਾ, ਮੌਲਿਕ ਸੋਚ ਅਤੇ ਭਾਰਤੀ ਕਲਾ ਤੇ ਸੱਭਿਆਚਾਰਕ ਵਿਰਾਸਤ ਪ੍ਰਤੀ ਰੁਚੀ ਨੂੰ ਉਤਸ਼ਾਹਿਤ ਕਰਨਾ ਸੀ। ਇਸ ਮੌਕੇ ਵੱਖ-ਵੱਖ ਸਕੂਲਾਂ ਤੋਂ ਆਏ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣੀ ਕਲਪਨਾਸ਼ੀਲਤਾ ਅਤੇ ਕਲਾਤਮਕ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਰੰਗਾਂ, ਆਕਾਰਾਂ ਅਤੇ ਵੱਖ-ਵੱਖ ਸਮੱਗਰੀਆਂ ਦੇ ਸੁੰਦਰ ਸੁਮੇਲ ਨਾਲ ਵਿਦਿਆਰਥੀਆਂ ਨੇ ਬੇਹੱਦ ਆਕਰਸ਼ਕ ਅਤੇ ਮਨਮੋਹਕ ਮੋਜ਼ੇਕ ਰੰਗੋਲੀਆਂ ਤਿਆਰ ਕੀਤੀਆਂ।



ਇਸ ਮੌਕੇ ਮੁਕਾਬਲੇ ਦੇ ਨਿਰਣਾਇਕਾਂ ਵਜੋਂ ਜੀ ਐਨ ਏ ਯੂਨੀਵਰਸਿਟੀ, ਫਗਵਾੜਾ ਦੇ ਅਸਿਸਟੈਂਟ ਪ੍ਰੋਫੈਸਰ ਅਤੇ ਪ੍ਰਸਿੱਧ ਡਿਜ਼ਾਈਨ ਮਾਹਿਰ ਵਿਜੇਸ਼ਵਰ ਸਿੰਘ ਗਾਂਧੀ ਅਤੇ ਕਮਲਾ ਨਹਿਰੂ ਕਾਲਜ ਫਾਰ ਵੂਮੈਨ, ਫਗਵਾੜਾ ਦੇ ਫਾਈਨ ਆਰਟਸ ਵਿਭਾਗ ਦੀ ਮੁਖੀ ਅਤੇ ਪ੍ਰਸਿੱਧ ਕਲਾਕਾਰ ਡਾ. ਸੁਧਾਮਣੀ ਸੂਦ ਹਾਜ਼ਰ ਰਹੇ। ਦੋਵਾਂ ਨਿਰਣਾਇਕਾਂ ਨੇ ਵਿਦਿਆਰਥੀਆਂ ਦੀ ਰਚਨਾਤਮਕਤਾ, ਡਿਜ਼ਾਈਨ, ਰੰਗਾਂ ਦੇ ਸੁਮੇਲ, ਸਮਰੂਪਤਾ ਅਤੇ ਪੇਸ਼ਕਾਰੀ ਦੇ ਆਧਾਰ 'ਤੇ ਮੁਲਾਂਕਣ ਕੀਤਾ।ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਲਾਲਾ ਜਗਤ ਨਾਰਾਇਣ ਡੀ ਏ ਵੀ ਸਕੂਲ ਜਲੰਧਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਸੰਤ ਰਘਬੀਰ ਸਿੰਘ ਏਮਜ਼ ਪਬਲਿਕ ਸਕੂਲ, ਜਲੰਧਰ ਨੇ ਦੂਜਾ ਸਥਾਨ ਹਾਸਲ ਕੀਤਾ, ਜਦਕਿ ਡੀ ਆਰ ਵੀ ਡੀ ਏ ਵੀ ਸੈਂਟੇਨਰੀ ਪਬਲਿਕ ਸਕੂਲ, ਫਿਲੌਰ ਤੀਜੇ ਸਥਾਨ 'ਤੇ ਰਿਹਾ। ਇਸ ਤੋਂ ਇਲਾਵਾ ਤਿੰਨ ਸਕੂਲਾਂ ਨੂੰ ਹੌਸਲਾ-ਅਫ਼ਜ਼ਾਈ ਇਨਾਮਾਂ ਨਾਲ ਸਨਮਾਨਤ ਕੀਤਾ ਗਿਆ, ਜਿਨ੍ਹਾਂ ਵਿੱਚ ਸ਼ਿਵ ਜੋਤੀ ਪਬਲਿਕ ਸਕੂਲ, ਜਲੰਧਰ, ਸਵਾਮੀ ਸੰਤ ਦਾਸ ਪਬਲਿਕ ਸਕੂਲ, ਫਗਵਾੜਾ ਅਤੇ ਵੁੱਡਲੈਂਡ ਓਵਰਸੀਜ਼ ਸਕੂਲ ਸ਼ਾਮਲ ਸਨ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਆਰਤੀ ਸੋਬਤੀ ਨੇ ਦੋਵਾਂ ਨਿਰਣਾਇਕਾਂ ਦਾ ਧੰਨਵਾਦ ਕੀਤਾ ਅਤੇ ਸਾਰੇ ਭਾਗੀਦਾਰਾਂ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ।

ਡਾ. ਗੁਰਚਰਨ ਗਾਂਧੀ ਦੀ ਮੌਤ ਤੇ ਦੁੱਖ ਦਾ ਪ੍ਰਗਟਾਵਾ

ਜਲੰਧਰ (ਨ ਜ਼ ਸ)- ਪੰਜਾਬ ਇਸਤਰੀ ਸਭਾ ਦੇ ਆਗੂ ਦੇ ਜਨਰਲ ਸਕੱਤਰ ਨਰਿੰਦਰ ਸੋਹਲ, ਪ੍ਰਧਾਨ ਰਜਿੰਦਰ ਪਾਲ ਕੌਰ ,ਚੇਅਰਪਰਸਨ ਕੁਸ਼ਲ ਭੌਰਾ ਅਤੇ ਸਰਪਰਸਤ ਨਰਿੰਦਰ ਪਾਲ ਨੇ ਕਾਮਰੇਡ ਗਾਂਧੀ ਦੇ ਵਿਛੋੜੇ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਕਾਮਰੇਡ ਗੁਰਚਰਨ ਗਾਂਧੀ ਇੱਕ ਸਮਰਪਿਤ ਕਮਿਊਨਿਸਟ ਆਗੂ, ਸਾਹਿਤਕਾਰ ਅਤੇ ਸੁਹਿਰਦ ਸਮਾਜ ਸੇਵਕ ਸਨ। ਓਹ ਖੇਤ ਮਜ਼ਦੂਰ ਸਭਾ ਦੇ ਸੂਬਾਈ ਆਗੂਆਂ ਵਿੱਚ ਆਉਂਦੇ ਸਨ ਅਤੇ ਖੇਤ ਮਜ਼ਦੂਰ ਸਭਾ ਦੀ ਨੈਸ਼ਨਲ ਕੌਂਸਲ ਦੇ ਮੈਂਬਰ ਵੀ ਰਹੇ। ਸੀ ਪੀ ਆਈ ਦੇ ਸਟੇਟ ਕੌਂਸਲ ਮੈਂਬਰ ਵੀ ਰਹੇ ਅਤੇ ਹੁਣ ਉਹ ਜ਼ਿਲ੍ਹਾ ਗੁਰਦਾਸਪੁਰ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਵਿੱਚ ਸਰਗਰਮ ਰਹਿੰਦੇ ਸਨ। ਇਸ ਤੋਂ ਇਲਾਵਾ ਉਹ ਬਹੁਤ ਵਧੀਆ ਸਾਹਿਤਕਾਰ ਵੀ ਸਨ। ਉਹਨਾਂ ਨੇ ਮਰਹੂਮ ਪਾਰਲੀਮੈਂਟ ਮੈਂਬਰ ਭਾਨ ਸਿੰਘ ਭੌਰਾ ਨਾਲ ਮਿਲ ਕੇ 'ਖੇਤ ਮਜ਼ਦੂਰ ਏਕਤਾ' ਨਾਮਕ ਪਰਚਾ ਕੱਢਣਾ ਸ਼ੁਰੂ ਕੀਤਾ ,ਜਿਸ ਦੇ ਉਹ ਸਹਿ ਸੰਪਾਦਕ ਸਨ ਪਰੰਤੂ ਇਹ ਪਰਚਾ ਲੰਮਾ ਸਮਾਂ ਨਾ ਚੱਲ ਸਕਿਆ । ਕਾਮਰੇਡ ਭਾਨ ਸਿੰਘ ਭੌਰਾ ਦੀ ਮੌਤ ਤੋਂ ਬਾਅਦ ਉਹਨਾਂ ਭੈਣ ਕੁਸ਼ਲ ਭੌਰਾ ਨਾਲ ਮਿਲ ਗਾਂਧੀ ਨੇ 'ਸੂਹੀ ਸਵੇਰ' ਨਾਮੀ ਤਰੈ ਮਾਸਕ ਮੈਗਜੀਨ ਕੱਢਣਾ ਸ਼ੁਰੂ ਕੀਤਾ ਜਿਸ ਵਿੱਚ ਉੱਚ ਕੋਟੀ ਦੇ ਕਵੀਆਂ ਅਤੇ ਸਾਹਿਤਕਾਰਾਂ ਦੀਆਂ ਰਚਨਾਵਾਂ ਹੁੰਦੀਆਂ ਸਨ ।ਗਾਂਧੀ ਆਪ ਵੀ ਕਵਿਤਾਵਾਂ ਲਿਖਦੇ ਅਤੇ ਪ੍ਰੋਗਰਾਮਾਂ ਵਿੱਚ ਪੇਸ਼ ਕਰਦੇ ਸਨ ,ਜਿਸ ਕਰਕੇ ਉਹਨਾਂ ਨੂੰ ਬਹੁਤ ਸਾਰੇ ਮਾਨ ਸਨਮਾਨ ਵੀ ਹਾਸਲ ਹੋਏ । ਪੰਜਾਬ ਇਸਤਰੀ ਸਭਾ ਨਾਲ ਗਾਂਧੀ ਦਾ ਨੇੜਲਾ ਰਿਸ਼ਤਾ ਸੀ। ਉਹ ਇਸ ਜਥੇਬੰਦੀ ਦੇ ਪ੍ਰੋਗਰਾਮਾਂ ਨੂੰ ਸਫਲ ਬਣਾਉਣ ਵਿੱਚ ਬਹੁਤ ਮਦਦ ਕਰਦੇ ਸਨ ।ਇਸ ਕਰਕੇ ਪੰਜਾਬ ਇਸਤਰੀ ਸਭਾ ਨੂੰ ਬਹੁਤ ਵੱਡਾ ਘਾਟਾ ਪਿਆ ਹੈ। ਇਹੋ ਜਿਹੀ ਸ਼ਖ਼ਸੀਅਤ ਦਾ ਤੁਰ ਜਾਣਾ ਪਾਰਟੀ ਵਾਸਤੇ ਸਾਹਿਤ ਜਗਤ ਵਾਸਤੇ ਅਤੇ ਪੰਜਾਬ ਇਸਤਰੀ ਸਭਾ ਵਾਸਤੇ ਨਾ ਪੂਰਨ ਯੋਗ ਘਾਟਾ ਹੈ। ਪੰਜਾਬ ਇਸਤਰੀ ਸਭਾ ਗਾਂਧੀ ਨੂੰ ਇਨਕਲਾਬੀ ਸਲਾਮ ਕਰਦੇ ਹੋਏ ਸ਼ਰਧਾਂਜਲੀ ਭੇਟ ਕਰਦੀ ਹੈ।



ਸੰਤ ਬਾਬਾ ਭਾਗ ਸਿੰਘ 'ਵਰਸਿਟੀ 'ਚ 'ਯੁਵਕ ਮੇਲਾ 2026' ਦਾ ਪਹਿਲਾ ਦਿਨ ਸਫਲਤਾਪੂਰਵਕ ਸੰਪੰਨ

ਆਦਮਪੁਰ (ਪਰਮਜੀਤ ਸਿੰਘ)- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਖਿਆਲਾ (ਜਲੰਧਰ) ਵਿਖੇ 'ਸਾਡਾ ਵਿਰਸਾ ਸਾਡੀ ਪਛਾਣ' ਵਿਸ਼ੇ ਅਧੀਨ ਦੋ ਦਿਨਾਂ 'ਯੁਵਕ ਮੇਲਾ 2026' ਦਾ ਪਹਿਲਾ ਦਿਨ ਪੂਰੇ ਉਤਸ਼ਾਹ, ਧੂਮਧਾਮ ਨਾਲ ਸਫਲਤਾਪੂਰਵਕ ਸੰਪੰਨ ਹੋਇਆ। ਸਮਾਗਮ ਦੇ ਪਹਿਲੇ ਦਿਨ ਆਈ ਏ ਐਸ ਅਧਿਕਾਰੀ ਗੁਰਕੰਵਲ ਸਿੰਘ ਅਤੇ ਚੰਡੀਗੜ੍ਹ ਸੰਗੀਤ ਨਾਟਕ ਅਕਾਦਮੀ ਦੀ ਚੇਅਰਪਰਸਨ ਸੁਖਮਿੰਦਰ ਕੌਰ (ਸੁਖੀ ਬਰਾੜ) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ ਵੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।



ਸਮਾਗਮ ਦੌਰਾਨ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਡਾ. ਪਲਵਿੰਦਰ ਸਿੰਘ ਨੇ ਆਏ ਹੋਏ ਮਹਿਮਾਨਾਂ,ਪ੍ਰੋਫੈਸਰ ਸਾਹਿਬਾਨਾਂ ਅਤੇ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਅਜਿਹੇ ਯੁਵਕ ਮੇਲੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਇੱਕ ਮਹੱਤਵਪੂਰਨ ਮੰਚ ਪ੍ਰਦਾਨ ਕਰਦੇ ਹਨ। ਉਨ੍ਹਾਂ ਕਿਹਾ ਕਿ ਇਹ ਸਮਾਗਮ ਨਾ ਕੇਵਲ ਵਿਦਿਆਰਥੀਆਂ ਦੀ ਛੁਪੀ ਹੋਈ ਪ੍ਰਤਿਭਾ ਨੂੰ ਉਭਾਰਨ ਦਾ ਮੌਕਾ ਦਿੰਦੇ ਹਨ, ਸਗੋਂ ਉਨ੍ਹਾਂ ਨੂੰ ਆਪਣੇ ਅਮੀਰ ਪੰਜਾਬੀ ਵਿਰਸੇ, ਸੱਭਿਆਚਾਰ ਅਤੇ ਨੈਤਿਕ ਕਦਰਾਂ-ਕੀਮਤਾਂ ਨਾਲ ਵੀ ਜੋੜਦੇ ਹਨ। ਪ੍ਰੋਗਰਾਮ ਦੀ ਸ਼ੁਰੂਆਤ ਮੁੱਖ ਸਟੇਜ 'ਤੇ ਧਾਰਮਿਕ ਸ਼ਬਦ ਗਾਇਨ ਨਾਲ ਹੋਈ, ਜਿਸ ਤੋਂ ਬਾਅਦ ਵਿਦਿਆਰਥੀਆਂ ਨੇ ਗੀਤ, ਗ਼ਜ਼ਲ, ਲੁੱਡੀ, ਸਮੂਹ ਗਾਨ, ਕਾਵਿਸ਼ਰੀ, ਲੋਕ ਗੀਤ ਅਤੇ ਜਨਰਲ ਡਾਂਸ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਪ੍ਰਸਤੁਤ ਕੀਤੀਆਂ। ਇਸ ਦੇ ਨਾਲ ਹੀ ਸੈਮੀਨਾਰ ਹਾਲ ਵਿੱਚ ਵਿਦਿਆਰਥੀਆਂ ਦੇ ਬੌਧਿਕ ਵਿਕਾਸ ਲਈ ਬਹਿਸ ਅਤੇ ਭਾਸ਼ਣ ਵਰਗੇ ਗੰਭੀਰ ਵਿਸ਼ਿਆਂ 'ਤੇ ਮੁਕਾਬਲੇ ਕਰਵਾਏ ਗਏ।

ਓਪਨ ਏਰੀਆ ਵਿੱਚ ਵਿਦਿਆਰਥੀਆਂ ਦੀ ਕਲਾਤਮਕ ਸੂਝ-ਬੂਝ ਨੂੰ ਪਰਖਣ ਲਈ ਓਨ ਦੀ ਸਪੋਟ ਪੇਂਟਿੰਗ, ਫੋਟੋਗ੍ਰਾਫੀ, ਰੰਗੋਲੀ, ਕਾਲਾਜ ਮੇਕਿੰਗ, ਕਾਰਟੂਨਿੰਗ, ਪੋਸਟਰ ਮੇਕਿੰਗ ਅਤੇ ਸਟਿਲ ਲਾਈਫ ਵਰਗੀਆਂ ਵੱਖ-ਵੱਖ ਪ੍ਰਤੀਯੋਗਤਾਵਾਂ ਆਯੋਜਿਤ ਕੀਤੀਆਂ ਗਈਆਂ। ਇਸ ਤੋਂ ਇਲਾਵਾ ਕਾਨਫਰੰਸ ਹਾਲ ਵਿੱਚ ਸਿਰਜਣਾਤਮਕ ਲੇਖਣ ਅਤੇ ਸੁੰਦਰ ਹੱਥ-ਲਿਖਤ ਮੁਕਾਬਲਿਆਂ ਵਿੱਚ ਵੀ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ।

ਮੁੱਖ ਮਹਿਮਾਨ ਅਤੇ ਆਏ ਹੋਏ ਪਤਵੰਤੇ ਸੱਜਣਾਂ ਨੇ ਵਿਦਿਆਰਥੀਆਂ ਦੀ ਸ਼ਾਨਦਾਰ ਕਲਾ ਅਤੇ ਉਤਸ਼ਾਹ ਦੀ ਭਰਪੂਰ ਪ੍ਰਸ਼ੰਸਾ ਕੀਤੀ।ਇਸ ਮੌਕੇ ਸੰਤ ਸਰਵਣ ਸਿੰਘ, ਬਾਬਾ ਜਨਕ ਸਿੰਘ ਯੂਨੀਵਰਸਿਟੀ ਦੇ ਚਾਂਸਲਰ ਸੰਤ ਮਨਮੋਹਨ ਸਿੰਘ, ਵਾਈਸ ਚਾਂਸਲਰ, ਓ ਐਸ ਡੀ ਅਰਬਿੰਦ ਸਿੰਘ ਧੂਤ, ਰਜਿਸਟਰਾਰ, ਡੀਨ ਅਕਾਦਮਿਕ, ਡਿਪਟੀ ਡਾਇਰੈਕਟਰ ਡਾ. ਸ਼ਾਇਨਾ ਪਰਮਾਰ ਮੁੱਖ ਪ੍ਰਬੰਧਕ ਯੂਥ ਫੈਸਟੀਵਲ, ਵੱਖ-ਵੱਖ ਵਿਭਾਗਾਂ ਦੇ ਡੀਨ, ਪ੍ਰਿੰਸੀਪਲ, ਸੋਸਾਇਟੀ ਮੈਂਬਰ, ਸਮੂਹ ਸਟਾਫ਼ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਮੌਜੂਦ ਸਨ। ਡਾ.ਅਨੀਤਾ ਰਾਣੀ ਡਾ. ਹਰਦੇਵ ਕੌਰ ਅਤੇ ਓਮ ਪ੍ਰਕਾਸ਼ ਨੇ ਮੰਚ ਸੰਚਾਲਨ ਦੀ ਭੂਮਿਕਾ ਬਾਖੂਬੀ ਨਿਭਾਈ।

ਭਗਵਾਨ ਵਾਲਮੀਕਿ ਦੇ ਜਨਮ ਦਿਹਾੜੇ ਨੂੰ ਸਮਰਪਤ ਸਮਾਗਮ

ਜਲੰਧਰ (ਲਖਵਿੰਦਰ ਸਿੰਘ ਆਧੀ)- ਪਿੰਡ ਉੱਗੀ ਤਹਿਸੀਲ ਨਕੋਦਰ ਜਿਲਾ ਜਲੰਧਰ ਵਿਖੇ ਭਗਵਾਨ ਵਾਲਮੀਕਿ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਨੌਜਵਾਨ ਵਾਲਮੀਕਿ ਪ੍ਰਬੰਧਕ ਕਮੇਟੀ ਵੱਲੋਂ ਪ੍ਰਚੀਨ ਭਗਵਾਨ ਵਾਲਮੀਕਿ ਮੰਦਿਰ ਧਰਮਸ਼ਾਲਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਪਹਿਲਾ ਧਾਰਮਿਕ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਭਗਵਾਨ ਵਾਲਮੀਕ ਯੋਗ ਆਸ਼ਰਮ ਰਹੀਮਪੁਰ ਉੱਗੀ ਤੇ ਭਗਵਾਨ ਵਾਲਮੀਕ ਰਾਮ ਤੀਰਥ ਪੰਜਾਬ ਸਰਕਾਰ ਭਲਾਈ ਬੋਰਡ ਦੇ ਚੇਅਰਮੈਨ ਬਾਲਯੋਗੀ ਪ੍ਰਗਟ ਨਾਥ ਨੇ ਉਚੇਚੇ ਤੌਰ ਤੇ ਸ਼ਿਰਕਤ ਕੀਤੀ, ਕਮੇਟੀ ਵੱਲੋਂ ਬਾਬਾ ਜੀ ਦਾ ਫੁੱਲਾਂ ਦੀ ਵਰਖਾ ਕਰਕੇ ਸਵਾਗਤ ਕੀਤਾ ਗਿਆ। ਇਸ ਸਮਾਗਮ ਵਿੱਚ ਪਿੰਡ ਉੱਗੀ ਦੇ ਭਗਵਾਨ ਵਾਲਮੀਕਿ ਮੰਦਿਰ ਦੀ ਪਾਰਟੀ ਵੱਲੋਂ ਸ਼ੁਰੂਆਤ ਕੀਤੀ ਗਈ। ਇਸ ਉਪਰੰਤ ਨਾਮਵਰ ਕੀਰਤਨੀਏ ਭਾਈ ਸਤਨਾਮ ਸਿੰਘ ਹੁਸੈਨਪੁਰੀ ਐਂਡ ਪਾਰਟੀ ਵੱਲੋਂ ਭਗਵਾਨ ਵਾਲਮੀਕਿ ਦੇ ਜਨਮ ਦਿਹਾੜੇ ਨੂੰ ਸਮਰਪਿਤ ਸ਼ਬਦਾਂ ਰਾਹੀਂ ਸੰਗਤਾਂ ਨੂੰ ਜੋੜਿਆ ਗਿਆ,ਤੇ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਨਾਲ ਸੰਗਤਾਂ ਨੂੰ ਜਾਣੂ ਕਰਵਾਇਆ ਗਿਆ, ਪਿੰਡਾਂ ਵਿੱਚ ਵੱਧ ਰਹੇ ਨਸ਼ਿਆਂ ਤੋਂ ਦੂਰ ਰਹਿਣ ਲਈ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਕੁਲਦੀਪ ਸਿੰਘ ਦੀਪਾ ਪ੍ਰਧਾਨ ਪ੍ਰਚੀਨ ਭਗਵਾਨ ਵਾਲਮੀਕਿ ਮੰਦਿਰ ਧਰਮਸ਼ਾਲਾ ਪ੍ਰਬੰਧਕ ਕਮੇਟੀ ਰਜਿ. ਪਰਮਜੀਤ ਸਿੰਘ ਸਕੱਤਰ, ਸੁਰਿੰਦਰ ਪਾਲ ਖ਼ਜ਼ਾਨਚੀ, ਪਰਮਜੀਤ ਸਿੰਘ ਫੌਜੀ, ਮਹਿੰਦਰ ਪਾਲ ਗਿੱਲ, ਸਵਰਨ ਕੌਰ ਗਿੱਲ, ਬਲਵਿੰਦਰ ਦਾਦਰਾ, ਨੌਜਵਾਨ ਵਾਲਮੀਕਿ ਕਮੇਟੀ ਦੇ ਬਲਜੀਤ, ਅਸ਼ੋਕ ਗਿੱਲ,ਆਰੀਆਨ ਗਿੱਲ, ਸੁਰਜੀਤ ਗਿੱਲ, ਰਣਜੀਤ ਗਿੱਲ, ਗੁਰਪ੍ਰੀਤ ਮਦਾਨ, ਰਾਜੂ ਗੁੰਬਰ,ਸਤਬਿੰਦਰ ਸਿੰਘ ਘੁੱਲਾ ਮੈਂਬਰ ਪੰਚਾਇਤ, ਮਾਫ਼ ਸੁਰਿੰਦਰ ਕੁਮਾਰ,ਸਾਹਿਲ ਗਿੱਲ, ਨਿਸ਼ਾਤ, ਗੁਰਿੰਦਰ ਸਿੰਘ ਹੁੰਦਲ ਕਾਕਾ ਸਰਪੰਚ, ਰੋਹਿਤ ਮਦਾਨ, ਅਮਰੀਕ ਗਿੱਲ,ਬਲਵੀਰ ਦਾਸੀਕੇ,ਨਿਰਮਲ ਨਿੰਮਾ,ਰਾਣੋ ਮੈਂਬਰ ਪੰਚਾਇਤ, ਜਸਪਾਲ ਜੱਸਾ, ਕੁਲਦੀਪ ਸਿੰਘ, ਸਤਨਾਮ ਸੱਤੀ,ਜੋਤੀ ਮਹੰਤ, ਨਿੱਕਾ,ਮੰਗਾ ਆਦਿ ਸ਼ਾਮਲ ਸਨ। ਅੰਤ ਵਿੱਚ ਪਰਮਜੀਤ ਸਿੰਘ ਫੌਜੀ ਨੇ ਆਏ ਹੋਏ ਮਹਿਮਾਨਾਂ, ਸੰਗਤਾਂ, ਸੇਵਾਦਾਰਾਂ ਦਾ ਧੰਨਵਾਦ ਕੀਤਾ।




ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ ਮਹਿਲਾ ਦੀ ਮੌਤ

ਡੇਰਾਬੱਸੀ (ਵਿਨੈ ਕੁਮਾਰ ਜੈਨ)- ਡੇਰਾਬੱਸੀ-ਬਰਵਾਲਾ ਸੜਕ 'ਤੇ ਗਲੀ ਨੰਬਰ 9 ਦੇ ਸਾਹਮਣੇ ਵਾਪਰੇ ਇੱਕ ਦਰਦਨਾਕ ਸੜਕ ਹਾਦਸੇ ਵਿੱਚ ਮੋਟਰਸਾਈਕਲ 'ਤੇ ਆਪਣੇ ਪਤੀ ਨਾਲ ਸਵਾਰ ਮਹਿਲਾ ਦੀ ਟਰੱਕ ਦੇ ਪਿਛਲੇ ਟਾਇਰਾਂ ਹੇਠਾਂ ਆਉਣ ਕਾਰਨ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕ ਮਹਿਲਾ ਦੀ ਪਛਾਣ ਰੇਣੂ ਕੁਸ਼ਵਾਹਾ ਪਤਨੀ ਦਿਨੇਸ਼ ਕੁਸ਼ਵਾਹਾ ਦੇ ਤੌਰ ਤੇ ਹੋਈ। ਇਹ ਪਰਵਾਰ ਮੂਲ ਰੂਪ ਵਿੱਚ ਆਗਰਾ ਨਾਲ ਸਬੰਧਤ ਹੈ ਅਤੇ ਇਸ ਸਮੇਂ ਡੇਰਾਬੱਸੀ ਦੇ ਗੁਲਾਬਗੜ੍ਹ ਇਲਾਕੇ ਵਿੱਚ ਗਲੀ ਨੰਬਰ 9, ਬਾਲਾਜੀ ਨਗਰ ਵਿਖੇ ਰਹਿੰਦਾ ਹੈ। ਜਾਣਕਾਰੀ ਮੁਤਾਬਿਕ ਦਿਨੇਸ਼ ਕੁਸ਼ਵਾਹਾ ਆਪਣੀ ਪਤਨੀ ਨਾਲ ਮੋਟਰਸਾਈਕਲ 'ਤੇ ਸਵਾਰ ਹੋ ਕੇ ਗਲੀ ਨੰਬਰ 9 ਤੋਂ ਬਰਵਾਲਾ ਸੜਕ ਵੱਲ ਨਿਕਲ ਰਿਹਾ ਸੀ। ਇਸੇ ਦੌਰਾਨ ਇੱਕ ਟਰੱਕ ਨਾਲ ਵਾਪਰੇ ਹਾਦਸੇ ਵਿੱਚ ਮਹਿਲਾ ਸੜਕ 'ਤੇ ਡਿੱਗ ਕੇ ਟਰੱਕ ਦੇ ਪਿਛਲੇ ਟਾਇਰਾਂ ਹੇਠਾਂ ਆ ਗਈ। ਹਾਦਸਾ ਇੰਨਾ ਭਿਆਨਕ ਸੀ ਕਿ ਮਹਿਲਾ ਦੀ ਮੌਤ ਹੋ ਗਈ। ਹਾਦਸੇ ਦੀ ਸੂਚਨਾ ਮਿਲਣ 'ਤੇ 108 ਐਂਬੂਲੈਂਸ ਵੀ ਮੌਕੇ 'ਤੇ ਪਹੁੰਚੀ। ਇਸ ਘਟਨਾ ਮਗਰੋਂ ਸੜਕ 'ਤੇ ਵਾਹਨਾਂ ਦੀਆਂ ਲੰਮੀਆਂ ਕਤਾਰਾਂ ਲੱਗ ਗਈਆਂ ਅਤੇ ਆਵਾਜਾਈ ਪ੍ਰਭਾਵਿਤ ਹੋਈ।



ਵਿਧਾਇਕ ਦੇ ਗ੍ਰਹਿ ਵਿਖੇ ਭਲਕੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ

ਫਿਲੌਰ (ਨਿਰਮਲ)- ਹਲਕਾ ਫਿਲੌਰ ਤੋਂ ਕਾਂਗਰਸ ਪਾਰਟੀ ਦੇ ਵਿਧਾਇਕ ਵਿਕਰਮਜੀਤ ਸਿੰਘ ਚੌਧਰੀ ਦੇ ਗ੍ਰਹਿ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ 3 ਨਵੰਬਰ, ਦਿਨ ਮੰਗਲਵਾਰ ਨੂੰ ਪਾਏ ਜਾ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਅਤੇ ਇਲਾਕੇ ਵਿੱਚ ਅਮਨ-ਸ਼ਾਂਤੀ ਤੇ ਖੁਸ਼ਹਾਲੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਅਰਦਾਸ ਕੀਤੀ ਜਾਵੇਗੀ। ਇਸ ਦੇ ਨਾਲ ਹੀ ਕਾਂਗਰਸ ਪਾਰਟੀ ਦੀ ਚੜ੍ਹਦੀ ਕਲਾ ਲਈ ਵੀ ਗੁਰੂ ਸਾਹਿਬ ਦਾ ਓਟ ਆਸਰਾ ਲਿਆ ਜਾਵੇਗਾ। ਇਸ ਮੌਕੇ ਸਮੂਹ ਇਲਾਕਾ ਨਿਵਾਸੀਆਂ ਨੂੰ ਸਮਾਗਮ ਵਿੱਚ ਸ਼ਾਮਲ ਹੋਣ ਲਈ ਖੁੱਲ੍ਹਾ ਸੱਦਾ ਦਿੱਤਾ ਗਿਆ ਹੈ। ਭੋਗ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।



ਫੂਡ ਸੇਫਟੀ ਟੀਮ ਦੀ ਛਾਪੇਮਾਰੀ, ਸੜੀਆਂ ਤੇ ਉੱਲੀ ਲੱਗੀਆਂ ਸਬਜ਼ੀਆਂ ਬਰਾਮਦ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਮਾਲ ਰੋਡ ਸਥਿਤ ਡੀ-ਨੁਵੋ ਕੈਫੇ ਐਂਡ ਬਾਰ ਵਿੱਚ ਸਿਹਤ ਵਿਭਾਗ ਦੀ ਫੂਡ ਸੇਫਟੀ ਟੀਮ ਅਤੇ ਜ਼ਿਲ੍ਹਾ ਸਿਹਤ ਅਫ਼ਸਰ ਡਾ ਜਤਿੰਦਰ ਭਾਟੀਆ, ਫੂਡ ਸੇਫਟੀ ਅਫਸਰ ਵਿਵੇਕ ਵੱਲੋਂ ਕੀਤੀ ਗਈ ਛਾਪੇਮਾਰੀ ਦੌਰਾਨ ਖਾਣ-ਪੀਣ ਦੀਆਂ ਵਸਤਾਂ ਦੀ ਗੁਣਵੱਤਾ ਅਤੇ ਸਫ਼ਾਈ ਸਬੰਧੀ ਬੇਹੱਦ ਗੰਭੀਰ ਖਾਮੀਆਂ ਸਾਹਮਣੇ ਆਈਆਂ। ਜਾਂਚ ਦੌਰਾਨ ਕਈ ਕਿਲੋ ਸੜੀਆਂ, ਗਲੀਆਂ ਅਤੇ ਉੱਲੀ ਲੱਗੀਆਂ ਸਬਜ਼ੀਆਂ ਸਮੇਤ ਹੋਰ ਖਾਣ-ਪੀਣ ਦੀਆਂ ਅਜਿਹੀਆਂ ਵਸਤਾਂ ਬਰਾਮਦ ਹੋਈਆਂ, ਜਿਨ੍ਹਾਂ ਦੀ ਵਰਤੋਂ ਲੋਕਾਂ ਦੀ ਸਿਹਤ ਲਈ ਖ਼ਤਰਨਾਕ ਹੋ ਸਕਦੀ ਸੀ। ਰੇਡ ਦੌਰਾਨ ਰਾਮ ਲੁਭਾਇਆ ਤੇ ਗੁਰਵਿੰਦਰ ਸਾਨੇ ਵੀ ਹਾਜ਼ਰ ਸਨ। ਇਸ ਮੌਕੇ ਜ਼ਿਲ੍ਹਾ ਸਿਹਤ ਅਫਸਰ ਡਾ. ਭਾਟੀਆ ਨੇ ਦੱਸਿਆ ਕਿ ਜਾਂਚ ਦੌਰਾਨ ਸਭ ਤੋਂ ਗੰਭੀਰ ਗੱਲ ਇਹ ਸਾਹਮਣੇ ਆਈ ਕਿ ਗਾਹਕਾਂ ਨੂੰ ਮੱਖਣ ਦੇ ਨਾਂ 'ਤੇ ਟੇਬਲ ਮਾਰਜਰੀਨ ਵਰਤ ਕੇ ਦਿੱਤਾ ਜਾ ਰਿਹਾ ਸੀ। ਟੀਮ ਨੇ ਵੱਡੀ ਮਾਤਰਾ ਵਿੱਚ ਅਜਿਹਾ ਮਾਰਜਰੀਨ ਬਰਾਮਦ ਕੀਤਾ, ਜਿਸ ਦੀ ਵਰਤੋਂ ਦੀ ਮਿਆਦ ਕਾਫ਼ੀ ਸਮਾਂ ਪਹਿਲਾਂ ਹੀ ਖ਼ਤਮ ਹੋ ਚੁੱਕੀ ਸੀ। ਇਸ ਤੋਂ ਇਲਾਵਾ ਸ਼ਾਕਾਹਾਰੀ ਅਤੇ ਮਾਸਾਹਾਰੀ ਖਾਣ-ਪੀਣ ਦੀਆਂ ਵਸਤਾਂ ਨੂੰ ਵੀ ਇੱਕੋ ਫਰਿੱਜ ਵਿੱਚ ਇਕੱਠੇ ਰੱਖਿਆ ਗਿਆ ਸੀ । ਕੈਫੇ ਦੇ ਰਸੋਈ ਘਰ, ਖਾਣ-ਪੀਣ ਦੀਆਂ ਵਸਤਾਂ ਸਟੋਰ ਕਰਨ ਵਾਲੀ ਥਾਂ ਅਤੇ ਖਾਣਾ ਤਿਆਰ ਕਰਨ ਵਾਲੇ ਖੇਤਰ ਦੀ ਸਫ਼ਾਈ ਦੀ ਹਾਲਤ ਵੀ ਬੇਹੱਦ ਮਾੜੀ ਪਾਈ ਗਈ। ਸਫ਼ਾਈ ਅਤੇ ਸਵੱਛਤਾ ਸਬੰਧੀ ਲਾਜ਼ਮੀ ਮਾਪਦੰਡਾਂ ਦੀ ਅਣਦੇਖੀ ਸਾਫ਼ ਨਜ਼ਰ ਆ ਰਹੀ ਸੀ। ਜਾਂਚ ਦੌਰਾਨ ਵਰਤੀਆਂ ਜਾ ਰਹੀਆਂ ਕੁਝ ਹੋਰ ਸਮੱਗਰੀਆਂ ਅਤੇ ਕੱਚੇ ਮਾਲ ਦੀ ਗੁਣਵੱਤਾ ਵੀ ਸ਼ੱਕੀ ਪਾਈ ਗਈ। ਜ਼ਿਲ੍ਹਾ ਸਿਹਤ ਅਫ਼ਸਰ ਨੇ ਦੱਸਿਆ ਕਿ ਟੀਮ ਵੱਲੋਂ ਸਾਰੀਆਂ ਘਟਿਆ, ਖ਼ਰਾਬ ਅਤੇ ਉੱਲੀ ਲੱਗੀਆਂ ਸਬਜ਼ੀਆਂ ਤੇ ਹੋਰ ਖਾਣ-ਪੀਣ ਦੀਆਂ ਵਸਤਾਂ ਮੌਕੇ 'ਤੇ ਹੀ ਨਸ਼ਟ ਕਰਵਾ ਦਿੱਤੀਆਂ ਗਈਆਂ। ਨਿਯਮਾਂ ਦੀ ਉਲੰਘਣਾ ਦੇ ਮੱਦੇਨਜ਼ਰ ਕੈਫੇ ਦਾ ਚਲਾਨ ਕੀਤਾ ਗਿਆ ਹੈ ਅਤੇ ਪ੍ਰਬੰਧਕਾਂ ਨੂੰ ਨੋਟਿਸ ਵੀ ਜਾਰੀ ਕੀਤਾ ਗਿਆ ਹੈ।




ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦਾ ਸਾਲਾਨਾ ਸਮਾਗਮ ਸ਼ਾਨੋ-ਸ਼ੌਕਤ ਨਾਲ ਸੰਪੰਨ

ਕਪੂਰਥਲਾ (ਹਨੀ)- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ 21ਵਾਂ ਸਲਾਨਾ ਇਨਾਮ ਵੰਡ ਅਤੇ ਸੱਭਿਆਚਾਰਕ ਸਮਾਗਮ ਬੜੀ ਧੂਮ ਧਾਮ ਨਾਲ ਆਯੋਜਿਤ ਕੀਤਾ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਮਜੀਠਾ ਤੋਂ ਐਮ ਐਲ ਏ ,ਮਿਸਿਜ ਗਨੀਵ ਕੌਰ ਮਜੀਠੀਆ ਅਤੇ ਵਿਸ਼ੇਸ਼ ਮਹਿਮਾਨ ਵਜੋਂ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਦੀ ਗਵਰਨਿੰਗ ਕੌਂਸਲ ਦੇ ਪ੍ਰਧਾਨ ਇੰਜ. ਸਵਰਨ ਸਿੰਘ ਨੇ ਸ਼ਿਰਕਤ ਕੀਤੀ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ, ਸਕੂਲ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ,ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਵੱਲੋਂ ਸਮਾਗਮ ਵਿੱਚ ਪਹੁੰਚੇ ਮਹਿਮਾਨਾਂ ਦਾ ਜ਼ੋਰਦਾਰ ਸਵਾਗਤ ਕੀਤਾ ਗਿਆ।ਮੁੱਖ ਮਹਿਮਾਨ ਗਨੀਵ ਕੌਰ ਸਮੇਤ ਪਹੁੰਚੇ ਮਹਿਮਾਨਾਂ ਵੱਲੋਂ ਸ਼ਮਾ ਰੋਸ਼ਨ ਕਰਦਿਆਂ ਸਮਾਗਮ ਦਾ ਰਸਮੀ ਆਗਾਜ਼ ਕੀਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ 'ਬਿਉਂਡ ਦਾ ਐਲਗੋਰਿਦਮ' ਥੀਮ ਤਹਿਤ ਪੇਸ਼ ਕੀਤਾ ਗਿਆ ਜਿਸ ਦਾ ਆਗਾਜ਼ ਸ਼ਬਦ ਗਾਇਨ ਨਾਲ ਕੀਤਾ ਗਿਆ। ਵੱਖ ਵੱਖ ਪੇਸ਼ਕਾਰੀਆਂ ਰਾਹੀਂ ਵਿਦਿਆਰਥੀਆਂ ਆਪਣੀ ਕਲਾ, ਪ੍ਰਤਿਭਾ ਅਤੇ ਸਿਰਜਣਾਤਮਕਤਾ ਦਾ ਪ੍ਰਦਰਸ਼ਨ ਕੀਤਾ।ਇਸ ਵਿਦਿਅਕ ਸੰਸਥਾ ਦੇ ਬਾਨੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਸਵ. ਸਰਦਾਰ ਆਤਮਾ ਸਿੰਘ ਦਾ ਜ਼ਿਕਰ ਕਰਦਿਆਂ ਸਕੂਲ ਦੇ ਪ੍ਰਧਾਨ ਗੁਰਪ੍ਰੀਤ ਕੌਰ ਨੇ ਸਮਾਗਮ ਵਿੱਚ ਪਹੁੰਚੇ ਮਿਸਿਜ ਗਨੀਵ ਕੌਰ ਮਜੀਠੀਆ ਅਤੇ ਵਿਦਿਆਰਥੀਆਂ ਦੇ ਮਾਪਿਆਂ ਦਾ ਵੱਡੀ ਗਿਣਤੀ ਵਿੱਚ ਸ਼ਿਰਕਤ ਕਰਨ ਲਈ ਧੰਨਵਾਦ ਕੀਤਾ। ਸਕੂਲ ਦੇ ਡਾਇਰੈਕਟਰ ਹਰਨਿਆਮਤ ਕੌਰ ਨੇ ਸਕੂਲ ਦੀ ਸਾਲਾਨਾ ਰਿਪੋਰਟ ਪੇਸ਼ ਕਰਦਿਆਂ ਵਿਦਿਆਰਥੀਆਂ ਵੱਲੋਂ ਅਕਾਦਮਿਕ, ਸਪੋਰਟਸ ਧਾਰਮਿਕ ਅਤੇ ਸੱਭਿਆਚਾਰ ਖੇਤਰ ਵਿੱਚ ਮਾਰੀਆਂ ਮੱਲਾਂ ਸੰਬੰਧੀ ਚਾਨਣਾ ਪਾਇਆ। ਇਸ ਮੌਕੇ ਸਕੂਲ ਦੀ 20 ਵਰ੍ਹੇਗੰਢ ਮਨਾਉਂਦੇ ਹੋਏ ਸਕੂਲ ਦੀ ਮੈਗਜ਼ੀਨ 'ਦਾ ਕੈਂਪਸ ਕ੍ਰੋਨਿਕਲਜ਼' ਦੀ ਕੁੰਡ ਚੁਕਾਈ ਮੁੱਖ ਮਹਿਮਾਨ ਗਨੀਵ ਕੌਰ ਵੱਲੋਂ ਕੀਤੀ ਗਈ। ਇਸ ਮੌਕੇ ਮੰਗਲ ਸਿੰਘ, ਦਿਆਲ ਸਿੰਘ, ਅਮਰਜੀਤ ਸਿੰਘ, ਪਰਮਿੰਦਰ ਸਿੰਘ ਖਾਲਸਾ ਨੰਦ ਸਿੰਘ, ਗੁਰਦਿਆਲ ਸਿੰਘ ,ਹਰਜਿੰਦਰ ਸਿੰਘ ਲਾਡੀ, ਭਗਵੰਤ ਸਿੰਘ ਮੈਨੇਜਰ ਬੇਰ ਸਾਹਿਬ, ਚੰਚਲ ਸਿੰਘ ਮੀਤ ਮੈਨੇਜਰ ਬੇਰ ਸਾਹਿਬ,ਓਂਕਾਰ ਸਿੰਘ, ਜਸਵਿੰਦਰ ਸਿੰਘ, ਸੰਦੀਪ ਕੌਰ, ਗੁਰਬਖਸ਼ ਕੌਰ,ਬਲਬੀਰ ਕੌਰ, ਮਧੂਵਾਲੀਆ,ਜਸਵੰਤ ਸਿੰਘ ਕੌੜਾ,ਅਵਤਾਰ ਸਿੰਘ ਮੋੜ,ਨਿਰਮਲ ਸਿੰਘ,ਬਲਜੀਤ ਕੌਰ, ਨਿਧੀ ਸੰਗੋਤਰਾ ਪ੍ਰਿੰਸੀਪਲ ਨਨਕਾਣਾ ਸਾਹਿਬ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਅਤੇ ਸਟਾਫ ਮੈਂਬਰ, ਜਸਵੀਰ ਕੌਰ ਪ੍ਰਿੰਸੀਪਲ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਅਤੇ ਸਟਾਫ ਮੈਂਬਰ,ਵਿਦਿਆਰਥੀ ਅਤੇ ਮਾਪੇ ਵੱਡੀ ਗਿਣਤੀ ਵਿੱਚ ਹਾਜ਼ਰ ਸਨ।




ਸਪੋਰਟਸ ਐਂਡ ਕਲਚਰਲ ਐਸੋਸੀਏਸ਼ਨ ਦੀ ਮੀਟਿੰਗ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਸਪੋਰਟਸ ਐਂਡ ਕਲਚਰਲ ਐਸੋਸੀਏਸ਼ਨ ਨੂਰਮਹਿਲ ਬਲਾਕ ਨੂਰਮਹਿਲ (ਸਕੈਨ) ਦੇ ਐਗਜੈਕਟਿਵ ਮੈਂਬਰਾਂ ਦੀ ਮੀਟਿੰਗ ਸ਼ਿਵਾ ਪਬਲਿਕ ਸਕੂਲ ਨੂਰਮਹਿਲ ਵਿਖੇ ਹੋਈ ਜਿਸ ਵਿਚ ਸਰਬ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਹਰ ਸਾਲ ਕਰਵਾਏ ਜਾਂਦੇ ਐਥਲੈਟਿਕ ਮੁਕਾਬਲੇ ਪਹਿਲਾਂ 16,17 ਨਵੰਬਰ ਨੂੰ ਕਰਵਾਏ ਜਾਣੇ ਸਨ ਪ੍ਰੰਤੂ ਹੁਣ ਐਥਲੇਟਿਕਸ ਖੇਡਾਂ ਮਿਤੀ 30 ਨਵੰਬਰ ਅਤੇ 1 ਦਸੰਬਰ 2026 ਨੂੰ ਕਰਵਾਏ ਜਾਣ ਦਾ ਫੈਸਲਾ ਕੀਤਾ ਗਿਆ ਅਤੇ ਮਾਰਚ ਪਾਸਟ ਦੀ ਰਿਹਰਸਲ 26,27,28, ਨਵੰਬਰ ਨੂੰ ਦੁਸਹਿਰਾ ਗਰਾਊਂਡ ਨੂਰਮਹਿਲ ਵਿਖੇ ਕਰਵਾਏ ਜਾਣਗੇ। ਖੇਡ ਮੇਲੇ ਨੂੰ ਯੋਜਨਾਬੱਧ ਤਰੀਕੇ ਨਾਲ ਕਰਵਾਉਣ ਲਈ ਗੰਭੀਰ ਵਿਚਾਰ ਚਰਚਾ ਕੀਤੀ ਗਈ। ਪਿਛਲੇ ਸਾਲਾਂ ਵਾਂਗ ਇਸ ਸਾਲ ਵੀ ਸਕੂਲੀ ਬੱਚਿਆਂ (ਸਰਕਾਰੀ ਅਤੇ ਪ੍ਰਾਈਵੇਟ) ਸਕੂਲਾਂ ਦੇ ਤਿੰਨ ਉਮਰ ਦੇ ਵਰਗਾਂ 14, 17, 19 ਸਾਲ ਦੇ ਲੜਕੇ ਅਤੇ ਲੜਕੀਆਂ ਦੇ ਵਿਚਕਾਰ ਮੁਕਾਬਲੇ ਕਰਵਾਏ ਜਾਣਗੇ। ਮੀਟਿੰਗ ਵਿੱਚ ਸੁਮਨ ਲਤਾ ਪਾਠਕ ਵਾਇਸ ਪ੍ਰਧਾਨ ਪਵਨ ਕੁਮਾਰ ਰਾਏ ਸਕੱਤਰ, ਪਰਮਜੀਤ ਸਿੰਘ ਚੀਮਾ ਖਜਾਨਚੀ, ਖੁਸ਼ਪਾਲ ਚੀਮਾ ਸਹਾਇਕ ਖਜ਼ਾਨਚੀ, ਪ੍ਰਿੰਸੀਪਲ ਗੀਨਾ ਸਰਮਾ,ਰਵਿੰਦਰ ਸਿੰਘ ਗੋਗੀ, ਹਰਕਮਲ ਸਿੰਘ ਜੌਹਲ,ਡਾ ਰਣਜੀਤ ਸਿੰਘ ਹੰਜਰਾ ਆਦਿ ਹਾਜ਼ਰ ਸਨ।




ਮੁਫ਼ਤ ਬਲੱਡ ਸ਼ੂਗਰ ਜਾਂਚ ਕੈਂਪ ਲਗਾਇਆ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਲੋਕ ਸੇਵਾ ਦਲ ਰਜਿ. ਫਗਵਾੜਾ ਵੱਲੋਂ ਮਨੀਸ਼ ਕਾਲੀਆ ਦੇ ਪਿਤਾ ਸਵਰਗੀ ਲੈਫਟੀਨੈਂਟ ਕੁਲਦੀਪ ਕਾਲੀਆ ਦੀ ਯਾਦ ਵਿੱਚ 83ਵਾਂ ਮੁਫ਼ਤ ਬਲੱਡ ਸ਼ੂਗਰ ਜਾਂਚ ਕੈਂਪ ਸਥਾਨਕ ਖੇੜਾ ਰੋਡ 'ਤੇ ਗੁਰੂ ਰਾਮਦਾਸ ਹਾਲ ਦੇ ਸਾਹਮਣੇ ਸਥਿਤ ਸਤਿਅਮ ਲੈਬ ਫਗਵਾੜਾ ਵਿਖੇ ਲਗਾਇਆ ਗਿਆ। ਇਹ ਕੈਂਪ ਡਾਇਰੈਕਟਰ ਵਰਿੰਦਰ ਸ਼ਰਮਾ ਦੀ ਪ੍ਰਧਾਨਗੀ ਅਤੇ ਵਿਪਨ ਕੁਮਾਰ ਜੈਨ ਦੀ ਦੇਖ-ਰੇਖ ਹੇਠ ਲਗਾਇਆ ਗਿਆ, ਜਿਸ ਦੌਰਾਨ 60 ਵਿਅਕਤੀਆਂ ਦੇ ਬਲੱਡ ਸ਼ੂਗਰ ਟੈਸਟ ਕੀਤੇ ਗਏ। ਇਸ ਮੌਕੇ ਮਹਾਂਸਚਿਵ ਪਵਨ ਕਸ਼ਯਪ ਨੇ ਕੈਂਪ ਵਿੱਚ ਪਹੁੰਚੇ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ਼ੂਗਰ ਅੱਜ ਦੇ ਸਮੇਂ ਵਿੱਚ ਇੱਕ ਆਮ ਬਿਮਾਰੀ ਬਣ ਗਈ ਹੈ। ਜੇਕਰ ਕਿਸੇ ਨੂੰ ਸ਼ੂਗਰ ਦੀ ਬਿਮਾਰੀ ਹੋ ਜਾਵੇ ਤਾਂ ਘਬਰਾਉਣ ਦੀ ਬਜਾਏ ਸਮੇਂ-ਸਮੇਂ 'ਤੇ ਇਸ ਦੀ ਜਾਂਚ ਕਰਵਾਉਣੀ ਚਾਹੀਦੀ ਹੈ। ਇਸ ਮੌਕੇ ਸਹਿ-ਖਜ਼ਾਨਚੀ ਅਮਰਜੀਤ ਸਿੰਘ ਢਿੱਲੋਂ, ਮੁੱਖ ਸਲਾਹਕਾਰ ਵਿਪਨ ਕੁਮਾਰ ਜੈਨ, ਸੁਖਵਿੰਦਰ ਕੌਰ, ਨੇਹਾ, ਭਾਵਿਨ ਅਤੇ ਸੌਰਵ ਆਦਿ ਵੀ ਮੌਜੂਦ ਸਨ।



ਸਖ਼ਤ ਇਮੀਗ੍ਰੇਸ਼ਨ ਨਿਯਮਾਂ ਕਾਰਨ ਘਟਿਆ ਪਰਵਾਸ, ਮਾਨ ਸਰਕਾਰ ਦੀਆਂ ਨੀਤੀਆਂ ਕਾਰਨ ਨਹੀਂ : ਵਿਜੇ ਸਾਂਪਲਾ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)- ਸਾਬਕਾ ਕੇਂਦਰੀ ਮੰਤਰੀ ਅਤੇ ਪੰਜਾਬ ਭਾਜਪਾ ਦੇ ਸਾਬਕਾ ਸੂਬਾ ਪ੍ਰਧਾਨ ਵਿਜੇ ਸਾਂਪਲਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਰੁਜ਼ਗਾਰ ਦੇ ਮੌਕਿਆਂ ਨੂੰ ਲੈ ਕੇ ਕੀਤੇ ਜਾ ਰਹੇ ਦਾਅਵਿਆਂ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਝੂਠਾ ਦਾਅਵਾ ਕਰ ਰਹੇ ਹਨ ਕਿ ਪੰਜਾਬ ਦੇ ਨੌਜਵਾਨਾਂ ਦਾ ਵਿਦੇਸ਼ ਵੱਲ ਪਰਵਾਸ ਇਸ ਲਈ ਰੁਕਿਆ ਹੈ ਕਿਉਂਕਿ ਉਨ੍ਹਾਂ ਦੀ ਸਰਕਾਰ ਨੇ 70,000 ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਸਾਂਪਲਾ ਨੇ ਕਿਹਾ ਕਿ ਮੁੱਖ ਮੰਤਰੀ ਨੂੰ ਅਜਿਹੇ ਬਿਆਨ ਦੇਣ ਤੋਂ ਪਹਿਲਾਂ ਜ਼ਮੀਨੀ ਹਕੀਕਤ ਸਮਝਣੀ ਚਾਹੀਦੀ ਹੈ। ਪੰਜਾਬ ਤੋਂ ਹਰ ਸਾਲ ਹਜ਼ਾਰਾਂ ਨੌਜਵਾਨ ਬਿਹਤਰ ਭਵਿੱਖ ਦੀ ਭਾਲ 'ਚ ਕੈਨੇਡਾ, ਆਸਟ੍ਰੇਲੀਆ ਅਤੇ ਯੂਕੇ ਵਰਗੇ ਦੇਸ਼ਾਂ 'ਚ ਜਾਂਦੇ ਰਹੇ ਹਨ, ਪਰ ਹੁਣ ਇਨ੍ਹਾਂ ਦੇਸ਼ਾਂ ਨੇ ਸਖ਼ਤ ਇਮੀਗ੍ਰੇਸ਼ਨ ਨੀਤੀਆਂ ਲਾਗੂ ਕਰ ਦਿੱਤੀਆਂ ਹਨ, ਜਿਸ ਕਾਰਨ ਨੌਜਵਾਨ ਹੁਣ ਵਿਦੇਸ਼ ਜਾਣ ਤੋਂ ਕਤਰਾਉਣ ਲੱਗੇ ਹਨ, ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਦੀਆਂ ਨੀਤੀਆਂ ਕਾਰਨ ਨਹੀਂ। ਉਨ੍ਹਾਂ ਕਿਹਾ ਕਿ ਪੰਜਾਬ 'ਚ ਵਿਕਾਸ ਦੀ ਤਸਵੀਰ ਵਧਾ-ਚੜ੍ਹਾ ਕੇ ਪੇਸ਼ ਕਰਨ ਦੀ ਬਜਾਏ ਮੁੱਖ ਮੰਤਰੀ ਨੂੰ ਸਭ ਤੋਂ ਪਹਿਲਾਂ ਸੂਬੇ 'ਚ ਵਿਗੜ ਰਹੀ ਰੁਜ਼ਗਾਰ ਦੀ ਸਥਿਤੀ ਦੀ ਜ਼ਿੰਮੇਵਾਰੀ ਲੈਣੀ ਚਾਹੀਦੀ ਹੈ। ਹਾਲੀਆ ਰਿਪੋਰਟਾਂ ਦਾ ਹਵਾਲਾ ਦਿੰਦੇ ਹੋਏ ਸੀਨੀਅਰ ਭਾਜਪਾ ਆਗੂ ਨੇ ਕਿਹਾ ਕਿ ਪੰਜਾਬ 'ਚ ਬੇਰੁਜ਼ਗਾਰੀ ਦੇ ਅੰਕੜੇ ਇੱਕ ਗੰਭੀਰ ਤਸਵੀਰ ਪੇਸ਼ ਕਰਦੇ ਹਨ। ਸਾਂਪਲਾ ਨੇ ਕਿਹਾ ਕਿ ਮਾਨ ਸਰਕਾਰ ਨੂੰ ਇਹ ਦੱਸਣਾ ਚਾਹੀਦਾ ਹੈ ਕਿ ਪੰਜਾਬ ਦੇ ਨੌਜਵਾਨ ਅੱਜ ਵੀ ਨੌਕਰੀ ਲੱਭਣ ਲਈ ਕਿਉਂ ਸੰਘਰਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਭਾਜਪਾ ਪੰਜਾਬ ਦੇ ਨੌਜਵਾਨਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਉਠਾਉਂਦੀ ਰਹੇਗੀ।



ਇੰਸਪੈਕਟਰ ਸੁਭਾਸ਼ ਜੱਸੀ ਦੀ ਸੇਵਾ-ਮੁਕਤੀ 'ਤੇ ਧਾਰਮਿਕ ਸਮਾਗਮ

ਫਿਲੌਰ (ਨਿਰਮਲ)- ਪੰਜਾਬ ਪੁਲਿਸ ਵਿੱਚੋਂ ਬਤੌਰ ਇੰਸਪੈਕਟਰ ਸੇਵਾਮੁਕਤ ਹੋਏ ਸੁਭਾਸ਼ ਜੱਸੀ ਦੀ ਸੇਵਾਮੁਕਤੀ ਦੀ ਖ਼ੁਸ਼ੀ ਵਿੱਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ। ਇਸ ਸਬੰਧੀ ਸ੍ਰੀ ਗੁਰੂ ਰਵਿਦਾਸ ਭਵਨ ਫਿਲੌਰ ਵਿਖੇ ਸਥਿਤ ਗੁਰਦੁਆਰਾ ਸਾਹਿਬ ਵਿੱਚ ਪਾਠ ਦੇ ਭੋਗ ਪਾਏ ਗਏ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ।



ਜ਼ਿਕਰਯੋਗ ਹੈ ਕਿ ਸੁਭਾਸ਼ ਜੱਸੀ ਨੇ ਪੰਜਾਬ ਪੁਲਸ ਵਿੱਚ ਆਪਣੀ ਲੰਬੀ ਸੇਵਾ ਦੌਰਾਨ ਪੂਰੀ ਇਮਾਨਦਾਰੀ, ਲਗਨ ਅਤੇ ਤਨਦੇਹੀ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਈਆਂ। ਆਪਣੇ ਨਿਮਰ ਸੁਭਾਅ, ਮਿਲਣਸਾਰ ਵਤੀਰੇ ਅਤੇ ਫ਼ਰਜ਼ ਪ੍ਰਤੀ ਸਮਰਪਣ ਕਾਰਨ ਉਹ ਵਿਭਾਗ ਦੇ ਸਾਥੀਆਂ ਅਤੇ ਆਮ ਲੋਕਾਂ ਵਿੱਚ ਹਮੇਸ਼ਾਂ ਸਤਿਕਾਰ ਦੇ ਪਾਤਰ ਰਹੇ। ਉਨ੍ਹਾਂ ਨੇ ਆਪਣੀ ਸੇਵਾ ਦੌਰਾਨ ਕਾਨੂੰਨ ਵਿਵਸਥਾ ਬਣਾਈ ਰੱਖਣ ਅਤੇ ਲੋਕਾਂ ਦੀ ਸੁਰੱਖਿਆ ਨੂੰ ਸਦਾ ਪਹਿਲ ਦਿੱਤੀ ਹੈ। ਸੇਵਾਮੁਕਤੀ ਮੌਕੇ ਕਰਵਾਏ ਗਏ ਇਸ ਧਾਰਮਿਕ ਸਮਾਗਮ ਵਿੱਚ ਪੁਲਸ ਵਿਭਾਗ ਦੇ ਅਧਿਕਾਰੀਆਂ, ਸੱਜਣਾਂ-ਮਿੱਤਰਾਂ, ਰਿਸ਼ਤੇਦਾਰਾਂ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ। ਹਾਜ਼ਰ ਸ਼ਖ਼ਸੀਅਤਾਂ ਨੇ ਸੁਭਾਸ਼ ਜੱਸੀ ਨੂੰ ਸੇਵਾਮੁਕਤੀ ਦੀ ਵਧਾਈ ਦਿੰਦਿਆਂ ਉਨ੍ਹਾਂ ਦੇ ਚੰਗੀ ਸਿਹਤ, ਲੰਬੀ ਉਮਰ ਅਤੇ ਖ਼ੁਸ਼ਹਾਲ ਜੀਵਨ ਦੀ ਕਾਮਨਾ ਕੀਤੀ। ਬੁਲਾਰਿਆਂ ਨੇ ਕਿਹਾ ਕਿ ਸੁਭਾਸ਼ ਜੱਸੀ ਵਰਗੇ ਇਮਾਨਦਾਰ ਅਤੇ ਕਰਤੱਵ-ਨਿਸ਼ਠ ਅਧਿਕਾਰੀ ਪੁਲਿਸ ਵਿਭਾਗ ਲਈ ਮਾਣ ਦਾ ਸਰੋਤ ਹੁੰਦੇ ਹਨ ਅਤੇ ਨੌਜਵਾਨਾ ਲਈ ਪ੍ਰੇਰਨਾ ਬਣਦੇ ਹਨ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਡੇਰਾ ਸੱਚਖੰਡ ਨਗਰ ਦੇ ਗੱਦੀਨਸ਼ੀਨ 108 ਸੰਤ ਸੁਆਮੀ ਪਰਮ ਦਾਸ ਜੀ, ਡੀ ਐੱਸ ਪੀ ਅਸ਼ੋਕ ਕੁਮਾਰ, ਦਿਨੇਸ਼ ਕੁਮਾਰ, ਐੱਸ ਐੱਚ ਓ ਸੁਖਦੇਵ ਸਿੰਘ, ਪਰਮਜੀਤ ਸਿੰਘ, ਇੰਸਪੈਕਟਰ ਰਾਜਵੀਰ ਸਿੰਘ, ਐਡਵੋਕੇਟ ਜਸਵਿੰਦਰ ਕੌਰ, ਸੇਵਾਮੁਕਤ ਡੀ ਐਸ ਪੀ ਪੁਰਸ਼ੋਤਮ ਲਾਲ, ਡੀ ਐਸ ਪੀ ਲੀਲਾ ਦੇਵੀ ਅਤੇ ਇੰਸਪੈਕਟਰ ਵਿਜੇ ਕੁਮਾਰ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਸੁਭਾਸ਼ ਜੱਸੀ ਨੇ ਸਮਾਗਮ ਵਿੱਚ ਸ਼ਾਮਲ ਹੋਣ ਵਾਲੀਆਂ ਸਮੂਹ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਸ਼ਖ਼ਸੀਅਤਾਂ, ਪੁਲਿਸ ਵਿਭਾਗ ਦੇ ਅਧਿਕਾਰੀਆਂ, ਰਿਸ਼ਤੇਦਾਰਾਂ ਅਤੇ ਸੱਜਣਾਂ-ਮਿੱਤਰਾਂ ਦਾ ਹਾਰਦਿਕ ਧੰਨਵਾਦ ਕੀਤਾ।


ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪੰਜਾਬ ਸਰਕਾਰ ਵਚਨਬੱਧ : ਡਾ. ਰਵਜੋਤ ਸਿੰਘ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਪਿੰਡ ਕੋਟਲੀ ਬਾਵਾ ਦਾਸ ਪਹੁੰਚ ਕੇ ਉੱਥੇ ਚੱਲ ਰਹੇ ਵੱਖ-ਵੱਖ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਪਿੰਡ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਨਿਰੀਖਣ ਕਰਦਿਆਂ ਪੇਂਡੂ ਖੇਤਰਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਦੁਹਰਾਈ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਅਤੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਸਰਕਾਰ ਦਾ ਉਦੇਸ਼ ਪੇਂਡੂ ਖੇਤਰਾਂ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਦੇਣਾ ਅਤੇ ਲੋਕਾਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾ ਕੇ ਉਨ੍ਹਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਲਿਆਉਣਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦਾ ਵਿਕਾਸ ਸੂਬੇ ਦੀ ਤਰੱਕੀ ਦਾ ਅਹਿਮ ਆਧਾਰ ਹੈ। ਇਸ ਲਈ ਪੇਂਡੂ ਖੇਤਰਾਂ ਵਿੱਚ ਵਿਕਾਸ ਕਾਰਜਾਂ ਨੂੰ ਪਹਿਲ ਦਿੱਤੀ ਜਾ ਰਹੀ ਹੈ, ਤਾਂ ਜੋ ਪਿੰਡਾਂ ਦੇ ਲੋਕਾਂ ਨੂੰ ਵੀ ਬਿਹਤਰ ਸਹੂਲਤਾਂ ਮਿਲ ਸਕਣ। ਕੈਬਨਿਟ ਮੰਤਰੀ ਨੇ ਕਿਹਾ ਕਿ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਦਾ ਉਦੇਸ਼ ਉਨ੍ਹਾਂ ਦੀ ਪ੍ਰਗਤੀ 'ਤੇ ਨਜ਼ਰ ਰੱਖਣਾ ਅਤੇ ਇਹ ਯਕੀਨੀ ਬਣਾਉਣਾ ਹੈ ਕਿ ਲੋਕਾਂ ਨੂੰ ਇਨ੍ਹਾਂ ਕਾਰਜਾਂ ਦਾ ਉਚਿਤ ਲਾਭ ਮਿਲੇ।



ਸੀਟੂ ਦੀ ਰੈਲੀ 'ਚ ਆਂਗਣਵਾੜੀ ਵਰਕਰ ਕਰਨਗੇ ਸ਼ਮੂਲੀਅਤ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ (ਸੀਟੂ) ਨੇ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਮੰਗਾਂ ਸਬੰਧੀ ਮੀਟਿੰਗਾਂ ਵਾਰ-ਵਾਰ ਮੁਲਤਵੀ ਕੀਤੇ ਜਾਣ 'ਤੇ ਗੰਭੀਰ ਰੋਸ ਪ੍ਰਗਟ ਕੀਤਾ ਹੈ। ਯੂਨੀਅਨ ਨੇ ਕਿਹਾ ਕਿ ਆਂਗਣਵਾੜੀ ਵਰਕਰਾਂ ਹੈਲਪਰਾਂ ਲੰਬੇ ਸਮੇਂ ਤੋਂ ਆਪਣੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਕਰ ਰਹੀਆਂ ਹਨ ਅਤੇ ਸਰਕਾਰ ਤੋਂ ਲਗਾਤਾਰ ਮੰਗ ਕਰ ਰਹੀਆਂ ਹਨ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਮੁੱਖ ਮੰਤਰੀ ਨਾਲ ਮੀਟਿੰਗ ਤੈਅ ਕੀਤੀ ਜਾਵੇ, ਤਾਂ ਜੋ ਗੱਲਬਾਤ ਰਾਹੀਂ ਮੰਗਾਂ ਦਾ ਨਿਪਟਾਰਾ ਹੋ ਸਕੇ। ਜਥੇਬੰਦੀ ਦੇ ਜਿਲਾ ਪ੍ਰਧਾਨ ਨਿਰਲੇਪ ਕੌਰ ਜਨਰਲ ਸਕੱਤਰ ਕ੍ਰਿਸ਼ਨਾ ਕੁਮਾਰੀ ਨੇ ਦੱਸਿਆ ਕਿ 2 ਅਕਤੂਬਰ ਨੂੰ ਸੰਗਰੂਰ ਵਿਖੇ ਕੀਤੇ ਗਏ ਸੰਘਰਸ਼ ਤੋਂ ਬਾਅਦ ਮੁੱਖ ਮੰਤਰੀ ਨਾਲ 26 ਅਕਤੂਬਰ ਨੂੰ ਮੀਟਿੰਗ ਤੈਅ ਹੋਈ ਸੀ। ਪਰ ਰੁਝੇਵਿਆਂ ਦਾ ਬਹਾਨਾ ਬਣਾ ਕੇ ਇਹ ਮੀਟਿੰਗ ਮੁਲਤਵੀ ਕਰ ਦਿੱਤੀ ਗਈ ਅਤੇ ਹੁਣ 7 ਨਵੰਬਰ ਦਾ ਸਮਾਂ ਦਿੱਤਾ ਗਿਆ ਹੈ। ਯੂਨੀਅਨ ਦਾ ਕਹਿਣਾ ਹੈ ਕਿ ਪੰਜਾਬ ਸਰਕਾਰ ਦੀ ਲਾਰੇ ਲਾਓ ਡੰਗ ਟਪਾਓ ਨੀਤੀ ਅਪਨਾਈ ਜਾ ਰਹੀ ਪਿਛਲੇ ਲੰਬੇ ਸਮੇਂ ਤੋਂ ਵਰਕਰਾਂ ਵੱਲੋਂ ਆਪਣੀਆਂ ਮੰਗਾਂ ਦੇ ਹੱਲ ਲਈ ਵਾਰ-ਵਾਰ ਮੁੱਖ ਮੰਤਰੀ ਨਾਲ ਬੈਠਕ ਕਰਨ ਦੀ ਮੰਗ ਕੀਤੀ ਜਾ ਰਹੀ ਹੈ, ਪਰ ਮੀਟਿੰਗਾਂ ਲਗਾਤਾਰ ਅੱਗੇ ਪਾਈਆਂ ਜਾ ਰਹੀਆਂ ਹਨ। ਜ਼ਿਲ੍ਹਾ ਕੈਸ਼ੀਅਰ ਪਰਮਜੀਤ ਕੌਰ ਨੇ ਕਿਹਾ ਕਿ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਪੰਜਾਬ ਦੇ ਬੱਚਿਆਂ, ਗਰਭਵਤੀ ਔਰਤਾਂ ਅਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਦੀ ਸੇਵਾ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਇਸ ਦੇ ਬਾਵਜੂਦ ਉਨ੍ਹਾਂ ਨੂੰ ਆਪਣੀਆਂ ਮੰਗਾਂ ਦੇ ਹੱਲ ਲਈ ਲੰਬੇ ਸਮੇਂ ਤੋਂ ਸੰਘਰਸ਼ ਕਰਨਾ ਪੈ ਰਿਹਾ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਉਹ ਵਰਕਰਾਂ ਹੈਲਪਰਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਚੋਣ ਮੈਨੀਫੈਸਟੋ ਦੀਆਂ ਗਰੰਟੀਆਂ ਨੂੰ ਅਮਲੀ ਰੂਪ ਦੇਵੇ ਅਤੇ ਮੀਟਿੰਗਾਂ ਮੁਲਤਵੀ ਕਰਨ ਦੀ ਬਜਾਏ ਉਨ੍ਹਾਂ ਦੀਆਂ ਮੰਗਾਂ ਦੇ ਹੱਲ ਲਈ ਠੋਸ ਕਦਮ ਚੁੱਕੇ। 3 ਨਵੰਬਰ ਨੂੰ ਧੂਰੀ ਵਿਖੇ ਸੀਟੂ ਵੱਲੋਂ ਕੀਤੀ ਜਾ ਰਹੀ ਰੈਲੀ ਵਿੱਚ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੀਆਂ।



ਏ ਜੀ ਆਈ ਇਨਫਰਾ ਲਿਮਟਿਡ ਨੇ ਧਾਰਮਿਕ ਸਮਾਗਮ ਕਰਵਾਇਆ

ਜਲੰਧਰ (ਰਾਜੇਸ਼ ਥਾਪਾ)- ਇਲਾਕੇ ਦੀਆਂ ਮੋਹਰੀ ਰੀਅਲ ਅਸਟੇਟ ਅਤੇ ਇੰਫਰਾਸਟ੍ਰਕਚਰ ਕੰਪਨੀਆਂ ਵਿੱਚੋਂ ਇੱਕ ਏ ਜੀ ਆਈ ਇੰਫਰਾ ਲਿਮਟਿਡ ਵੱਲੋਂ ਜੀ.ਟੀ. ਰੋਡ 'ਤੇ ਮੈਕਡੋਨਲਡ ਦੇ ਨੇੜੇ ਪ੍ਰਗਪੁਰ ਵਿਖੇ ਆਪਣੇ ਪਲਾਟ ਵਿੱਚ ਰਹਿਰਾਸ ਸਾਹਿਬ ਦਾ ਪਾਠ ਅਤੇ ਗੁਰੂ ਜੀ ਦਾ ਕੀਰਤਨ ਕਰਵਾਇਆ ਗਿਆ। ਤਿੰਨ ਘੰਟੇ ਤੱਕ ਚੱਲੇ ਇਸ ਧਾਰਮਿਕ ਸਮਾਗਮ ਵਿੱਚ ਹਰ ਵਰਗ ਦੇ ਸੈਂਕੜੇ ਲੋਕਾਂ ਨੇ ਹਿੱਸਾ ਲਿਆ। ਸੰਗਤ ਨੇ ਵਾਹਿਗੁਰੂ ਦਾ ਆਸ਼ੀਰਵਾਦ ਲੈਣ ਲਈ ਪੂਰੀ ਸ਼ਰਧਾ ਅਤੇ ਵਿਸ਼ਵਾਸ ਨਾਲ ਪਾਠ ਅਤੇ ਕੀਰਤਨ ਸੁਣਿਆ।



ਏ ਜੀ ਆਈ ਇੰਫਰਾ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਦੇ ਨਾਲ ਕੰਪਨੀ ਦੇ ਸੀਨੀਅਰ ਅਧਿਕਾਰੀਆਂ ਅਤੇ ਡਾਇਰੈਕਟਰਾਂ, ਜਿਨ੍ਹਾਂ ਵਿੱਚ ਸਲਵਿੰਦਰਜੀਤ ਕੌਰ, ਵਰਿੰਦਰ ਸਿੰਘ, ਸੁਸ਼੍ਰੀ ਸਿਮਰਨ ਅਤੇ ਅਭਿਜੀਤ ਸਿੰਘ ਸ਼ਾਮਲ ਸਨ, ਨੇ ਵੀ ਸਮਾਗਮ ਵਿੱਚ ਸ਼ਰਧਾ ਨਾਲ ਹਿੱਸਾ ਲਿਆ ਅਤੇ ਧਾਰਮਿਕ ਰਸਮਾਂ ਨਿਭਾਈਆਂ। ਸਮਾਗਮ ਦੇ ਅੰਤ ਵਿੱਚ ਸਾਰੀ ਸੰਗਤ ਅਤੇ ਹਾਜ਼ਰ ਲੋਕਾਂ ਨੂੰ ਗੁਰੂ ਜੀ ਦਾ ਲੰਗਰ ਛਕਾਇਆ ਗਿਆ। ਇਸ ਲੰਗਰ ਰਾਹੀਂ ਬਰਾਬਰੀ, ਨਿਮਰਤਾ, ਸੇਵਾ ਅਤੇ ਆਪਸੀ ਭਾਈਚਾਰੇ ਦਾ ਸੰਦੇਸ਼ ਦਿੱਤਾ ਗਿਆ। ਇਸ ਧਾਰਮਿਕ ਸਮਾਗਮ ਰਾਹੀਂ ਏਜੀਆਈ ਇੰਫਰਾ ਲਿਮਟਿਡ ਨੇ ਧਾਰਮਿਕ ਕਦਰਾਂ-ਕੀਮਤਾਂ ਪ੍ਰਤੀ ਆਪਣਾ ਸਤਿਕਾਰ ਪ੍ਰਗਟ ਕੀਤਾ ਅਤੇ ਸ਼ਰਧਾ, ਵਿਸ਼ਵਾਸ ਤੇ ਸਮਾਜ ਸੇਵਾ ਰਾਹੀਂ ਲੋਕਾਂ ਨੂੰ ਆਪਸ ਵਿੱਚ ਜੋੜਨ ਦਾ ਸੰਦੇਸ਼ ਦਿੱਤਾ।

ਕੰਧਾਲਾ ਜੱਟਾਂ ਵਿਖੇ ਕੀਰਤਨ ਦਰਬਾਰ ਹੋਇਆ

ਅੱਡਾ ਸਰਾਂ (ਜਸਵੀਰ ਕਾਜਲ)- ਪਿੰਡ ਕੰਧਾਲਾ ਜੱਟਾਂ ਵਿਖੇ ਧੰਨ-ਧੰਨ ਸੰਤ ਬਾਬਾ ਬਿਸ਼ਨ ਸਿੰਘ ਦੀ ਨਿੱਘੀ ਯਾਦ ਨੂੰ ਸਮਰਪਿਤ 126ਵਾਂ ਸਾਲਾਨਾ ਸਮਾਗਮ ਅਤੇ ਕੀਰਤਨ ਦਰਬਾਰ ਗੁਰਦੁਆਰਾ ਪ੍ਰਬੰਧਕ ਕਮੇਟੀ, ਸਮੂਹ ਨਗਰ ਨਿਵਾਸੀ ਅਤੇ ਐਨਆਰਆਈ ਸੰਗਤ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਧੰਨ-ਧੰਨ ਬਾਬਾ ਬਿਸ਼ਨ ਸਿੰਘ ਗੁਰਦੁਆਰਾ ਦੇ ਸੇਵਾਦਾਰਾਂ-ਪ੍ਰਬੰਧਕਾਂ ਨੇ ਦੱਸਿਆ ਕਿ ਪ੍ਰਬੰਧਕ ਕਮੇਟੀ ਵੱਲੋਂ ਦੇਸ਼ ਵਿਦੇਸ਼ ਤੇ ਨਗਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਸਮਾਗਮ ਵਿੱਚ ਲੜੀਵਾਰ 161 ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ 29 ਅਕਤੂਬਰ ਤੋਂ ਆਰੰਭ ਕੀਤੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਮਹਾਨ ਕੀਰਤਨ ਦੀਵਾਨ ਦੀ ਆਰੰਭਤਾ ਕੀਤੀ ਗਈ। ਦਿਨ -ਰਾਤ ਦੇ ਹੋਈ ਕੀਰਤਨ ਦਰਬਾਰ ਵਿਚ ਸਿੱਖ ਪੰਥ ਦੇ ਮਹਾਨ ਕਵੀਸ਼ਰ, ਭਾਈ ਸੁਖਬੀਰ ਸਿੰਘ ਜੀ ਇੰਟਰਨੈਸ਼ਨਲ ਕਵੀਸ਼ਰੀ ਜਥਾ, ਗਿਆਨੀ ਗੁਰਪ੍ਰਤਾਪ ਸਿੰਘ ਪਦਮ ਇੰਟਰਨੈਸ਼ਨਲ ਢਾਡੀ, ਭਾਈ ਅੰਮ੍ਰਿਤਪਾਲ ਸਿੰਘ ਕੀਰਤਨੀ ਜਥਾ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ, ਬੀਬੀ ਦਲੇਰ ਕੌਰ ਖਾਲਸਾ ਇੰਟਰਨੈਸ਼ਨਲ ਢਾਡੀ ਜਥਾ, ਗਿਆਨੀ ਮਨਵੀਰ ਸਿੰਘ ਐਮ ਏ ਮਹੂਵਿੰਡ ਢਾਡੀ ਜਥਾ, ਗਿਆਨੀ ਭਗਵੰਤ ਸਿੰਘ ਸੁਰਵਿੰਡ ਕਵੀਸ਼ਰੀ ਜਥਾ, ਭਾਈ ਗੁਰਪ੍ਰੀਤ ਸਿੰਘ ਕੰਧਾਲਾ (ਕਨੇਡਾ) ਵਾਲੇ ਕੀਰਤਨੀ ਜਥਾ, ਭਾਈ ਦਾਤਾਰ ਸਿੰਘ ਦਾਤਾ ਢਾਡੀ ਜਥਾ ਕੰਧਾਲਾ ਜੱਟਾਂ, ਭਾਈ ਗੁਰਮੁੱਖ ਸਿੰਘ ਕੰਧਾਲਾ ਜੱਟਾਂ ਕੀਰਤਨੀ ਜਥਾ, ਸ੍ਰੀਮਾਨ ਸੰਤ ਬਾਬਾ ਹਰਭਜਨ ਸਿੰਘ ਸੋਤਲੇ ਵਾਲੇ, ਭਾਈ ਮਨਜੀਤ ਸਿੰਘ ਕੀਰਤਨੀ ਜਥਾ ਪਿੰਡ ਬਾਬਕ,ਭਾਈ ਹਰਚਰਨ ਸਿੰਘ ਕੰਧਾਲਾ ਜੱਟਾਂ ਵਾਲੇ, ਬਾਬਾ ਬਿਸ਼ਨ ਸਿੰਘ ਕੀਰਤਨ ਵਿਦਿਆਲਾ ਕੰਧਾਲਾ ਜੱਟਾਂ ਦੇ ਬੱਚੇ ਅਤੇ ਹੋਰ ਬਹੁਤ ਸਾਰੇ ਕੀਰਤਨੀ ਜਥੇ ਪਹੁੰਚ ਕੇ ਆਈਆਂ ਹੋਈਆਂ ਸੰਗਤਾਂ ਨੂੰ ਕੀਰਤਨ ਗੁਰਬਾਣੀ ਕਥਾ ਰਾਹੀਂ ਨਿਹਾਲ ਕੀਤਾ। ਇਸੇ ਤਰ੍ਹਾਂ ਸਿੱਖ ਪੰਥ ਤੇ ਮਹਾਨ ਕਥਾਵਾਚਕ ਸ੍ਰੀਮਾਨ ਬਾਬਾ ਬੰਤਾ ਸਿੰਘ ਜੀ ਅੰਸ਼ ਵੰਸ਼ ਬਾਬਾ ਬਿਧੀ ਚੰਦ ਜੀ ਮੁੰਡਾ ਪਿੰਡ, ਭਾਈ ਸੁਖਦੇਵ ਸਿੰਘ ਜੀ ਡੱਲਾ ਕਥਾਵਾਚਕ, ਸ੍ਰੀਮਾਨ ਸੰਤ ਬਾਬਾ ਮੱਖਣ ਸਿੰਘ ਜੀ ਦਰੀਏ ਵਾਲੇ ਸੰਗਤਾਂ ਨੂੰ ਕਥਾ ਵਿਚਾਰਾਂ ਨਾਲ ਨਿਹਾਲ ਕੀਤਾ। ਇਸ ਮੌਕੇ ਵਿਸ਼ੇਸ ਤੌਰ ਤੇ ਬਾਬਾ ਗੁਰਰਾਜਪਾਲ ਸਿੰਘ ਅੰਸ਼ ਵੰਸ਼ ਬਾਬਾ ਮਹਾਰਾਜ ਸਿੰਘ ਅੰਮ੍ਰਿਤਸਰ ਵਾਲੇ,ਬਾਬਾ ਹਰਭਜਨ ਸਿੰਘ ਗੁਰਦੁਆਰਾ ਡੇਰਾ ਬਾਬਾ ਜਵਾਹਰ ਦਾਸ ਜੀ ਸੁਸਾ, ਪ੍ਰਬੰਧਕ ਕਮੇਟੀ ਗੁਰਦੁਆਰਾ ਸ਼ਹੀਦਾ ਸਿੰਘਾ ਤਨੂੰਲੀ, ਪ੍ਰਬੰਧਕ ਕਮੇਟੀ ਗੁਰਦੁਆਰਾ ਬਾਬਾ ਭਾਗ ਸਿੰਘ ਜੀ ਢਡਿਆਲਾ, ਸਿੱਖ ਵੈਲਫੇਅਰ ਸੁਸਾਇਟੀ ਹੁਸ਼ਿਆਰਪੁਰ,ਬਾਬਾ ਹਰਪ੍ਰੀਤ ਸਿੰਘ ਟਾਹਲੀ ਸਾਹਿਬ, ਉੜਮੁੜ ਟਾਂਡਾ ਦੇ ਹਲਕਾ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ, ਸਾਬਕਾ ਕੈਬਨਟ ਮੰਤਰੀ ਸੰਗਤ ਸਿੰਘ ਗਿਲਜ਼ੀਆ ਦੇ ਪਾਰਟੀ ਨੁਮਾਇੰਦੇ, ਮਨਜੋਤ ਸਿੰਘ ਤਲਵੰਡੀ (ਬਾਬਾ ਦੀਪ ਸਿੰਘ ਸੇਵਾ ਦਲ ਸੁਸਾਇਟੀ ਗੜਦੀਵਾਲਾ, ਐਡਵੋਕੇਟ ਗੁਰਵੀਰ ਸਿੰਘ ਚੋਟਾਲਾ, ਐਡਵੋਕੇਟ ਸ਼ਰਨਪ੍ਰੀਤ ਸਿੰਘ ਟਿਵਾਣਾ ਅਤੇ ਹੋਰ ਰਾਜਨੀਤੀ ਸਮਾਜਿਕ ਜਥੇਬੰਦੀਆਂ ਦੇ ਅਹੁਦੇਦਾਰ ਨਤਮਸਤਕ ਹੋਏ। ਇਸ ਮੌਕੇ ਗੁਰਦੁਆਰਾ ਬਾਬਾ ਬਿਸ਼ਨ ਸਿੰਘ ਜੀ ਪ੍ਰਬੰਧਕ ਕਮੇਟੀ ਪ੍ਰਧਾਨ ਅੰਮ੍ਰਿਤਪਾਲ ਸਿੰਘ, ਕੈਪਟਨ ਸੁਰਿੰਦਰ ਸਿੰਘ ਸੀ ਏ, ਮਨਜੀਤ ਸਿੰਘ ਖਜਾਨਚੀ, ਤਜਿੰਦਰ ਸਿੰਘ ਬਿੱਲਾ ਉਪ ਖਜਾਨਚੀ, ਸੁੱਖਨਿੰਦਰ ਸਿੰਘ, ਦਰਸ਼ਨ ਸਿੰਘ, ਗੁਰਮੈਲ ਸਿੰਘ, ਇੰਦਰਜੀਤ ਸਿੰਘ, ਬਲਸਾਹਿਬ ਸਿੰਘ, ਤਨਵਪ੍ਰੀਤ ਸਿੰਘ, ਕਮਲਜੀਤ ਸਿੰਘ, ਇੰਦਰਜੀਤ ਸਿੰਘ, ਹੈਡ ਗ੍ਰੰਥੀ ਬਾਬਾ ਰਣਜੀਤ ਸਿੰਘ, ਗ੍ਰੰਥੀ ਬਾਬਾ ਦਾਨ ਸਿੰਘ, ਸਰਪੰਚ ਹਰਪ੍ਰੀਤ ਕੌਰ, ਸਮੂਹ ਸਮੂਹ ਗ੍ਰਾਮ ਪੰਚਾਇਤ ਕੰਧਾਲਾ ਜੱਟਾਂ ਸੈਕਟਰੀ ਮਨਜੀਤ ਸਿੰਘ, ਇੰਦਰਜੀਤ ਸਿੰਘ ਇੰਦਾ, ਸਾਬਕਾ ਸਰਪੰਚ ਮਨਦੀਪ ਮੰਨਾ,ਬਾਬਾ ਅਵਤਾਰ ਸਿੰਘ, ਜਥੇਦਾਰ ਅਵਤਾਰ ਸਿੰਘ,ਜਸਵਿੰਦਰ ਸਿੰਘ ਲੰਬੜਦਾਰ, ਸੁਚਾ ਸਿੰਘ ਲੰਬੜਦਾਰ, ਮਨਜੀਤ ਸਿੰਘ ਧਾਲੀਵਾਲ ਅਤੇ ਹੋਰ ਨਗਰ ਦੀਆਂ ਸੰਗਤਾਂ ਹਾਜ਼ਰ ਸਨ।



ਬਦਲਾਅ ਦੇ ਨਾਂਅ 'ਤੇ ਪੰਜਾਬੀਆਂ ਨਾਲ ਹੋਇਆ ਧੋਖਾ : ਮੰਗੂਪੁਰ

ਬਲਾਚੌਰ (ਜਸਵਿੰਦਰ ਬੈਂਸ)- ਕਾਂਗਰਸ ਪਾਰਟੀ ਦਫ਼ਤਰ ਬਲਾਚੌਰ ਵਿਖੇ 'ਇੱਕਠੀ ਆਵਾਜ਼ ਤਾਂ ਮਜ਼ਬੂਤ ਪੰਜਾਬ' ਥੀਮ ਤਹਿਤ ਇੱਕ ਵਿਸ਼ੇਸ਼ ਮੀਡੀਆ ਵਿਚਾਰ-ਵਟਾਂਦਰਾ ਸੈਸ਼ਨ ਕਰਵਾਇਆ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਨੇ ਪੱਤਰਕਾਰਾਂ ਅਤੇ ਸੋਸ਼ਲ ਮੀਡੀਆ ਇਨਫਲੂਐਂਸਰਾਂ ਨਾਲ ਹਲਕੇ ਦੇ ਭਖਦੇ ਮੁੱਦਿਆਂ ਅਤੇ ਪੰਜਾਬ ਦੇ ਮੌਜੂਦਾ ਹਾਲਾਤ 'ਤੇ ਵਿਸਥਾਰ ਨਾਲ ਚਰਚਾ ਕੀਤੀ। ਇਸ ਦੇ ਨਾਲ ਹੀ ਸੈਸ਼ਨ ਦੌਰਾਨ ਹਲਕੇ ਦੀਆਂ ਸਮੱਸਿਆਵਾਂ ਬਾਰੇ ਵੀ ਖੁੱਲ੍ਹ ਕੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਡੀਆ ਨੂੰ ਸੰਬੋਧਨ ਕਰਦਿਆਂ ਅਜੇ ਮੰਗੂਪੁਰ ਨੇ ਸਰਕਾਰ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਬਦਲਾਅ ਦੇ ਨਾਂਅ 'ਤੇ ਪੰਜਾਬ ਦੇ ਲੋਕਾਂ ਨਾਲ ਵੱਡਾ ਧੋਖਾ ਹੋਇਆ ਹੈ। ਸੂਬੇ ਵਿੱਚ ਲਾਅ ਐਂਡ ਆਰਡਰ ਦੀ ਸਥਿਤੀ ਪੂਰੀ ਤਰ੍ਹਾਂ ਵਿਗੜ ਚੁੱਕੀ ਹੈ ਅਤੇ ਗੈਂਗਸਟਰਵਾਦ ਸਿਖ਼ਰਾਂ 'ਤੇ ਹੈ। 'ਇਕੱਠੀ ਆਵਾਜ਼ ਮਜ਼ਬੂਤ ਪੰਜਾਬ' ਥੀਮ ਹੇਠ ਕਰਵਾਏ ਗਏ ਇਸ ਵਿਚਾਰ ਚਰਚਾ ਸੈਸ਼ਨ ਦੌਰਾਨ ਅਜੇ ਮੰਗੂਪੁਰ ਨੇ ਹਲਕੇ ਵਿੱਚ ਵਧ ਰਹੇ ਨਸ਼ੇ ਦੀ ਸਮੱਸਿਆ 'ਤੇ ਵੀ ਡੂੰਘੀ ਚਿੰਤਾ ਜ਼ਾਹਰ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਨਸ਼ੇ ਦੇ ਦਲਦਲ ਵਿੱਚ ਧਕੇਲਣ ਲਈ ਅਕਾਲੀ ਦਲ ਜ਼ਿੰਮੇਵਾਰ ਹੈ। ਇਸ ਦੇ ਨਾਲ ਹੀ ਮੰਗੂਪੁਰ ਨੇ ਸ਼ਿਵਾਲਿਕ ਦੀਆਂ ਪਹਾੜੀਆਂ ਵਿੱਚ ਹੁੰਦੀ ਗ਼ੈਰ ਕਾਨੂੰਨੀ ਮਾਈਨਿੰਗ ਦੇ ਮੁੱਦੇ ਬਾਰੇ ਵੀ ਗੱਲਬਾਤ ਕੀਤੀ। ਪੱਤਰਕਾਰਾਂ ਦੇ ਸਵਾਲ ਦਾ ਜਵਾਬ ਦਿੰਦਿਆਂ ਉਨ੍ਹਾਂ ਕਿਹਾ, 'ਸ਼ਿਵਾਲਿਕ ਦੀਆਂ ਪਹਾੜੀਆਂ ਵਿੱਚ ਹੋ ਰਹੀ ਗ਼ੈਰ-ਕਾਨੂੰਨੀ ਮਾਈਨਿੰਗ ਨਾਲ ਬਲਾਚੌਰ ਦਾ ਵਜੂਦ ਖ਼ਤਰੇ ਵਿੱਚ ਪੈ ਗਿਆ ਹੈ। ਕਾਂਗਰਸ ਸਰਕਾਰ ਵੇਲੇ ਨਾਜਾਇਜ਼ ਮਾਈਨਿੰਗ 'ਤੇ ਠੱਲ੍ਹ ਪਾਈ ਗਈ ਸੀ।' ਅਜੇ ਮੰਗੂਪੁਰ ਵੱਲੋਂ ਪੱਤਰਕਾਰ ਭਾਈਚਾਰੇ ਦੁਆਰਾ ਬਲਾਚੌਰ ਦੇ ਲੋਕਾਂ ਨੂੰ ਵਿਸ਼ਵਾਸ ਦਵਾਇਆ ਕਿ ਕਾਂਗਰਸ ਪਾਰਟੀ ਹੀ ਉਨ੍ਹਾਂ ਦੀਆਂ ਸਾਰੀਆਂ ਮੁਸ਼ਕਲਾਂ ਹੱਲ ਕਰ ਸਕਦੀ ਹੈ।

